ਸੋਮਵਾਰ, 11 ਅਗਸਤ, 2025
27 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 71

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 11 AUGUST, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸੰਵਿਧਾਨ ਤਹਿਤ ਆਜ਼ਾਦੀ ਦੇ ਨਾਲ-ਨਾਲ ਸਮੂਹਕ ਆਜ਼ਾਦੀ ਦਾ ਵੀ ਅਧਿਕਾਰ : ਪ੍ਰੋ. ਅਪੂਰਵਾਨੰਦ

**ਲੋਕ ਸੰਵਿਧਾਨ ਦੀ ਬੁਨਿਆਦ ਨਾਲ ਛੇੜਛਾੜ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ : ਡਾ. ਸਵਰਾਜਬੀਰ**

**ਫਾਸ਼ੀਵਾਦੀ ਤਾਕਤਾਂ ਨੂੰ ਹਰਾਉਣ ਲਈ ਕਮਿਊਨਿਸਟ ਏਕਤਾ ਸਮੇਂ ਦੀ ਲੋੜ : ਬੰਤ ਸਿੰਘ ਬਰਾੜ**

**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**
ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਚੰਡੀਗੜ੍ਹ ਵਿਖੇ ਕਰਵਾਏ ਜਾ ਰਹੇ ਪਾਰਟੀ ਦੇ 25ਵੇਂ ਮਹਾਂ ਸੰਮੇਲਨ ਨੂੰ ਸਮਰਪਿਤ ਸੂਬੇ ਵਿੱਚ ਕਰਵਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਇਥੇ 'ਭਾਰਤੀ ਸੰਵਿਧਾਨ ਅਤੇ ਜਮਹੂਰੀਅਤ; ਦਰਪੇਸ਼ ਚੁਣੌਤੀਆਂ' ਵਿਸ਼ੇ ਉੱਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸੈਮੀਨਾਰ ਵਿੱਚ ਮੁੱਖ ਬੁਲਾਰੇ ਦੇ ਤੌਰ 'ਤੇ ਪ੍ਰਸਿੱਧ ਆਲੋਚਕ ਅਤੇ ਦਿੱਲੀ ਯੂਨੀਵਰਸਿਟੀ ਦੇ ਪ੍ਰੋਫੈਸਰ ਅਪੂਰਵਾਨੰਦ, ਉੱਘੇ ਮਾਰਕਸੀ ਆਲੋਚਕ, ਪੱਤਰਕਾਰ ਅਤੇ ਮਹਾਂ ਸੰਮੇਲਨ ਦੀ ਸਵਾਗਤੀ ਕਮੇਟੀ ਦੇ ਚੇਅਰਮੈਨ ਡਾਕਟਰ ਸਵਰਾਜਬੀਰ ਨੇ ਸ਼ਿਰਕਤ ਕੀਤੀ।ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਦੀ ਦੇਖਰੇਖ ਹੇਠ ਹੋਏ ਇਸ ਸੈਮੀਨਾਰ ਦੀ ਸ਼ੁਰੂਆਤ 'ਚ ਕੌਮੀ ਕੌਂਸਲ ਮੈਂਬਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਸਵਾਗਤੀ ਸ਼ਬਦਾਂ ਵਿਚ ਕਿਹਾ ਕਿ ਬਹੁਤ ਖੁਸ਼ੀ ਦੀ ਗੱਲ ਹੈ ਕਿ 25ਵੇਂ ਮਹਾਂ ਸੰਮੇਲਨ ਦੀ ਤਿਆਰੀ ਲਈ ਪਟਿਆਲਾ ਵਿਖੇ ਕੀਤੇ ਜਾ ਰਹੇ ਇਸ ਸੈਮੀਨਾਰ ਵਿੱਚ ਵੱਖ-ਵੱਖ ਕਮਿਊਨਿਸਟ ਪਾਰਟੀਆਂ ਅਤੇ ਭਰਾਤਰੀ ਜਥੇਬੰਦੀਆਂ ਨਾਲ ਸੰਬੰਧਤ ਆਗੂਆਂ ਤੇ ਵਰਕਰਾਂ ਨੇ ਵੱਡੇ ਪੱਧਰ ਉੱਤੇ ਸ਼ਿਰਕਤ ਕੀਤੀ ਹੈ।ਸੈਮੀਨਾਰ ਦੀ ਪ੍ਰਧਾਨਗੀ ਕੁਲ ਹਿੰਦ ਕਿਸਾਨ ਸਭਾ 1936 ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਡਿਪਟੀ ਜਨਰਲ ਸੈਕਟਰੀ ਕੁਲਵੰਤ ਸਿੰਘ ਮੌਲਵੀਵਾਲਾ, ਕਾਮਰੇਡ ਸੁਖਦੇਵ ਸ਼ਰਮਾ, ਕਾ. ਕਸ਼ਮੀਰ ਸਿੰਘ ਗਦਾਈਆ, ਜਗਤਾਰ ਸਿੰਘ ਫਤਿਹਮਾਜਰੀ, ਦਵਿੰਦਰ ਨੰਗਲੀ, ਸਿਮਰਤ ਕੌਰ ਅਤੇ ਰਾਜ ਕੁਮਾਰ 'ਤੇ ਅਧਾਰਤ ਪ੍ਰਧਾਨਗੀ ਮੰਡਲ ਨੇ ਕੀਤੀ।


ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਉੱਘੇ ਪ੍ਰੋਫੈਸਰ ਅਪੂਰਵਾਨੰਦ।

ਮੁੱਖ ਬੁਲਾਰੇ ਪ੍ਰੋਫੈਸਰ ਅਪੂਰਵਾਨੰਦ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਮਗਰੋਂ ਭਾਰਤੀ ਸੰਵਿਧਾਨ ਦੀ ਬੁਨਿਆਦ ਜਮਹੂਰੀਅਤ ਅਤੇ ਧਰਮ ਨਿਰਪੱਖਤਾ ਉੱਤੇ ਰੱਖੀ ਗਈ ਸੀ। ਸੰਵਿਧਾਨ ਹਰ ਇੱਕ ਦੇਸ਼ਵਾਸੀ ਨੂੰ ਆਜ਼ਾਦੀ ਨਾਲ ਰਹਿਣ ਅਤੇ ਜਿਉਣ ਦਾ ਅਧਿਕਾਰ ਦੇਣ ਦੇ ਨਾਲ-ਨਾਲ ਵਿਚਾਰਾਂ ਦੇ ਪ੍ਰਗਟਾਵੇ ਦਾ ਅਧਿਕਾਰ ਦਿੰਦਾ ਹੈ ਪਰ ਬਦਕਿਸਮਤੀ ਦੀ ਗੱਲ ਹੈ ਕਿ ਸੰਵਿਧਾਨ ਦੇ ਲਾਗੂ ਹੋਣ ਤੋਂ ਇਕ ਦਹਾਕੇ ਮਗਰੋਂ ਹੀ ਸੱਤਾ ਉੱਤੇ ਕਾਬਜ਼ ਲੋਕਾਂ ਵੱਲੋਂ ਸੰਵਿਧਾਨ ਨੂੰ ਮਲੀਆਮੇਟ ਕਰਕੇ ਲੋਕਾਂ ਨੂੰ ਮਿਲੇ ਹੱਕਾਂ ਦੇ ਖਾਤਮੇ ਦੀਆਂ ਚਾਲਾਂ ਚੱਲੀਆਂ ਜਾਂਦੀਆਂ ਰਹੀਆਂ ਹਨ।ਦੇਸ਼ ਵਿੱਚ ਐਮਰਜੈਂਸੀ ਲਾਗੂ ਕਰਕੇ ਲੋਕਾਂ ਦੀ ਜ਼ੁਬਾਨ ਬੰਦ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਸੰਵਿਧਾਨ ਤਹਿਤ ਮਿਲੀ ਵੋਟ ਦੀ ਆਜ਼ਾਦੀ ਨੇ ਦੇਸ਼ ਵਾਸੀਆਂ ਨੂੰ ਮਿਲੇ ਅਧਿਕਾਰ ਬਚਾਈ ਰੱਖੇ।ਉਹਨਾਂ ਕਿਹਾ ਕਿ ਪਿਛਲੇ 11 ਸਾਲਾਂ ਤੋਂ ਦੇਸ਼ ਅੰਦਰ ਸੱਤਾ ਉੱਤੇ ਕਾਬਜ਼ ਫਾਸ਼ੀਵਾਦੀ ਤਾਕਤਾਂ ਵੱਲੋਂ ਧਰਮ ਦੇ ਨਾਂਅ ਉੱਤੇ ਲੋਕਤੰਤਰ ਅਤੇ ਦੇਸ਼ ਵਿਚਲੀ ਧਰਮ ਨਿਰਪੱਖਤਾ ਦੀ ਸ਼ਾਖ ਨੂੰ ਢਾਹ ਲਾਈ ਜਾ ਰਹੀ ਹੈ।ਮੁਸਲਮਾਨਾਂ, ਸਿੱਖਾਂ ਤੇ ਇਸਾਈਆਂ ਕੋਲੋਂ ਹਿੰਦੂਆਂ ਨੂੰ ਖਤਰਾ ਦੱਸਦਿਆਂ ਡਰ ਪੈਦਾ ਕਰਕੇ ਹਿੰਦੂਆਂ ਦੀਆਂ ਵੋਟਾਂ ਦਾ ਧਰੁਵੀਕਰਨ ਕੀਤਾ ਜਾ ਰਿਹਾ ਹੈ।ਆਰ ਐੱਸ ਐੱਸ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਛੋਟੇ ਸਾਹਿਬਜ਼ਾਦਿਆਂ ਦੇ ਮੁਸਲਿਮ ਜਲਾਦਾਂ ਵੱਲੋਂ ਕੀਤੇ ਗਏ ਕਤਲੇਆਮ ਨੂੰ ਨਫਰਤ ਪੈਦਾ ਕਰਨ ਲਈ ਵਰਤਿਆ ਜਾ ਰਿਹਾ ਹੈ।ਉਹਨਾਂ ਕਿਹਾ ਕਿ ਭਾਰਤੀ ਸੰਵਿਧਾਨ ਹਰ ਇੱਕ ਦੇਸ਼ਵਾਸੀ ਨੂੰ ਆਜ਼ਾਦੀ ਦਾ ਅਧਿਕਾਰ ਦਿੰਦਾ ਹੈ ਤੇ ਨਾਲ-ਨਾਲ ਸਮੂਹਕ ਆਜ਼ਾਦੀ ਦਾ ਅਧਿਕਾਰ ਵੀ ਦਿੰਦਾ ਹੈ।ਇਸ ਲਈ ਧਰਮ ਦੇ ਨਾਂਅ ਉੱਤੇ ਸੰਵਿਧਾਨ ਨਾਲ ਕੀਤੀ ਜਾ ਰਹੀ ਛੇੜਛਾੜ ਬਰਦਾਸ਼ਤ ਤੋਂ ਬਾਹਰ ਹੈ।ਉਹਨਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਪਾਰਲੀਮੈਂਟ ਵਿੱਚ ਸੀਟਾਂ ਦੀ ਗਿਣਤੀ ਦੇ ਅਧਾਰ 'ਤੇ ਸੰਵਿਧਾਨ ਨਾਲ ਛੇੜਛਾੜ ਨਹੀਂ ਕੀਤੀ ਜਾ ਸਕਦੀ। ਡਾਕਟਰ ਸਵਰਾਜਬੀਰ ਨੇ ਪਾਸ਼ ਦੀ ਕਵਿਤਾ ਨਾਲ ਕੀਤੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੰਵਿਧਾਨ ਦੀ ਰਾਖੀ ਕਰਨ ਦੀ ਜ਼ਿੰਮੇਵਾਰੀ ਨਿਆਂਪਾਲਿਕਾ ਅਤੇ ਚੋਣ ਕਮਿਸ਼ਨ ਵਰਗੀਆਂ ਸੰਵਿਧਾਨਕ ਸੰਸਥਾਵਾਂ ਦੇ ਸਿਰ ਸੀ, ਪਰ ਬਦਕਿਸਮਤੀ ਦੀ ਗੱਲ ਹੈ ਕਿ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਦੀ ਜੁੰਡਲੀ ਦੇ ਇਸ਼ਾਰੇ ਉੱਤੇ ਬੀ ਜੇ ਪੀ ਵੱਲੋਂ ਰਾਜਾਂ ਦੀ ਸੱਤਾ ਉੱਤੇ ਕਾਬਜ਼ ਹੋਣ ਦੇ ਮਣਸ਼ੇ ਨਾਲ ਵੋਟਾਂ ਕੱਟੀਆਂ ਜਾ ਰਹੀਆਂ ਹਨ, ਨਕਲੀ ਵੋਟਾਂ ਬਣਾਈਆਂ ਜਾ ਰਹੀਆਂ ਹਨ ਪਰ ਦੇਸ਼ ਵਿੱਚ ਉਸ ਤਰੀਕੇ ਦਾ ਉਭਾਰ ਨਹੀਂ ਆਇਆ, ਜਿਹੜਾ ਅਜੋਕੇ ਸਮੇਂ ਵਿੱਚ ਆਉਣਾ ਚਾਹੀਦਾ ਸੀ। ਅਜਿਹਾ ਲੋਕ ਲਹਿਰਾਂ ਵਿੱਚੋਂ ਨਿਕਲੀਆਂ ਕਮਿਊਨਿਸਟ, ਕਾਂਗਰਸ ਅਤੇ ਅਕਾਲੀ ਦਲ ਵਰਗੀਆਂ ਪਾਰਟੀਆਂ ਦੇ ਦੱਬ ਜਾਣ ਕਰਕੇ ਵਾਪਰ ਰਿਹਾ ਹੈ।ਉਹਨਾਂ ਕਮਿਊਨਿਸਟ ਆਗੂਆਂ ਤੇ ਵਰਕਰਾਂ ਖਿਲਾਫ ਭਾਜਪਾ ਵੱਲੋਂ ਵਿੱਢੀ ਮੁਹਿੰਮ ਦਾ ਜ਼ਿਕਰ ਕਰਦਿਆਂ ਕਿਹਾ ਕਿ ਲੋਕਾਂ ਲਈ ਲੜਨ ਵਾਲਿਆਂ ਨੂੰ ਪਹਿਲਾਂ ਨਕਸਲਬਾੜੀ ਅਤੇ ਹੁਣ ਅਰਬਨ ਨਕਸਲੀ ਕਹਿ ਕੇ ਝੂਠੇ ਪੁਲਸ ਮੁਕਾਬਲਿਆਂ ਵਿੱਚ ਮਾਰਿਆ ਜਾ ਰਿਹਾ ਹੈ।ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਤਿੰਨ ਖੇਤੀ ਕਾਨੂੰਨਾਂ ਖਿਲਾਫ ਪੰਜਾਬ ਵਿੱਚ ਉੱਠੇ ਕਿਸਾਨ ਅੰਦੋਲਨ ਦਾ ਹਵਾਲਾ ਦਿੰਦਿਆਂ ਉਹਨਾਂ ਕਿਹਾ ਕਿ ਸੱਤਾ ਦੇ ਖਿਲਾਫ ਬੋਲਣ ਵਾਲੇ ਉਹਨਾਂ ਦੀਆਂ ਅੱਖਾਂ ਵਿੱਚ ਰੜਕਦੇ ਹਨ।ਉਨ੍ਹਾਂ ਕਿਸਾਨ ਅੰਦੋਲਨ ਅਤੇ ਉੱਤਰ ਪੂਰਬ ਸਮੇਤ ਮੱਧ ਭਾਰਤ ਵਿੱਚ ਚੱਲ ਰਹੇ ਵੱਖ-ਵੱਖ ਤਰ੍ਹਾਂ ਦੇ ਅੰਦੋਲਨਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਜਾਗੇ ਹੋਏ ਲੋਕ ਕਦੇ ਵੀ ਸੰਵਿਧਾਨ ਦੀ ਬੁਨਿਆਦ ਨਾਲ ਛੇੜਛਾੜ ਨੂੰ ਬਰਦਾਸ਼ਤ ਨਹੀਂ ਕਰਨਗੇ।

ਬੰਤ ਸਿੰਘ ਬਰਾੜ ਨੇ ਪਾਰਟੀ ਮਹਾਂ ਸੰਮੇਲਨ ਮੌਕੇ 21 ਸਤੰਬਰ ਨੂੰ ਮੋਹਾਲੀ ਵਿਖੇ ਕੀਤੀ ਜਾ ਰਹੀ ਰੈਲੀ ਲਈ ਵਧ-ਚੜ੍ਹ ਕੇ ਕੰਮ ਕਰਨ ਦਾ ਸੱਦਾ ਦਿੰਦਿਆਂ ਸੰਵਿਧਾਨ ਦੀ ਰਾਖੀ ਲਈ ਇੱਕਜੁੱਟ ਹੋ ਕੇ ਕੰਮ ਕਰਨ ਦੀ ਅਪੀਲ ਕੀਤੀ।ਉਹਨਾਂ ਕਿਹਾ ਕਿ ਸੀ ਪੀ ਆਈ ਭਾਰਤੀ ਕਮਿਊਨਿਸਟਾਂ ਦੀ ਮਾਂ ਪਾਰਟੀ ਹੈ।ਫਾਸ਼ੀਵਾਦੀ ਤਾਕਤਾਂ ਨੂੰ ਹਰਾਉਣ ਲਈ ਕਮਿਊਨਿਸਟ ਏਕਤਾ ਮੌਜੂਦਾ ਹਾਲਾਤ ਦੀ ਲੋੜ ਹੈ।ਇਸ ਦੌਰਾਨ ਪ੍ਰੋਫੈਸਰ ਬਲਬੀਰ ਸਿੰਘ ਬੱਲੀ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ।

# ਚੋਣ ਕਮਿਸ਼ਨ ਨੂੰ ਜਵਾਬਦੇਹ ਬਣਾਉਣ ਲਈ ਕਾਂਗਰਸ ਵੱਲੋਂ ਵੈੱਬ ਪੇਜ ਸ਼ੁਰੂ

**ਨਵੀਂ ਦਿੱਲੀ :** ਚੋਣਾਂ ਵਿੱਚ ਹੇਰਾਫੇਰੀ ਦੇ ਰਾਹੁਲ ਗਾਂਧੀ ਦੇ ਦਾਅਵਿਆਂ ਬਾਰੇ ਵਧਦੇ ਵਿਵਾਦ ਦਰਮਿਆਨ ਕਾਂਗਰਸ ਨੇ ਹੁਣ 'ਵੈੱਬ ਪੇਜ' ਸ਼ੁਰੂ ਕੀਤਾ ਹੈ। ਲੋਕ ਇਸ ਵੈੱਬ ਪੇਜ 'ਤੇ ਜਾ ਕੇ 'ਵੋਟ ਚੋਰੀ' ਖਿਲਾਫ ਚੋਣ ਕਮਿਸ਼ਨ ਤੋਂ ਜਵਾਬਦੇਹੀ ਦੀ ਮੰਗ ਅਤੇ ਸਾਬਕਾ ਕਾਂਗਰਸ ਪ੍ਰਧਾਨ ਦੀ ਡਿਜੀਟਲ ਵੋਟਰ ਸੂਚੀ ਦੀ ਮੰਗ ਦੀ ਹਮਾਇਤ ਲਈ ਆਪਣੀ ਰਜਿਸਟਰੇਸ਼ਨ ਕਰਵਾ ਸਕਦੇ ਸਨ।

ਕੋਈ ਵੀ ਵਿਅਕਤੀ ਇਸ ਪੋਰਟਲ ਲਿੰਕ 'ਤੇ ਕਲਿੱਕ ਕਰਕੇ 'ਵੋਟਰ ਚੋਰੀ ਦਾ ਸਬੂਤ, ਚੋਣ ਕਮਿਸ਼ਨ ਤੋਂ ਜਵਾਬਦੇਹੀ ਦੀ ਮੰਗ ਤੇ ਵੋਟ ਚੋਰੀ ਦੀ ਰਿਪੋਰਟ' ਡਾਊਨਲੋਡ ਕਰ ਸਕਦਾ ਹੈ। ਇਸ ਵੈੱਬ ਪੇਜ 'ਤੇ ਰਾਹੁਲ ਦਾ ਇੱਕ ਵੀਡੀਓ ਵੀ ਹੈ, ਜਿਸ ਵਿੱਚ ਉਹ ਭਾਜਪਾ ਤੇ ਚੋਣ ਕਮਿਸ਼ਨ ਵਿਚਾਲੇ ਮਿਲੀਭੁਗਤ ਨਾਲ ਚੋਣਾਂ ਵਿੱਚ 'ਵੱਡੀ ਅਪਰਾਧਕ ਹੇਰਾਫੇਰੀ' ਦੇ ਆਪਣੇ ਵਿਸਫੋਟਕ ਦਾਅਵਿਆਂ ਨੂੰ ਦੁਹਰਾਉਂਦੇ ਨਜ਼ਰ ਆ ਰਹੇ ਹਨ। ਉਨ੍ਹਾ ਕਰਨਾਟਕ ਦੇ ਇੱਕ ਅਸੈਂਬਲੀ ਹਲਕੇ ਮਹਾਦੇਵਪੁਰਾ ਦੀ ਸਮੀਖਿਆ ਦਾ ਹਵਾਲਾ ਦਿੰਦੇ ਹੋਏ ਇਸ ਨੂੰ 'ਸੰਵਿਧਾਨ ਖਿਲਾਫ ਅਪਰਾਧ' ਦੱਸਿਆ ਹੈ। ਪੋਰਟਲ 'ਤੇ ਇਕ ਸੰਦੇਸ਼ ਵੀ ਹੈ, ਜਿਸ ਵਿੱਚ ਕਿਹਾ ਗਿਆ ਹੈ, "ਵੋਟ ਸਾਡੀ ਜਮਹੂਰੀਅਤ ਦੀ ਨੀਂਹ ਹੈ, ਪਰ ਭਾਜਪਾ ਵੱਲੋਂ ਇਸ 'ਤੇ ਗਿਣਮਿੱਥ ਕੇ ਹਮਲਾ ਕੀਤਾ ਜਾ ਰਿਹਾ ਹੈ, ਜਿਸ ਵਿੱਚ ਚੋਣ ਕਮਿਸ਼ਨ ਵੀ ਸ਼ਾਮਲ ਹੈ।"

ਸੰਦੇਸ਼ ਵਿਚ ਕਿਹਾ ਗਿਆ ਹੈ, "ਬੇਂਗਲੁਰੂ ਕੇਂਦਰੀ ਲੋਕ ਸਭਾ ਹਲਕੇ ਦੇ ਸਿਰਫ ਇੱਕ ਵਿਧਾਨ ਸਭਾ ਹਲਕੇ 'ਚ ਸਾਨੂੰ ਇਕ ਲੱਖ ਤੋਂ ਵੱਧ ਫਰਜ਼ੀ ਵੋਟਰ ਮਿਲੇ, ਜਿਨ੍ਹਾਂ ਭਾਜਪਾ ਨੂੰ ਇਕ ਲੋਕ ਸਭਾ ਸੀਟ ਜਿੱਤਣ ਵਿਚ ਮਦਦ ਕੀਤੀ। ਸੋਚ ਕੇ ਦੇਖੋ ਕਿ ਜੇ ਅਜਿਹਾ 70 ਤੋਂ 100 ਸੀਟਾਂ 'ਤੇ ਹੋ ਰਿਹਾ ਹੈ ਤਾਂ ਇਹ ਨਿਰਪੱਖ ਚੋਣਾਂ ਦੇ ਆਸ਼ੇ ਨੂੰ ਖਤਮ ਕਰ ਦੇਵੇਗਾ।"

ਪੋਰਟਲ 'ਤੇ ਲਿਖੇ ਸੰਦੇਸ਼ ਮੁਤਾਬਕ, "ਕਾਂਗਰਸ ਤੇ ਵਿਰੋਧੀ ਧਿਰਾਂ ਦੇ 'ਇੰਡੀਆ' ਗੱਠਜੋੜ ਨੇ ਮਹਾਰਾਸ਼ਟਰ ਸਣੇ ਹੋਰਨਾਂ ਖੇਤਰਾਂ ਨੂੰ ਲੈ ਕੇ ਪਹਿਲਾਂ ਹੀ ਫਿਕਰ ਜਤਾਇਆ ਹੈ। ਹੁਣ ਸਾਡੇ ਕੋਲ ਸਬੂਤ ਹਨ। ਅਸੀਂ ਇਸ ਵੋਟ ਚੋਰੀ ਖਿਲਾਫ ਪੂਰੀ ਤਾਕਤ ਨਾਲ ਲੜਾਂਗੇ। ਸਾਡੇ ਲੋਕਤੰਤਰ ਨੂੰ ਬਚਾਉਣ ਲਈ ਸਾਡੇ ਨਾਲ ਜੁੜੋ।" ਇਸ ਵਿੱਚ ਲਿਖਿਆ ਹੈ ਕਿ ਜੇ ਕੋਈ ਵਿਅਕਤੀ ਇੱਕ ਵਾਰ ਰਜਿਸਟਰੇਸ਼ਨ ਕਰਵਾ ਲੈਂਦਾ ਹੈ, ਤਾਂ ਉਸ ਦੇ ਨਾਂਅ 'ਤੇ ਇਕ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ, ਜਿਸ ਵਿੱਚ ਲਿਖਿਆ ਹੋਵੇਗਾ ਕਿ ਉਹ 'ਵੋਟ ਚੋਰੀ' ਖਿਲਾਫ ਹੈ। ਸਰਟੀਫਿਕੇਟ ਵਿਚ ਲਿਖਿਆ ਹੈ, "ਮੈਂ ਚੋਣ ਕਮਿਸ਼ਨ ਤੋਂ ਡਿਜੀਟਲ ਵੋਟਰ ਸੂਚੀ ਦੀ ਰਾਹੁਲ ਗਾਂਧੀ ਦੀ ਮੰਗ ਦੀ ਹਮਾਇਤ ਕਰਦਾ ਹਾਂ।" ਇਹ ਪੋਰਟਲ ਲੋਕਾਂ ਨੂੰ ਫੋਨ ਰਾਹੀਂ ਅਤੇ ਐੱਸ ਐੱਮ ਐੱਸ ਵਿੱਚ ਦਿੱਤੇ ਲਿੰਕ ਨੂੰ ਭਰ ਕੇ ਰਜਿਸਟਰ ਕਰਨ ਦਾ ਬਦਲ ਵੀ ਦਿੰਦਾ ਹੈ। ਸਰਟੀਫਿਕੇਟ 'ਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਕਾਂਗਰਸ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਅਤੇ ਖਜ਼ਾਨਚੀ ਅਜੈ ਮਾਕਨ ਦੇ ਦਸਤਖਤ ਹਨ। ਕਈ ਕਾਂਗਰਸੀ ਆਗੂਆਂ ਅਤੇ ਸਮਰਥਕਾਂ ਨੇ ਪੋਰਟਲ 'ਤੇ ਰਜਿਸਟਰ ਕੀਤਾ ਅਤੇ ਸਰਟੀਫਿਕੇਟ ਸੋਸ਼ਲ ਮੀਡੀਆ 'ਤੇ ਸਾਂਝੇ ਕੀਤੇ।

## ਦੱਸੇ ਬਿਨਾਂ ਯੋਗ ਵੋਟਰ ਦਾ ਨਾਂਅ ਨਹੀਂ ਕੱਟਿਆ ਜਾਵੇਗਾ : ਚੋਣ ਕਮਿਸ਼ਨ

**ਨਵੀਂ ਦਿੱਲੀ :** ਬਿਹਾਰ 'ਚ ਅਸੈਂਬਲੀ ਚੋਣਾਂ ਤੋਂ ਪਹਿਲਾਂ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ (ਐੱਸ ਆਈ ਆਰ) ਦੌਰਾਨ ਵੋਟਰ ਸੂਚੀਆਂ 'ਚੋਂ ਲੱਖਾਂ ਯੋਗ ਵੋਟਰਾਂ ਦੇ ਨਾਂਅ ਹਟਾਉਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਚੋਣ ਕਮਿਸ਼ਨ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਕਿਸੇ ਵੀ ਯੋਗ ਵੋਟਰ ਨੂੰ ਅਗਾਊਂ ਸੂਚਿਤ ਕੀਤੇ ਬਿਨਾਂ ਤੇ ਸੁਣਵਾਈ ਦਾ ਮੌਕਾ ਦਿੱਤੇ ਬਗੈਰ ਨਹੀਂ ਹਟਾਇਆ ਜਾਵੇਗਾ। ਚੋਣ ਕਮਿਸ਼ਨ ਨੇ 12 ਅਗਸਤ ਦੀ ਅਗਲੀ ਸੁਣਵਾਈ ਤੋਂ ਪਹਿਲਾਂ ਸੁਪਰੀਮ ਕੋਰਟ ਵਿੱਚ ਦਾਇਰ ਕੀਤੇ ਹਲਫਨਾਮੇ 'ਚ ਇਹ ਗੱਲ ਕਹੀ ਹੈ। ਕਮਿਸ਼ਨ ਨੇ ਕਿਹਾ ਕਿ ਉਸ ਨੇ ਵੋਟਰ ਸੂਚੀਆਂ ਤੋਂ ਵੋਟਰਾਂ ਦੇ ਨਾਂਅ ਗਲਤ ਤਰੀਕੇ ਨਾਲ ਹਟਾਉਣ ਨੂੰ ਰੋਕਣ ਲਈ ਸਖਤ ਨਿਰਦੇਸ਼ ਜਾਰੀ ਕੀਤੇ ਹਨ।

## ਓਡੀਸ਼ਾ 'ਚ ਵੀ ਗੇੜਾ ਹੋਇਆ : ਕਾਂਗਰਸ

**ਭੁਬਨੇਸ਼ਵਰ :** ਓਡੀਸ਼ਾ ਵਿੱਚ ਵਿਰੋਧੀ ਧਿਰ ਕਾਂਗਰਸ ਨੇ ਦੋਸ਼ ਲਗਾਇਆ ਕਿ ਪਿਛਲੇ ਸਾਲ ਵਿਧਾਨ ਸਭਾ ਅਤੇ ਲੋਕ ਸਭਾ ਦੀਆਂ ਇੱਕੋ ਸਮੇਂ ਹੋਈਆਂ ਚੋਣਾਂ ਦੌਰਾਨ ਸੂਬੇ ਵਿੱਚ ਬੇਨੇਮੀਆਂ ਹੋਈਆਂ ਸਨ। ਇੱਥੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੂਬਾ ਕਾਂਗਰਸ ਪ੍ਰਧਾਨ ਭਗਤ ਚਰਨ ਦਾਸ ਨੇ ਦਾਅਵਾ ਕੀਤਾ ਕਿ ਵੋਟਿੰਗ ਵਾਲੇ ਦਿਨ ਸ਼ਾਮ 5 ਵਜੇ ਤੋਂ ਰਾਤ 9 ਵਜੇ ਦੇ ਦਰਮਿਆਨ ਸੂਬੇ ਵਿੱਚ ਲੱਗਭੱਗ 42 ਲੱਖ ਵੋਟਾਂ ਪਈਆਂ। ਉਨ੍ਹਾ ਪੁੱਛਿਆ, "ਸ਼ਾਮ ਨੂੰ ਇੰਨੀ ਵੱਡੀ ਗਿਣਤੀ ਵਿੱਚ ਵੋਟਰ ਪੋਲਿੰਗ ਸਟੇਸ਼ਨਾਂ 'ਤੇ ਕਿਵੇਂ ਆਏ?" ਦਾਸ ਨੇ ਬੀਜੂ ਜਨਤਾ ਦਲ (ਬੀ ਜੇ ਡੀ) ਦੇ ਓਡੀਸ਼ਾ ਵਿੱਚ ਇੱਕ ਵੀ ਲੋਕ ਸਭਾ ਸੀਟ ਨਾ ਜਿੱਤਣ 'ਤੇ ਵੀ ਸਵਾਲ ਉਠਾਏ। ਦਾਸ ਨੇ ਕਿਹਾ, "ਬੀਜੇਡੀ ਨੇ 51 ਵਿਧਾਨ ਸਭਾ ਸੀਟਾਂ ਜਿੱਤੀਆਂ, ਪਰ ਇੱਕ ਵੀ ਲੋਕ ਸਭਾ ਹਲਕਾ ਜਿੱਤਣ ਵਿੱਚ ਅਸਮਰੱਥ ਰਹੀ। ਬੀ ਜੇ ਡੀ ਨੇ ਕੁਝ ਲੋਕ ਸਭਾ ਹਲਕਿਆਂ ਵਿੱਚ ਚਾਰ ਜਾਂ ਪੰਜ ਵਿਧਾਨ ਸਭਾ ਸੀਟਾਂ ਜਿੱਤੀਆਂ, ਪਰ ਇਸ ਦੇ ਉਮੀਦਵਾਰ ਸੰਸਦ ਮੈਂਬਰ ਨਹੀਂ ਬਣ ਸਕੇ। ਇਹ ਕਿਵੇਂ ਹੋਇਆ?" ਦਾਸ ਨੇ ਕਿਹਾ ਕਿ ਕਾਂਗਰਸ ਨੇ ਸਿਰਫ ਇੱਕ ਲੋਕ ਸਭਾ ਸੀਟ, ਕੋਰਾਪੁਟ ਜਿੱਤੀ, ਕਿਉਂਕਿ ਪਾਰਟੀ ਨੇ ਸੱਤ ਹਲਕਿਆਂ ਵਿੱਚੋਂ ਛੇ ਜਿੱਤੇ, ਜੋ ਇਸ ਦਾ ਹਿੱਸਾ ਹਨ। ਦਾਸ ਨੇ ਕਿਹਾ, "ਕਾਂਗਰਸ ਸੋਮਵਾਰ ਨੂੰ ਹਰ ਜ਼ਿਲ੍ਹੇ ਵਿੱਚ ਇੱਕ ਪ੍ਰੈੱਸ ਕਾਨਫਰੰਸ ਕਰੇਗੀ ਤਾਂ ਜੋ ਲੋਕਾਂ ਨੂੰ ਦੱਸਿਆ ਜਾ ਸਕੇ ਕਿ ਕਿਵੇਂ ਚੋਣ ਕਮਿਸ਼ਨ ਨੇ ਵੋਟ ਚੋਰੀ ਕਰਕੇ ਉਨ੍ਹਾਂ ਨਾਲ ਧੋਖਾ ਕੀਤਾ ਅਤੇ ਭਾਜਪਾ ਨੂੰ ਸੱਤਾ ਵਿੱਚ ਲਿਆਂਦਾ।" ਉਧਰ, ਸੀਨੀਅਰ ਭਾਜਪਾ ਆਗੂ ਜੈਨਾਰਾਇਣ ਮਿਸ਼ਰਾ ਨੇ ਦੋਸ਼ਾਂ ਨੂੰ ਰੱਦ ਕਰਦੇ ਹੋਏ ਕਿਹਾ, "ਕਾਂਗਰਸ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ। ਜੇ ਉਨ੍ਹਾਂ ਕੋਲ ਸਬੂਤ ਅਤੇ ਦਸਤਾਵੇਜ਼ ਹਨ, ਤਾਂ ਉਨ੍ਹਾਂ ਨੂੰ ਚੋਣ ਕਮਿਸ਼ਨ ਜਾਂ ਸਮਰੱਥ ਅਦਾਲਤਾਂ ਵਿੱਚ ਪਹੁੰਚ ਕਰਨੀ ਚਾਹੀਦੀ ਹੈ।"

## 'ਸੀ ਪੀ ਆਈ ਦਾ ਮਹਾਂ ਸੰਮੇਲਨ ਚੇਤਨਾ ਦਾ ਛੱਟਾ ਦੇਣ ਦਾ ਸਬੱਬ ਬਣੇਗਾ'


ਸੂਬਾ ਸਕੱਤਰ ਬੰਤ ਸਿੰਘ ਬਰਾੜ ਨੂੰ ਫੰਡ ਦੀ ਰਾਸ਼ੀ ਸੌਂਪਦੇ ਹੋਏ ਜ਼ਿਲ੍ਹਾ ਕਾਰਜਕਾਰਨੀ ਦੇ ਮੈਂਬਰ।

**ਜਲੰਧਰ (ਗਿਆਨ ਸੈਦਪੁਰੀ)**
'ਭਾਰਤੀ ਕਮਿਊਨਿਸਟ ਪਾਰਟੀ ਦੇ ਮਹਾਂ ਸੰਮੇਲਨ ਪਹਿਲਾਂ ਵੀ ਪੰਜਾਬ ਵਿੱਚ ਹੁੰਦੇ ਰਹੇ ਹਨ, ਪਰ 25ਵਾਂ ਮਹਾਂ ਸੰਮੇਲਨ ਪਾਰਟੀ ਦੇ ਜਨਮ ਸ਼ਤਾਬਦੀ ਵਾਲੇ ਵਰ੍ਹੇ ਵਿੱਚ ਹੋਣ ਜਾ ਰਿਹਾ ਹੈ, ਇਸ ਲਈ ਇਹ ਵਧੇਰੇ ਮਹੱਤਵਪੂਰਨ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਇੱਥੇ ਪਾਰਟੀ ਦਫਤਰ ਵਿਖੇ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਕੀਤਾ। ਉਨ੍ਹਾ ਕਿਹਾ ਕਿ 21 ਸਤੰਬਰ ਤੋਂ 25 ਸਤੰਬਰ ਤੱਕ ਪਾਰਟੀ ਦਾ ਮਹਾਂ ਸੰਮੇਲਨ ਉਸ ਸਮੇਂ ਹੋ ਰਿਹਾ ਹੈ, ਜਦੋਂ ਲੋਕ ਮਾਰੂ ਅਤੇ ਕਾਰਪੋਰੇਟ ਪੱਖੀ ਨੀਤੀਆਂ ਦੇ ਲਾਗੂ ਕਰਨ ਦਾ ਅਮਲ ਚਰਮ ਸੀਮਾ 'ਤੇ ਹੈ। ਫਾਸ਼ੀਵਾਦੀ ਤਾਕਤਾਂ ਸਾਡੀ ਪਾਰਲੀਮਾਨੀ ਪ੍ਰਣਾਲੀ ਨੂੰ ਜ਼ਹਿਰੀ ਡੰਗ ਮਾਰਨ ਲਈ ਫੰਨ੍ਹ ਖਿਲਾਰੀ ਖੜੀਆਂ ਹਨ। ਵਿਰੋਧੀ ਪਾਰਟੀਆਂ ਦੀ ਆਵਾਜ਼ ਨੂੰ ਬੰਦ ਕਰਵਾਉਣ ਲਈ ਸਰਕਾਰੀ ਏਜੰਸੀਆਂ ਨੂੰ ਮਾਰੂ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਇਸੇ ਤਰ੍ਹਾਂ ਪੰਜਾਬ 'ਚ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ਾਂ ਨੂੰ ਸਰਕਾਰੀ ਤਾਕਤ ਦੀ ਨਾਜਾਇਜ਼ ਵਰਤੋਂ ਨਾਲ ਕੁਚਲਿਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਜਦੋਂ ਹਾਕਮਾਂ ਵੱਲੋਂ ਚੌਤਰਫੇ ਮਾਰੂ ਹੱਲਿਆਂ ਨਾਲ ਅੰਧਕਾਰ ਫੈਲਾਇਆ ਜਾ ਰਿਹਾ ਹੋਵੇ ਤਾਂ ਚੇਤਨਤਾ ਦਾ ਛੱਟਾ ਦੇਣਾ ਲਾਜ਼ਮੀ ਬਣ ਜਾਂਦਾ ਹੈ। ਸੀ ਪੀ ਆਈ ਦੀ 25ਵੀਂ ਕਾਂਗਰਸ ਸੰਘਰਸ਼ਾਂ ਨੂੰ ਜੁੰਬਸ਼ ਦੇਵੇਗੀ ਅਤੇ ਚੇਤਨਾ ਦਾ ਛੱਟਾ ਵੀ ਚਾਰ-ਚੁਫੇਰੇ ਦਿੱਤਾ ਜਾਵੇਗਾ। ਉਨ੍ਹਾ ਕਿਹਾ ਕਿ ਮਹਾਂ ਸੰਮੇਲਨ ਦੀ ਤਿਆਰੀ ਦੇ ਸਬੱਬ ਜਦੋਂ ਹੇਠਲੇ ਪੱਧਰ 'ਤੇ ਜ਼ਮੀਨ ਨਾਲ ਜੁੜੇ ਨਵੇਂ, ਪੁਰਾਣੇ ਕਮਿਊਨਿਸਟ ਕਾਰਕੁੰਨਾਂ ਤੇ ਆਮ ਲੋਕਾਂ ਨਾਲ ਮੇਲ-ਜੋਲ ਹੋਇਆ ਤਾਂ ਪਾਰਟੀ ਲੀਡਰਸ਼ਿੱਪ ਨੂੰ ਇੱਕ ਸੁਖਦ ਅਹਿਸਾਸ ਹੋਇਆ। ਕਾਮਰੇਡ ਬਰਾੜ ਨੇ ਕਿਹਾ ਕਿ ਲੋਕਾਂ ਨਾਲ ਰਾਬਤਾ ਪੈਦਾ ਕਰਨ ਦੇ ਵਰਤਾਰੇ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਪਾਰਟੀ ਦੀਆਂ ਸਫਾਂ ਅੰਦਰ ਜਿੱਥੇ ਸਮਰਪਣ ਭਾਵਨਾ ਪੂਰੀ ਤਰ੍ਹਾਂ ਕਾਇਮ ਹੈ, ਉੱਥੇ

• ਬਾਕੀ ਸਫਾ 2 'ਤੇ

## ਅਪ੍ਰੇਸ਼ਨ ਸਿੰਧੂਰ ਸ਼ਤਰੰਜ ਦੀ ਬਾਜ਼ੀ ਵਰਗਾ ਸੀ : ਜਨਰਲ ਦਿਵੇਦੀ

**ਚੇਨੱਈ :** ਥਲ ਸੈਨਾ ਮੁਖੀ ਜਨਰਲ ਉਪਿੰਦਰ ਦਿਵੇਦੀ ਨੇ ਕਿਹਾ ਹੈ ਕਿ 'ਅਪ੍ਰੇਸ਼ਨ ਸਿੰਧੂਰ' ਕਿਸੇ ਵੀ ਰਵਾਇਤੀ ਮਿਸ਼ਨ ਨਾਲੋਂ ਵੱਖ ਸੀ ਤੇ ਇਹ ਸ਼ਤਰੰਜ ਦੀ ਬਾਜ਼ੀ ਜਿਹਾ ਸੀ, ਕਿਉਂਕਿ 'ਸਾਨੂੰ ਨਹੀਂ ਪਤਾ ਸੀ' ਕਿ ਦੁਸ਼ਮਣ ਦੀ ਅਗਲੀ ਚਾਲ ਕੀ ਹੋਵੇਗੀ। ਆਈ ਆਈ ਟੀ ਮਦਰਾਸ ਵਿੱਚ ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾ 22 ਅਪਰੈਲ ਦੇ ਪਹਿਲਗਾਮ ਹਮਲੇ ਦੀ ਜਵਾਬੀ ਕਾਰਵਾਈ ਵਜੋਂ ਦਹਿਸ਼ਤੀ ਢਾਂਚੇ ਨੂੰ ਨਿਸ਼ਾਨਾ ਬਣਾ ਕੇ ਕੀਤੀ ਗਈ ਭਾਰਤ ਦੀ ਫੈਸਲਾਕੁੰਨ ਫੌਜੀ ਕਾਰਵਾਈ ਦੀਆਂ ਪੇਚੀਦਗੀਆਂ ਨੂੰ ਯਾਦ ਕੀਤਾ। ਜਨਰਲ ਦਿਵੇਦੀ ਨੇ ਇਸ ਨੂੰ ਸ਼ਤਰੰਜ ਦੀ ਬਾਜ਼ੀ ਦੱਸਿਆ। ਉਨ੍ਹਾ ਕਿਹਾ, "ਅਪ੍ਰੇਸ਼ਨ ਸਿੰਧੂਰ ਵਿੱਚ ਅਸੀਂ ਸ਼ਤਰੰਜ ਦੀ ਬਾਜ਼ੀ ਖੇਡੀ। ਇਸ ਦਾ ਕੀ ਮਤਲਬ ਹੈ। ਇਸ ਦਾ ਮਤਲਬ ਹੈ ਕਿ ਸਾਨੂੰ ਨਹੀਂ ਪਤਾ ਸੀ ਕਿ ਦੁਸ਼ਮਣ ਦੀ ਅਗਲੀ ਚਾਲ ਕੀ ਹੋਵੇਗੀ ਤੇ ਅਸੀਂ ਕੀ ਕਰਨ ਵਾਲੇ ਹਾਂ। ਇਸ ਨੂੰ ਅਸੀਂ 'ਗ੍ਰੇਅ ਜ਼ੋਨ' ਕਹਿੰਦੇ ਹਾਂ। ਗ੍ਰੇਅ ਜ਼ੋਨ ਦਾ ਮਤਲਬ ਹੈ ਕਿ ਅਸੀਂ ਰਵਾਇਤੀ ਅਪ੍ਰੇਸ਼ਨ ਨਹੀਂ ਕਰ ਰਹੇ, ਪਰ ਅਸੀਂ ਕੁਝ ਅਜਿਹਾ ਕਰ ਰਹੇ ਹਾਂ ਜੋ ਰਵਾਇਤੀ 'ਅਪ੍ਰੇਸ਼ਨ' ਤੋਂ ਥੋੜ੍ਹਾ ਵੱਖ ਹੋਵੇ।"

ਉਨ੍ਹਾ ਕਿਹਾ, "ਰਵਾਇਤੀ ਅਪ੍ਰੇਸ਼ਨ ਦਾ ਮਤਲਬ ਹੈ, ਸਭ ਕੁਝ ਲੈ ਕੇ ਜਾਓ, ਜੋ ਕੁਝ ਤੁਹਾਡੇ ਕੋਲ ਹੈ ਉਸ ਨੂੰ ਲੈ ਜਾਓ ਤੇ ਜੇ ਵਾਪਸ ਆ ਸਕਦੇ ਹੋ ਤਾਂ ਵਾਪਸ ਆ ਜਾਓ, ਨਹੀਂ ਤਾਂ ਉਥੇ ਰਹੋ। ਇਸ ਨੂੰ ਰਵਾਇਤੀ ਤਰੀਕਾ ਕਿਹਾ ਜਾਂਦਾ ਹੈ। ਇਥੇ ਗ੍ਰੇਅ ਜ਼ੋਨ ਦਾ ਮਤਲਬ ਹੈ ਹਰ ਖੇਤਰ ਵਿੱਚ ਹੋਣ ਵਾਲੀ ਕੋਈ ਵੀ ਸਰਗਰਮੀ, ਤੇ 'ਅਪ੍ਰੇਸ਼ਨ ਸਿੰਧੂਰ' ਨੇ ਸਾਨੂੰ ਸਿਖਾਇਆ ਹੈ ਇਹੀ 'ਗ੍ਰੇਅ ਜ਼ੋਨ' ਹੈ।"

ਥਲ ਸੈਨਾ ਮੁਖੀ ਨੇ ਕਿਹਾ, "ਅਸੀਂ ਸ਼ਤਰੰਜ ਦੀ ਬਾਜ਼ੀ ਖੇਡ ਰਹੇ ਸੀ ਤੇ ਉਹ (ਦੁਸ਼ਮਣ) ਵੀ ਸ਼ਤਰੰਜ ਦੀਆਂ ਚਾਲਾਂ ਚੱਲ ਰਿਹਾ ਸੀ। ਕਿਤੇ ਅਸੀਂ ਉਨ੍ਹਾਂ ਨੂੰ ਸ਼ਹਿ ਤੇ ਮਾਤ ਦੇ ਰਹੇ ਸੀ, ਤੇ ਕਿਤੇ ਅਸੀਂ ਆਪਣੀ ਜਾਨ ਗੁਆਉਣ ਦੇ ਦਾਅ ਉੱਤੇ ਵੀ ਉਨ੍ਹਾਂ ਨੂੰ ਮਾਤ ਦੇਣ ਦੀ ਕੋਸ਼ਿਸ਼ ਕਰ ਰਹੇ ਸੀ, ਪਰ ਜ਼ਿੰਦਗੀ ਦਾ ਇਹੀ ਮਤਲਬ ਹੈ।"

## ਕੱਟੜਾ-ਅੰਮ੍ਰਿਤਸਰ ਸਣੇ ਤਿੰਨ ਹੋਰ ਵੰਦੇ ਭਾਰਤ ਟਰੇਨਾਂ ਸ਼ੁਰੂ

**ਬੇਂਗਲੂਰੂ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਤਿੰਨ ਵੰਦੇ ਭਾਰਤ ਐਕਸਪ੍ਰੈੱਸ ਰੇਲਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਨ੍ਹਾਂ ਵਿੱਚੋਂ ਲੰਮੇ ਸਮੇਂ ਤੋਂ ਬੇਸਬਰੀ ਨਾਲ ਉਡੀਕੀ ਜਾ ਰਹੀ ਬੇਂਗਲੂਰੂ-ਬੇਲਾਗਾਵੀ ਵੰਦੇ ਭਾਰਤ ਐਕਸਪ੍ਰੈੱਸ ਨੂੰ ਪ੍ਰਧਾਨ ਮੰਤਰੀ ਨੇ ਨਿੱਜੀ ਤੌਰ 'ਤੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ, ਜਦੋਂਕਿ ਸ੍ਰੀ ਮਾਤਾ ਵੈਸ਼ਨੋ ਦੇਵੀ ਕੱਟੜਾ-ਅੰਮ੍ਰਿਤਸਰ ਅਤੇ ਅਜਨੀ (ਨਾਗਪੁਰ)-ਪੁਣੇ ਵੰਦੇ ਭਾਰਤ ਸੇਵਾਵਾਂ ਨੂੰ ਵਰਚੁਅਲੀ ਲਾਂਚ ਕੀਤਾ ਗਿਆ। ਬੇਂਗਲੁਰੂ-ਬੇਲਾਗਾਵੀ ਵੰਦੇ ਭਾਰਤ ਐਕਸਪ੍ਰੈੱਸ ਕਰਨਾਟਕ ਵਿੱਚ ਚੱਲਣ ਵਾਲੀ 11ਵੀਂ ਵੰਦੇ ਭਾਰਤ ਸੇਵਾ ਹੋਵੇਗੀ। ਇਹ 611 ਕਿੱਲੋਮੀਟਰ ਦਾ ਸਫਰ ਸਿਰਫ ਸਾਢੇ ਅੱਠ ਘੰਟਿਆਂ ਵਿੱਚ ਤੈਅ ਕਰੇਗੀ।

## ਸ਼ਹੀਦ ਢਢੋਗਲ ਦੀ ਯਾਦ 'ਚ ਦੋ ਸੜਕਾਂ ਦਾ ਨੀਂਹ ਪੱਥਰ

**ਢਢੋਗਲ (ਧੂਰੀ) (ਮੋਹਿਤ ਗਰਗ, ਬਿੰਨੀ ਗਰਗ, ਮਨੋਹਰ ਸਿੰਘ ਸੱਗੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਕਿਹਾ ਕਿ ਪੰਜਾਬ ਸਰਕਾਰ ਮਹਾਨ ਸ਼ਹੀਦਾਂ ਦੇ ਨਕਸ਼ੇ ਕਦਮਾਂ 'ਤੇ ਚਲਦਿਆਂ ਸੂਬੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਖਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਦੱਬੇ-ਕੁਚਲੇ ਵਰਗਾਂ ਲਈ ਕਲਿਆਣਕਾਰੀ ਕਾਰਜਾਂ ਨੂੰ ਯਕੀਨੀ ਬਣਾ ਰਹੀ ਹੈ। ਇੱਥੇ ਸ਼ਹੀਦ ਭਗਤ ਸਿੰਘ ਢਢੋਗਲ ਦੀ ਬਰਸੀ ਮੌਕੇ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਆਜ਼ਾਦੀ ਦੇ 75 ਸਾਲਾਂ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਅਦ ਵੀ ਆਜ਼ਾਦੀ ਦਾ ਫਾਇਦਾ ਹਰ ਘਰ ਤੱਕ ਨਹੀਂ ਪਹੁੰਚਿਆ।ਸੱਤਾ ਵਿੱਚ ਬੈਠੇ ਲੋਕਾਂ ਨੇ ਚਿੱਟੇ ਵਰਗੇ ਨਸ਼ੇ ਫੈਲਾਉਣ, ਲੋਕਾਂ ਨੂੰ ਲੁੱਟ ਕੇ ਦੌਲਤ ਇਕੱਠੀ ਕਰਨ, ਭ੍ਰਿਸ਼ਟਾਚਾਰੀ ਗਤੀਵਿਧੀਆਂ



ਨੂੰ ਹੱਲਾਸ਼ੇਰੀ ਦੇਣ ਵਰਗੀਆਂ ਅਲਾਮਤਾਂ ਲਈ ਆਜ਼ਾਦੀ ਦੀ ਦੁਰਵਰਤੋਂ ਕੀਤੀ ਹੈ। ਮਾਨ ਨੇ ਕਿਹਾ ਕਿ ਸ਼ਹੀਦਾਂ ਦੇ ਸੁਪਨੇ ਅਜੇ ਵੀ ਸਾਕਾਰ ਨਹੀਂ ਹੋਏ। ਮਾਨ ਨੇ ਕਿਹਾ ਕਿ ਅੱਜ 17 ਕਰੋੜ 21 ਲੱਖ ਰੁਪਏ ਦੀ ਕੁੱਲ ਲਾਗਤ ਵਾਲੇ ਦੋ ਸ ੜ ਕ ੀ

• ਬਾਕੀ ਸਫਾ 2 'ਤੇ

# ਫਾਸ਼ੀ ਹਮਲਿਆਂ ਖਿਲਾਫ ਜਥੇਬੰਦ ਹੋਣ ਦਾ ਸੱਦਾ

## ਤਰਨ ਤਾਰਨ, ਮਾਨਸਾ ਤੇ ਕਪੂਰਥਲਾ 'ਚ ਵਿਸ਼ਾਲ ਕਨਵੈਨਸ਼ਨਾਂ

**ਤਰਨ ਤਾਰਨ :** ਸੀ ਪੀ ਆਈ, ਆਰ ਐੱਮ ਪੀ ਆਈ, ਸੀ ਪੀ ਆਈ ਐੱਮ ਐੱਲ (ਲਿਬਰੇਸ਼ਨ), ਸੀ ਪੀ ਆਈ ਐੱਮ ਐੱਲ (ਨਿਊਡੈਮੋਕਰੇਸੀ), ਇਨਕਲਾਬੀ ਕੇਂਦਰ ਪੰਜਾਬ ਅਤੇ ਐੱਮ ਸੀ ਪੀ ਆਈ (ਯੂ) ਵੱਲੋਂ ਪੰਜਾਬ, ਕੌਮੀ ਅਤੇ ਕੌਮਾਂਤਰੀ ਸਮੱਸਿਆਵਾਂ ਦੇ ਹੱਲ ਲਈ ਬਣਾਏ 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਵੱਲੋਂ ਗੁਰੂਆਂ ਦੀ ਧਰਤੀ 'ਤੇ ਸ਼ਹੀਦ ਭਗਤ ਸਿੰਘ ਦੇ ਸਾਥੀ ਅਰਜਨ ਸਿੰਘ ਗੜਗੱਜ ਦੇ ਨਗਰ ਤਰਨ ਤਾਰਨ ਵਿਖੇ ਦਵਿੰਦਰ ਸੋਹਲ, ਚਰਨ ਸਿੰਘ ਤਰਨ ਤਾਰਨ, ਮੁਖਤਾਰ ਸਿੰਘ ਮੱਲਾ, ਚਮਨ ਲਾਲ ਦਰਾਜਕਾ, ਹਰਦੀਪ ਸਿੰਘ ਮਾੜੀਮੇਘਾ, ਬਲਬੀਰ ਸਿੰਘ ਮੂਧਲ, ਨਛੱਤਰ ਸਿੰਘ ਤੇ ਮੇਹਰ ਸਿੰਘ ਦੀ ਪ੍ਰਧਾਨਗੀ ਹੇਠ ਕਨਵੈਨਸ਼ਨ ਕੀਤੀ ਗਈ।ਪਿਰਥੀਪਾਲ ਸਿੰਘ ਮਾੜੀਮੇਘਾ, ਪ੍ਰਗਟ ਸਿੰਘ ਜਾਮਾਰਾਏ, ਅਜਮੇਰ ਸਿੰਘ, ਗੁਰਮੀਤ ਸਿੰਘ ਬਖਤਪੁਰਾ ਨੇ ਵਿਚਾਰ ਰੱਖੇ।ਆਗੂਆਂ ਨੇ ਕਿਹਾ ਕਿ ਇਸ ਵਕਤ ਬੀ ਜੇ ਪੀ ਦੀ ਅਗਵਾਈ ਵਾਲੀ ਹਕੂਮਤ ਘੱਟ ਗਿਣਤੀਆਂ 'ਤੇ ਜਬਰ ਢਾਹ ਰਹੀ ਹੈ।ਪਿਛਲੇ ਦਿਨੀਂ ਵਕਫ ਬੋਰਡ ਦੀ ਜ਼ਮੀਨ-ਜਾਇਦਾਦ ਨੂੰ ਸਰਕਾਰ ਅਧੀਨ ਲਿਆਉਣ ਦਾ ਕਾਨੂੰਨ ਬਣਾ ਦਿੱਤਾ ਗਿਆ ਹੈ, ਜਦੋਂ ਕਿ ਵਕਫ ਬੋਰਡ ਬਣਿਆ ਹੀ ਮੁਸਲਿਮ ਲੋਕਾਂ ਦੇ ਧਾਰਮਿਕ ਸਥਾਨਾਂ ਦੀ ਜਾਇਦਾਦ ਦੀ ਸਾਂਭ ਸੰਭਾਲ ਵਾਸਤੇ ਹੈ।ਇਹ ਜ਼ਮੀਨਾਂ ਸ਼ਰਧਾਲੂਆਂ ਨੇ ਧਾਰਮਿਕ ਸਥਾਨਾਂ ਨੂੰ ਦਾਨ ਕੀਤੀਆਂ ਹਨ।ਇਸੇ ਤਰ੍ਹਾਂ ਜੰਮੂ ਕਸ਼ਮੀਰ ਦੀ ਧਾਰਾ 370 ਤੋੜ ਕੇ ਉਥੇ ਲੋਕਾਂ ਦਾ ਘਾਣ ਕੀਤਾ ਜਾ ਰਿਹਾ ਹੈ।ਹੁਣੇ ਹੀ ਜੰਮੂ ਕਸ਼ਮੀਰ ਵਿੱਚ 25 ਕਿਤਾਬਾਂ 'ਤੇ ਕੇਂਦਰੀ ਹਕੂਮਤ ਨੇ ਪਾਬੰਦੀ ਲਾ ਦਿੱਤੀ ਹੈ।ਆਗੂਆਂ ਨੇ ਕਿਹਾ ਕਿ ਜਲ, ਜੰਗਲ, ਜ਼ਮੀਨ ਅਤੇ ਕੁਦਰਤੀ ਖਣਿਜ ਪਦਾਰਥ ਕਾਰਪੋਰੇਟ ਘਰਾਣਿਆਂ ਨੂੰ ਵੇਚੇ ਜਾ ਰਹੇ ਹਨ।ਸਰਕਾਰ ਦਾ ਬਹਾਨਾ ਇਹ ਹੈ ਕਿ ਮਾਓਵਾਦੀਆਂ ਨੂੰ ਦੇਸ਼ 'ਚੋਂ ਖ਼ਤਮ ਕਰਨਾ ਹੈ।ਛੱਤੀਸਗੜ੍ਹ, ਮੱਧ ਪ੍ਰਦੇਸ਼, ਝਾਰਖੰਡ, ਤਿਲੰਗਾਨਾ ਆਦਿ ਵਿੱਚ ਆਦਿਵਾਸੀਆਂ ਦੇ 300 ਦੇ ਕਰੀਬ ਪਿੰਡ ਥੇਹ ਬਣਾ ਦਿੱਤੇ ਗਏ ਹਨ।ਆਦਿਵਾਸੀਆਂ ਦੇ ਪਰਵਾਰਾਂ ਨੂੰ ਆਰਜ਼ੀ ਕੈਂਪਾਂ ਵਿੱਚ ਰੱਖਿਆ ਹੋਇਆ ਹੈ।ਭਾਰਤ ਦੇ ਗ੍ਰਹਿ ਮੰਤਰੀ ਦਾ ਬਿਆਨ ਇਹ ਹੈ ਕਿ ਮਾਰਚ 2026 ਤੱਕ ਮਾਓਵਾਦ ਤੇ ਨਕਸਲਵਾਦ ਦਾ ਖ਼ਾਤਮਾ ਕਰਨਾ ਹੈ।ਇਸ ਦਾ ਭਾਵ ਤੇ ਨੰਗੇ ਚਿੱਟੇ ਸ਼ਬਦਾਂ ਵਿੱਚ ਜੱਗ ਜ਼ਾਹਰ ਕਿ ਕਮਿਊਨਿਸਟ ਖ਼ਤਮ ਕਰਨੇ ਹਨ।ਪ੍ਰਧਾਨ ਮੰਤਰੀ ਕੇਰਲਾ ਵਿੱਚ ਜਾ ਕੇ ਬਿਆਨ ਦਿੰਦਾ ਹੈ ਕਿ ਇਹ ਕਾਮਰੇਡ ਸਿਰਫ ਹਿੰਦੁਸਤਾਨ ਦੇ ਖੂੰਜੇ ਵਿੱਚ ਹੀ ਰਹਿ ਗਏ ਹਨ, ਪਰ ਹੈ ਇਹ ਬਹੁਤ ਖਤਰਨਾਕ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਨੀਤੀ ਵੀ ਕਿਸਾਨਾਂ ਕੋਲੋਂ ਜ਼ਮੀਨ ਖੋਹਣ ਵਾਲੀ ਹੈ।ਲੈਂਡ ਪੂਲਿੰਗ ਵਾਲੇ ਹੁਕਮ ਅਧੀਨ ਕਿਸਾਨਾਂ ਨੂੰ ਉਜਾੜਨਾ ਹੈ।ਸ਼ਹਿਰਾਂ ਦੇ ਦੁਆਲਿਓਂ ਕਿਸਾਨਾਂ ਦੀਆਂ ਜ਼ਮੀਨਾਂ ਐਕਵਾਇਰ ਕਰਕੇ ਉਥੇ ਕਾਰਪੋਰੇਟ ਘਰਾਣਿਆਂ ਤੋਂ ਕਾਲੋਨੀਆਂ ਉਸਾਰਨੀਆਂ ਹਨ।ਉਨ੍ਹਾਂ ਕਾਲੋਨੀਆਂ ਵਿੱਚ ਘੱਟ ਪੈਸਿਆਂ ਵਾਲਾ ਮਨੁੱਖ ਘਰ ਹੀ ਨਹੀਂ ਲੈ ਸਕੇਗਾ ਜਿਸ ਤਰ੍ਹਾਂ ਪੰਜਾਬ ਵਿੱਚ ਐਕਸਪ੍ਰੈਸ ਵੇਅ ਭਾਵ ਸੜਕਾਂ ਬਣ ਰਹੀਆਂ ਹਨ।ਇਨ੍ਹਾਂ ਸੜਕਾਂ 'ਤੇ ਪੈਟਰੋਲ ਪੰਪ, ਗੈਸ ਪੰਪ, ਰੈਸਟੋਰੈਂਟ, ਹੋਟਲ ਆਦਿ ਜੋ ਵੀ ਸੜਕ ਦੇ ਦੋਹੀਂ ਪਾਸੀਂ ਬਣੇਗਾ, ਉਹ ਕਾਰਪੋਰੇਟਰਾਂ ਦਾ ਹੀ ਹੋਵੇਗਾ।ਟੋਲ ਟੈਕਸ ਆਮ ਵਿਅਕਤੀ ਦੇ ਹੀ ਨਹੀਂ ਸਕੇਗਾ।ਆਗੂਆਂ ਨੇ ਕਿਹਾ ਕਿ ਜਦੋਂ ਹਿੰਦੁਸਤਾਨ ਦੁਨੀਆ ਦੀ ਗਰੀਬ ਵਸੋਂ ਵਾਲੇ ਦੇਸ਼ਾਂ ਵਿੱਚ ਗਿਣਿਆ ਜਾਂਦਾ ਹੈ, ਅਸੀਂ ਅੰਕੜਿਆਂ ਦੇ ਹਿਸਾਬ ਨਾਲ ਗਰੀਬੀ ਦੇ ਪੱਖ ਤੋਂ ਪਾਕਿਸਤਾਨ ਤੋਂ ਵੀ ਪਿੱਛੇ ਹਾਂ। ਸਾਡੇ ਦੇਸ਼ ਦੀ 140 ਕਰੋੜ ਵਸੋਂ 'ਚੋਂ 90-95 ਫੀਸਦੀ ਵਸੋਂ ਗਰੀਬੀ ਦੀ ਮਾਰ ਝੱਲ ਰਹੀ ਹੈ।ਸਾਡੀ ਜਵਾਨੀ ਅਮਰੀਕਾ ਤੋਂ ਹੱਥਕੜੀਆਂ ਤੇ ਬੇੜੀਆਂ ਨਾਲ ਨੂੜ ਕੇ ਕੱਢੀ ਗਈ ਹੈ।ਇਸ ਪ੍ਰਸਥਿਤੀ ਵਿੱਚ ਲੋਕਾਂ ਦੀ ਜ਼ਿੰਦਗੀ ਖੁਸ਼ਹਾਲ ਬਣਾਉਣ ਵਾਲੀ ਨੀਤੀ ਕਿਉਂ ਨਹੀਂ ਬਣਾਈ ਜਾ ਰਹੀ।ਸਾਡੇ ਦੇਸ਼ ਵਿੱਚ ਰੁਜ਼ਗਾਰ ਦੇ ਸਾਧਨਾਂ ਦੀ ਕੋਈ ਕਮੀ ਨਹੀਂ।ਜ਼ਮੀਨ ਸਾਡੀ ਬਹੁਤ ਉਪਜਾਊ ਹੈ।ਆਗੂਆਂ ਨੇ ਕਿਹਾ ਕਿ ਟਰੰਪ ਨੇ ਭਾਰਤ 'ਤੇ ਵਪਾਰ ਟੈਰਿਫ ਅੰਤਾਂ ਦਾ ਵਧਾ ਦਿੱਤਾ ਹੈ ਪਰ ਬੀ ਜੇ ਪੀ ਸਰਕਾਰ ਚੁੱਪ ਹੈ।ਇਸ ਪ੍ਰਸਥਿਤੀ ਵਿੱਚ ਪੰਜਾਬ ਦੇ ਸਮੂਹ ਵਾਸੀਆਂ ਨੂੰ ਸਾਡਾ ਦੇਸ਼, ਪੰਜਾਬ ਅਤੇ ਸੱਭਿਆਚਾਰ ਬਚਾਉਣ ਵਾਸਤੇ ਜਥੇਬੰਦ ਹੋ ਕੇ ਸੰਘਰਸ਼ ਵਿੱਢਣਾ ਚਾਹੀਦਾ ਹੈ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਬਲਕਾਰ ਸਿੰਘ ਵਲਟੋਹਾ ਨੇ ਬਾਖੂਬੀ ਨਿਭਾਈ।


ਤਰਨ ਤਾਰਨ


ਮਾਨਸਾ


ਕਪੂਰਥਲਾ

**ਮਾਨਸਾ (ਆਤਮਾ ਸਿੰਘ ਪਮਾਰ) :** ਫਾਸ਼ੀਵਾਦੀ ਹਮਲਿਆਂ ਵਿਰੋਧੀ ਫਰੰਟ ਪੰਜਾਬ ਜ਼ਿਲ੍ਹਾ ਮਾਨਸਾ ਵੱਲੋਂ ਸਥਾਨਕ ਬਾਬਾ ਬੂਝਾ ਸਿੰਘ ਯਾਦਗਾਰ ਭਵਨ ਵਿਖੇ ਇੱਕ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਦਾ ਆਯੋਜਨ ਕੀਤਾ ਗਿਆ। ਕਨਵੈਨਸ਼ਨ ਦੀ ਪ੍ਰਧਾਨਗੀ ਕਾਮਰੇਡ ਬਲਵਿੰਦਰ ਕੌਰ ਖਾਰਾ, ਮਾਸਟਰ ਛੱਜੂ ਰਾਮ ਰਿਸ਼ੀ, ਕਾ. ਰਤਨ ਭੋਲਾ ਤੇ ਜਗਮੇਲ ਸਿੰਘ ਵੱਲੋਂ ਕੀਤੀ ਗਈ।

ਕਨਵੈਨਸ਼ਨ ਨੂੰ ਸੀ ਪੀ ਆਈ ਦੇ ਸਾਬਕਾ ਵਿਧਾਇਕ ਕਾ. ਹਰਦੇਵ ਸਿੰਘ ਅਰਸ਼ੀ, ਸੀ ਪੀ ਆਈ (ਐਮ ਐਲ) ਲਿਬਰੇਸ਼ਨ ਦੇ ਕਾ. ਸੁਖਦਰਸ਼ਨ ਸਿੰਘ ਨੱਤ, ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਕਾਮਰੇਡ ਮੁਖਤਿਆਰ ਸਿੰਘ ਪੂਹਲਾ ਅਤੇ ਆਰ ਐਮ ਪੀ ਆਈ ਦੇ ਕੇਂਦਰੀ ਕਮੇਟੀ ਮੈਂਬਰ ਕਾ. ਮਹੀਪਾਲ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਮੋਦੀ ਸਰਕਾਰ ਨਿਆਂ ਪਾਲਿਕਾ, ਚੋਣ ਕਮਿਸ਼ਨ, ਜਾਂਚ ਏਜੰਸੀਆਂ, ਸਮਾਜਿਕ, ਧਾਰਮਿਕ ਤੇ ਇਤਿਹਾਸ ਵਰਗੇ ਖੇਤਰਾਂ ਦੀ ਅਪਣੇ ਫਿਰਕੂ ਮਨੋਰਥਾਂ ਲਈ ਦੁਰਵਰਤੋਂ ਕਿਵੇਂ ਅਤੇ ਕਿਉਂ ਕਰ ਰਹੀ ਹੈ ਅਤੇ ਪਹਿਲਗਾਮ ਕਤਲੇਆਮ 'ਤੇ ਪਾਕਿਸਤਾਨ ਨਾਲ ਹੋਈ ਸੀਮਤ ਝੜਪ ਬਾਰੇ ਮੋਦੀ ਸਰਕਾਰ ਜਨਤਾ ਤੋਂ ਸਚਾਈ ਨੂੰ ਛੁਪਾਉਣ ਲਈ ਕਿਵੇਂ ਹਰ ਹਰਬਾ ਵਰਤ ਰਹੀ ਹੈ। ਬੀ ਜੇ ਪੀ ਦੀ ਤਰਜ਼ 'ਤੇ ਬੁਰੀ ਤਰ੍ਹਾਂ ਨਾਕਾਮ ਸਾਬਿਤ ਹੋ ਰਹੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਨੂੰ ਪੁਲਸ ਸਟੇਟ 'ਚ ਤਬਦੀਲ ਕਰਨ, ਝੂਠੇ ਪੁਲਸ ਮੁਕਾਬਲਿਆਂ ਨੂੰ ਹੱਲਾਸ਼ੇਰੀ ਦੇਣ, ਹੱਕੀ ਜਨਤਕ ਸੰਘਰਸ਼ਾਂ 'ਤੇ ਜਬਰ ਤੇ ਇਨ੍ਹਾਂ ਦੇ ਆਗੂਆਂ 'ਤੇ ਝੂਠੇ ਕੇਸ ਮੜ੍ਹਨ ਨੂੰ ਵੀ ਬੁਲਾਰਿਆਂ ਨੇ ਗੈਰ ਜਮਹੂਰੀ ਤੇ ਘਾਤਕ ਰੁਝਾਨ ਕਰਾਰ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਪਾਣੀ ਡੈਮਾਂ ਵਿੱਚ ਵਧਣ ਦਾ ਪਿਆ ਰੌਲਾ,
ਖੋਲ੍ਹਣੇ ਪਏ ਕੁਝ ਸੁਣੇ ਫਿਰ ਗੇਟ ਮੀਆਂ।
ਆਇਆ ਪਾਣੀ ਤਾਂ ਲੋਕਾਂ ਦੀ ਔਖ ਭਾਰੀ,
ਕੀਤੀ ਔਕੜ ਨਹੀਂ ਕਦੇ ਵੀ ਵੇਟ ਮੀਆਂ।
ਸਾਰੀ ਕੁਦਰਤ ਹੈ ਆਪਣੀ ਚਾਲ ਚੱਲਦੀ,
ਵਿੰਹਦੀ ਦਿਨ ਨਾ ਵੇਖੇ ਕੋਈ ਡੇਟ ਮੀਆਂ।
ਬੰਦਾ ਕੁਦਰਤ ਦਾ ਰੰਗ ਨਾ ਜਾਣ ਸਕਦਾ,
ਔਕੜ ਕਦੀ ਪਹਿਲਾਂ, ਕਦੀ ਲੇਟ ਮੀਆਂ।
ਵਕਤ ਹੁੰਦਾ ਕੁਝ ਕਰਨ ਦਾ ਜਦੋਂ ਕਾਫੀ,
ਸੁਣਦਾ ਕਦੇ ਨਾ ਕੋਈ ਹੈ ਜ਼ਿਕਰ ਮੀਆਂ।
ਗੋਤੇ ਖਾਵਣ ਦੀ ਨੌਬਤ ਜੇ ਆਣ ਬਣਦੀ,
ਓਦੋਂ ਕਰਨ ਲੱਗਦੇ ਸਾਰੇ ਫਿਕਰ ਮੀਆਂ।

-ਤੀਸ ਮਾਰ ਖਾਂ

## ਰਾਇਟਵੇ ਏਅਰਲਿੰਕਸ ਨੇ ਲਵਾਇਆ ਆਸਟ੍ਰੇਲੀਆ ਸਟੂਡੈਂਟ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**- ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇਮੀਗ੍ਰੇਸ਼ਨ ਤੇ ਆਈਲਟਸ ਸੰਸਥਾ ਨੇ ਮਾਨਵ ਸ਼ਰਮਾ ਪੁੱਤਰ ਅਨਿਲ ਸ਼ਰਮਾ ਵਾਸੀ ਸੂਦ ਨਗਰ, ਬਰਨਾਲਾ ਦਾ ਆਸਟ੍ਰੇਲੀਆ ਦੇ ਐੱਲ.ਆਈ.ਐੱਚ. ਈ ਕਾਲਜ ਦਾ ਸਟੂਡੈਂਟ ਵੀਜ਼ਾ ਲਗਵਾ ਕੇ ਦਿੱਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਕਿਹਾ ਕਿ ਅਫਵਾਹਾਂ ਤੇ ਧਿਆਨ ਨਾ ਦਿਉ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰਿਫਿਊਜ਼ ਹੋ ਚੁੱਕੇ ਹਨ, ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਦੀ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਮਾਨਵ ਸ਼ਰਮਾ ਨੂੰ ਵਧਾਈ ਦਿੱਤੀ।

## ਪੰਜਾਬ ਨੰਬਰਦਾਰ ਯੂਨੀਅਨ ਸਮਰਾ ਦੀ ਤਹਿਸੀਲ ਪੱਧਰੀ ਮੀਟਿੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਨੰਬਰਦਾਰ ਯੂਨੀਅਨ (ਰਜਿ: 643) ਸਮਰਾ ਗਰੁੱਪ ਦੀ ਤਹਿਸੀਲ ਪੱਧਰੀ ਮੀਟਿੰਗ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਦਰਸ਼ਨ ਸਿੰਘ ਕੱਟੂ ਨੇ ਸਮੂਹ ਨੰਬਰਦਾਰ ਭਾਈਚਾਰੇ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਇਕਜੁੱਟ ਹੋ ਕੇ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਸਮੂਹ ਨੰਬਰਦਾਰ ਭਾਈਚਾਰੇ ਨਾਲ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ।ਤਹਿਸੀਲ ਪ੍ਰਧਾਨ ਕਲੱਟਰ ਸਿੰਘ ਪੰਡੋਰੀ, ਬਲਵੀਰ ਸਿੰਘ ਮਹਿਲ ਖੁਰਦ, ਸੁਖਵਿੰਦਰ ਸਿੰਘ ਠੁੱਲੀਵਾਲ, ਮਹਿੰਦਰ ਸਿੰਘ ਸਹੌਰ ਨੇ ਕਿਹਾ ਕਿ ਜੇਕਰ ਨੰਬਰਦਾਰ ਭਾਈਚਾਰੇ ਦੀਆਂ ਭਖਦੀਆਂ ਹੱਕੀ ਜਾਇਜ਼ ਮੰਗਾਂ ਨੂੰ ਅਜੇ ਵੀ ਅਣਡਿੱਠਾ ਕੀਤਾ ਗਿਆ, ਤਾਂ ਜਥੇਬੰਦੀ ਵੱਲੋਂ ਪੰਜਾਬ ਪੱਧਰ 'ਤੇ ਸੰਘਰਸ਼ ਦਾ ਬਿਗਲ ਵਜਾਇਆ ਜਾਵੇਗਾ।ਇਸ ਮੌਕੇ ਹਰਜਿੰਦਰ ਸਿੰਘ ਹਮੀਦੀ, ਬਲਵੀਰ ਸਿੰਘ ਕੱਟਦੂਨਾ, ਕਰਮਜੀਤ ਸਿੰਘ ਠੁੱਲੀਵਾਲ, ਹਰਪ੍ਰੀਤ ਸਿੰਘ ਸਹੌਰ, ਮੋਹਨ ਸਿੰਘ ਠੁੱਲੀਵਾਲ, ਤਰਲੋਚਨ ਸਿੰਘ ਧਨੇਰ ਆਦਿ ਹਾਜ਼ਰ ਸਨ।

## ਵਿਧਾਇਕ ਦੇਵ ਮਾਨ ਨੂੰ ਅਮਰੀਕਾ 'ਚ ਕੀਤਾ ਸਨਮਾਨਤ



**ਨਾਭਾ (ਵਰਿੰਦਰ ਵਰਮਾ)**-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਅਮਰੀਕਾ ਦੇ ਬੋਸਟਨ ਵਿਖੇ ਆਯੋਜਿਤ ਅੰਤਰਰਾਸ਼ਟਰੀ ਰਾਜ ਵਿਧਾਨ ਸਭਾਵਾਂ ਦੀ ਰਾਸ਼ਟਰੀ ਕਾਨਫਰੰਸ ਵਿੱਚ ਪਹੁੰਚਣ 'ਤੇ ਸ੍ਰੀ ਰਾਹੁਲ ਕਰਾਰ ਚੇਅਰਮੈਨ ਨੈਸ਼ਨਲ ਲੇਜਿਸਲੇਟਿਵਜ਼ ਕਾਨਫਰੰਸ ਬੋਸਟਨ ਅਮਰੀਕਾ 2025 ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਇਸ ਕਾਨਫਰੰਸ ਵਿੱਚ ਹਿੱਸਾ ਲੈਣ ਨਾਲ ਮੇਰੇ ਗਿਆਨ ਵਿੱਚ ਹਰ ਵਾਧਾ ਹੋਇਆ ਹੈ।ਉਨ੍ਹਾਂ ਕਿਹਾ ਕਿ ਮੈਨੂੰ ਇਹ ਵੀ ਪਤਾ ਲੱਗਿਆ ਹੈ ਕਿ ਦੂਜੇ ਦੇਸ਼ਾਂ ਦੇ ਨੇਤਾ ਆਪਣੇ ਲੋਕਾਂ ਲਈ ਕਿਵੇਂ ਕੰਮ ਕਰਦੇ ਹਨ।ਇਸ ਕਾਨਫਰੰਸ ਵਿੱਚ ਸ਼ਾਮਲ ਹੋ ਕੇ ਮੈਨੂੰ ਬਹੁਤ ਰਾਹਤ ਮਹਿਸੂਸ ਹੋਈ ਹੈ ਤੇ ਮੈਨੂੰ ਬਹੁਤ ਕੁਝ ਸਿੱਖਣ ਨੂੰ ਮਿਲਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਿਕਾਰਯੋਗ ਸ੍ਰੀ ਲੋਭਸੰਗ ਸਾਂਗੇ ਸਾਬਕਾ ਪ੍ਰਧਾਨ ਮੰਤਰੀ ਤਿੱਬਤ ਇੰਨ ਇਗਜਾਇਲ ਵੱਲੋਂ ਵੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਸਨਮਾਨ ਕੀਤਾ ਗਿਆ।ਵਿਧਾਇਕ ਦੇਵ ਮਾਨ ਨੇ ਸ੍ਰੀ ਰਾਹੁਲ ਕਰਾਰ ਦੀ ਤੇ ਉਨ੍ਹਾਂ ਦੀ ਟੀਮ ਅਤੇ ਐੱਨ ਐੱਲ ਸੀ ਭਾਰਤ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸੈਂਟਰ ਪੱਧਰੀ ਮੁਕਾਬਲਿਆਂ 'ਚ ਸ. ਪ੍ਰਾ. ਸਕੂਲ ਲਾਲ ਸਿੰਘ ਬਸਤੀ ਦੇ ਬੱਚਿਆਂ ਨੇ ਮਾਰੀਆਂ ਮੱਲਾਂ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੈਂਟਰ ਹੈੱਡ ਟੀਚਰ ਗੁਰਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਸਰਕਾਰੀ ਐਲੀਮੈਂਟਰੀ ਸਕੂਲ ਲਹਿਰਾ ਬੇਗਾ ਵਿਖੇ ਹੋਏ ਬਲਾਕ ਰਾਮਪੁਰਾ ਦੇ ਸੈਂਟਰ ਪੱਧਰੀ ਮੁਕਾਬਲਿਆਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਲਹਿਰਾ ਮੁਹੱਬਤ ਬ੍ਰਾਂਚ ਲਾਲ ਸਿੰਘ ਬਸਤੀ ਦੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ। ਪਹਾੜਿਆਂ ਦੇ ਮੁਕਾਬਲੇ ਵਿੱਚ ਅਨਮੋਲਦੀਪ ਕੌਰ ਜਮਾਤ ਪੰਜਵੀਂ ਨੇ ਪਹਿਲਾ, ਸੁੰਦਰ ਲਿਖਾਈ 'ਚ ਅਨਮੋਲਦੀਪ ਕੌਰ ਜਮਾਤ ਪੰਜਵੀਂ ਨੇ ਦੂਜਾ ਤੇ ਆਮ ਗਿਆਨ ਦੇ ਮੁਕਾਬਲਿਆਂ ਵਿੱਚ ਏਕਮਜੋਤ ਕੌਰ, ਜਸਰੀਤ ਕੌਰ ਤੇ ਸ਼ਾਨਵੀ ਕੌਰ ਜਮਾਤ ਪੰਜਵੀਂ ਦੀਆਂ ਵਿਦਿਆਰਥਣਾਂ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸਕੂਲ ਮੁਖੀ ਕਿਰਪਾਲ ਸਿੰਘ ਵੱਲੋਂ ਪੁਜ਼ੀਸ਼ਨਾਂ ਵਾਲੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਕੂਲ ਅਧਿਆਪਕ ਹਰਵਿੰਦਰ ਸਿੰਘ, ਗੁਰਪ੍ਰੀਤ ਕੌਰ, ਮਨਜੀਤ ਕੌਰ, ਵੀਰਪਾਲ ਕੌਰ, ਗੁਰਪ੍ਰੀਤ ਕੌਰ ਤੇ ਕੁਲਦੀਪ ਕੌਰ ਆਦਿ ਸਟਾਫ ਮੈਂਬਰ ਮੌਜੂਦ ਸਨ।

## ਸਰਕਾਰੀ ਪ੍ਰਾਇਮਰੀ ਸਕੂਲ ਅਤਲਾ ਕਲਾਂ 'ਚ ਮਨਾਇਆ ਤੀਆਂ ਦਾ ਤਿਉਹਾਰ




**ਮਾਨਸਾ (ਆਤਮਾ ਸਿੰਘ ਪਮਾਰ)**-ਸਰਕਾਰੀ ਪ੍ਰਾਇਮਰੀ ਸਕੂਲ ਅਤਲਾ ਕਲਾਂ ਵਿਖੇ ਸਾਵਣ ਮਹੀਨੇ ਨੂੰ ਮੁੱਖ ਰੱਖਦੇ ਹੋਏ ਸਥਾਨਕ ਸਕੂਲ ਦੀਆਂ ਬੱਚੀਆਂ, ਆਂਗਣਵਾੜੀ ਸਟਾਫ਼ ਤੇ ਮਿੱਡ ਡੇ ਮੀਲ ਵਰਕਰਾਂ ਵੱਲੋਂ ਤੀਆਂ ਦਾ ਤਿਉਹਾਰ ਮਨਾਇਆ ਗਿਆ।ਇਸ ਸਮੇਂ ਬੱਚੀਆਂ ਵੱਲੋਂ ਗਿਆਨ ਵਧਾਊ, ਸੱਭਿਆਚਾਰਕ ਤੇ ਸਮਾਜਿਕ ਕੁਰੀਤੀਆਂ ਨੂੰ ਦੂਰ ਕਰਨ ਲਈ ਵੱਖ ਵੱਖ ਤਰ੍ਹਾਂ ਦੀਆਂ ਸ਼ਾਨਦਾਰ ਬੋਲੀਆਂ, ਗੀਤ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਸਕੂਲ ਮੁਖੀ ਬਲਜਿੰਦਰ ਸਿੰਘ ਨੇ ਦੱਸਿਆ ਕਿ ਸਥਾਨਕ ਸਕੂਲ ਦੀਆਂ ਬੱਚੀਆਂ ਦੀ ਖ਼ੁਸ਼ੀ ਨੂੰ ਧਿਆਨ ਵਿੱਚ ਰੱਖਦੇ ਹੋਏ ਤੇ ਪੰਜਾਬੀ ਸੱਭਿਆਚਾਰ ਦੀ ਚਿਰਾਂ ਤੋਂ ਚਲਦੀ ਆ ਰਹੀ ਇਸ ਰੀਤ ਨੂੰ ਅੱਗੇ ਤੋਰਦਿਆਂ ਇਹ ਤਿਉਹਾਰ ਮਨਾਇਆ ਗਿਆ।ਸਕੂਲ ਦੇ ਸਾਰੇ ਬੱਚਿਆਂ ਲਈ ਸਪੈਸ਼ਲ ਪਕਵਾਨ ਖੀਰ ਤੇ ਪੂੜਿਆਂ ਦਾ ਪ੍ਰਬੰਧ ਵੀ ਕੀਤਾ ਗਿਆ।ਇਸ ਸਮੇਂ ਸਕੂਲ ਸਟਾਫ਼ ਅਧਿਆਪਕ ਸੁਰਜੀਤ ਸਿੰਘ, ਗੁਰਦੀਪ ਸਿੰਘ, ਅਸ਼ਵਿੰਦਰ ਸਿੰਘ, ਅਵਤਾਰ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਅੰਮ੍ਰਿਤਪਾਲ ਕੌਰ ਤੇ ਮਨਜੀਤ ਕੌਰ ਆਦਿ ਹਾਜ਼ਰ ਸਨ।

## ਜਸਪਾਲ ਗੰਗਰੌਲੀ ਦਾ ਮੁੜ ਭਾਜਪਾ ਜ਼ਿਲ੍ਹਾ ਦਿਹਾਤੀ ਪ੍ਰਧਾਨ ਬਣਨ 'ਤੇ ਸਨਮਾਨ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਲੰਮੇ ਸਮੇਂ ਤੋਂ ਭਾਰਤੀ ਜਨਤਾ ਪਾਰਟੀ ਲਈ ਦਿਨ-ਰਾਤ ਸਖਤ ਮਿਹਨਤ ਕਰ ਰਹੇ ਸਿਰਕੱਢ ਨੇਤਾ ਜਸਪਾਲ ਸਿੰਘ ਗਗਰੌਲੀ ਨੂੰ ਭਾਜਪਾ ਨੇ ਮੁੜ ਪਟਿਆਲਾ ਦਿਹਾਤੀ ਦਾ ਪ੍ਰਧਾਨ ਨਿਯੁਕਤ ਕੀਤਾ ਹੈ।ਜਸਪਾਲ ਗੰਗਰੋਲੀ ਹਲਕਾ ਸਨੌਰ ਦੇ ਪਿੰਡ ਗੰਗਰੋਲੀ ਦੇ ਜੰਮਪਲ ਹਨ।ਉਹ ਗੰਗਰੌਲੀ ਪਿੰਡ ਦੇ ਸਰਪੰਚ ਵੀ ਰਹੇ।ਉਨ੍ਹਾਂ ਦਾ ਮੁੜ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਜਸਪਾਲ ਗੰਗਰੋਲੀ ਨੇ ਆਖਿਆ ਕਿ ਭਾਜਪਾ ਆਉਣ ਵਾਲੇ ਪੰਜਾਬ ਦਾ ਭਵਿੱਖ ਹੈ, ਦੇਸ਼ 'ਚ ਲਗਾਤਾਰ ਤੀਸਰੀ ਵਾਰ ਸਰਕਾਰ ਬਣਾਉਣ ਤੋਂ ਬਾਅਦ ਹੁਣ ਪੰਜਾਬ ਦੀਆਂ 2027 ਦੀਆਂ ਚੋਣਾਂ 'ਚ ਵੀ ਸੂਬੇ 'ਚ ਭਾਜਪਾ ਦੀ ਸਰਕਾਰ ਬਣੇਗੀ।ਉਨ੍ਹਾਂ ਆਖਿਆ ਕਿ ਮੌਜੂਦਾ ਸਰਕਾਰ ਕੀ ਕਰ ਰਹੀ ਹੈ, ਇਹ ਲੋਕਾਂ ਨੂੰ ਚੰਗੀ ਤਰ੍ਹਾਂ ਪਤਾ ਹੈ।'ਆਪ' ਸਰਕਾਰ ਨੇ ਵਪਾਰੀ, ਕਿਸਾਨ ਸਮੇਤ ਸਾਰੇ ਵਰਗਾਂ ਦਾ ਬੇੜਾ ਗਰਕ ਕਰ ਦਿੱਤਾ ਹੈ।ਇਸ ਲਈ ਲੋਕ ਚਾਹੁੰਦੇ ਹਨ ਕਿ ਪੰਜਾਬ 'ਚ ਭਾਜਪਾ ਸਰਕਾਰ ਬਣਾਏ।

## ਦਸਮੇਸ਼ ਸਕੂਲ ਦੇ ਵਾਲੀਬਾਲ ਖਿਡਾਰੀਆਂ ਜ਼ੋਨ ਪੱਧਰੀ ਖੇਡਾਂ 'ਚ ਜਿੱਤੇ ਤਮਗੇ



**ਸਰਦੂਲਗੜ੍ਹ (ਅਵਤਾਰ ਜਟਾਣਾ)**- ਪੰਜਾਬ ਸਰਕਾਰ ਦੀਆਂ ਗਰਮ ਰੁੱਤ ਜ਼ੋਨ ਪੱਧਰੀ ਖੇਡਾਂ ਦੀ ਸ਼ੁਰੂਆਤ ਜ਼ੋਨ ਕੋਆਰਡੀਨੇਟਰ ਪ੍ਰਿੰਸੀਪਲ ਦਿਲਪ੍ਰੀਤ ਸਿੰਘ ਸੰਧੂ ਦੀ ਰਹਿਨੁਮਾਈ ਹੇਠ ਸ਼ਾਨਦਾਰ ਸ਼ੁਰੂਆਤ ਹੋਈ, ਜਿਸ ਵਿੱਚ ਵਾਲੀਬਾਲ ਮੁਕਾਬਲੇ ਸਰਕਾਰੀ ਸਕੂਲ ਮੀਰਪੁਰ ਵਿਖੇ ਡੀ.ਪੀ.ਈ. ਗੁਰਮੀਤ ਸਿੰਘ, ਡੀ.ਪੀ.ਈ. ਸੁਖਵੀਰ ਕੌਰ ਦੀ ਅਗਵਾਈ ਹੇਠ ਕਰਵਾਏ ਗਏ, ਜਿਸ ਵਿੱਚ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਦਸਮੇਸ਼ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 1 ਸੋਨ ਤੇ ਤਿੰਨ ਚਾਂਦੀ ਤਮਗੇ ਜਿੱਤੇ। ਇਸ ਮੌਕੇ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਨੇ ਵਾਲੀਬਾਲ ਟੀਮ ਕੋਚ ਇਕਬਾਲ ਕੌਰ, ਗੁਰਜੀਤ ਸਿੰਘ, ਡੀ.ਪੀ.ਈ. ਮਨਦੀਪ ਸਿੰਘ, ਗੁਰਸੇਵਕ ਸਿੰਘ, ਅਮਨਦੀਪ ਸਿੰਘ, ਹਰਜਿੰਦਰ ਕੌਰ ਤੇ ਖਿਡਾਰੀਆਂ ਨੂੰ ਵਧਾਈਆਂ ਦਿੰਦਿਆਂ ਜ਼ਿਲ੍ਹੇ ਵਿੱਚੋਂ ਵੀ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਪ੍ਰੇਰਿਤ ਕੀਤਾ।

# ਮੁੱਖ ਮੰਤਰੀ ਭਗਵੰਤ ਮਾਨ ਪਹੁੰਚੇ ਜੱਦੀ ਪਿੰਡ ਸਤੌਜ



**ਚੀਮਾ ਮੰਡੀ (ਰਵਿੰਦਰ ਚੀਮਾ)**-ਮੁੱਖ ਮੰਤਰੀ ਭਗਵੰਤ ਮਾਨ ਆਪਣੇ ਜੱਦੀ ਪਿੰਡ ਸਤੌਜ ਵਿਖੇ ਸੱਥ ਵਿੱਚ ਪਹੁੰਚ ਕੇ ਲੋਕਾਂ ਨਾਲ ਗੱਲਾਂ ਸਾਂਝੀਆਂ ਕੀਤੀਆਂ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੋ ਅਕਤੂਬਰ ਤੋਂ ਹਰ ਇੱਕ ਨਾਗਰਿਕ ਦਾ 10 ਲੱਖ ਦਾ ਸਿਹਤ ਬੀਮਾ ਸ਼ੁਰੂ ਹੋ ਜਾਵੇਗਾ, ਜੋ ਕਿ ਲੋਕਾਂ ਲਈ ਬਹੁਤ ਹੀ ਫਾਇਦੇਮੰਦ ਹੋਵੇਗਾ। ਇਸ ਤੋਂ ਬਿਨਾਂ ਉਨ੍ਹਾਂ ਬਿਜਲੀ ਤੇ ਨਹਿਰੀ ਪਾਣੀ ਸਬੰਧੀ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਦੋਂ ਦੀ ਸਰਕਾਰ ਬਣੀ ਹੈ, ਕਿਸੇ ਵੀ ਕਿਸਾਨ ਨੂੰ ਨਹਿਰੀ ਪਾਣੀ ਜਾਂ ਬਿਜਲੀ ਦੀ ਦਿੱਕਤ ਨਹੀਂ ਆਉਣ ਦਿੱਤੀ, ਨਾ ਹੀ ਅੱਗੇ ਤੋਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਪਿੰਡ ਦੇ ਲੋਕਾਂ ਨਾਲ ਸਲਾਹ ਕਰਕੇ ਐਲਾਨ ਕੀਤਾ ਕਿ ਆਪਣੇ ਪਿੰਡ ਵਿੱਚ ਸਭ ਤੋਂ ਪਹਿਲਾਂ ਵਜ਼ਨੀ ਕਬੱਡੀ ਸ਼ੁਰੂ ਕੀਤੀ ਜਾਵੇਗੀ, ਜੋ ਕਿ ਦੋ ਦਿਨਾਂ ਦਾ ਟੂਰਨਾਮੈਂਟ ਹੋਵੇਗਾ। ਉਨ੍ਹਾਂ ਕਿਹਾ ਕਿ ਜਦੋਂ ਸਾਡੇ ਕੋਲ ਕਬੱਡੀ ਦੀ ਨਰਸਰੀ ਹੀ ਨਹੀਂ ਹੋਵੇਗੀ ਤਾਂ ਫਿਰ ਵੱਡੀਆਂ ਟੀਮਾਂ ਕਿੱਥੋਂ ਤਿਆਰ ਹੋਣਗੀਆਂ। ਇਸ ਤੋਂ ਇਲਾਵਾ ਉਨ੍ਹਾਂ ਪਿੰਡ ਦੇ ਵਿਕਾਸ ਲਈ ਇੱਕ ਕਰੋੜ 78 ਲੱਖ ਦਾ ਚੈੱਕ ਗ੍ਰਾਮ ਪੰਚਾਇਤ ਨੂੰ ਦਿੱਤਾ। ਇਸ ਤੋਂ ਬਾਅਦ ਮੁੱਖ ਮੰਤਰੀ ਨੇ ਪਿੰਡ ਦੇ ਸਰਕਾਰੀ ਸਕੂਲ, ਅਨਾਜ ਮੰਡੀ ਤੇ ਪਾਣੀ ਵਾਲੇ ਮੋਘੇ ਦਾ ਜਾਇਜ਼ਾ ਲਿਆ।

# ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਕਰਨ ਦੇ ਰੋਸ ਵਜੋਂ 15 ਨੂੰ ਦਿੱਤੇ ਜਾਣਗੇ ਰੋਸ ਪੱਤਰ

**1 ਅਪ੍ਰੈਲ ਤੋਂ ਐਨ ਪੀ ਐਸ ਦੀ ਕਟੌਤੀ ਬੰਦ ਕਰਕੇ ਜੀ ਪੀ ਐੱਫ ਕਟੌਤੀ ਸ਼ੁਰੂ ਕਰਨ ਦੀ ਮੰਗ**



**ਮੋਗਾ (ਇਕਬਾਲ ਸਿੰਘ ਖਹਿਰਾ)**- ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ ਦੀ ਅਗਵਾਈ ਹੇਠ ਸੂਬਾ ਕਮੇਟੀ ਦੀ ਆਨਲਾਈਨ ਮੀਟਿੰਗ ਕੀਤੀ ਗਈ, ਜਿਸ ਵਿੱਚ ਸਰਕਲ ਦੇ ਕੋ-ਕਨਵੀਨਰ ਰਣਦੀਪ ਸਿੰਘ ਸ੍ਰੀ ਫ਼ਤਹਿਗੜ੍ਹ ਸਾਹਿਬ, ਟਹਿਲ ਸਿੰਘ ਸਰਾਭਾ, ਕੰਵਲਜੀਤ ਸਿੰਘ ਰੋਪੜ, ਦਰਸ਼ੀ ਕਾਂਤ ਰਾਜਪੁਰਾ, ਡਿੰਪਲ ਰੋਹੇਲਾ ਤੇ ਸੂਬਾ ਕਮੇਟੀ ਮੈਂਬਰ ਸ਼ਾਮਲ ਹੋਏ।ਆਗੂਆਂ ਵੱਲੋਂ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ 01-01-2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਕੀਤੀ ਜਾ ਰਹੀ ਟਾਲ ਮਟੋਲ ਦੀ ਨੀਤੀ ਦੇ ਰੋਸ ਵਜੋਂ ਭਾਰਤ ਦੇ ਸੁਤੰਤਰਤਾ ਦਿਵਸ ਮੌਕੇ 14 ਤੋਂ 15 ਅਗਸਤ ਨੂੰ ਬੱਚ ਹੜਤਾਲ ਕਰਕੇ ਝੰਡਾ ਲਹਿਰਾਉਣ ਆਏ ਮੁੱਖ ਮਹਿਮਾਨ ਨੂੰ ਮੋਰਚੇ ਵੱਲੋਂ ਪੰਜਾਬ ਸਰਕਾਰ ਦੇ ਨਾਮ ਰੋਸ ਪੱਤਰ ਦਿੱਤੇ ਜਾਣਗੇ।ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਉੱਤੇ ਮੁਲਾਜ਼ਮਾਂ ਨਾਲ ਧੋਖਾ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ 2021 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੇ 2 ਲੱਖ ਐੱਨ ਪੀ ਐੱਸ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਬਣਨ ਤੋਂ ਬਾਅਦ 01-01-2004 ਤੋਂ ਬਾਅਦ ਭਰਤੀ ਸਾਰੇ ਮੁਲਾਜ਼ਮਾਂ 'ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ, ਪਰ ਸਰਕਾਰ ਦੇ 3 ਸਾਲ ਬੀਤ ਜਾਣ ਤੋਂ ਬਾਅਦ ਪੰਜਾਬ ਦੇ ਇੱਕ ਵੀ ਮੁਲਾਜ਼ਮ ਦਾ ਜੀਪੀਐੱਫ ਖਾਤਾ ਨਹੀਂ ਖੋਲ੍ਹਿਆ ਹੈ, ਜਦਕਿ ਰਾਜਸਥਾਨ, ਛੱਤੀਸਗੜ੍ਹ, ਝਾਰਖੰਡ, ਹਿਮਾਚਲ ਪ੍ਰਦੇਸ਼ ਦੀਆਂ ਸੂਬਾ ਸਰਕਾਰਾਂ ਵੱਲੋਂ ਨਵੀਂ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਹੈ। ਇਸ ਸਮੇਂ ਆਗੂਆਂ ਵੱਲੋਂ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੀ ਜਾ ਰਹੀ ਯੂਨੀਫਾਈਡ ਪੈਨਸ਼ਨ ਸਕੀਮ ਨੂੰ ਰੱਦ ਕਰਦੇ ਹੋਏ ਪੰਜਾਬ ਸਰਕਾਰ ਤੋਂ 1972 ਦੇ ਪੈਨਸ਼ਨ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਕੀਤੀ।ਆਗੂਆਂ ਵੱਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਵੱਲੋਂ ਮੀਟਿੰਗ ਕਰਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

## ਵੱਖ ਵੱਖ ਪਾਰਟੀਆਂ ਛੱਡ ਕੇ ਦੌਲਤਪੁਰ ਦੀ ਅਗਵਾਈ ਹੇਠ ਦਰਜਨਾਂ ਸਾਥੀ ਕਾਂਗਰਸ 'ਚ ਸ਼ਾਮਲ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ, ਮਨੋਹਰ ਸਿੰਘ ਸੱਗੂ)**-ਵਿਧਾਨ ਸਭਾ ਹਲਕਾ ਧੂਰੀ ਵਿੱਚ ਅੱਜ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ, ਜਦੋਂ ਨੇੜਲੇ ਪਿੰਡ ਮੂਲੋਵਾਲ ਵਿਖੇ ਇੱਕ ਸੰਖੇਪ ਸਮਾਗਮ ਦੌਰਾਨ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਜੁੜੇ ਦਰਜਨਾਂ ਵਰਕਰਾਂ ਨੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਮੌਕੇ ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਅਤੇ ਹਲਕਾ ਧੂਰੀ ਤੋਂ ਪ੍ਰਮੁੱਖ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਨਵੇਂ ਸ਼ਾਮਲ ਹੋਏ ਵਰਕਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਨੌਜਵਾਨਾਂ ਤੇ ਪਛੜੇ ਵਰਗ ਦੀ ਆਵਾਜ਼ ਰਹੀ ਹੈ।ਉਨ੍ਹਾਂ ਕਿਹਾ ਕਿ ਜਨਤਾ ਵੱਲੋਂ ਹੁਣ ਸਿਆਸੀ ਸਵਾਰਥਾਂ ਦੀ ਰਾਜਨੀਤੀ ਕਰਨ ਵਾਲੀਆਂ ਪਾਰਟੀਆਂ ਨੂੰ ਪੂਰੀ ਤਰ੍ਹਾਂ ਨਕਾਰਿਆ ਜਾ ਰਿਹਾ ਹੈ ਅਤੇ ਲੋਕ ਵਿਕਾਸ ਤੇ ਭਰੋਸੇ ਵਾਲੀ ਸਿਆਸਤ ਵੱਲ ਵਾਪਸ ਆ ਰਹੇ ਹਨ।ਦੌਲਤਪੁਰ ਨੇ ਦਾਅਵਾ ਕੀਤਾ ਕਿ ਧੂਰੀ ਹਲਕੇ ਵਿੱਚ ਕਾਂਗਰਸ ਪਾਰਟੀ ਦਾ ਗ੍ਰਾਫ ਤੇਜ਼ੀ ਨਾਲ ਵੱਧ ਰਿਹਾ ਹੈ ਤੇ ਅਗਾਮੀ ਚੋਣਾਂ ਵਿੱਚ ਕਾਂਗਰਸ ਪਾਰਟੀ ਪੂਰੀ ਮਜ਼ਬੂਤੀ ਨਾਲ ਮੈਦਾਨ ਵਿੱਚ ਉਤਰੇਗੀ।ਨਵੇਂ ਸ਼ਾਮਲ ਹੋਏ ਵਰਕਰਾਂ ਨੇ ਕਾਂਗਰਸ ਪਾਰਟੀ ਦੀ ਨੀਤੀ ਤੇ ਪ੍ਰੋਗਰਾਮਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ 'ਚ ਸ਼ਾਮਲ ਹੋਣ ਦਾ ਫੈਸਲਾ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਵੇਗੀ, ਤਾਂ ਧੂਰੀ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਦੀ ਨਵੀਂ ਲਹਿਰ ਦੌੜਾਈ ਜਾਵੇਗੀ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸੁਵਿਧਾਵਾਂ, ਖੇਡਾਂ, ਸਾਫ਼ ਪਾਣੀ, ਸੜਕਾਂ, ਸਿੱਖਿਆ ਤੇ ਸਿਹਤ ਦੀਆਂ ਸੁਵਿਧਾਵਾਂ 'ਤੇ ਖਾਸ ਧਿਆਨ ਦਿੱਤਾ ਜਾਵੇਗਾ।

# ਬੇਰੁਜ਼ਗਾਰੀ ਨੂੰ ਠੱਲ੍ਹ ਪਾਉਣ 'ਚ ਸਰਕਾਰ ਫੇਲ੍ਹ : ਡਾ. ਮੱਟੂ

**ਸ਼ਾਹਪੁਰ 'ਚ ਲੋਕਾਂ ਦੀਆਂ ਸੁਣੀਆਂ ਦੁੱਖ ਤਕਲੀਫਾਂ**



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਹਲਕਾ ਸ਼ੁਤਰਾਣਾ ਦੇ ਪਿੰਡ ਪਿੰਡ, ਘਰ ਘਰ ਜਾ ਕੇ ਲੋਕਾਂ ਦੀਆਂ ਦੁੱਖ ਤਕਲੀਫਾਂ, ਸਮੱਸਿਆਵਾਂ ਜਾਣਨ ਲਈ ਚਲਾਈ ਮੁਹਿੰਮ ਤਹਿਤ ਹਲਕਾ ਸ਼ੁਤਰਾਣਾ ਦੇ ਨੌਜਵਾਨ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਪਿੰਡ ਸ਼ਾਹਪੁਰ ਵਿਖੇ ਨੌਜਵਾਨਾਂ ਤੇ ਬਜ਼ੁਰਗਾਂ ਦੀਆਂ ਦੁੱਖ ਤਕਲੀਫਾਂ ਸੁਣੀਆਂ।ਇਸ ਦੌਰਾਨ ਲੋਕ ਆਗੂ ਡਾ. ਮੱਟੂ ਨੇ ਕਿਹਾ ਕਿ ਲੋਕਾਂ ਨੂੰ ਝੂਠੇ ਸਬਜ਼ਬਾਗ ਦਿਖਾ ਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਢੇ ਤਿੰਨ ਸਾਲਾਂ ਵਿੱਚ ਲੋਕਾਂ ਦੀ ਕੋਈ ਸਾਰ ਨਹੀਂ ਲਈ।ਪੰਜਾਬ ਦੇ ਲੋਕਾਂ ਨੂੰ ਕਿਹਾ ਗਿਆ ਸੀ ਕਿ ਬਦਲਾਅ ਵਾਲੀ ਸਰਕਾਰ ਪਿੰਡਾਂ ਦੀਆਂ ਸੱਥਾਂ ਵਿੱਚੋਂ ਚੱਲੇਗੀ।ਪਿੰਡ ਦੇ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਲੈ ਕੇ ਸਰਕਾਰੀ ਦਫਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ।ਬਲਕਿ ਅਧਿਕਾਰੀ ਖੁਦ ਤੁਹਾਡੇ ਘਰ ਆ ਕੇ ਸਮੱਸਿਆ ਸੁਣ ਕੇ ਮੌਕੇ 'ਤੇ ਹੱਲ ਕਰਿਆ ਕਰਨਗੇ, ਪਰ ਅਸਲ ਵਿੱਚ ਅਜਿਹਾ ਕੁਝ ਨਹੀਂ ਹੋਇਆ।ਬੇਰੁਜ਼ਗਾਰੀ ਦੀ ਮਾਰ ਝੱਲ ਰਹੇ ਨਿਰਾਸ਼ਾ ਦੇ ਆਲਮ ਵਿੱਚ ਦਿਨ ਕਟੀ ਕਰ ਰਹੇ ਨੌਜਵਾਨ ਸਮਾਜਿਕ ਬੁਰਾਈਆਂ ਵਿੱਚ ਲਿਪਤ ਹੁੰਦੇ ਜਾ ਰਹੇ ਹਨ। ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਵਿੱਚ ਮੌਜੂਦਾ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਆਪਣੇ ਮੈਨੀਫੈਸਟੋ 'ਚ ਕਿਹਾ ਸੀ ਕਿ ਅਸੀਂ ਨੌਜਵਾਨਾਂ ਨੂੰ ਕੌਮਾਂਤਰੀ ਕੋਰਸਾਂ ਵੱਲ ਲਿਜਾ ਕੇ ਸਵੈ-ਰੁਜ਼ਗਾਰ ਦੇ ਮੌਕੇ ਦੇਵਾਂਗੇ, ਪਰ ਅਸਲੀਅਤ ਵਿੱਚ ਸਰਕਾਰ ਇਸ ਪਾਸੇ ਕੋਈ ਵੀ ਕਦਮ ਨਹੀਂ ਚੁੱਕ ਸਕੀ।ਡਾ. ਮੱਟੂ ਨੇ ਕਿਹਾ ਕਿ ਹਲਕਾ ਸ਼ੁਤਰਾਣਾ ਦੇ ਲੋਕਾਂ ਨੂੰ ਨਾਲ ਲੈ ਕੇ ਜਲਦ ਹੀ ਸਰਕਾਰ ਨੂੰ ਲੋਕਾਂ ਨਾਲ ਕੀਤੇ ਵਾਅਦੇ ਯਾਦ ਕਰਵਾਉਣ ਲਈ ਪ੍ਰੋਗਰਾਮ ਉਲੀਕੇ ਜਾਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭਗਵਾਨ ਸਿੰਘ, ਹਰਜਿੰਦਰ ਸਿੰਘ, ਚਮਕੌਰ ਸਿੰਘ, ਯੋਗਰਾਜ ਸਿੰਘ, ਗੁਰਸ਼ਾਨ ਸਿੰਘ, ਦਲਜੀਤ ਸਿੰਘ, ਗੁਰਤੇਜ ਸਿੰਘ, ਹਰਦੀਪ ਸਿੰਘ, ਦਲਬੀਰ ਸਿੰਘ, ਰੋਹਿਤ ਸਿੰਘ, ਨਿਰਮਲ ਸਿੰਘ ਆਦਿ ਹਾਜ਼ਰ ਸਨ।

## ਕੁਝ ਲੋਕ ਖੁਦ ਨੂੰ ਦੁਨੀਆ ਦਾ ਬੌਸ ਮੰਨਦੇ : ਰਾਜਨਾਥ

**ਰਾਇਸੇਨ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਐਤਵਾਰ ਮੱਧ ਪ੍ਰਦੇਸ਼ 'ਚ ਰਾਇਸੇਨ ਦੇ ਦੁਸਹਿਰਾ ਮੈਦਾਨ 'ਤੇ ਦੇਸ਼ ਦੇ ਪਹਿਲੇ ਗ੍ਰੀਨਫੀਲਡ ਰੇਲ ਕੋਚ ਨਿਰਮਾਣ ਕੇਂਦਰ ਦਾ ਨੀਂਹ ਪੱਥਰ ਰੱਖਣ ਵੇਲੇ ਜਨਤਕ ਮੀਟਿੰਗ ਨੂੰ ਵੀ ਸੰਬੋਧਨ ਕਰਦਿਆਂ ਅਮਰੀਕੀ ਰਾਸ਼ਟਰਪਤੀ ਟਰੰਪ 'ਤੇ ਅਸਿੱਧਾ ਹਮਲਾ ਕਰਦਿਆਂ ਕਿਹਾ ਕਿ ਕੁਝ ਲੋਕ ਆਪਣੇ ਆਪ ਨੂੰ ਦੁਨੀਆ ਦਾ ਬੌਸ ਮੰਨਦੇ ਹਨ। ਉਨ੍ਹਾਂ ਕਿਹਾ, "ਇਹ ਲੋਕ ਸਮਝਦੇ ਹਨ ਕਿ ਅਸੀਂ ਸਾਰਿਆਂ ਦੇ ਬੌਸ ਹਾਂ, ਭਾਰਤ ਇੰਨੀ ਤੇਜ਼ੀ ਨਾਲ ਕਿਵੇਂ ਵਧ ਰਿਹਾ ਹੈ ? ਪਰ ਮੈਂ ਪੂਰੇ ਵਿਸ਼ਵਾਸ ਨਾਲ ਕਹਿੰਦਾ ਹਾਂ ਕਿ ਹੁਣ ਦੁਨੀਆ ਦੀ ਕੋਈ ਵੀ ਤਾਕਤ ਭਾਰਤ ਨੂੰ ਦੁਨੀਆ ਦੀ ਵੱਡੀ ਸ਼ਕਤੀ ਬਣਨ ਤੋਂ ਨਹੀਂ ਰੋਕ ਸਕਦੀ।"

## ਸੰਤ ਕਬੀਰ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਭਰਾ ਤੇ ਭੈਣ ਦੇ ਪਵਿੱਤਰ ਤੇ ਮਜ਼ਬੂਤ ਬੰਧਨ ਦਾ ਤਿਉਹਾਰ ਰੱਖੜੀ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ 'ਚ ਹਿੱਸਾ ਲਿਆ ਤੇ ਇਸ ਤਿਉਹਾਰ ਦੀ ਸ਼ਾਨ ਨੂੰ ਹੋਰ ਵੀ ਵਧਾਇਆ। ਇਸ ਮੌਕੇ ਸਕੂਲ ਨੇ ਰੱਖੜੀ ਬਣਾਉਣ, ਥੈਂਡ ਬਣਾਉਣ, ਗ੍ਰੀਟਿੰਗ ਕਾਰਡ ਬਣਾਉਣ ਦੇ ਮੁਕਾਬਲੇ ਕਰਵਾਏ, ਜਿਸ ਵਿੱਚ ਵਿਦਿਆਰਥੀਆਂ ਨੇ ਅਨਾਜ, ਸਬਜ਼ੀਆਂ, ਕਪਾਹ, ਧਾਗਿਆਂ, ਫੁੱਲਾਂ, ਕੰਨਾਂ ਦੀਆਂ ਵਾਲੀਆਂ ਤੋਂ ਰੱਖੜੀਆਂ ਬਣਾਈਆਂ। ਇਸ ਤੋਂ ਇਲਾਵਾ ਸਾਰੇ ਵਿਦਿਆਰਥੀਆਂ ਨੇ ਇੱਕ ਦੂਜੇ ਦੇ ਗੁੱਟ 'ਤੇ ਰੱਖੜੀ ਸੂਤਰ ਬੰਨ੍ਹ ਕੇ ਤਿਉਹਾਰ ਮਨਾਇਆ। ਸਕੂਲ ਦੇ ਐੱਮ ਡੀ ਪ੍ਰੋਫੈਸਰ ਐੱਮ. ਐੱਲ. ਅਰੋੜਾ, ਡਾਇਰੈਕਟਰ ਮੈਡਮ ਨੇਹਿਤਾ ਗਰੋਵਰ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਸਟਾਫ਼ ਤੇ ਵਿਦਿਆਰਥੀਆਂ ਨੂੰ ਰੱਖੜੀ ਦੀਆਂ ਸ਼ੁੱਭ-ਕਾਮਨਾਵਾਂ ਦਿੰਦਿਆਂ ਸੁਨੇਹਾ ਦਿੱਤਾ ਕਿ ਸਾਨੂੰ ਰਿਸ਼ਤਿਆਂ ਦੀ ਮਹੱਤਤਾ ਨੂੰ ਸਮਝਣਾ ਚਾਹੀਦਾ ਹੈ ਤੇ ਇਨ੍ਹਾਂ ਰਿਸ਼ਤਿਆਂ ਨੂੰ ਪੂਰੀ ਤਰ੍ਹਾਂ ਸ਼ੁਧ ਭਾਵਨਾਵਾਂ ਨਾਲ ਬਣਾਈ ਰੱਖਣਾ ਚਾਹੀਦਾ ਹੈ। ਸਕੂਲ ਦੇ ਵਾਈਸ ਪ੍ਰਿੰਸੀਪਲ ਮੈਡਮ ਕੁਲਵੰਤ ਕੌਰ, ਮੈਡਮ ਸ਼ਾਲੂ, ਜੇ. ਐੱਸ. ਸੰਧੂ ਤੇ ਸਮੁੱਚੇ ਸਟਾਫ ਨੇ ਭਾਗੀਦਾਰਾਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ।

## ਬਾਬਾ ਫ਼ਰੀਦ ਸਕੂਲ ਦੇ ਵਿਦਿਆਰਥੀਆਂ ਏਅਰ ਫੋਰਸ ਸਟੇਸ਼ਨ ਭਿਸੀਆਣਾ ਜਾ ਕੇ ਦੇਸ਼ ਦੇ ਰਾਖਿਆਂ ਦੇ ਗੁੱਟ 'ਤੇ ਬੰਨ੍ਹੀ ਰੱਖੜੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਦੇ ਵਿਦਿਆਰਥੀਆਂ ਨੇ ਮੈਡਮ ਗੀਤਾ ਅਰੋੜਾ, ਐਸੋਸੀਏਟ ਡੀਨ (ਐਕਟੀਵਿਟੀਜ਼) ਦੀ ਪ੍ਰੇਰਨਾਦਾਇਕ ਯੋਗ ਅਗਵਾਈ ਹੇਠ ਤੇ ਸੁਰੱਖਿਆ ਅਫ਼ਸਰ ਸ. ਗੁਰਮੀਤ ਸਿੰਘ ਸਿੱਧੂ ਦੇ ਸਹਿਯੋਗ ਨਾਲ ਲਗਾਤਾਰ ਤੀਜੇ ਸਾਲ ਏਅਰ ਫੋਰਸ ਸਟੇਸ਼ਨ ਭਿਸੀਆਣਾ ਦੇ ਯੋਧਿਆਂ ਨਾਲ ਰੱਖੜੀ ਦਾ ਤਿਉਹਾਰ ਮਨਾਇਆ।ਇਸ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਤਿਕਾਰ, ਸ਼ੁਕਰਗੁਜ਼ਾਰੀ ਤੇ ਦੇਸ਼ ਭਗਤੀ ਦੀਆਂ ਕਦਰਾਂ-ਕੀਮਤਾਂ ਨੂੰ ਪੈਦਾ ਕਰਨਾ ਸੀ।ਸਕੂਲ ਦੇ ਵਿਦਿਆਰਥੀਆਂ ਨੇ ਏਅਰ ਫੋਰਸ ਸਟੇਸ਼ਨ ਭਿਸੀਆਣਾ ਵਿਖੇ ਜਾ ਕੇ ਦੇਸ਼ ਦੇ ਰਾਖਿਆਂ ਦੇ ਗੁੱਟ 'ਤੇ ਰੱਖੜੀ ਬੰਨ੍ਹੀ।ਏਅਰ ਫੋਰਸ ਸਟੇਸ਼ਨ ਭਿਸੀਆਣਾ ਵਿਖੇ ਵਿੰਗ ਕਮਾਂਡਰ ਮੈਡਮ ਸ਼ਵੇਤਾ ਪਾਂਡੇ ਵੱਲੋਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ।ਵਿੰਗ ਕਮਾਂਡਰ ਮੈਡਮ ਵਿਪਨਜੀਤ ਕੌਰ ਸੰਧੂ ਨੇ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਦੀ ਇਸ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਚਾਰਸ਼ੀਲ ਤੇ ਦੇਸ਼ਭਗਤੀ ਦੇ ਕਦਮ ਲਈ ਵਧਾਈ ਦਿੱਤੀ। ਏਅਰ ਫੋਰਸ ਸਟੇਸ਼ਨ ਭਿਸੀਆਣਾ ਵਿਖੇ ਲਗਾਤਾਰ ਤੀਸਰੇ ਸਾਲ ਮਨਾਏ ਜਾ ਰਹੇ ਇਸ ਤਿਉਹਾਰ ਨੇ ਸੈਨਿਕਾਂ ਦੀ ਸ਼ਹਾਦਤ, ਸੇਵਾ ਤੇ ਜਜ਼ਬੇ ਪ੍ਰਤੀ ਸਕੂਲ ਦੀ ਵਚਨਬੱਧਤਾ ਨੂੰ ਦਰਸਾਇਆ।ਵਿਦਿਆਰਥੀਆਂ ਨੂੰ ਸਕੂਲ ਤੇ ਯੋਧਿਆਂ ਵਿਚਕਾਰ ਮਜ਼ਬੂਤ ਰਿਸ਼ਤਾ ਕਾਇਮ ਕਰਦੇ ਹੋਏ ਆਉਣ ਵਾਲੇ ਸਾਲਾਂ ਵਿੱਚ ਵੀ ਇਸ ਅਭਿਆਸ ਨੂੰ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸਾਰੇ ਯੋਧੇ ਬਹੁਤ ਖ਼ੁਸ਼ ਹੋਏ ਤੇ ਉਨ੍ਹਾਂ ਵਿਦਿਆਰਥੀਆਂ ਪ੍ਰਤੀ ਆਪਣੇ ਪਿਆਰ ਦਾ ਪ੍ਰਗਟਾਵਾ ਕੀਤਾ।ਅੰਤ ਵਿੱਚ ਸਕੂਲ ਦੇ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਨੇ ਏਅਰ ਫੋਰਸ ਸਟੇਸ਼ਨ ਭਿਸੀਆਣਾ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ।

# ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ 'ਨਿਆਂ ਦੀ ਸ਼ੁਰੂਆਤ ਇੱਥੋਂ : ਕਾਨੂੰਨ ਵਿਭਾਗ ਵਿਦਿਆਰਥੀ ਇੰਡਕਸ਼ਨ' ਪ੍ਰੋਗਰਾਮ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਯੂਨੀਵਰਸਿਟੀ ਸਕੂਲ ਆਫ਼ ਲਾਅ ਨੇ 'ਨਿਆਂ ਦੀ ਸ਼ੁਰੂਆਤ ਇੱਥੋਂ : ਕਾਨੂੰਨ ਵਿਭਾਗ ਇੰਡਕਸ਼ਨ 2025' ਸਿਰਲੇਖ ਵਾਲੇ ਆਪਣੇ ਓਰੀਐਂਟੇਸ਼ਨ ਪ੍ਰੋਗਰਾਮ ਦੀ ਮੇਜ਼ਬਾਨੀ ਕੀਤੀ ਤਾਂ ਜੋ ਕਾਨੂੰਨ ਦੇ ਵਿਦਿਆਰਥੀਆਂ ਦੇ ਆਉਣ ਵਾਲੇ ਬੈਚ ਦਾ ਨਿੱਘਾ ਸਵਾਗਤ ਕੀਤਾ ਜਾ ਸਕੇ।ਯੂਨੀਵਰਸਿਟੀ ਕੈਂਪਸ ਵਿੱਚ ਕਰਵਾਏ ਇਸ ਸਮਾਗਮ ਨੇ ਕਾਨੂੰਨੀ ਸਿੱਖਿਆ ਦੇ ਮੁੱਲਾਂ ਤੇ ਮੌਕਿਆਂ ਬਾਰੇ ਇੱਕ ਪ੍ਰੇਰਨਾਦਾਇਕ ਜਾਣ-ਪਛਾਣ ਪ੍ਰਦਾਨ ਕੀਤੀ।ਇੰਡਕਸ਼ਨ ਪ੍ਰੋਗਰਾਮ ਦੇ ਮੁੱਖ ਮਹਿਮਾਨ ਸ੍ਰੀ ਅਸ਼ੋਕ ਕੁਮਾਰ ਚੌਹਾਨ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ (ਸੀਜੇਐੱਮ)-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ ਐੱਲ ਐੱਸ ਏ) ਫਤਿਹਗੜ੍ਹ ਸਾਹਿਬ ਸਨ।ਪ੍ਰੋਗਰਾਮ ਦੀ ਸ਼ੁਰੂਆਤ ਯੂਨੀਵਰਸਿਟੀ ਸਕੂਲ ਆਫ਼ ਲਾਅ ਦੇ ਮੁਖੀ ਤੇ ਡੀਨ ਪ੍ਰੋਫੈਸਰ (ਡਾ.) ਅਮਿਤਾ ਕੌਸ਼ਲ ਦੇ ਭਾਸ਼ਣ ਨਾਲ ਹੋਈ।ਪ੍ਰੋ. ਕੌਸ਼ਲ ਨੇ ਨੈਤਿਕ ਤੇ ਸਮਰੱਥ ਕਾਨੂੰਨੀ ਪੇਸ਼ੇਵਰ ਮੁਹਾਰਤ ਪ੍ਰਦਾਨ ਕਰਨ ਲਈ ਸੰਸਥਾ ਦੇ ਸਮਰਪਣ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਸਾਡਾ ਟੀਚਾ ਅਜਿਹੇ ਵਕੀਲਾਂ ਨੂੰ ਬਣਾਉਣਾ ਹੈ, ਜੋ ਨਾ ਸਿਰਫ਼ ਕਾਨੂੰਨੀ ਅਭਿਆਸ ਵਿੱਚ ਉੱਤਮ ਹੋਣ, ਸਗੋਂ ਦਇਆ ਤੇ ਇਮਾਨਦਾਰੀ ਨਾਲ ਨਿਆਂ ਨੂੰ ਵੀ ਕਾਇਮ ਰੱਖਣ।ਇਹ ਸਥਿਤੀ ਇੱਕ ਅਰਥਪੂਰਨ ਪ੍ਰਭਾਵ ਬਣਾਉਣ ਵੱਲ ਤੁਹਾਡੀ ਯਾਤਰਾ ਦਾ ਪਹਿਲਾ ਕਦਮ ਹੈ।ਇਸ ਸਮਾਗਮ ਦਾ ਮੁੱਖ ਆਕਰਸ਼ਣ ਮੁੱਖ ਮਹਿਮਾਨ ਸ੍ਰੀ ਅਸ਼ੋਕ ਕੁਮਾਰ ਚੌਹਾਨ ਸੀਜੇਐੱਮ-ਕਮ-ਸਕੱਤਰ ਡੀਐੱਲਐੱਸਏ ਫਤਿਹਗੜ੍ਹ ਸਾਹਿਬ ਦੀ ਅਗਵਾਈ ਵਾਲਾ ਸੈਸ਼ਨ ਸੀ।ਸ੍ਰੀ ਚੌਹਾਨ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ, 'ਭਵਿੱਖ ਦੇ ਕਾਨੂੰਨੀ ਪੇਸ਼ੇਵਰਾਂ ਵਜੋਂ, ਤੁਹਾਡੀ ਜ਼ਿੰਮੇਵਾਰੀ ਹੈ ਕਿ ਤੁਸੀਂ ਉਨ੍ਹਾਂ ਲੋਕਾਂ ਦੇ ਹੱਕਾਂ ਦੀ ਰਾਖੀ ਕਰੋ, ਜੋ ਆਪਣੇ ਆਪ ਨਿਆਂ ਪ੍ਰਾਪਤ ਨਹੀਂ ਕਰ ਸਕਦੇ। ਇੱਥੇ ਤੁਹਾਡੀ ਸਿੱਖਿਆ ਤੁਹਾਨੂੰ ਇੱਕ ਠੋਸ ਫਰਕ ਲਿਆਉਣ ਲਈ ਤਿਆਰ ਕਰੇਗੀ।' ਉਨ੍ਹਾਂ ਵਿਦਿਆਰਥੀਆਂ ਨੂੰ ਕਾਨੂੰਨੀ ਸਹਾਇਤਾ ਪ੍ਰੋਗਰਾਮਾਂ ਨਾਲ ਜੁੜਨ ਤੇ ਜਨਤਕ ਸੇਵਾ ਵਿੱਚ ਆਪਣੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਪ੍ਰੋ. (ਡਾ.) ਪ੍ਰਿਤਪਾਲ ਸਿੰਘ ਵਾਈਸ-ਚਾਂਸਲਰ ਨੇ ਇੱਕ ਪ੍ਰੇਰਨਾਦਾਇਕ ਕੁੰਜੀਵਤ ਭਾਸ਼ਣ ਦਿੱਤਾ, ਜਿਸ ਵਿੱਚ ਮੁੱਲ-ਅਧਾਰਤ ਕਾਨੂੰਨੀ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਹਰ ਪੱਖੋਂ ਸਮਰੱਥ ਬਣਾਉਣ ਹਿੱਤ ਪੇਸ਼ੇਵਰ ਮੁਹਾਰਤ ਦੇ ਨਾਲ ਨਾਲ ਉਨ੍ਹਾਂ ਵਿੱਚ ਨੈਤਿਕ ਕਦਰਾਂ ਕੀਮਤਾਂ ਦੇ ਵਿਕਾਸ ਲਈ ਵੀ ਵਚਨਬੱਧ ਹੈ।ਸ਼੍ਰੀਮਤੀ ਪਰਵੀਨ ਸਹਾਇਕ ਰੱਖਿਆ ਸਲਾਹਕਾਰ ਡੀਐੱਲਐੱਸਏ ਫਤਿਹਗੜ੍ਹ ਸਾਹਿਬ ਨੇ ਇੱਕ ਸੈਸ਼ਨ ਵਿੱਚ ਵੱਖ-ਵੱਖ ਡੀਐੱਲਐੱਸਏ ਸਕੀਮਾਂ 'ਤੇ ਚਾਨਣਾ ਪਾਇਆ। ਡਾ. ਨਵਨੀਤ ਕੌਰ, ਸਹਾਇਕ ਪ੍ਰੋਫੈਸਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ ਤੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਨੂੰ ਮਿਹਨਤ ਤੇ ਨਿਆਂ ਪ੍ਰਤੀ ਵਚਨਬੱਧਤਾ ਨਾਲ ਕਰਨ ਲਈ ਉਤਸ਼ਾਹਤ ਕੀਤਾ। ਇਹ ਪ੍ਰੋਗਰਾਮ ਵਿਦਿਆਰਥੀਆਂ ਦੁਆਰਾ ਉਤਸ਼ਾਹ ਤੇ ਉਦੇਸ਼ ਦੀ ਇੱਕ ਨਵੀਂ ਭਾਵਨਾ ਦਾ ਪ੍ਰਗਟਾਵਾ ਕਰਨ ਦੇ ਨਾਲ ਸਮਾਪਤ ਹੋਇਆ।

# ਪ੍ਰਾਚੀਨ ਸ਼ਿਵ ਸ਼ਨੀ ਮੰਦਰ ਵਿਖੇ 16 ਨੂੰ ਕ੍ਰਿਸ਼ਨ ਅਸ਼ਟਮੀ ਦਾ ਤਿਉਹਾਰ ਮਨਾਇਆ ਜਾਵੇਗਾ



**ਬਾਘਾ ਪੁਰਾਣਾ (ਮਨੀ ਸਿੰਗਲਾ)**- ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਖ਼ੁਸ਼ੀ ਵਿੱਚ ਪ੍ਰਾਚੀਨ ਸ਼੍ਰੀ ਸ਼ਿਵ ਸ਼ਨੀ ਮੰਦਰ ਪ੍ਰਬੰਧਕ ਕਮੇਟੀ (ਮਾਲ ਸਾਹਿਬ) ਤੇ ਸ਼੍ਰੀ ਦੁਰਗਾ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਰੋਜ਼ਾਨਾ ਘਰ-ਘਰ ਵਿੱਚ ਕੀਰਤਨ ਕੀਤੇ ਜਾ ਰਿਹਾ ਹਨ।ਅੱਜ ਦਾ ਪਹਿਲਾ ਕੀਰਤਨ ਸ਼੍ਰੀ ਗਣਪਤੀ ਸੇਵਾ ਮੰਡਲ ਦੇ ਮੈਂਬਰ ਨਵਦੀਪ ਗੋਇਲ ਦੀਪੀ ਜੀ ਦੇ ਗ੍ਰਹਿ ਵਿਖੇ ਕੀਤਾ ਗਿਆ।ਸੁਮਿਤ ਸਾਹਿਲ ਚੰਚਲ, ਕਮਲ ਕਿਸ਼ੋਰ ਤੇ ਪੰਡਿਤ ਕਾਕੂ ਸ਼ਰਮਾ ਵੱਲੋਂ ਆਪਣੇ ਭਜਨਾਂ ਨਾਲ ਸੰਗਤ ਨੂੰ ਨਿਹਾਲ ਕੀਤਾ ਗਿਆ।16 ਅਗਸਤ ਨੂੰ ਜਨਮ ਅਸ਼ਟਮੀ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਸੁੰਦਰ ਸੁੰਦਰ ਝਾਕੀਆਂ, ਫੁੱਲਾਂ ਤੇ ਰੰਗ ਬਰੰਗੀਆਂ ਲਾਈਟਾਂ ਨਾਲ ਸਜਾਵਟ ਦੇਖਣਯੋਗ ਹੋਵੇਗੀ।ਝਾਕੀ ਉਦਘਾਟਨ ਦੀ ਰਸਮ ਸ਼੍ਰੀ ਗੌਰਵ ਖੁਰਾਣਾ ਵੱਲੋਂ ਅਦਾ ਕੀਤੀ ਜਾਵੇਗੀ।ਬਿਹਾਰੀ ਜੀ ਦੇ ਨਾਮ ਦਾ ਸੰਕੀਰਤਨ ਹੋਵੇਗਾ।ਰਾਤ ਨੂੰ 12 ਵਜੇ ਆਰਤੀ, ਕੇਕ ਤੇ ਛੱਪਣ ਭੋਗ ਲਗਾਇਆ ਜਾਵੇਗਾ।ਇਸ ਮੌਕੇ ਪ੍ਰਧਾਨ ਰਾਜ ਕੁਮਾਰ ਗਰਗ, ਦੀਪਕ ਬਾਂਸਲ ਰੇਲੂ, ਯੋਗੇਸ਼ ਬਾਂਸਲ ਯੋਗੀ, ਟੀਟੀ ਗਰਗ, ਜਸਵੀਰ ਕੁਮਾਰ ਸ਼ੇਰੀ, ਅਰੁਣ ਬਾਂਸਲ, ਵਿੱਕੀ ਗਰਗ, ਸਾਹਿਲ, ਆਸ਼ੂਤੋਸ਼ ਭੰਡਾਰੀ, ਰਾਹੁਲ ਖੱਤਰੀ, ਸੰਨੀ ਸਿੰਗਲਾ, ਐਮੀ ਜੇਠੀ, ਸੁਰਿੰਦਰ ਕੁਮਾਰ, ਸੁਮੀਤ ਸਾਹਿਲ ਚੰਚਲ, ਗਗਨ ਗੋਇਲ, ਰਿੰਪੀ ਬਾਂਸਲ, ਜਤਿਨ ਅਰੋੜਾ, ਚੰਦਨ ਗਰੋਵਰ, ਅਭੀ ਜਿੰਦਲ, ਜੁਗਨੂੰ ਗਰੋਵਰ, ਕਮਲ ਕਿਸ਼ੋਰ, ਵੰਸ਼ ਅਰੋੜਾ, ਪੰਡਿਤ ਕਾਕੂ ਸ਼ਰਮਾ, ਰੈਂਟਾ ਜਿੰਦਲ, ਨੀਰਜ, ਗਰੋਵਰ, ਮੋਹਿਤ ਧਮੀਜਾ, ਬੰਟੀ ਅਰੋੜਾ, ਦੁਰਗਾ ਮੰਦਰ ਪ੍ਰਬੰਧਕ ਕਮੇਟੀ ਤੋਂ ਰਾਮ ਲਾਲ ਗਰਗ, ਸੁਭਾਸ਼ ਚੰਦਰ, ਪ੍ਰਵੀਨ ਗੋਇਲ, ਅਮਿਤ ਬਾਂਸਲ, ਸੁਖਜੀਵਨ ਬਾਂਸਲ ਭਗਤੂ, ਪੱਪੀ ਗੁਪਤਾ, ਮਦਨ ਗੋਪਾਲ, ਮਿਲਨ ਗਰਗ, ਅਮਿਤ ਬਾਂਸਲ ਤੇ ਹੋਰ ਸ਼ਾਮਲ ਸਨ।

## ਸ਼ਹੀਦ ਕਿਰਨਜੀਤ ਕੌਰ ਦੇ 28ਵੇਂ ਬਰਸੀ ਸਮਾਗਮ ਦੀਆਂ ਤਿਆਰੀਆਂ ਮੁਕੰਮਲ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਹੀਦ ਕਿਰਨਜੀਤ ਕੌਰ ਮਹਿਲ ਕਲਾਂ ਦੇ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਵਿਖੇ ਹੋ ਰਹੇ 28ਵੇਂ ਬਰਸੀ ਸਮਾਗਮ ਦੀਆਂ ਤਿਆਰੀਆਂ ਯਾਦਗਾਰ ਕਮੇਟੀ ਦੀ ਅਗਵਾਈ 'ਚ ਮੁਕੰਮਲ ਕਰ ਲਈਆਂ ਗਈਆਂ ਹਨ।ਇਹ ਜਾਣਕਾਰੀ ਯਾਦਗਾਰ ਕਮੇਟੀ ਮਹਿਲ ਕਲਾਂ ਦੇ ਆਗੂਆਂ ਜਗਰਾਜ ਸਿੰਘ ਹਰਦਾਸਪੁਰਾ, ਗੁਰਮੇਲ ਸਿੰਘ, ਗੁਰਦੇਵ ਸਿੰਘ ਮਾਂਗੇਵਾਲ ਤੇ ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਦਰਜਨਾਂ ਨੌਜਵਾਨ ਮੁੰਡੇ ਕੁੜੀਆਂ ਨੇ ਇਸ ਮੁਹਿੰਮ ਦਾ ਹਿੱਸਾ ਬਣ ਨਵੀਂ ਵਿਲੱਖਣ ਦਿੱਖ ਪ੍ਰਦਾਨ ਕੀਤੀ।ਹਰ ਘਰ ਦੇ ਚੁੱਲ੍ਹੇ ਚੌਂਕੇ ਤੱਕ ਦਸਤਕ ਦੇ ਕੇ ਇਨ੍ਹਾਂ ਨੌਜਵਾਨਾਂ ਨੇ ਲੀਫਲੈੱਟ ਦੇ ਕੇ ਥੋੜ੍ਹੇ ਥੋੜ੍ਹੇ ਸਮੇਂ ਲਈ ਵਿਚਾਰ ਵੀ ਸਾਂਝੇ ਕੀਤੇ। ਇਸ ਸਮੇਂ ਵਿਚਾਰ ਸਾਂਝੇ ਕਰਦਿਆਂ ਤਿਆਰੀ ਮੁਹਿੰਮ ਕਮੇਟੀ ਦੇ ਮੈਂਬਰਾਨ ਸੁਖਵਿੰਦਰ ਠੀਕਰੀਵਾਲਾ, ਡਾ. ਰਜਿੰਦਰ ਪਾਲ, ਗੁਰਕਰਨਮਦੀਪ ਕੌਰ ਮੂੰਮ, ਤਾਨੀਆ ਸ਼ਰਮਾ, ਹਰਪ੍ਰੀਤ ਕੌਰ ਹਰਦਾਸਪੁਰਾ, ਅਵਨੀਤ ਕੌਰ ਮੂੰਮ, ਲਖਵਿੰਦਰ ਠੀਕਰੀਵਾਲ, ਯਾਦਵਿੰਦਰ ਠੀਕਰੀਵਾਲ, ਅਮਨਦੀਪ ਸਿੰਘ ਰਾਏਸਰ, ਰਾਜਿੰਦਰ ਖਿਆਲੀ, ਬਲਦੇਵ ਸਹਿਜੜਾ, ਬਲਦੇਵ ਮੰਡੇਰ, ਜਗਮੀਤ ਤੇ ਹਰਪ੍ਰੀਤ ਨੇ ਕਿਹਾ ਕਿ ਤਿੰਨ ਦਹਾਕੇ ਦੇ ਕਰੀਬ ਲੰਬਾ ਅਰਸਾ ਬੀਤ ਜਾਣ ਨਾਲ ਲੋਕਾਂ ਦੇ ਸਰੋਕਾਰਾਂ ਨਾਲ ਜੁੜੀਆਂ ਉਨ੍ਹਾਂ ਅਹਿਮ ਘਟਨਾਵਾਂ ਦੀ ਮਹੱਤਤਾ ਬਰਕਰਾਰ ਰਹਿੰਦੀ ਹੈ।ਇਸ ਸਮੇਂ ਜੱਗਾ ਸਿੰਘ, ਸ਼ੇਰ ਸਿੰਘ, ਅਮਨਦੀਪ ਮਹਿਲ ਕਲਾਂ, ਪ੍ਰੀਤਮ ਸਿੰਘ, ਸੁਰਜੀਤ ਸਿੰਘ, ਭਜਨ ਸਿੰਘ, ਅਮਰਜੀਤ ਸਿੰਘ, ਗੁਰਮੇਲ ਸਿੰਘ, ਅਮਨਦੀਪ ਕੌਰ ਆਦਿ ਆਗੂਆਂ ਨੇ ਯਾਦਗਾਰ ਕਮੇਟੀ ਦੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਵਾਰ ਦੇ ਬਰਸੀ ਸਮਾਗਮ ਵਿੱਚ ਹਲਕਾ ਮਹਿਲ ਕਲਾਂ ਦੇ ਹਰ ਪਿੰਡ, ਸ਼ਹਿਰ ਤੋਂ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਵਿਖੇ ਮਰਦ ਔਰਤਾਂ ਦੇ ਕਾਫ਼ਲੇ ਪੁੱਜਣਗੇ।

## ਪੰਜਾਬ ਦੇ ਵਿਰਸੇ ਨੂੰ ਸੰਭਾਲਣ ਲਈ ਅਹਿਮ ਸਮੇਂ ਲੋੜ : ਬਲਜੀਤ ਕੌਰ ਬੰਗੜ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਪੁਰਾਤਨ ਸਮੇਂ ਦੇ ਸੱਭਿਆਚਾਰ ਨੂੰ ਮੁੜ ਤੋਂ ਦੁਹਰਾਉਣ ਦੀ ਲੋੜ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੰਗੜ ਸੁਪਰ ਸਪੈਸ਼ਲਿਟੀ ਹਸਪਤਾਲ ਦੇ ਐੱਮ ਡੀ ਤੇ ਹਲਕਾ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਫਿਰੋਜ਼ਪੁਰ ਦਿਹਾਤੀ ਦੀ ਧਰਮ ਪਤਨੀ ਤੇ ਕਾਂਗਰਸ ਕਮੇਟੀ ਫਿਰੋਜ਼ਪੁਰ ਦੇ ਸੀਨੀਅਰ ਜ਼ਿਲ੍ਹਾ ਵਾਇਸ ਪ੍ਰਧਾਨ ਬਲਜੀਤ ਕੌਰ ਬੰਗੜ ਨੇ ਕਰਵਾਏ ਗਏ ਤੀਆਂ ਦੇ ਤਿਉਹਾਰ ਮੌਕੇ ਗੱਲਬਾਤ ਕਰਦਿਆਂ ਕੀਤਾ। ਜ਼ਿਕਰਯੋਗ ਹੈ ਕਿ ਇਹ ਤਿਉਹਾਰ ਪੁਰਾਤਨ ਸਮੇਂ ਤੋਂ ਸਾਉਣ ਦੇ ਮਹੀਨੇ ਮਨਾਇਆ ਜਾਂਦਾ ਸੀ। ਇਸੇ ਤਹਿਤ ਬਲਜੀਤ ਕੌਰ ਬੰਗੜ ਦੀ ਯੋਗ ਅਗਵਾਈ ਵਿੱਚ ਧੀਆਂ ਤੇ ਭੈਣਾਂ ਦੇ ਸੰਗ ਦੂਜਾ ਤੀਆਂ ਦਾ ਤਿਉਹਾਰ ਮਨਾਇਆ ਗਿਆ, ਜਿਸ ਦੌਰਾਨ ਪੰਜਾਬ ਦੇ ਵਿਰਸੇ ਦੀ ਸਾਂਭ ਸੰਭਾਲ ਪੁਰਾਤਨ ਸਮੇਂ ਦੇ ਲੋਕ ਪਹਿਰਾਵੇ ਪਹਿਨ ਕੇ ਧੀਆਂ ਤੇ ਭੈਣਾਂ ਨੇ ਪੰਜਾਬੀ ਵਿਰਸੇ ਨਾਲ ਸਬੰਧਤ ਲੋਕ ਬੋਲੀਆਂ ਤੇ ਨੱਚ ਟੱਪ ਕੇ ਖੂਬ ਰੌਣਕਾਂ ਲਗਾਈਆਂ। ਇਸ ਮੌਕੇ ਉਨ੍ਹਾਂ ਨਾਲ ਸਰਬਜੀਤ ਕੌਰ ਮੁੱਦਕੀ, ਸਤਬੀਰ ਕੌਰ ਧਾਲੀਵਾਲ, ਅਮਨਦੀਪ ਕੌਰ, ਹਰਚਰਨ ਕੌਰ, ਹਰਜੀਤ ਕੌਰ, ਨਰਿੰਦਰ ਕੌਰ, ਕਰਮਜੀਤ ਕੌਰ, ਸ਼ਿੰਦਰ ਕੌਰ, ਪਰਮਿੰਦਰ ਕੌਰ, ਮੇਨਕਾ ਰਾਣੀ, ਮਨਦੀਪ ਕੌਰ, ਰਾਜਬੀਰ ਕੌਰ, ਗੁਰਪ੍ਰੀਤ ਕੌਰ, ਸੰਦੀਪ ਕੌਰ, ਮਨਜੋਤ ਕੌਰ, ਹਰਜਿੰਦਰ ਕੌਰ ਤੇ ਹਸਪਤਾਲ ਦੇ ਨਰਸਿੰਗ ਸਟਾਫ਼ ਮੈਂਬਰ ਮੌਜੂਦ ਸਨ।

## ...ਸਫ਼ਾ 1 ਦੇ ਬਾਕੀ

### 'ਸੀ ਪੀ ਆਈ ਦਾ ਮਹਾਂ...

ਨਵੀਆਂ ਕਰੂੰਬਲਾਂ ਫੁੱਟ ਪੈਣ ਦੀ ਆਸ ਨੂੰ ਵੀ ਬੂਰ ਪੈਂਦਾ ਨਜ਼ਰ ਆਇਆ ਹੈ। ਕਮਿਊਨਿਸਟ ਆਗੂ ਨੇ ਮਹਾਂ ਸੰਮੇਲਨ ਦੀ ਰੂਪ-ਰੇਖਾ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੂਰੇ ਦੇਸ਼ ਵਿੱਚੋਂ 800 ਤੋਂ ਵੱਧ ਡੈਲੀਗੇਟ ਭਾਗ ਲੈਣਗੇ। ਇਸ ਇਤਿਹਾਸਕ ਮੌਕੇ ਭਰਪੂਰ ਚਿੰਤਨ ਮੰਥਨ ਹੋਵੇਗਾ।

ਸਾਥੀ ਵੀਰ ਕੁਮਾਰ ਦੀ ਪ੍ਰਧਾਨਗੀ ਵਿੱਚ ਹੋਈ ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 4 ਸਤੰਬਰ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੀ ਕਨਵੈਨਸ਼ਨ ਸ਼ਾਹਕੋਟ ਵਿੱਚ ਕੀਤੀ ਜਾਵੇਗੀ।

ਇਸ ਕਨਵੈਨਸ਼ਨ ਨੂੰ ਬੀ.ਕੇ.ਐੱਮ.ਯੂ ਦੇ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ, ਸੀ.ਪੀ.ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਆਦਿ ਸੰਬੋਧਨ ਕਰਨਗੇ।

ਇਹ ਕਨਵੈਨਸ਼ਨ ਸੀ.ਪੀ.ਆਈ ਦੇ 25ਵੇਂ ਮਹਾਂ ਸੰਮੇਲਨ ਨੂੰ ਸਮਰਪਿਤ ਹੋਵੇਗੀ। ਮੀਟਿੰਗ ਦੌਰਾਨ ਜ਼ਿਲ੍ਹੇ ਦੇ ਫੰਡ ਦੀ ਬਕਾਇਆ ਰਾਸ਼ੀ ਸੂਬਾ ਸਕੱਤਰ ਨੂੰ ਸੌਂਪੀ ਗਈ। ਜ਼ਿਲ੍ਹਾ ਸਕੱਤਰ ਕਾਮਰੇਡ ਰਛਪਾਲ ਕੈਲੇ, ਸਹਾਇਕ ਸਕੱਤਰ ਕਾਮਰੇਡ ਹਰਜਿੰਦਰ ਸਿੰਘ ਮੌਜੀ, ਕਾਮਰੇਡ ਸੰਤੋਸ਼ ਬਰਾੜ, ਗਿਆਨ ਸੈਦਪੁਰੀ, ਪਰਮਜੀਤ ਸਿੰਘ ਸਮਰਾਏ, ਸਿਕੰਦਰ ਸੰਧੂ ਅਤੇ ਵੀਰ ਕੁਮਾਰ ਅਤੇ ਸਤਪਾਲ ਭਗਤ ਨੇ ਵਿਸ਼ਵਾਸ ਦਿਵਾਇਆ ਕਿ 21 ਸਤੰਬਰ ਦੀ ਮੋਹਾਲੀ ਰੈਲੀ ਵਿੱਚ ਉਤਸ਼ਾਹ ਅਤੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

### ਫਾਸ਼ੀ ਹਮਲਿਆਂ ਖਿਲਾਫ...

ਦਿੱਤਾ।ਕਨਵੈਨਸ਼ਨ ਦੌਰਾਨ ਸਾਥੀ ਗੁਰਨਾਮ ਸਿੰਘ ਭੀਖੀ ਵੱਲੋਂ ਪੇਸ਼ ਪੰਜ ਮਤਿਆਂ ਨੂੰ ਵੀ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ।

ਮੰਚ ਸੰਚਾਲਨ ਦੀ ਜ਼ਿੰਮੇਵਾਰੀ ਕਾ. ਜਸਬੀਰ ਕੌਰ ਨੱਤ ਤੇ ਕ੍ਰਿਸ਼ਨ ਚੌਹਾਨ ਵੱਲੋਂ ਨਿਭਾਈ ਗਈ ।ਇਸ ਸਮੇਂ ਲੋਕ ਗਾਇਕ ਅਜਮੇਰ ਅਕਲੀਆ ਨੇ ਆਪਣੇ ਇਨਕਲਾਬੀ ਗੀਤਾਂ ਰਾਹੀਂ ਮਾਹੌਲ ਨੂੰ ਗਰਮਾਈ ਰੱਖਿਆ। ਕਨਵੈਨਸ਼ਨ 'ਚ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਕਿਸਾਨ ਆਗੂ ਰੁਲਦੂ ਸਿੰਘ ਮਾਨਸਾ, ਨਛੱਤਰ ਸਿੰਘ ਖੀਵਾ, ਲਾਲ ਚੰਦ ਸਰਦੂਲਗੜ੍ਹ, ਅਮਰੀਕ ਸਿੰਘ ਫਫੜੇ, ਦਲਜੀਤ ਸਿੰਘ ਮਾਨਸ਼ਾਹੀਆ, ਧਰਮਪਾਲ ਨੀਟਾ, ਬਲਵਿੰਦਰ ਘਰਾਂਗਣਾ, ਬਿੰਦਰ ਕੌਰ ਉੱਡਤ, ਆਤਮਾ ਰਾਮ ਸਰਦੂਲਗੜ੍ਹ, ਤਾਰਾ ਚੰਦ ਬਰੇਟਾ ਅਤੇ ਜਨਤਕ ਜਥੇਬੰਦੀਆਂ ਦੇ ਹੋਰ ਆਗੂ ਵੀ ਹਾਜ਼ਰ ਸਨ।ਸਖ਼ਤ ਗਰਮੀ ਦੇ ਬਾਵਜੂਦ ਖੱਬੇਪੱਖੀ ਕਾਰਕੁਨਾਂ ਵਲੋਂ ਫਾਸ਼ੀਵਾਦੀ ਮੋਦੀ ਸਰਕਾਰ ਅਤੇ ਲੁਟੇਰੀ ਜ਼ਮੀਨ ਹੜੱਪਣ ਵਾਲੀ ਮਾਨ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਸ਼ਹਿਰ 'ਚ ਮੁਜ਼ਾਹਰਾ ਵੀ ਕੀਤਾ ਗਿਆ।

**ਕਪੂਰਥਲਾ (ਬਲਵੀਰ ਸ਼ਾਲ੍ਹਾਪੁਰੀ)** : ਫਾਸ਼ੀਵਾਦੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਮਾਸਟਰ ਹਰੀ ਸਿੰਘ ਧੂਤ ਭਵਨ ਕਪੂਰਥਲਾ ਵਿਖੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕੀਤੀ ਗਈ। ਕਨਵੈਨਸ਼ਨ ਦੀ ਪ੍ਰਧਾਨਗੀ ਸਾਥੀ ਤਰਸੇਮ ਸਿੰਘ, ਕਾਮਰੇਡ ਜੈਪਾਲ ਸਿੰਘ, ਮਹਿੰਦਰ ਸਿੰਘ ਅਲੌਦੀਪੁਰ ਅਤੇ ਸਰਵਨ ਸਿੰਘ ਨੇ ਕੀਤੀ। ਕਨਵੈਨਸ਼ਨ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਨੈਸ਼ਨਲ ਕੌਂਸਲ ਮੈਂਬਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੇ ਆਗੂ ਕਾਮਰੇਡ ਬਲਵਿੰਦਰ ਸਿੰਘ ਭੁੱਲਰ, ਭਾਰਤੀ ਕਮਿਊਨਿਸਟ ਪਾਰਟੀ( ਮ-ਲ) ਲਿਬਰੇਸ਼ਨ ਦੇ ਆਗੂ ਨਿਰਮਲ ਸਿੰਘ ਛੱਜਲਵੱਡੀ, ਇਨਕਲਾਬੀ ਮਾਰਕਸਵਾਦੀ ਪਾਰਟੀ (ਭਾਰਤ) ਦੇ ਆਗੂ ਹਰਬੰਸ ਮੱਟੂ, ਸੀ ਪੀ ਆਈ ਦੇ ਆਗੂ ਕਾਮਰੇਡ ਮੁਕੰਦ ਸਿੰਘ, ਨਿਊ ਡੈਮੋਕ੍ਰੇਸੀ ਦੇ ਨਿਰਮਲ ਸਿੰਘ ਸ਼ੇਰਪੁਰ ਸੱਧਾ ਨੇ ਸੰਬੋਧਨ ਕੀਤਾ। ਇਸ ਤੋਂ ਇਲਾਵਾ ਮਾਸਟਰ ਚਰਨ ਸਿੰਘ, ਐਡਵੋਕੇਟ ਰਜਿੰਦਰ ਸਿੰਘ ਰਾਣਾ, ਹੰਸਾ ਸਿੰਘ ਮੂੰਡੀ, ਪੂਰਨ ਸਿੰਘ ਅਲੌਦੀਪੁਰ, ਬਲਵਿੰਦਰ ਸਿੰਘ ਵਿਲਾ ਕੋਠੀ, ਕੇ ਐਲ ਕੌਸ਼ਲ ਆਦਿ ਆਗੂ ਹਾਜ਼ਰ ਸਨ।

### ਸ਼ਹੀਦ ਢਢੋਗਲ ਦੀ ...

ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਹਿਲੀ ਸੜਕ ਪੰਜਾਬ ਮੰਡੀ ਬੋਰਡ ਵੱਲੋਂ ਬਣਾਈ ਜਾ ਰਹੀ ਹੈ, ਜੋ ਧੂਰੀ-ਅਮਰਗੜ੍ਹ ਰੋਡ ਤੋਂ ਧੂਰੀ-ਛੀਂਟਾ ਵਾਲਾ ਰੋਡ ਤੱਕ ਲਿੰਕ ਰੋਡ ਨੂੰ ਜੋੜਦੀ ਹੈ ਅਤੇ ਢਢੋਗਲ, ਬੁਰਜ ਗੋਹਰਾ, ਬੁਰਜ ਸੇਡਾ, ਚੀਮਾ, ਭੜੀ ਮਾਨਸਾ ਅਤੇ ਸਮੁੰਦਗੜ੍ਹ ਛੰਨਾ ਵਿੱਚੋਂ ਲੰਘਦੀ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਦੂਜੀ ਸੜਕ ਲੋਕ ਨਿਰਮਾਣ ਵਿਭਾਗ ਵੱਲੋਂ ਬਣਾਈ ਜਾ ਰਹੀ ਹੈ, ਜੋ ਅਮਰਗੜ੍ਹ ਨੂੰ ਧੂਰੀ-ਬਾਗੜੀਆਂ ਰੋਡ ਨਾਲ ਜੋੜਦੀ ਹੈ ਅਤੇ ਢਢੋਗਲ, ਖੇੜੀ ਜੱਟਾਂ, ਲੋਹਾਰ ਮਾਜਰਾ ਅਤੇ ਈਸੀ (ਬਿਜਲੀ ਕਲੋਨੀ) ਵਿੱਚੋਂ ਲੰਘਦੀ ਹੈ। ਮਾਨ ਨੇ ਕਿਹਾ ਕਿ ਇਹ ਸੜਕਾਂ 18 ਫੁੱਟ ਚੌੜੀਆਂ ਹੋਣਗੀਆਂ ਅਤੇ ਠੇਕੇਦਾਰ ਪੰਜ ਸਾਲਾਂ ਲਈ ਸੜਕ ਦੇ ਰੱਖ-ਰਖਾਅ ਲਈ ਵੀ ਜ਼ਿੰਮੇਵਾਰ ਹੋਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

11 Aug Page 3.qxd 8/10/2025 10:19 PM Page 1



# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਦੀ ਨੁਹਾਰ ਬਦਲੀ ਜਾਵੇਗੀ : ਈਟੀਓ

**● ਬਾਬਾ ਬਕਾਲਾ ਸਾਹਿਬ ਹਲਕੇ ਦੀ ਕੋਈ ਵੀ ਸੜਕ ਕੱਚੀ ਨਾ ਰਹਿਣ ਦੇਣ ਦਾ ਕੀਤਾ ਐਲਾਨ**



**ਬਾਬਾ ਬਕਾਲਾ ਸਾਹਿਬ (ਨਰਿੰਦਰ ਜੀਤ ਸਿੰਘ)**- ਸਾਚਾ ਗੁਰੂ ਲਾਧੋ ਰੇ ਦਿਵਸ ਅਤੇ ਰੱਖੜ ਪੁੰਨਿਆ ਦੇ ਮੌਕੇ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਸੰਗਤਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਪਾਰਟੀ ਪ੍ਰਧਾਨ ਅਮਨ ਅਰੋੜਾ ਵੱਲੋਂ ਪਵਿੱਤਰ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜੋ ਗਰੰਟੀਆਂ ਵੋਟਾਂ ਤੋਂ ਪਹਿਲਾਂ ਲੋਕਾਂ ਨੂੰ ਦਿੱਤੀਆਂ ਸਨ, ਉਹ ਲੱਗਭੱਗ ਪੂਰੀਆਂ ਕਰ ਦਿੱਤੀਆਂ ਹਨ। ਅੱਜ ਬਿਜਲੀ ਵਿਭਾਗ 2500 ਕਰੋੜ ਰੁਪਏ ਤੋਂ ਵੱਧ ਦੇ ਮੁਨਾਫੇ ਵਿੱਚ ਹੈ।ਉਨ੍ਹਾਂ ਦੱਸਿਆ ਕਿ ਛੇਤੀ ਹੀ ਮੁੱਖ ਮੰਤਰੀ ਹਰ ਘਰ ਨੂੰ 10 ਲੱਖ ਰੁਪਏ ਦਾ ਮੈਡੀਕਲ ਬੀਮਾ ਦੇਣ ਜਾ ਰਹੇ ਹਨ, ਜਿਸ ਨਾਲ ਆਮ ਆਦਮੀ ਦੀ ਜੇਬ ਉਤੇ ਪੈਂਦਾ ਦਵਾਈਆਂ ਦਾ ਭਾਰ ਸਦਾ ਲਈ ਦੂਰ ਹੋ ਜਾਵੇਗਾ।ਉਨ੍ਹਾਂ ਕੈਬਨਿਟ ਮੰਤਰੀ ਨੇ ਐਲਾਨ ਕੀਤਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਪਿੰਡਾਂ ਅਤੇ ਸ਼ਹਿਰਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾਵੇਗੀ।ਉਨ੍ਹਾਂ ਕਿਹਾ ਕਿ ਸਾਢੇ ਤਿੰਨ ਸਾਲ ਵਿੱਚ ਜਿੰਨੇ ਕੰਮ ਭਗਵੰਤ ਸਿੰਘ ਮਾਨ ਸਰਕਾਰ ਨੇ ਕੀਤੇ ਹਨ, ਉਨੇ ਕੰਮ 75 ਸਾਲਾਂ ਵਿੱਚ ਸਰਕਾਰਾਂ ਨਹੀਂ ਕਰ ਸਕੀਆਂ।ਇਸ ਮੌਕੇ ਸੰਬੋਧਨ ਕਰਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸਰਹੱਦ ਉਤੇ ਨਸ਼ੇ ਦੀ ਤਸਕਰੀ ਰੋਕਣ ਲਈ ਸ਼ੁਰੂ ਕੀਤੀ ਗਈ ਐਂਟੀ ਡਰੋਨ ਸਿਸਟਮ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਸਾਡੇ ਪੰਜਾਬ ਵਿੱਚ ਹੁੰਦੀ ਤਸਕਰੀ ਬੰਦ ਹੋਵੇਗੀ ਅਤੇ ਜਿਸ ਨਾਲ ਨਸ਼ੇ ਦਾ ਕਾਰੋਬਾਰ ਸਦਾ ਲਈ ਬੰਦ ਹੋ ਜਾਵੇਗਾ।ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਾਨਫਰੰਸ ਵਿੱਚ ਪਹੁੰਚੇ ਹੋਏ ਮੰਤਰੀ ਦੇ ਲੀਡਰਾਂ, ਸੰਗਤ ਅਤੇ ਆਗੂਆਂ ਦਾ ਧੰਨਵਾਦ ਕਰਦੇ ਦੱਸਿਆ ਕਿ ਕਿਸ ਤਰ੍ਹਾਂ ਸਿੱਖਿਆ ਅਤੇ ਸਿਹਤ ਵਿੱਚ ਵੱਡੇ ਸੁਧਾਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤੇ ਹਨ।ਉਨ੍ਹਾਂ ਕਿਹਾ ਕਿ ਬਾਬਾ ਬਕਾਲਾ ਸਾਹਿਬ ਹਲਕੇ ਦੀਆਂ 60% ਤੋਂ ਵੱਧ ਸੜਕਾਂ ਬਣਾਈਆਂ ਜਾ ਚੁੱਕੀਆਂ ਹਨ ਅਤੇ ਬਾਕੀ ਰਹਿੰਦੀਆਂ ਸੜਕਾਂ ਵੀ ਜਲਦੀ ਬਣਾ ਦਿੱਤੀਆਂ ਜਾਣਗੀਆਂ।ਮੈਂ ਆਪਣੇ ਹਲਕੇ ਵਿੱਚ 200 ਤੋਂ ਵੱਧ ਸਕੂਲਾਂ ਵਿੱਚੋਂ 130 ਸਕੂਲਾਂ ਵਿੱਚ ਲੋੜੀਂਦਾ ਮੁੱਢਲਾ ਢਾਂਚਾ ਪੂਰਾ ਕਰਨ ਲਈ ਵਿਕਾਸ ਕਾਰਜ ਕਰਵਾ ਚੁੱਕਾ ਹਾਂ ਅਤੇ ਬਾਕੀ ਸਕੂਲਾਂ ਵਿੱਚ ਵੀ ਛੇਤੀ ਕੰਮ ਪੂਰੇ ਕਰਕੇ ਉਦਘਾਟਨ ਕੀਤੇ ਜਾਣਗੇ।ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਅਤੇ ਵਿਧਾਇਕ ਸਾਹਿਬਾਨ ਨੇ ਗੁਰਦੁਆਰਾ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਮੱਥਾ ਟੇਕਿਆ ਜਿੱਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਧਾਇਕ ਜਸਵਿੰਦਰ ਸਿੰਘ ਰਮਦਾਸ, ਵਿਧਾਇਕ ਅਮਰਪਾਲ ਸਿੰਘ ਸ੍ਰੀ ਹਰਗੋਬਿੰਦਪੁਰ ਸਾਹਿਬ, ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਰਮਨ ਬਹਿਲ, ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਅਮਨਦੀਪ ਕੌਰ, ਐਸਡੀਐਮ ਅਮਨਪ੍ਰੀਤ ਸਿੰਘ, ਗੁਰਪ੍ਰਤਾਪ ਸਿੰਘ ਸੰਧੂ, ਜਸਬੀਰ ਸਿੰਘ ਸੁਰ ਸਿੰਘ, ਜਗਰੂਪ ਸਿੰਘ ਸੇਖਵਾਂ ਵਿਧਾਨ ਸਭਾ ਹਲਕਾ ਕਾਦੀਆਂ, ਤਲਬੀਰ ਸਿੰਘ ਗਿੱਲ, ਪ੍ਰਧਾਨ ਸੁਰਜੀਤ ਸਿੰਘ ਕੰਗ, ਸੰਜੀਵ ਭੰਡਾਰੀ, ਸ਼ਮਸ਼ੇਰ ਸਿੰਘ ਦੀਨਾਨਗਰ, ਬਲਬੀਰ ਸਿੰਘ ਪੰਨੂ ਫਤਿਹਗੜ੍ਹ ਚੂੜੀਆਂ, ਕੁਲਦੀਪ ਸਿੰਘ ਮਥਰੇਵਾਲ, ਤਰਸੇਮ ਸਿੰਘ ਸਿਆਲਕਾ ਅਤੇ ਹੋਰ ਆਗੂ ਵੀ ਹਾਜ਼ਰ ਸਨ।

# ਦਸਤੂਰ-ਏ-ਦਸਤਾਰ ਦੁਕਾਨ 'ਤੇ ਗੋਲੀਆਂ ਮਾਰਨ ਵਾਲੇ ਗਿਰੋਹ ਦਾ ਪਰਦਾਫਾਸ਼

**ਬਟਾਲਾ (ਡਾ. ਮਲਵਿੰਦਰ ਸਿੰਘ)**- ਸੁਹੇਲ ਕਾਸਿਮ ਮੀਰ ਐੱਸਐੱਸਪੀ ਬਟਾਲਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਟਾਲਾ ਪੁਲਸ ਵੱਲੋਂ ਫਤਿਹਗੜ੍ਹ ਚੂੜੀਆਂ ਵਿਚ ਦਸਤੂਰ-ਏ-ਦਸਤਾਰ ਦੁਕਾਨ 'ਤੇ ਗੋਲੀਆਂ ਮਾਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਗਿਆ ਹੈ।ਇਸ ਮੌਕੇ ਉਨ੍ਹਾਂ



ਨਾਲ ਗੁਰਪ੍ਰਤਾਪ ਸਿੰਘ ਸਹੋਤਾ ਐਸਪੀ (ਡੀ), ਵਿਪਨ ਕੁਮਾਰ ਡੀਐੱਸਪੀ ਫਤਿਹਗੜ੍ਹ ਚੂੜੀਆਂ, ਪ੍ਰਭਜੋਤ ਸਿੰਘ ਐੱਸਐੱਚਓ ਫਤਿਹਗੜ੍ਹ ਚੂੜੀਆਂ ਅਤੇ ਇੰਸਪੈਕਟਰ ਅਨਿਲ ਪਵਾਰ ਵੀ ਮੌਜੂਦ ਸਨ।ਮੀਡੀਆ ਨੂੰ ਜਾਣਕਾਰੀ ਦਿੰਦਿਆਂ ਐੱਸਐੱਸਪੀ ਬਟਾਲਾ ਨੇ ਦੱਸਿਆ ਕਿ 24-25 ਅਗਸਤ ਨੂੰ ਪਰਮਿੰਦਰ ਸਿੰਘ ਪੁੱਤਰ ਰਤਨ ਸਿੰਘ ਵਾਸੀ ਕੋਟਲੀ ਸੂਰਤ ਮੱਲੀ ਨੂੰ ਵਿਦੇਸ਼ ਦੇ ਨੰਬਰ 'ਤੇ ਧਮਕੀ ਆਈ ਜਿਸ 'ਚ ਜੈਸਲ ਚੰਬਲ ਵੱਲੋਂ 50 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਗਈ। ਪਰਮਿੰਦਰ ਸਿੰਘ ਦੇ ਬਿਆਨ 'ਤੇ ਮੁਕੱਦਮਾ ਥਾਣਾ ਕੋਟਲੀ ਸੂਰਤ ਮੱਲ੍ਹੀ ਵਿਖੇ ਦਰਜ ਕੀਤਾ ਗਿਆ। 31 ਅਗਸਤ ਨੂੰ ਦਸਤੂਰ-ਏ-ਦਸਤਾਰ ਦੀ ਦੁਕਾਨ 'ਤੇ ਕਿਸੇ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਮਾਰੀਆਂ ਗਈਆਂ ਸਨ। ਇਹ ਦੁਕਾਨ ਘੰਟੋਂ ਕੁਲੈਕਸ਼ਨ ਦੀ ਨਾਲ ਵਾਲੀ ਦੁਕਾਨ ਹੈ ਜਿਸ ਦੇ ਮਾਲਕ ਪਰਮਿੰਦਰ ਸਿੰਘ ਪੁੱਤਰ ਰਤਨ ਸਿੰਘ ਵਾਸੀ ਕੋਟਲੀ ਸੂਰਤ ਮੱਲ੍ਹੀ ਨੂੰ ਧਮਕੀਆਂ ਆਈਆਂ ਸਨ। ਸਿਮਰਨਜੀਤ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਰਣਸ਼ੀਕੇ ਤਲਾ ਦੇ ਬਿਆਨ 'ਤੇ ਮੁਕੱਦਮਾ ਥਾਣਾ ਫਤਿਹਗੜ੍ਹ ਚੂੜੀਆਂ ਦਰਜ ਕੀਤਾ ਗਿਆ ਸੀ। ਐੱਸਐੱਸਪੀ ਨੇ ਦੱਸਿਆ ਕਿ ਮੁਕੱਦਮਾ ਟਰੇਸ ਕਰਨ ਲਈ ਵੱਖ-ਵੱਖ ਟੀਮਾਂ ਗਠਿਤ ਕੀਤੀਆਂ ਗਈਆਂ ਜਿਸ 'ਤੇ ਬਟਾਲਾ ਪੁਲਸ ਨੂੰ ਉਸ ਵੇਲੇ ਵੱਡੀ ਕਾਮਯਾਬੀ ਮਿਲੀ ਜਦੋਂ ਦਸਤੂਰ-ਏ-ਦਸਤਾਰ ਦੀ ਦੁਕਾਨ ਤੇ ਗੋਲੀਆਂ ਚਲਾਉਣ ਵਾਲੇ ਦੋਸ਼ੀਆਨ ਰਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਰੰਗੇ ਸ਼ਾਹ ਕਾਲੋਨੀ ਅੰਮ੍ਰਿਤਸਰ ਤੇ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਦਵਿੰਦਰਪਾਲ ਸਿੰਘ ਵਾਸੀ ਘੰਣੂਪੁਰ ਅੰਮ੍ਰਿਤਸਰ ਨੂੰ ਗ੍ਰਿਫਤਾਰ ਕਰਕੇ ਮੁਕੱਦਮੇ ਨੂੰ ਟਰੇਸ ਕੀਤਾ ਗਿਆ ਜਿਨ੍ਹਾਂ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਿਲ ਕੀਤਾ ਜਾ ਰਿਹਾ ਹੈ ਤੇ ਹੋਰ ਵੀ ਖੁਲਾਸੇ ਹੋਣ ਦੇ ਖਦਸ਼ੇ ਹਨ।

# ਪਿੰਡ ਬੁਤਾਲਾ ਨੂੰ ਢੁੱਕਦੀਆਂ ਸਭ ਸੜਕਾਂ ਹਾਲੋਂ ਬੇਹਾਲ



**ਬੁਤਾਲਾ (ਨਿਰਮਲ ਸਿੰਘ ਸੰਘਾ)**- ਪਿੰਡ ਬੁਤਾਲਾ ਤੋਂ ਜਮਾਲਪੁਰ, ਭਲਾਈ ਤੋਂ ਖੇੜਾ ਠਾਣੇਵਾਲ, ਭੈਣੀ ਰਾਮ ਦਿਆਲ, ਖਾਨਪੁਰ, ਸੇਰੋ ਅਤੇ ਬੁਤਾਲੇ ਤੋਂ ਗਾਜੀਵਾਲ, ਜੋਧੇ, ਬੁਤਾਲੇ ਤੋਂ ਗੱਗੜਭਾਣਾ ਆਦਿ ਸਭ ਸੜਕਾਂ ਬੁਰੀ ਤਰ੍ਹਾਂ ਟੁੱਟ ਕੇ ਖ਼ਰਾਬ ਹੋ ਚੁੱਕੀਆਂ ਹਨ ਪਰ ਅਜੇ ਤੱਕ ਸਬੰਧਤ ਮਹਿਕਮੇ ਵੱਲੋਂ ਉਨ੍ਹਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਯਾਦ ਰੱਖਣ ਵਾਲੀ ਗੱਲ ਇਹ ਹੈ ਕਿ ਗੱਗੜਭਾਣੇ ਨੂੰ ਜਾਂਦਿਆਂ ਇਸ ਰਸਤੇ ਤੇ 4-5 ਸਕੂਲ ਆਉਂਦੇ ਹਨ ਅਤੇ ਮਾਪਿਆਂ ਨੂੰ ਇਸ ਰਸਤੇ ਤੋਂ ਹੀ ਆਪਣੇ ਬੱਚਿਆਂ ਨੂੰ ਸਕੂਲ ਛੱਡਣ ਲਈ ਜਾਣਾ ਪੈਂਦਾ ਹੈ।ਇਸ ਸੜਕ 'ਚ ਏਨੇ ਵੱਡੇ ਵੱਡੇ ਟੋਏ ਹਨ ਕਿ ਲੰਘਣਾ ਮੁਸ਼ਕਿਲ ਹੋ ਗਿਆ ਹੈ।ਹਰ ਵੇਲੇ ਡਿਗਣ ਦਾ ਖ਼ਤਰਾ ਬਣਿਆ ਰਹਿੰਦਾ ਹੈ।ਪਿੰਡ ਵਾਸੀਆਂ ਦੀ ਵਿਧਾਇਕ ਟੌਂਗ ਸਾਹਿਬ ਨੂੰ ਬੇਨਤੀ ਹੈ ਕਿ ਇਸ ਵੱਲ ਧਿਆਨ ਦਿੱਤਾ ਜਾਵੇ।

# ਡਾ. ਓਬਰਾਏ ਦੀ ਬਦੌਲਤ ਦੋ ਮਹੀਨਿਆਂ ਬਾਅਦ ਗਗਨਦੀਪ ਸਿੰਘ ਦਾ ਮ੍ਰਿਤਕ ਸਰੀਰ ਭਾਰਤ ਪਹੁੰਚਿਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਲੋੜਵੰਦਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਦੁਬਈ ਦੇ ਉਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ. ਐੱਸ. ਪੀ. ਸਿੰਘ ਓਬਰਾਏ ਦੇ ਯਤਨਾਂ ਸਦਕਾ ਕਸਬਾ ਧਾਰੀਵਾਲ ਨੇੜਲੇ ਪਿੰਡ ਸਰਸਪੁਰ ਦੇ 20 ਸਾਲਾ ਗਗਨਦੀਪ ਸਿੰਘ ਪੁੱਤਰ ਬਲਦੇਵ ਸਿੰਘ ਦਾ ਮ੍ਰਿਤਕ ਸਰੀਰ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪਹੁੰਚਿਆ।ਡਾ. ਐੱਸ. ਪੀ. ਸਿੰਘ ਓਬਰਾਏ ਨੇ ਦੱਸਿਆ ਕਿ ਗਗਨਦੀਪ ਸਿੰਘ 6 ਕੁ ਮਹੀਨੇ ਪਹਿਲਾਂ ਦੁਬਈ ਆਇਆ ਸੀ। 10 ਜੂਨ ਨੂੰ ਦਿਲ ਦਾ ਦੌਰਾ ਪੈਣ ਕਾਰਨ ਉਸਦੀ ਮੌਤ ਹੋ ਗਈ।ਇਸ ਘਟਨਾ ਸਬੰਧੀ ਦੁਬਈ ਸਥਿਤ ਭਾਰਤੀ ਦੂਤਾਵਾਸ ਨੇ ਕੁੱਝ ਦਿਨ ਪਹਿਲਾਂ ਹੀ ਉਨ੍ਹਾਂ ਨਾਲ ਸੰਪਰਕ ਕਰਕੇ ਦੱਸਿਆ ਸੀ ਕਿ ਇੱਕ ਨੌਜਵਾਨ ਦਾ ਮ੍ਰਿਤਕ ਸਰੀਰ ਕੁੱਝ ਸਮੇਂ ਤੋਂ ਲਾਵਾਰਿਸ ਪਿਆ ਹੈ। ਉਨ੍ਹਾਂ ਦੱਸਿਆ ਕਿ ਗਗਨਦੀਪ ਸਿੰਘ ਦੇ ਮ੍ਰਿਤਕ ਸਰੀਰ ਦੀ ਪੁਸ਼ਟੀ ਹੋਣ ਉਪਰੰਤ ਉਨ੍ਹਾਂ ਭਾਰਤੀ ਦੂਤਾਵਾਸ ਦੇ ਸਹਿਯੋਗ ਅਤੇ ਆਪਣੇ ਨਿੱਜੀ ਸਹਾਇਕ ਬਲਦੀਪ ਸਿੰਘ ਚਾਹਲ ਦੀ ਦੇਖ-



ਰੇਖ 'ਚ ਲੋੜੀਂਦੀ ਕਾਗਜ਼ੀ ਕਾਰਵਾਈ ਮੁਕੰਮਲ ਕਰਵਾ ਕੇ ਆਪਣੇ ਖਰਚ 'ਤੇ ਗਗਨਦੀਪ ਸਿੰਘ ਦਾ ਮ੍ਰਿਤਕ ਸਰੀਰ ਭਾਰਤ ਭੇਜਿਆ, ਜਿਸ ਉਪਰੰਤ ਅੰਮ੍ਰਿਤਸਰ ਹਵਾਈ ਅੱਡੇ ਤੋਂ ਪੀੜ੍ਹਤ ਪਰਿਵਾਰ ਦੀ ਹਾਜ਼ਰੀ 'ਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ ਤੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਸੰਧੂ ਵੱਲੋਂ ਮ੍ਰਿਤਕ ਸਰੀਰ ਪ੍ਰਾਪਤ ਕਰਕੇ ਟਰੱਸਟ ਦੀ ਮੁਫ਼ਤ ਐਂਬੂਲੈਂਸ ਸੇਵਾ ਰਾਹੀਂ ਉਸ ਦੇ ਘਰ ਪਿੰਡ ਸਰਸਪੁਰ ਭੇਜਿਆ ਗਿਆ ਹੈ। ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਟਰੱਸਟ ਦੇ ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ, ਵਿੱਤ ਸੈਕਟਰੀ ਰਜਿੰਦਰ ਸਿੰਘ ਰਾਜੂ ਅਤੇ ਹੋਰ ਟੀਮ ਮੈਂਬਰਾਂ ਵੱਲੋਂ ਜਿੱਥੇ ਪੀੜਿਤ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ ਗਿਆ, ਉਥੇ ਨਾਲ ਹੀ ਮ੍ਰਿਤਕ ਗਗਨਦੀਪ ਸਿੰਘ ਨੂੰ ਸਪੁਰਦੇ ਖਾਕ ਵੀ ਕੀਤਾ ਗਿਆ।ਡਾ. ਓਬਰਾਏ ਨੇ ਕਿਹਾ ਕਿ ਗਗਨਦੀਪ ਦੇ ਪਰਿਵਾਰ ਨੂੰ ਲੋੜ ਅਨੁਸਾਰ ਮਹੀਨਾਵਾਰ ਪੈਨਸ਼ਨ ਵੀ ਦਿੱਤੀ ਜਾਵੇਗੀ।ਇਸ ਦੌਰਾਨ ਗਗਨਦੀਪ ਸਿੰਘ ਦੇ ਪਿਤਾ ਬਲਦੇਵ ਸਿੰਘ, ਮਾਤਾ ਰੱਜੋ ਤੇ ਭਰਾ ਅਕਾਸ਼ਦੀਪ ਸਿੰਘ ਆਦਿ ਤੋਂ ਇਲਾਵਾ ਸਮੁੱਚੇ ਇਲਾਕਾ ਨਿਵਾਸੀਆਂ ਨੇ ਡਾ. ਓਬਰਾਏ ਦਾ ਇਸ ਵੱਡੇ ਉਪਰਾਲੇ ਲਈ ਸ਼ੁਕਰਾਨਾ ਕੀਤਾ।

# ਦੁੱਬਲੀ ਬਿਜਲੀ ਘਰ ਦੇ ਗੇਟ 'ਤੇ ਏਟਕ ਨੇ ਲਹਿਰਾਇਆ ਝੰਡਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੀ ਪੱਟੀ ਡਵੀਜ਼ਨ ਕਮੇਟੀ ਨੇ ਅੱਜ 66 ਕੇ ਵੀ ਬਿਜਲੀ ਘਰ ਦੁੱਬਲੀ ਵਿਖੇ ਮੀਟਿੰਗ ਕਰਨ ਉਪਰੰਤ ਬਿਜਲੀ ਘਰ ਦੇ ਗੇਟ ਤੇ ਨਾਅਰਿਆਂ ਦੀ ਗੂੰਜ ਵਿੱਚ ਸਬ ਡਵੀਜ਼ਨ ਪ੍ਰਧਾਨ ਰਛਪਾਲ ਸਿੰਘ ਦੀ ਅਗਵਾਈ ਹੇਠ ਜਥੇਬੰਦੀ ਦਾ ਝੰਡਾ ਲਹਿਰਾਇਆ ।ਇਸ ਮੌਕੇ ਬਲਜੀਤ ਸਿੰਘ ਪੱਟੀ ਦੀ ਅਗਵਾਈ ਹੇਠ ਜਥੇਬੰਦੀ ਵਿੱਚ ਸ਼ਾਮਲ ਹੋਣ ਵਾਲੇ ਨਵੇਂ ਸਾਥੀਆਂ ਨੂੰ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਹਾਰ ਪਾ ਕੇ ਸਨਮਾਨਤ ਕਰਨ ਉਪਰੰਤ ਨਵੇਂ ਸਾਥੀਆਂ ਨੂੰ ਜਥੇਬੰਦੀ ਅਤੇ ਝੰਡੇ ਦੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂ ਕਰਵਾ ਕੇ ਅਦਾਰੇ ਦੀ ਰਾਖੀ ਅਤੇ ਆਰਥਿਕ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਗੰਡੀਵਿੰਡ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਤਰਸ ਦੇ ਆਧਾਰ 'ਤੇ ਅਦਾਰੇ ਵਿੱਚ ਭਰਤੀ ਹੋਣ ਵਾਲੇ ਨਵੇਂ ਕਰਮਚਾਰੀਆਂ ਨੂੰ ਸੋਲੇਸ਼ੀਅਮ ਅਤੇ ਸਪੈਸ਼ਲ ਪੈਨਸ਼ਨ ਦੀ ਕੀਤੀ ਅਦਾਇਗੀ ਤੇ 12 ਪ੍ਰਤੀਸ਼ਤ ਵਿਆਜ ਲਗਾ ਕੇ ਕਰਮਚਾਰੀਆਂ ਵੱਲ ਖੜੀਆਂ ਕੀਤੀਆਂ ਲੱਖਾਂ ਰੁਪਏ ਦੀਆਂ ਰਕਮਾਂ ਤੇ ਮੁੜ ਵਿਚਾਰ ਕਰਦੇ ਹੋਏ ਵਿਆਜ ਮੁਆਫ਼ ਕਰਕੇ ਪੀੜਤਾਂ ਨੂੰ ਰਾਹਤ ਦਿੱਤੀ ਜਾਵੇ।ਸੂਬਾ ਪ੍ਰਧਾਨ ਗੰਡੀਵਿੰਡ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ 2 ਜੂਨ ਦੀ ਮੀਟਿੰਗ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਾ ਕਰਨ ਖਿਲਾਫ਼ ਜਥੇਬੰਦੀਆਂ ਵੱਲੋਂ ਵਿੱਢੇ ਸੰਘਰਸ਼ ਤਹਿਤ 11 ,12 ਅਤੇ 13 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨਾਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦੀ ਬਿਜਲੀ ਕਾਮਿਆਂ ਨੂੰ ਅਪੀਲ ਕੀਤੀ।ਇਸ ਮੌਕੇ ਪੱਟੀ ਡਵੀਜ਼ਨ ਦੇ ਪ੍ਰਧਾਨ ਬਲਕਾਰ ਸਿੰਘ ਜੰਡੋਕੇ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੇ ਡਵੀਜ਼ਨ ਸਕੱਤਰ ਤੇ ਸਰਕਲ ਆਗੂ ਰਾਜਿੰਦਰ ਕੁਮਾਰ ਜੋਸੀ, ਇੰਜੀ : ਸੁਖਵਿੰਦਰ ਸਿੰਘ, ਜੇਈ ਕੁਲਦੀਪ ਸਿੰਘ ਲੋਹਕਾ, ਰਾਜਵੰਤ ਸਿੰਘ ਕੈਰੋਂ, ਰਸਾਲ ਸਿੰਘ, ਗੁਰਜੰਟ ਸਿੰਘ, ਗੁਰਲਾਲ ਸਿੰਘ ਆਦਿ ਸਾਥੀਆਂ ਨੇ ਵੀ ਹਿੱਸਾ ਲਿਆ ।

# ਬਲਾਕ ਸਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਚ ਕਾਂਗਰਸ ਪਾਰਟੀ ਦੇ ਉਮੀਦਵਾਰ ਸ਼ਾਨ ਨਾਲ ਜਿੱਤਣਗੇ : ਸੱਚਰ, ਭੀਲੋਵਾਲ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤਪਾਲ ਸਿੰਘ ਸੱਚਰ ਅਤੇ ਉਨ੍ਹਾਂ ਦੇ ਮੀਡੀਆ ਸਲਾਹਕਾਰ ਸੁਰਜੀਤ ਸਿੰਘ ਬਾਠ ਭੀਲੋਵਾਲ ਨੇ ਦਾਵਾ ਕੀਤਾ ਕਿ ਆ ਰਹੀਆਂ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤਾਂ ਦਰਜ ਕਰਕੇ ਆਮ ਆਦਮੀ ਪਾਰਟੀ ਅਤੇ ਹੋਰ ਵਿਰੋਧੀਆਂ ਦੇ ਸਭ ਭਰਮ ਭੁਲੇਖੇ ਦੂਰ ਕਰ ਦੇਣਗੇ। ਸੱਚਰ ਅਤੇ ਭੀਲੋਵਾਲ ਨੇ ਕਿਹਾ ਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਦੇ ਲੋਕਾਂ ਦਾ ਮੋਹ ਪੂਰੀ ਤਰ੍ਹਾਂ ਭੰਗ ਹੋ ਚੁੱਕਾ ਹੈ ਕਿਉਂਕਿ ਸਰਕਾਰ ਨੇ ਕਿਸਾਨ, ਮਜ਼ਦੂਰ, ਦੁਕਾਨਦਾਰ, ਛੋਟਾ ਕਾਰੋਬਾਰੀ, ਮੁਲਾਜ਼ਮ ਹਰ ਵਰਗ ਨੂੰ ਅੱਖੋਂ ਪਰੋਖੇ ਕੀਤਾ ਗਿਆ। ਚਾਰ ਮਹੀਨਿਆਂ ਵਿੱਚ ਨਸ਼ਿਆਂ ਦਾ ਪੂਰੀ ਤਰ੍ਹਾਂ ਸਫ਼ਾਇਆ ਕਰ ਦੇਣ ਦਾ ਵਾਅਦਾ ਕਰਨ ਵਾਲੇ ਅਰਵਿੰਦ ਕੇਜਰੀਵਾਲ ਅੱਜ ਕਿੱਥੇ ਹਨ।ਲੋਕਾਂ ਨੂੰ ਮੂਰਖ ਬਣਾ ਕੇ ਹੁਣ ਵੀ ਕੰਮ ਘੱਟ ਤੇ ਪ੍ਰਚਾਰ ਜ਼ਿਆਦਾ ਕਰਦੇ ਹਨ ਕਿ ਅਸੀਂ ਬਹੁਤ ਸਾਰੇ ਨਸ਼ਾ ਤਸਕਰ ਫੜ ਲਏ ਹਨ ਪਰ ਕੀ ਦੱਸ ਸਕਣਗੇ ਕਿ ਕਿਹੜੀ ਵੱਡੀ ਮੱਛੀ ਨੂੰ ਕਾਬੂ ਕੀਤਾ ਹੈ।ਅੱਜ ਸੈਂਕੜੇ ਸਕੂਲ ਹੈੱਡਮਾਸਟਰਾਂ ਤੇ ਅਧਿਆਪਕਾਂ ਤੋਂ ਸੱਖਣੇ ਹਨ, ਹਸਪਤਾਲਾਂ ਵਿੱਚ ਡਾਕਟਰ ਤੇ ਹੋਰ ਸਟਾਫ਼ ਦੀ ਘਾਟ ਹੈ।ਉਨ੍ਹਾਂ ਨੇ ਕਿਹਾ ਕਿ ਇਹਨਾਂ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ ਇਸ ਸਰਕਾਰ ਨੇ ਲੋਕਾਂ ਦਾ ਕਚੂੰਮਰ ਕੱਢ ਕੇ ਰੱਖ ਦਿੱਤਾ ਹੈ।ਲੋਕਾਂ ਵਿੱਚ ਅਖੌਤੀ ਭਗਵੰਤ ਮਾਨ ਦਾ ਚਿਹਰਾ ਨੰਗਾ ਹੋ ਚੁੱਕਾ ਹੈ ਅਤੇ ਕਿਸਾਨ ਤੇ ਹੋਰ ਜਥੇਬੰਦੀਆਂ ਸਰਕਾਰ ਵਿਰੁੱਧ ਮੋਰਚੇ ਲਾ ਕੇ ਸਰਕਾਰ ਨੂੰ ਜਗਾਉਣ ਦਾ ਯਤਨ ਕਰ ਰਹੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਝਿਰਮਲ ਸਿੰਘ ਸਾਧਪੁਰ, ਤੇਜਿੰਦਰ ਸਿੰਘ ਸ਼ਾਹ ਤਰਫਾਨ ਆਦਿ ਆਗੂ ਵੀ ਹਾਜ਼ਰ ਸਨ।



## ਸ਼੍ਰੋਮਣੀ ਕਮੇਟੀ ਭਰਤੀ ਕਮੇਟੀ ਨੂੰ ਭਾਈ ਗੁਰਦਾਸ ਹਾਲ ਦੇਣ ਤੋਂ ਵੀ ਮੁੱਕਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਅਕਾਲ ਤਖਤ ਤੋਂ ਮਾਨਤਾ ਪ੍ਰਾਪਤ ਭਰਤੀ ਕਮੇਟੀ ਵੱਲੋਂ ਕੀਤੇ ਜਾ ਰਹੇ ਡੈਲੀਗੇਟ ਇਜਲਾਸ ਨੂੰ ਇੱਕ ਵਾਰੀ ਫਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਝਟਕਾ ਦਿੰਦਿਆਂ ਜਿਥੇ ਪਹਿਲਾਂ ਤੇਜਾ ਸਿੰਘ ਸਮੁੰਦਰੀ ਹਾਲ ਦੇਣ ਤੋਂ ਇਨਕਾਰ ਕਰ ਦਿੱਤਾ ਉਥੇ ਭਾਈ ਗੁਰਦਾਸ ਹਾਲ ਵਿੱਚ ਇਜਲਾਸ ਕਰਨ ਦੀ ਆਗਿਆ ਦੇ ਕੇ ਇਹ ਕਹਿ ਰੱਦ ਕਰ ਦਿੱਤੀ ਕਿ ਇਸ ਇਜਲਾਸ ਵਿੱਚ ਸ੍ਰੀ ਗੁਰੂ ਗ੍ਰੰਥ ਸਹਿਬ ਦਾ ਪ੍ਰਕਾਸ਼ ਨਹੀਂ ਹੋ ਸਕਦਾ ਜਿਸ ਕਾਰਨ ਇਹ ਇਜਲਾਸ ਹੁਣ ਬੁਰਜ ਅਕਾਲੀ ਫੂਲਾ ਸਿੰਘ ਨੇੜੇ ਬੱਸ ਸਟੈਂਡ ਅੰਮ੍ਰਿਤਸਰ ਵਿਖੇ 11 ਅਗਸਤ ਨੂੰ ਸਵੇਰੇ 11 ਵਜੇ ਹੋਵੇਗਾ। ਅਕਾਲੀ ਦਲ ਦੀ ਭਰਤੀ ਕਮੇਟੀ ਵੱਲੋ ਭਰਤੀ ਕੀਤੇ ਗਏ ਡੈਲੀਗੇਟਾਂ ਵਿੱਚ ਸ਼ਾਮਲ ਤੇ ਇਜਲਾਸ ਦੇ ਪ੍ਰਬੰਧਕ ਅਤੇ ਸਿੱਖ ਸਟੂਡੈਂਸ ਫੈਡਰੇਸ਼ਨ ਸਾਬਕਾ ਆਗੂ ਐਡਵੋਕੇਟ ਜਸਬੀਰ ਸਿੰਘ ਘੁੰਮਣ ਨੇ ਕਿਹਾ ਕਿ ਅੱਜ ਜਦੋਂ ਉਹ ਭਾਈ ਗੁਰਦਾਸ ਹਾਲ ਵਿਖੇ ਇਜਲਾਸ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਗਏ ਤਾਂ ਮੈਨੇਜਰ ਦਰਬਾਰ ਸਾਹਿਬ ਭਗਵੰਤ ਸਿੰਘ ਧੰਗੇੜਾ ਨੇ ਕਿਹਾ ਕਿ ਇਸ ਜਗ੍ਹਾ ਤੇ ਸ਼੍ਰੀ ਗੁਰੂ ਗੰਥ ਸਾਹਿਬ ਦਾ ਪ੍ਰਕਾਸ਼ ਨਹੀਂ ਹੋ ਸਕਦਾ ਕਿਉਂਕਿ ਜਦੋਂ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਦੀ ਚੋਣ ਹੋਈ ਸੀ ਤਾਂ ਉਥੇ ਵੀ ਪ੍ਰਕਾਸ਼ ਨਹੀ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਨੂੰ ਕਿਹਾ ਗਿਆ ਕਿ ਇਜਲਾਸ ਅਕਾਲੀ ਦਲ ਦਾ ਹੋ ਰਿਹਾ ਹੈ ਤਾਂ ਉਨ੍ਹਾਂ ਕਿਹਾ ਕਿ ਉਪਰੋਂ ਹੁਕਮ ਹਨ, ਇਸ ਬਾਰੇ ਤਾਂ ਉਪਰਲੇ ਹੀ ਦੱਸ ਸਕਦੇ ਹਨ। ਜਦੋਂ ਇਸ ਬਾਬਤ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਫੋਨ ਨਹੀ ਚੁੱਕਿਆ। ਉਨ੍ਹਾਂ ਕਿਹਾ ਕਿ ਹੁਣ ਇਹ ਇਜਲਾਸ ਅਕਾਲੀ ਫੂਲਾ ਸਿੰਘ ਬੁਰਜ ਵਿਖੇ ਹੋਵੇਗਾ। ਭਰਤੀ ਕਮੇਟੀ ਵਿੱਚ ਸ਼ਾਮਲ ਬੀਬੀ ਸਤਵੰਤ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਤੋਂ ਬਗੈਰ ਅਕਾਲੀ ਦਲ ਇਜਲਾਸ ਨਹੀ ਹੋ ਸਕਦਾ, ਇਸ ਗੱਲ ਦੀ ਇਨਕਾਰ ਕਰਨ ਵਾਲਿਆਂ ਨੂੰ ਭਲੀਭਾਂਤ ਜਾਣਕਾਰੀ ਹੋਣੀ ਚਾਹੀਦੀ ਹੈ।



ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦੇ ਤਿਉਹਾਰ ਮੌਕੇ ਪਿੰਡ ਧਾਰੀਵਾਲ ਕਲਾਂ ਵਾਸੀ ਇਕ ਨੰਨ੍ਹੀ ਭੈਣ ਗੁਰਜਪ ਕੌਰ ਚੀਮਾ ਆਪਣੇ ਨੰਨ੍ਹੇ ਭਰਾ ਪ੍ਰਭਜੋਤ ਸਿੰਘ ਚੀਮਾ ਦੇ ਗੁੱਟ 'ਤੇ ਰੱਖੜੀ ਬੰਨ੍ਹਦੀ ਹੋਈ। (ਫੋਟੋ ਤੇ ਵੇਰਵਾ : ਮਨਦੀਪ ਸਿੰਘ ਵਿੱਕੀ)

# ਅਕਾਲੀ ਦਲ ਦੀ ਸਰਕਾਰ ਬਣਨ 'ਤੇ 'ਆਪ' ਸਰਕਾਰ ਵੱਲੋਂ ਐਕਵਾਇਰ ਕੀਤੀ ਸਾਰੀ ਜ਼ਮੀਨ ਕਿਸਾਨਾਂ ਨੂੰ ਵਾਪਸ ਕਰਾਂਗੇ : ਬਾਦਲ

**● ਮਜੀਠੀਆ ਨੂੰ ਹੋਰ ਝੂਠੇ ਕੇਸਾਂ 'ਚ ਫਸਾਉਣ ਵਾਸਤੇ ਅਕਾਲੀ ਵਰਕਰਾਂ ਨੂੰ ਤੰਗ-ਪ੍ਰੇਸ਼ਾਨ ਕਰਨ ਦੀ ਕੀਤੀ ਨਿਖੇਧੀ**

**ਬਾਬਾ ਬਕਾਲਾ (ਅੰਮ੍ਰਿਤਸਰ) (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਪੰਜਾਬੀਆਂ ਨੂੰ ਭਰੋਸਾ ਦੁਆਇਆ ਕਿ ਸੂਬੇ ਵਿਚ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ ਐਕਵਾਇਰ ਕੀਤੀ ਸਾਰੀ ਜ਼ਮੀਨ ਉਸੇ ਤਰੀਕੇ ਕਿਸਾਨਾਂ ਨੂੰ ਵਾਪਸ ਕੀਤੀ ਜਾਵੇਗੀ ਜਿਵੇਂ 2016 ਵਿਚ ਸਤਲੁਜ ਯਮੁਨਾ ਲਿੰਕ ਨਹਿਰ ਦੀ ਜ਼ਮੀਨ ਵਾਪਸ ਕੀਤੀ ਗਈ ਸੀ।ਇਥੇ ਰੱਖੜ ਪੁੰਨਿਆ 'ਤੇ ਵਿਸ਼ਾਲ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਸੀਂ ਬਹੁਤ ਸਪਸ਼ਟ ਹਾਂ, ਅਸੀਂ ਆਪਣੀ ਜਾਨ ਕੁਰਬਾਨ ਕਰ ਸਕਦੇ ਹਾਂ ਪਰ ਅਸੀਂ ਜਬਰੀ ਕਿਸਾਨਾਂ ਤੋਂ ਇਕ ਇੰਚ ਵੀ ਜ਼ਮੀਨ ਐਕਵਾਇਰ ਨਹੀਂ ਕਰਨ ਦਿਆਂਗੇ। ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਅਸੀਂ 1 ਸਤੰਬਰ ਤੋਂ ਜ਼ਮੀਨ ਬਚਾਓ ਮੋਰਚਾ ਸ਼ੁਰੂ ਕਰਨ ਲੱਗੇ ਹਾਂ ਤੇ ਇਸ ਮੋਰਚੇ ਵਿਚ ਰੋਜ਼ਾਨਾ ਮੁਹਾਲੀ ਦੇ ਗੁਰਦੁਆਰਾ ਅੰਬ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਨਵੇਂ ਸ਼ੀਸ਼ ਮਹਿਲ ਤੱਕ ਮਾਰਚ ਕੱਢਿਆ ਜਾਵੇਗਾ।ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਹੀ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਵਾਸਤੇ ਡਟਿਆ ਹੈ।ਉਨ੍ਹਾਂ ਕਿਹਾ ਕਿ ਇਕ ਵਾਰ 2027 ਵਿਚ ਅਸੀਂ ਸਰਕਾਰ ਬਣਾ ਲਈ ਤਾਂ ਬਾਹਰਲਿਆਂ ਦੇ ਪੰਜਾਬ ਵਿਚ ਜ਼ਮੀਨ ਖਰੀਦਣ 'ਤੇ ਪਾਬੰਦੀ ਲਗਾਵਾਂਗੇ।ਅਸੀਂ ਇਹ ਵੀ ਯਕੀਨੀ ਬਣਾਵਾਂਗੇ ਕਿ ਸਰਕਾਰੀ ਨੌਕਰੀਆਂ ਸਿਰਫ ਪੰਜਾਬੀਆਂ ਨੂੰ ਹੀ ਮਿਲਣ ਅਤੇ ਨਿੱਜੀ ਕੰਪਨੀਆਂ ਲਈ ਵੀ ਨਵੀਂ ਭਰਤੀ ਵਿਚ 80 ਫੀਸਦੀ ਪੰਜਾਬੀ ਮੁਲਾਜ਼ਮ ਰੱਖਣੇ ਲਾਜ਼ਮੀ ਕਰਾਂਗੇ।ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਆਟਾ ਦਾਲ ਤੇ ਸ਼ਗਨ ਸਕੀਮ ਮੁੜ ਤੋਂ ਸ਼ੁਰੂ ਕੀਤੀ ਜਾਵੇਗੀ ਅਤੇ ਬੁਢਾਪਾ ਪੈਨਸ਼ਨ ਵਿਚ ਵਾਧਾ ਕੀਤਾ ਜਾਵੇਗਾ।ਉਨ੍ਹਾਂ ਬਿਕਰਮ ਸਿੰਘ ਮਜੀਠੀਆ ਖਿਲਾਫ ਝੂਠਾ ਕੇਸ ਦਰਜ ਕਰ ਕੇ ਉਨ੍ਹਾਂ ਦੀ ਆਵਾਜ਼ ਦਬਾਉਣ ਦੇ ਯਤਨ ਕਰਨ ਲਈ ਆਪ ਸਰਕਾਰ ਦੀ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਸਰਦਾਰ ਮਜੀਠੀਆ ਨੂੰ ਹੋਰ ਝੂਠੇ ਕੇਸਾਂ ਵਿਚ ਫਸਾਉਣ ਵਾਸਤੇ ਪੁਲਸ ਅਕਾਲੀ ਦਲ ਦੇ ਵਰਕਰਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਗੁਲਜ਼ਾਰ ਸਿੰਘ ਰਣੀਕੇ, ਡਾ. ਦਲਜੀਤ ਸਿੰਘ ਚੀਮਾ, ਸੁੱਚਾ ਸਿੰਘ ਲੰਗਾਹ, ਲਖਬੀਰ ਸਿੰਘ ਲੋਧੀਨੰਗਲ, ਵੀਰ ਸਿੰਘ ਲੋਪੋਕੇ, ਬੰਦੀ ਸਿੰਘ ਭਾਈ ਗੁਰਦੀਪ ਸਿੰਘ ਖੇੜਾ, ਬਲਜੀਤ ਸਿੰਘ ਜਲਾਲਉਸਮਾ, ਸਤਿੰਦਰ ਸਿੰਘ ਛੱਜਲਵੱਡੀ, ਰਾਜਵਿੰਦਰ ਸਿੰਘ ਰਾਜਾ ਲਾਦੇਹ, ਅਲਵਿੰਦਰਪਾਲ ਸਿੰਘ ਪੱਖੋਕੇ, ਜੋਧ ਸਿੰਘ ਸਮਰਾ, ਇਕਬਾਲ ਸਿੰਘ ਸੰਧੂ, ਨਰਿੰਦਰ ਕੁਮਾਰ ਬਹਿਲ, ਰਵਿੰਦਰ ਸਿੰਘ ਬ੍ਰਹਮਪੁਰਾ, ਗੁਰਇਕਬਾਲ ਸਿੰਘ ਮਾਹਲ, ਗੌਰਵ ਵਲਟੋਹਾ ਅਤੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੇ ਵੀ ਸੰਬੋਧਨ ਕੀਤਾ।



# ਦੇਸ ਰਾਜ ਡੀਏਵੀ ਪਬਲਿਕ ਸਕੂਲ 'ਚ ਰੱਖੜੀ ਬਣਾਉਣ ਦੀ ਪ੍ਰਤੀਯੋਗਤਾ ਕਰਵਾਈ




**ਬਟਾਲਾ (ਡਾ. ਮਲਵਿੰਦਰ ਸਿੰਘ)**- ਬੀਤੇ ਦਿਨੀਂ ਦੇਸ ਰਾਜ ਡੀਏਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਰੱਖੜੀ ਦੇ ਤਿਉਹਾਰ ਮੌਕੇ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਜਿਸ ਵਿੱਚ ਸਕੂਲ ਦੀ ਮੈਨੇਜਰ ਹਰਪ੍ਰੀਤ ਕੌਰ ਅਤੇ ਪ੍ਰਿੰਸੀਪਲ ਸਵਿਤਾ ਭਾਸਕਰ, ਸਮੂਹ ਅਧਿਆਪਕ ਅਤੇ ਸਾਰੇ ਵਿਦਿਆਰਥੀ ਸ਼ਾਮਲ ਸਨ।ਇਸ ਮੌਕੇ ਰੱਖੜੀ ਬਣਾਉਣ ਦੀ ਪ੍ਰਤੀਯੋਗਤਾ ਕਰਵਾਈ ਗਈ। ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਇਸ ਪ੍ਰਤੀਯੋਗਤਾ ਵਿਚ ਹਿੱਸਾ ਲਿਆ।ਉਨ੍ਹਾਂ ਬਹੁਤ ਹੀ ਸੁੰਦਰ ਰੱਖੜੀਆਂ ਬਣਾਈਆਂ।ਕੁਝ ਬੱਚਿਆਂ ਨੇ ਆਪਣੇ ਭਰਾਵਾਂ ਲਈ ਕਾਰਡ ਵੀ ਬਣਾਏ। ਪ੍ਰਿੰ. ਸਵਿਤਾ ਭਾਸਕਰ ਨੇ ਵਿਦਿਆਰਥੀਆਂ ਵੱਲੋਂ ਬਣਾਈਆਂ ਗਈਆਂ ਰੱਖੜੀਆਂ ਨੂੰ ਵੇਖਿਆ ਅਤੇ ਉਨ੍ਹਾਂ ਨੂੰ ਇਸ ਕਲਾ ਲਈ ਹੋਰ ਉਤਸ਼ਾਹਿਤ ਕੀਤਾ ।ਉਨ੍ਹਾਂ ਕਿਹਾ ਕਿ ਸਾਨੂੰ ਭੈਣ ਭਰਾ ਦੇ ਇਸ ਪਵਿੱਤਰ ਰਿਸ਼ਤੇ ਦਾ ਸਨਮਾਨ ਕਰਨਾ ਚਾਹੀਦਾ ਹੈ।ਹਰ ਤਰ੍ਹਾਂ ਦੀ ਮੁਸ਼ਕਿਲ 'ਚ ਭਰਾਵਾਂ ਨੂੰ ਭੈਣਾਂ ਦੀ ਰੱਖਿਆ ਕਰਨੀ ਚਾਹੀਦੀ ਹੈ ।

# ਬਾਬਾ ਬਕਾਲਾ ਸਾਹਿਬ ਦੀ ਥਾਂ ਅਨਾਜ ਮੰਡੀ ਰਈਆ ਵਿਖੇ ਹੋਵੇਗੀ ਜ਼ਮੀਨ ਬਚਾਓ ਰੈਲੀ : ਭੋਜਰਾਜ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- 16 ਨੂੰ ਅਨਾਜ ਮੰਡੀ ਰਈਆ ਵਿਖੇ ਹੋਣ ਵਾਲੀ ਜ਼ਮੀਨ ਬਚਾਓ ਰੈਲੀ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਜ਼ੋਨ ਵਡਾਲਾ ਬਾਂਗਰ ਦੀ ਮੀਟਿੰਗ ਗੁਰਦੁਆਰਾ ਬਾਉਲੀ ਸਾਹਿਬ ਵਡਾਲਾ ਬਾਂਗਰ ਵਿਖੇ ਅਤੇ ਜੋਨ ਛੋਟੇਪੁਰ ਦੀ ਮੀਟਿੰਗ ਪਿੰਡ ਛੋਟੇਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਦੇ ਆਗੂ ਅਤੇ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਨੇ ਕਿਹਾ ਕਿ 16 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਹੋਣ ਵਾਲੀ ਜ਼ਮੀਨ ਬਚਾਓ ਰੈਲੀ ਦੀ ਜਗ੍ਹਾ ਮੌਸਮ ਅਤੇ ਘੱਟ ਜਗ੍ਹਾ ਕਾਰਨ ਬਦਲ ਕੇ ਅਨਾਜ ਮੰਡੀ ਰਈਆ ਕਰ ਦਿੱਤੀ ਗਈ ਹੈ।ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਹੋਇਆ ਯੂਨੀਅਨ ਦੇ ਲੀਗਲ ਐਡਵਾਈਜ਼ਰ ਐਡਵੋਕੇਟ ਪ੍ਰਭਜੋਤ ਸਿੰਘ ਸਹਾਰੀ ਅਤੇ ਜਿਲ੍ਹਾ ਪ੍ਰਧਾਨ ਗੁਰਜੀਤ ਸਿੰਘ ਕਾਹਲੋਂ ਨੇ ਕਿਹਾ ਕਿ ਸੂਬੇ ਦੀ ਜਰਖੇਜ ਜਮੀਨ ਨੂੰ ਮੁਫਤ ਅਤੇ ਧੱਕੇ ਨਾਲ ਕਿਸਾਨਾਂ ਤੋਂ ਖੋਹਣ ਦੀ ਪਾਲਸੀ ਦਾ ਨਾਮ ਹੈ ਲੈਂਡ ਪੂਲਿੰਗ ਪਾਲਸੀ। ਪੰਜਾਬ ਵਿੱਚ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ, ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਉਤੇ ਚਲਦਿਆਂ ਹੋਇਆਂ ਕਿਸਾਨਾਂ ਤੋਂ ਉਪਜਾਊ ਜ਼ਮੀਨਾਂ ਖੋਹ ਕੇ ਕੁਝ ਹਿੱਸਾ ਆਪਣੇ ਨਿੱਜੀ ਮੁਫਾਦਾਂ ਲਈ ਵਰਤਣਾ ਚਾਹੁੰਦੀ ਹੈ ਅਤੇ ਵੱਡਾ ਹਿੱਸਾ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨਾ ਚਾਹੁੰਦੀ ਹੈ।ਕਿਸਾਨ ਆਗੂ ਭੋਜਰਾਜ ਨੇ ਕਿਹਾ ਕਿ ਪੰਜਾਬ ਦੀ ਜਰਖੇਜ਼ ਜ਼ਮੀਨ ਨੂੰ ਪੈਸੇ ਨਾਲ ਨਹੀਂ ਤੋਲਿਆ ਜਾ ਸਕਦਾ ਪੰਜਾਬ ਦੀ ਜਮੀਨ ਬੇਸ਼ਕੀਮਤੀ ਹੈ।ਸੂਬੇ ਦੇ ਕਿਸਾਨ ਕਿਸੇ ਵੀ ਲਾਲਚ ਵਿੱਚ ਆ ਕੇ ਸਰਕਾਰ ਨੂੰ ਇਸ ਜਮੀਨ ਉੱਤੇ ਕਾਬਜ ਨਹੀਂ ਹੋਣ ਦੇਣਗੇ।ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਤੁਰੰਤ ਲੈਂਡ ਪੂਲਿੰਗ ਪਾਲਿਸੀ ਨੂੰ ਰੱਦ ਕਰੇ ਨਹੀਂ ਤਾਂ ਗੁੱਸੇ ਵਿੱਚ ਆਏ ਹੋਏ ਸੂਬੇ ਦੇ ਕਿਸਾਨ ਸੜਕਾਂ ਉਤੇ ਉਤਰ ਆਉਣਗੇ। ਕਿਸਾਨ ਆਗੂ ਭੋਜਰਾਜ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਦੇ ਬੈਨਰ ਹੇਠ 16 ਅਗਸਤ ਨੂੰ ਅਨਾਜ ਮੰਡੀ ਰਈਆ ਵਿਖੇ ਹੋਣ ਵਾਲੀ ਜ਼ਮੀਨ ਬਚਾਓ ਰੈਲੀ ਵਿੱਚ ਮਾਝੇ ਅਤੇ ਦੋਆਬੇ ਦੇ ਕਿਸਾਨਾਂ ਦੀ ਭਾਰੀ ਇਕੱਤਰਤਾ ਹੋਵੇਗੀ, ਜੋ ਸੂਬਾ ਅਤੇ ਕੇਂਦਰ ਸਰਕਾਰ ਦੇ ਸਾਰੇ ਭੁਲੇਖੇ ਦੂਰ ਕਰ ਦੇਵੇਗੀ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 16 ਸਤੰਬਰ ਨੂੰ : ਲੰਗਾਹ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸ੍ਰੀ ਗੁਰੂ ਨਾਨਕ ਦੇਵ ਜੀ ਚਰਨ ਛੋਹ ਪ੍ਰਾਪਤ ਕਸਬਾ ਡੇਰਾ ਬਾਬਾ ਨਾਨਕ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਅੱਜ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਪਾਰਟੀ ਵਰਕਰਾਂ ਦੀ ਇੱਕ ਭਰਵੀਂ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਮਨਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਇਸ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਅਤੇ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਸ਼੍ਰੀ ਖਡੂਰ ਸਾਹਿਬ ਵਾਲਿਆਂ ਦੇ ਵਿਸ਼ੇਸ਼ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 16 ਸਤੰਬਰ ਨੂੰ ਕਰਵਾਇਆ ਜਾਵੇਗਾ ।ਉਨ੍ਹਾਂ ਕਿਹਾ ਕਿ 14 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, 16 ਸਤੰਬਰ ਦਿਨ ਮੰਗਲਵਾਰ ਨੂੰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਮਤਿ ਸਮਾਗਮ ਹੋਣਗੇ, ਜਿਸ ਵਿੱਚ ਪੰਥ ਪ੍ਰਸਿੱਧ ਸ਼ਖ਼ਸੀਅਤਾਂ, ਰਾਗੀ, ਢਾਡੀ, ਕਵੀਸ਼ਰੀ ਜਥੇ ਅਤੇ ਪ੍ਰਚਾਰਕ ਗੁਰਬਾਣੀ ਕੀਰਤਨ ਅਤੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ ।ਉਨ੍ਹਾਂ ਕਿਹਾ ਕਿ ਇਸ ਗੁਰਮਤਿ ਸਮਾਗਮ ਮੌਕੇ ਸਿੰਘ ਸਾਹਿਬ ਗਿਆਨੀ ਕੁਲਬੀਰ ਸਿੰਘ ਜੀ ਗੜਗੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸ਼੍ਰੀ ਅੰਮ੍ਰਿਤਸਰ ਸਾਹਿਬ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਅਤੇ ਸਮੂਹ ਮੈਂਬਰ ਸਾਹਿਬਾਨ ਜਾਇਦਾਦ ਸਬ-ਕਮੇਟੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਸੰਗਤਾਂ ਦੇ ਦਰਸ਼ਨ ਕਰਨਗੇ ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਉਹ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਸ਼ਾਮਲ ਹੋਣ ਤੇ ਗੁਰੂ ਦਾ ਅਸ਼ੀਰਵਾਦ ਪ੍ਰਾਪਤ ਕਰਨ ।ਇਸ ਮਹਾਨ ਗੁਰਮਤਿ ਸਮਾਗਮ ਮਨਾਉਣ ਸਬੰਧੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਮੈਨੇਜਰ ਸਤਨਾਮ ਸਿੰਘ ਗੋਸਲ਼ ਵੱਲੋਂ ਇਸ਼ਤਿਹਾਰ ਜਾਰੀ ਕੀਤਾ ਗਿਆ। ਇਸ ਮੌਕੇ ਬਲਵਿੰਦਰ ਸਿੰਘ ਢਿੱਲਵਾਂ ਸਰਲਕ ਪ੍ਰਧਾਨ ਕੋਟਲੀ, ਤੇਜਬੀਰ ਸਿੰਘ ਦਿਉਲ ਪੀ ਏ ਲੰਗਾਹ, ਕੁਲਦੀਪ ਸਿੰਘ ਰਿਆੜ, ਜਸਪਿੰਦਰ ਸਿੰਘ ਝੰਗੀ, ਅੰਮ੍ਰਿਤ ਪਾਲ ਸਿੰਘ ਭਿੰਡਰ ਸ਼ੋਸ਼ਲ ਮੀਡੀਆ ਇੰਚਾਰਜ, ਚੇਅਰਮੈਨ ਸਰਬਜੀਤ ਸਿੰਘ ਸਾਬੀ ਫੱਤੂਪੁਰ, ਸਾਬਕਾ ਕੌਂਸਲਰ ਧਰਮਪਾਲ ਸਿੰਘ ਮੱਤਰੀ, ਹਰਸਿਮਰਤ ਸਿੰਘ ਬਾਜਵਾ ਵੈਰੋਕੇ, ਸਤਨਾਮ ਸਿੰਘ ਠੇਠਰਕੇ, ਗੁਰਪ੍ਰੀਤ ਸਿੰਘ ਬਾਦਲ, ਬਲਜੀਤ ਸਿੰਘ ਠੇਠਰਕੇ, ਗੁਰਪ੍ਰੀਤ ਸਿੰਘ ਗੁਰਚੱਕ, ਬਲਜੀਤ ਸਿੰਘ ਸਰਪੰਚ ਖੰਨਾ, ਚੈਂਚਲ ਸਿੰਘ ਵੈਰੋਕੇ, ਹਰਜੀਤ ਸਿੰਘ ਬਿੱਟਾ ਸਿੰਘਪੁਰਾ, ਨਰਿੰਦਰ ਸਿੰਘ ਬਾਠ ਝੰਗੀ, ਸੁਖਵਿੰਦਰ ਸਿੰਘ ਝੰਗੀ, ਜਸਵਿੰਦਰ ਸਿੰਘ ਝੰਗੀ, ਇਸਪੈਕਟਰ ਸਵਰਨ ਸਿੰਘ, ਅਸ਼ੋਕ ਕੁਮਾਰ, ਨਿਰਮਲ ਸਿੰਘ ਹਰੂਵਾਲ, ਕਸ਼ਮੀਰ ਸਿੰਘ ਸਰਪੰਚ ਰਣਸੀਕੇ, ਯੂਥ ਪ੍ਰਧਾਨ ਗੁਰਜਿੰਦਰ ਸਿੰਘ ਅਠਵਾਲ, ਲਖਬੀਰ ਸਿੰਘ ਖੁੰਡਾ ਪੀ ਏ, ਤਰਸੇਮ ਸਿੰਘ ਲਾਲੀ ਪੀ ਏ, ਸੁਰਜੀਤ ਸਿੰਘ ਚਾਂਕਾਵਾਲ਼ੀ, ਰਣਜੋਧ ਸਿੰਘ ਮੈਂਬਰ ਝੰਗੀ, ਡਾਕਟਰ ਬਲਰਾਜ ਸਿੰਘ ਕੋਟਲੀ, ਇੰਸਪੈਕਟਰ ਗੁਰਮੇਜ ਸਿੰਘ ਕੋਟਲੀ, ਸਵਰਨ ਸਿੰਘ ਧਾਰੀਵਾਲ, ਬਾਪੂ ਅਮਰੀਕ ਸਿੰਘ ਵੈਰੋਕੇ, ਬੰਟੀ ਸਮਰਾ, ਪ੍ਰਿਤਪਾਲ ਸਿੰਘ ਅਠਵਾਲ, ਬਲਜੀਤ ਸਿੰਘ ਸਰਪੰਚ ਹਰੀਮਾਬਾਦ, ਲਖਵਿੰਦਰ ਸਿੰਘ ਢਿੱਲਵਾਂ, ਸੁਖਵਿੰਦਰ ਸਿੰਘ ਪਕੀਵਾਂ, ਪ੍ਰਬੋਧ ਸਿੰਘ ਝੰਗੀ, ਜੋਗਿੰਦਰ ਸਿੰਘ ਮੱਤਰੀ, ਅਮਰਜੀਤ ਸਿੰਘ ਸਿੰਘਪੁਰਾ, ਪਲਵਿੰਦਰ ਸਿੰਘ ਰਾਮ ਦਿਵਾਲੀ, ਬਿੱਟੂ ਸ਼ਾਮਪੁਰਾ, ਸੁੱਖ ਸ਼ਾਮਪੁਰਾ, ਹਰਜੀਤ ਸਿੰਘ ਧਰਮਾਬਾਦ, ਹਰਜੀਤ ਸਿੰਘ ਧਰਮਾਬਾਦ, ਗੁਰਮੇਜ ਸਿੰਘ ਗੋਲਾ ਟੋਲਾ, ਬਲਵਿੰਦਰ ਸਿੰਘ ਰੱਤੜ-ਛੱਤੜ, ਸੁਰਜੀਤ ਸਿੰਘ ਖਾਨੋਵਾਲ, ਸੁਖਵਿੰਦਰ ਸਿੰਘ ਕਲਾਨੌਰ, ਹਰਵੰਤ ਸਿੰਘ ਗੋਸਲ, ਹਰਪਾਲ ਸਿੰਘ ਕੋਟਲੀ, ਹਰਜਿੰਦਰ ਸਿੰਘ ਲਾਲੇਨੰਗਲ, ਦਿਲਬਾਗ ਸਿੰਘ ਰਾਏਚੱਕ, ਬਚਨ ਸਿੰਘ ਨਿੱਕੋ ਸਰਾਏ, ਜਗਦੀਪ ਸਿੰਘ ਪ੍ਰਚਾਰਕ ਕਲਾਨੌਰ, ਸੰਦੀਪ ਸਿੰਘ ਢਿੱਲਵਾਂ, ਮਲਕੀਤ ਸਿੰਘ ਮਹਿਮੇਚੱਕ, ਸੁਖਰਾਜ ਸਿੰਘ ਤਲਵੰਡੀ ਰਾਮਾ, ਮਨਪ੍ਰੀਤ ਸਿੰਘ ਦਾਦੂਜੋਧ, ਗੁਰਪ੍ਰੀਤ ਸਿੰਘ ਧਰਮਕੋਟ, ਪ੍ਰਗਟ ਸਿੰਘ ਮੂਲੋਵਾਲੀ, ਸੋਨੂੰ ਅਹਿਮਦਾਬਾਦ ਆਦਿ ਹਾਜ਼ਰ ਸਨ ।



# 5 ਦਿਨਾ ਨੌਰਥ ਜ਼ੋਨ 5ਜੀ ਯੂਜ਼ ਕੇਸ ਲੈਬ ਤਕਨਾਲੋਜੀ ਵਰਕਸ਼ਾਪ ਦਾ ਆਯੋਜਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇਲੈਕਟ੍ਰੋਨਿਕਸ ਟੈਕਨਾਲੋਜੀ ਵਿਭਾਗ ਵੱਲੋਂ ਵਿਭਾਗ ਦੇ ਮੁਖੀ ਡਾ. ਰਵਿੰਦਰ ਕੁਮਾਰ ਦੀ ਦੇਖ ਰੇਖ ਹੇਠ ਵੱਲੋਂ 5 ਦਿਨਾਂ ਨੌਰਥ ਜ਼ੋਨ 5ਜੀ ਯੂਜ਼ ਕੇਸ ਲੈਬ ਤਕਨਾਲੋਜੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਿਭਾਗ ਨੇ ਭਾਰਤ ਸਰਕਾਰ ਦੇ ਸੰਚਾਰ ਮੰਤਰਾਲੇ ਦੇ ਟੈਲੀਕਮਿਊਨੀਕੇਸ਼ਨ ਵਿਭਾਗ ਨਾਲ ਸਹਿਯੋਗ ਨਾਲ '5ਜੀ ਯੂਜ਼ ਕੇਸ ਲੈਬ' ਦੀ ਸਥਾਪਨਾ ਕੀਤੀ ਹੈ। ਇਸ ਸਹੂਲਤ ਦੀ ਪਹੁੰਚ ਨੂੰ ਹੋਰ ਵਧਾਉਣ ਲਈ ਕੈਂਪਸ ਵਿਖੇ ਨੌਰਥ ਜ਼ੋਨ ਦੇ ਸੰਸਥਾਨਾਂ ਲਈ 5 ਦਿਨਾਂ ਦਾ ਫਿਜ਼ੀਕਲ ਟ੍ਰੇਨਿੰਗ ਪ੍ਰੋਗਰਾਮ ਆਯੋਜਿਤ ਵਰਕਸ਼ਾਪ ਵਿੱਚ ਨਾਮੀ ਸੰਸਥਾਵਾਂ ਜਿਵੇਂ ਕਿ ਐਨ.ਆਈ.ਟੀ. ਜਲੰਧਰ, ਯੂ.ਆਈ.ਈ.ਟੀ. ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਪੀ.ਈ.ਸੀ. ਚੰਡੀਗੜ੍ਹ, ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਪਟਿਆਲਾ, ਆਈ.ਆਈ.ਟੀ. ਰੋਪੜ ਅਤੇ ਮੇਜ਼ਬਾਨ ਸੰਸਥਾ ਜੀ.ਐਨ.ਡੀ.ਯੂ. ਅੰਮ੍ਰਿਤਸਰ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ।ਟੈਲੀਕਮਿਊਨੀਕੇਸ਼ਨ ਕੰਸਲਟੈਂਟਸ ਇੰਡੀਆ ਲਿਮਿਟਿਡ (ਟੀਸੀਆਈਐੱਲ) ਦੇ ਮਾਹਿਰਾਂ ਵੱਲੋਂ ਸੈਸ਼ਨ ਆਯੋਜਿਤ ਕੀਤੇ ਜਾ ਰਹੇ ਹਨ, ਜੋ 5ਜੀ ਐਪਲੀਕੇਸ਼ਨਾਂ ਅਤੇ ਭਵਿੱਖ ਦੀਆਂ ਟੈਲੀਕਮਿਊਨੀਕੇਸ਼ਨ ਪ੍ਰਵਿਰਤੀਆਂ ਬਾਰੇ ਉਦਯੋਗਿਕ ਗਿਆਨ ਅਤੇ ਵਿਹਾਰਕ ਸਮਝ ਪ੍ਰਦਾਨ ਕੀਤੀ। ਉਦਘਾਟਨ ਸਮਾਰੋਹ ਦੌਰਾਨ ਵਿਭਾਗ ਦੇ ਮੁਖੀ ਡਾ. ਰਵਿੰਦਰ ਕੁਮਾਰ ਨੇ ਆਯੋਜਕ ਟੀਮ ਨੂੰ ਵਧਾਈ ਦਿੱਤੀ ਅਤੇ 5ਜੀ ਵਰਗੀਆਂ ਅਗਲੀ ਪੀੜ੍ਹੀ ਦੀਆਂ ਤਕਨਾਲੋਜੀਆਂ ਦੀ ਸਮਝ ਹਾਸਲ ਕਰਕੇ ਉਦਯੋਗ ਲਈ ਤਿਆਰ ਰਹਿਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਨੇ ਅਜਿਹੀਆਂ ਪਹਿਲਕਦਮੀਆਂ ਦੀ ਅਕਾਦਮਿਕ ਅਤੇ ਪੇਸ਼ੇਵਰ ਵਿਕਾਸ ਲਈ ਮਹੱਤਤਾ ਨੂੰ ਉਜਾਗਰ ਕੀਤਾ।



# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਰੱਖੜੀ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ ।ਇਸ ਤਿਉਹਾਰ ਮੌਕੇ ਸਕੂਲ ਦੇ ਵਿਦਿਆਰਥੀਆਂ ਦੀਆਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ ਜਿਹਨਾਂ ਵਿੱਚ ਜਮਾਤ ਨਰਸਰੀ ਤੋਂ ਦੂਸਰੀ ਤੱਕ ਦੇ ਵਿਦਿਆਰਥੀਆ ਵੱਲੋਂ ਰੰਗ ਬਿਰੰਗੀਆਂ ਰੱਖੜੀਆਂ ਬਣਾਉਣ ਦੀ ਗਤੀਵਿਧੀ, ਜਮਾਤ ਤੀਜੀ ਤੋਂ ਚੌਥੀ ਤੱਕ ਦੇ ਵਿਦਿਆਰਥੀਆਂ ਦੀ ਫੋਟੋ ਫਰੇਮ ਬਣਾਉਣ ਦੀ ਗਤੀਵਿਧੀ ਅਤੇ ਜਮਾਤ ਪੰਜਵੀ ਤੋਂ ਛੇਵੀਂ ਤੱਕ ਦੇ ਵਿਦਿਆਰਥੀਆਂ ਦੀ ਦੀਵਾਰ ਸਜਾਉਣ ਲਈ ਲੜੀਆਂ ਬਣਾਉਣ ਦੀ ਗਤੀਵਿਧੀ,ਜਮਾਤ ਸੱਤਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੀ ਪੱਖੀਆਂ ਬਣਾਉਣ ਅਤੇ ਜਮਾਤ ਨੌਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਦੀ ਥਾਲੀ ਡੈਕੋਰੇਸ਼ਨ ਗਤੀਵਿਧੀ ਕਰਵਾਈ ਗਈ ।ਇਨ੍ਹਾਂ ਗਤੀਵਿਧੀਆਂ ਸਮੇਂ ਵਿਦਿਆਰਥੀ ਬਹੁਤ ਹੀ ਉਤਸ਼ਾਹਿਤ ਨਜ਼ਰ ਆ ਰਹੇ ਸਨ। ਵਿਦਿਆਰਥੀਆਂ ਨੇ ਆਪਣੀ ਵਧੀਆ ਕਲਾ ਦਾ ਪ੍ਰਦਰਸ਼ਨ ਕੀਤਾ। ਛੋਟੇ-ਛੋਟੇ ਵਿਦਿਆਰਥੀਆਂ ਵੱਲੋਂ ਆਪਣੇ ਛੋਟੇ ਛੋਟੇ ਹੱਥਾਂ ਨਾਲ ਬਣਾਈਆਂ ਗਈਆਂ ਰੱਖੜੀਆਂ ਨੇ ਸਭ ਦਾ ਮਨ ਮੋਹ ਲਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਵੱਲੋਂ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਰੱਖੜੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਉਨ੍ਹਾਂ ਨੇ ਕਿਹਾ ਕਿ ਸਕੂਲਾਂ ਵਿੱਚ ਇਸ ਤਰਾਂ ਤਿਉਹਾਰ ਮਨਾਉਣ ਦੇ ਨਾਲ ਜਿੱਥੇ ਵਿਦਿਆਰਥੀਆਂ ਸਿਖਿਆਤਮਕ ਅਤੇ ਰਚਨਾਤਮਕ ਵਿਕਾਸ ਹੁੰਦਾ ਹੈ ਉਥੇ ਨਾਲ ਹੀ ਵਿਦਿਆਰਥੀਆਂ ਨੂੰ ਵੱਖ -ਵੱਖ ਤਿਉਹਾਰਾਂ ਦੀ ਜਾਣਕਾਰੀ ਪ੍ਰਾਪਤ ਹੁੰਦੀ ਹੈ ਤੇ ਉਨ੍ਹਾਂ ਦਾ ਸਭਿਆਚਾਰਕ ਵਿਕਾਸ ਵੀ ਹੁੰਦਾ ਹੈ।ਇਸ ਲਈ ਸਕੂਲਾਂ ਵਿੱਚ ਇਹਨਾਂ ਤਿਉਹਾਰਾਂ ਨੂੰ ਜ਼ਰੂਰ ਮਨਾਉਣਾ ਚਾਹੀਦਾ ਹੈ।



# ਟਰੰਪ ਦੇ ਦਬਾਅ ਨਾਲ ਖੇਤੀ ਸੈਕਟਰ ਅਤੇ ਦੇਸ਼ ਦੀ ਪ੍ਰਭੁਸੱਤਾ ਨੂੰ ਖਤਰਾ : ਐੱਸ ਕੇ ਐੱਮ

**ਪਠਾਨਕੋਟ (ਦਵਿੰਦਰ ਸਿੰਘ)**- ਸੰਯੁਕਤ ਕਿਸਾਨ ਮੋਰਚਾ ਪਠਾਨਕੋਟ ਦੀ ਮੀਟਿੰਗ ਪਠਾਨਕੋਟ ਵਿਖੇ ਹੋਈ, ਜਿਸ ਵਿਚ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ, ਜਮਹੂਰੀ ਕਿਸਾਨ ਸਭਾ ਵੱਲੋਂ ਬਲਦੇਵ ਰਾਜ ਤੇ ਬਲਵੰਤ ਘੋਹ, ਭਾਰਤੀ ਕਿਸਾਨ ਯੂਨੀਅਨ ਵੱਲੋਂ ਕੇਵਲ ਸਿੰਘ ਕੰਗ ਬੂਆ ਸਿੰਘ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਵੱਲੋਂ ਅਮਰੀਕ ਸਿੰਘ, ਭਾਰਤੀ ਕਿਸਾਨ ਯੂਨੀਅਨ ਵੱਲੋਂ ਆਈ ਐਸ ਗੁਲਾਟੀ, ਸ਼ਾਮਲ ਹੋਏ।ਇਸ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਸੂਬਾਈ ਆਗੂਆਂ ਵੱਲੋਂ 13 ਅਗਸਤ ਦੇ ਟ੍ਰੰਪ ਮੋਦੀ ਅਤੇ ਭਗਵੰਤ ਮਾਨ ਦੇ ਪੁਤਲੇ ਫੂਕਣ ਦੇ ਸੱਦੇ ਤੇ ਵਿਚਾਰ ਕੀਤੀ।ਫੈਸਲਾ ਕੀਤਾ ਗਿਆ ਕਿ 13 ਅਗਸਤ ਨੂੰ ਡੀ ਸੀ ਦਫਤਰ ਸਾਹਮਣੇ ਅਤੇ ਬੱਸ ਸਟੈਂਡ ਨਰੋਟ ਜੈਮਲ ਸਿੰਘ ਵਿਖੇ ਇਕੱਤਰ ਹੋ ਕੇ 11 00 ਵਜੇ ਟ੍ਰੰਪ, ਮੋਦੀ ਅਤੇ ਭਗਵੰਤ ਮਾਨ ਦੇ ਪੁਤਲੇ ਫੂਕੇ ਜਾਣਗੇ, ਜਿਸ ਵਿਚ ਟ੍ਰੰਪ ਸਰਕਾਰ ਵੱਲੋਂ 50 ਪ੍ਰਤੀਸ਼ਤ ਭਾਰਤ ਤੇ ਟੈਰਫ ਲਗਾ ਕੇ ਦਬਾਅ ਬਣਾਉਣ ਦਾ ਅਰਥ ਕਿ ਭਾਰਤ ਖੇਤੀ ਸੈਕਟਰ ਨੂੰ ਅਮਰੀਕਾ ਲਈ ਖੋਲ ਦੇਵੇ।ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਸਮਝਦਾ ਹੈ ਕਿ ਖੇਤੀ ਸੈਕਟਰ ਦਾ ਅਮਰੀਕਾ ਲਈ ਖੋਲ੍ਹਣ ਦਾ ਅਰਥ ਖੇਤੀ ਸੈਕਟਰ ਦੀ ਬਰਬਾਦੀ ਹੈ।ਦੁੱਧ ਅਤੇ ਇਸ ਤੋਂ ਬਣੀਆਂ ਵਸਤੂਆਂ ਵਿਚ ਵੀ ਇਨ੍ਹਾਂ ਦਾ ਅਮਰੀਕਾ ਲਈ ਖੋਲ੍ਹਣ ਨਾਲ ਡੇਅਰੀ ਦਾ ਧੰਦਾ ਬਰਬਾਦ ਹੋ ਜਾਵੇਗਾ।ਇਹ ਨੀਤੀ ਮਛਲੀ ਉਦਯੋਗ ਨੂੰ ਵੀ ਬਰਬਾਦ ਕਰ ਦੇਵੇਗੀ।ਰੂਸ ਤੋਂ ਤੇਲ ਨਾ ਖਰੀਦਣ ਦਾ ਦਬਾਅ ਸਾਡੀ ਪ੍ਰਭੂਸੱਤਾ ਤੇ ਹਮਲਾ ਹੈ।ਭਾਰਤ ਲਈ ਇਸ ਖੇਤਰ ਵਿੱਚ ਝੁਕਣ ਦਾ ਅਰਥ ਹੈ ਕਿ ਵਿਦੇਸ਼ ਨੀਤੀ ਦੇ ਮਾਮਲਿਆਂ ਵਿੱਚ ਫੈਸਲਾ ਲੈਣਾ ਅਤੇ ਕੌਮਾਂਤਰੀ ਬਜਾਰ ਵਿੱਚ ਆਪਣੇ ਭਾਈਵਾਲ ਲੱਭਣ ਦੀ ਖੁਦਮੁਖਤਾਰੀ ਗੁਆਉਣਾ ਹੈ।ਉਨ੍ਹਾਂ ਮੰਗ ਕੀਤੀ ਕਿ ਭਾਰਤ ਸਰਕਾਰ ਅਮਰੀਕਾ ਦੇ ਦਬਾਅ ਅੱਗੇ ਝੁਕੇ ਨਾ ਅਤੇ ਆਪਣੇ ਦੇਸ਼ ਦੇ ਹਿੱਤਾਂ ਅਨੁਸਰ ਵਪਾਰ ਕਰੇ।ਦੇਸ਼ ਦੀ ਪ੍ਰਭੂਸੱਤਾ ਦੀ ਰਾਖੀ ਕਰੇ ।ਉਨ੍ਹਾਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਅਜਿਹਾ ਨਹੀਂ ਹੋਣ ਦੇਵੇਗਾ।ਉਨ੍ਹਾਂ ਨੇ ਲੈਂਡ ਪੂਲਿੰਗ ਨੀਤੀ ਨੂੰ ਕਿਸਾਨ ਵਿਰੋਧੀ ਦੱਸਦਿਆਂ ਮੰਗ ਕੀਤੀ ਕਿ ਲੈਂਡ ਪੂਲਿੰਗ ਨੀਤੀ ਰੱਦ ਕੀਤੀ ਜਾਵੇ।ਇਸ ਨੀਤੀ ਵਿਰੁੱਧ 24 ਅਗਸਤ ਦੀ ਸਮਰਾਲਾ ਰੈਲੀ ਵਿੱਚ ਤਿਆਰੀ ਕਰਨ ਅਤੇ ਸ਼ਾਮਲ ਹੋਣ ਲਈ ਪ੍ਰੋਗਰਾਮ ਉਲੀਕਿਆ ਗਿਆ।



ਨਵਾਂ ਜ਼ਮਾਨਾ
ਸੋਮਵਾਰ, 11 ਅਗਸਤ 2025

# ਸਵਾਲ ਟਾਈਮਿੰਗ ਦਾ

ਥਲ ਸੈਨਾ ਮੁਖੀ ਜਨਰਲ ਉਪਿੰਦਰ ਦਿਵੇਦੀ ਤੇ ਹਵਾਈ ਸੈਨਾ ਮੁਖੀ ਏਅਰ ਮਾਰਸ਼ਲ ਅਮਰ ਪ੍ਰੀਤ ਸਿੰਘ ਵੱਲੋਂ ਅਪ੍ਰੇਸ਼ਨ ਸਿੰਧੂਰ ਬਾਰੇ ਦਿੱਤੇ ਗਏ ਬਿਆਨਾਂ ਦੀ ਟਾਈਮਿੰਗ ਨੇ ਹੈਰਾਨ ਕੀਤਾ ਹੈ ਕਿ ਅਪ੍ਰੇਸ਼ਨ ਦੇ ਤਿੰਨ ਮਹੀਨਿਆਂ ਬਾਅਦ ਇਨ੍ਹਾਂ ਨੂੰ ਪਾਕਿਸਤਾਨ ਨੂੰ ਸਬਕ ਸਿਖਾਉਣ ਵਾਲੇ ਬਿਆਨ ਦੇਣ ਦੀ ਕੀ ਲੋੜ ਪੈ ਗਈ। 22 ਅਪ੍ਰੈਲ ਨੂੰ ਕਸ਼ਮੀਰ ਦੇ ਪਹਿਲਗਾਮ ਵਿੱਚ ਦਹਿਸ਼ਤਗਰਦਾਂ ਨੇ 25 ਸੈਲਾਨੀ ਤੇ ਇੱਕ ਸਥਾਨਕ ਘੋੜਾ ਗਾਈਡ ਨੂੰ ਮਾਰ ਦਿੱਤਾ ਸੀ। ਜਨਰਲ ਦਿਵੇਦੀ ਨੇ ਦੱਸਿਆ ਕਿ ਇਸ ਵਾਰਦਾਤ ਦੇ ਅਗਲੇ ਦਿਨ ਤਿੰਨਾਂ ਸੈਨਾਵਾਂ ਦੇ ਮੁਖੀਆਂ ਨੇ ਸਪੱਸ਼ਟ ਕੀਤਾ ਕਿ ਇਸ ਦਾ ਜਵਾਬ ਦੇਣਾ ਜ਼ਰੂਰੀ ਹੈ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸੈਨਾਵਾਂ ਨੂੰ ਫਰੀ ਹੈਂਡ ਦਿੰਦਿਆਂ ਕਿਹਾ ਕਿ ਤੁਸੀਂ ਤੈਅ ਕਰੋ ਕਿ ਕੀ ਕਰਨਾ ਹੈ? ਇਸ ਸਿਆਸੀ ਸਪੱਸ਼ਟਤਾ ਤੇ ਵਿਸ਼ਵਾਸ ਨੇ ਸੈਨਾ ਦਾ ਮਨੋਬਲ ਵਧਾਇਆ। 29 ਅਪ੍ਰੈਲ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਪਹਿਲੀ ਮੀਟਿੰਗ ਹੋਈ। ਸਰਕਾਰ ਦੀ ਸਪੱਸ਼ਟ ਨੀਤੀ 'ਤੇ ਸੈਨਾਵਾਂ ਨੂੰ ਦਿੱਤੀ ਗਈ ਆਜ਼ਾਦੀ ਨੇ ਸੈਨਾ ਦੇ ਕਮਾਂਡਰਾਂ ਨੂੰ ਜ਼ਮੀਨ 'ਤੇ ਆਪਣੀ ਬੁੱਧੀਮਤਾ ਮੁਤਾਬਕ ਕਾਰਵਾਈ ਕਰਨ ਵਿੱਚ ਮਦਦ ਕੀਤੀ। ਅਪ੍ਰੇਸ਼ਨ ਸਿੰਧੂਰ ਦਾ ਨਾਂਅ ਛੋਟਾ ਹੋ ਸਕਦਾ ਹੈ, ਪਰ ਇਸ ਨੇ ਨਾ ਸਿਰਫ ਦਹਿਸ਼ਤਗਰਦਾਂ ਦੇ ਟਿਕਾਣੇ ਨਸ਼ਟ ਕੀਤੇ, ਬਲਕਿ ਪੂਰੇ ਦੇਸ਼ ਵਿੱਚ ਏਕਤਾ ਤੇ ਦ੍ਰਿੜ੍ਹ ਸੰਕਲਪ ਦਾ ਸੰਦੇਸ਼ ਵੀ ਦਿੱਤਾ। ਏਅਰ ਮਾਰਸ਼ਲ ਅਮਰ ਪ੍ਰੀਤ ਸਿੰਘ ਨੇ ਬੇਂਗਲੂਰੂ ਵਿੱਚ ਇੱਕ ਪ੍ਰੋਗਰਾਮ 'ਚ ਕਿਹਾ ਸੀ ਕਿ ਪਾਕਿਸਤਾਨ ਦੇ ਪੰਜ ਲੜਾਕੂ ਜਹਾਜ਼ ਤੇ ਇੱਕ ਨਿਗਰਾਨੀ ਜਹਾਜ਼ ਫੁੰਡਿਆ ਗਿਆ ਸੀ। ਉਨ੍ਹਾ ਪਾਕਿਸਤਾਨ ਵਿੱਚ ਹੋਈ ਤਬਾਹੀ ਦੀਆਂ ਤਸਵੀਰਾਂ ਵੀ ਦਿਖਾਈਆਂ ਸਨ।

ਜਦੋਂ 10 ਮਈ ਨੂੰ ਅਪ੍ਰੇਸ਼ਨ ਚਾਣਚੱਕ ਰੋਕ ਦਿੱਤਾ ਗਿਆ ਤਾਂ ਆਪੋਜ਼ੀਸ਼ਨ ਪਾਰਟੀਆਂ ਨੇ ਸਵਾਲ ਉਠਾਇਆ ਸੀ ਕਿ ਜਦ ਦੇਸ਼ ਦਾ ਹੱਥ ਭਾਰੂ ਸੀ ਤਾਂ ਕਾਰਵਾਈ ਕਿਉਂ ਰੋਕੀ ਗਈ। ਜੰਗਬੰਦੀ ਦਾ ਐਲਾਨ ਵੀ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਪਹਿਲਾਂ ਕੀਤਾ ਸੀ ਤੇ ਉਹ ਹੁਣ ਤੱਕ ਦਾਅਵਾ ਕਰਦਾ ਆ ਰਿਹਾ ਹੈ ਕਿ ਜੰਗ ਉਸ ਨੇ ਰੁਕਵਾਈ। ਭਾਰਤ ਨੇ ਅਜੇ ਤੱਕ ਟਰੰਪ ਦੇ ਦਾਅਵੇ ਨੂੰ ਖੁੱਲ੍ਹ ਕੇ ਨਹੀਂ ਝੁਠਲਾਇਆ।

ਪਾਕਿਸਤਾਨ ਖਿਲਾਫ ਇਸ ਤੋਂ ਪਹਿਲੀਆਂ ਕਾਰਵਾਈਆਂ ਦਾ ਮੋਦੀ ਸਰਕਾਰ ਨੇ ਜਿੰਨਾ ਸਿਆਸੀ ਫਾਇਦਾ ਉਠਾਇਆ ਸੀ, ਅਪ੍ਰੇਸ਼ਨ ਸਿੰਧੂਰ ਤੋਂ ਬਾਅਦ ਉਹ ਦੇਸ਼ ਤੇ ਵਿਦੇਸ਼ਾਂ ਵਿੱਚ ਆਪਣੇ ਹੱਕ ਵਿੱਚ ਹਵਾ ਬਣਾਉਣ 'ਚ ਸਫਲ ਨਹੀਂ ਹੋ ਸਕੀ। ਹੁਣ ਥਲ ਸੈਨਾ ਤੇ ਹਵਾਈ ਸੈਨਾ ਦੇ ਮੁਖੀ ਅਪ੍ਰੇਸ਼ਨ ਦੀ ਸਫਲਤਾ ਤੇ ਸਰਕਾਰ ਦੇ ਦ੍ਰਿੜ੍ਹ ਸੰਕਲਪ ਨੂੰ ਦੱਸਣ ਲਈ ਅੱਗੇ ਆਏ ਹਨ। ਇੱਕ ਤਰ੍ਹਾਂ ਨਾਲ ਇਹ ਆਪੋਜ਼ੀਸ਼ਨ ਦੇ ਸਵਾਲਾਂ ਦਾ ਜਵਾਬ ਦੇਣ ਤੇ ਪਾਕਿਸਤਾਨ ਦੇ ਪ੍ਰਚਾਰ ਨੂੰ ਖਾਰਜ ਕਰਨ ਦਾ ਯਤਨ ਲਗਦਾ ਹੈ। ਹਾਲਾਂਕਿ ਸੈਨਾਵਾਂ ਦਾ ਸਿਆਸਤ ਨਾਲ ਕੋਈ ਲੈਣਾ-ਦੇਣਾ ਨਹੀਂ ਹੈ ਪਰ ਸੈਨਾ ਮੁਖੀਆਂ ਦੇ ਇਨ੍ਹਾਂ ਬਿਆਨਾਂ ਦੇ ਸਿਆਸੀ ਮਹੱਤਵ ਨੂੰ ਖਾਰਜ ਨਹੀਂ ਕੀਤਾ ਜਾ ਸਕਦਾ। ਇਹ ਬਿਆਨ ਮੋਦੀ ਸਰਕਾਰ ਨੂੰ ਲੋਕਾਂ ਵਿੱਚ ਆਪਣਾ ਅਕਸ ਨਿਖਾਰਨ 'ਚ ਮਦਦ ਕਰਨ ਵਾਲੇ ਲਗਦੇ ਹਨ।

# ਕਸ਼ਮੀਰ : ਪਹਿਲਗਾਮ ਤੋਂ ਬਾਅਦ ਤੇ ਪਹਿਲਾਂ

**ਡਾ : ਕੇ. ਨਰਾਇਣ**
**ਅਨੁਵਾਦ: ਐੱਮ ਐੱਸ ਭਾਟੀਆ**

ਜੰਮੂ-ਕਸ਼ਮੀਰ ਭਾਰਤ ਲਈ ਇੱਕ ਤੋਹਫਾ ਹੈ। ਫੁੱਲਾਂ ਅਤੇ ਫਲਾਂ ਨਾਲ ਭਰੀ ਕੁਦਰਤੀ ਸੁੰਦਰਤਾ, ਪਹਾੜੀਆਂ, ਹਰੇ-ਭਰੇ ਮੈਦਾਨ ਅਤੇ ਨੀਲੇ ਦਰਿਆਵਾਂ ਦੇ ਪਾਣੀਆਂ ਨਾਲ ਭਰਪੂਰ ਹੈ ਕਸ਼ਮੀਰ। ਅਸੀਂ ਜੰਮੂ-ਕਸ਼ਮੀਰ ਦੀ ਰਾਜਧਾਨੀ ਸ੍ਰੀਨਗਰ ਗਏ ਸਾਂ। ਇਹ ਮੇਰਾ ਪਹਿਲਾ ਮੌਕਾ ਸੀ ਕਿ ਮੈਂ ਸ਼ਾਨਦਾਰ ਸ਼ਹਿਰ ਸ੍ਰੀਨਗਰ ਦਾ ਦੌਰਾ ਕਰਾਂ। ਅਸੀਂ ਪਹਿਲਗਾਮ ਲਈ ਰਵਾਨਾ ਹੋ ਗਏ । ਹਰ ਫਰਲਾਂਗ 'ਤੇ ਪੁਲਸ ਚੌਕਸੀ ਨਾਲ ਜਾਂਚ ਕਰ ਰਹੀ ਸੀ। ਅਸੀਂ ਫੌਜੀ ਜਾਂਚ ਅਤੇ ਪੁੱਛਗਿੱਛ ਤੋਂ ਤੰਗ ਆ ਚੁੱਕੇ ਸਾਂ ਕਿ ਅਸੀਂ ਕਿੱਥੇ ਜਾ ਰਹੇ ਹਾਂ ਅਤੇ ਅਸੀਂ ਕੌਣ ਹਾਂ। ਕਸ਼ਮੀਰ ਵਿੱਚ ਲਗਭਗ ਇੱਕ ਕਰੋੜ ਲੋਕ ਰਹਿ ਰਹੇ ਹਨ , ਪਰ ਵੱਖ-ਵੱਖ ਰੈਂਕਾਂ ਦੇ 7 ਲੱਖ ਫੌਜੀ ਜਵਾਨਾਂ ਨੂੰ ਚੌਕਸੀ ਅਤੇ ਅੱਤਵਾਦੀਆਂ ਅਤੇ ਹਮਲਾਵਰਾਂ ਦਾ ਸਾਹਮਣਾ ਕਰਨ ਅਤੇ ਲੜਨ ਲਈ ਤਾਇਨਾਤ ਕੀਤਾ ਗਿਆ ਹੈ ।

ਇੱਕ ਤਰ੍ਹਾਂ ਲੱਗਦਾ ਸੀ ਕਿ ਕਸ਼ਮੀਰ ਲੋਕਾਂ ਦੀ ਚੁਣੀ ਹੋਈ ਸਰਕਾਰ ਦੇ ਪ੍ਰਸ਼ਾਸਨ ਅਧੀਨ ਨਹੀਂ , ਸਗੋਂ ਫੌਜੀ ਸ਼ਾਸਨ ਦੇ ਅਧੀਨ ਹੈ । ਕਸ਼ਮੀਰ ਵਿੱਚ ਅਜਿਹੀ ਸਥਿਤੀ ਕਿਸ ਕਾਰਨ ਬਣੀ? ਅਜੇ ਵੀ ਕਸ਼ਮੀਰ ਦੇ ਲੋਕਾਂ ਨੂੰ ਭਾਰਤ ਸਰਕਾਰ 'ਤੇ ਕੋਈ ਭਰੋਸਾ ਨਹੀਂ। ਪ੍ਰਸ਼ਾਸਨ ਵੱਲੋਂ ਕਸ਼ਮੀਰ ਦੇ ਲੋਕਾਂ 'ਤੇ ਅੱਤਵਾਦੀ ਹੋਣ ਦਾ ਠੱਪਾ ਲਾਉਣ ਦੀਆਂ ਕਈ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਕੀ ਇਹ ਹਕੀਕਤ ਹੈ? ਸਾਨੂੰ ਦੇਖਣਾ ਪਵੇਗਾ ਕਿ ਇਸ ਪਿੱਛੇ ਕੋਈ ਰਾਜਨੀਤਕ ਕਾਰਨ ਤਾਂ ਨਹੀਂ ਛੁਪਿਆ ਹੋਇਆ?

ਸ਼ੇਖ ਅਬਦੁੱਲਾ ਕਸ਼ਮੀਰ ਦੇ ਪਹਿਲੇ ਪ੍ਰਧਾਨ ਮੰਤਰੀ ਸਨ । ਉਨ੍ਹਾ ਦੇ ਰਾਜ ਵਿੱਚ ਜ਼ਮੀਨ ਵਾਹੁਣ ਵਾਲੇ ਨੂੰ ਦੇ ਨਾਅਰੇ ਨਾਲ ਜ਼ਮੀਨੀ ਸੁਧਾਰ ਲਾਗੂ ਕੀਤੇ ਗਏ। ਮੁਆਵਜ਼ਾ ਦਿੱਤੇ ਬਿਨਾਂ ਜਗੀਰਦਾਰਾਂ ਦੀਆਂ ਜ਼ਮੀਨਾਂ ਜ਼ਬਤ ਕੀਤੀਆਂ ਗਈਆਂ ਅਤੇ ਲੋਕਾਂ ਨੂੰ ਵੰਡੀਆਂ ਗਈਆਂ।ਜਿਵੇਂ-ਜਿਵੇਂ ਸਰਕਾਰਾਂ ਬਦਲਦੀਆਂ ਗਈਆਂ, ਜ਼ਮੀਨੀ ਸੁਧਾਰਾਂ ਨੂੰ ਲਾਗੂ ਕੀਤੇ ਬਿਨਾਂ ਉਸ ਸਮੇਂ ਦੀਆਂ ਨਵੀਆਂ ਸਰਕਾਰਾਂ ਨੇ ਨਵੇਂ ਕਾਨੂੰਨ ਇਸ ਤਰ੍ਹਾਂ ਨਾਲ ਬਣਾਏ ਤਾਂ ਜੋ ਜ਼ਮੀਨੀ ਸੁਧਾਰਾਂ ਨੂੰ ਰੋਕਿਆ ਜਾ ਸਕੇ। ਕੋਈ ਵੀ ਪਰਵਾਰ ਅਜਿਹਾ ਨਹੀਂ ਹੈ, ਜਿਸ ਕੋਲ ਜ਼ਮੀਨ ਨਾ ਹੋਵੇ। ਉਹ ਝੋਨਾ, ਸੇਬ, ਲੀਚੀ ਆਦਿ ਫਲਾਂ ਦੀ ਕਾਸ਼ਤ ਕਰਦੇ ਹਨ। ਅਸੀਂ ਉੱਥੇ ਗਰੀਬੀ ਨਹੀਂ ਦੇਖੀ। ਅਜਿਹੇ ਰਾਜ ਵਿੱਚ ਇਹ ਅਰਾਜਕਤਾਵਾਦ ਕਿਉਂ? ਆਜ਼ਾਦੀ ਤੋਂ ਬਾਅਦ ਦੀ ਰਾਜਨੀਤੀ ਨੇ ਲੋਕਾਂ ਨੂੰ ਜੀਵਨ ਅਤੇ ਰੁਜ਼ਗਾਰ ਦਿੱਤਾ ਹੈ, ਪਰ ਸੱਤਾ ਦੀ ਲਾਲਸਾ ਨਾਲ ਭਾਰਤ ਸਰਕਾਰ ਨੇ ਹੋਈਆਂ ਕਈ ਗਲਤੀਆਂ ਕਰਕੇ ਕਸ਼ਮੀਰ ਦੇ ਲੋਕਾਂ ਦਾ ਵਿਸ਼ਵਾਸ ਗੁਆ ਦਿੱਤਾ ਹੈ।ਇਸ ਸਥਿਤੀ ਦਾ ਫਾਇਦਾ ਉਠਾਉਂਦੇ ਹੋਏ ਅੱਤਵਾਦ ਮਜ਼ਬੂਤ ਹੋਇਆ। ਇਸ ਪ੍ਰਕਿਰਿਆ ਵਿੱਚ ਪਾਕਿਸਤਾਨ ਨੇ ਵੀ ਅੱਤਵਾਦੀਆਂ ਨੂੰ ਸ਼ਹਿ ਦਿਤੀ।

ਸ੍ਰੀਨਗਰ ਦੀ ਯਾਤਰਾ ਦੇ ਸਮੇਂ ਮੈਂ, ਰਾਮਕ੍ਰਿਸ਼ਨ ਪਾਂਡਾ ਅਤੇ ਅਜ਼ੀਜ਼ ਪਾਸ਼ਾ-ਸਾਰੇ ਰਾਸ਼ਟਰੀ ਸਕੱਤਰ, ਸੀ ਪੀ ਆਈ ਪਹਿਲਗਾਮ ਵੀ ਗਏ । ਹਰ ਫਰਲਾਂਗ 'ਤੇ ਇੱਕ ਪੁਲਸ ਕੈਂਪ ਹੈ । 75 ਲੱਖ ਲੋਕਾਂ ਲਈ 7 ਲੱਖ ਜਾਂ ਤਾਂ ਪੁਲਸ ਕਰਮਚਾਰੀ ਹਨ ਜਾਂ ਫੌਜੀ ਜਵਾਨ। ਸਾਡੀ ਬੈਸਰਨ ਫਾਇਰਿੰਗ ਵਾਲੀ ਥਾਂ ਜਾਣ ਦੀ ਇੱਛਾ ਸੀ, ਪਰ ਉਸ ਖੇਤਰ ਨੂੰ ਜਾਣ ਵਾਲੀਆਂ ਸਾਰੀਆਂ ਸੜਕਾਂ ਬੰਦ ਸਨ। ਹਾਲਾਂਕਿ, ਬਹੁਤ ਮੁਸ਼ਕਲ ਨਾਲ ਅਸੀਂ ਪਹਿਲਗਾਮ ਤੱਕ ਪਹੁੰਚ ਸਕੇ। ਅਸੀਂ ਛੋਟੇ ਪ੍ਰਚੂਨ ਵਪਾਰੀਆਂ ਅਤੇ ਘੋੜ ਸਵਾਰੀ ਲਈ ਸਹਾਇਕਾਂ ਨਾਲ ਗੱਲਬਾਤ ਕੀਤੀ। ਮੋਦੀ ਵੱਲੋਂ ਕੀਤੇ ਜਾ ਰਹੇ ਦਾਅਵਿਆਂ ਅਤੇ ਪ੍ਰਚੂਨ ਵਪਾਰੀਆਂ ਅਤੇ ਆਮ ਲੋਕਾਂ ਵੱਲੋਂ ਦੱਸੀ ਗਈ ਹਕੀਕਤ ਆਪਸ ਵਿੱਚ ਮੇਲ ਨਹੀਂ ਸੀ ਖਾਂਦੀ ।ਪਹਿਲਗਾਮ ਵਿੱਚ ਅੱਤਵਾਦੀਆਂ ਵੱਲੋਂ ਮਾਸੂਮ ਭਾਰਤੀ ਸੈਲਾਨੀਆਂ 'ਤੇ ਕੀਤੇ ਗਏ ਹਮਲੇ ਦੀ ਭਿਆਨਕ ਘਟਨਾ ਵਿੱਚ 22 ਸੈਲਾਨੀਆਂ ਦੀਆਂ ਕੀਮਤੀ ਜਾਨਾਂ ਗਈਆਂ ਸਨ । ਮੋਦੀ ਸਰਕਾਰ ਨੇ ਹਰੇਕ ਮ੍ਰਿਤਕ ਪਰਵਾਰ ਨੂੰ ਸਿਰਫ਼ ਇੱਕ ਲੱਖ ਰੁਪਈਆ ਦੇ ਕੇ ਆਪਣੇ ਆਪ ਨੂੰ ਜ਼ਿੰਮੇਵਾਰੀ ਤੋਂ ਮੁਕਤ ਸਮਝ ਲਿਆ।

ਅਪਰੇਸ਼ਨ ਸਿੰਧੂਰ ਤੋਂ ਬਾਅਦ ਪੰਜ ਜੰਗੀ ਜਹਾਜ਼ ਡੇਗ ਦਿੱਤੇ ਗਏ। ਸਰਹੱਦੀ ਲੋਕਾਂ ਦੇ ਅਨੁਸਾਰ ਪਾਕਿਸਤਾਨ ਦੇ ਹਮਲੇ ਦੇ ਨਤੀਜੇ ਵਜੋਂ ਅਸੀਂ ਆਪਣੇ ਬਹੁਤ ਸਾਰੇ ਜੰਗੀ ਟਿਕਾਣੇ ਗੁਆ ਦਿੱਤੇ ਹਨ ਅਤੇ ਕਈਆਂ ਨੂੰ ਅੰਦਰ ਵੱਲ ਆਉਣਾ ਪਿਆ। ਪੂਰੇ ਦੇਸ਼ ਨੂੰ ਉਮੀਦ ਸੀ ਕਿ ਸਾਡੀਆਂ ਫੌਜਾਂ ਨੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀ ਓ ਕੇ) 'ਤੇ ਦੁਬਾਰਾ ਕਬਜ਼ਾ ਕਰ ਲਿਆ ਹੈ, ਪਰ ਜੰਗ ਵਿਚਕਾਰ ਹੀ ਰੋਕ ਦਿੱਤੀ ਗਈ। ਮੋਦੀ ਚੋਣ ਪ੍ਰਚਾਰ ਲਈ ਅਪਰੇਸ਼ਨ ਸਿੰਧੂਰ ਦੀ ਵਰਤੋਂ ਕਰ ਰਿਹਾ ਹੈ। ਜਿਸ ਤਰ੍ਹਾਂ ਮੋਦੀ ਨੇ ਸੈਲਾਨੀਆਂ ਨੂੰ ਕਸ਼ਮੀਰ ਵਿੱਚ ਆਉਣ ਲਈ ਉਤਸ਼ਾਹਤ ਕੀਤਾ ਸੀ, ਉਹ ਹੁਣ ਡਰ ਗਏ ਹਨ। ਛੋਟੇ-ਛੋਟੇ ਦੁਕਾਨਦਾਰ ਤਬਾਹ ਹੋ ਜਾਣਗੇ।

ਪਹਿਲਗਾਮ ਦੀ ਘਟਨਾ ਤੋਂ ਪਹਿਲਾਂ 1000 ਤੋਂ ਵੱਧ ਘੋੜੇ ਸੈਲਾਨੀਆਂ ਦੀ ਉਡੀਕ ਕਰਦੇ ਹੁੰਦੇ ਸਨ, ਪਰ ਹੁਣ ਮੁਸ਼ਕਲ ਨਾਲ 100 ਹੀ ਰਹਿ ਗਏ ਹਨ। ਕਸ਼ਮੀਰ ਵਿੱਚ ਕੋਈ ਸੈਲਾਨੀ ਨਹੀਂ ਆ ਰਿਹਾ । ਨਾ ਹੀ ਕੋਈ ਸੈਲਾਨੀ ਪਹਾੜਾਂ ਵੱਲ ਜਾਣਾ ਚਾਹੁੰਦਾ ਹੈ। ਇਸ ਦੁੱਖ ਭਰੇ ਸਮੇਂ ਵਿੱਚ ਵੀ ਮੋਦੀ ਇਸ ਘਟਨਾ ਨੂੰ ਚੋਣਾਂ ਲਈ ਵਰਤ ਰਿਹਾ ਹੈ। ਇਹ ਹੈ ਮੋਦੀ ਦੀ ਜ਼ਹਿਰੀਲੀ ਰਾਜਨੀਤੀ।

ਇੱਥੇ ਲੋੜੀਂਦੀ ਪੁਲਸ ਫੋਰਸ ਨਹੀਂ । ਇਹ ਕੀ ਦਰਸਾਉਂਦਾ ਹੈ ? ਇਹੀ ਕਾਰਨ ਹੈ ਕਿ ਹੁਣ ਵੀ ਕਸ਼ਮੀਰ ਦੇ ਲੋਕਾਂ ਨੂੰ ਸਰਕਾਰ 'ਤੇ ਭਰੋਸਾ ਨਹੀਂ । ਇਸ ਸਥਿਤੀ ਲਈ ਕੇਂਦਰ ਦੀ ਰਾਜਨੀਤੀ, ਜੋ ਬਹੁਤ ਸਮਾਂ ਪਹਿਲਾਂ ਸ਼ੁਰੂ ਹੋ ਗਈ ਸੀ, ਹੁਣ ਸਿਖਰ 'ਤੇ ਪਹੁੰਚ ਗਈ ਹੈ ।ਜੰਮੂ ਅਤੇ ਕਸ਼ਮੀਰ ਦਾ ਰਾਜਨੀਤਕ ਇਤਿਹਾਸ ਕਈ ਤਰ੍ਹਾਂ ਦੀਆਂ ਉਥਲ-ਪੁਥਲ ਵਾਲੀਆਂ ਅਤੇ ਪ੍ਰਭਾਵਸ਼ਾਲੀ ਘਟਨਾਵਾਂ ਨਾਲ ਭਰਿਆ ਹੋਇਆ ਹੈ। ਸਭ ਤੋਂ ਮਹੱਤਵਪੂਰਨ ਘਟਨਾਵਾਂ ਵਿੱਚੋਂ ਇੱਕ ਸੀ ਕੇਂਦਰ ਸਰਕਾਰ ਦੁਆਰਾ ਖੇਤਰ ਦੇ ਸਭ ਤੋਂ ਉੱਚੇ ਕੱਦ ਦੇ ਅਤੇ ਸਭ ਤੋਂ ਪ੍ਰਭਾਵਸ਼ਾਲੀ ਨੇਤਾ, ਸ਼ੇਖ ਮੁਹੰਮਦ ਅਬਦੁੱਲਾ ਦੀ ਗ੍ਰਿਫਤਾਰੀ। ਸ਼ੇਖ ਅਬਦੁੱਲਾ, ਜਿਨ੍ਹਾਂ ਨੂੰ ਅਕਸਰ ਕਸ਼ਮੀਰ ਦਾ ਸ਼ੇਰ ਕਿਹਾ ਜਾਂਦਾ ਹੈ, ਜੰਮੂ ਅਤੇ ਕਸ਼ਮੀਰ ਦੇ ਪਹਿਲੇ ਲੋਕਤੰਤਰੀ ਤੌਰ ਤੇ ਚੁਣੇ ਗਏ ਪ੍ਰਧਾਨ ਮੰਤਰੀ ਸਨ। ਇੱਕ ਕ੍ਰਿਸ਼ਮਈ ਜਨਤਕ ਨੇਤਾ ਜਿਸ ਨੇ ਉਪ-ਮਹਾਂਦੀਪ ਦੀ ਵੰਡ ਤੋਂ ਬਾਅਦ ਦੇ ਉਥਲ-ਪੁਥਲ ਵਾਲੇ ਸਾਲਾਂ ਦੌਰਾਨ ਖੇਤਰ ਦੀ ਰਾਜਨੀਤਕ ਚੇਤਨਾ ਨੂੰ ਆਕਾਰ ਦੇਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ । ਉਸ ਨੂੰ 1950 ਦੇ ਦਹਾਕੇ ਵਿੱਚ 'ਜ਼ਮੀਨ ਵਾਹੁਣ ਵਾਲੇ ਨੂੰ' ਦੇ ਨਾਅਰੇ ਹੇਠ ਇਨਕਲਾਬੀ ਭੂਮੀ ਸੁਧਾਰ ਕਰਨ ਦਾ ਸਿਹਰਾ ਜਾਂਦਾ ਹੈ, ਇੱਕ ਹਾਂ-ਪੱਖੀ ਤਬਦੀਲੀ ਲਿਆਉਣ ਵਾਲੀ ਨੀਤੀ, ਜਿਸ ਨੇ ਸਦੀਆਂ ਪੁਰਾਣੀ ਜਗੀਰੂ ਜਕੜ ਨੂੰ ਤੋੜਿਆ ਅਤੇ ਗਰੀਬ ਕਿਸਾਨਾਂ ਨੂੰ ਜ਼ਮੀਨ ਮੁੜ ਵੰਡ ਦਿੱਤੀ। ਇਸ ਕਦਮ ਨੇ ਨਾ ਸਿਰਫ਼ ਜਨਤਾ ਵਿੱਚ ਉਸ ਦੀ ਪ੍ਰਸਿੱਧੀ ਨੂੰ ਮਜ਼ਬੂਤ ਕੀਤਾ, ਸਗੋਂ ਕਸ਼ਮੀਰ ਦੇ ਖੇਤੀਬਾੜੀ ਦ੍ਰਿਸ਼ ਵਿੱਚ ਡੂੰਘੇ ਸਮਾਜਿਕ-ਆਰਥਿਕ ਬਦਲਾਵਾਂ ਦੀ ਸ਼ੁਰੂਆਤ ਵੀ ਕੀਤੀ ।ਹਾਲਾਂਕਿ ਖੇਤਰੀ ਖੁਦਮੁਖਤਿਆਰੀ ਦੇ ਉਨ੍ਹਾ ਦੇ ਵਧਦੇ ਦਾਅਵੇ ਅਤੇ ਧਾਰਾ 370 ਅਧੀਨ ਕਸ਼ਮੀਰ ਦੇ ਵਿਸ਼ੇਸ਼ ਦਰਜੇ 'ਤੇ ਉਨ੍ਹਾ ਦੇ ਰੁਖ਼ ਨੇ ਉਨ੍ਹਾ ਨੂੰ ਭਾਰਤੀ ਸੱਤਾ ਨਾਲ ਟਕਰਾਅ ਵਿੱਚ ਲੈ ਆਂਦਾ। 1953 ਵਿੱਚ ਘਟਨਾਵਾਂ ਦੇ ਇੱਕ ਨਾਟਕੀ ਮੋੜ ਅਧੀਨ ਸ਼ੇਖ ਅਬਦੁੱਲਾ ਨੂੰ ਅਹੁਦੇ ਤੋਂ ਬਰਖਾਸਤ ਕਰ ਦਿੱਤਾ ਗਿਆ ਅਤੇ ਬਾਅਦ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ। ਇਹ ਇੱਕ ਅਜਿਹੀ ਕਾਰਵਾਈ ਸੀ, ਜਿਸ ਨੇ ਸ੍ਰੀਨਗਰ ਅਤੇ ਨਵੀਂ ਦਿੱਲੀ ਵਿਚਕਾਰ ਅਵਿਸ਼ਵਾਸ ਦੇ ਡੂੰਘੇ ਬੀਜ ਬੀਜ ਦਿੱਤੇ, ਜਿਸ ਦੇ ਪ੍ਰਭਾਵ ਅੱਜ ਤੱਕ ਖੇਤਰ ਦੀ ਰਾਜਨੀਤੀ ਵਿੱਚ ਗੂੰਜਦੇ ਰਹਿੰਦੇ ਹਨ। ਸ਼ੇਖ ਦੀ ਗ੍ਰਿਫ਼ਤਾਰੀ ਨੇ ਜੰਮੂ ਅਤੇ ਕਸ਼ਮੀਰ ਦੀ ਖੁਦਮੁਖਤਿਆਰੀ ਦੇ ਖੋਰੇ ਨੂੰ ਵੀ ਪ੍ਰਗਟ ਕੀਤਾ।



ਸੀ ਪੀ ਆਈ ਤੇ ਕੌਮੀ ਸਕੱਤਰੇਤ ਮੈਂਬਰ ਡਾਕਟਰ ਕੇ. ਨਰਾਇਣ, ਸੱਯਦ ਅਜ਼ੀਜ਼ ਪਾਸ਼ਾ ਅਤੇ ਰਾਮਕ੍ਰਿਸ਼ਨ ਪਾਂਡਾ, ਸੀ ਪੀ ਆਈ ਦੇ ਸੂਬਾ ਸਕੱਤਰ ਮਿਜਰਾਬ ਅਤੇ ਸਹਾਇਕ ਸਕੱਤਰ ਗੁਲਜ਼ਾਰ ਭੱਟ ਨਾਲ ਜੰਮੂ-ਕਸ਼ਮੀਰ ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਅਤੇ ਸਾਬਕਾ ਮੁੱਖ ਮੰਤਰੀ ਡਾ. ਫਾਰੂਕ ਅਬਦੁੱਲਾ ਨਾਲ ਉਨ੍ਹਾ ਦੇ ਗ੍ਰਹਿ ਸ੍ਰੀਨਗਰ ਵਿਖੇ ।

ਸ਼ੇਖ ਅਬਦੁੱਲਾ ਦੀ ਗ੍ਰਿਫ਼ਤਾਰੀ ਤੋਂ ਬਾਅਦ ਜੰਮੂ ਅਤੇ ਕਸ਼ਮੀਰ ਵਿੱਚ ਕੇਂਦਰ-ਰਾਜ ਸੰਬੰਧ ਤਣਾਅਪੂਰਨ ਰਹੇ ਅਤੇ ਹੌਲੀ-ਹੌਲੀ ਵਿਗੜਦੇ ਹੀ ਗਏ। 1984 ਵਿੱਚ ਇਹ ਇੱਕ ਨਵੇਂ ਹੇਠਲੇ ਪੱਧਰ 'ਤੇ ਪਹੁੰਚ ਗਏ । ਉਸ ਸਾਲ ਕੇਂਦਰ ਸਰਕਾਰ ਨੇ ਸੱਤਾਧਾਰੀ ਨੈਸ਼ਨਲ ਕਾਨਫਰੰਸ ਦੇ ਅੰਦਰ ਸੰਨ੍ਹ ਲਾ ਕੇ ਇੱਕ ਰਾਜਨੀਤਕ ਦਲ-ਬਦਲੀ ਕਰਵਾਈ, ਜਿਸ ਦੇ ਨਤੀਜੇ ਵਜੋਂ ਡਾ. ਫਾਰੂਕ ਅਬਦੁੱਲਾ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਬਰਖਾਸਤ ਕਰ ਦਿੱਤਾ ਗਿਆ । ਉਨ੍ਹਾ ਦੀ ਜਗ੍ਹਾ ਗੁਲਾਮ ਮੁਹੰਮਦ ਸ਼ਾਹ (ਫਾਰੂਕ ਦੇ ਜੀਜੇ) ਅਤੇ ਪਾਰਟੀ ਦੇ ਅੰਦਰ ਇੱਕ ਅਸੰਤੁਸ਼ਟ ਨੇਤਾ ਨੂੰ ਸਰਕਾਰ ਦੇ ਮੁਖੀ ਵਜੋਂ ਥੋਪ ਦਿੱਤਾ ਗਿਆ । ਸ਼ਾਹ ਦੇ ਲਗਭਗ ਦੋ ਸਾਲਾਂ ਦੇ ਰਾਜ ਵਿੱਚ ਕਾਨੂੰਨ ਵਿਵਸਥਾ ਦੀਆਂ ਸਮੱਸਿਆਵਾਂ ਰਹੀਆਂ, ਜਿਸ ਕਾਰਨ ਅਕਸਰ ਕਰਫਿਊ ਲੱਗਦੇ ਸਨ।

1989 ਵਿੱਚ ਅੱਤਵਾਦ ਦੇ ਉਭਾਰ ਅਤੇ ਜਗਮੋਹਨ ਨੂੰ ਜੰਮੂ ਅਤੇ ਕਸ਼ਮੀਰ ਦਾ ਰਾਜਪਾਲ ਨਿਯੁਕਤ ਕਰਨ ਨਾਲ ਹਾਲਾਤ ਹੋਰ ਵੀ ਵਿਗੜ ਗਏ। ਅਧਿਕਾਰੀਆਂ ਦੇ ਅੰਕੜਿਆਂ ਅਨੁਸਾਰ ਇਸ ਖੇਤਰ ਵਿੱਚ ਅੱਤਵਾਦ ਦੀ ਸ਼ੁਰੂਆਤ ਤੋਂ ਬਾਅਦ 40,000 ਤੋਂ ਵੱਧ ਲੋਕ ਮਾਰੇ ਗਏ । 1990 ਤੋਂ 1996 ਤੱਕ ਚੱਲੇ ਰਾਸ਼ਟਰਪਤੀ ਸ਼ਾਸਨ ਨੇ ਇੱਕ ਲੰਮਾ ਲੋਕਤੰਤਰੀ ਪ੍ਰਕਿਰਿਆ ਦਾ ਖਲਾਅ ਪੈਦਾ ਕੀਤਾ, ਜਿਸ ਨਾਲ ਰਾਜਨੀਤਕ ਸੰਸਥਾਵਾਂ ਵਿੱਚ ਜਨਤਾ ਦਾ ਵਿਸ਼ਵਾਸ ਖਤਮ ਹੋ ਗਿਆ ਅਤੇ ਲੋਕਾਂ ਵਿੱਚ ਵੋਟਾਂ ਪਾਉਣ ਤੋਂ ਵਾਂਝੇ ਰਹਿਣ ਦੀ ਭਾਵਨਾ ਹੋਰ ਡੂੰਘੀ ਹੋ ਗਈ। ਇਸ ਸਮੇਂ ਦੌਰਾਨ ਚੁਣੀਆਂ ਹੋਈਆਂ ਸਰਕਾਰਾਂ ਦੀ ਅਣਹੋਂਦ ਅਤੇ ਫੌਜੀ/ਪੁਲਸ ਸ਼ਾਸਨ ਦੇ ਦਬਦਬੇ ਨੇ ਵਿਆਪਕ ਮਨੁੱਖੀ ਅਧਿਕਾਰਾਂ ਦੀਆਂ ਚਿੰਤਾਵਾਂ ਅਤੇ ਆਪਸੀ ਟਕਰਾਅ ਦੇ ਬਿਰਤਾਂਤ ਨੂੰ ਹੋਰ ਡੂੰਘਾ ਕੀਤਾ।1996 ਵਿੱਚ ਲੋਕਤੰਤਰ ਦੀ ਬਹਾਲੀ ਨੇ ਲੋਕਾਂ ਨੂੰ ਲੰਮੇ ਸਮੇਂ ਤੋਂ ਚੱਲੇ ਆ ਰਹੇ ਅਫ਼ਸਰਸ਼ਾਹੀ ਸ਼ਾਸਨ ਤੋਂ ਰਾਹਤ ਦਿੱਤੀ।ਹਾਲਾਂਕਿ 5 ਅਗਸਤ, 2019 ਨੂੰ ਕੇਂਦਰ ਸਰਕਾਰ ਦੀ ਇਕਪਾਸੜ ਕਾਰਵਾਈ ਨੇ ਜੰਮੂ ਅਤੇ ਕਸ਼ਮੀਰ ਦੀ ਵਿਸ਼ੇਸ਼ ਸੰਵਿਧਾਨਕ ਸਥਿਤੀ ਨੂੰ ਖਤਮ ਕਰ ਦਿੱਤਾ ਅਤੇ ਖੇਤਰ 'ਤੇ ਕੇਂਦਰ ਦਾ ਕਬਜ਼ਾ ਬਣਾਈ ਰੱਖਣ ਲਈ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੰਡ ਦਿੱਤਾ, ਜਿਸ ਨੇ ਖੇਤਰ ਦੇ ਲੋਕਾਂ ਨੂੰ ਨਵੀਂ ਦਿੱਲੀ ਤੋਂ ਹੋਰ ਦੂਰ ਕਰ ਦਿੱਤਾ।

ਅਕਤੂਬਰ 2024 ਵਿੱਚ ਉਮਰ ਅਬਦੁੱਲਾ ਦੀ ਸਰਕਾਰ ਦੇ ਸੱਤਾ ਸੰਭਾਲਣ ਤੋਂ ਨੌਂ ਮਹੀਨਿਆਂ ਤੋਂ ਵੱਧ ਸਮੇਂ ਬਾਅਦ ਵੀ ਜਨਤਕ ਨਿਰਾਸ਼ਾ ਅਜੇ ਵੀ ਉਸੇ ਤਰ੍ਹਾਂ ਹੈ। ਰਾਜ ਦੇ ਦਰਜੇ ਦੀ ਬਹਾਲੀ ਦਾ ਕੀਤਾ ਵਾਅਦਾ ਅਜੇ ਵੀ ਪੂਰਾ ਨਹੀਂ ਹੋਇਆ ਅਤੇ ਸੱਤਾ ਦੇ ਦੋ ਕੇਂਦਰਾਂ ਵਾਲਾ ਪ੍ਰਚੱਲਤ ਢਾਂਚਾ ਚੁਣੀ ਹੋਈ ਸਰਕਾਰ ਅਤੇ ਕੇਂਦਰੀ ਤੌਰ 'ਤੇ ਨਿਯੁਕਤ ਉਪ ਰਾਜਪਾਲ ਵਿਚਕਾਰ ਵੰਡ ਪ੍ਰਭਾਵਸ਼ਾਲੀ ਸ਼ਾਸਨ ਵਿੱਚ ਰੁਕਾਵਟ ਬਣ ਰਿਹਾ ਹੈ। ਇਸ ਦੋ ਕੇਂਦਰਾਂ ਵਿੱਚ ਵੰਡੀ ਸ਼ਕਤੀ ਨੇ ਪ੍ਰਸ਼ਾਸਨਿਕ ਉਲਝਣ, ਨੀਤੀਗਤ ਦੇਰੀ ਅਤੇ ਲੋਕਾਂ ਵਿੱਚ ਨਿਰਾਸ਼ਾ ਦੀ ਭਾਵਨਾ ਨੂੰ ਵਧਾਇਆ ਹੈ । ਲੋਕਾਂ ਦੀ ਠੇਸ 'ਤੇ ਮੱਲ੍ਹਮ ਲਾਉਣ ਅਤੇ ਅਲਹਿਦਗੀ ਦੀ ਭਾਵਨਾ ਨੂੰ ਦੂਰ ਕਰਨ ਲਈ ਸਰਕਾਰ ਨੂੰ ਜੰਮੂ ਅਤੇ ਕਸ਼ਮੀਰ ਦਾ ਪੂਰਨ ਰਾਜ ਦਾ ਦਰਜਾ ਬਹਾਲ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਇਹ ਕਦਮ ਨਾ ਸਿਰਫ਼ ਇੱਕ ਲੰਮੇ ਸਮੇਂ ਤੋਂ ਕੀਤੇ ਵਾਅਦੇ ਨੂੰ ਪੂਰਾ ਕਰੇਗਾ, ਸਗੋਂ ਲੋਕਤੰਤਰੀ ਪ੍ਰਕਿਰਿਆਵਾਂ ਅਤੇ ਪ੍ਰਤੀਨਿਧੀ ਸਰਕਾਰ ਵਿੱਚ ਵਿਸ਼ਵਾਸ ਦੀ ਪੁਸ਼ਟੀ ਵੀ ਕਰੇਗਾ । ਵਿਸ਼ਵਾਸ ਘਾਟੇ ਨੂੰ ਪੂਰਾ ਕਰਨ, ਸਥਾਨਕ ਸੰਸਥਾਵਾਂ ਨੂੰ ਸਸ਼ਕਤ ਬਣਾਉਣ ਅਤੇ ਇਹ ਯਕੀਨੀ ਬਣਾਉਣ ਲਈ ਕਿ ਖੇਤਰ ਦੇ ਲੋਕਾਂ ਦੀਆਂ ਇੱਛਾਵਾਂ ਇੱਕ ਜਵਾਬਦੇਹ ਅਤੇ ਜ਼ਿੰਮੇਵਾਰ ਪ੍ਰਸ਼ਾਸਨ ਦੁਆਰਾ ਪੂਰੀਆਂ ਕੀਤੀਆਂ ਜਾਣ, ਰਾਜ ਦਾ ਦਰਜਾ ਬਹਾਲ ਕਰਨਾ ਜ਼ਰੂਰੀ ਹੈ।

(ਲੇਖਕ ਸੀ ਪੀ ਆਈ ਦੇ ਰਾਸ਼ਟਰੀ ਸਕੱਤਰ ਹਨ)

**# ਸੰਪਰਕ : 99884-91002**

# ਸੰਘਰਸ਼ਾਂ ਦੇ ਪਿੜ ਸਦਾ ਮਘਦੇ ਰਹਿੰਦੇ ਆ

**ਜਗਮੇਲ ਸਿੰਘ**

ਨਸ਼ਿਆਂ ਦਾ ਕਹਿਰ ਨਿੱਤ ਦਿਨ ਵਧਦਾ ਜਾਏ। ਨਸ਼ਾ, ਕੈਂਸਰ ਬਰਾਬਰ।ਨਾ ਕੈਂਸਰ ਰੁਕਦਾ, ਨਾ ਨਸ਼ਾ ਮੁੱਕਦਾ। ਨਸ਼ਾ ਕੰਚਨ ਦੇਹੀ ਗਾਲੇ। ਪੈਸੇ ਠੱਗੇ, ਸਮਾਜ 'ਚੋਂ ਨਿਖੇੜੇ। ਨਸ਼ਈ ਤੇ ਆਲਸੀ ਦਾ ਬਿੱਲਾ ਲਾਵੇ।ਜਵਾਨੀ ਨੂੰ ਵਲੇ ਤੇ ਨਿਗਲੇ। ਖੇਡ ਮੈਦਾਨ 'ਚੋਂ ਬਾਹਰ ਕਰੇ । ਖੋਲਿਆਂ 'ਚ ਬੈਠਣ ਲਾਵੇ। ਇੱਜ਼ਤ, ਵੁੱਕਤ ਰੋਲੇ । ਨਸ਼ਾ, ਜਾਗਦਿਆਂ ਨੂੰ ਸੁਆਵੇ, ਹੱਕਾਂ-ਹਿੱਤਾਂ ਨੂੰ ਭੁਲਾਵੇ। ਨਸ਼ਾ, ਲੋਕ-ਦੋਖੀ ਹਾਕਮਾਂ ਹੱਥ ਹਥਿਆਰ। ਖੂਬ ਵਰਤਣ ਰੜਕ, ਮੜਕ ਭੰਨਣ। ਲੜਨ ਕਣ ਮਾਰਨ। ਸਰਕਾਰਾਂ ਬਣਾਉਣ ਤੇ ਲੁਟੇਰੇ ਰਾਜ ਦੀ ਉਮਰ ਵਧਾਉਣ।ਨਸ਼ਾ, ਕਮਾਈ ਦਾ ਧੰਦਾ। ਪੈਸੇ ਦੇ ਲੋਭੀ ਵੱਡੇ ਕਾਰਪੋਰੇਟ ਇਸ ਧੰਦੇ ਦੇ ਡੀਲਰ। ਨਸ਼ਈਆਂ ਨੂੰ ਲੁੱਟਣ। ਨਸ਼ਾ ਹੱਸਦੇ-ਵੱਸਦੇ ਘਰਾਂ 'ਚ ਸੱਥਰ ਵਿਛਾਵੇ।ਨਸ਼ਾ, ਕਿਸੇ ਦੀ ਡੰਗੋਰੀ, ਕਿਸੇ ਦੇ ਸਿਰ ਦਾ ਸਾਈਂ, ਕਿਸੇ ਦੇ ਸਿਰ ਦੀ ਛਾਂ ਖੋਹਵੇ। ਜਾਂਚ ਬਿਊਰੋ ਦਾ ਕਹਿਣਾ-ਪਿਛਲੇ ਚਹੁੰ ਸਾਲਾਂ ਵਿਚ ਤਿੰਨ ਸੌ ਮੌਤਾਂ। ਬਹੁਤੀਆਂ ਮੌਤਾਂ ਇਸ ਖਾਤੇ ਦਰਜ ਹੀ ਨਹੀਂ।

ਸਰਕਾਰ ਦੀ ਮੁਹਿੰਮ, 'ਯੁੱਧ ਨਸ਼ਿਆਂ ਵਿਰੁੱਧ।' ਯੁੱਧ ਦੀ ਕਮਾਂਡ, ਪੁਲਸ ਹੱਥ। ਮੁਹਿੰਮ ਦਾ ਗੁੱਡਾ ਬੰਨ੍ਹਿਆ।ਗਰੰਟੀਆਂ, ਦਾਅਵੇ, ਫੁੱਲ -ਪੱਤੀਆਂ, ਢੋਲ-ਢਮੱਕਾ, ਅਖਬਾਰਾਂ ਵਿੱਚ ਇਸ਼ਤਿਹਾਰ, ਸੜਕਾਂ 'ਤੇ ਬੋਰਡ ਤੇ ਥਾਂ-ਥਾਂ ਫਲੈਗ ਮਾਰਚ। ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਨੇ ਦੱਸਿਆ-ਚਹੁੰ ਮਹੀਨਿਆਂ ਵਿੱਚ 19 ਹਜ਼ਾਰ ਫੜੇ ਜੇਲ੍ਹੀਂ ਡੱਕੇ। ਇਹ ਸਾਰੇ ਨਸ਼ਈ ਤੇ ਛੋਟੇ ਰਿਟੇਲਰ ।ਮਿਥਿਆ ਟੈਮ ਟੱਪਿਆ ।ਕਹਿੰਦੇ ਸੀ ਪੰਦਰਾਂ ਦਿਨਾਂ 'ਚ ਝਾੜੂ ਫੇਰ ਦਿਆਂਗੇ।ਅੱਜ ਅੱਸੀ ਪੰਦਰੀਆਂ ਬਾਅਦ ਵੀ ਨਸ਼ਾ ਮੌਤਾਂ ਵੰਡਦਾ ਫਿਰੇ।ਪੱਟਿਆ ਪਹਾੜ, ਨਿਕਲਿਆ ਚੂਹਾ, ਉਹ ਵੀ ਮਰਿਆ ।

ਨਸ਼ਾ ਜਿਥੋਂ ਚੱਲਦਾ, ਉਥੋਂ ਹੀ ਰੋਕਿਆਂ ਰੁਕੂ ।ਅਡਾਨੀ ਦਾ ਸਮੁੰਦਰੀ ਅੱਡਾ। ਨਸ਼ੇ ਦੇ ਵੱਡੇ-ਵੱਡੇ ਕੰਟੇਨਰ ਉਤਰਨ।ਦੋ ਵਾਰ ਦੀਆਂ ਤਾਂ ਖਬਰਾਂ ਛਪੀਆਂ।ਕੇਰਾਂ ਤਿੰਨ ਹਜ਼ਾਰ ਕਿੱਲੋ ਹੈਰੋਇਨ ਆਈ।ਇਹ ਅੱਡਾ ਯੁੱਧ ਦੇ ਨਿਸ਼ਾਨੇ ਵਿੱਚ ਨਹੀਂ। ਪੰਜਾਬ ਪੁਲਸ ਕਹਿੰਦੀ ਐ ਫਿਰੋਜ਼ਪੁਰੋਂ ਆਉਂਦੈ, ਉਹ ਵੀ ਨਿਸ਼ਾਨੇ ਵਿੱਚ ਹੈਨੀਂ।ਸਾਬਕਾ ਡੀ ਜੀ ਪੀ ਸ਼ਸ਼ੀਕਾਂਤ ਵੱਲੋਂ ਦੱਸੇ ਵੱਡੇ ਤਸਕਰ, ਮੰਤਰੀ ਤੇ ਅਫ਼ਸਰ, ਨਿਸ਼ਾਨੇ ਵਿੱਚ ਇਹ ਵੀ ਕੋਈ ਨਹੀਂ।ਜੇਲ੍ਹ ਵਿੱਚ ਬੰਦ ਭੋਲੇ ਭਲਵਾਨ ਵੱਲੋਂ ਜੱਜ ਸਾਹਮਣੇ ਦੱਸੇ ਬੰਦੇ ਵੀ ਨਿਸ਼ਾਨੇ ਦੀ ਮਾਰ ਤੋਂ ਪਾਸੇ। ਯੁੱਧ ਦੇ ਨਿਸ਼ਾਨੇ ਵਿੱਚ ਨਸ਼ੇ ਦੇ ਵੱਡੇ ਡੀਲਰ ਸਿਆਸਤਦਾਨ ਤੇ ਕਾਰਪੋਰੇਟ ਨਹੀਂ ਆਏ ਅਤੇ ਨਾ ਆਏ ਖਬਰਾਂ ਵਿੱਚ ਛਪਦੇ ਪੁਲਸ ਦੇ ਵੱਡੇ ਅਧਿਕਾਰੀ। ਨਾ ਇਹਨਾਂ ਦੀ ਜਾਇਦਾਦ ਜ਼ਬਤ ਕੀਤੀ, ਨਾ ਘਰ ਢਾਹੇ। ਸੀ ਐੱਮ ਨੇ ਹੁਣ ਕਿਹਾ-ਵੱਡਿਆਂ ਨੂੰ ਹੱਥ ਹੁਣ ਪਾਵਾਂਗੇ।ਦੇਖੋ, ਊਠ ਕਿਸ ਕਰਵਟ ਬਹਿੰਦੈ ।

ਇਓਂ ਯੁੱਧ ਦੀ ਧਾਰ ਦਾ ਨਸ਼ਈਆਂ ਤੇ ਛੋਟੇ ਰਿਟੇਲਰਾਂ ਖਿਲਾਫ਼ ਹੀ ਬਣੇ ਰਹਿਣਾ । ਘਰ ਢਾਹੁੰਦੇ ਬੁਲਡੋਜ਼ਰ ਤੇ ਪੁਲਸ ਬਲ ਨੂੰ ਵਾਰ-ਵਾਰ ਦਿਖਾਉਣਾ ।ਏਸੇ ਸਮੇਂ ਹਰ ਵਰਗ ਦੇ ਧਰਨਿਆਂ 'ਤੇ ਪੁਲਸ ਬਲ ਦਾ ਹਮਲਾਵਰ ਹੋਏ ਰਹਿਣਾ । ਧਰਨਾਕਾਰੀਆਂ ਨਾਲ ਗੱਲਬਾਤ ਲਈ ਸਿਵਲ ਅਧਿਕਾਰੀ ਦੀ ਥਾਂ ਪੁਲਸ ਅਧਿਕਾਰੀ ਲਾਉਣੇ ।ਇਸ ਸਭ ਨੇ ਸਾਹਮਣੇ ਲਿਆਂਦਾ ਯੁੱਧ ਦੇ ਨਿਸ਼ਾਨੇ ਦਾ ਸੱਚ।

ਸਰਕਾਰ ਦਾ ਓਪਨ ਏਜੰਡਾ, ਦੇਸੀ-ਵਿਦੇਸ਼ੀ ਕਾਰਪੋਰੇਟਾਂ ਦੀ ਸੇਵਾ । ਜ਼ਮੀਨਾਂ, ਪਾਣੀ, ਜੰਗਲ ਲੋਕਾਂ ਤੋਂ ਖੋਹਣਾ।ਕਾਰਪੋਰੇਟਾਂ ਮੂਹਰੇ ਪਰੋਸਣਾ ।ਸਰਕਾਰੀ ਅਦਾਰਿਆਂ ਤੇ ਕਾਰੋਬਾਰਾਂ ਦਾ ਨਿੱਜੀਕਰਨ ਕਰਨਾ ।ਰੁਜ਼ਗਾਰ ਦੇਣ ਦੀ ਥਾਂ ਰੁਜ਼ਗਾਰ ਖੋਹਣਾ।ਸਰਕਾਰ ਨੂੰ ਭਲੀਭਾਂਤ ਪਤੈ, ਇਹ ਏਜੰਡਾ ਲੋਕਾਂ 'ਚ ਰੋਸ ਵਧਾਉਂਦੈ।ਧਰਨੇ, ਮੁਜ਼ਾਹਰੇ ਵਧਣਗੇ, ਉਸ ਦੀ ਸੇਵਾ ਵਿਚ ਵਿਘਨ ਪਾਉਣਗੇ।ਇਹ ਵੀ ਸਰਕਾਰ ਦੇ ਏਜੰਡੇ ਦਾ ਹਿੱਸਾ ਕਿ ਰੋਸ ਨੂੰ ਉੱਠਣ ਤੋਂ ਪਹਿਲਾਂ ਨੱਪਣਾ।ਲੋਕਾਂ ਦੀ ਜ਼ੁਬਾਨਬੰਦੀ ਕਰਨਾ। ਇਹਦੇ ਲਈ ਪੁਲਸੀਆ ਦਹਿਸ਼ਤ ਦਾ ਮਾਹੌਲ ਬਣਾਉਣਾ । ਸੰਘਰਸ਼ ਉੱਠਦੇ ਨੇ ਮੰਗਾਂ ਮਸਲਿਆਂ ਦੇ ਹੱਲ ਲਈ। ਮੰਗਾਂ ਮਸਲੇ ਹੀ ਲੜਨ ਦੀ ਮਜਬੂਰੀ ਬਣਾਉਂਦੇ ਨੇ, ਲੋੜ ਜਗਾਉਂਦੇ ਨੇ।ਸਫਲ ਸੰਘਰਸ਼ਾਂ ਦੇ ਤਜਰਬੇ ਪ੍ਰੇਰਨਾ ਤੇ ਹੌਂਸਲਾ ਦਿੰਦੇ ਨੇ।ਨਾਬਰ, ਜਾਬਰ ਤੋਂ ਕਦੇ ਨਹੀਂ ਦੱਬੇ, ਉਪਰ ਦੀ ਰਹੇ ਐ। ਇਓਂ ਸੰਘਰਸ਼ਾਂ ਦੇ ਪਿੜ ਸਦਾ ਮਘਦੇ ਰਹਿੰਦੇ ਐ। ਲੋਕ ਘੋਲਾਂ ਦੇ ਝੰਡੇ ਸਦਾ ਝੂਲਦੇ ਰਹੇ ਐ ਤੇ ਸਦਾ ਝੂਲਦੇ ਰਹਿਣਗੇ।

**# ਸੰਪਰਕ : 94172-24822**

# ਅਵਾਰਾ ਪਸ਼ੂਆਂ ਤੇ ਕੁੱਤਿਆਂ ਦਾ ਖ਼ੌਫ

ਦਿਨ-ਬ-ਦਿਨ ਅਵਾਰਾ ਪਸ਼ੂਆਂ ਦੀ ਲਗਾਤਾਰ ਗਿਣਤੀ ਵਧ ਰਹੀ ਹੈ । ਸੜਕਾਂ 'ਤੇ ਇਹ ਝੁੰਡ ਬਣਾ ਕੇ ਲੜਦੇ ਹੋਏ ਕਈ ਤਰ੍ਹਾਂ ਦੀਆਂ ਘਟਨਾਵਾਂ ਨੂੰ ਅੰਜ਼ਾਮ ਦੇ ਰਹੇ ਹਨ। ਅਵਾਰਾ ਪਸ਼ੂ ਰਾਹ ਜਾਂਦਿਆਂ ਨੂੰ ਆਪਣਾ ਸ਼ਿਕਾਰ ਬਣਾ ਰਹੇ ਹਨ । ਕਿੰਨੇ ਹੀ ਨਿਰਦੋਸ਼ ਲੋਕਾਂ ਦੀਆਂ ਇਨ੍ਹਾਂ ਅਵਾਰਾ ਪਸ਼ੂਆਂ ਨੇ ਜਾਨਾਂ ਲੈ ਲਈਆਂ ਹਨ। ਅਵਾਰਾ ਪਸ਼ੂ ਸੜਕ ਹਾਦਸਿਆਂ ਦਾ ਵੀ ਮੁੱਖ ਕਾਰਨ ਬਣਦੇ ਹਨ । ਸੜਕਾਂ 'ਤੇ ਇਨ੍ਹਾਂ ਦਾ ਜ਼ਿਆਦਾ ਬੋਲਬਾਲਾ ਹੈ। ਗੱਡੀਆਂ ਵਿੱਚ ਸਫਰ ਕਰਦੇ ਪਰਵਾਰ ਪੂਰੇ ਹੀ ਖ਼ਤਮ ਹੋ ਜਾਂਦੇ ਹਨ । ਜਦੋਂ ਕੋਈ ਅਜਿਹੀ ਘਟਨਾ ਸੁਣਨ ਜਾਂ ਪੜ੍ਹਨ ਨੂੰ ਮਿਲਦੀ ਹੈ ਤਾਂ ਦਿਲ ਕੰਬ ਉੱਠਦਾ ਹੈ ।

ਅਵਾਰਾ ਪਸ਼ੂਆਂ ਤੋਂ ਹਰ ਵਰਗ ਦੇ ਲੋਕਾਂ ਨੂੰ ਪ੍ਰੇਸ਼ਾਨੀ ਹੋ ਰਹੀ ਹੈ । ਅਵਾਰਾ ਪਸ਼ੂਆਂ ਦੀ ਪ੍ਰੇਸ਼ਾਨੀ ਦਾ ਸਿਲਸਿਲਾ ਸਾਲਾਂ ਤੋਂ ਹੀ ਨਹੀਂ, ਸਗੋਂ ਦਹਾਕਿਆਂ ਤੋਂ ਚਲਿਆ ਆ ਰਿਹਾ ਹੈ । ਸੂਬਾ ਸਰਕਾਰਾਂ ਇਸ ਗੰਭੀਰ ਮਸਲੇ ਬਾਰੇ ਕਦੇ ਵੀ ਕੋਈ ਪੁਖ਼ਤਾ ਤੇ ਪ੍ਰਭਾਵਸ਼ਾਲੀ ਯੋਜਨਾ ਤਿਆਰ ਨਹੀਂ ਕਰ ਸਕੀਆਂ। ਜੇਕਰ ਇਹ ਯੋਜਨਾਵਾਂ ਬਣਾਈਆਂ ਵੀ ਗਈਆਂ ਤਾਂ ਸਮਾਂ ਪਾ ਕੇ ਇਹ ਬੁਰੀ ਤਰ੍ਹਾਂ ਫੇਲ੍ਹ ਹੋ ਗਈਆਂ ਅਤੇ ਅਮਲਾਂ ਤੋਂ ਸੱਖਣੀਆਂ ਹੀ ਸਾਬਤ ਹੋਈਆਂ ਹਨ। ਹਾਲਾਂਕਿ ਭਾਰਤੀ ਸਮਾਜ ਵਿੱਚ ਬੇਜ਼ੁਬਾਨਾਂ ਦੀ ਹਰ ਤਰ੍ਹਾਂ ਨਾਲ ਰੱਖਿਆ ਕਰਨ ਦੇ ਪ੍ਰਵਚਨ ਦਿੱਤੇ ਜਾ ਰਹੇ ਹਨ ।

ਇਕ ਰਿਪੋਰਟ ਅਨੁਸਾਰ ਪੰਜਾਬ ਦੀਆਂ ਸੜਕਾਂ 'ਤੇ ਲਗਭਗ ਡੇਢ ਲੱਖ ਅਵਾਰਾ ਪਸ਼ੂ ਘੁੰਮ ਰਹੇ ਹਨ । ਅਵਾਰਾ ਜਾਨਵਰਾਂ 'ਚ ਬੇਸਹਾਰਾ ਗਾਵਾਂ ਅਤੇ ਢੱਠਿਆਂ ਦੀ ਸਮੱਸਿਆਂ ਪਹਿਲਾਂ ਸਿਰਫ਼ ਪਿੰਡਾਂ ਤੱਕ ਹੀ ਦੇਖੀ-ਸੁਣੀ ਜਾਂਦੀ ਸੀ, ਪਰ ਹੁਣ ਤਾਂ ਸ਼ਹਿਰਾਂ 'ਚ ਵੀ ਅਵਾਰਾ ਗਾਵਾਂ ਤੇ ਢੱਠੇ ਵੱਡੀ ਗਿਣਤੀ 'ਚ ਇੱਧਰ-ਉੱਧਰ ਘੁੰਮਦੇ ਅਤੇ ਕੂੜੇ 'ਚ ਮੂੰਹ ਮਾਰਦੇ ਦੇਖੇ ਜਾ ਸਕਦੇ ਹਨ । ਪਿੰਡਾਂ 'ਚ ਘੁੰਮਦੇ ਅਵਾਰਾ ਪਸ਼ੂਆਂ ਦੇ ਨਾਲ-ਨਾਲ ਸ਼ਹਿਰੀ ਖੇਤਰਾਂ 'ਚ ਵੀ ਗਿਣਤੀ ਵਧਣ ਨਾਲ ਦਹਿਸ਼ਤ 'ਚ ਵਾਧਾ ਹੋਇਆ ਹੈ ਅਤੇ ਕਈ ਵਾਰ ਇਨ੍ਹਾਂ ਦੀ ਆਪਸੀ ਲੜਾਈ ਦੇ ਕਾਰਨ ਲੋਕਾਂ ਦੀ ਮੌਤ ਤੱਕ ਹੋ ਜਾਣ ਦੀਆਂ ਖ਼ਬਰਾਂ ਮਿਲਦੀਆਂ ਰਹੀਆਂ ਹਨ ।



**ਨਰਿੰਦਰ ਸਿੰਘ**

ਪੇਂਡੂ ਖੇਤਰ 'ਚ ਖੇਤੀ ਦਾ ਬਹੁਤ ਜ਼ਿਆਦਾ ਆਧੁਨਿਕੀਕਰਨ ਹੋ ਜਾਣ ਨਾਲ ਇਕ ਪਾਸੇ ਬੇਕਾਰ ਢੱਠਿਆਂ ਦੀ ਗਿਣਤੀ ਬਹੁਤ ਵਧੀ ਹੈ, ਉੱਥੇ ਡੇਅਰੀ ਉਦਯੋਗ ਦੇ ਪ੍ਰਸਾਰ ਨਾਲ ਦੁੱਧ ਨਾ ਦੇ ਸਕਣ ਵਾਲੀਆਂ ਗਾਵਾਂ ਨੂੰ ਖੁੱਲ੍ਹਾ ਛੱਡ ਦੇਣ ਦੀਆਂ ਵਧਦੀਆਂ ਘਟਨਾਵਾਂ ਨਾਲ ਅਵਾਰਾ ਘੁੰਮਣ ਵਾਲੇ ਪਸ਼ੂਆਂ ਦੀ ਗਿਣਤੀ ਵਧੀ ਹੈ । ਪਿੰਡਾਂ ਦੇ ਵਧਦੇ ਸ਼ਹਿਰੀਕਰਨ ਅਤੇ ਰਿਹਾਇਸ਼ੀ ਖੇਤਰਾਂ ਦੀ ਹੱਦ-ਹਦੂਦ ਖੇਤਾਂ ਤੱਕ ਪਹੁੰਚ ਜਾਣ ਨਾਲ ਮਰੇ ਪਸ਼ੂਆਂ ਲਈ ਬਣੀਆਂ ਹੱਡਾ ਰੋੜੀਆਂ ਦੇ ਰਿਹਾਇਸ਼ੀ ਖੇਤਰਾਂ ਦੇ ਅੰਦਰਾਂ ਤੱਕ ਆ ਜਾਣ ਨਾਲ ਕੁੱਤਿਆਂ ਦੀ ਗਿਣਤੀ ਅਤੇ ਉਨ੍ਹਾਂ ਦੀ ਦਹਿਸ਼ਤ ਵੀ ਵਧੀ ਹੈ ।

ਅਜਿਹੇ ਕੁੱਤੇ ਸਿਰਫ਼ ਬੱਚਿਆਂ 'ਤੇ ਹੀ ਹਮਲੇ ਨਹੀਂ ਕਰਦੇ, ਸਗੋਂ ਨੌਜਵਾਨਾਂ ਅਤੇ ਬਜ਼ੁਰਗਾਂ ਨੂੰ ਵੀ ਸ਼ਿਕਾਰ ਬਣਾਉਣ ਲੱਗੇ ਹਨ । ਪਿਛਲੇ ਪੰਜ ਸਾਲਾਂ ਵਿੱਚ ਅਵਾਰਾ ਕੁੱਤਿਆਂ ਦੇ ਵਧਣ ਨਾਲ ਜ਼ਖ਼ਮੀ ਹੋਣ ਵਾਲਿਆਂ ਦੀ ਗਿਣਤੀ ਵਿੱਚ 70 ਫ਼ੀਸਦੀ ਵਾਧਾ ਹੋਇਆ ਹੈ । ਦੋ ਦਹਾਕੇ ਪਹਿਲਾਂ ਸਰਕਾਰ ਵੱਲੋਂ ਅਵਾਰਾ ਕੁੱਤਿਆਂ ਦੀ ਨਸਬੰਦੀ ਕਰਨ ਦੀ ਯੋਜਨਾ ਬਣਾਈ ਗਈ ਸੀ । ਜੇਕਰ ਇਸ ਯੋਜਨਾ 'ਤੇ ਅਮਲ ਕੀਤਾ ਜਾਂਦਾ ਤਾਂ ਅੱਜ ਤੱਕ ਇਨ੍ਹਾਂ ਅਵਾਰਾ ਕੁੱਤਿਆਂ ਦੀ ਗਿਣਤੀ ਬੇਹੱਦ ਘਟ ਜਾਣੀ ਸੀ, ਪਰ ਇਨ੍ਹਾਂ ਅਵਾਰਾ ਕੁੱਤਿਆਂ ਦੀ ਗਿਣਤੀ ਘਟਣ ਦੀ ਬਜਾਏ ਵਧਦੀ ਗਈ । ਇਸ ਤਰ੍ਹਾਂ ਵੀਹ ਕੁ ਸਾਲ ਪਹਿਲਾਂ ਕੁੱਤਿਆਂ ਦੀ ਨਸਬੰਦੀ ਕਰਕੇ ਇਨ੍ਹਾਂ ਦੀ ਗਿਣਤੀ ਘਟਾਉਣ ਦੇ ਯਤਨ ਵੀ ਬੁਰੀ ਤਰ੍ਹਾਂ ਫੇਲ੍ਹ ਹੋਏ ਅਤੇ ਇਨ੍ਹਾਂ ਕੁੱਤਿਆਂ ਦੀ ਆਬਾਦੀ ਲਗਾਤਾਰ ਵਧਦੀ ਗਈ । ਹਰੇਕ ਮਹਿਕਮਾ ਹੀ ਇਸ ਮਾਮਲੇ 'ਚ ਕਾਰਗੁਜ਼ਾਰੀ ਪੱਖੋਂ ਨਿਕੰਮਾ ਸਾਬਤ ਹੋਇਆ ।

ਇਸ ਵੇਲੇ ਅਵਾਰਾਂ ਕੁੱਤਿਆਂ ਦੀ ਤਾਦਾਦ ਐਨੀ ਵਧ ਗਈ ਹੈ ਕਿ ਬਜ਼ੁਰਗ, ਬੱਚੇ, ਔਰਤਾਂ ਅਤੇ ਹੁਣ ਤਾਂ ਇਕੱਲੇ ਬੰਦੇ ਦਾ ਵੀ ਘਰ ਤੋਂ ਨਿਕਲਣਾ ਮੁਸ਼ਕਲ ਹੋਇਆ ਪਿਆ ਹੈ । ਬੱਚੇ ਪੈਦਲ ਜਾਂ ਸਾਈਕਲਾਂ 'ਤੇ ਸਕੂਲ ਜਾਂ ਟਿਊਸ਼ਨ ਜਾਂਦੇ ਹਨ। ਕੰਮ ਕਰਨ ਵਾਲੀਆਂ ਔਰਤਾਂ, ਘਰੇਲੂ ਔਰਤਾਂ ਜ਼ਰੂਰਤ ਦਾ ਸਮਾਨ ਖਰੀਦਣ, ਵੱਖ-ਵੱਖ ਕੰਪਨੀਆਂ ਦੇ ਡਲਿਵਰੀ ਵਾਲੇ ਅਤੇ ਬਜ਼ੁਰਗ ਜੋ ਸੈਰ ਲਈ ਨਿਕਲਦੇ ਹਨ, ਸਭ ਨੂੰ ਪ੍ਰੇਸ਼ਾਨੀ ਹੁੰਦੀ ਹੈ । ਵਿਸ਼ਵ ਸਿਹਤ ਸੰਸਥਾ ਦੇ ਅੰਕੜਿਆਂ ਮੁਤਾਬਕ ਭਾਰਤ ਵਿਚ ਹਰ ਸਾਲ 18 ਤੋਂ 20 ਹਜ਼ਾਰ ਮੌਤਾਂ ਹਲਕਾਅ ਕਾਰਨ ਹੁੰਦੀਆਂ ਹਨ । ਪੈਟ ਹੋਮਲੈੱਸ ਇੰਡੈਕਸ ਦੇ ਮੁਤਾਬਕ ਭਾਰਤ ਵਿੱਚ ਅਵਾਰਾ ਕੁੱਤਿਆਂ ਦੀ ਆਬਾਦੀ ਸਾਲ 2022 ਵਿੱਚ 6 ਕਰੋੜ 2 ਲੱਖ ਸੀ, ਭਾਵ 23 ਲੱਖ ਲੋਕਾਂ ਮਗਰ ਇੱਕ ਅਵਾਰਾ ਕੁੱਤਾ ਹੈ । ਸਾਲ 2019 ਤੋਂ ਸਾਲ 2022 ਤੱਕ 1.6 ਕਰੋੜ ਲੋਕਾਂ ਨੂੰ ਅਵਾਰਾ ਕੁੱਤਿਆਂ ਨੇ ਕੱਟਿਆ ।



ਵਿਸ਼ਵ ਸਿਹਤ ਸੰਸਥਾ ਦੇ ਅੰਕੜਿਆਂ ਮੁਤਾਬਕ ਕੁੱਤਿਆਂ ਵੱਲੋਂ ਵੱਢੇ ਜਾਣ ਨਾਲ ਹੋਣ ਵਾਲੇ ਰੇਬੀਜ਼ ਕਾਰਨ ਆਲਮੀ ਪੱਧਰ 'ਤੇ ਹਰ ਸਾਲ ਲਗਭਗ 59 ਹਜ਼ਾਰ ਲੋਕਾਂ ਦੀ ਮੌਤ ਹੋ ਜਾਂਦੀ ਹੈ । ਇਸੇ ਕਾਰਨ ਭਾਰਤ 'ਚ ਹਰ ਸਾਲ ਲਗਭਗ 20565 ਮੌਤਾਂ ਹੁੰਦੀਆਂ ਹਨ। ਸਰਕਾਰ ਨੂੰ ਕੁੱਤਿਆਂ ਦੇ ਖ਼ੌਫ਼ ਤੋਂ ਲੋਕਾਂ ਨੂੰ ਬਚਾਉਣ ਲਈ ਯੋਜਨਾ ਉਲੀਕਣ ਦੀ ਲੋੜ ਹੈ । ਵਿਸ਼ਵ ਸਿਹਤ ਸੰਸਥਾ ਮੁਤਾਬਕ ਦੁਨੀਆ ਭਰ 'ਚ ਕੁੱਤਿਆਂ ਦੇ ਵੱਢਣ ਕਾਰਨ ਹੁੰਦੀਆਂ ਮੌਤਾਂ 'ਚੋਂ 36 ਫ਼ੀਸਦੀ ਮੌਤਾਂ ਕੇਵਲ ਭਾਰਤ 'ਚ ਹੁੰਦੀਆਂ ਹਨ । ਦੇਸ਼ ਦੇ ਸਾਹਮਣੇ ਇਹ ਇੱਕ ਵੱਡੀ ਸਮੱਸਿਆ ਖੜੀ ਹੋ ਗਈ ਹੈ ।

ਅਵਾਰਾ ਕੁੱਤਿਆਂ ਤੋ ਲੋਕ ਬੇਹੱਦ ਪ੍ਰੇਸ਼ਾਨ ਹਨ । ਅਵਾਰਾ ਕੁੱਤਿਆਂ ਦੇ ਵੱਡੇ-ਵੱਡੇ ਝੁੰਡ ਗਲੀਆਂ, ਮੁਹੱਲਿਆਂ 'ਚ ਆਮ ਵੇਖੇ ਜਾ ਸਕਦੇ ਹਨ ਤੇ ਲੋਕ ਖ਼ੌਫ਼ ਦੇ ਮਾਹੌਲ ਵਿਚ ਜ਼ਿੰਦਗੀ ਜੀ ਰਹੇ ਹਨ । ਇਹ ਅਵਾਰਾ ਕੁੱਤੇ ਕਿਸੇ ਸਮੇਂ ਵੀ ਅਣਹੋਣੀ ਨੰ ਅੰਜ਼ਾਮ ਦੇ ਸਕਦੇ ਹਨ । ਸਕੂਲਾਂ ਦੇ ਨਜ਼ਦੀਕ ਅਤੇ ਸੰਘਣੀ ਆਬਾਦੀ ਵਾਲੇ ਖੇਤਰ ਦੇ ਨੇੜੇ-ਤੇੜੇ ਅਵਾਰਾ ਕੁੱਤਿਆਂ ਦੇ ਝੁੰਡ ਆਮ ਦੇਖੇ ਜਾ ਸਕਦੇ ਹਨ । ਜਿੱਥੇ 3 ਤੋਂ 5 ਸਾਲ ਦੇ ਬੱਚੇ ਵੀ ਪੜ੍ਹਾਈ ਦੀ ਸ਼ੁਰੂਆਤ ਕਰਨ ਆਉਂਦੇ ਹਨ । ਇਸੇ ਤਰ੍ਹਾਂ ਹੀ ਗਲੀ ਮੁਹੱਲੇ ਵਿੱਚ ਅਵਾਰਾਂ ਕੁੱਤੇ ਆਮ ਦੇਖੇ ਜਾ ਸਕਦੇ ਹਨ ।

ਇਨ੍ਹਾਂ ਕੁੱਤਿਆਂ ਦੀ ਦਹਿਸ਼ਤ ਏਨੀ ਜ਼ਿਆਦਾ ਹੋ ਗਈ ਹੈ ਕਿ ਪਸ਼ੂਆਂ ਤੋਂ ਲੈ ਕੇ ਆਮ ਵਿਅਕਤੀ ਨੂੰ ਆਪਣਾ ਨਿਸ਼ਾਨਾ ਬਣਾ ਰਹੇ ਹਨ, ਪਰ ਪ੍ਰਸ਼ਾਸਨ ਬਿਲਕੁਲ ਲਾਚਾਰ ਨਜ਼ਰ ਆ ਰਿਹਾ ਹੈ, ਜਿਸ ਕਾਰਨ ਇਨ੍ਹਾਂ ਕੁੱਤਿਆਂ ਦੀ ਦਹਿਸ਼ਤ ਹੋਰ ਵਧ ਗਈ ਹੈ । ਛੁਟਕਾਰਾ ਨਹੀਂ ਮਿਲ ਰਿਹਾ ।

ਅਵਾਰਾ ਪਸ਼ੂਆਂ ਤੋਂ ਕਿਸਾਨ ਵੀ ਬੁਰੀ ਤਰ੍ਹਾਂ ਤੰਗ-ਪ੍ਰੇਸ਼ਾਨ ਹਨ । ਅਵਾਰਾ ਗਊਆਂ ਲਈ ਗਊਸ਼ਲਾਵਾਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ । ਲੋਕਾਂ ਤੋਂ ਇਨ੍ਹਾਂ ਦੀ ਦੇਖ-ਭਾਲ ਲਈ ਵੱਧ ਟੈਕਸ ਵੀ ਲਗਾਇਆ ਗਿਆ ਹੈ । ਬਹੁਤ ਸਾਰੀਆਂ ਸਵੈ-ਸੇਵੀ ਸੰਸਥਾਵਾਂ ਵੀ ਇਸ ਪਾਸੇ ਵੱਡੇ ਯਤਨ ਕਰ ਰਹੀਆਂ ਹਨ, ਪਰ ਇਸ ਦੇ ਬਾਵਜੂਦ ਪਿੰਡਾਂ ਅਤੇ ਸ਼ਹਿਰਾਂ ਵਿੱਚ ਅਵਾਰਾ ਕੁੱਤਿਆਂ ਦੇ ਝੁੰਡ ਅਤੇ ਅਵਾਰਾ ਪਸ਼ੂਆਂ ਦੇ ਵੱਗ ਤੁਰੇ ਫਿਰਦੇ ਹਨ, ਪਰ ਪ੍ਰਸ਼ਾਸਨ ਇਸ ਸੰਬੰਧੀ ਘੂਕ ਸੁੱਤਾ ਹੋਇਆ ਹੈ ।

ਕੇਂਦਰ ਤੇ ਰਾਜ ਸਰਕਾਰਾਂ ਨੂੰ ਪੈਦਾ ਹੋਈ ਇਸ ਗੰਭੀਰ ਸਮੱਸਿਆ ਬਾਰੇ ਪੂਰੀ ਤਰ੍ਹਾਂ ਜਾਗਰੂਕ ਹੋ ਕੇ ਪ੍ਰਭਾਵੀ ਯੋਜਨਾਬੰਦੀ ਕਰਕੇ ਉਸ ਦੀ ਪਹਿਰੇਦਾਰੀ ਕਰਨੀ ਚਾਹੀਦੀ ਹੈ, ਤਾਂ ਜੋ ਇਕ ਨਿਸਚਿਤ ਸਮੇਂ ਦੇ ਵਿੱਚ ਸਾਹਮਣੇ ਖੜ੍ਹੀ ਇਸ ਸਮੱਸਿਆਂ ਤੋਂ ਨਿਜਾਤ ਪਾਈ ਜਾ ਸਕੇ । ਸੂਬਾ ਸਰਕਾਰਾਂ ਨੂੰ ਕੇਂਦਰ ਸਰਕਾਰ ਨਾਲ ਮਿਲ ਕੇ ਕੋਈ ਠੋਸ ਨੀਤੀ ਲਿਆਉਣ ਦੀ ਜ਼ਰੂਰਤ ਹੈ, ਤਾਂ ਜੋ ਲੋਕਾਂ ਨੂੰ ਅਵਾਰਾ ਪਸ਼ੂਆਂ ਤੇ ਕੁੱਤਿਆਂ ਤੋ ਨਿਜਾਤ ਮਿਲ ਸਕੇ। ਦਿਨ ਪ੍ਰਤੀ ਦਿਨ ਇਹ ਦੋਵੇਂ ਸਮੱਸਿਆਵਾਂ ਗੰਭੀਰ ਬਣਦੀਆਂ ਜਾ ਰਹੀਆਂ ਹਨ । ਲੋਕਾਂ ਦੇ ਜਾਨ-ਮਾਲ ਦੀ ਰਾਖੀ ਲਈ ਇਸ ਗੰਭੀਰ ਸਮੱਸਿਆਂ ਵੱਲ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਜ਼ਰੂਰ ਧਿਆਨ ਦੇਣਾ ਚਾਹੀਦਾ ਹੈ । ਜੇ ਸਮਾਂ ਰਹਿੰਦਿਆਂ ਕਿਸੇ ਸਮੱਸਿਆਂ ਦਾ ਹੱਲ ਨਾ ਕੱਢਿਆ ਜਾਵੇ ਤਾਂ ਉਹ ਹੋਰ ਵੀ ਭਿਆਨਕ ਹੋ ਜਾਂਦੀ ਹੈ । ਲੋਕਾਂ ਦਾ ਖਿਆਲ ਰੱਖਣਾ ਅਤੇ ਉਨ੍ਹਾਂ ਦੀ ਚਿੰਤਾ ਕਰਨੀ ਇੱਕ ਚੰਗੀ ਸਰਕਾਰ ਦਾ ਮੁੱਢਲਾ ਸਿਧਾਂਤ ਹੈ।

**ਸੰਪਰਕ : 98146-62260**

# ਪਾਰਟੀ ਦੇ 25ਵੇਂ ਮਹਾਂ ਸੰਮੇਲਨ ਸੰਬੰਧੀ ਜ਼ਿਲ੍ਹਾ ਲੁਧਿਆਣਾ 'ਚ ਤਿਆਰੀਆਂ ਜ਼ੋਰਾਂ 'ਤੇ

## ਕੌਂਸਲ ਮੀਟਿੰਗ ਨੇ ਪਾਰਟੀ ਦੇ 100ਵੇਂ ਸਾਲ 'ਚ ਕੀਤੇ ਜਾਣ ਵਾਲੇ ਪ੍ਰੋਗਰਾਮ ਨੂੰ ਦਿੱਤਾ ਅੰਤਿਮ ਰੂਪ



**ਲੁਧਿਆਣਾ (ਰੈਕਟਰ ਕਥੂਰੀਆ)**

ਭਾਰਤੀ ਕਮਿਊਨਿਸਟ ਪਾਰਟੀ ਦੀ 21 ਤੋਂ 25 ਸਤੰਬਰ 2025 ਤੱਕ ਚੰਡੀਗੜ੍ਹ ਵਿਖੇ ਹੋਣ ਵਾਲੇ ਕੌਮੀ ਮਹਾਂ ਸੰਮੇਲਨ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਸੀ ਪੀ ਆਈ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ। ਜ਼ਿਲ੍ਹਾ ਸਕੱਤਰ ਸਾਥੀ ਡੀ ਪੀ ਮੌੜ ਵੱਲੋਂ ਮੀਟਿੰਗ ਲਈ ਪਹਿਲਾਂ ਭੇਜੇ ਗਏ ਏਜੰਡੇ 'ਤੇ ਵੱਖ ਵੱਖ ਬਲਾਕਾਂ ਤੋਂ ਆਏ ਸਾਥੀਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ।ਆਗੂ ਸਾਥੀਆਂ ਨੇ ਬੋਲਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਇਸ ਮਹਾਂ ਸੰਮੇਲਨ ਨੂੰ ਲੈ ਕੇ ਸਾਥੀਆਂ ਵਿੱਚ ਭਾਰੀ ਉਤਸ਼ਾਹ ਦਾ ਮਾਹੌਲ ਹੈ ਅਤੇ ਇਸ ਦੀਆਂ ਤਿਆਰੀਆਂ ਚੱਲ ਰਹੀਆਂ ਹਨ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਹੁਸੈਨੀਵਾਲਾ ਤੋਂ ਚੱਲ ਕੇ ਆਉਣ ਵਾਲਾ ਜੱਥਾ ਮਾਰਚ, ਜੋ ਲੁਧਿਆਣਾ ਜ਼ਿਲ੍ਹੇ ਦੇ ਸਾਥੀਆਂ ਨੂੰ ਪਿੰਡ ਨਵਾਂ ਚੋਟ ਚੱਕ ਵਿਖੇ ਸੰਭਾਲਿਆ ਜਾਵੇਗਾ, ਦੀ ਤਿਆਰੀ ਲਈ ਵੱਡੀ ਗਿਣਤੀ ਵਿੱਚ ਸਾਥੀ 26 ਅਗਸਤ ਨੂੰ ਉਸ ਨੂੰ ਲੈਣ ਲਈ ਪਹੁੰਚਣਗੇ।ਇਹ ਜੱਥਾ ਦੋ ਦਿਨ ਲਈ ਲੁਧਿਆਣਾ ਜ਼ਿਲ੍ਹੇ ਵਿੱਚ ਵੱਖ ਵੱਖ ਸ਼ਹਿਰਾਂ ਤੇ ਕਸਬਿਆਂ ਵਿੱਚ ਜਾਵੇਗਾ, ਜਿਸ ਵਿੱਚ 50 ਮੋਟਰਸਾਈਕਲਾਂ 'ਤੇ ਸਵਾਰ ਸਾਥੀ ਅਗਵਾਈ ਕਰਨਗੇ ਤੇ ਬਾਕੀ ਸਾਥੀ ਕਾਰਾਂ ਵਿੱਚ ਚੱਲਣਗੇ।27 ਅਗਸਤ ਨੂੰ ਇਸ ਜੱਥੇ ਦੀ ਸਮਾਪਤੀ ਪਿੰਡ ਸਰਾਭਾ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਅਰਪਣ ਕਰਕੇ ਹੋਵੇਗੀ।ਹਰ ਸਾਲ ਦੀ ਤਰ੍ਹਾਂ ਪਾਰਟੀ ਵੱਲੋਂ 15 ਅਗਸਤ ਨੂੰ ਸ਼ਹੀਦ ਕਰਨੈਲ ਸਿੰਘ ਈਸੜੂ ਦੇ ਸ਼ਹੀਦੀ ਦਿਨ ਨੂੰ ਪਿੰਡ ਈਸੜੂ ਵਿਖੇ ਮਨਾਇਆ ਜਾਵੇਗਾ।25ਵੇਂ ਪਾਰਟੀ ਮਹਾਂ ਸੰਮੇਲਨ ਤੋਂ ਪਹਿਲਾਂ ਤੇ ਪਾਰਟੀ ਦੇ 100 ਸਾਲਾ ਪ੍ਰੋਗਰਾਮ ਦੇ ਤਹਿਤ ਸੂਬੇ ਵਿੱਚ ਕੀਤੇ ਜਾ ਰਹੇ ਪੰਜ ਸੈਮੀਨਾਰਾਂ ਵਿੱਚੋਂ ਇੱਕ ਸੈਮੀਨਾਰ ਜੋ ਖੇਤੀਬਾੜੀ ਨਾਲ ਸਬੰਧਤ ਹੈ, ਲੁਧਿਆਣਾ ਜ਼ਿਲ੍ਹੇ ਵਿੱਚ ਹੋਣਾ ਹੈ, ਉਹ ਮੁੱਲਾਂਪੁਰ ਵਿਖੇ 7 ਸਤੰਬਰ ਨੂੰ ਕੀਤਾ ਜਾਵੇਗਾ।ਸਾਥੀ ਡੀ ਪੀ ਮੌੜ ਨੇ ਦੱਸਿਆ ਕਿ ਇਸ ਸੈਮੀਨਾਰ ਲਈ ਜਲਦੀ ਹੀ ਜ਼ਿਲ੍ਹਾ ਕਪੂਰਥਲਾ, ਜਲੰਧਰ, ਨਵਾਂ ਸ਼ਹਿਰ ਤੇ ਹੁਸ਼ਿਆਰਪੁਰ ਦੇ ਆਗੂਆਂ ਦੀ ਇੱਕ ਸਾਂਝੀ ਮੀਟਿੰਗ ਬੁਲਾਏ ਜਾਏਗੀ, ਜਿਸ ਵਿੱਚ ਪ੍ਰੋਗਰਾਮ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ ਕਿ 21 ਸਤੰਬਰ ਨੂੰ ਕਿਵੇਂ ਮਹਾਂ ਸੰਮੇਲਨ ਦੇ ਪਹਿਲੇ ਦਿਨ ਮੁਹਾਲੀ ਵਿਖੇ ਹੋਣ ਵਾਲੀ ਵਿਸ਼ਾਲ ਰੈਲੀ ਵਿੱਚ ਲੁਧਿਆਣਾ ਜ਼ਿਲ੍ਹੇ ਤੋਂ 20 ਬੱਸਾਂ ਦਾ ਕਾਫ਼ਲਾ ਸ਼ਾਮਲ ਹੋਵੇ।ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਲੁਧਿਆਣੇ ਜ਼ਿਲ੍ਹੇ ਵੱਲੋਂ ਪੰਜ ਵਲੰਟੀਅਰ 16 ਅਗਸਤ ਦੇ ਸੰਗਰੂਰ ਵਿਖੇ ਹੋ ਰਹੇ ਟ੍ਰੇਨਿੰਗ ਕੈਂਪ ਵਿੱਚ ਭੇਜੇ ਜਾਣਗੇ। ਮੀਟਿੰਗ ਵਿੱਚ ਜਿਨ੍ਹਾਂ ਸਾਥੀਆਂ ਨੇ ਵਿਚਾਰ ਪ੍ਰਗਟ ਕੀਤੇ, ਉਨ੍ਹਾਂ ਵਿੱਚ ਐਡਵੋਕੇਟ ਪਰਮਜੀਤ ਸਿੰਘ ਖੰਨਾ ਤੋਂ, ਪਾਰਟੀ ਦੇ ਸ਼ਹਿਰੀ ਸਕੱਤਰ ਲੁਧਿਆਣਾ ਐੱਮ ਐੱਸ ਭਾਟੀਆ, ਭਗਵਾਨ ਸਿੰਘ ਸੋਮਲਖੇੜੀ ਬਲਾਕ ਸਕੱਤਰ ਮਲੌਦ, ਨਿਰੰਜਨ ਸਿੰਘ ਧੀਰ ਬਲਾਕ ਸਕੱਤਰ ਦੋਰਾਹਾ, ਜ਼ਿਲ੍ਹਾ ਸਹਾਇਕ ਸਕੱਤਰ ਚਮਕੌਰ ਸਿੰਘ, ਜ਼ਿਲ੍ਹਾ ਕਾਰਜਕਾਰਨੀ ਮੈਂਬਰ ਕੇਵਲ ਸਿੰਘ ਬਨਵੈਤ, ਡਾ. ਰਜਿੰਦਰ ਪਾਲ ਸਿੰਘ ਔਲਖ, ਨਰੇਸ਼ ਗੌੜ ਤੇ ਅਜੀਤ ਜਵੱਦੀ ਸ਼ਾਮਲ ਸਨ।ਇਨ੍ਹਾਂ ਤੋਂ ਇਲਾਵਾ ਮੀਟਿੰਗ ਵਿੱਚ ਕਾਮਰੇਡ ਚਰਨ ਸਰਾਭਾ, ਰਾਮ ਪ੍ਰਤਾਪ, ਕੁਲਵੰਤ ਕੌਰ, ਗੁਰਮੇਲ ਮੈਲਡੇ, ਕੁਲਵੰਤ ਸਿੰਘ ਪੰਧੇਰ ਖੇੜੀ, ਸਤਨਾਮ ਸਿੰਘ, ਹਰਬੰਸ ਸਿੰਘ, ਪਰਵੀਨ ਕੁਮਾਰ, ਸੁਸ਼ੀਲ ਅਗਰਵਾਲ, ਇਕਬਾਲ ਸਿੰਘ, ਸੰਜੇ ਕੁਮਾਰ, ਜਗਮੋਹਨ ਸ਼ਰਮਾ, ਅਨਿਲ ਕੁਮਾਰ, ਗੁਰਮੀਤ ਸਿੰਘ, ਜੋਗਿੰਦਰ ਪਾਲ, ਸਰੋਜ ਕੁਮਾਰ ਆਦਿ ਹਾਜ਼ਰ ਸਨ।ਅੰਤ ਵਿੱਚ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਕਾਮਰੇਡ ਰਮੇਸ਼ ਰਤਨ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਆਏ ਹੋਏ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ।

# ਭਾਰਤੀ ਅੰਬੇਡਕਰ ਮਿਸ਼ਨ ਨੇ ਲਗਾਇਆ ਵਿਸ਼ਾਲ ਮੈਡੀਕਲ ਕੈਂਪ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਤੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਉਘੇ ਸਮਾਜ ਸੇਵਕਾ ਪ੍ਰੀਤੀ ਮਹੰਤ ਦੇ ਸਹਿਯੋਗ ਨਾਲ ਸੂਬਾ ਪ੍ਰਧਾਨ ਸ੍ਰੀ ਮੁਕੇਸ਼ ਰਤਨਾਕਰ ਤੇ ਜ਼ਿਲ੍ਹਾ ਪ੍ਰਧਾਨ ਡਾ. ਗੁਰਦੀਪ ਸਿੰਘ ਬਿੱਟੂ ਦੀ ਅਗਵਾਈ ਹੇਠ ਸਥਾਨਕ ਸੁੰਦਰ ਬਸਤੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਮੁਫ਼ਤ ਵਿਸ਼ਾਲ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਮੁੱਖ ਤੌਰ 'ਤੇ ਕਰਮ ਸਿੰਘ ਲਹਿਲ ਉੱਘੇ ਸਮਾਜ ਸੇਵੀ ਸ਼ਾਮਲ ਹੋਏ ਅਤੇ ਵਿਸ਼ੇਸ਼ ਤੌਰ 'ਤੇ ਰਾਜ ਕੁਮਾਰ ਅਰੋੜਾ ਚੇਅਰਮੈਨ ਸੰਗਰੂਰ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ, ਅਮਰਜੀਤ ਸਿੰਘ ਟੀਟੂ, ਸੀਮਾ ਰਾਣੀ, ਪਰਮਿੰਦਰ ਪਿੰਕੀ, ਸਲਮਾ ਰਾਣੀ (ਚਾਰੇ ਕੌਂਸਲਰ). ਗਿਫਟੀ ਸਿੰਘ, ਚਮਕੌਰ ਸਿੰਘ ਜੱਸੀ ਜ਼ਿਲ੍ਹਾ ਚੇਅਰਮੈਨ, ਚਰਨਜੀਤ ਕੌਰ ਮਡਾਹਰ, ਮੇਸ਼ੀ ਸਿੰਗਲਾ, ਪਰਮਿੰਦਰ ਸ਼ਰਮਾ ਤੇ ਹਰਪਾਲ ਸੋਨੂੰ ਨੇ ਸ਼ਿਰਕਤ ਕੀਤੀ। ਕੈਂਪ ਵਿੱਚ ਗਲੋਬਲ ਹਸਪਤਾਲ ਸੰਗਰੂਰ ਦੇ ਮਾਹਰ ਡਾਕਟਰਾਂ ਦੀ ਟੀਮ ਤੇ ਡਾ. ਗੁਰਦੀਪ ਸਿੰਘ, ਡਾ. ਕ੍ਰਿਸ਼ਨ ਸਿੰਘ ਵੱਲੋਂ 390 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ 29 ਮਰੀਜ਼ ਅੱਖਾਂ 'ਚ ਮੋਤੀਆ ਦੇ ਪਾਏ ਗਏ, ਜਿਨ੍ਹਾਂ ਦਾ ਗਲੋਬਲ ਹਸਪਤਾਲ ਵਿਖੇ ਮੁਫ਼ਤ ਅਪ੍ਰੇਸ਼ਨ ਕਰਕੇ ਲੈਂਜ ਪਾਏ ਗਏ। ਇਸ ਤੋਂ ਇਲਾਵਾ ਖੁਸ਼ਦਿਲ ਲੈਬੋਰਟਰੀ ਵੱਲੋਂ ਮਰੀਜ਼ਾਂ ਦੀ ਈ ਸੀ ਜੀ ਤੇ ਟੈਸਟ ਮੁਫ਼ਤ ਕੀਤੇ ਗਏ। ਇਸ ਮੌਕੇ ਕੈਂਪ ਵਿੱਚ ਪਹੁੰਚੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਜਗਸੀਰ ਸਿੰਘ ਖੇੜੀਚੰਦਵਾ, ਨਿਰਭੈ ਸਿੰਘ ਛੰਨਾਂ, ਰਵੀ ਚਾਵਲਾ, ਸ਼ਸ਼ੀ ਚਾਵਰੀਆ, ਨਰੇਸ਼ ਰੰਗਾ, ਰਣਬੀਰ ਪ੍ਰਧਾਨ, ਨਛੱਤਰ ਸਿੰਘ ਕੌਂਸਲਰ, ਰਾਣਾ ਬਾਲੂ, ਜਗਸੀਰ ਸਿੰਘ ਜੱਗਾ, ਰਵੀ ਚੌਹਾਨ, ਕਮਲ ਜੰਡੂ, ਡਾ. ਵਿਜੇ ਕੁਮਾਰ, ਇੰਦਰਜੀਤ ਨੀਲੂ, ਗੁਰਜੰਟ ਛਾਂਗਾ, ਰਾਜਬੀਰ ਲਿੱਧੜਾਂ, ਬਾਬੂ ਰੰਗਾ ਆਦਿ ਹਾਜ਼ਰ ਸਨ।

# ਸਰਕਾਰ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਜਾਰੀ ਕਰੇ : ਆਗੂ

## ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੀ ਮੀਟਿੰਗ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਜਥੇਬੰਦੀ ਦੇ ਦਫਤਰ ਵਿੱਚ ਪ੍ਰਿੰਸੀਪਲ ਨਵਦੀਪ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੈਨਸ਼ਨਰ ਆਗੂ ਅਸ਼ੋਕ ਕੌਸ਼ਲ, ਸੋਮ ਨਾਥ ਅਰੋੜਾ, ਤਰਸੇਮ ਨਰੂਲਾ, ਗੁਰਚਰਨ ਸਿੰਘ ਮਾਨ, ਪ੍ਰਿੰਸੀਪਲ ਬਲਵੀਰ ਸਿੰਘ ਬਰਾੜ ਤੇ ਪਰਦੀਪ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਵਿੱਚ ਪਿਛਲੇ ਸਵਾ ਤਿੰਨ ਸਾਲਾਂ ਤੋਂ ਹੁਕਮਰਾਨ ਭਗਵੰਤ ਮਾਨ ਸਰਕਾਰ ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤੇ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਤੇ ਬਹੁਤ ਸਾਰੇ ਹੋਰ ਰਾਜਾਂ ਨਾਲੋਂ ਬੁਰੀ ਤਰ੍ਹਾਂ ਪਛਾੜ ਗਈ ਹੈ।

ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਸ ਸਮੇਂ 42 ਫੀਸਦੀ ਮਹਿੰਗਾਈ ਭੱਤਾ ਮਿਲ ਰਿਹਾ ਹੈ, ਜਦਕਿ ਕੇਂਦਰ ਤੇ ਬਹੁਤ ਸਾਰੇ ਰਾਜਾਂ ਦੇ ਮੁਲਾਜ਼ਮ ਇਸ ਸਮੇਂ 55 ਫੀਸਦੀ ਮਹਿੰਗਾਈ ਭੱਤਾ ਲੈ ਰਹੇ ਹਨ ਅਤੇ ਪੰਜਾਬ ਦੀ ਸਾਰੀ ਉੱਚ ਅਫਸਰਸ਼ਾਹੀ 55 ਫੀਸਦੀ ਡੀ ਏ ਲੈ ਰਹੀ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਆਪਣੇ ਰਾਜਨੀਤਕ ਮਨੋਰਥਾਂ ਦੀ ਪੂਰਤੀ ਲਈ ਲਗਾਤਾਰ ਝੂਠੀ ਇਸ਼ਤਿਹਾਰਬਾਜ਼ੀ ਕਰਕੇ ਤੇ ਕਈ ਕਿਸਮ ਦੇ ਹੋਰ ਨਜਾਇਜ਼ ਖਰਚੇ ਕਰਕੇ ਪੰਜਾਬ ਸਿਰ ਦਿਨੋਂ ਦਿਨ ਕਰਜ਼ੇ ਦੀ ਪੰਡ ਹੋਰ ਭਾਰੀ ਕੀਤੀ ਜਾ ਰਹੀ ਹੈ ਅਤੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣੇ ਚੋਣ ਮਨੋਰਥ ਪੱਤਰ ਵਿੱਚ ਲੋਕਾਂ ਨਾਲ ਕੀਤੇ ਗਏ ਬਹੁਤ ਸਾਰੇ ਵਾਅਦਿਆਂ ਤੋਂ ਸਰਕਾਰ ਸ਼ਰੇਆਮ ਮੁੱਕਰਦੀ ਨਜ਼ਰ ਆ ਰਹੀ ਹੈ, ਜਿਨ੍ਹਾਂ ਵਿੱਚ ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕਰਨਾ, ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਸੋਧੇ ਤਨਖਾਹ ਸਕੇਲਾਂ ਦਾ ਬਣਦਾ ਬਕਾਇਆ ਯਕਮੁਸ਼ਤ ਨਾ ਦੇਣਾ, ਮਹਿੰਗਾਈ ਭੱਤੇ ਦੀਆਂ ਬਕਾਇਆ ਪਈਆਂ ਚਾਰ ਕਿਸ਼ਤਾਂ ਨਾ ਦੇਣਾ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਨਾ ਕਰਨਾ, ਮਾਨਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਕੀਤੇ ਗਏ ਫੈਸਲਿਆਂ ਨੂੰ ਜਨਰਲਾਈਜ਼ ਕਰਨ ਦੀ ਬਜਾਏ ਹੋਰ ਲਮਕਾਉਣਾ ਆਦਿ ਮੁੱਖ ਤੌਰ 'ਤੇ ਸ਼ਾਮਲ ਹਨ।

ਮੀਟਿੰਗ ਦੌਰਾਨ ਪਿਛਲੇ ਦਿਨੀਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮਾਂ ਅਨੁਸਾਰ ਫਰੀਦਕੋਟ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਤਹਿਸੀਲਾਂ ਤੇ ਜ਼ਿਲ੍ਹਾ ਪੱਧਰ 'ਤੇ ਮੁੱਖ ਮੰਤਰੀ ਪੰਜਾਬ ਤੇ ਵਿੱਤ ਮੰਤਰੀ ਪੰਜਾਬ ਦੇ ਪੁਤਲੇ ਫੂਕਣ ਦੇ ਐਕਸ਼ਨ ਪ੍ਰੋਗਰਾਮਾਂ ਵਿੱਚ ਪੈਨਸ਼ਨਰਾਂ ਵੱਲੋਂ ਭਰਵੀਂ ਸ਼ਮੂਲੀਅਤ ਕਰਨ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਤੋਂ ਇਲਾਵਾ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਅਮਰੀਕੀ ਸਾਮਰਾਜ ਤੇ ਯੂ ਕੇ ਅੱਗੇ ਗੋਡੇ ਟੇਕਣ ਤੇ ਕੇਂਦਰ ਸਰਕਾਰ ਦੀ ਕਮਜ਼ੋਰ ਵਿਦੇਸ਼ ਨੀਤੀ ਦੇ ਵਿਰੋਧ ਵਿੱਚ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ 13 ਅਗਸਤ ਨੂੰ ਮਨਾਏ ਜਾ ਰਹੇ ਦੇਸ਼ ਵਿਆਪੀ ਵਿਰੋਧ ਦਿਵਸ ਨੂੰ ਜ਼ਿਲ੍ਹਾ ਫਰੀਦਕੋਟ ਵਿੱਚ ਪੂਰੀ ਤਿਆਰੀ ਨਾਲ ਸਫਲ ਬਣਾਉਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਦੌਰਾਨ 12 ਅਗਸਤ ਨੂੰ ਸਬ ਤਹਿਸੀਲ ਸਾਦਿਕ ਵਿਖੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਪ੍ਰੋਗਰਾਮ ਅਨੁਸਾਰ ਰੋਸ ਰੈਲੀ ਕਰਕੇ ਮੁੱਖ ਮੰਤਰੀ ਪੰਜਾਬ ਤੇ ਵਿੱਤ ਮੰਤਰੀ ਪੰਜਾਬ ਦਾ ਪੁਤਲਾ ਫੂਕਣ ਦੇ ਐਕਸ਼ਨ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਜਸਵਿੰਦਰ ਸਿੰਘ ਬਰਾੜ, ਹਰਦੇਵ ਸਿੰਘ ਗਿੱਲ, ਜਸਪਾਲ ਸਿੰਘ, ਗੁਰਕੀਰਤ ਸਿੰਘ, ਮਲਕੀਤ ਸਿੰਘ ਢਿੱਲਵਾਂ, ਗੁਰਦੀਪ ਕੌਰ ਪ੍ਰਿੰਸੀਪਲ, ਰਮੇਸ਼ਵਰ ਸਿੰਘ ਸੁਪਰਡੈਂਟ, ਹਰਦੀਪ ਸਿੰਘ ਫਿੱਡੂ ਭਲਵਾਨ, ਹਾਕਮ ਸਿੰਘ ਬੁਰਜ ਹਰੀਕਾ ਲੈਕਚਰਰ, ਮੰਦਰ ਸਿੰਘ ਲੈਕਚਰਾਰ ਆਦਿ ਹਾਜ਼ਰ ਸਨ।

## ਕਾਤਰਾਂ

### ਜੂਪਾ ਵੱਲੋਂ ਹਾਈਕੋਰਟ ਦੇ ਫ਼ੈਸਲੇ ਦਾ ਸਵਾਗਤ

**ਬੱਧਨੀ ਕਲਾਂ (ਲਵਲੀ ਕੁਮਾਰ)**-ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਉੱਪਰ ਮਾਣਯੋਗ ਹਾਈਕੋਰਟ ਵੱਲੋਂ ਚਾਰ ਹਫਤਿਆਂ ਲਈ ਰੋਕ ਲਗਾਉਣ ਦੇ ਫੈਸਲੇ ਦਾ ਨੌਜਵਾਨ ਕਾਂਗਰਸੀ ਆਗੂ ਤੇ ਐੱਮ ਸੀ ਨਗਰ ਪੰਚਾਇਤ ਨਿਹਾਲ ਵਾਲਾ ਸ੍ਰੀ ਜਗਰੂਪ ਸਿੰਘ ਜੂਪਾ ਨੇ ਭਰਵਾਂ ਸਵਾਗਤ ਕੀਤਾ ਹੈ।ਉਨ੍ਹਾਂ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੀ ਬਣਾਈ ਇਸ ਲੈਂਡ ਪੂਲਿੰਗ ਨੀਤੀ ਵਿੱਚ ਜੋ ਖਾਮੀਆਂ ਤੇ ਕਿਸਾਨ ਮਾਰੂ ਨੀਤੀਆਂ ਜੱਗ ਜ਼ਾਹਰ ਹੋ ਗਈਆਂ ਹਨ, ਜਿਸ ਦੇ ਚਲਦਿਆਂ ਮਾਣਯੋਗ ਹਾਈਕੋਰਟ ਵੱਲੋਂ ਵੀ ਸਰਕਾਰ ਦੀਆਂ ਦਲੀਲਾਂ ਤੋਂ ਨਾਖੁਸ਼ ਹੁੰਦਿਆਂ ਇਸ ਪਾਲਿਸੀ ਉੱਤੇ ਅਗਲੇ ਹੁਕਮਾਂ ਤੱਕ ਰੋਕ ਲਗਾ ਦਿੱਤੀ ਗਈ ਹੈ, ਜੋ ਕਿ ਬਹੁਤ ਹੀ ਸ਼ਲਾਘਾਯੋਗ ਫੈਸਲਾ ਹੈ।

### ਬਦਲਾਅ ਹੇਠ ਬਣੀ ਸਰਕਾਰ ਦੇ ਰਾਜ ਅੰਦਰ ਕਿਸਾਨ ਧਰਨੇ ਲਾਉਣ ਲਈ ਮਜਬੂਰ : ਗਿੱਲ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਸਾਹਿਬਾਨ ਦਾਅਵੇ ਨਾਲ ਕਹਿੰਦੇ ਸਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ 'ਤੇ ਰੋਸ ਧਰਨਿਆਂ ਲਈ ਕੋਈ ਥਾਂ ਨਹੀਂ ਹੋਵੇਗੀ, ਪਰ ਆਪ ਦੇ ਰਾਜ ਅੰਦਰ ਹਰ ਰੋਜ਼ ਰੋਸ ਧਰਨੇ ਲੱਗ ਰਹੇ ਨੇ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਇਹ ਰੋਸ ਧਰਨੇ ਵਾਲੀ ਸਰਕਾਰ ਹੈ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਕਸਰ ਆਪਣੇ ਭਾਸ਼ਣ ਵਿੱਚ ਆਖਦੇ ਸਨ ਕਿ ਮੈਂ ਮਾਸਟਰ ਦਾ ਲੜਕਾ ਤੇ ਕਿਸਾਨ ਦਾ ਪੁੱਤ ਹਾਂ, ਪਰ ਜਿੰਨਾ ਅੱਤਿਆਚਾਰ ਕਿਸਾਨ ਵਰਗ ਤੇ ਮਾਸਟਰਾਂ ਨਾਲ ਹੋਇਆ ਸ਼ਾਇਦ ਹੀ ਕਿਸੇ ਹੋਰ ਨਾਲ ਹੋਇਆ ਹੋਵੇ। ਪ੍ਰਧਾਨ ਗਿੱਲ ਨੇ ਕਿਹਾ ਕਿ ਆਉਣ ਵਾਲੀਆਂ ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਲੋਕ ਆਮ ਆਦਮੀ ਪਾਰਟੀ ਨੂੰ ਨਕਾਰ ਕੇ ਕਾਂਗਰਸ ਪਾਰਟੀ ਦਾ ਸਾਥ ਦੇਣਗੇ।

### ਸਰਹੱਦੀ ਪਿੰਡ ਕੱਸੋਕੇ 'ਚੋਂ 512 ਗ੍ਰਾਮ ਹੈਰੋਇਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਸਰਹੱਦੀ ਪਿੰਡ ਕੱਸੋਕੇ ਵਿਖੇ ਬੀਐੱਸਐੱਫ ਤੇ ਪੰਜਾਬ ਪੁਲਸ ਨੇ ਸਰਚ ਦੌਰਾਨ ਦੋ ਪੈਕਟ ਹੈਰੋਇਨ ਬਰਾਮਦ ਕੀਤੇ। ਬਰਾਮਦ ਕੀਤੇ ਗਏ ਪੈਕੇਟ ਦਾ ਵਜਨ 655 ਗ੍ਰਾਮ। ਇਸ ਸੰਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸਆਈ ਮੇਜਰ ਸਿੰਘ ਨੇ ਦੱਸਿਆ ਕਿ ਇਕ ਟੈਲੀਫੋਨ ਕੰਪਨੀ ਕਮਾਂਡਰ ਐੱਫ ਕੰਪਨੀ 95 ਬਟਾਲੀਅਨ ਮੌਸੂਲ ਹੋਇਆ ਕਿ ਏਰੀਆ ਵਿੱਚ ਡਰੋਨ ਐਕਟੀਵਿਟੀ ਹੋਈ ਹੈ। ਆਪ ਸਰਚ ਲਈ ਕੱਸੋ ਕੇ ਪੁੱਜੋ, ਜਿਸ 'ਤੇ ਉਹ ਪੁਲਸ ਪਾਰਟੀ ਸਮੇਤ ਕੱਸੋਕੇ ਪੁੱਜੇ, ਜਿੱਥੇ ਬੀਐੱਸਐੱਫ ਨਾਲ ਸਾਂਝੇ ਸਰਚ ਅਪ੍ਰੇਸ਼ਨ ਦੌਰਾਨ ਇੱਕ ਪੈਕੇਟ ਹੈਰੋਇਨ ਬਰਾਮਦ ਹੋਇਆ, ਜਿਸ ਦਾ ਵਜਨ ਕਰਨ 'ਤੇ 655 ਗ੍ਰਾਮ ਹੋਇਆ ਤੇ ਇਸ ਵਿੱਚ ਹੈਰੋਇਨ ਦਾ ਵਜ਼ਨ ਕਰਨ 'ਤੇ 512 ਗ੍ਰਾਮ ਹੈਰੋਇਨ ਤੇ ਪੈਕਿੰਗ ਮਟੀਰੀਅਲ 143 ਗ੍ਰਾਮ ਹੋਇਆ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਮਾਨੂੰਪੁਰ ਦੇ ਸ਼ਹੀਦ ਪ੍ਰਿਤਪਾਲ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ

## ਵਿਧਾਇਕ ਦਿਆਲਪੁਰਾ, ਐੱਸ ਡੀ ਐੱਮ ਸਮਰਾਲਾ, ਐੱਸ ਪੀ (ਐੱਚ) ਖੰਨਾ ਸਮੇਤ ਭਾਰਤੀ ਫੌਜ ਦੇ ਉੱਚ ਅਧਿਕਾਰੀ ਪੁੱਜੇ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਜੰਮੂ ਕਸ਼ਮੀਰ ਦੇ ਕੁਲਗਾਮ ਦੇ ਅਖਲ ਜੰਗਲ ਵਿੱਚ ਭਾਰਤ ਦੀ ਫੌਜ ਦਾ ਆਪ੍ਰੇਸ਼ਨ ਅਖਲ ਪਿਛਲੇ ਹਫਤੇ ਇੱਕ ਅਗਸਤ ਤੋਂ ਚੱਲ ਰਿਹਾ ਸੀ, ਜਿਸ ਵਿੱਚ ਸਮਰਾਲਾ ਦੇ ਨੇੜਲੇ ਪਿੰਡ ਮਾਨੂੰਪੁਰ ਦਾ ਫੌਜੀ ਪ੍ਰਿਤਪਾਲ ਸਿੰਘ ਸ਼ਹੀਦ ਹੋ ਗਿਆ ਸੀ, ਜਿਸ ਦਾ ਅੰਤਿਮ ਸਸਕਾਰ ਅੱਜ ਉਨ੍ਹਾਂ ਦੇ ਜੱਦੀ ਪਿੰਡ ਮਾਨੂੰਪੁਰ ਵਿਖੇ ਫੌਜ ਦੀਆਂ ਟੁਕੜੀਆਂ ਵੱਲੋਂ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।

ਇਸ ਮੌਕੇ ਪੰਜਾਬ ਸਰਕਾਰ ਵੱਲੋਂ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਪ ਮੰਡਲ ਮੈਜਿਸਟ੍ਰੇਟ ਸਮਰਾਲਾ ਰਜਨੀਸ਼ ਅਰੋੜਾ ਤੇ ਪੁਲਸ ਪ੍ਰਸ਼ਾਸਨ ਵੱਲੋਂ ਐੱਸ ਪੀ (ਹੈੱਡਕੁਆਰਟਰ) ਖੰਨਾ ਸ੍ਰੀ ਤੇਜਵੀਰ ਸਿੰਘ ਹੁੰਦਲ ਨੇ ਸ਼ਹੀਦ ਪ੍ਰਿਤਪਾਲ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਤੋਂ ਇਲਾਵਾ ਬੀ.ਡੀ.ਪੀ.ਓ. ਸਮਰਾਲਾ ਲਖਵਿੰਦਰ ਕੌਰ, ਨਾਇਬ ਤਹਿਸੀਲਦਾਰ ਰਾਜੇਸ਼ ਅਹੂਜਾ ਤੋਂ ਇਲਾਵਾ ਭਾਰਤੀ ਫੌਜ ਦੇ ਉੱਚ ਅਧਿਕਾਰੀਆਂ ਨੇ ਸ਼ਹੀਦ ਪ੍ਰਿਤਪਾਲ ਸਿੰਘ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ਹੀਦ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਸ ਔਖੀ ਘੜੀ ਵਿੱਚ ਪਰਿਵਾਰ ਦੇ ਨਾਲ ਹੈ।ਉਨ੍ਹਾਂ ਕਿਹਾ ਕਿ ਇਸ ਸ਼ਹੀਦ ਨੇ ਆਪਣੀ ਡਿਊਟੀ ਪੂਰੀ ਬਹਾਦਰੀ ਤੇ ਲਗਨ ਨਾਲ ਨਿਭਾਈ ਅਤੇ ਸ਼ਹੀਦ ਹੋਣ ਉਪਰੰਤ ਵੀ ਉਨ੍ਹਾਂ ਨੌਜਵਾਨਾਂ ਨੂੰ ਹਮੇਸ਼ਾ ਪ੍ਰੇਰਨਾ ਦਿੰਦੀ ਰਹੇਗੀ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਨੀਤੀ ਅਨੁਸਾਰ ਪਰਿਵਾਰ ਨੂੰ ਵਿੱਤੀ ਸਹਾਇਤਾ ਵੀ ਦਿੱਤੀ ਜਾਵੇਗੀ।ਵਿਧਾਇਕ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਅੱਜ ਜੇਕਰ ਅਸੀਂ ਆਜ਼ਾਦੀ ਦਾ ਸਾਹ ਲੈ ਰਹੇ ਹਾਂ ਤਾਂ ਇਨ੍ਹਾਂ ਫ਼ੌਜੀ ਜਵਾਨ ਸ਼ਹੀਦਾਂ ਦੀ ਬਦੌਲਤ ਹਾਂ। ਉਨ੍ਹਾਂ ਕਿਹਾ ਕਿ ਅਸੀਂ ਸ਼ਹੀਦ ਪ੍ਰਿਤਪਾਲ ਸਿੰਘ ਦੀ ਸ਼ਹੀਦੀ ਨੂੰ ਕਦੇ ਵੀ ਨਹੀਂ ਭੁਲਾ ਸਕਦੇ ਤੇ ਇਸ ਪਰਿਵਾਰ ਅੱਗੇ ਵੀ ਮੇਰਾ ਸਿਰ ਨਮਨ ਹੁੰਦਾ ਹੈ।ਇਸ ਪਰਿਵਾਰ ਨਾਲ ਅਸੀਂ ਚਟਾਨ ਵਾਂਗ ਖੜ੍ਹੇ ਹਾਂ ਤੇ ਕੋਈ ਵੀ ਦੁੱਖ ਤਕਲੀਫ ਪਰਿਵਾਰ ਨੂੰ ਨਹੀਂ ਆਉਣ ਦੇਵਾਂਗੇ।ਉਪ ਮੰਡਲ ਮੈਜਿਸਟ੍ਰੇਟ ਸਮਰਾਲਾ ਰਜਨੀਸ਼ ਅਰੋੜਾ ਨੇ ਸ਼ਹੀਦ ਪ੍ਰਿਤਪਾਲ ਸਿੰਘ ਦੀ ਧਰਮ ਪਤਨੀ ਮਨਪ੍ਰੀਤ ਕੌਰ, ਪਿਤਾ ਹਰਬੰਸ ਸਿੰਘ, ਮਾਤਾ ਤੇ ਭਰਾਵਾਂ ਨਾਲ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਹਮੇਸ਼ਾ ਪਰਿਵਾਰ ਦੀ ਮਦਦ ਲਈ ਤਤਪਰ ਰਹੇਗਾ।ਸ਼ਹੀਦ ਪ੍ਰਿਤਪਾਲ ਸਿੰਘ ਦੀ ਪਤਨੀ, ਮਾਤਾ-ਪਿਤਾ ਤੇ ਭਰਾਵਾਂ ਨੇ ਕਿਹਾ ਕਿ ਸਾਨੂੰ ਪ੍ਰਿਤਪਾਲ ਸਿੰਘ ਦੀ ਸ਼ਹੀਦੀ ਉੱਤੇ ਮਾਣ ਹੈ, ਕਿਉਂਕਿ ਉਸ ਨੇ ਦੇਸ਼ ਲਈ ਕੁਰਬਾਨੀ ਦਿੱਤੀ ਹੈ।ਇਸ ਮੌਕੇ ਰਾਜਨੀਤਕ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਤੇ ਸਾਕ ਸੰਬੰਧੀ ਹਾਜ਼ਰ ਸਨ।

# ਕਮਿਊਨਿਸਟ ਪਾਰਟੀ ਹੀ ਸਰਬੱਤ ਦੇ ਭਲੇ ਵਾਲਾ ਸਮਾਜ ਸਿਰਜਣ 'ਚ ਵਿਸ਼ਵਾਸ ਰੱਖਦੀ ਹੈ : ਕੁਲਦੀਪ ਭੋਲਾ

## ਚੰਡੀਗੜ੍ਹ ਮਹਾਂ ਸੰਮੇਲਨ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਮੋਗਾ 1 ਤੇ ਮੋਗਾ 2 ਦੀ ਸਾਂਝੀ ਮੀਟਿੰਗ ਕਾਮਰੇਡ ਮੁਖਤਿਆਰ ਸਿੰਘ ਮੋਗਾ ਦੀ ਪ੍ਰਧਾਨਗੀ ਹੇਠ ਹੋਈ।ਪਾਰਟੀ ਦੇ 21 ਤੋਂ 25 ਸਤੰਬਰ 2025 ਨੂੰ ਚੰਡੀਗੜ੍ਹ ਵਿਖੇ ਹੋ ਰਹੇ ਮਹਾਂ ਸੰਮੇਲਨ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਸਿਰਫ ਕਮਿਊਨਿਸਟ ਪਾਰਟੀ ਹੀ ਸਰਬੱਤ ਦੇ ਭਲੇ ਵਾਲਾ ਸਮਾਜ ਸਿਰਜਣ 'ਚ ਵਿਸ਼ਵਾਸ ਰੱਖਦੀ ਹੈ।ਬਾਕੀ ਰਾਜਨੀਤਕ ਪਾਰਟੀਆਂ ਤਾਂ ਆਮ ਲੋਕਾਂ ਨੂੰ ਲੁੱਟ ਕੇ ਸਰਮਾਏਦਾਰਾਂ ਦੇ ਘਰ ਭਰਨ ਵਾਲੇ ਵਿਚਾਰ ਰੱਖਦੀਆਂ ਹਨ ਤੇ ਇਸ 'ਤੇ ਅਮਲ ਕਰਦੀਆਂ ਹਨ, ਜਿਸ ਦਾ ਸਿੱਟਾ ਹੈ ਕਿ ਅੱਜ ਇੱਕ ਪਾਸੇ ਮੁੱਠੀ ਭਰ ਘਰਾਣਿਆਂ ਕੋਲ ਦੌਲਤ ਦੇ ਅੰਬਾਰ ਲੱਗ ਰਹੇ ਹਨ, ਦੂਜੇ ਪਾਸੇ ਦੇਸ਼ ਦੀ 80% ਆਬਾਦੀ ਗਰੀਬੀ ਦੀਆਂ ਖੱਡਾਂ ਵਿੱਚ ਧੱਕਦੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸਮੇਂ ਵਿੱਚ ਚੰਡੀਗੜ੍ਹ ਵਿਖੇ ਹੋ ਰਿਹਾ ਪਾਰਟੀ ਦਾ ਮਹਾਂ ਸੰਮੇਲਨ ਅਜਿਹੇ ਹਾਲਾਤਾਂ ਨੂੰ ਬਦਲਣ ਵਿੱਚ ਆਪਣੀ ਭੂਮਿਕਾ ਸ਼ਿੱਦਤ ਨਾਲ ਨਿਭਾਏਗਾ।ਸਾਥੀ ਭੋਲਾ ਨੇ ਕਿਹਾ ਕਿ ਅੱਜ ਸਾਨੂੰ ਕੇਂਦਰ ਸਰਕਾਰ ਦੇ ਖ਼ਤਰਨਾਕ ਅਰਾਦਿਆਂ ਨੂੰ ਸਮਝਣ ਤੇ ਉਨ੍ਹਾਂ ਨੂੰ ਪਛਾੜਨ ਦੀ ਲੋੜ ਹੈ, ਜਿਸ ਤਹਿਤ ਮੋਦੀ ਸਰਕਾਰ ਆਮ ਲੋਕਾਂ ਤੋਂ ਵੋਟ ਪਾਉਣ ਦਾ ਅਧਿਕਾਰ ਵੀ ਖੋਹਣ ਜਾ ਰਹੀ ਹੈ, ਜਿਸ ਦੀ ਸ਼ੁਰੂਆਤ ਬਿਹਾਰ ਤੋਂ ਹੋ ਚੁੱਕੀ ਹੈ।ਮੋਦੀ ਸਰਕਾਰ ਦੇ ਅਜਿਹੇ ਖ਼ਤਰਨਾਕ ਅਜੰਡਿਆਂ ਨੂੰ ਸਿਰਫ਼ ਕਮਿਊਨਿਸਟ ਵਿਚਾਰਧਾਰਾ ਹੀ ਟੱਕਰ ਦੇ ਸਕਦੀ ਹੈ।ਇਸ ਮੌਕੇ ਬਲਾਕ ਮੋਗਾ 1 ਦੇ ਸਕੱਤਰ ਸਵਰਾਜ ਸਿੰਘ ਢੁੱਡੀਕੇ ਤੇ ਮੋਗਾ 2 ਦੇ ਸਕੱਤਰ ਸ਼ੇਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਪਾਰਟੀ ਦੇ ਮਹਾਂ ਸੰਮੇਲਨ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ, ਜਿਸ ਤਹਿਤ 21 ਅਗਸਤ ਨੂੰ ਹੁਸੈਨੀਵਾਲਾ ਤੋਂ ਚੱਲਣ ਵਾਲੇ ਜੱਥੇ ਵਿੱਚ ਵੀ ਮੋਗਾ ਜ਼ਿਲ੍ਹੇ ਤੋਂ ਸਾਥੀ ਸ਼ਾਮਲ ਹੋਣਗੇ।25 ਅਗਸਤ ਨੂੰ ਇਸ ਜੱਥੇ ਦਾ ਜ਼ਿਲ੍ਹੇ ਮੋਗਾ ਵਿੱਚ ਪ੍ਰਵੇਸ਼ ਕਰਨ 'ਤੇ ਖੁਖਰਾਣਾ ਨੇੜੇ ਜੀ. ਟੀ. ਰੋਡ 'ਤੇ ਸਵਾਗਤ ਕੀਤਾ ਜਾਵੇਗਾ, ਉਥੋਂ ਹੀ ਇਸ ਜੱਥੇ ਨਾਲ ਮੋਟਰਸਾਈਕਲਾਂ ਦਾ ਕਾਫ਼ਲਾ ਲਾ ਕੇ ਮੋਗਾ ਬੱਸ ਸਟੈਂਡ ਵਿਖੇ ਹੋ ਰਹੇ ਸਮਾਗਮ ਵਿੱਚ ਸ਼ਾਮਲ ਹੋਵੇਗਾ।ਇਸ ਤੋਂ ਇਲਾਵਾ 21 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋ ਰਹੀ ਰੈਲੀ ਵਿੱਚ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ ਗਿਆ।ਇਸ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਸੀਨੀਅਰ ਆਗੂ ਡਾਕਟਰ ਇੰਦਰਵੀਰ ਗਿੱਲ, ਨਰੇਗਾ ਆਗੂ ਜਗਸੀਰ ਖੋਸਾ, ਲਖਵੀਰ ਸਿੰਘ ਰਾਜੂ, ਸੁੱਖਾ ਮਹੇਸ਼ਰੀ, ਵਿਦਿਆਸਾਗਰ ਬਲਰਾਜ ਖੋਸਾ, ਬਲਵਿੰਦਰ ਸਿੰਘ ਰੋਹਣ, ਜਸਪਾਲ ਸਿੰਘ, ਹਰਪ੍ਰੀਤ ਸਿੰਘ ਡਾਲਾ, ਬੋਹੜ ਸਿੰਘ ਬੁੱਟਰ, ਰਾਜੂ ਚੂਹੜਚੱਕ, ਗੁਰਮੀਤ ਸਿੰਘ, ਅਮਰੀਕ ਸਿੰਘ ਖੋਸਾ ਪਾਂਡੋ, ਬੁੱਕਣ ਸਿੰਘ, ਓਕਾਰ ਸਿੰਘ ਚੰਦ ਨਵਾਂ, ਸੀਤਾ ਤਖਾਣਵੱਧ, ਜਸਵੀਰ ਕੌਰ, ਅਮਰੀਕ ਸਿੰਘ ਖੁਖਰਾਣਾ ਆਦਿ ਨੇ ਵੀ ਸੰਬੋਧਨ ਕੀਤਾ।

# ਸਿਹਤ ਮੰਤਰੀ ਵੱਲੋਂ ਦਿਹਾਤੀ ਖੇਤਰਾਂ ਦੀ ਸਾਫ਼ ਸਫ਼ਾਈ, ਸੜਕਾਂ ਦੀ ਹਾਲਤ ਤੇ ਸੀਵਰੇਜ ਦੀ ਚੈਕਿੰਗ

## ਹਰ ਹਫ਼ਤੇ ਹੋਵੇਗੀ ਮੌਕੇ 'ਤੇ ਜਾਂਚ, ਦਿਨ 'ਚ ਦੋ ਵਾਰ ਕਚਰਾ ਲਿਫਟਿੰਗ ਦੇ ਨਿਰਦੇਸ਼



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਦੀ ਰੰਗਲਾ ਪੰਜਾਬ ਮੁਹਿੰਮ ਤਹਿਤ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਤਵਾਰ ਤੜਕੇ ਪਟਿਆਲਾ ਦੇ ਕਈ ਦਿਹਾਤੀ ਖੇਤਰਾਂ 'ਚ ਅਚਨਚੇਤ ਦੌਰਾ ਕਰਦਿਆਂ ਵੱਖ-ਵੱਖ ਥਾਵਾਂ ਦੀ ਸਫ਼ਾਈ, ਸੜਕਾਂ ਦੀ ਹਾਲਤ, ਸੀਵਰੇਜ ਤੇ ਹੋਰ ਬੁਨਿਆਦੀ ਸੁਵਿਧਾਵਾਂ ਦੀ ਜਾਂਚ ਕੀਤੀ।ਇਹ ਅਚਨਚੇਤ ਦੌਰਾ ਫੈਕਟਰੀ ਏਰੀਆ, ਪਰਾਂਠਾ ਮਾਰਕੀਟ, ਗੁਰਬਖਸ਼ ਕਾਲੋਨੀ, ਛੋਟੀ ਤੇ ਵੱਡੀ ਨਦੀ, ਝਿੱਲ, ਤ੍ਰਿਪੜੀ ਤੇ ਭਾਦਸੋਂ ਰੋਡ ਸਮੇਤ ਹੋਰ ਆਲੇ-ਦੁਆਲੇ ਦੇ ਇਲਾਕਿਆਂ 'ਚ ਕੀਤਾ ਗਿਆ। ਉਨ੍ਹਾਂ ਇਲਾਕੇ ਦੇ ਪਾਰਕਾਂ, ਮਾਰਕੀਟਾਂ ਤੇ ਨਿਵਾਸੀ ਇਲਾਕਿਆਂ ਦਾ ਵਿਸਥਾਰ ਵਿੱਚ ਮੁਆਇਨਾ ਕੀਤਾ ਤੇ ਲੋਕਾਂ ਨਾਲ ਰਾਬਤਾ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।

ਡਾ. ਬਲਬੀਰ ਸਿੰਘ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇਲਾਕੇ 'ਚ ਸੜਕਾਂ ਦੀ ਮੁਰੰਮਤ, ਬਰਸਾਤੀ ਪਾਣੀ ਦੀ ਸੁਚੱਜੀ ਨਿਕਾਸੀ, ਪਾਰਕਾਂ ਦੀ ਸੰਭਾਲ ਤੇ ਸੀਵਰੇਜ ਸਿਸਟਮ ਦੀ ਠੀਕ ਦਿਸ਼ਾ 'ਚ ਕੰਮ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਇਲਾਕਿਆਂ ਵਿੱਚ ਰਹਿਣ ਵਾਲੇ ਨਾਗਰਿਕਾਂ ਲਈ ਸਾਫ਼-ਸੁਥਰਾ ਤੇ ਸਿਹਤਮੰਦ ਵਾਤਾਵਰਨ ਉਪਲਬਧ ਕਰਵਾਉਣਾ ਸਰਕਾਰ ਦੀ ਪਹਿਲ ਹੈ।ਉਨ੍ਹਾਂ ਦੱਸਿਆ ਕਿ ਇਹ ਚੈਕਿੰਗ ਹੁਣ ਹਰ ਹਫ਼ਤੇ ਕੀਤੀ ਜਾਵੇਗੀ ਤਾਂ ਜੋ ਜ਼ਮੀਨੀ ਹਕੀਕਤਾਂ ਦੀ ਨਿਗਰਾਨੀ ਨਿਰੰਤਰ ਚਲਦੀ ਰਹੇ।ਉਨ੍ਹਾਂ ਇਹ ਵੀ ਹੁਕਮ ਦਿੱਤਾ ਕਿ ਕਚਰੇ ਦੀ ਲਿਫਟਿੰਗ ਦਿਨ ਵਿੱਚ ਦੋ ਵਾਰ ਹੋਣੀ ਚਾਹੀਦੀ ਹੈ, ਤਾਂ ਜੋ ਕਚਰੇ ਦਾ ਜਮਾਵਾਂ ਨਾ ਹੋਵੇ ਤੇ ਬਿਮਾਰੀਆਂ ਫੈਲਣ ਤੋਂ ਰੋਕਿਆ ਜਾ ਸਕੇ।ਉਨ੍ਹਾਂ ਡਿਪਟੀ ਮੇਅਰ ਨੂੰ ਨਿਰਦੇਸ਼ ਦਿੱਤੇ ਕਿ ਵਾਰਡ ਅਧਾਰਤ ਕਮੇਟੀਆਂ ਬਣਾਈਆਂ ਜਾਣ, ਜੋ ਕਿ ਗਿੱਲੇ ਤੇ ਸੁੱਕੇ ਕੂੜੇ ਦੀ ਵੱਖ-ਵੱਖ ਤਰੀਕੇ ਨਾਲ ਚੁਕਾਈ ਤੇ ਪ੍ਰਬੰਧਨ ਲਈ ਯੋਜਨਾ ਤਿਆਰ ਕਰਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼ਹਿਰ 'ਚ ਕੂੜਾ ਨਹੀਂ ਹੋਣਾ ਚਾਹੀਦਾ ਤੇ ਨਾ ਹੀ ਥਾਂ-ਥਾਂ ਗੰਦਗੀ ਦੇ ਢੇਰ ਲੱਗਣੇ ਚਾਹੀਦੇ ਹਨ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਥਾਂ-ਥਾਂ ਕੂੜਾ ਸੁੱਟਣ ਤੋਂ ਗ਼ੁਰੇਜ਼ ਕਰਨ।ਇਸ ਮੌਕੇ ਡਿਪਟੀ ਮੇਅਰ ਹਰਿੰਦਰ ਕੋਹਲੀ, ਸੁਰੇਸ਼ ਰਾਏ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

# ਮੰਡੀ ਨਿਵਾਸੀ ਆਪ ਤੋਂ ਖ਼ੁਸ਼, ਹਲਕਾ ਵਿਧਾਇਕ ਤੋਂ ਦੁਖੀ

## ਮੰਡੀ ਨਿਵਾਸੀਆਂ ਨੇ ਨਵਾਂ ਹਲਕਾ ਇੰਚਾਰਜ ਲਗਾਉਣ ਦੀ ਕੀਤੀ ਮੰਗ




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੰਡੀ ਨਿਵਾਸੀਆਂ ਦੇ ਸਬਰ ਦਾ ਬੰਨ੍ਹ ਉਸ ਵੇਲੇ ਟੁੱਟ ਗਿਆ, ਜਦ ਹਲਕੇ ਦੇ ਵਿਧਾਇਕ ਬਾਜ਼ਾਰ ਵਿੱਚ ਆਏ ਤਾਂ ਲੋਕਾਂ ਨੇ ਇਕੱਠੇ ਹੋ ਕੇ ਉਨ੍ਹਾਂ ਦੀ ਗੱਡੀ ਨੂੰ ਘੇਰ ਲਿਆ। ਮੰਡੀ ਨਿਵਾਸੀਆਂ ਨੇ ਗੁੱਸੇ ਵਿੱਚ ਆਏ ਵਿਧਾਇਕ 'ਤੇ ਤਿੱਖੇ ਸਵਾਲਾਂ ਦੀ ਬੁਛਾੜ ਕਰ ਦਿੱਤੀ। ਭਾਵੇਂ ਮੰਡੀ ਨਿਵਾਸੀ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਕੋਈ ਗਿਲਾ ਨਹੀਂ ਕਰਦੇ ਸਨ, ਪਰ ਜੋ ਗਿਲਾ ਉਨ੍ਹਾਂ ਨੂੰ ਹਲਕਾ ਵਿਧਾਇਕ 'ਤੇ ਸੀ, ਉਹ ਦੇਖਣ ਤੋਂ ਹੀ ਪਤਾ ਲੱਗਦਾ ਸੀ ਕਿ ਹਲਕੇ ਦੇ ਲੋਕ ਵਿਧਾਇਕ ਦੀ ਕਾਰਗੁਜ਼ਾਰੀ ਤੋਂ ਬਹੁਤ ਦੁਖੀ ਹਨ।ਹਲਕੇ ਦੇ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕਰਦੇ ਕਿਹਾ ਕਿ ਮੌੜ ਹਲਕੇ ਦੇ ਵਿਧਾਇਕ ਦੀ ਜਗ੍ਹਾ ਕਿਸੇ ਹੋਰ ਯੋਗ ਲੀਡਰ ਨੂੰ ਹਲਕਾ ਇੰਚਾਰਜ ਲਗਾਇਆ ਜਾਵੇ।ਜੇਕਰ ਮੁੱਖ ਮੰਤਰੀ ਨੇ ਮੌੜ ਹਲਕੇ ਦੇ ਲੋਕਾਂ ਦੀ ਗੱਲ ਨਾ ਸੁਣੀ ਤਾਂ 2027 ਦੀਆਂ ਚੋਣਾਂ 'ਚ ਲੋਕ ਆਪਣਾ ਫ਼ੈਸਲਾ ਸੁਣਾ ਦੇਣਗੇ। ਦੁਖੀ ਹੋਏ ਮੰਡੀ ਨਿਵਾਸੀਆਂ ਨੇ ਹਲਕਾ ਵਿਧਾਇਕ ਨੂੰ ਖਰੀਆਂ ਖਰੀਆਂ ਸੁਣਾਉਂਦਿਆਂ ਕਿਹਾ ਕਿ ਜਿਸ ਚੌਕ ਵਿੱਚ ਆ ਕੇ ਤੁਸੀਂ ਧਰਨਾ ਲਗਾਉਂਦੇ ਹੁੰਦੇ ਸੀ ਅਤੇ ਉਸ ਗੰਦੇ ਪਾਣੀ ਵਿੱਚ ਪਜਾਮਾ ਚੁੱਕ ਕੇ ਸਰਕਾਰਾਂ ਨੂੰ ਕੋਸਦੇ ਸੀ, ਅੱਜ ਉਸ ਤੋਂ ਮਾੜਾ ਹਾਲ ਉਸੇ ਚੌਕ ਦਾ ਹੈ। ਗੁੱਸੇ ਵਿੱਚ ਲੋਕਾਂ ਨੇ ਕਿਹਾ ਕਿ ਮੰਡੀ ਨਿਵਾਸੀਆਂ ਨੇ ਬਣਾਇਆ ਤੈਨੂੰ ਹੀਰੋ, ਆਉਣ ਵਾਲੀਆਂ 2027 ਦੀਆਂ ਵੋਟਾਂ ਵਿੱਚ ਥੋਨੂੰ ਜ਼ੀਰੋ ਬਣਾ ਦੇਣਗੇ। ਭਾਵੇਂ ਹਲਕਾ ਵਿਧਾਇਕ ਆਪਣੇ ਵੱਲੋਂ ਕੀਤੇ ਗਏ ਵਿਕਾਸ ਕੰਮਾਂ ਦੀ ਗੱਲ ਸੁਣਾਉਂਦਾ ਰਿਹਾ, ਪਰ ਕਿਸੇ ਵੀ ਮੰਡੀ ਨਿਵਾਸੀ ਨੇ ਉਸ ਦੀ ਗੱਲ ਨਹੀਂ ਸੁਣੀ। ਲੋਕਾਂ ਨੂੰ ਇਹ ਗੁੱਸਾ ਸੀ ਕਿ ਸਾਢੇ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਮੰਡੀ ਨਿਵਾਸੀ ਜਦ ਨਰਕ ਭਰੀ ਜ਼ਿੰਦਗੀ ਜਿਉਂ ਰਹੇ ਸਨ, ਸੜਕਾਂ ਉੱਪਰ ਧਰਨੇ ਲਗਾ ਰਹੇ ਸਨ, ਤਾਂ ਹਲਕਾ ਵਿਧਾਇਕ ਨੇ ਉਨ੍ਹਾਂ ਦੀ ਕਦੇ ਸਾਰ ਨਹੀਂ ਲਈ। ਲੋਕਾਂ ਨੇ ਕਿਹਾ ਕਿ ਅੱਜ ਮੰਡੀ ਵਿੱਚ ਕੀ ਕਰਨ ਆਏ ਹੋ ? ਸਥਿਤੀ ਨੂੰ ਨਾਜ਼ੁਕ ਦੇਖਦੇ ਹੋਏ ਭਾਵੇਂ ਫੌਰੀ ਤੌਰ 'ਤੇ ਡੀ ਐੱਸ ਪੀ ਮੌੜ, ਐੱਸ ਐੱਚ ਓ ਮੌੜ ਤੇ ਪੁਲਸ ਪ੍ਰਸ਼ਾਸਨ ਮੌਕੇ 'ਤੇ ਪਹੁੰਚ ਗਿਆ ਸੀ, ਪਰ ਮੰਡੀ ਨਿਵਾਸੀਆਂ ਦਾ ਗੁੱਸਾ ਸ਼ਾਂਤ ਨਹੀਂ ਹੋ ਰਿਹਾ ਸੀ ਅਤੇ ਉਹ ਵਿਧਾਇਕ ਨੂੰ ਖਰੀਆਂ ਖਰੀਆਂ ਸੁਣਾਉਂਦੇ ਰਹੇ।

ਵਿਧਾਇਕ ਨੇ ਮੰਡੀ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਜੇਕਰ 20 ਦਿਨਾਂ ਵਿੱਚ ਸੀਵਰੇਜ ਸਿਸਟਮ ਨਾ ਚੱਲਿਆ ਤਾਂ ਉਹ ਮੰਡੀ ਅੰਦਰ ਵੋਟਾਂ ਮੰਗਣ ਨਹੀਂ ਆਉਣਗੇ, ਜਦ ਕਿ ਗੁੱਸੇ ਵਿੱਚ ਆਏ ਲੋਕਾਂ ਨੇ ਕਿਹਾ ਕਿ ਤੁਸੀ ਵੋਟਾਂ ਮੰਗਣ ਕੀ ਆਉਣਾ, ਥੋਨੂੰ ਅਸੀਂ ਵੋਟ ਦੀ ਨੁੱਕਰ ਵੀ ਨਹੀਂ ਦਿਖਾਉਂਦੇ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਸਰਕਾਰ ਦਾ ਡੇਢ ਸਾਲ ਬਾਕੀ ਹੈ, ਜੇਕਰ ਲੋਕਾਂ ਵਿੱਚ ਅੱਜ ਇੰਨਾ ਗੁੱਸਾ ਹੈ ਤੇ ਉਹ ਹਲਕਾ ਵਿਧਾਇਕ ਨੂੰ ਬਾਜ਼ਾਰਾਂ ਵਿੱਚ ਘੇਰ ਸਕਦੇ ਹਨ ਤਾਂ 2027 ਦੀਆਂ ਵੋਟਾਂ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨਾਲ ਪੰਜਾਬ ਦੇ ਲੋਕ ਕੀ ਗੁਜ਼ਾਰਨਗੇ ?

# ਮਨਰੇਗਾ 'ਚ ਭ੍ਰਿਸ਼ਟਾਚਾਰ ਬਰਦਾਸ਼ਤਯੋਗ ਨਹੀਂ : ਸੋਹੀਆਂ/ਤੁੰਗਾਂ

**ਸੰਗਰੂਰ (ਪ੍ਰਵੀਨ ਸਿੰਘ)**-ਮਨਰੇਗਾ ਦੇ ਕੰਮ ਵਿੱਚ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਟੌਤੀ ਕਰਕੇ ਮਨਰੇਗਾ ਮਜ਼ਦੂਰਾਂ ਦੇ ਪੇਟ ਉਪਰ ਲੱਤ ਮਾਰੀ ਗਈ ਹੈ।ਹੁਣ ਮਨਰੇਗਾ ਮਜ਼ਦੂਰਾਂ ਨੂੰ ਪਿੰਡਾਂ ਵਿੱਚ ਕੰਮ ਨਹੀਂ ਮਿਲ ਰਿਹਾ।ਜਿੰਨਾ ਕੁ ਕੰਮ ਚਲਦਾ ਹੈ, ਉਸ ਵਿੱਚ ਵੀ ਮਨਰੇਗਾ ਦੇ ਗਰੀਬ ਮਜ਼ਦੂਰਾਂ ਨਾਲ ਹੇਰਾ-ਫੇਰੀਆਂ ਕੀਤੀਆਂ ਜਾ ਰਹੀਆਂ ਹਨ।ਮਨਰੇਗਾ ਮੇਟਾਂ ਤੋਂ ਗਲਤ ਹਾਜ਼ਰੀਆਂ ਲਗਾਉਣ ਵਾਲੇ ਪੰਚਾਂ, ਸਰਪੰਚਾਂ ਤੇ ਗ੍ਰਾਮ ਸੇਵਕਾਂ 'ਤੇ ਤੁਰੰਤ ਕਾਰਵਾਈ ਹੋਣੀ ਚਾਹੀਦੀ ਹੈ।ਮਨਰੇਗਾ ਮੇਟ ਵੀ ਇਸ ਗੱਲ ਦਾ ਧਿਆਨ ਰੱਖਣ ਕਿ ਉਹ ਕਿਸੇ ਦੇ ਵੀ ਕਹਿਣ 'ਤੇ ਕਿਸੇ ਵਿਅਕਤੀ ਦੀ ਗਲਤ ਹਾਜ਼ਰੀ ਨਾ ਲਗਾਉਣ, ਕਿਉਂਕਿ ਬਾਅਦ ਵਿੱਚ ਇਸ ਦਾ ਖਮਿਆਜ਼ਾ ਸਿੱਧੇ ਤੌਰ 'ਤੇ ਮੇਟ ਨੂੰ ਹੀ ਭੁਗਤਣਾ ਹੋਵੇਗਾ। ਮਨਰੇਗਾ ਵਿੱਚ ਭ੍ਰਿਸ਼ਟਾਚਾਰ ਕਰਨ ਵਾਲਿਆਂ 'ਤੇ ਸਖਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਇਥੇ ਮਨਰੇਗਾ ਮਜ਼ਦੂਰ ਯੂਨੀਅਨ (ਸੀਟੂ) ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਰਾਮ ਸਿੰਘ ਸੋਹੀਆਂ ਤੇ ਸਕੱਤਰ ਕਾਮਰੇਡ ਸਤਵੀਰ ਤੁੰਗਾਂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਇਕ ਪਾਸੇ ਸਰਕਾਰਾਂ ਵੱਡੇ-ਵੱਡੇ ਦਾਅਵੇ ਕਰਦੀਆਂ ਨਹੀਂ ਥਕਦੀਆਂ, ਪਰ ਦੂਜੇ ਪਾਸੇ ਮਜ਼ਦੂਰ ਜਮਾਤ ਨੂੰ ਆਪਣੇ ਪਰਿਵਾਰ ਪਾਲਣੇ ਵੀ ਔਖੇ ਹੋਏ ਪਏ ਹਨ।ਜ਼ਿਲ੍ਹੇ ਦੇ ਕਈ ਪਿੰਡਾਂ ਅੰਦਰ ਮਨਰੇਗਾ ਦੇ ਕੰਮ ਨਹੀਂ ਚੱਲ ਰਹੇ, ਕੇਂਦਰ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਮਨਰੇਗਾ ਦੇ ਕੰਮ ਵਿੱਚ ਕਟੌਤੀ ਕਰ ਦਿੱਤੀ ਹੈ, ਜਿਸ ਕਰਕੇ ਰੋਡ, ਬਰਮਾਂ, ਨਾਲੇ-ਕੱਸੀਆਂ ਦੀ ਸਫਾਈ ਤੇ ਹੋਰ ਬਹੁਤ ਸਾਰੇ ਕੰਮ ਰੋਕ ਦਿੱਤੇ ਹਨ, ਜਿਸ ਕਰਕੇ ਮਨਰੇਗਾ ਮਜ਼ਦੂਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪਹਿਲਾਂ ਤੋਂ ਹੀ ਅੱਤ ਦੀ ਗਰੀਬੀ ਦਾ ਸਾਹਮਣਾ ਕਰ ਰਹੇ ਇਨ੍ਹਾਂ ਪਰਿਵਾਰਾਂ ਨੂੰ ਹੁਣ ਮਨਰੇਗਾ ਦਾ ਕੰਮ ਵੀ ਨਹੀਂ ਮਿਲ ਰਿਹਾ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਨਰੇਗਾ ਤਹਿਤ ਕੰਮਾਂ 'ਤੇ ਲਗਾਈ ਪਾਬੰਦੀ ਤੁਰੰਤ ਹਟਾਈ ਜਾਵੇ, ਮਨਰੇਗਾ ਤਹਿਤ ਹੋਰ ਕੰਮ ਜੋੜ ਕੇ ਇਸ ਦਾ ਘੇਰਾ ਵਿਸ਼ਾਲ ਕੀਤਾ ਜਾਵੇ ਤਾਂ ਜੋ ਹਰ ਪਰਿਵਾਰ ਨੂੰ ਸਾਲ ਵਿੱਚ 100 ਦਿਨ ਕੰਮ ਦੇਣਾ ਯਕੀਨੀ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਜਿੱਥੇ ਵੀ ਕੰਮ ਚਲਦਾ ਹੈ, ਮਜ਼ਦੂਰਾਂ ਨੂੰ ਲੋੜੀਂਦਾ ਸਾਜ਼ੋ ਸਾਮਾਨ ਜਿਵੇਂ ਬੱਠਲ, ਕਹੀਆਂ, ਦਾਤੀਆਂ, ਮਜ਼ਦੂਰਾਂ ਦੇ ਸੇਫਟੀ ਲਈ ਮੈਡੀਕਲ ਟੂਲ ਕਿੱਟ, ਹੱਥਾਂ ਲਈ ਗਲੱਫਜ਼, ਬੂਟ ਤੇ ਵੱਡੇ ਰੋਡਾਂ 'ਤੇ ਕੰਮ ਕਰਦੇ ਮਜ਼ਦੂਰਾਂ ਨੂੰ ਰਿਫਲੈਕਟਰਡ ਸੇਫਟੀ ਜੈਕਟਾਂ ਆਦਿ ਸਾਮਾਨ ਮੁਹੱਈਆ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਮਨਰੇਗਾ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਸੀਟੂ ਵੱਲੋਂ ਪਿੰਡ-ਪਿੰਡ ਲਾਮਬੰਦੀ ਕੀਤੀ ਜਾਵੇਗੀ ਤੇ ਸਰਕਾਰ ਖਿਲਾਫ਼ ਸੰਘਰਸ਼ ਤਿੱਖਾ ਕੀਤਾ ਜਾਵੇਗਾ।

# ਪ੍ਰਧਾਨ ਮੰਤਰੀ ਨੇ ਵਿਦੇਸ਼ੀ ਹਿੱਤਾਂ ਨੂੰ ਨਜ਼ਰਅੰਦਾਜ਼ ਕਰਕੇ ਕਿਸਾਨਾਂ ਤੇ ਉਦਯੋਗਪਤੀਆਂ ਦੇ ਹੱਕ 'ਚ ਆਵਾਜ਼ ਉਠਾਈ : ਡਾ. ਸੀਮਾਂਤ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੁਨੀਆ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਸ਼ੁਰੂ ਕੀਤੇ ਗਏ ਟੈਰਿਫਵਾਦ ਤੇ ਵਿਦੇਸ਼ੀ ਹਿੱਤਾਂ ਨੂੰ ਨਜ਼ਰਅੰਦਾਜ਼ ਕਰਕੇ ਕਿਸਾਨਾਂ ਤੇ ਉਦਯੋਗਪਤੀਆਂ ਦੇ ਹੱਕ ਵਿੱਚ ਆਪਣੀ ਆਵਾਜ਼ ਉਠਾਈ ਹੈ, ਜੋ ਕਿ ਇਤਿਹਾਸ ਵੀ ਬਣ ਜਾਵੇਗਾ ਤੇ ਪ੍ਰਧਾਨ ਮੰਤਰੀ ਦੁਆਰਾ ਇਹ ਆਵਾਜ਼ ਉਠਾਉਣ ਦੀ ਘਟਨਾ ਨੇ ਸਾਬਿਤ ਕਰ ਦਿੱਤਾ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਹਮੇਸ਼ਾ ਕਿਸਾਨਾਂ, ਮਜ਼ਦੂਰਾਂ ਤੇ ਛੋਟੇ ਉਦਯੋਗਾਂ ਦੇ ਨਾਲ ਖੜ੍ਹੀ ਹੈ।ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਵਿਚਾਰ ਪ੍ਰਗਟ ਕੀਤੇ।

ਡਾ. ਸੀਮਾਂਤ ਗਰਗ ਨੇ ਕਿਹਾ ਕਿ ਭਾਰਤ ਰੂਸ ਤੇ ਚੀਨ ਤੋਂ ਬਾਅਦ ਤੀਜਾ ਦੇਸ਼ ਬਣ ਗਿਆ ਹੈ, ਜੋ ਅਮਰੀਕਾ ਦੀ ਟਰੰਪ ਸਰਕਾਰ ਦੁਆਰਾ ਦੁਨੀਆ ਭਰ ਵਿੱਚ ਹਰ ਰੋਜ਼ ਨਵੀਆਂ ਪਾਬੰਦੀਆਂ ਲਗਾ ਕੇ ਸ਼ੁਰੂ ਕੀਤੇ ਗਏ ਟੈਰਿਫਵਾਦ ਦਾ ਵਿਰੋਧ ਕਰਦਾ ਹੈ।ਉਨ੍ਹਾਂ ਕਿਹਾ ਕਿ ਟਰੰਪ ਸਰਕਾਰ ਦੇ ਦਬਾਅ ਹੇਠ ਟੈਰਿਫ ਘਟਾਉਣ ਤੇ ਸਿਹਤਮੰਦ ਮਿਆਰਾਂ (ਜਿਵੇਂ ਕਿ ਪਸ਼ੂਆਂ ਦੇ ਚਾਰੇ 'ਤੇ ਪਾਬੰਦੀ, ਹਾਰਮੋਨ ਮੁਕਤ ਦੁੱਧ) ਵਿੱਚ ਸੌਦੇਬਾਜ਼ੀ ਕਰਨ ਲਈ, ਮੋਦੀ ਸਰਕਾਰ ਨੇ ਭਾਰੀ ਸਬਸਿਡੀ ਵਾਲੇ ਅਮਰੀਕੀ ਦੁੱਧ ਤੇ ਖੇਤੀਬਾੜੀ ਉਤਪਾਦਾਂ ਨੂੰ ਭਾਰਤੀ ਬਾਜ਼ਾਰਾਂ ਵਿੱਚ ਦਾਖਲ ਹੋਣ ਤੋਂ ਰੋਕਣ ਲਈ ਟਰੰਪ ਸਰਕਾਰ ਦੇ ਟੈਰਿਫ ਨੂੰ ਨਜ਼ਰਅੰਦਾਜ਼ ਕੀਤਾ ਹੈ, ਕਿਉਂਕਿ ਜੇਕਰ ਭਾਰਤ ਸਰਕਾਰ ਟਰੰਪ ਸਰਕਾਰ ਨਾਲ ਸਹਿਮਤ ਹੁੰਦੀ, ਤਾਂ ਭਾਰਤ ਵਿੱਚ ਦੁੱਧ ਦੀ ਕੀਮਤ ਡਿੱਗ ਜਾਂਦੀ ਅਤੇ ਛੋਟੇ ਕਿਸਾਨਾਂ ਦੀ ਹੋਂਦ ਖ਼ਤਰੇ ਵਿੱਚ ਪੈ ਜਾਂਦੀ, ਜਿਨ੍ਹਾਂ ਦੀ ਰੋਜ਼ੀ-ਰੋਟੀ ਦੁੱਧ ਵੇਚਣ 'ਤੇ ਨਿਰਭਰ ਕਰਦੀ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹੱਕ ਵਿੱਚ ਖੜ੍ਹੇ ਹੋ ਕੇ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਭਾਰਤ ਆਪਣੇ ਦੇਸ਼ ਦੇ ਕਿਸਾਨਾਂ, ਦੁੱਧ ਉਤਪਾਦਕਾਂ ਤੇ ਛੋਟੇ ਉਦਯੋਗਪਤੀਆਂ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਨਹੀਂ ਹੋਣ ਦੇਵੇਗਾ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਵਿਦੇਸ਼ੀ ਦਰਾਮਦਾਂ 'ਤੇ ਨਿਰਭਰਤਾ ਖਤਮ ਕਰਨ ਵੱਲ ਕਦਮ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਅਮਰੀਕੀ ਉਤਪਾਦ ਭਾਰਤ ਆਉਂਦੇ, ਤਾਂ ਭਾਰਤ ਦੀ ਭੋਜਨ ਨਿਰਭਰਤਾ ਕਮਜ਼ੋਰ ਹੋ ਜਾਂਦੀ।

ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਦਬਾਅ ਅੱਗੇ ਝੁਕਣ ਦੀ ਬਜਾਏ, ਭਾਰਤ ਆਪਣੇ ਵਿਗਿਆਨੀਆਂ, ਮਿਆਰਾਂ, ਰੋਜ਼ੀ-ਰੋਟੀ ਦੀ ਸੁਰੱਖਿਆ ਤੇ ਸੱਭਿਆਚਾਰਕ ਕਦਰਾਂ-ਕੀਮਤਾਂ 'ਤੇ ਦ੍ਰਿੜ੍ਹ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਉਹ ਕਿਸਾਨਾਂ ਤੇ ਮਜ਼ਦੂਰਾਂ ਦੀ ਖ਼ਾਤਰ ਟਰੰਪ ਸਰਕਾਰ ਅੱਗੇ ਕਦੇ ਨਹੀਂ ਝੁਕਣਗੇ।ਪ੍ਰਧਾਨ ਮੰਤਰੀ ਦੇ ਇਸ ਇਤਿਹਾਸਕ ਫੈਸਲੇ ਨਾਲ ਸਵਦੇਸ਼ੀ ਹਿੱਤਾਂ, ਸੱਭਿਆਚਾਰਕ ਮਾਣ ਤੇ ਆਰਥਿਕ ਨਿਆਂ ਦੀ ਜਿੱਤ ਹੋਈ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਇਸ ਫੈਸਲੇ 'ਤੇ ਭਾਰਤ ਭਰ ਦੇ ਸਮੂਹ ਕਿਸਾਨ ਸੰਗਠਨਾਂ ਨੇ ਪ੍ਰਧਾਨ ਮੰਤਰੀ ਦੀ ਪ੍ਰਸ਼ੰਸਾ ਕੀਤੀ ਹੈ।ਇਸ ਦੇ ਨਾਲ ਹੀ ਉਨ੍ਹਾਂ ਨੇ ਇਸ ਮੁੱਦੇ 'ਤੇ ਉਨ੍ਹਾਂ ਨੂੰ ਆਪਣਾ ਪੂਰਾ ਸਮਰਥਨ ਦੇਣ ਦੀ ਵੀ ਗੱਲ ਕਹੀ ਹੈ।

# ਮਾਤਾ ਗੁਰਮੇਲ ਕੌਰ ਨੂੰ ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ



**ਤਲਵੰਡੀ ਸਾਬੋ (ਪੱਤਰ ਪ੍ਰੇਰਕ)**-'ਨਵਾਂ ਜ਼ਮਾਨਾ' ਦੇ ਤਲਵੰਡੀ ਸਾਬੋ ਤੋਂ ਪੱਤਰਕਾਰ ਜਗਦੀਪ ਗਿੱਲ ਦੀ ਮਾਤਾ ਗੁਰਮੇਲ ਕੌਰ ਦੇ ਭੋਗ ਸਮਾਰੋਹ ਵਿੱਚ ਸ਼ਾਮਲ ਹੁੰਦਿਆਂ ਜਿੱਥੇ ਵੱਖ ਵੱਖ ਰਾਜਨੀਤਕ ਧਿਰਾਂ ਦੇ ਸਰਕਰਦਾ ਨੁਮਾਇੰਦਿਆਂ ਵੱਲੋਂ ਮਾਤਾ ਜੀ ਨੂੰ ਸ਼ਰਧਾ ਸੁਮਨ ਭੇਟ ਕੀਤੇ ਗਏ, ਉੱਥੇ ਮਾਸਟਰ ਬਾਬੂ ਸਿੰਘ ਤੇ ਜਗੀਰ ਸਿੰਘ ਜੋਗਾ ਵਰਗੇ ਉੱਘੇ ਦੇਸ਼ ਭਗਤ ਤੇ ਸਵਤੰਤਰਤਾ ਸੰਗਰਾਮੀਆਂ ਦੇ ਪਰਿਵਾਰਕ ਨੁਮਾਇੰਦਿਆਂ ਸਮੇਤ ਕਈ ਹੋਰ ਉੱਘੀਆਂ ਧਾਰਮਿਕ ਸ਼ਖ਼ਸੀਅਤਾਂ ਨੇ ਵੀ ਮਾਤਾ ਗੁਰਮੇਲ ਕੌਰ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।

ਕਾਮਰੇਡ ਬਲਕਰਨ ਸਿੰਘ ਬਰਾੜ ਜ਼ਿਲ੍ਹਾ ਸਕੱਤਰ ਸੀਪੀਆਈ ਬਠਿੰਡਾ ਨੇ ਇਸ ਮੌਕੇ ਕਿਹਾ ਕਿ ਜਿਵੇਂ ਪੱਤਰਕਾਰ ਜਗਦੀਪ ਗਿੱਲ ਦੀ ਮਾਤਾ ਗੁਰਮੇਲ ਕੌਰ ਜੀ ਦਾ ਸਮੁੱਚਾ ਪਰਿਵਾਰ ਮੁਜ਼ਾਰਾ ਲਹਿਰ ਤੋਂ ਲੈ ਕੇ ਹਰ ਕਿਸਮ ਦੇ ਕਿਸਾਨੀ ਘੋਲਾਂ ਵਿੱਚ ਵੱਡਾ ਯੋਗਦਾਨ ਪਾਉਂਦਾ ਆਇਆ ਹੈ, ਉਸ ਤਰ੍ਹਾਂ ਸਾਨੂੰ ਸਾਰਿਆਂ ਨੂੰ ਹੁਣ ਇੱਕ ਵਾਰ ਫਿਰ ਜ਼ਮੀਨਾਂ ਬਚਾਉਣ ਲਈ ਕਾਰਪੋਰੇਟੀ ਹੱਲੇ ਖਿਲਾਫ ਡੱਟਣਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਮਾਤਾ ਜੀ ਨੂੰ ਇਹੋ ਹੀ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਹਰ ਕਿਸਮ ਦੀ ਲੁੱਟ ਘਸੁਟ ਖਿਲਾਫ ਲੜੇ ਜਾ ਰਹੇ ਸੰਘਰਸ਼ਾਂ ਵਿੱਚ ਵੱਡੀ ਸ਼ਮੂਲੀਅਤ ਕੀਤੀ ਜਾਵੇ।

ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਟੇਕ ਸਿੰਘ ਧਨੌਲਾ ਜੀ ਨੇ ਵੀ ਭੋਗ ਸਮਾਰੋਹ ਵਿੱਚ ਸ਼ਮੂਲੀਅਤ ਕੀਤੀ ਤੇ ਜਗਦੀਪ ਗਿੱਲ ਜੀ ਨਾਲ ਦੁੱਖ ਸਾਂਝਾ ਕਰਦਿਆਂ ਪਰਿਵਾਰ ਨੂੰ ਸਦਮੇ ਵਿੱਚੋਂ ਨਿਕਲਣ ਲਈ ਹੌਸਲਾ ਦਿੱਤਾ।

ਉੱਘੇ ਕਵੀਸ਼ਰ ਤੇ ਸਾਹਿਤਕਾਰ ਮਾਸਟਰ ਰੇਵਤੀ ਪ੍ਰਸ਼ਾਦ ਸ਼ਰਮਾ ਨੇ ਜਗਦੀਪ ਗਿੱਲ ਦੀਆਂ ਕਈ ਰਚਨਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਸ੍ਰੀ ਗਿੱਲ ਵੱਲੋਂ ਸਿਰਜਣਾਤਮਿਕ ਗਤੀਵਿਧੀਆਂ ਨੂੰ ਚੱਲਦਾ ਰੱਖਣ ਵਿੱਚ ਮਾਤਾ ਗੁਰਮੇਲ ਕੌਰ ਦਾ ਵੱਡਾ ਅਸ਼ੀਰਵਾਦ ਹੈ, ਜਿਸ ਨੂੰ ਘਟਾ ਕੇ ਨਹੀਂ ਵੇਖਿਆ ਜਾ ਸਕਦਾ। ਗੁਰਦੁਆਰਾ ਬੁੰਗਾ ਮਸਤੂਆਣਾ ਦੇ ਮੁੱਖ ਸੇਵਾਦਾਰ ਬਾਬਾ ਕਾਕਾ ਸਿੰਘ ਨੇ ਜਿੱਥੇ ਭੋਗ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਆਏ ਤਮਾਮ ਲੋਕਾਂ ਦਾ ਧੰਨਵਾਦ ਕੀਤਾ, ਉੱਥੇ ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਾਤਾ ਜੀ ਦਾ ਪਰਿਵਾਰ (ਗਿੱਲ ਪਰਿਵਾਰ) ਹਮੇਸ਼ਾ ਨਗਰ ਦੇ ਸਾਂਝੇ ਤੇ ਚੰਗੇ ਕੰਮਾਂ ਵਿੱਚ ਮੋਹਰੀ ਰੋਲ ਅਦਾ ਕਰਦਾ ਆਇਆ ਹੈ, ਜਿਸ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ।ਇਸ ਮੌਕੇ ਉੱਘੇ ਦੇਸ਼ ਭਗਤ ਤੇ ਮੁਜ਼ਾਰਾ ਲਹਿਰ ਦੇ ਮੋਢੀ ਕਾਮਰੇਡ ਜਗੀਰ ਸਿੰਘ ਜੋਗਾ ਦੇ ਸਪੁੱਤਰ ਡਾਕਟਰ ਗੁਰਦਰਸ਼ਨ ਜੋਗਾ, ਨਗਰ ਕੌਂਸਲ ਜੋਗਾ ਦੇ ਪ੍ਰਧਾਨ ਗੁਰਮੀਤ ਜੋਗਾ, ਇਸਤਰੀ ਆਗੂ ਅੰਮ੍ਰਿਤ ਕੌਰ ਜੋਗਾ, ਪ੍ਰੋਫੈਸਰ ਬਲਜਿੰਦਰ ਕੌਰ ਹਲਕਾ ਵਿਧਾਇਕ ਤਲਵੰਡੀ ਸਾਬੋ, ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਅਜੀਤ ਇੰਦਰ ਸਿੰਘ ਮੋਫਰ ਸਾਬਕਾ ਵਿਧਾਇਕ ਸਰਦੂਲਗੜ੍ਹ, ਜਥੇਦਾਰ ਦਰਸ਼ਨ ਸਿੰਘ ਜਗਾਰਾਮ ਤੀਰਥ, ਜਸਬੀਰ ਸਿੰਘ ਅਕਲੀਆ, ਡਾਕਟਰ ਜਗਰੂਪ ਸਿੰਘ ਐੱਮ ਡੀ ਤਲਵੰਡੀ ਸਾਬੋ, ਉੱਘੇ ਲੇਖਕ ਜਸਪਾਲ ਮਾਨਖੇੜਾ, ਰਣਵੀਰ ਰਾਣਾ, ਗੀਤਕਾਰ ਚੌਧਰੀ ਚੰਦਰ ਸ਼ੇਖਰ, ਪ੍ਰਿੰ. ਜਸਬੀਰ ਸਿੰਘ ਢਿੱਲੋਂ, ਬਿਕਰਮ ਸਿੰਘ ਪ੍ਰਿੰਸੀਪਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਹਰਬੰਸ ਸਿੰਘ ਬੀਡੀਪੀਓ ਤਲਵੰਡੀ ਸਾਬੋ, ਅਵਤਾਰ ਸਿੰਘ ਸਿੱਧੂ ਐਡਵੋਕੇਟ, ਹਰਬੰਸ ਸਿੰਘ ਚਹਿਲ ਐਡਵੋਕੇਟ, ਗੁਰਜੰਟ ਸਿੰਘ ਐਡਵੋਕੇਟ ਤੇ ਸਤਿੰਦਰਪਾਲ ਸਿੰਘ ਸਿੱਧੂ ਪ੍ਰਧਾਨ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਅਤੇ ਸੁਰਿੰਦਰ ਦਮਦਮੀ ਆਦਿ ਸ਼ਖ਼ਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਰਿਸ਼ਤੇਦਾਰ ਨਗਰ ਨਿਵਾਸੀ ਵੱਖ-ਵੱਖ ਸਿਆਸੀ, ਧਾਰਮਿਕ ਤੇ ਸਾਹਿਤਕ ਜਥੇਬੰਦੀਆਂ ਨਾਲ ਜੁੜੇ ਲੋਕ ਹਾਜ਼ਰ ਸਨ।

# ਵਿਧਾਇਕ ਸੁਖਾਨੰਦ ਦੀ ਅਗਵਾਈ ਹੇਠ ਪਿੰਡਾਂ ਦੀ ਬਦਲ ਰਹੀ ਤਸਵੀਰ : ਸਰਪੰਚ ਰਾਜਾ ਮੱਲਕੇ

## ਹਲਕੇ ਅੰਦਰ ਬਣਨ ਜਾ ਰਹੇ ਖੇਡ ਮੈਦਾਨ ਪਿੰਡਾਂ ਦੇ ਸਮਾਜਿਕ ਤੇ ਸੱਭਿਆਚਾਰਕ ਜੀਵਨ ਨੂੰ ਵੀ ਸੁਧਾਰਨਗੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਪਿੰਡਾਂ ਵਿੱਚ ਸਰਵਪੱਖੀ ਵਿਕਾਸ ਦੀ ਲਹਿਰ ਚੱਲ ਪਈ ਹੈ।ਇਸ ਵਿਕਾਸ ਮੁਹਿੰਮ ਦਾ ਮੁੱਖ ਫੋਕਸ ਖੇਡ ਮੈਦਾਨਾਂ ਦੀ ਸਥਾਪਨਾ 'ਤੇ ਹੈ, ਜਿਸ ਨੂੰ ਵਿਧਾਇਕ ਸੁਖਾਨੰਦ ਦੇ ਉਦਮਾਂ ਨਾਲ ਅਮਲੀ ਜਾਮਾ ਪਹਿਨਾਇਆ ਜਾ ਰਹਾ ਹੈ।ਇਨ੍ਹਾਂ ਵਿਚਾਰਾਂ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਮੱਲਕੇ ਸਰਪੰਚ ਰਾਜਾ ਮੱਲਕੇ ਨੇ ਕਰਦਿਆਂ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦ੍ਰਿਸ਼ਟੀ ਹੇਠ ਪੰਜਾਬ ਵਿੱਚ ਗ੍ਰਾਮੀਣ ਵਿਕਾਸ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ, ਜਿਸ ਦਾ ਸਿੱਧਾ ਲਾਭ ਪਿੰਡਾਂ ਨੂੰ ਮਿਲ ਰਿਹਾ ਹੈ।ਵਿਧਾਇਕ ਸੁਖਾਨੰਦ ਨੇ ਪਿੰਡਾਂ ਵਿੱਚ ਖੇਡ ਮੈਦਾਨ ਸਥਾਪਤ ਕਰਨ ਦੀ ਪਹਿਲਕਦਮੀ ਨਾਲ ਯੁਵਾਵਰਗ ਨੂੰ ਸਿਹਤਮੰਦ ਗਤੀਵਿਧੀਆਂ ਵਿੱਚ ਜੋੜਨ ਦਾ ਉਦੇਸ਼ ਰੱਖਿਆ ਹੈ।ਇਹ ਮੈਦਾਨ ਨੌਜਵਾਨਾਂ ਨੂੰ ਖੇਡਾਂ ਵਿੱਚ ਸਰਗਰਮ ਕਰਨ ਤੇ ਉਨ੍ਹਾਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਨੂੰ ਹੋਰ ਮਜ਼ਬੂਤ ਕਰਨ ਵਿਚ ਮਦਦਗਾਰ ਸਾਬਿਤ ਹੋਣਗੇ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹਲਕੇ ਅੰਦਰ ਬਣਨ ਜਾ ਰਹੇ ਖੇਡ ਮੈਦਾਨ ਪਿੰਡਾਂ ਦੀ ਸਮਾਜਿਕ ਤੇ ਸੱਭਿਆਚਾਰਕ ਜੀਵਨ ਨੂੰ ਵੀ ਸੁਧਾਰਨਗੇ ਤੇ ਖੇਡ ਮੈਦਾਨਾਂ ਨਾਲ ਨੌਜਵਾਨ ਨਸ਼ੇ ਤੋਂ ਦੂਰ ਰਹਿਣਗੇ।ਇਸ ਮੌਕੇ ਰਾਜਾ ਮੱਲਕੇ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਸੂਬੇ ਵਿੱਚ ਹੋਏ ਵਿਕਾਸ ਕਾਰਜਾਂ ਦੇ ਗੁਣ ਗਾਏ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ 200 ਨਵੇਂ ਆਮ ਆਦਮੀ ਕਲੀਨਿਕ ਖੋਲ੍ਹਣ ਦਾ ਫੈਸਲਾ ਸਿਹਤ ਖੇਤਰ ਵਿੱਚ ਇੱਕ ਨਵੀਂ ਕ੍ਰਾਂਤੀ ਦੀ ਸ਼ੁਰੂਆਤ ਹੈ।ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਦੇ ਪਿੰਡਾਂ ਵਿੱਚ ਵੀ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਵੱਖ ਵੱਖ ਪਿੰਡਾਂ ਵਿੱਚ ਚੱਲ ਰਹੇ ਆਮ ਆਦਮੀ ਕਲੀਨਿਕ ਤੇ ਸਿਹਤ ਕੇਂਦਰਾਂ ਵਿੱਚ ਹਲਕੇ ਦੇ ਲੋਕਾਂ ਨੂੰ ਵੱਡੀ ਪੱਧਰ 'ਤੇ ਸੇਵਾਵਾਂ ਮਿਲ ਰਹੀਆਂ ਹਨ।ਇਸ ਤੋਂ ਇਲਾਵਾ ਉਨ੍ਹਾਂ ਸਰਕਾਰ ਦੀਆਂ ਹੋਰ ਪ੍ਰਾਪਤੀਆਂ, ਜਿਵੇਂ 300 ਯੂਨਿਟ ਮੁਫਤ ਬਿਜਲੀ ਤੇ ਸਿੱਖਿਆ ਖੇਤਰ ਵਿੱਚ ਸੁਧਾਰ ਨੂੰ ਵੀ ਸਲਾਹਿਆ।

11-AUG-PAGE-6.qxd 8/10/2025 10:09 PM Page 1



## ਦਸਮੇਸ਼ ਸਕੂਲ ਦੇ ਗਤਕਾ ਖਿਡਾਰੀਆਂ ਜ਼ੋਨ ਖੇਡਾਂ 'ਚ ਜਿੱਤੀ ਓਵਰਆਲ ਟਰਾਫੀ, 14 ਸੋਨ ਤੇ 6 ਸਿਲਵਰ ਤਮਗੇ ਜਿੱਤੇ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਪੰਜਾਬ ਸਰਕਾਰ ਦੀਆਂ ਗਰਮ ਰੁੱਤ ਜ਼ੋਨ ਪੱਧਰੀ ਖੇਡਾਂ ਦੀ ਜ਼ੋਨ ਕੋਆਰਡੀਨੇਟਰ ਪ੍ਰਿੰਸੀਪਲ ਦਿਲਪ੍ਰੀਤ ਸਿੰਘ ਸੰਧੂ ਦੀ ਰਹਿਨੁਮਾਈ ਹੇਠ ਸ਼ਾਨਦਾਰ ਸ਼ੁਰੂਆਤ ਹੋਈ। ਜਿਸ ਵਿੱਚ ਗਤਕਾ ਮੁਕਾਬਲੇ ਸਰਕਾਰੀ ਸਕੂਲ ਸਰਦੂਲਗੜ੍ਹ ਵਿਖੇ ਡੀ.ਪੀ.ਈ ਗੁਰਨਾਮ ਸਿੰਘ, ਕ੍ਰਿਸ਼ਨ ਕੁਮਾਰ ਦੀ ਅਗਵਾਈ ਹੇਠ ਕਰਵਾਏ ਗਏ। ਜਿਸ ਵਿੱਚ ਇਸ ਸਾਲ ਵੀ ਦਸਮੇਸ਼ ਕਾਨਵੈਂਟ ਸੀਨੀ: ਸੈਕੰਡਰੀ ਸਕੂਲ ਅਤੇ ਦਸਮੇਸ਼ ਇੰਟਰਨੈਸ਼ਨਲ ਸਕੂਲ ਸਰਦੂਲਗੜ੍ਹ ਦੇ ਖਿਡਾਰੀਆਂ ਨੇ ਜ਼ੋਨ ਪੱਧਰੀ 14 ਸੋਨ ਤਗਮੇ ਅਤੇ 6 ਸਿਲਵਰ ਤਗਮੇ ਜਿੱਤੇ। ਅੰਡਰ-19 ਲੜਕੇ ਅਤੇ ਲੜਕੀਆਂ ਨੇ ਸਿੰਗਲ ਸੋਟੀ ਅਤੇ ਫਰੀ ਸੋਟੀ ਵਿੱਚ ਸੋਨ ਤਗਮੇ ਜਿੱਤੇ। ਇਸ ਤਰ੍ਹਾਂ ਅੰਡਰ-14 ਲੜਕੇ-ਲੜਕੀਆਂ ਨੇ ਸਿੰਗਲ ਸੋਟੀ ਅਤੇ ਫਰੀ ਸੋਟੀ ਵਿੱਚ ਸੋਨ ਤਗਮੇ ਜਿੱਤੇ। ਅੰਡਰ-17 ਗਤਕਾ ਟੀਮ ਨੇ ਫਰੀ ਸੋਟੀ ਵਿੱਚ ਸੋਨ ਤੇ ਸਿੰਗਲ ਸੋਟੀ ਵਿੱਚ ਚਾਂਦੀ ਤਗਮਾ ਜਿੱਤਿਆ। ਗਤਕੇ ਦੇ ਵਿਅਕਤੀਗਤ ਮੁਕਾਬਲਿਆਂ ਵਿੱਚ ਅੰਡਰ -19 ਲੜਕੀ ਕੋਮਲਪ੍ਰੀਤ ਅਤੇ ਅੰਡਰ -17 ਲੜਕੀ ਵੀਰਪਾਲ ਕੌਰ ਅਤੇ ਲੜਕਿਆਂ ਵਿੱਚੋਂ-ਅੰਡਰ -17 ਦਾ ਅਰਸ਼ਦੀਪ ਸਿੰਘ, ਅੰਡਰ-14 ਜਸ਼ਨਦੀਪ ਸਿੰਘ ਨੇ ਸੋਨ ਤਗਮੇ ਜਿੱਤੇ ਇਸ ਮੌਕੇ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਨੇ ਗਤਕਾ ਟੀਮ ਕੋਚ ਰਮਨਦੀਪ ਕੌਰ, ਹਰਜਿੰਦਰ ਕੌਰ, ਡੀ.ਪੀ.ਈ ਮਨਦੀਪ ਸਿੰਘ, ਗੁਰਜੀਤ ਸਿੰਘ ਅਤੇ ਖਿਡਾਰੀਆਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਵਿਚੋਂ ਵੀ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਪ੍ਰੇਰਿਤ ਕੀਤਾ।

## ਸਤਲੁਜ ਦਰਿਆ 'ਚ ਨਹਾਉਣ ਗਈ ਲੜਕੀ ਰੁੜ੍ਹੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪ੍ਰਵਾਸੀ ਮਜ਼ਦੂਰਾਂ ਦੀ ਬਸਤੀ ਬਲੀਬੇਗ ਦੇ ਰਹਿਣ ਵਾਲੀ ਲੜਕੀ ਨਿਸ਼ਾ ਕੁਮਾਰੀ (16), ਜੋ ਕਿ ਲੰਘੀ 7 ਜੁਲਾਈ ਨੂੰ ਸਵੇਰੇ ਖੇਤਾਂ ਵਿੱਚ ਮਜ਼ਦੂਰੀ ਕਰਨ ਗਈ, ਪਰ ਵਾਪਰੇ ਹਾਦਸੇ ਕਾਰਨ ਸਤਲੁਜ ਦਰਿਆ ਵਿੱਚ ਰੁੜ੍ਹ ਗਈ। ਲੜਕੀ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਨਿਸ਼ਾ 7 ਜੁਲਾਈ ਨੂੰ ਹੋਰਨਾਂ



ਮਜ਼ਦੂਰਾਂ ਨਾਲ ਸਤਲੁਜ ਦਰਿਆ ਨੇੜੇ ਪਿੰਡ ਦੌਪਾਣਾ ਵਿਖੇ ਖੇਤਾਂ ਵਿੱਚ ਕੰਮ ਕਰਨ ਗਈ ਸੀ। ਨਿਸ਼ਾ ਝੋਨੇ ਦੇ ਖੇਤਾਂ ਵਿੱਚ ਮਜ਼ਦੂਰੀ ਕਰ ਰਹੀ ਸੀ ਕਿ ਗਰਮੀ ਜ਼ਿਆਦਾ ਹੋਣ ਕਾਰਨ ਉਹ ਆਪਣੀਆਂ ਹੋਰਨਾਂ ਸਹੇਲੀਆਂ ਨਾਲ ਨੇੜੇ ਵਗਦੇ ਦਰਿਆ ਵਿੱਚ ਨਹਾਉਣ ਲਈ ਚਲੀ ਗਈ। ਉਸ ਦੀਆਂ ਸਹੇਲੀਆਂ ਨੇ ਦੱਸਿਆ ਕਿ ਜਦੋਂ ਉਹ ਦਰਿਆ ਵਿੱਚ ਉਤਰੀ ਤਾਂ ਅਚਾਨਕ ਉਸ ਦਾ ਪੈਰ ਫਿਸਲ ਗਿਆ, ਜਿਸ ਕਾਰਨ ਉਹ ਪਾਣੀ ਦੇ ਤੇਜ਼ ਵਹਾਅ ਵਿੱਚ ਰੁੜ੍ਹ ਗਈ। ਇਸ ਸਮੇਂ ਸਤਲੁਜ ਦਰਿਆ ਵਿੱਚ ਪਾਣੀ ਦਾ ਵਹਾਅ ਬਹੁਤ ਤੇਜ਼ ਹੈ, ਜਿਸ ਕਾਰਨ ਕੁਝ ਹੀ ਪਲਾਂ ਵਿੱਚ ਉਸ ਨੂੰ ਤੇਜ਼ ਪਾਣੀ ਵਹਾਅ ਕੇ ਲੈ ਗਿਆ। ਪਰਿਵਾਰਕ ਮੈਂਬਰਾਂ ਵੱਲੋਂ ਪਿਛਲੇ 2 ਦਿਨਾਂ ਤੋਂ ਗੋਤਾਖੋਰਾਂ ਤੇ ਕਿਸ਼ਤੀਆਂ ਰਾਹੀਂ ਸਤਲੁਜ ਦਰਿਆ ਵਿੱਚ ਨਿਸ਼ਾ ਦੀ ਤਲਾਸ਼ ਕੀਤੀ ਜਾ ਰਹੀ ਹੈ, ਪਰ ਅਜੇ ਤੱਕ ਉਸ ਦਾ ਕੋਈ ਸੁਰਾਗ ਨਾ ਲੱਗਾ। ਪਰਿਵਾਰ ਨੇ ਹਾਦਸੇ ਸਬੰਧੀ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ।

## ਬਰੌਂਡਵੇ ਪਬਲਿਕ ਸਕੂਲ ਮਨਾਲ 'ਚ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਂਡਵੇ ਪਬਲਿਕ ਸਕੂਲ ਮਨਾਲ ਵਿਖੇ ਪੰਜਾਬੀ ਵਿਭਾਗ ਦੇ ਮੁਖੀ ਸ੍ਰੀਮਤੀ ਹਰਮਿੰਦਰ ਕੌਰ ਦੀ ਯੋਗ ਅਗਵਾਈ ਵਿੱਚ ਤੀਆਂ ਦਾ ਤਿਉਹਾਰ, ਜੋ ਨਾਰੀ ਸ਼ਕਤੀ ਨੂੰ ਸਮਰਪਤ ਸੀ, ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਮਦਰ ਟੀਚਰ ਸਕੂਲ, ਬਰਨਾਲਾ ਦੇ ਚੇਅਰਮੈਨ ਕਪਿਲ ਮਿੱਤਲ ਨੇ ਵਿਸ਼ੇਸ਼ ਮਹਿਮਾਨ ਤੇ ਡਾਇਰੈਕਟਰ ਸ੍ਰੀਮਤੀ ਨਿਸ਼ੀ ਮਿੱਤਲ ਨੇ ਮੁੱਖ-ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ।ਇਸ ਸਮਾਗਮ ਵਿੱਚ ਮਾਵਾਂ-ਧੀਆਂ ਦੀਆਂ ਜੋੜੀਆਂ ਨੇ ਭਾਗ ਲਿਆ ਤੇ ਉਨ੍ਹਾਂ ਵੱਲੋਂ ਕੀਤੀਆਂ ਗਈਆਂ ਪੇਸ਼ਕਾਰੀਆਂ (ਰੈਂਪ ਵਾਕ, ਲੋਕ-ਨਾਚ, ਗਿੱਧਾ, ਮਹਿੰਦੀ, ਕਵਿਤਾ ਉਚਾਰਨ, ਰੰਗੋਲੀ, ਰਿਵਾਇਤੀ ਸਾਜ-ਸਜਾਵਟ, ਖੇਡਾਂ) ਖਿੱਚ ਦਾ ਕੇਂਦਰ ਰਹੀਆਂ ਤੇ ਸਮਾਗਮ ਨੂੰ ਚਾਰ ਚੰਨ ਲਾ ਦਿੱਤੇ।ਇਸ ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਲੋਕ ਗੀਤ, ਭਾਸ਼ਣ, ਲੋਕ ਨਾਚ, ਕੋਰਿਓਗਰਾਫੀ ਤੇ ਭੰਗੜੇ ਦੀਆਂ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਸਕੂਲ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ, ਡਾਇਰੈਕਟਰ ਸ੍ਰੀਮਤੀ ਨਵਰੀਤ ਕੌਰ ਚੀਮਾ, ਪ੍ਰਿੰਸੀਪਲ ਮੁਹੰਮਦ ਆਰਿਫ ਸ਼ੈਫੀ ਨੇ ਸਮਾਗਮ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਸਤਿਕਾਰਯੋਗ ਮਾਤਾਵਾਂ ਦੀ ਹੌਸਲਾ ਅਫ਼ਜ਼ਾਈ ਲਈ ਇਨਾਮ ਦਿੱਤੇ।ਸਕੂਲ ਪ੍ਰਿੰਸੀਪਲ ਨੇ ਆਪਣੇ ਭਾਸ਼ਣ ਦੌਰਾਨ ਨਾਰੀ ਸ਼ਕਤੀ ਦੀ ਅਹਿਮੀਅਤ, ਪੇਸ਼ ਆ ਰਹੀਆਂ ਚੁਣੌਤੀਆਂ ਤੇ ਉਨ੍ਹਾਂ ਦੇ ਹੱਲ ਬਾਰੇ ਜ਼ਿਕਰ ਕੀਤਾ ਤੇ ਅੱਗੇ ਤੋਂ ਵੀ ਮਾਪਿਆਂ ਦੀ ਭਾਗੀਦਾਰੀ ਨਾਲ ਸਮਾਗਮ ਕਰਵਾਉਣ ਦਾ ਵਾਅਦਾ ਕੀਤਾ।

ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਮੁੱਖ-ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਸ੍ਰੀਮਤੀ ਗੁਰਪ੍ਰੀਤ ਕੌਰ ਨੂੰ 'ਮਿਸਿਜ਼ ਤੀਜ' ਚੁਣਿਆ ਗਿਆ ਤੇ ਸ੍ਰੀਮਤੀ ਪਰਮਜੀਤ ਕੌਰ ਤੇ ਸ੍ਰੀਮਤੀ ਗੁਰਸ਼ਰਨ ਕੌਰ ਨੇ ਕ੍ਰਮਵਾਰ ਦੂਸਰਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ।ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਮਾਵਾਂ-ਧੀਆਂ ਦੀਆਂ ਜੋੜੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਪ੍ਰਿੰਸੀਪਲ ਮੁਹੰਮਦ ਆਰਿਫ ਸ਼ੈਫੀ ਨੇ ਸਮਾਗਮ ਨੂੰ ਸੁਚੱਜੇ ਰੂਪ ਵਿੱਚ ਨੇਪਰੇ ਚਾੜ੍ਹਨ ਲਈ ਸਾਰੇ ਟੀਮ ਮੈਂਬਰਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ।

## ਭਾਈ ਘਨੱਈਆ ਵੈੱਲਫੇਅਰ ਸੋਸਾਇਟੀ ਨੇ ਫਿਰ 1100 ਪੌਦੇ ਵੰਡੇ



**ਜਲਾਲਾਬਾਦ (ਜੀਤ ਕੁਮਾਰ)**-ਭਾਈ ਘਨੱਈਆ ਵੈੱਲਫੇਅਰ ਸੁਸਾਇਟੀ ਗੁਰਦੁਆਰਾ ਰਾਮਗੜ੍ਹੀਆ ਜਲਾਲਾਬਾਦ ਵੱਲੋਂ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਹਰੇਕ ਸ਼ਨੀਵਾਰ ਨੂੰ ਪੌਦੇ ਵੰਡਣ ਦੀ ਮੁਹਿੰਮ ਲਗਾਤਾਰ ਜਾਰੀ ਹੈ।ਅੱਜ ਫਿਰ ਸ਼ਨੀਵਾਰ ਨੂੰ ਸਥਾਨਕ ਸ਼ਹੀਦ ਊਧਮ ਸਿੰਘ ਚੌਕ ਦੇ ਕੋਲ ਸਥਿਤ ਗੁਰਦੁਆਰਾ ਰਾਮਗੜ੍ਹੀਆ ਵਿਖੇ ਫਲਦਾਰ ਤੇ ਫੁੱਲਾਂ ਵਾਲੇ ਪੌਦੇ ਵੰਡੇ ਗਏ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਗੁਰਮੁੱਖ ਸਿੰਘ ਸੱਗੂ, ਸੈਕਟਰੀ ਭਗਵਾਨ ਸਿੰਘ ਸੱਗੂ, ਖਜ਼ਾਨਚੀ ਗੁਰਮੀਤ ਸਿੰਘ ਵਿਰਦੀ, ਹਰਭਜਨ ਸਿੰਘ ਜੰਡੂ, ਨਿਰੰਜਨ ਸਿੰਘ ਜੰਡੂ, ਗੁਰਮੀਤ ਸਿੰਘ ਸੱਗੂ, ਨਗਰ ਕੌਂਸਲ ਦੇ ਸੀ. ਐੱਫ. ਅਮਨਦੀਪ ਤੇ ਸਟਾਫ ਹਾਜ਼ਰ ਸੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਭਾਈ ਘਨੱਈਆ ਵੈੱਲਫੇਅਰ ਸੁਸਾਇਟੀ ਦੇ ਸੈਕਟਰੀ ਸ. ਭਗਵਾਨ ਸਿੰਘ ਸੱਗੂ ਨੇ ਕਿਹਾ ਕਿ ਪ੍ਰਦੂਸ਼ਣ ਤੋਂ ਰਹਿਤ ਵਾਤਾਵਰਣ ਨੂੰ ਬਚਾਉਣ ਤੇ ਹਰਿਆ-ਭਰਿਆ ਬਣਾਉਣ ਲਈ ਹਰੇਕ ਨਾਗਰਿਕ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਉਥੇ ਹੀ ਜਲਾਲਾਬਾਦ ਸ਼ਹਿਰ ਵਿੱਚ ਹਰੇਕ ਹਫਤੇ ਦੇ ਸ਼ਨੀਵਾਰ ਨੂੰ ਪੌਦੇ ਵੰਡੇ ਜਾ ਰਹੇ ਹਨ।ਅੱਜ ਫਿਰ ਸ਼ਨੀਵਾਰ ਨੂੰ 1100 ਪੌਦੇ ਵੰਡੇ ਗਏ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਚਾਹੇ ਉਹ ਜਲਾਲਾਬਾਦ ਦਾ ਵਸਨੀਕ ਹੈ ਜਾਂ ਆਲੇ ਦੁਆਲੇ ਪੇਂਡੂ ਖੇਤਰ ਵਿੱਚ ਰਹਿੰਦਾ ਹੈ, ਸਕੂਲਾਂ ਨੂੰ ਫੁੱਲਾਂ, ਫਲ ਤੇ ਛਾਂਦਾਰ ਬੂਟਿਆਂ ਦੀ ਲੋੜ ਹੋਵੇ ਤਾਂ ਹਰ ਸ਼ਨੀਵਾਰ ਗੁਰਦੁਆਰਾ ਸਾਹਿਬ ਜਲਾਲਾਬਾਦ ਤੋਂ ਸਵੇਰੇ 11.00 ਵਜੇ ਆ ਕੇ ਬੂਟੇ ਪ੍ਰਾਪਤ ਕਰ ਸਕਦਾ ਹੈ। ਸੁਸਾਇਟੀ ਪ੍ਰਧਾਨ ਗੁਰਮੁੱਖ ਸਿੰਘ ਨੇ ਕਿਹਾ ਕਿ ਵਾਤਾਵਰਣ ਦੇ ਵਿੱਚ ਵਧਦੇ ਤਾਪਮਾਨ ਨੂੰ ਮੁੱਖ ਰੱਖਦੇ ਹੋਏ ਬੂਟਿਆਂ ਦਾ ਲਗਾਉਣਾ ਤੇ ਉਨ੍ਹਾਂ ਨੂੰ ਪਾਲਣਾ ਸਾਡੇ ਸਮਾਜ ਲਈ ਬਹੁਤ ਜ਼ਰੂਰੀ ਹੈ। ਮਨੁੱਖੀ ਹੋਂਦ ਨੂੰ ਬਚਾਉਣ ਲਈ ਸਾਡੇ ਪੌਣ-ਪਾਣੀ ਦੀ ਸਾਂਭ ਸੰਭਾਲ ਕਰਨਾ ਅਤਿ ਜ਼ਰੂਰੀ ਹੈ।

## ਜੀ ਜੀ ਐਸ ਸਕੂਲ 'ਚ ਮਨਾਇਆ ਤੀਆਂ ਤੇ ਰੱਖੜੀ ਦਾ ਤਿਉਹਾਰ



**ਸ੍ਰੀ ਮੁਕਤਸਰ ਸਾਹਿਬ (ਕ੍ਰਿਜਿੰਦਰ ਪਾਲ, ਪ੍ਰਸ)**-ਮੁਕਤਸਰ ਸਾਹਿਬ ਦੇ ਜਲਾਲਾਬਾਦ ਰੋਡ ਬਾਈਪਾਸ ਸਥਿਤ ਜੀ ਜੀ ਐਸ ਸੀਨੀਅਰ ਸੈਕੰਡਰੀ ਸਕੂਲ ਵਿਖੇ ਤੀਆਂ ਤੇ ਰੱਖੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ।ਪ੍ਰਿੰਸੀਪਲ ਕਿਰਨ ਕੱਕੜ ਦੀ ਅਗਵਾਈ ਹੇਠ ਹੋਏ ਇਸ ਉਤਸਵ ਮੌਕੇ ਜਿੱਥੇ ਪੰਜਾਬੀ ਪਹਿਰਾਵੇ 'ਚ ਸਜੀਆਂ ਬੱਚੀਆਂ ਨੇ ਗਿੱਧਾ ਪੇਸ਼ ਕਰ ਧਮਾਲਾਂ ਪਾਈਆਂ ਉੱਥੇ ਪੰਜਾਬੀ ਸੱਭਿਆਚਾਰ ਦੀ ਛਟਾ ਬਿਖੇਰੀ।ਸਕੂਲ ਪ੍ਰਬੰਧਕਾਂ ਤੇ ਬੱਚਿਆਂ ਨੇ ਮਿਲ-ਜੁਲ ਕੇ ਤੀਆਂ ਦਾ ਤਿਉਹਾਰ ਮਨਾਇਆ।ਜਦਕਿ ਰੱਖੜੀ ਦੇ ਤਿਉਹਾਰ ਦੇ ਚੱਲਦਿਆਂ ਸਕੂਲ 'ਚ ਪੜ੍ਹਨ ਵਾਲੀਆਂ ਬੱਚੀਆਂ ਨੇ ਆਪਣੇ ਨਾਲ ਪੜ੍ਹਨ ਵਾਲੇ ਬੱਚਿਆਂ ਦੇ ਗੁੱਟ 'ਤੇ ਰੱਖੜੀਆਂ ਬੰਨ੍ਹੀਆਂ।ਚੇਅਰਮੈਨ ਸੁਖਪਾਲ ਕੱਕੜ ਨੇ ਦੱਸਿਆ ਕਿ ਸਕੂਲ 'ਚ ਹਰ ਤਿਉਹਾਰ ਧੂਮਧਾਮ ਨਾਲ ਮਨਾਇਆ ਜਾਂਦਾ ਹੈ ਤਾਂ ਜੋ ਬੱਚਿਆਂ ਦਾ ਪੜ੍ਹਾਈ ਦੇ ਨਾਲ-ਨਾਲ ਸਰਬਪੱਖੀ ਵਿਕਾਸ ਵੀ ਹੋ ਸਕੇ। ਇਸ ਮੌਕੇ ਮੈਡਮ ਪੂਜਾ, ਲਵਪ੍ਰੀਤ, ਮਾਲਾ, ਪਿੰਕੀ, ਸਪਨਾ, ਸ਼ਰਨ, ਅਮਨਦੀਪ, ਸ਼ਾਲੂ, ਤਜਨੀ, ਮੀਨੂੰ ਸਮੇਤ ਸਮੂਹ ਸਕੂਲ ਸਟਾਫ ਹਾਜ਼ਰ ਸੀ।

## ਜੇ ਐਮ ਐਸ ਇਮੀਗ੍ਰੇਸ਼ਨ ਨੇ 1 ਰਫਿਊਜ਼ਲ ਹੋਣ ਦੇ ਬਾਵਜੂਦ ਲਗਵਾਇਆ ਆਸਟ੍ਰੇਲੀਆ ਦਾ ਵਿਜ਼ਿਟਰ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਸ਼ਹਿਰ ਦੀ ਮੰਨੀ ਪ੍ਰਮੰਨੀ ਸੰਸਥਾ ਜੇ ਐੱਮ ਐੱਸ ਇਮੀਗ੍ਰੇਸ਼ਨ ਜੋ ਕਿ ਰਫਿਊਜ਼ ਕੇਸਾਂ ਨੂੰ ਹੱਲ ਕਰਨ ਵਿੱਚ ਮਾਹਰ ਦੇ ਨਾਂਅ ਨਾਲ ਜਾਣੀ ਜਾਂਦੀ ਹੈ। ਇਸ ਦੇ ਨਾਲ-ਨਾਲ ਹੁਣ ਸੰਸਥਾ ਵੱਲੋਂ ਬਹੁਤ ਹੀ ਘੱਟ ਉਮਰ ਵਾਲਿਆਂ ਬੱਚਿਆਂ ਦਾ ਵਿਦੇਸ਼ਾਂ ਵਿੱਚ ਜਾਣ ਦਾ ਸੁਪਨਾ ਵੀ ਬੜੀ ਜਲਦੀ ਪੂਰਾ ਕੀਤਾ ਜਾ ਰਿਹਾ ਹੈ।ਕਾਮਯਾਬੀ ਦੀ ਇਸ ਲੜੀ ਨੂੰ ਜਾਰੀ ਰੱਖਦਿਆਂ ਸੰਸਥਾ ਵੱਲੋਂ ਦਿਲਜੀਤ ਕੌਰ ਧਾਲੀਵਾਲ ਵਾਸੀ ਭੋਤਨਾ ਜ਼ਿਲ੍ਹਾ ਬਰਨਾਲਾ ਦਾ ਆਸਟ੍ਰੇਲੀਆ ਦਾ ਵਿਜ਼ਿਟਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਗਿਆ ਹੈ। ਉਨ੍ਹਾ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਉਨ੍ਹਾ ਨੂੰ ਬਹੁਤ ਹੀ ਜਲਦ ਜੇ.ਐਮ.ਐਸ. ਸੰਸਥਾ ਵੱਲੋਂ ਆਸਟ੍ਰੇਲੀਆ ਦਾ ਵਿਜ਼ਿਟਰ ਵੀਜ਼ਾ ਪ੍ਰਾਪਤ ਹੋਇਆ ਹੈ।ਦੱਸਣਯੋਗ ਹੈ ਕਿ ਮਾਹਰਾਂ ਦੀ ਦੇਖ-ਰੇਖ ਹੇਠ ਪਹਿਲਾਂ ਵੀਜ਼ੇ ਲਈ ਸਾਰੇ ਦਸਤਾਵੇਜ਼ ਤਸੱਲੀਬਖ਼ਸ਼ ਪੂਰੇ ਕੀਤੇ ਜਾਂਦੇ ਹਨ ਅਤੇ ਵਿਦੇਸ਼ਾਂ ਵਿੱਚ ਜਾਣ ਦੇ ਚਾਹਵਾਨਾਂ ਨੂੰ ਪਹਿਲੀ ਵਾਰ ਵਿੱਚ ਹੀ ਸੰਸਥਾ ਵੱਲੋਂ ਵੀਜ਼ਾ ਪ੍ਰਾਪਤ ਹੋ ਜਾਂਦਾ ਹੈ। ਸੰਸਥਾ ਵੱਲੋਂ ਵਿਜ਼ਿਟਰ ਵੀਜ਼ਾ, ਸਪਾਊਸ ਓਪਨ ਵਰਕ ਪਰਮਿਟ, ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤੇ ਜਾਂਦੇ ਹਨ।ਸੰਸਥਾ ਦੇ ਡਾਇਰੈਕਟਰ ਹਰਲਾਲ ਸਿੰਘ ਮਾਨ ਨੇ ਵੀਜ਼ਾ ਚਾਹਵਾਨਾਂ ਨੂੰ ਵੀਜ਼ਾ ਸੌਂਪਦਿਆਂ ਵਧਾਈ ਦਿੱਤੀ।

## ਸੇਂਟ ਜੇਵੀਅਰਜ਼ ਦੀਆਂ ਵਿਦਿਆਰਥਣਾਂ ਨੇ ਅਧਿਕਾਰੀਆਂ ਨੂੰ ਬੰਨ੍ਹੀਆਂ ਰੱਖੜੀਆਂ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਰੱਖੜੀ ਦੇ ਪਵਿੱਤਰ ਤਿਉਹਾਰ ਮੌਕੇ ਸੇਂਟ ਜੇਵੀਅਰਜ਼ ਇੰਟਰਨੈਸ਼ਨਲ ਸਕੂਲ ਅਤਾਲਾਂ ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਬਿਕਾਸ ਸਿੰਘਾ ਤੇ ਰਾਨੂ ਸਿੰਘਾ ਨਾਲ ਮਿਲ ਕੇ ਪਾਤੜਾਂ ਦੇ ਵੱਖ-ਵੱਖ ਸਰਕਾਰੀ ਦਫਤਰਾਂ 'ਚ ਜਾ ਕੇ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ।ਵਿਦਿਆਰਥੀਆਂ ਨੇ ਐੱਸ ਡੀ ਐੱਮ ਦਫਤਰ, ਡੀ ਐੱਸ ਪੀ ਦਫਤਰ, ਨਗਰ ਕੌਂਸਲ ਦਫਤਰ ਤੇ ਸਿਟੀ ਥਾਣੇ 'ਚ ਮੌਜੂਦ ਕਰਮਚਾਰੀਆਂ ਤੇ ਅਧਿਕਾਰੀਆਂ ਨੂੰ ਰੱਖੜੀਆਂ ਬੰਨ੍ਹ ਕੇ ਪਿਆਰ ਦਾ ਸੁਨੇਹਾ ਦਿੱਤਾ।ਇਸ ਦੌਰਾਨ ਬੱਚਿਆਂ ਨੇ ਪੰਜਾਬ ਦੇ ਮਸ਼ਹੂਰ ਗਾਇਕ ਤੇ ਅਦਾਕਾਰ ਗੁਰਜੈਜ਼ ਸਿੰਘ ਨਾਲ ਵੀ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਰੱਖੜੀ ਬੰਨ੍ਹੀ।ਦਫਤਰਾਂ ਵਿੱਚ ਮੌਜੂਦ ਅਧਿਕਾਰੀਆਂ ਨੇ ਵਿਦਿਆਰਥੀਆਂ ਵੱਲੋਂ ਕੀਤੀ ਗਈ ਇਸ ਪਹਿਲ ਦੀ ਪ੍ਰਸ਼ੰਸਾ ਕਰਦਿਆਂ ਵਿਦਿਆਰਥੀਆਂ ਤੇ ਪ੍ਰਿੰਸੀਪਲ ਨੂੰ ਵਧਾਈ ਦਿੱਤੀ।ਇਸ ਮੌਕੇ ਸਕੂਲ ਦੇ ਡਾਇਰੈਕਟਰ ਅਰਨਬ ਸਰਕਾਰ ਤੇ ਅਨਿੰਦਯ ਸਰਕਾਰ ਨੇ ਵੀ ਸ਼ਹਿਰ ਵਾਸੀਆਂ ਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਤੇ ਉਨ੍ਹਾਂ ਦੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ।ਉਨ੍ਹਾਂ ਕਿਹਾ ਕਿ ਬੱਚਿਆਂ 'ਚ ਸੇਵਾ, ਸਦਭਾਵਨਾ ਤੇ ਮਾਨਵਤਾ ਵਾਲੇ ਮੁੱਲ ਪੈਦਾ ਕਰਨਾ ਹੀ ਸਕੂਲ ਦਾ ਅਸਲ ਮਕਸਦ ਹੈ।

## ਪੀ ਯੂ ਵਿਖੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਬਾਰੇ ਓਰੀਐਂਟੇਸ਼ਨ ਪ੍ਰੋਗਰਾਮ ਕਰਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਸਿੱਖਿਆ ਤੇ ਸੁਮਦਾਇ ਸੇਵਾਵਾਂ ਵਿਭਾਗ ਵਿਖੇ 'ਪੋਸਟ ਮੈਟ੍ਰਿਕ ਸਕਾਲਰਸ਼ਿਪ ਓਰੀਐਂਟੇਸ਼ਨ' ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਸ੍ਰੀ ਜਗਦੀਪ ਕੁਮਾਰ ਤਹਿਸੀਲ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਸਮਾਣਾ ਅਤੇ ਸਹਾਇਕ ਨੋਡਲ ਅਫਸਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਪੰਜਾਬ ਨੇ ਇਸ ਵਿਸ਼ੇ 'ਤੇ ਜਾਣਕਾਰੀ ਪ੍ਰਦਾਨ ਕੀਤੀ।ਉਨ੍ਹਾਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਦੀ ਯੋਗਤਾ, ਅਰਜ਼ੀ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼ ਤੇ ਸਮਾਂ-ਸੀਮਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਵਿਭਾਗ ਮੁਖੀ ਡਾ. ਜਗਪ੍ਰੀਤ ਕੌਰ ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕੀਤੇ ਰਸਮੀ ਸਵਾਗਤ ਦੌਰਾਨ ਸਰਕਾਰੀ ਸਕਾਲਰਸ਼ਿਪ ਸਕੀਮਾਂ ਬਾਰੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਦੇਣ ਦੇ ਨਾਲ਼-ਨਾਲ਼ ਉਨ੍ਹਾਂ ਨੂੰ ਆਰਥਿਕ ਰੁਕਾਵਟਾਂ ਤੋਂ ਮੁਕਤ ਕਰ ਕੇ ਉੱਚ ਸਿੱਖਿਆ ਹਾਸਲ ਕਰਨ ਲਈ ਪ੍ਰੇਰਿਤ ਕਰਦੀਆਂ ਹਨ।ਉਨ੍ਹਾਂ ਸਮਾਜਿਕ ਨਿਆਂ ਤੇ ਅਧਿਕਾਰਤਾ ਵਿਭਾਗ ਦੀ ਸਕਾਲਰਸ਼ਿਪ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਵਿਦਿਆਰਥੀਆਂ ਤੱਕ ਪਹੁੰਚ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ।ਇਸ ਸਮਾਗਮ ਵਿੱਚ ਆਈ. ਟੀ. ਈ. ਪੀ. ਬੀ. ਏ., ਬੀ. ਐੱਡ., ਐੱਮ. ਏ. (ਆਨਰਜ਼) ਐਜੂਕੇਸ਼ਨ ਤੇ ਐੱਮ. ਐੱਡ. ਪ੍ਰੋਗਰਾਮਾਂ ਦੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੇ ਸ਼ਿਰਕਤ ਕੀਤੀ।

## ਐੱਨ ਐੱਸ ਐੱਸ ਵਿਦਿਆਰਥਣਾਂ ਨੇ ਡੀ ਐੱਸ ਪੀ ਤੇ ਹੋਰ ਪੁਲਸ ਅਧਿਕਾਰੀਆਂ ਨੂੰ ਰੱਖੜੀ ਬੰਨ੍ਹੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰੱਖੜੀ ਦੇ ਸ਼ੁਭ ਤਿਉਹਾਰ 'ਤੇ ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿੱਚ ਚੱਲ ਰਹੀ ਰਾਸ਼ਟਰੀ ਸੇਵਾ ਯੋਜਨਾ (ਐੱਨਐੱਸਐੱਸ) ਦੇ ਵਲੰਟੀਅਰ ਵਿਦਿਆਰਥਣਾਂ ਨੇ ਦੇਸ਼ ਦੀ ਰੱਖਿਆ ਕਰਨ ਵਾਲੇ ਫੌਜੀ ਵੀਰਾਂ ਨੂੰ ਰੱਖੜੀ ਬੰਨ੍ਹੀ।ਉਨ੍ਹਾਂ ਡੀਐੱਸਪੀ ਪ੍ਰਦੀਪ ਸਿੰਘ ਤੇ ਹੋਰ ਪੁਲਸ ਅਧਿਕਾਰੀ ਵੀਰਾਂ ਨੂੰ ਰੱਖੜੀ ਬੰਨ੍ਹ ਕੇ ਆਪਣਾ ਸਤਿਕਾਰ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਦਿੰਦੇ ਹੋਏ ਵਲੰਟੀਅਰਾਂ ਨੇ ਡੀ ਐੱਸ ਪੀ ਸਾਹਿਬ ਨੂੰ ਆਪਣੇ ਹੱਥਾਂ ਨਾਲ ਤਿਆਰ ਕੀਤੇ ਪੌਦੇ ਭੇਟ ਕੀਤੇ।ਪ੍ਰੀ ਪ੍ਰਾਇਮਰੀ ਕਲਾਸਾਂ ਦੀਆਂ ਛੋਟੀਆਂ ਬੱਚੀਆਂ ਨੇ ਵੀ ਪ੍ਰੋਗਰਾਮ ਵਿੱਚ ਹਿੱਸਾ ਲਿਆ ਤੇ ਭਾਰਤ ਮਾਤਾ ਕੀ ਜੈ ਦੇ ਨਾਅਰਿਆਂ ਨਾਲ ਮਾਹੌਲ ਨੂੰ ਦੇਸ਼ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ।ਡੀਐੱਸਪੀ ਪ੍ਰਦੀਪ ਸਿੰਘ ਨੇ ਰੱਖੜੀ ਦੀ ਵਧਾਈ ਦੇਣ ਆਈਆਂ ਇਨ੍ਹਾਂ ਬੱਚੀਆਂ ਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਸਕੂਲ ਵਿੱਚ ਤੇ ਇਸ ਐੱਨਐੱਸਐੱਸ ਯੂਨਿਟ ਅਧੀਨ ਵਾਤਾਵਰਣ ਸੁਰੱਖਿਆ ਲਈ ਪੌਦੇ ਤਿਆਰ ਕਰਨ ਤੇ ਵੰਡਣ ਦੀ ਗਤੀਵਿਧੀ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਆਪਣੇ ਆਪ ਨੂੰ ਪੌਦੇ ਪ੍ਰੇਮੀ ਦੱਸਿਆ ਤੇ ਵਾਤਾਵਰਨ ਦੀ ਸੰਭਾਲ ਨੂੰ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਕਿਹਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਪਿੰਦਰ ਪਟਿਆਲ, ਹੁਨਰ ਵਿਕਾਸ ਇੰਚਾਰਜ ਦੀਦੀ ਨਿਰਮਲਜੀਤ ਕੌਰ ਤੇ ਸੰਗੀਤ ਅਧਿਆਪਕ ਗੁਲਸ਼ਨ ਖਾਨ ਮੌਜੂਦ ਸਨ।

## ਲੈਂਡ ਪੂਲਿੰਗ ਨੀਤੀ ਭੂਮੀ ਪ੍ਰਾਪਤੀ ਕਾਨੂੰਨ ਦੀ ਘੋਰ ਉਲੰਘਣਾ, ਕੇਂਦਰ ਤੁਰੰਤ ਦਖਲ ਦੇਵੇ : ਬਡਲਾ

### ਜ਼ਮੀਨਾਂ ਖੋਹਣ ਦੀ ਨੀਤੀ ਨੂੰ ਸਫਲ ਨਹੀਂ ਹੋਣ ਦੇਵੇਗੀ ਕਾਂਗਰਸ : ਠੁੱਲੀਵਾਲ




**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਹਲਕਾ ਕੋਆਰਡੀਨੇਟਰ ਪ੍ਰਿਤਪਾਲ ਕੌਰ ਬਡਲਾ ਨੇ ਪਿੰਡ ਠੁੱਲੀਵਾਲ ਵਿਖੇ ਪਾਰਟੀ ਦੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸੰਮੀ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਧੱਕੇ ਨਾਲ ਲਾਗੂ ਕੀਤੀ ਜਾ ਰਹੀ ਲੈਂਡ ਪੂਲਿੰਗ ਕਿਸਾਨ ਮਾਰੂ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਉਨ੍ਹਾਂ ਕਿਹਾ ਕਿ ਇਹ ਨੀਤੀ ਭੂਮੀ ਪ੍ਰਾਪਤੀ, ਪੁਨਰਵਾਸ ਤੇ ਪੁਨਰਸਥਾਪਨਾ ਕਾਨੂੰਨ 2013 ਦੀ ਖੁੱਲ੍ਹੀ ਉਲੰਘਣਾ ਹੈ। ਇਸ ਕਾਨੂੰਨ ਅਨੁਸਾਰ ਕਿਸਾਨਾਂ ਦੀ ਪੂਰੀ ਸਹਿਮਤੀ ਬਿਨਾਂ ਕਿਸੇ ਵੀ ਜ਼ਮੀਨ ਐਕਵਾਇਰ ਨਹੀਂ ਕੀਤੀ ਜਾ ਸਕਦੀ, ਪਰ ਪੰਜਾਬ ਸਰਕਾਰ ਕਿਸੇ ਵੀ ਕਿਸਾਨ ਦੀ ਰਜ਼ਾਮੰਦੀ ਲਏ ਬਿਨਾਂ ਉਨ੍ਹਾਂ ਦੀ ਜ਼ਮੀਨ ਜਬਰੀ ਤਰੀਕੇ ਨਾਲ ਖੋਹਣ ਦੀ ਤਿਆਰੀ ਵਿੱਚ ਹੈ।ਆਗੂ ਪ੍ਰਿਤਪਾਲ ਕੌਰ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਤੁਰੰਤ ਦਖਲ ਦੇ ਕੇ ਕਿਸਾਨਾਂ ਦੇ ਹੱਕਾਂ ਦੀ ਰੱਖਿਆ ਕਰੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਨਾ ਤਾਂ ਕੋਈ ਢੁਕਵਾਂ ਮੁਆਵਜ਼ਾ ਦਿੱਤਾ ਜਾ ਰਿਹਾ ਹੈ ਤੇ ਨਾ ਹੀ ਉਨ੍ਹਾਂ ਦੀ ਰਜ਼ਾਮੰਦੀ ਲਈ ਗਈ ਹੈ, ਜੋ ਕਿ ਸੰਵਿਧਾਨ ਤੇ ਭੂਮੀ ਕਾਨੂੰਨ ਦੀ ਉਲੰਘਣਾ ਹੈ।ਇਸ ਮੌਕੇ ਬਲਾਕ ਕਾਂਗਰਸ ਦੇ ਪ੍ਰਧਾਨ ਪਰਮਿੰਦਰ ਸਿੰਘ ਸੰਮੀ ਨੇ ਇਸ ਨੀਤੀ ਨੂੰ ਕਿਸਾਨ ਮਾਰੂ ਕਰਾਰ ਦਿੰਦਿਆਂ ਕਿਹਾ ਕਿ ਕਿਸੇ ਵੀ ਹਾਲਤ 'ਚ ਜ਼ਮੀਨ ਖੋਹਣ ਦੀ ਨੀਤੀ ਨੂੰ ਕਾਂਗਰਸ ਪਾਰਟੀ ਸਫਲ ਨਹੀਂ ਹੋਣ ਦੇਵੇਗੀ।ਉਨ੍ਹਾਂ ਪਾਰਟੀ ਦੇ ਸਮੂਹ ਵਰਕਰਾਂ, ਆਗੂਆਂ ਨੂੰ ਇਸ ਬਿਪਤਾ ਦੀ ਘੜੀ ਮੌਕੇ ਕਿਸਾਨਾਂ ਨਾਲ ਹਿੱਕ ਡਾਹ ਕੇ ਸੰਘਰਸ਼ ਲਈ ਤਿਆਰ ਰਹਿਣ ਦੀ ਅਪੀਲ ਕੀਤੀ।ਇਸ ਮੌਕੇ ਐਡਵੋਕੇਟ ਜਸਵੀਰ ਸਿੰਘ ਖੇੜੀ, ਅਮਰਜੀਤ ਮਹਿਲ ਕਲਾਂ, ਜਰਨੈਲ ਸਿੰਘ ਠੁੱਲੀਵਾਲ, ਰਾਜੂ ਖਾਨ, ਪ੍ਰਧਾਨ ਲਖਬੀਰ ਸਿੰਘ ਲੱਖੂ, ਕੇਵਲ ਸਿੰਘ ਸਿਵੀਆ ਆਦਿ ਹਾਜ਼ਰ ਸਨ।

## ਤਨਖ਼ਾਹਾਂ ਜਾਰੀ ਨਾ ਕੀਤੀਆਂ ਤਾਂ ਫਰੀਦਕੋਟ 'ਚ ਕੀਤਾ ਜਾਵੇਗਾ ਪੰਜਾਬ ਪੱਧਰੀ ਇਕੱਠ : ਗੁਰਜਿੰਦਰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਗੁਰਜਿੰਦਰ ਸਿੰਘ ਅਲਿਖ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਜ਼ਿਲ੍ਹਾ ਫਰੀਦਕੋਟ ਦੇ ਐੱਚ ਐੱਮ ਆਈ ਐੱਸ ਪਾਇਲਟ ਪ੍ਰੋਜੈਕਟ ਅਧੀਨ ਸੇਵਾਵਾਂ ਨਿਭਾਅ ਰਹੇ ਆਊਟਸੋਰਸ ਮੁਲਾਜ਼ਮ ਸਾਥੀਆਂ ਦੀਆਂ ਪਿਛਲੇ 5 ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਾਰਨ ਮੰਗ ਪੱਤਰ ਐੱਸ ਐੱਮ ਓ, ਡੀ ਐੱਮ ਸੀ, ਤੇ ਸਿਵਲ ਸਰਜਨ ਫਰੀਦਕੋਟ ਨੂੰ ਦਿੱਤੇ ਗਏ ਸਨ, ਪਰ ਅਧਿਕਾਰੀਆਂ ਵੱਲੋਂ ਲਗਾਤਾਰ ਟਾਲ ਮਟੋਲ ਦੀ ਨੀਤੀ ਅਪਣਾਈ ਜਾ ਰਹੀ ਸੀ, ਜਿਸ ਕਾਰਨ ਆਊਟਸੋਰਸ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਗਿਆ ਅਤੇ ਉਸ ਰੋਸ ਵਜੋਂ ਆਊਟਸੋਰਸ ਮੁਲਾਜ਼ਮਾਂ ਵੱਲੋਂ 18 ਜੁਲਾਈ 2025 ਨੂੰ ਸਿਵਲ ਹਸਪਤਾਲ ਫਰੀਦਕੋਟ ਵਿਖੇ ਧਰਨਾ ਲਗਾਇਆ ਗਿਆ ਸੀ।ਇਸ ਧਰਨੇ 'ਚ ਸਿਵਲ ਸਰਜਨ ਫਰੀਦਕੋਟ ਵੱਲੋਂ ਮੁਲਾਜ਼ਮਾਂ ਨੂੰ ਆਉਂਦੇ ਸੋਮਵਾਰ ਤੱਕ ਤਨਖਾਹਾਂ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ, ਜਿਸ ਤੋਂ ਬਾਅਦ ਆਊਟਸੋਰਸ ਮੁਲਾਜ਼ਮਾਂ ਵੱਲੋਂ ਧਰਨੇ ਨੂੰ ਮੁਲਤਵੀ ਕਰ ਦਿੱਤਾ ਗਿਆ ਸੀ।ਪਰ ਅਧਿਕਾਰੀਆਂ ਵੱਲੋਂ ਅਜੇ ਤੱਕ ਐੱਚ ਐੱਮ ਆਈ ਐੱਸ ਪਾਇਲਟ ਪ੍ਰੋਜੈਕਟ ਅਧੀਨ ਕਿਸੇ ਵੀ ਮੁਲਾਜ਼ਮ ਦੀ ਤਨਖ਼ਾਹ ਜਾਰੀ ਨਹੀਂ ਕੀਤੀ ਗਈ, ਜਿਸ ਦੇ ਰੋਸ ਵਜੋਂ ਜ਼ਿਲ੍ਹਾ ਫਰੀਦਕੋਟ ਦੇ ਸਿਵਲ ਹਸਪਤਾਲ ਦੇ ਆਊਟਸੋਰਸ ਮੁਲਾਜ਼ਮ 11 ਅਗਸਤ 25 ਨੂੰ ਫਿਰ ਤੋਂ ਧਰਨਾ ਲਗਾ ਕੇ ਆਪਣਾ ਸੰਘਰਸ਼ ਵਿੱਢਣ ਦੀ ਤਿਆਰੀ ਵਿੱਚ ਹਨ।ਜ਼ਿਲ੍ਹਾ ਬਠਿੰਡਾ ਦੀ ਆਊਟਸੋਰਸ ਯੂਨੀਅਨ ਨੇ ਜ਼ਿਲ੍ਹਾ ਫਰੀਦਕੋਟ ਦਾ ਸਾਥ ਦਿੰਦੇ ਹੋਏ ਕਿਹਾ ਕਿ ਜੇਕਰ 10 ਅਗਸਤ ਤੱਕ ਆਊਟਸੋਰਸ ਸਾਥੀਆਂ ਦੀਆਂ ਤਨਖ਼ਾਹਾਂ ਜਾਰੀ ਨਾ ਹੋਈਆਂ ਤਾਂ ਬਾਕੀ ਜ਼ਿਲ੍ਹਿਆਂ ਦਾ ਵੱਡਾ ਇਕੱਠ ਸਿਵਲ ਹਸਪਤਾਲ ਫਰੀਦਕੋਟ ਵਿਖੇ ਕਰਕੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।

## ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿੱਚ ਸ਼ੁੱਕਰਵਾਰ ਨੂੰ ਰੱਖੜੀ ਦਾ ਤਿਉਹਾਰ ਮਨਾਇਆ ਗਿਆ।ਇਹ ਦਿਨ ਸਕੂਲ ਲਈ ਬਹੁਤ ਹੀ ਖ਼ਾਸ ਰਿਹਾ, ਜਦੋਂ ਨੰਨ੍ਹੇ-ਮੁੰਨੇ ਬੱਚਿਆਂ ਤੋਂ ਲੈ ਕੇ ਸੀਨੀਅਰ ਕਲਾਸਾਂ ਦੇ ਵਿਦਿਆਰਥੀਆਂ ਤੱਕ ਨੇ ਭਰਾ-ਭੈਣ ਦੇ ਪਵਿੱਤਰ ਰਿਸ਼ਤੇ ਦਾ ਸਮਾਰੋਹ ਰੰਗ-ਬਰੰਗੀਆਂ ਰੱਖੜੀਆਂ, ਮਿੱਠਾਈਆਂ ਤੇ ਖੁਸ਼ੀਆਂ ਨਾਲ ਮਨਾਇਆ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਮਨਮੋਹਕ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ, ਜਿਸ ਵਿੱਚ ਭਰਾ-ਭੈਣ ਦੇ ਪਿਆਰ ਨੂੰ ਦਰਸਾਉਂਦੀਆਂ ਕਵਿਤਾਵਾਂ, ਗੀਤ ਤੇ ਨਾਟਿਕਾਵਾਂ ਸ਼ਾਮਲ ਸਨ।ਪ੍ਰੋਗਰਾਮ ਦਾ ਮੁੱਖ ਆਕਰਸ਼ਣ ਰੱਖੜੀ ਬਣਾਉਣ ਦਾ ਮੁਕਾਬਲਾ ਰਿਹਾ, ਜਿਸ ਵਿੱਚ ਬੱਚਿਆਂ ਨੇ ਆਪਣੀ ਰਚਨਾਤਮਕਤਾ ਤੇ ਕਲਾ-ਕੌਸ਼ਲ ਦਾ ਪ੍ਰਦਰਸ਼ਨ ਕਰਦੇ ਹੋਏ ਸੁੰਦਰ, ਆਕਰਸ਼ਕ ਤੇ ਵਾਤਾਵਰਣ-ਮਿੱਤਰ ਰੱਖੜੀਆਂ ਤਿਆਰ ਕੀਤੀਆਂ।ਇਸ ਮੌਕੇ ਛੋਟੇ-ਛੋਟੇ ਬੱਚਿਆਂ ਨੇ ਆਪਣੇ ਸਹਿਯੋਗੀਆਂ, ਅਧਿਆਪਕਾਂ ਤੇ ਸਹਾਇਕਾਂ ਦੇ ਰੱਖੜੀ ਬੰਨ੍ਹ ਕੇ ਪਿਆਰ ਤੇ ਸੁਰੱਖਿਆ ਦਾ ਸੰਦੇਸ਼ ਦਿੱਤਾ।ਕਈ ਬੱਚਿਆਂ ਨੇ ਫੌਜ ਦੇ ਜਵਾਨਾਂ ਲਈ ਵੀ ਰੱਖੜੀਆਂ ਬਣਾ ਕੇ ਭਰਾਵਾਂ ਦੇ ਪਿਆਰ ਦੀ ਮਿਸਾਲ ਪੇਸ਼ ਕੀਤੀ।ਸਕੂਲ ਦੀ ਪ੍ਰਿੰਸੀਪਲ ਮੈਡਮ ਜ਼ੀਨਮ ਗਰਗ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਰੱਖੜੀ ਸਿਰਫ਼ ਇਕ ਤਿਉਹਾਰ ਨਹੀਂ, ਬਲਕਿ ਇਕ ਭਾਵਨਾ ਹੈ, ਜੋ ਪਿਆਰ, ਭਰੋਸੇ ਤੇ ਜ਼ਿੰਮੇਵਾਰੀ ਦੇ ਬੰਧਨ ਨੂੰ ਮਜ਼ਬੂਤ ਬਣਾਉਂਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਆਪਸੀ ਸਹਿਯੋਗ, ਆਦਰ-ਸਤਿਕਾਰ ਤੇ ਇਕ-ਦੂਜੇ ਦੀ ਮਦਦ ਕਰਨ ਦਾ ਸੰਕਲਪ ਲੈਣ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੇ ਅੰਤ 'ਚ ਸਕੂਲ ਪ੍ਰਬੰਧਕ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

## 12 ਨੂੰ ਬਰਸੀ ਸਮਾਗਮ 'ਤੇ ਪੁੱਜਣ ਦਾ ਸੱਦਾ


**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਹੀਦ ਕਿਰਨਜੀਤ ਕੌਰ ਮਹਿਲ ਕਲਾਂ ਦੇ 28ਵੇਂ ਬਰਸੀ ਸਮਾਗਮ ਦਾ ਸੱਦਾ ਅਧਿਆਪਕਾਂ ਤੇ ਵਿਦਿਆਰਥੀਆਂ 'ਚ ਲੈ ਜਾਣ ਲਈ ਚੱਲ ਰਹੀ ਮੁਹਿੰਮ ਤਹਿਤ ਸਾਬਕਾ ਅਧਿਆਪਕ ਆਗੂ ਅਜਮੇਰ ਸਿੰਘ ਕਾਲਸਾਂ, ਗੁਰਮੇਲ ਸਿੰਘ ਠੁੱਲੀਵਾਲ, ਪਿਸ਼ੌਰਾ ਸਿੰਘ ਹਮੀਦੀ, ਮੌਜੂਦਾ ਆਗੂ ਲਖਵੀਰ ਸਿੰਘ ਠੁੱਲੀਵਾਲ, ਰਘਬੀਰ ਸਿੰਘ ਕਰਮਗੜ੍ਹ ਤੇ ਜਗਰੂਪ ਸਿੰਘ ਧਨੇਰ ਵੱਲੋਂ ਪਿੰਡ ਧਨੇਰ, ਮੂੰਮ, ਚੰਨਣਵਾਲ, ਛੀਨੀਵਾਲ ਕਲਾਂ, ਠੁੱਲੇਵਾਲ, ਨੰਗਲ, ਗੁਰਮ, ਗੁੰਮਟੀ ਵਿਖੇ ਸਕੂਲ ਸਟਾਫ਼ ਤੇ ਵਿਦਿਆਰਥੀਆਂ ਨੂੰ ਕਿਰਨਜੀਤ ਕਤਲ ਕਾਂਡ ਤੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਤੇ ਐਕਸ਼ਨ ਕਮੇਟੀ ਆਗੂਆਂ ਨੂੰ ਹੋਈਆਂ ਨਿਹੱਕੀਆਂ ਸਜ਼ਾਵਾਂ ਰੱਦ ਕਰਵਾਉਣ ਲਈ ਚੱਲੇ ਲੰਮੇ ਘੋਲ ਦੀ ਗਾਥਾ ਸਾਂਝੀ ਕੀਤੀ ਤੇ ਮੌਜੂਦਾ ਸਮੇਂ ਦੌਰਾਨ ਇੱਕਜੁਟ ਹੋ ਕੇ ਲੋਕ ਹਿੱਤਾਂ ਦੀ ਰਾਖੀ ਲਈ ਸੰਘਰਸ਼ ਕਰਨ ਲਈ ਲਾਮਬੰਦ ਕਰਦਿਆਂ 12 ਅਗਸਤ ਨੂੰ ਦਾਨਾ ਮੰਡੀ ਮਹਿਲ ਕਲਾਂ ਕਾਫ਼ਲੇ ਬੰਨ੍ਹ ਕੇ ਪੁੱਜਣ ਦਾ ਸੱਦਾ ਦਿੱਤਾ।

## ਛੇੜਛਾੜ ਦਾ ਝੂਠਾ ਦੋਸ਼ ਲਗਾਉਣ ਵਾਲੀ ਔਰਤ ਨੇ ਲੋਕਾਂ ਸਾਹਮਣੇ ਮੰਗੀ ਮਾਫੀ

**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ 'ਚ ਇੱਕ ਔਰਤ ਵੱਲੋਂ ਇੱਕ ਵਿਅਕਤੀ ਖਿਲਾਫ ਛੇੜਛਾੜ ਦਾ ਦੋਸ਼ ਲਗਾਉਣ ਤੋਂ ਬਾਅਦ ਮਾਫੀ ਮੰਗਣ ਦਾ ਮਾਮਲਾ ਸਾਹਮਣੇ ਆਇਆ ਹੈ।

ਇਸ ਸਬੰਧੀ ਪੀੜਤ ਵਿਅਕਤੀ ਸਤਵੀਰ ਸਿੰਘ ਨੇ ਦੱਸਿਆ ਕਿ ਮੈਂ ਬਰੇਟਾ ਦੇ ਬੱਸ ਅੱਡੇ ਵਿੱਚ ਕਾਫੀ ਸਮੇਂ ਤੋਂ ਫਿਜਿਓਥੈਰੇਪੀ ਦੀ ਦੁਕਾਨ ਕਰਦਾ ਹਾਂ।ਤਿੰਨ ਦਿਨ ਪਹਿਲਾਂ ਇੱਕ ਔਰਤ ਮੇਰੀ ਦੁਕਾਨ 'ਤੇ ਗਰਦਨ ਵਿੱਚ ਦਰਦ ਹੋਣ ਨੂੰ ਕਹਿ ਕੇ ਇਲਾਜ ਲਈ ਆਈ, ਜਿਸ ਨੇ ਇਲਾਜ ਦੇ ਕੁਝ ਹੀ ਮਿੰਟਾਂ ਬਾਅਦ ਕਿਹਾ ਕਿ ਮੈਨੂੰ ਘਬਰਾਹਟ ਹੋ ਰਹੀ ਹੈ ਤੇ ਮੇਰੀ ਦੁਕਾਨ ਤੋਂ ਚਲੀ ਗਈ ਅਤੇ ਥਾਣੇ ਵਿੱਚ ਜਾ ਕੇ ਮੇਰੇ ਖਿਲਾਫ ਇਹ ਸ਼ਿਕਾਇਤ ਲਿਖਵਾਈ ਕਿ ਸਤਵੀਰ ਸਿੰਘ ਨੇ ਮੇਰੇ ਨਾਲ ਛੇੜਛਾੜ ਕੀਤੀ ਹੈ।ਪੀੜਤ ਵਿਅਕਤੀ ਨੇ ਦੱਸਿਆ ਕਿ ਜਦੋਂ ਮੈਂ ਆਪਣੇ ਸ਼ਹਿਰ ਦੇ ਗਾਹਕ, ਜੋ ਮੇਰੇ ਕੋਲੋਂ ਫਿਜਿਓਥੈਰੇਪੀ ਕਰਵਾਉਂਦੇ ਹਨ, ਉਨ੍ਹਾਂ ਨੂੰ ਨਾਲ ਲੈ ਕੇ ਥਾਣੇ ਗਿਆ ਤੇ ਉਨ੍ਹਾਂ ਨੂੰ ਪੁਲਸ ਸਾਹਮਣੇ ਕਿਹਾ ਕਿ ਤੁਸੀਂ ਦੱਸੋ ਮੈਂ ਕਦੇ ਕਿਸੇ ਵੀ ਵਿਅਕਤੀ ਨਾਲ ਕਿਸੇ ਵੀ ਕਿਸਮ ਦੀ ਕੋਈ ਗਲਤ ਹਰਕਤ ਕੀਤੀ ਹੈ ਤਾਂ ਮੇਰੇ ਹੱਕ 'ਚ ਆਏ ਲੋਕਾਂ ਨੂੰ ਦੇਖ ਕੇ ਉਸ ਔਰਤ ਨੇ ਸਭ ਦੇ ਸਾਹਮਣੇ ਮਾਫੀ ਮੰਗਦੇ ਹੋਏ ਕਿਹਾ ਕਿ ਮੈਨੂੰ ਮਾਫ ਕਰ ਦਿਓ।ਇਹ ਸਭ ਕੁਝ ਮੈਂ ਬਰੇਟਾ ਦੇ ਮੱਖਣ ਨਾਮ ਦੇ ਵਿਅਕਤੀ ਦੇ ਕਹਿਣ 'ਤੇ ਕੀਤਾ ਹੈ।ਜਦ ਪੀੜਤ ਵਿਅਕਤੀ ਸਤਵੀਰ ਸਿੰਘ ਨੂੰ ਮੱਖਣ ਚੰਦ ਨਾਮ ਦੇ ਵਿਅਕਤੀ ਨਾਲ ਤੇਰੀ ਕੋਈ ਰੰਜਿਸ਼ ਬਾਰੇ ਪੁੱਛਿਆ ਤਾਂ ਸਤਵੀਰ ਸਿੰਘ ਨੇ ਕਿਹਾ ਕਿ ਮੈਂ ਦੋ ਮਹੀਨੇ ਪਹਿਲਾਂ ਭਾਈ ਘਨੱਈਆ ਰੋਡ 'ਤੇ ਇੱਕ ਪਲਾਟ 6 ਲੱਖ 90 ਹਜ਼ਾਰ ਦਾ ਲਿਆ ਸੀ ਅਤੇ ਚਾਰ ਲੱਖ ਮੈਂ ਮਾਲਕ ਨੂੰ ਬਿਆਨੇ ਦੇ ਤੌਰ 'ਤੇ ਦੇ ਦਿੱਤੇ ਸੀ।ਰਜਿਸਟਰੀ ਕਰਵਾਉਣ ਸਮੇਂ ਪਲਾਟ ਦਾ ਮਾਲਕ ਰਜਿਸਟਰੀ ਕਰਵਾਉਣ ਤੋਂ ਆਨਾਕਾਨੀ ਕਰਨ ਲੱਗਾ।ਇਸ ਰੌਲੇ ਵਿੱਚ ਹੋਰ ਲੋਕਾਂ ਦੇ ਨਾਲ ਮੱਖਣ ਚੰਦ ਤੇ ਉਸ ਦੇ ਕੁਝ ਸਾਥੀ ਪੈ ਗਏ, ਜਿਨ੍ਹਾਂ ਨੇ ਮੈਨੂੰ ਕਿਹਾ ਕਿ ਤੈਨੂੰ ਅਸੀਂ ਪਲਾਟ ਮਾਲਕ ਤੋਂ ਦੁੱਗਣੇ ਪੈਸੇ ਦੇਵਾਵਾਂਗੇ ਜਾਂ ਫਿਰ ਰਜਿਸਟਰੀ ਕਰਵਾਵਾਂਗੇ।ਇਸ ਦੇ ਬਦਲੇ ਤੈਨੂੰ ਸਾਨੂੰ 50 ਹਜ਼ਾਰ ਰੁਪਏ ਦੇਣੇ ਪੈਣਗੇ।ਮੈਂ ਆਪਣੇ ਪਲਾਟ ਦਾ ਕੰਮ ਪੂਰਾ ਹੋਣ ਲਈ ਉਨ੍ਹਾਂ ਨੂੰ ਪੈਸੇ ਦੇਣ ਦੀ ਹਾਂ ਕਰ ਦਿੱਤੀ, ਪਰ ਕੁਝ ਹੀ ਦਿਨਾਂ ਬਾਅਦ ਪਲਾਟ ਮਾਲਕ ਸਭ ਕੁਝ ਕਰਵਾਉਣ ਤੋਂ ਮੁੱਕਰ ਗਿਆ ਤੇ ਬਰੇਟਾ ਥਾਣੇ ਵਿੱਚ ਮੈਨੂੰ ਪਲਾਟ ਮਾਲਕ ਨੇ 4 ਲੱਖ 32 ਹਜ਼ਾਰ ਰੁਪਏ ਵਾਪਸ ਕਰ ਦਿੱਤੇ।ਇਸ ਤੋਂ ਬਾਅਦ ਮੱਖਣ ਚੰਦ ਨੇ ਮੈਨੂੰ ਫੋਨ ਕੀਤਾ ਕਿ ਤੈਨੂੰ ਸਾਡੇ 50 ਹਜ਼ਾਰ ਰੁਪਏ ਤਾਂ ਦੇਣੇ ਪੈਣਗੇ।ਮੈਂ ਕਿਹਾ ਕਿ ਜਦ ਤੁਹਾਡੇ ਵਾਅਦੇ ਅਨੁਸਾਰ ਕੋਈ ਗੱਲ ਸਿਰੇ ਹੀ ਨਹੀਂ ਚੜ੍ਹੀ ਤਾਂ ਫਿਰ ਤੁਹਾਨੂੰ ਮੈਂ 50 ਹਜ਼ਾਰ ਰੁਪਏ ਕਿਸ ਗੱਲ ਦੇ ਦੇਵਾਂ।ਪੀੜਤ ਵਿਅਕਤੀ ਨੇ ਕਿਹਾ ਕਿ ਇਹ ਹੀ ਰੰਜਿਸ਼ ਕੱਢਣ ਲਈ ਮੱਖਣ ਚੰਦ ਨੇ ਮੇਰੇ ਕੋਲ ਇਸ ਔਰਤ ਨੂੰ ਭੇਜਿਆ, ਜਿਸ ਨੇ ਮੇਰੇ 'ਤੇ ਝੂਠਾ ਛੇੜਛਾੜ ਦਾ ਦੋਸ਼ ਲਗਾਇਆ ਤੇ ਜੋ ਹੁਣ ਲੋਕਾਂ ਸਾਹਮਣੇ ਥਾਣੇ ਵਿੱਚ ਮਾਫੀ ਮੰਗਦੇ ਹੋਏ ਸਭ ਕੁਝ ਕਬੂਲ ਕਰ ਚੁੱਕੀ ਹੈ।ਜਦ ਇਸ ਮਾਮਲੇ ਨੂੰ ਲੈ ਕੇ ਥਾਣਾ ਮੁਖੀ ਬਲਦੇਵ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪੁਲਸ ਇਸ ਮਾਮਲੇ ਦੀ ਪੜਤਾਲ ਕਰ ਰਹੀ।ਇਸ ਤੋਂ ਬਾਅਦ ਦੋਸ਼ੀਆਂ ਖਿਲਾਫ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੈਖ਼ਰ 'ਚ ਪ੍ਰਿੰਸੀਪਲ ਨਿਧਾਨ ਸਿੰਘ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥਣਾਂ ਨੇ ਆਪਣੇ ਹੁਨਰ ਨੂੰ ਪੇਸ਼ ਕੀਤਾ।ਇਸ ਮੌਕੇ ਗਿੱਧਾ, ਭੰਗੜਾ, ਲੋਕ ਗੀਤ ਸੁਹਾਗ ਘੋੜੀਆਂ, ਧੀਆਂ 'ਤੇ ਨਾਟਕ, ਪੰਜਾਬੀ ਵਿਰਸੇ ਨਾਲ ਸੰਬੰਧਤ ਲੋਕ ਨਾਚ ਗਿੱਧਾ ਜੂਨੀਅਰ ਤੇ ਸੀਨੀਅਰ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ।ਪ੍ਰੋਗਰਾਮ ਦੇ ਅਖੀਰ ਵਿੱਚ 'ਪੰਜਾਬੀ ਮੁਟਿਆਰ' ਥੀਮ ਦੇ ਤਹਿਤ 12 ਕਲਾਸ ਦੀ ਵਿਦਿਆਰਥਣ ਮਿਸ ਤੀਜ ਰਵਨੀਤ ਕੌਰ ਚੁਣੀ ਗਈ।ਪ੍ਰਿੰਸੀਪਲ ਨਿਧਾਨ ਸਿੰਘ ਨੇ ਕਿਹਾ ਕਿ ਸਮਾਜ ਵਿੱਚ ਇਹੋ ਜਿਹੇ ਉਪਰਾਲਿਆਂ ਨਾਲ ਬੱਚਿਆਂ ਨੂੰ ਆਪਣੇ ਕਲਚਰ ਨਾਲ ਜੋੜਨਾ ਚਾਹੀਦਾ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਵਿਰਸੇ ਦਾ ਪਤਾ ਲੱਗ ਸਕੇ, ਉਨ੍ਹਾਂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਮੰਚ ਸੰਚਾਲਨ ਦੀ ਭੂਮਿਕਾ ਰਮਨਦੀਪ ਕੌਰ ਤੇ ਹਰਮੀਤ ਕੌਰ ਨੇ ਨਿਭਾਈ।ਇਸ ਮੌਕੇ ਹੋਰਨਾਂ ਇਲਾਵਾ ਵਾਈਸ ਪ੍ਰਿੰਸੀਪਲ ਲਵਪ੍ਰੀਤ ਕੌਰ, ਪ੍ਰਬੰਧਕ ਹਰਮੀਤ ਸਿੰਘ, ਕੋਆਰਡੀਨੇਟਰ ਸਰਬਜੀਤ ਕੌਰ, ਕਰਮਜੀਤ ਕੌਰ, ਸ਼ਰਨਜੀਤ ਕੌਰ ਗੁਰਪ੍ਰੀਤ ਕੌਰ, ਰਾਜਵਿੰਦਰ ਕੌਰ, ਰਵਿੰਦਰ ਕੌਰ, ਅਮਨਦੀਪ ਕੌਰ, ਗਗਨਦੀਪ ਸਿੰਘ ਆਦਿ ਹਾਜ਼ਰ ਸਨ।

## ਤੀਆਂ ਦੇ ਮੇਲੇ ਸਾਡੇ ਸੱਭਿਆਚਾਰ ਦਾ ਅਨਿੱਖੜਵਾਂ ਅੰਗ : ਚੇਅਰਮੈਨ ਜੱਸੀ



**ਨਾਭਾ (ਵਰਿੰਦਰ ਵਰਮਾ)**-ਨਾਭਾ ਹਲਕੇ ਦੇ ਪਿੰਡ ਉੱਧਾ ਵਿਖੇ ਨਗਰ ਨਿਵਾਸੀਆਂ ਵੱਲੋਂ ਪੰਚਾਇਤ ਦੇ ਸਹਿਯੋਗ ਨਾਲ ਮੇਲਾ ਤੀਆਂ ਦਾ ਤਿਉਹਾਰ ਮਨਾਇਆ ਗਿਆ।ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਪਿੰਡਾਂ ਦੀਆਂ ਧੀਆਂ-ਭੈਣਾਂ ਨੇ ਗਿੱਧਾ ਤੇ ਬੋਲੀਆਂ ਪਾ ਕੇ ਨੱਚ ਟੱਪ ਕੇ ਤੀਆਂ ਦੇ ਤਿਉਹਾਰ ਦਾ ਆਨੰਦ ਮਾਣਿਆ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਤੀਆਂ ਦੇ ਮੇਲੇ ਸਾਡੇ ਅਮੀਰ ਸੱਭਿਆਚਾਰ ਵਿਰਸੇ ਦਾ ਅਨਿੱਖੜਵਾਂ ਅੰਗ ਹਨ, ਜੋ ਕਿ ਪਿਛਲੇ ਕੁੱਝ ਦਹਾਕਿਆਂ ਤੋਂ ਲੱਗਣੇ ਬੰਦ ਹੋ ਗਏ ਸਨ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੁੜ ਤੋਂ ਲੱਗਣੇ ਸ਼ੁਰੂ ਹੋਏ ਹਨ, ਜਿਨ੍ਹਾਂ ਨੂੰ ਲੈ ਕੇ ਪਿੰਡਾਂ ਤੇ ਸ਼ਹਿਰਾਂ ਦੀਆਂ ਔਰਤਾਂ ਬੇਹੱਦ ਖੁਸ਼ ਹਨ।ਇਸ ਮੌਕੇ ਪਿੰਡ ਦੀ ਸਰਪੰਚ ਰਾਜਵੀਰ ਕੌਰ, ਨਰਿੰਦਰ ਸਿੰਘ ਮੈਂਬਰ, ਕੁਲਜੀਤ ਸਿੰਘ ਮੈਂਬਰ, ਮਨਜੀਤ ਕੌਰ ਮੈਂਬਰ, ਬਿਮਲਜੀਤ ਕੌਰ, ਰਾਜਿੰਦਰ ਸਿੰਘ, ਸਾਬਕਾ ਸਰਪੰਚ ਹਰਦੀਪ ਸਿੰਘ, ਤੇਜਾ ਸਿੰਘ ਰਿਟਾ. ਇੰਸਪੈਕਟਰ ਨਗਰ ਕੌਂਸਲ ਨਾਭਾ, ਅਵਤਾਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਦੇਸ਼ ਭਗਤ 'ਵਰਸਿਟੀ 'ਚ 'ਸਮੂਹਿਕ ਸਿੱਖਿਆ 'ਚ ਉੱਭਰ ਰਹੇ ਰੁਝਾਨ' ਵਿਸ਼ੇ 'ਤੇ ਸੈਮੀਨਾਰ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਵਿਸ਼ੇਸ਼ ਸਿੱਖਿਆ ਤੇ ਸਿਖਲਾਈ ਵਿਭਾਗ ਨੇ 'ਸਮੂਹਿਕ ਸਿੱਖਿਆ ਵਿੱਚ ਉੱਭਰ ਰਹੇ ਰੁਝਾਨ' ਵਿਸ਼ੇ 'ਤੇ ਦੋ-ਰੋਜ਼ਾ ਨਿਰੰਤਰ ਪੁਨਰਵਾਸ ਸਿੱਖਿਆ ਪ੍ਰੋਗਰਾਮ ਸਫਲਤਾਪੂਰਵਕ ਕਰਵਾਇਆ।ਸਮਾਗਮ ਨੇ ਭਾਰਤ ਤੇ ਇਸ ਤੋਂ ਬਾਹਰ ਸਮਾਵੇਸ਼ੀ ਸਿੱਖਿਆ ਦੇ ਵਿਕਸਤ ਹੋ ਰਹੇ ਦ੍ਰਿਸ਼ ਦੀ ਪੜਚੋਲ ਕਰਨ ਲਈ ਉੱਘੇ ਮਾਹਰਾਂ, ਸਿੱਖਿਅਕਾਂ ਤੇ ਪੁਨਰਵਾਸ ਪੇਸ਼ੇਵਰਾਂ ਨੂੰ ਇਕ ਮੰਚ ਉੱਪਰ ਇਕੱਠਾ ਕੀਤਾ।ਪ੍ਰੋਗਰਾਮ ਦਾ ਉਦਘਾਟਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਦੁਆਰਾ ਕੀਤਾ ਗਿਆ, ਜਿਨ੍ਹਾਂ ਅਜਿਹੀਆਂ ਪਹਿਲਕਦਮੀਆਂ ਦੇ ਸਮਾਜਿਕ ਮੁੱਲ ਨੂੰ ਉਜਾਗਰ ਕੀਤਾ।ਇਸ ਮੌਕੇ ਪ੍ਰਬੰਧਕਾਂ ਨੇ ਜ਼ੋਰ ਦੇ ਕੇ ਕਿਹਾ ਕਿ ਸਮਾਵੇਸ਼ੀ ਸਿੱਖਿਆ ਰਾਸ਼ਟਰੀ ਤੇ ਅੰਤਰਰਾਸ਼ਟਰੀ ਸਿੱਖਿਆ ਢਾਂਚੇ ਦੋਵਾਂ ਵਿੱਚ ਸ਼ਾਮਲ ਇੱਕ ਵਚਨਬੱਧਤਾ ਹੈ।ਅੰਤਮ ਟੀਚਾ ਸਿੱਖਣ ਦੇ ਵਾਤਾਵਰਣ ਨੂੰ ਉਤਸ਼ਾਹਤ ਕਰਨਾ ਹੈ, ਜਿੱਥੇ ਹਰ ਵਿਦਿਆਰਥੀ ਯੋਗਤਾ, ਪਿਛੋਕੜ ਜਾਂ ਲੋੜ ਦੀ ਪ੍ਰਵਾਹ ਕੀਤੇ ਬਿਨਾਂ ਆਪਣੀ ਪੂਰੀ ਸਮਰੱਥਾ ਤੱਕ ਪਹੁੰਚਣ ਲਈ ਮੁੱਲਵਾਨ ਤੇ ਸਸ਼ਕਤ ਮਹਿਸੂਸ ਕਰਦਾ ਹੈ।ਇਸ ਪ੍ਰੋਗਰਾਮ ਵਿੱਚ 150 ਰਜਿਸਟਰਡ ਭਾਗੀਦਾਰ ਸ਼ਾਮਲ ਹੋਏ, ਜਿਨ੍ਹਾਂ ਵਿੱਚੋਂ 128 ਹਾਜ਼ਰ ਸਨ, ਮੁੱਖ ਤੌਰ 'ਤੇ ਪੰਜਾਬ ਤੋਂ ਸਮਾਵੇਸ਼ੀ ਸਿੱਖਿਆ ਪ੍ਰਤੀ ਖੇਤਰ ਦੇ ਵਧ ਰਹੇ ਸਮਰਪਣ ਨੂੰ ਦਰਸਾਉਂਦੇ ਸਨ। ਪ੍ਰੋਗਰਾਮ ਵਿੱਚ ਸੈਸ਼ਨਾਂ ਦੀ ਇੱਕ ਵਿਭਿੰਨ ਤੇ ਵਿਆਪਕ ਲਾਈਨਅੱਪ ਸੀ, ਜਿਸ ਵਿੱਚ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ ਸੀ ਜਿਵੇਂ ਕਿ ਸਮਾਵੇਸ਼ੀ ਸਕੂਲਾਂ ਦਾ ਵਿਕਾਸ, ਸਹਾਇਕ ਤੇ ਸਮਾਵੇਸ਼ੀ ਤਕਨਾਲੋਜੀਆਂ, ਸਮਾਵੇਸ਼ੀ ਸਿੱਖਿਆ ਸ਼ਾਸਤਰ, ਅਧਿਆਪਕ ਤਿਆਰੀ ਤੇ ਪੇਸ਼ੇਵਰ ਵਿਕਾਸ, ਸਮਾਵੇਸ਼ ਲਈ ਨੀਤੀਗਤ ਢਾਂਚੇ, ਸਮਾਜਿਕ ਤੇ ਭਾਵਨਾਤਮਕ ਸਿੱਖਿਆ, ਸਮਾਨਤਾ, ਵਿਭਿੰਨਤਾ ਤੇ ਸਮਾਵੇਸ਼, ਅਪੰਗਤਾ ਤੇ ਸਿੱਖਿਆ ਵਿੱਚ ਖੋਜ ਦ੍ਰਿਸ਼ਟੀਕੋਣ।ਇਸ ਮੌਕੇ 12 ਮਹਿਮਾਨ ਬੁਲਾਰਿਆਂ ਨੇ ਆਪਣੀ ਮੁਹਾਰਤ ਸਾਂਝੀ ਕੀਤੀ, ਜਿਨ੍ਹਾਂ ਵਿੱਚ ਡਾ. ਪ੍ਰੀਸ਼ੀਅਸ ਸ਼ਿਓਰਨ, ਡਾ. ਪਰਦੀਪ, ਡਾ. ਐੱਮ. ਕਰੁਪਾਸਾਮੀ, ਡਾ. ਨਿਤਿਨ ਰਾਜ, ਸ਼੍ਰੀਮਤੀ ਸ਼ਿਖਾ ਜੈਨ, ਸਤੀਸ਼ ਕੁਮਾਰ, ਸ਼੍ਰੀਮਤੀ ਸ਼ੇਰੇਨ ਰਤਨ ਤੇ ਬਿਭਾਕਰ ਵਿਸ਼ਵਕਰਮਾ ਸ਼ਾਮਲ ਸਨ।ਹਰੇਕ ਨੇ ਸਮਾਵੇਸ਼ੀ, ਪਹੁੰਚਯੋਗ ਤੇ ਸਮਾਨ ਸਿੱਖਣ ਵਾਤਾਵਰਣ ਵਿਕਸਤ ਕਰਨ ਵਿੱਚ ਕੀਮਤੀ ਸੂਝ ਦਾ ਯੋਗਦਾਨ ਪਾਇਆ।ਅਖੀਰ ਵਿੱਚ ਡਾਇਰੈਕਟਰ ਫੈਕਲਟੀ ਆਫ ਐਜੂਕੇਸ਼ਨ ਡਾ. ਪ੍ਰੇਸੀਅਸ਼ ਨੇ ਭਾਰਤ ਦੀ ਪੁਨਰਵਾਸ ਪ੍ਰੀਸ਼ਦ (ਆਰਸੀਆਈ) ਦਾ ਸਮਰਥਨ ਕਰਨ ਅਤੇ ਸਾਰੇ ਬੁਲਾਰਿਆਂ ਤੇ ਭਾਗੀਦਾਰਾਂ ਦਾ ਉਨ੍ਹਾਂ ਦੀ ਉਤਸ਼ਾਹੀ ਸ਼ਮੂਲੀਅਤ ਲਈ ਦਿਲੋਂ ਧੰਨਵਾਦ ਕੀਤਾ।

## ਵਿਦਿਆਰਥੀਆਂ ਤੇ ਅਧਿਆਪਕਾਂ ਦਾ ਸਨਮਾਨ 13 ਨੂੰ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਵੱਲੋਂ 13 ਅਗਸਤ ਬੁੱਧਵਾਰ ਨੂੰ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਸ੍ਰ. ਸੁਰਜੀਤ ਸਿੰਘ ਮਾਧੋਪੁਰੀ ਸਰਵ ਸ੍ਰੇਸ਼ਟ ਪੁਰਸਕਾਰ ਵਿਜੇਤਾ ਕੈਨੇਡਾ, ਗੁਰਚਰਨ ਸਿੰਘ ਟੱਲੇਵਾਲੀਆ ਤੇ ਸਟੇਟ ਬੈਂਕ ਆਫ਼ ਇੰਡੀਆ ਬ੍ਰਾਂਚ ਬਾਲਿਆਂਵਾਲੀ ਦੇ ਸਹਿਯੋਗ ਨਾਲ ਇਲਾਕੇ ਦੇ 17 ਪਿੰਡਾਂ ਦੇ ਸਰਕਾਰੀ ਤੇ ਗੈਰ-ਸਰਕਾਰੀ ਸਕੂਲਾਂ ਦੇ ਉਨ੍ਹਾਂ ਵਿਦਿਅਰਥੀਆਂ ਨੂੰ ਨਕਦ ਇਨਾਮ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾਵੇਗਾ, ਜਿਨ੍ਹਾਂ ਨੇ ਸਾਲ 2024-25 ਦੇ ਸੈਸ਼ਨ ਦੌਰਾਨ ਪੰਜਵੀਂ, ਅੱਠਵੀਂ, ਦਸਵੀਂ ਤੇ ਬਾਰਵੀਂ ਜਮਾਤ ਵਿੱਚੋਂ ਪੰਜਾਬੀ ਵਿਸ਼ੇ ਵਿੱਚੋਂ ਸਭ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ।

ਉਨ੍ਹਾਂ ਅਧਿਆਪਕਾਂ ਨੂੰ ਵੀ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾਵੇਗਾ, ਜਿਨ੍ਹਾਂ ਨੇ ਇਨ੍ਹਾਂ ਵਿਦਿਅਰਥੀਆਂ ਨੂੰ ਪੰਜਾਬੀ ਵਿਸ਼ਾ ਪੜ੍ਹਾਇਆ ਹੈ।

## ਸੁਪਰੀਮ ਸਕੂਲ 'ਚ ਮਹਿੰਦੀ ਪ੍ਰਤੀਯੋਗਤਾ ਕਰਵਾਈ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਸਾਉਣ ਦੇ ਮਹੀਨੇ ਨੂੰ ਮੁੱਖ ਰੱਖਦੇ ਹੋਏ ਡਾਇਰੈਕਟਰ ਮੋਹਨੀਸ਼ ਮਿਸ਼ਾ ਤੇ ਪ੍ਰਿੰਸੀਪਲ ਵੀਨਾ ਨਾਇਰ ਦੀ ਅਗਵਾਈ ਹੇਠ ਮਹਿੰਦੀ ਲਗਾਉਣ ਦੀ ਪ੍ਰਤੀਯੋਗਿਤਾ ਕਰਵਾਈ ਗਈ, ਜਿਸ ਵਿੱਚ ਵਿਦਿਆਰਥਣਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਇਸ ਪ੍ਰਤੀਯੋਗਿਤਾ ਦੇ ਜੇਤੂ ਵਿਦਿਆਰਥਣਾਂ ਨੂੰ ਸਨਮਾਨਤ ਕਰਦੇ ਹੋਏ ਡਾਇਰੈਕਟਰ ਮੋਹਨੀਸ਼ ਮਿਸ਼ਾ ਨੇ ਕਿਹਾ ਕਿ ਸਾਉਣ ਦੇ ਮਹੀਨੇ ਮਹਿੰਦੀ ਲਗਾਉਣ ਦਾ ਆਪਣਾ ਮਹੱਤਵ ਹੈ।ਇਸ ਤਰ੍ਹਾਂ ਦੀਆਂ ਪ੍ਰਤੀਯੋਗਿਤਾਵਾਂ ਨਾਲ ਹੀ ਵਿਦਿਆਰਥੀਆਂ ਵਿੱਚ ਰਚਨਾਤਮਕ ਕਲਾ ਦਾ ਵਿਕਾਸ ਹੁੰਦਾ ਹੈ।

## ਰੌਬਿਨ ਸਕੂਲ ਨੇ ਕਿੱਕ ਬਾਕਸਿੰਗ ਮੁਕਾਬਲਿਆਂ 'ਚ 19 ਸੋਨ ਤਮਗੇ ਜਿੱਤੇ



**ਧੂਰੀ (ਮਨੋਹਰ ਸਿੰਘ ਸੱਗੂ)**-ਸਥਾਨਕ ਰੌਬਿਨ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਮੁੰਡਿਆਂ ਤੇ ਕੁੜੀਆਂ ਨੇ ਸਕੂਲ ਖੇਡਾਂ ਦੇ ਕਿੱਕ ਬਾਕਸਿੰਗ ਮੁਕਾਬਲਿਆਂ 'ਚ ਸੋਨ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਪ੍ਰਬੰਧਕਾਂ ਵੱਲੋਂ ਦਿੱਤੀ ਗਈ ਜਾਣਕਾਰੀ 'ਚ ਦੱਸਿਆ ਗਿਆ ਕਿ ਗੁਰੂ ਤੇਗਬਹਾਦਰ ਪਬਲਿਕ ਸਕੂਲ ਬਰੜਵਾਲ (ਧੂਰੀ) ਵਿਖੇ ਹੋਈਆਂ 69ਵੀਂਆਂ ਸਕੂਲ ਖੇਡਾਂ ਦੇ ਕਿੱਕ ਬਾਕਸਿੰਗ ਮੁਕਾਬਲਿਆਂ 'ਚ ਸਕੂਲ ਦੇ ਮੁੰਡਿਆਂ ਤੇ ਕੁੜੀਆਂ ਨੇ 19 ਸੋਨ ਤਮਗੇ ਹਾਸਲ ਕੀਤੇ ਅਤੇ ਸਕੂਲ ਦੀ ਡਾਇਰੈਕਟਰ ਸ੍ਰੀਮਤੀ ਮਧੂ ਸ਼ਰਮਾ ਤੇ ਸਮੁੱਚੇ ਸਟਾਫ਼ ਵੱਲੋਂ ਜਿੱਤ ਕੇ ਪਰਤੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਅਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਸੁਖਵਿੰਦਰ ਸਿੰਘ, ਡੀ ਪੀ ਅਧਿਆਪਕ ਰਾਜਵੀਰ ਸਿੰਘ ਤੇ ਹਰਮਨਪ੍ਰੀਤ ਸਿੰਘ, ਗੁਰਦੀਪ ਸਿੰਘ ਕੌਸ਼ਲ ਤੇ ਪੁਨੀਤ ਕੌਸ਼ਲ ਮੌਜੂਦ ਸਨ।

## ਜ਼ਿਲ੍ਹਾ ਪੱਧਰੀ ਕਲਾ ਉਤਸਵ ਮੁਕਾਬਲਿਆਂ 'ਚ ਸਰਕਾਰੀ ਕੰਨਿਆ ਸਕੂਲ ਧੂਰੀ ਦੀਆਂ ਸ਼ਾਨਦਾਰ ਪ੍ਰਾਪਤੀਆਂ

### ਜ਼ੋਨਲ ਖੇਡ ਮੁਕਾਬਲਿਆਂ 'ਚ ਵੀ ਮਾਰੀਆਂ ਮੱਲਾਂ




**ਧੂਰੀ (ਸੁਖਦੇਵ ਧੂਰੀ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਧੂਰੀ ਦੀਆਂ ਵਿਦਿਆਰਥਣਾਂ ਨੇ ਜਿੱਥੇ ਅਕਾਦਮਿਕ ਖੇਤਰ ਵਿੱਚ ਅਹਿਮ ਮੱਲਾਂ ਮਾਰੀਆਂ, ਉੱਥੇ ਨਾਲ ਹੀ ਨਾਲ ਸਕੂਲ ਦੀਆਂ ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਕਲਾ ਉਤਸਵ, ਖੇਡਾਂ ਤੇ ਸੱਭਿਆਚਾਰਕ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਇਨ੍ਹਾਂ ਲਫ਼ਜ਼ਾਂ ਦਾ ਪ੍ਰਗਟਾਵਾ ਸਕੂਲ ਦੇ ਪ੍ਰਿੰਸੀਪਲ ਅਵਤਾਰ ਸਿੰਘ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਕੂਲ ਦੀਆਂ ਵਿਦਿਆਰਥਣਾਂ ਨੇ ਮੈਡਮ ਸਰਬਜੀਤ ਕੌਰ ਲੈਕਚਰਾਰ ਅੰਗਰੇਜ਼ੀ ਤੇ ਮੈਡਮ ਕਿਰਨ ਬਾਲਾ ਜੀ ਕੰਪਿਊਟਰ ਅਧਿਆਪਕਾ ਦੀ ਯੋਗ ਅਗਵਾਈ ਵਿੱਚ ਜ਼ਿਲ੍ਹਾ ਪੱਧਰੀ ਕਲਾ ਉੱਤਸਵ ਮੁਕਾਬਲਿਆਂ ਵਿੱਚ ਭਾਗ ਲਿਆ, ਜਿਸ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਗੁਰਸਿਮਰਨ ਕੌਰ ਪੁੱਤਰੀ ਅਵਤਾਰ ਸਿੰਘ, ਆਯੂਸ਼ੀ ਸ਼ਰਮਾ ਪੁੱਤਰੀ ਮਨੋਜ ਕੁਮਾਰ, ਖੁਸ਼ੀ ਬਾਂਸਲ ਪੁੱਤਰੀ ਅਨਿਲ ਕੁਮਾਰ, ਪਰਮਿੰਦਰ ਕੌਰ ਪੁੱਤਰੀ ਰਾਜ ਸਿੰਘ (ਸਾਰੀਆਂ 11ਵੀਂ ਈ) ਦੀਆਂ ਵਿਦਿਆਰਥਣਾਂ ਨੇ ਨਾਟਕ ਮੁਕਾਬਲਿਆਂ (ਥੀਏਟਰ ਗਰੁੱਪ) ਵਿੱਚ ਪ੍ਰਾਈਵੇਟ ਸਕੂਲਾਂ ਨੂੰ ਪਛਾੜਦੇ ਹੋਏ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ ਤੇ ਨਾਲ ਹੀ ਸਟੋਰੀ ਟੈਲਿੰਗ ਮੁਕਾਬਲਿਆਂ ਵਿੱਚ ਵੀ ਸਕੂਲ ਦੀਆਂ ਵਿਦਿਆਰਥਣਾਂ ਸ੍ਰਿਸ਼ਟੀ ਤੇ ਜਸਟੀਨਾ ਕੌਰ ਬਾਰਵੀਂ ਜਮਾਤ ਨੇ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ।ਸੋਲੋ ਡਾਂਸ ਮੁਕਾਬਲਿਆਂ ਵਿੱਚ ਸਕੂਲ ਦੀ ਵਿਦਿਆਰਥਣ ਲੀਜਾ ਗਿਆਰਵੀਂ ਡੀ ਨੇ ਜ਼ਿਲ੍ਹੇ ਵਿੱਚ ਤੀਜੀ ਪੁਜ਼ੀਸ਼ਨ ਹਾਸਲ ਕੀਤੀ।ਇਸੇ ਤਰ੍ਹਾਂ ਜ਼ੋਨਲ ਪੱਧਰੀ ਵੱਖ ਵੱਖ ਖੇਡਾਂ ਵਿੱਚ ਮੈਡਮ ਸਵਰਨਜੀਤ ਕੌਰ ਡੀਪੀਈ ਦੀ ਅਗਵਾਈ ਵਿੱਚ ਯੋਗਾ ਇਵੈਂਟ ਦੇ ਅੰਡਰ-14 ਵਰਗ ਵਿੱਚ ਤਨੂੰ ਤੇ ਗੁਰਨੂਰ ਨੇ ਦੂਜੀ ਪੁਜ਼ੀਸ਼ਨ, ਅੰਡਰ-17 ਵਰਗ ਵਿੱਚ ਕੁਦਰਤਪ੍ਰੀਤ ਨੇ ਦੂਜੀ ਪੁਜ਼ੀਸ਼ਨ, ਅੰਡਰ-19 ਵਰਗ ਵਿੱਚ ਖੁਸ਼ਬੂ ਨੇ ਤੀਜੀ ਪੁਜ਼ੀਸ਼ਨ, ਅੰਡਰ-19 ਵਰਗ ਵਿੱਚ ਅਕਿਰਤੀ ਦੀ ਤੀਜੀ ਪੁਜ਼ੀਸ਼ਨ, ਰਿਦਮਿਕ ਯੋਗਾ ਵਿੱਚ ਖੁਸ਼ਬੂ ਨੇ ਤੀਜੀ ਪੁਜ਼ੀਸ਼ਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਿਮਰਜੀਤ ਸਿੰਘ ਦੀ ਅਗਵਾਈ ਵਿੱਚ ਜ਼ੋਨਲ ਪੱਧਰੀ ਕਰਾਟੇ ਅੰਡਰ-19 ਵਰਗ ਵਿੱਚੋਂ 4 ਵਿਦਿਆਰਥਣਾਂ ਨੇ ਪਹਿਲਾ ਪ੍ਰਾਪਤ ਕੀਤਾ ਹੈ।ਮੈਡਮ ਸਰਬਜੀਤ ਕੌਰ ਦੀ ਅਗਵਾਈ ਵਿੱਚ ਬਲਾਕ ਪੱਧਰੀ ਸੰਪੂਰਨਤਾ ਅਭਿਆਨ ਮੁਕਾਬਲਿਆਂ ਤਹਿਤ ਸਕੂਲ ਦੀਆਂ ਵਿਦਿਆਰਥਣਾਂ ਨੇ ਗਿੱਧੇ ਵਿੱਚ ਪੁਜ਼ੀਸ਼ਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਇਨਾਮ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਰਾਜਵੰਤ ਸਿੰਘ ਘੁੱਲੀ ਚੇਅਰਮੈਨ (ਮਾਰਕੀਟ ਕਮੇਟੀ ਧੂਰੀ ਤੇ ਇੰਚਾਰਜ ਮੁੱਖ ਮੰਤਰੀ ਦਫ਼ਤਰ ਧੂਰੀ) ਵੱਲੋਂ ਸਨਮਾਨਤ ਕੀਤਾ ਗਿਆ।ਉਨ੍ਹਾਂ ਨਾਲ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਮਨਜੀਤ ਕੌਰ ਵੀ ਹਾਜ਼ਰ ਸਨ।ਸਕੂਲ ਪਹੁੰਚਣ 'ਤੇ ਸਵੇਰ ਦੀ ਸਭਾ ਵਿੱਚ ਵਿਦਿਆਰਥਣਾਂ ਨੂੰ ਪ੍ਰਿੰਸੀਪਲ ਅਵਤਾਰ ਸਿੰਘ ਵੱਲੋਂ ਵੀ ਸਨਮਾਨਤ ਕੀਤਾ ਗਿਆ।ਇਸ ਮੌਕੇ ਮੈਡਮ ਸਰਬਜੀਤ ਕੌਰ, ਰਤਨਜੋਤ ਕੌਰ, ਪ੍ਰੇਮ ਲਤਾ, ਸ਼ਸ਼ੀ ਬਾਲਾ, ਜਰਨੈਲ ਸਿੰਘ, ਕਰਮਜੀਤ ਸਿੰਘ, ਸੁਖਦੀਪ ਕੌਰ, ਬਲਜੀਤ ਕੌਰ, ਵਿਕਾਸ ਜਿੰਦਲ, ਮਨੋਜ ਕੁਮਾਰ, ਪੂਜਾ ਮਹਿਤਾ, ਰੁਪਿੰਦਰ ਕੌਰ, ਹਰਦੀਪ ਕੌਰ, ਪ੍ਰਾਚੀ ਗਰਗ, ਅਜੈਬ ਸਿੰਘ ਕੈਂਪਸ ਮੈਨੇਜਰ ਸਮੇਤ ਸਮੁੱਚਾ ਸਟਾਫ ਹਾਜ਼ਰ ਸੀ।

## COURT NOTICE

(U/o 5 Rule 20 CPC)
In The Court of
Ms. Saru Mehta Kaushik
Additional District and Sessions Judge, Ludhiana
CNR No. PBLD01-027341-2023
Next Date: 24-09-2025
Harpreet Singh
Vs
Om Parkash Jain
Publication Issued To:
2. Harbhajan Singh
Father- Amar Singh
H.No. 1358/1 Haibowal Khurd, Dr. B.P. Mishra Wali Gali Hambran Road, Ludhiana.

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 24-09-2025 at 10:00 a.m.

For details logon to https://highcourtchd.gov.in/?mod=district_notice&district=mogacourt

Additional District and Sessions Judge, Ludhiana
Dated, this day of 06-08-2025

## COURT NOTICE

(U/o 5 Rule 20 CPC)
In The Court of
Ms. Saru Mehta Kaushik
Additional District and Sessions Judge, Ludhiana
CNR No. PBLD01-006355-2025
Next Date:- 29-09-2025
Ashneel Singh
Vs.
General Public
Publication Issued To :
General Public
: India

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 29-09-2025 at 10:00 a.m.

For details logon to https://highcourtchd.gov.in/?mod=district_notice&district=mogacourt

Additional District and Sessions Judge, Ludhiana
Dated, this day of 04-08-2025

## COURT NOTICE

In The Court of
Hasan Deep Singh Bajwa
Additional Civil Judge (Senior Division), Kharar
CNR No. PBSAA0-000956-2025
Next Date:- 27-10-2025
Gw/12/2025
Satbir Kaur Wd/o Bharpur Singh R/o Vill. Mehmudpur, Tehsil Kharar, Distt. Mohali.
Vs.
General Public
Publication Issued To: General Public
: General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 27-10-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Kharar
Dated, this day of 03-08-2025

## PUBLIC NOTICE

I, Jaswinder Singh S/o Late Baldev Singh, R/o H.No 158/7, Preet Nagar, Ladowali Road, Jalandhar declare that on 10/06/2025 my Sale Deed of House bearing Mutation No 29353 dated 27/07/1985 Sale Deed No 1246 and Mutation No 29352 dated 27/12/1984 having Sale Deed no 8438 got lost at Ladowali Road, Jalandhar. Khasra no 24629/19218 to 19223-5960-5961-5968 to 5974 to 5989 (1-10) Total area 8 Marla. I tried my best to trace the same but could not find the said documents. An FIR vide GD No 033 dated 05/08/2025 lodged in Police Station Navi Baradari, Jalandhar. That my above said Sale Deeds / Documents are not mortgaged in any court or Private organisation nor the same under any Loan from any Bank or Private Institution. Through this Public Notice, I inform that if anybody or any financial institution/s or any Bank/s have any information regarding lost of Sale Deed and also have any kind of Objection/s related to creation of Equitable mortgage of said Property, he/she may respond with in 7 days from the date of publication, after expiry of stipulated period no objection or claim whosoever would be entertained and it will be treated consent related to said transaction. Contact Jaswinder Singh- 9780529507

## COURT NOTICE

(U/o 5 Rule 20 CPC)
In The Court of
Sh. Yadwinder Singh
Civil Judge (Junior Division), Ludhiana
CNR No. PBLD02-000263-2023
Next Date:- 02-09-2025
Gurjit Kaur Vs. Baljinder Singh
Publication Issued To:
05. Randhir Singh S/o Gulzar Singh S/o Bakhtawar Singh (Now Deceased) Through his Following Lr's :- A. Jarnail Singh (Widow), B. Avtar Singh (Son), C. Manjit Singh (Son).

All Resident of Village Birmi, Tehsil and District Ludhiana 06. Chatar Singh S/o Gulzar Singh Son of Bakhtawar Singh (Now Deceased) Through His Following Lr's :- A. Inderjit Singh (Son), B. Hardeep Singh (Son).

Both Resident of Village Birmi, Tehsil and District Ludhiana C. Ramandeep Kaur (Daughter) Wife of Jagroop Singh Resident of Village Khanora, Tehsil Nabha, District Patiala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 02-09-2025 at 10:00 a.m.

For details logon to https://highcourtchd.gov.in/?mod=district notice&district=mogacourt

Civil Judge (Junior Division) Ludhiana
Dated, this day of : 07-08-2025

## CRIMINAL COURTS, LUDHIANA

(U/o 5 Rule 20 CPC)
In The Court of Ms. Shruti
Judicial Magistrate - Ist Class Ludhiana
Next Date, Purpose of case, Orders and Judgments as well as other case information is available on http://ecourts.gov.in
Case No.:- COMA/93259/2022
PBLD03-097746-2022
NEXT DATE: 12-09-2025
Police Station/Fir No. Division 5//0
Kotak Mahindra Bank Ltd.
Vs Harjinder Kaur
138 of Negotiable Instruments Act
Proclamation Requiring The Appearance of a Person accused
Detail of offence:
Notice To: Harjinder Kaur
R/o H. No. 491 244, Teliwal Zujhar Nagar, Batala Gurdaspur- 143505, Punjab

WHEREAS complaint/case has been made before me that Harjinder Kaur:- R/O H. No. 491 244, Teliwal Zujhar Nagar, Batala Gurdaspur- 143505. Punjab has committed (or is suspected to have committed) the offence punishable under section 138 of Negotiable Instruments Act and it has been returned to a warrant of arrest thereupon issued that the said Harjinder Kaur cannot be found, and whereas it has been shown to my satisfaction that the said HARJINDER KAUR has absconded (or is concealing himself/herself to avoid the service of the said warrant); Proclamation is hereby made that the said HARJINDER KAUR is required to appear before this Court (or before me) on 12-09-2025 to answer the said complaint/case.

Judicial Magistrate - Ist Class Ludhiana
Dated this day of : 04-08-2025.


# ਸ਼੍ਰੋਮਣੀ ਅਕਾਲੀ ਦਲ ਵੱਲੋਂ ਮੋਗਾ ਹਲਕਿਆਂ ਦੇ ਸਰਕਲ ਪ੍ਰਧਾਨਾਂ ਦੀ ਲਿਸਟ ਜਾਰੀ

## 2027 ਦੀਆਂ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਦੀ ਬਣੇਗੀ ਸਰਕਾਰ : ਆਗੂ



**ਮੋਗਾ, (ਇਕਬਾਲ ਸਿੰਘ ਖਹਿਰਾ)**- ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਹੈੱਡ ਕੁਆਰਟਰ ਸੰਨੀ ਟਾਵਰ ਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਕੋਰ ਕਮੇਟੀ ਮੈਂਬਰ ਤੇ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ, ਲੋਕ ਜ਼ਿਲ੍ਹਾ ਅਬਜ਼ਰਵਰ ਰਾਜਵਿੰਦਰ ਸਿੰਘ ਧਰਮਕੋਟ, ਹਲਕਾ ਮੋਗਾ ਤੋਂ ਵਰਕਿੰਗ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ, ਹਲਕਾ ਨਿਹਾਲ ਸਿੰਘ ਵਾਲਾ ਤੋਂ ਖਣਮੁੱਖ ਭਾਰਤੀ ਪੱਤੋ ਪ੍ਰਧਾਨ ਪੰਜਾਬ ਬ੍ਰਾਹਮਣ ਸਭਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੇ ਮੋਗਾ ਦੇ ਚਾਰੇ ਹਲਕਿਆਂ ਵਿੱਚ ਦਿਹਾਤੀ ਸਰਕਲ ਪ੍ਰਧਾਨਾਂ ਦੀ ਲਿਸਟ ਜਾਰੀ ਕੀਤੀ, ਜਿਸ ਵਿੱਚ ਵਿਧਾਨ ਸਭਾ ਹਲਕਾ ਮੋਗਾ ਤੋਂ ਰਵਦੀਪ ਸਿੰਘ ਸੰਘਾ ਨੂੰ ਸਰਕਲ ਦੌਲਤਪੁਰਾ, ਗੁਰਦੀਪ ਸਿੰਘ ਮਹੇਸਰੀ ਨੂੰ ਸਰਕਲ ਡਰੋਲੀ ਭਾਈ, ਨਰਿੰਦਰ ਸਿੰਘ ਬੁੱਕਣ ਵਾਲਾ ਨੂੰ ਸਰਕਲ ਘੱਲ ਕਲਾਂ, ਸਰਕਲ ਖੋਸਾ ਪਾਂਡੋ ਤੋਂ ਬਿਪਨਪਾਲ ਸਿੰਘ ਖੋਸਾ, ਸਰਕਲ ਚੜਿੱਕ ਤੋਂ ਗੁਰਬਿੰਦ ਸਿੰਘ ਸਿੰਘਾ ਵਾਲਾ ਤੇ ਹਲਕਾ ਬਾਘਾ ਪੁਰਾਣਾ ਤੋਂ ਸੁਖਮੰਦਰ ਸਿੰਘ ਭਲੂਰ ਨੂੰ ਸਰਕਲ ਨੱਥੂ ਵਾਲਾ ਗਰਬੀ, ਜਗਰੂਪ ਸਿੰਘ ਲੰਗੇਆਣਾ ਨੂੰ ਸਰਕਲ ਲੰਗੇਆਣਾ, ਹਰਜੀਤ ਸਿੰਘ ਗਿੱਲ ਨੂੰ ਹਲਕਾ ਗਿੱਲ, ਬਚਿੱਤਰ ਸਿੰਘ ਕਾਲੇਕੇ ਨੂੰ ਸਰਕਲ ਘੋਲੀਆ ਕਲਾਂ, ਗੁਰਜੀਤ ਸਿੰਘ ਕੋਟਲਾ ਰਾਏ ਕਾ ਨੂੰ ਸਰਕਲ ਸਮਾਧ ਭਾਈ, ਇਕੱਤਰ ਸਿੰਘ ਥਰਾਜ ਨੂੰ ਸਰਕਲ ਥਰਾਜ, ਪ੍ਰਦੀਪ ਸਿੰਘ ਠੱਠੀ ਭਾਈ ਨੂੰ ਸਰਕਲ ਠੱਠੀ ਭਾਈ, ਬਲਵਿੰਦਰ ਸਿੰਘ ਜੈਲਦਾਰ ਨੂੰ ਸਰਕਲ ਵਾਂਦਰ, ਜਗਸੀਰ ਸਿੰਘ ਸਮਾਲਸਰ ਨੂੰ ਸਰਕਲ ਸਮਾਲਸਰ, ਸੰਜੀਵ ਕੁਮਾਰ ਬਿੱਟੂ ਰੋਡੇ ਨੂੰ ਸਰਕਲ ਰੋਡੇ ਅਤੇ ਹਲਕਾ ਨਿਹਾਲ ਸਿੰਘ ਵਾਲਾ ਤੋਂ ਬਲਕਰਨ ਸਿੰਘ ਮਾਣੂੰਕੇ ਨੂੰ ਸਰਕਲ ਮਾਣੂੰਕੇ, ਰਾਮ ਸਿੰਘ ਪੱਤੋ ਹੀਰਾ ਸਿੰਘ ਨੂੰ ਸਰਕਲ ਪੱਤੋ ਹੀਰਾ ਸਿੰਘ, ਰੁਪਿੰਦਰ ਸਿੰਘ ਦੀਦਾਰੇ ਵਾਲਾ ਨੂੰ ਸਰਕਲ ਰੌਂਤਾ, ਗੁਰਚਰਨ ਸਿੰਘ ਨੰਗਲ ਨੂੰ ਸਰਕਲ ਨੰਗਲ, ਸੁਰਜੀਤ ਸਿੰਘ ਹਿੰਮਤਪੁਰਾ ਨੂੰ ਸਰਕਲ ਹਿੰਮਤਪੁਰਾ, ਹਰਪ੍ਰੀਤ ਸਿੰਘ ਘੋਲੀਆ ਖੁਰਦ ਨੂੰ ਸਰਕਲ ਰਣੀਆਂ, ਅਮਰਜੀਤ ਸਿੰਘ ਬੁੱਟਰ ਕਲਾਂ ਨੂੰ ਸਰਕਲ ਲੋਪੋ, ਬਸੰਤ ਸਿੰਘ ਦੌਧਰ ਸਰਕੀ ਨੂੰ ਸਰਕਲ ਰਾਮਾ, ਜਗਮੋਹਨ ਸਿੰਘ ਕੋਕਰੀ ਕਲਾਂ ਨੂੰ ਸਰਕਲ ਅਜੀਤਵਾਲ, ਚਰਨਪ੍ਰੀਤ ਸਿੰਘ ਡਾਲਾ ਨੂੰ ਸਰਕਲ ਡਾਲਾ, ਸੁਰਜੀਤ ਸਿੰਘ ਝੰਡੇਆਣਾ ਸਰਕੀ ਨੂੰ ਸਰਕਲ ਚੂਹੜਚੱਕ ਲਗਾਇਆ ਗਿਆ ਹੈ।ਹਲਕਾ ਧਰਮਕੋਟ ਤੋਂ ਬਲਜੀਤ ਸਿੰਘ ਕਿੱਲੀ ਗਾਂਧਰਾ ਨੂੰ ਸਰਕਲ ਫਤਿਹਗੜ੍ਹ ਪੰਜਤੂਰ, ਗੁਰਮੇਲ ਸਿੰਘ ਸਿੱਧੂ ਨੂੰ ਸਰਕਲ ਧਰਮਕੋਟ, ਨਿਸ਼ਾਨ ਸਿੰਘ ਮੂਸੇਵਾਲਾ ਨੂੰ ਸਰਕਲ ਢੋਲੇਵਾਲਾ, ਪ੍ਰਭਜੀਤ ਸਿੰਘ ਤਾਰੇ ਵਾਲਾ ਨੂੰ ਸਰਕਲ ਇੰਦਰਗੜ੍ਹ, ਜਸਵਿੰਦਰ ਸਿੰਘ ਕੁੱਕੀ ਨੂੰ ਸਰਕਲ ਫਤਿਹਗੜ੍ਹ ਕੋਰੋਟਾਣਾ, ਪਰਮਜੀਤ ਸਿੰਘ ਵਿਰਕ ਜਲਾਲਾਬਾਦ ਨੂੰ ਸਰਕਲ ਭਿੰਡਰ ਕਲਾਂ, ਅਮਰਜੀਤ ਸਿੰਘ ਖਾਲਸਾ ਬੁੱਘੀਪੁਰਾ ਨੂੰ ਸਰਕਲ ਮਹਿਣਾ, ਗੁਰਮੀਤ ਸਿੰਘ ਗਗੜਾ ਨੂੰ ਸਰਕਲ ਕੋਟ ਈਸੇ ਖਾਂ, ਜਸਵੀਰ ਸਿੰਘ ਖੋਸਾ ਰਣਧੀਰ ਨੂੰ ਸਰਕਲ ਖੋਸਾ ਰਣਧੀਰ ਤੇ ਸੁਰਜੀਤ ਸਿੰਘ ਰਾਮਗੜ੍ਹ ਨੂੰ ਸਰਕਲ ਕੋਟ ਸਦਰ ਖਾਂ ਵਿਖੇ ਲਗਾਇਆ ਗਿਆ।ਇਸ ਮੌਕੇ ਵੱਖ ਵੱਖ ਆਗੂਆਂ ਨੇ ਬੋਲਦਿਆਂ ਕਿਹਾ ਕਿ ਇਹ ਵਿਸਥਾਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੀਤਾ ਗਿਆ ਹੈ ਅਤੇ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਇੱਕਜੁਟ ਹੈ ਅਤੇ ਸਾਲ 2027 ਦੀਆਂ ਚੋਣਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਲੜੀਆਂ ਜਾਣਗੀਆਂ।ਇਸ ਮੌਕੇ ਯੂਥ ਆਗੂ ਬਲਤੇਜ ਸਿੰਘ ਮਹਿਰੋਂ, ਗੁਰਪ੍ਰੀਤ ਸਿੰਘ ਹਰੀਏ ਵਾਲਾ ਅਤਿੰਦਰ ਸਿੰਘ ਦੀਨਾ ਤੇ ਦਵਿੰਦਰ ਸ਼ਰਮਾ ਆਦਿ ਹਾਜ਼ਰ ਸਨ।

# ਪੰਡੋਰੀ 'ਚ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ

## ਗੁਰਪ੍ਰੀਤ ਕੌਰ ਸੰਧਵਾਂ, ਅਦਾਕਾਰਾ ਸੋਨੀਆ ਮਾਨ ਨੇ ਵਿਸ਼ੇਸ਼ ਤੌਰ 'ਤੇ ਕੀਤੀ ਸ਼ਿਰਕਤ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**- ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ, ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਗ੍ਰਹਿ ਵਿਖੇ ਧੀਆਂ ਦਾ ਤਿਉਹਾਰ ਬੀਬੀ ਜਸਵਿੰਦਰ ਕੌਰ ਪੰਡੋਰੀ ਦੀ ਅਗਵਾਈ ਹੇਠ ਧੂਮਧਾਮ ਨਾਲ ਮਨਾਇਆ ਗਿਆ।ਤੀਆਂ ਦੇ ਮੇਲੇ 'ਚ ਔਰਤਾਂ, ਪਿੰਡ ਦੀਆਂ ਧੀਆਂ ਵੱਲੋਂ ਭਰਵੀਂ ਸ਼ਮੂਲੀਅਤ ਕਰਕੇ ਲੋਕ ਗਿੱਧਾ, ਬੋਲੀਆਂ ਪੇਸ਼ ਕੀਤੀਆਂ ਗਈਆਂ।ਇਸ ਮੌਕੇ ਮੁੱਖ ਮਹਿਮਾਨ ਵਜੋਂ ਸਪੀਕਰ ਪੰਜਾਬ ਵਿਧਾਨ ਸਭਾ ਸ: ਕੁਲਤਾਰ ਸਿੰਘ ਸੰਧਵਾਂ ਦੀ ਧਰਮ ਪਤਨੀ ਗੁਰਪ੍ਰੀਤ ਕੌਰ ਸੰਧਵਾਂ, ਫਿਲਮੀ ਅਦਾਕਾਰਾ ਸੋਨੀਆ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਉਨ੍ਹਾਂ ਤੀਆਂ ਦੀ ਮੁਬਾਰਕਬਾਦ ਦਿੰਦੇ ਹੋਏ ਬੱਚਿਆਂ ਨੂੰ ਆਤਮ ਨਿਰਭਰ ਬਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਮਰਦਾਂ ਬਰਾਬਰ ਮਾਣ ਸਤਿਕਾਰ ਦੇਣ ਲਈ ਅਹਿਮ ਕਦਮ ਪੁੱਟੇ ਜਾ ਰਹੇ ਹਨ। ਵੱਖ ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਕੋਰੀਓਗਰਾਫੀਆਂ, ਗਿੱਧਾ, ਭੰਗੜਾ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ ਗਿਆ।ਇਸ ਮੌਕੇ ਪੇਕੇ ਪਿੰਡ ਆਈਆਂ ਧੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਸਾਡਾ ਪੰਜਾਬੀ ਸੱਭਿਆਚਾਰ ਤਿੱਥਾਂ ਤਿਉਹਾਰਾਂ ਦਾ ਅਨਮੋਲ ਖਜ਼ਾਨਾ ਹੈ।ਨੌਜਵਾਨ ਵਰਗ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜ ਕੇ ਰੱਖਣਾ ਬੇਹੱਦ ਜ਼ਰੂਰੀ ਹੈ।ਇਸ ਮੌਕੇ ਚੇਅਰਮੈਨ ਸੁਖਵਿੰਦਰ ਦਾਸ ਕੁਰੜ, ਚੇਅਰਮੈਨ ਰਾਜਵਿੰਦਰ ਸਿੰਘ ਸ਼ੇਰਪੁਰ, ਹੈੱਡ ਮਾਸਟਰ ਕੁਲਦੀਪ ਸਿੰਘ ਕਮਲ, ਸਰਪੰਚ ਸੁਖਦੀਪ ਕੌਰ ਨਿਹਾਲੂਵਾਲ, ਸਰਪੰਚ ਕਿਰਨਾ ਰਾਣੀ ਮਹਿਲ ਕਲਾਂ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਰਮਨਦੀਪ ਕੌਰ ਮਹਿਲ ਕਲਾਂ, ਜਤਿੰਦਰ ਕੌਰ ਕੈਰੇ, ਪ੍ਰਧਾਨ ਗੁਰਜੀਤ ਸਿੰਘ ਧਾਲੀਵਾਲ, ਬਿੰਦਰ ਸਿੰਘ ਮਹਿਲ ਖੁਰਦ ਆਦਿ ਹਾਜ਼ਰ ਸਨ।

# ਪੰਜਾਬ ਦਾ ਵਿਕਾਸ ਤੇ ਤਰੱਕੀ ਹੀ ਆਪ ਸਰਕਾਰ ਦਾ ਮੁੱਖ ਮਕਸਦ : ਬਰਸਟ



**ਸਮਾਣਾ/ਪਟਿਆਲਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਆਪਣੀ ਵਚਨਬੱਧਤਾ ਤੇ ਕਾਰਗੁਜ਼ਾਰੀ ਤਹਿਤ ਸੂਬੇ ਦੇ ਪਿੰਡਾਂ ਦਾ ਵਿਕਾਸ ਪਹਿਲ ਦੇ ਆਧਾਰ 'ਤੇ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਕੀਤਾ ਗਿਆ।ਪਟਿਆਲਾ ਦਫ਼ਤਰ ਵਿਖੇ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਲੋਕ ਮਿਲਣੀ ਪ੍ਰੋਗਰਾਮ ਕੀਤਾ ਗਿਆ।ਇਸ ਦੌਰਾਨ ਸ੍ਰ. ਬਰਸਟ ਨੇ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਤਰਖਾਣ ਮਾਜਰਾ, ਕੂਕਾ, ਸ਼ੇਰਮਾਜਰਾ, ਡਰੋਲਾ, ਮਾਲੋਮਾਜਰਾ ਤੇ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਪੰਚਾਇਤਾਂ ਸਮੇਤ ਆਮ ਲੋਕ ਵੀ ਪਹੁੰਚੇ, ਜਿਨ੍ਹਾਂ ਵੱਲੋਂ ਸ੍ਰ. ਬਰਸਟ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਗਿਆ।ਸ੍ਰ. ਬਰਸਟ ਨੇ ਹਰ ਇੱਕ ਵਿਅਕਤੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਗੱਲ ਧਿਆਨ ਨਾਲ ਸੁਣੀ ਤੇ ਮੌਕੇ 'ਤੇ ਹੀ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ।ਇਸ ਮੌਕੇ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਪਿੰਡ ਕੂਕਾ ਦੇ ਨਵੇਂ ਬਣੇ ਪੰਚਾਇਤ ਮੈਂਬਰ ਕਰਨੈਲ ਸਿੰਘ ਨੂੰ ਮੂੰਹ ਮਿੱਠਾ ਕਰਵਾ ਕੇ ਵਧਾਈਆਂ ਦਿੱਤੀਆਂ ਗਈਆਂ।ਉਨ੍ਹਾਂ ਨਵੇਂ ਮੈਂਬਰ ਨੂੰ ਪਿੰਡ ਦੇ ਵਿਕਾਸ ਤੇ ਤਰੱਕੀ ਲਈ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਸ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਤਰੱਕੀ ਲਈ ਮਹੱਤਵਪੂਰਨ ਉਪਰਾਲੇ ਕੀਤੇ ਜਾ ਰਹੇ ਹਨ ਤੇ ਸੂਬੇ ਦਾ ਵਿਕਾਸ ਯੋਜਨਾਬੱਧ ਤਰੀਕੇ ਨਾਲ ਕੀਤਾ ਜਾ ਰਿਹਾ ਹੈ।ਜਿੱਥੇ ਸਿੱਖਿਆ, ਸਿਹਤ ਤੇ ਰੋਜ਼ਗਾਰ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਉੱਥੇ ਹੀ ਸੂਬੇ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਇਸ ਮੌਕੇ ਹਰਿੰਦਰ ਸਿੰਘ ਧਬਲਾਨ, ਸ਼ਾਮ ਲਾਲ ਦੱਤ, ਯਾਦਵਿੰਦਰ ਸਿੰਘ ਪ੍ਰਧਾਨ ਕਿਸਾਨ ਯੂਨੀਅਨ ਕੂਕਾ, ਸੋਨੀ ਸਰਪੰਚ ਤਰਖਾਣ ਮਾਜਰਾ, ਨਿਰਮਲ ਸਿੰਘ ਪੰਚਾਇਤ ਮੈਂਬਰ, ਜਸਵਿੰਦਰ ਸਿੰਘ ਪੰਚਾਇਤ ਮੈਂਬਰ, ਨਿਧਾਨ ਸਿੰਘ, ਗੁਰਜੰਟ ਸਿੰਘ, ਭਜਨ ਸਿੰਘ, ਕੁਲਜੀਤ ਸਿੰਘ, ਸਤਨਾਮ ਸਿੰਘ ਸਮੇਤ ਹੋਰ ਲੋਕ ਮੌਜੂਦ ਸਨ।


# ਸਰਕਾਰ ਬਿਜਲੀ ਮੁਲਾਜ਼ਮ ਮੰਗਾਂ 'ਤੇ ਗੌਰ ਕਰਕੇ ਉਨ੍ਹਾਂ ਦੀ ਹੜਤਾਲ ਰੋਕ : ਬੀ ਕੇ ਯੂ ਕਾਦੀਆਂ

## ➤ 11, 12 ਤੇ 13 ਨੂੰ ਜਾ ਰਹੇ ਹਨ ਮੁਲਾਜ਼ਮ ਹੜਤਾਲ 'ਤੇ ✪ ਝੋਨੇ ਦੀ ਫਸਲ ਦਾ ਨੁਕਸਾਨ ਤੇ ਆਮ ਲੋਕਾਂ ਦੀ ਹੋ ਸਕਦੀ ਹੈ ਖੱਜਲ ਖੁਆਰੀ



**ਜ਼ੀਰਾ (ਨਰਿੰਦਰ ਅਨੇਜਾ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਸੁਖਦੇਵ ਸਿੰਘ ਪ੍ਰਧਾਨ ਬਲਾਕ ਪ੍ਰਧਾਨ ਜ਼ੀਰਾ ਦੀ ਪ੍ਰਧਾਨਗੀ ਹੇਠ ਜ਼ੀਰਾ ਵਿਖੇ ਹੋਈ।ਮੀਟਿੰਗ ਵਿੱਚ 11, 12 ਤੇ 13 ਅਗਸਤ ਨੂੰ ਬਿਜਲੀ ਮੁਲਾਜ਼ਮਾਂ ਵੱਲੋਂ ਹੜਤਾਲ ਕਰਨ 'ਤੇ ਚਿੰਤਾ ਪ੍ਰਗਟ ਕੀਤੀ ਗਈ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਬਿਜਲੀ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਮੰਨਣੀਆਂ ਚਾਹੀਦੀਆਂ ਹਨ। ਉਨ੍ਹਾਂ ਦੇ ਆਗੂਆਂ ਨਾਲ ਗੱਲਬਾਤ ਕਰਨੀ ਚਾਹੀਦੀ ਹੈ ਤੇ 11, 12 ਤੇ 13 ਅਗਸਤ ਨੂੰ ਹੋਣ ਵਾਲੀ ਬਿਜਲੀ ਮੁਲਾਜ਼ਮਾਂ ਦੀ ਹੜਤਾਲ ਨੂੰ ਰੋਕਣਾ ਚਾਹੀਦਾ ਹੈ।ਅਜਿਹਾ ਨਾ ਹੋਣ ਦੀ ਸੂਰਤ ਵਿੱਚ ਝੋਨੇ ਦੀ ਫਸਲ, ਜੋ ਕਿ ਹੁਣ ਨਸਾਰੇ 'ਤੇ ਆਈ ਹੋਈ ਹੈ, ਦਾ ਵੱਡਾ ਨੁਕਸਾਨ ਹੋ ਸਕਦਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਇਸ ਸਮੇਂ ਅੱਤ ਦੀ ਗਰਮੀ ਪੈ ਰਹੀ ਹੈ।ਮੌਨਸੂਨ ਦਾ ਪ੍ਰਭਾਵ ਵੀ ਘੱਟ ਗਿਆ ਹੈ ਤੇ ਝੋਨੇ ਦੀ ਫਸਲ ਨੂੰ ਪਾਣੀ ਦੀ ਅਗਲੇ ਦਿਨਾਂ ਦੌਰਾਨ ਸਖਤ ਜ਼ਰੂਰਤ ਹੈ, ਇਸ ਲਈ ਜੇਕਰ ਇਨ੍ਹਾਂ ਦਿਨਾਂ ਦੌਰਾਨ ਬਿਜਲੀ ਬੰਦ ਹੁੰਦੀ ਹੈ ਤਾਂ ਝੋਨੇ ਦੀ ਫਸਲ ਦਾ ਵੱਡਾ ਨੁਕਸਾਨ ਹੋਏਗਾ।ਕਿਸਾਨ ਆਗੂਆਂ ਨੇ ਕਿਹਾ ਕਿ ਇਸ ਸਮੇਂ ਪੰਜਾਬ ਭਰ ਵਿੱਚ ਹੁਮਸ ਭਰੀ ਗਰਮੀ ਪੈ ਰਹੀ ਹੈ, ਜੇਕਰ ਬਿਜਲੀ ਕੁਝ ਇਲਾਕਿਆਂ ਵਿੱਚ ਬੰਦ ਹੁੰਦੀ ਹੈ ਤਾਂ ਲੋਕਾਂ ਲਈ ਇਹ ਇੱਕ ਤਰ੍ਹਾਂ ਦੀ ਵੱਡੀ ਮੁਸੀਬਤ ਹੋਵੇਗੀ। ਇਸ ਦੇ ਨਾਲ ਦਫਤਰਾਂ ਕਚਹਿਰੀਆਂ ਤੇ ਬਾਜ਼ਾਰਾਂ ਦਾ ਕਾਰੋਬਾਰ ਕੰਮ ਕਾਜ ਵੀ ਵੱਡੀ ਪੱਧਰ 'ਤੇ ਪ੍ਰਭਾਵਿਤ ਹੋਵੇਗਾ, ਜਿਸ ਦੇ ਸਿੱਟੇ ਵਜੋਂ ਲੱਖਾਂ ਲੋਕ ਪ੍ਰੇਸ਼ਾਨ ਹੋਣਗੇ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਮੰਨੇ ਤੇ ਇਨ੍ਹਾਂ 'ਤੇ ਗੌਰ ਕਰੇ ਤਾਂ ਕਿ ਬਿਜਲੀ ਮੁਲਾਜ਼ਮਾਂ ਵੱਲੋਂ ਕੀਤੀ ਜਾਣ ਵਾਲੀ ਹੜਤਾਲ ਨੂੰ ਰੁਕਵਾਇਆ ਜਾ ਸਕੇ।ਇਸ ਮੌਕੇ ਮੀਟਿੰਗ ਵਿੱਚ ਦਰਸ਼ਨ ਸਿੰਘ ਮੀਆਂ ਸਿੰਘ ਵਾਲਾ ਐਗਜ਼ੈਕਟਿਵ ਮੈਂਬਰ ਬੀਕੇਯੂ ਕਾਦੀਆਂ ਪੰਜਾਬ, ਗੁਰਪ੍ਰੀਤ ਸਿੰਘ ਵਲਟੋਹਾ, ਭੁਪਿੰਦਰ ਸਿੰਘ ਬੀਕੇਯੂ ਕਾਦੀਆਂ ਬਲਾਕ ਜ਼ੀਰਾ, ਮਨਦੀਪ ਸਿੰਘ ਅਲੀਪੁਰ, ਹਰਪ੍ਰੀਤ ਸਿੰਘ ਲੋਂਗੋਦੇਵਾ, ਗੁਰਚਰਨ ਸਿੰਘ ਨੂਰਪੁਰ, ਅੰਮ੍ਰਿਤਪਾਲ ਸਿੰਘ ਸਾਧੂਵਾਲਾ, ਸੁਖਵਿੰਦਰ ਸਿੰਘ ਚੌਹਾਨ, ਜਗਪਾਲ ਸਿੰਘ, ਗੁਰਦੇਵ ਸਿੰਘ ਚੌਹਾਨ, ਸੁਬੇਗ ਸਿੰਘ, ਦਲਜੀਤ ਸਿੰਘ, ਹਰਪ੍ਰੀਤ ਸਿੰਘ, ਜਸਵਿੰਦਰ ਸਿੰਘ, ਗੁਲਜਾਰ ਸਿੰਘ ਮੀਆਂ ਸਿੰਘ ਵਾਲਾ ਆਦਿ ਕਿਸਾਨ ਆਗੂ ਹਾਜ਼ਰ ਸਨ।

# ਸਰਕਾਰ ਪੰਜਾਬ ਮੀਡੀਆ ਭਲਾਈ ਬੋਰਡ ਦਾ ਗਠਨ ਕਰੇ : ਰਾਜੇਸ਼ਵਰ ਚੌਧਰੀ



**ਧੂਰੀ, (ਮੋਹਿਤ ਗਰਗ, ਬਿੰਨੀ ਗਰਗ)**-ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ (ਰਜਿ:) ਦੇ ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਹੈ ਕਿ ਪੰਜਾਬ ਵਿੱਚ 'ਪੰਜਾਬ ਮੀਡੀਆ ਭਲਾਈ ਬੋਰਡ' ਦਾ ਗਠਨ ਕੀਤਾ ਜਾਵੇ, ਤਾਂ ਜੋ ਅਣਗੌਲੇ ਪੱਤਰਕਾਰ ਵਰਗ ਦੀਆਂ ਮੰਗਾਂ ਤੇ ਮੁਸ਼ਕਲਾਂ ਦਾ ਹੱਲ ਕੀਤਾ ਜਾ ਸਕੇ।ਰਾਜੇਸ਼ਵਰ ਚੌਧਰੀ ਨੇ ਕਿਹਾ ਕਿ ਰਾਜ ਭਰ ਵਿੱਚ ਹਜ਼ਾਰਾਂ ਪੱਤਰਕਾਰ ਬਿਨਾਂ ਤਨਖਾਹਾਂ ਦੇ, ਸਿਰਫ਼ ਸਮਾਜਿਕ ਜ਼ਿੰਮੇਵਾਰੀ ਤੇ ਪੇਸ਼ੇਵਰ ਜਜ਼ਬੇ ਨਾਲ ਫੀਲਡ ਵਿੱਚ ਕੰਮ ਕਰ ਰਹੇ ਹਨ।ਇਹ ਪੱਤਰਕਾਰ ਲੋਕਾਂ ਦੀਆਂ ਅਵਾਜ਼ਾਂ ਨੂੰ ਉੱਚੇ ਪੱਧਰ ਤੱਕ ਪਹੁੰਚਾਉਂਦੇ ਹਨ ਤੇ ਆਮ ਜਨਤਾ ਨੂੰ ਇਨਸਾਫ਼ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ, ਪਰ ਦੁੱਖ ਦੀ ਗੱਲ ਹੈ ਕਿ ਇਨ੍ਹਾਂ ਦੀਆਂ ਆਪਣੀਆਂ ਮੁਸ਼ਕਲਾਂ ਵੱਲ ਸਰਕਾਰੀ ਪੱਧਰ 'ਤੇ ਧਿਆਨ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਦੱਸਿਆ ਕਿ ਵੱਡੇ ਮੀਡੀਆ ਘਰਾਣਿਆਂ ਦੇ ਸਟਾਫ ਤੋਂ ਇਲਾਵਾ, ਜ਼ਿਆਦਾਤਰ ਪੱਤਰਕਾਰ ਫ੍ਰੀਲਾਂਸ ਜਾਂ ਸਟਰਿੰਗਰ ਦੇ ਤੌਰ 'ਤੇ ਕੰਮ ਕਰ ਰਹੇ ਹਨ, ਜਿਨ੍ਹਾਂ ਨੂੰ ਨਾ ਕੋਈ ਫਿਕਸ ਤਨਖਾਹ ਮਿਲਦੀ ਹੈ, ਨਾ ਹੀ ਕੋਈ ਬੀਮਾ ਜਾਂ ਭਲਾਈ ਯੋਜਨਾ ਦਾ ਲਾਭ। ਅਕਸਰ ਖਬਰਾਂ ਇਕੱਠੀਆਂ ਕਰਨ ਦੌਰਾਨ ਇਨ੍ਹਾਂ ਨੂੰ ਆਰਥਿਕ, ਸਰੀਰਕ ਤੇ ਕਾਨੂੰਨੀ ਖਤਰਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਚੌਧਰੀ ਨੇ ਕਿਹਾ ਕਿ ਜਿਵੇਂ ਕਿਸਾਨਾਂ, ਉਦਯੋਗਪਤੀਆਂ ਤੇ ਮਜ਼ਦੂਰਾਂ ਲਈ ਭਲਾਈ ਬੋਰਡ ਬਣਾਏ ਗਏ ਹਨ, ਓਸੇ ਤਰ੍ਹਾਂ ਪੱਤਰਕਾਰਾਂ ਲਈ ਵੀ ਇੱਕ ਖਾਸ ਭਲਾਈ ਬੋਰਡ ਦੀ ਸਥਾਪਨਾ ਹੋਣੀ ਚਾਹੀਦੀ ਹੈ।ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਜਲਦ ਤੋਂ ਜਲਦ ਬੋਰਡ ਦੀ ਘੋਸ਼ਣਾ ਕੀਤੀ ਜਾਵੇ ਤੇ ਮੀਡੀਆ ਪ੍ਰਤੀਨਿਧੀਆਂ ਦੀਆਂ ਰਜਿਸਟਰਡ ਸੰਸਥਾਵਾਂ ਨੂੰ ਮਿਲਾ ਕੇ ਇੱਕ ਨੀਤੀ ਬਣਾਈ ਜਾਵੇ, ਤਾਂ ਜੋ ਇਹ ਪੇਸ਼ਾ ਸਿਰਫ਼ ਜੋਸ਼ ਤੇ ਜਜ਼ਬੇ ਨਹੀਂ, ਸਗੋਂ ਆਰਥਿਕ ਤੇ ਸਮਾਜਿਕ ਸੁਰੱਖਿਆ ਨਾਲ ਵੀ ਜੁੜ ਸਕੇ।ਸ੍ਰੀ ਰਾਜੇਸ਼ਵਰ ਚੌਧਰੀ ਨੇ ਕਿਹਾ ਕਿ ਜੇ ਸਰਕਾਰ ਸੱਚਮੁੱਚ ਪ੍ਰੈੱਸ ਦੀ ਆਜ਼ਾਦੀ ਤੇ ਭੂਮਿਕਾ ਨੂੰ ਮਹੱਤਵ ਦੇਂਦੀ ਹੈ, ਤਾਂ ਪੱਤਰਕਾਰਾਂ ਦੀ ਭਲਾਈ ਲਈ ਇਹ ਕਦਮ ਇਤਿਹਾਸਕ ਸਾਬਿਤ ਹੋਵੇਗਾ।

# ਸ਼ਹੀਦ ਹਰਮਿੰਦਰ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ

## ਵਿਧਾਇਕ ਗੈਰੀ ਬੜਿੰਗ, ਜੀ ਪੀ ਸਮੇਤ ਵੱਡੀ ਗਿਣਤੀ ਸਿਆਸੀ, ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਮੰਡੀ ਗੋਬਿੰਦਗੜ੍ਹ/ਅਮਲੋਹ, (ਪ੍ਰਮੋਦ ਭਾਰਦਵਾਜ)** : ਸ਼੍ਰੀਨਗਰ ਦੇ ਕੁਲਗਾਮ ਜ਼ਿਲ੍ਹੇ ਵਿੱਚ ਸ਼ਹੀਦ ਹੋਏ ਭਾਰਤੀ ਫ਼ੌਜ ਦੇ ਜਾਂਬਾਜ਼ ਸਿਪਾਹੀ ਹਰਮਿੰਦਰ ਸਿੰਘ ਦੀ ਮ੍ਰਿਤਕ ਦੇਹ ਦਾ ਅੱਜ ਉਨ੍ਹਾਂ ਦੇ ਜੱਦੀ ਪਿੰਡ ਬਦੀਨਪੁਰ ਵਿਖੇ ਸਰਕਾਰੀ ਤੇ ਫੌਜੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।ਸ਼ਹੀਦ ਹਰਮਿੰਦਰ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਪਰਿਵਾਰਕ ਮੈਂਬਰਾਂ ਦੇ ਨਾਲ-ਨਾਲ ਹਜ਼ਾਰਾਂ ਲੋਕਾਂ ਨੇ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।ਸ਼ਹੀਦ ਨੂੰ ਫ਼ੌਜੀ ਜਵਾਨਾਂ ਦੀ ਟੁਕੜੀ ਵੱਲੋਂ ਹਥਿਆਰ ਝੁਕਾ ਕੇ ਸਲਾਮੀ ਦਿੱਤੀ ਗਈ, ਜਿਸ ਤੋਂ ਬਾਅਦ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਰਫੋਂ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀ ਤਰਫੋਂ ਉਪ ਮੰਡਲ ਮੈਜਿਸਟਰੇਟ ਅਮਲੋਹ ਚੇਤਨ ਬੰਗੜ, ਪੰਜਾਬ ਪੁਲਸ ਵੱਲੋਂ ਡੀ.ਐੱਸ.ਪੀ. ਗੁਰਦੀਪ ਸਿੰਘ ਦੇ ਨਾਲ ਨਾਲ ਸੀਨੀਅਰ ਆਪ ਆਗੂ ਗੁਰਪ੍ਰੀਤ ਸਿੰਘ ਜੀ ਪੀ, ਜ਼ਿਲ੍ਹਾ ਸੈਨਿਕ ਭਲਾਈ ਵਿਭਾਗ ਦੇ ਕਮਾਂਡਰ ਬਲਜਿੰਦਰ ਸਿੰਘ ਵਿਰਕ, ਭਾਰਤੀ ਫੌਜ ਦੀ 19 ਆਰਮਡ ਰੈਜੀਮੈਂਟ ਦੀ ਤਰਫੋਂ ਲੈਫਟੀਨੈਂਟ ਸੁਮੀਤ ਕੁਮਾਰ ਸਮੇਤ ਵੱਡੀ ਗਿਣਤੀ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ, ਪ੍ਰਸ਼ਾਸਨਕ, ਪੁਲਸ ਤੇ ਫ਼ੌਜ ਦੇ ਅਧਿਕਾਰੀਆਂ ਵੱਲੋਂ ਸ਼ਹੀਦ ਦੀ ਮ੍ਰਿਤਕ ਦੇਹ 'ਤੇ ਰੀਥ ਰੱਖਣ ਦੀ ਰਸਮ ਅਦਾ ਕਰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਮੌਕੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਸ਼ਰਧਾ ਦੇ ਫੁੱਲ ਭੇਟ ਕਰਨ ਮਗਰੋਂ ਕਿਹਾ ਕਿ ਸ਼ਹੀਦ ਹਰਮਿੰਦਰ ਸਿੰਘ ਦੇ ਜਾਣ ਨਾਲ ਪਰਿਵਾਰ ਨੂੰ ਪਿਆ ਘਾਟਾ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਪਰਿਵਾਰ ਦੀ ਹਰ ਸੰਭਵ ਸਹਾਇਤਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦਾਂ ਦੇ ਪਰਿਵਾਰਾਂ ਨੂੰ ਵਿੱਤੀ ਮਦਦ ਵਜੋਂ ਪ੍ਰਦਾਨ ਕੀਤੀ ਜਾਣ ਵਾਲੀ ਇੱਕ ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਵੀ ਜਲਦੀ ਹੀ ਪੀੜਤ ਪਰਿਵਾਰ ਨੂੰ ਸੌਂਪ ਦਿੱਤੀ ਜਾਵੇਗੀ। ਇਸ ਮੌਕੇ ਸਾਬਕਾ ਵਿਧਾਇਕ ਤੇ ਆਪ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਜੀ ਪੀ ਨੇ ਕਿਹਾ ਕਿ ਸ਼ਹੀਦ ਦੇ ਪਰਿਵਾਰ ਤੇ ਪਿੰਡ ਵਾਸੀਆਂ ਨਾਲ ਨਿਰੰਤਰ ਤਾਲਮੇਲ ਰੱਖਿਆ ਜਾਵੇਗਾ ਅਤੇ ਸਰਕਾਰ ਦੀ ਪੌਲਸੀ ਅਨੁਸਾਰ ਸ਼ਹੀਦ ਦੀ ਯਾਦ ਨੂੰ ਸਦੀਵੀ ਬਣਾਉਣ ਲਈ ਢੁੱਕਵੀਂ ਯਾਦਗਾਰ ਬਣਾਈ ਜਾਵੇਗੀ। ਜ਼ਿਕਰਯੋਗ ਹੈ ਕਿ ਸ਼ਹੀਦ ਹਰਮਿੰਦਰ ਸਿੰਘ ਆਪਣੇ ਪਿੱਛੇ ਬਜ਼ੁਰਗ ਮਾਤਾ-ਪਿਤਾ, ਭਰਾ ਤੇ ਦੋ ਭੈਣਾਂ ਛੱਡ ਗਏ ਹਨ।


## ਪਬਲਿਕ ਨੋਟਿਸ

ICICI Bank Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai 400051

### ਸੋਨਾ ਈ-ਨਿਲਾਮੀ ਕਮ ਸੱਦਾ ਨੋਟਿਸ

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 21 ਅਗਸਤ 2025 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ ਬਾਅਦ ਦੁਪਹਿਰ 3.30 ਵਜੇ ਤੱਕ https://jewel-auction.procuretiger.com 'ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬ੍ਰਾਂਚ ਦਾ ਨਾਂਅ : ਅਬੋਹਰ | |
| 189462003934 | ਗੁਰਪ੍ਰੀਤਮ ਸਿੰਘ |
| 189462004754 | ਅਰੁਨਪ੍ਰੀਤ ਸਿੰਘ |
| 189462004523 | ਮਨਜੀਤ ਸਿੰਘ |
| ਬ੍ਰਾਂਚ ਦਾ ਨਾਂਅ : ਅਹਿਮਦਗੜ੍ਹ | |
| 096862004540 | ਮਨਦੀਪ ਕੌਰ |
| ਬ੍ਰਾਂਚ ਦਾ ਨਾਂਅ : ਅਜਨਾਲਾ | |
| 108357000274 | ਜਗਪ੍ਰੀਤ ਸਿੰਘ |
| ਬ੍ਰਾਂਚ ਦਾ ਨਾਂਅ : ਅਮਰਗੜ੍ਹ | |
| 381162000529 | ਪੂਨਮ ਜੋਤੀ |
| ਬ੍ਰਾਂਚ ਦਾ ਨਾਂਅ : ਅੰਮ੍ਰਿਤਸਰ-ਏਅਰਪੋਰਟ ਰੋਡ | |
| 366662000932 | ਮੋਨੀਕਾ ਵਾਲੀਆ |
| ਬ੍ਰਾਂਚ ਦਾ ਨਾਂਅ : ਅੰਮ੍ਰਿਤਸਰ-ਸਰਕੂਲਰ ਰੋਡ | |
| 574957000020 | ਰਾਜੀਵ ਮਹਿਰਾ |
| ਬ੍ਰਾਂਚ ਦਾ ਨਾਂਅ : ਅੰਮ੍ਰਿਤਸਰ-ਈਸਟ ਮੋਹਨ ਨਗਰ | |
| 189362001678 | ਬਿੰਦੂ ਬਿੰਦੂ |
| 189362001804 | ਕਵਲਜੀਤ ਕੌਰ |
| ਬ੍ਰਾਂਚ ਦਾ ਨਾਂਅ : ਅੰਮ੍ਰਿਤਸਰ-ਨਾਂਗਲੀ | |
| 833462000004 | ਜਸਕਰਨ ਸਿੰਘ |
| ਬ੍ਰਾਂਚ ਦਾ ਨਾਂਅ : ਅੰਮ੍ਰਿਤਸਰ-ਰਣਜੀਤ ਐਵੇਨਿਊ | |
| 060862001216 | ਰਣਜੀਤ ਸਿੰਘ |
| ਬ੍ਰਾਂਚ ਦਾ ਨਾਂਅ : ਅਰਨੀਵਾਲਾ ਸ਼ੇਖ ਸੁਭਾਨ | |
| 411962001059 | ਭੂਰੇ ਲਾਲ |
| 411962002369 | ਗੁਰਮੀਤ ਕੌਰ |
| 411962004054 | ਗੁਰਬਿੰਦਰ ਸਿੰਘ |
| ਬ੍ਰਾਂਚ ਦਾ ਨਾਂਅ : ਬਾਘਾ ਪੁਰਾਣਾ | |
| 278862002286 | ਅਮਨ ਵਿੱਕੀ |
| ਬ੍ਰਾਂਚ ਦਾ ਨਾਂਅ : ਬੰਗਾ | |
| 152062001320 | ਨਰਿੰਦਰ ਸਿੰਘ |
| ਬ੍ਰਾਂਚ ਦਾ ਨਾਂਅ : ਬਰੇਟਾ | |
| 382362001727 | ਗੁਰਦੀਪ ਸਿੰਘ |
| ਬ੍ਰਾਂਚ ਦਾ ਨਾਂਅ : ਬਠਿੰਡਾ-ਅਰਬਨ ਅਸਟੇਟ | |
| 578162000043 | ਮੰਜੂ ਵਰਮਾ |
| 578162000044 | ਮੰਜੂ ਵਰਮਾ |
| ਬ੍ਰਾਂਚ ਦਾ ਨਾਂਅ : ਭਾਦਸੋਂ | |
| 400562000593 | ਮੱਘਰ ਸਿੰਘ |
| 400562001606 | ਜਸਪਾਲ ਸਿੰਘ |
| ਬ੍ਰਾਂਚ ਦਾ ਨਾਂਅ : ਭਗਤਾ | |
| 372862002025 | ਜਗਤਾਰ ਸਿੰਘ |
| 372862002042 | ਰਾਜਵਿੰਦਰਜੀਤ ਸਿੰਘ |
| ਬ੍ਰਾਂਚ ਦਾ ਨਾਂਅ : ਭੀਖੀ | |
| 381962001556 | ਗੁਰਸ਼ਰਨ ਸਿੰਘ |
| 381962002222 | ਮਨਜੀਤ ਕੌਰ |
| 381962002322 | ਗੁਰਵਿੰਦਰ ਸਿੰਘ |
| ਬ੍ਰਾਂਚ ਦਾ ਨਾਂਅ : ਭੋਗਪੁਰ | |
| 374562000483 | ਮਨਪ੍ਰੀਤ ਕੌਰ |
| 374562000548 | ਪ੍ਰੇਮ ਪਾਲ |
| ਬ੍ਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 22 | |
| 341562000799 | ਆਰ ਐਂਡ ਜੀ ਸਰਵਿਸਿਜ਼ |
| ਬ੍ਰਾਂਚ ਦਾ ਨਾਂਅ : ਚੰਡੀਗੜ੍ਹ-ਮਨੀਮਾਜਰਾ | |
| 036262004519 | ਦੀਪਕ ਸਿੰਘ |
| ਬ੍ਰਾਂਚ ਦਾ ਨਾਂਅ : ਚੰਡੀਗੜ੍ਹ-ਮਨੀਮਾਜਰਾ ਪਿਪਲੀਵਾਲਾ | |
| 552462000028 | ਨਰਿੰਦਰ ਕੁਮਾਰ |
| ਬ੍ਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 26 | |
| 134257000028 | ਅਜੀਤ ਕੁਮਾਰ ਮੰਡਲ |
| ਬ੍ਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 9 ਸੀ | |
| 001362014459 | ਗੁਰਮੁਖ ਸਿੰਘ |
| ਬ੍ਰਾਂਚ ਦਾ ਨਾਂਅ : ਚੋਗਾਵਾਂ | |
| 380262002997 | ਮਨਪ੍ਰੀਤ ਸਿੰਘ |
| 380262003020 | ਬਸੰਤ ਸਿੰਘ |
| ਬ੍ਰਾਂਚ ਦਾ ਨਾਂਅ : ਦਸੂਹਾ, ਪੰਜਾਬ | |
| 357562001674 | ਭਾਨੂ ਪ੍ਰਤਾਪ ਸਿੰਘ |
| ਬ੍ਰਾਂਚ ਦਾ ਨਾਂਅ : ਡੇਰਾਬੱਸੀ | |
| 096762004169 | ਗੁਰਬਾਗ ਸਿੰਘ ਸੈਣੀ |
| 096762004156 | ਵਿਕਾਸ ਖਿੰਡਾ |
| ਬ੍ਰਾਂਚ ਦਾ ਨਾਂਅ : ਢਿਲਵਾਂ | |
| 767162000155 | ਗੁਰਦੀਪ ਸਿੰਘ |
| ਬ੍ਰਾਂਚ ਦਾ ਨਾਂਅ : ਧਰਮਕੋਟ, ਪੰਜਾਬ | |
| 356262002211 | ਗੁਰਚਰਨ ਸਿੰਘ |
| ਬ੍ਰਾਂਚ ਦਾ ਨਾਂਅ : ਦੀਨਾਨਗਰ, ਪੰਜਾਬ | |
| 355962001918 | ਪ੍ਰਦੀਪ ਕੁਮਾਰ |
| 355962002656 | ਸੰਜੀਵ ਕੁਮਾਰ |
| ਬ੍ਰਾਂਚ ਦਾ ਨਾਂਅ : ਦੋਰਾਹਾ | |
| 078762002698 | ਹਰਪ੍ਰੀਤ ਸਿੰਘ |
| ਬ੍ਰਾਂਚ ਦਾ ਨਾਂਅ : ਫਰੀਦਕੋਟ | |
| 078362002620 | ਮਨਜੀਤ ਸਿੰਘ |
| 078362003491 | ਪੰਕਜ ਜੈਨ |
| 078362003567 | ਪਰਮਿੰਦਰ ਕੌਰ |
| ਬ੍ਰਾਂਚ ਦਾ ਨਾਂਅ : ਫਿਰੋਜ਼ਪੁਰ | |
| 044862004740 | ਸਰਿਤਾ ਸਰਿਤਾ |
| ਬ੍ਰਾਂਚ ਦਾ ਨਾਂਅ : ਗੜ੍ਹਸ਼ੰਕਰ | |
| 150962001651 | ਮਨਜੀਤ ਸਿੰਘ |
| 150962001656 | ਭੂਸ਼ਨ ਕੁਮਾਰ |
| ਬ੍ਰਾਂਚ ਦਾ ਨਾਂਅ : ਗਿੱਦੜਬਾਹਾ | |
| 199962004453 | ਗੁਰਮੀਤ ਸਿੰਘ |
| ਬ੍ਰਾਂਚ ਦਾ ਨਾਂਅ : ਗੋਨਿਆਣਾ ਮੰਡੀ | |
| 380362001394 | ਦਵਿੰਦਰ ਸਿੰਘ |
| 380362002623 | ਵੀਰਪਾਲ ਦੇਵੀ |
| ਬ੍ਰਾਂਚ ਦਾ ਨਾਂਅ : ਗੁਰਾਇਆ | |
| 210362000773 | ਜਸਪ੍ਰੀਤ ਕੌਰ |
| ਬ੍ਰਾਂਚ ਦਾ ਨਾਂਅ : ਗੁਰਦਾਸਪੁਰ | |
| 050162004162 | ਸਤਨਾਮ ਸਿੰਘ |
| 050162004606 | ਬਲਜਿੰਦਰ ਕੌਰ |
| 050162004608 | ਸ਼ੁਭਦੀਪ ਕੌਰ |
| ਬ੍ਰਾਂਚ ਦਾ ਨਾਂਅ : ਹੁਸ਼ਿਆਰਪੁਰ | |
| 023662001679 | ਗੁਰਦੇਵ ਸਿੰਘ ਸੈਣੀ |
| ਬ੍ਰਾਂਚ ਦਾ ਨਾਂਅ : ਜਗਰਾਓਂ | |
| 087962002239 | ਜਸਵਿੰਦਰ ਸਿੰਘ ਯਾਦਵ |
| 087962002274 | ਸੁਖਦੀਪ ਸਿੰਘ |
| ਬ੍ਰਾਂਚ ਦਾ ਨਾਂਅ : ਜਲਾਲਾਬਾਦ | |
| 211862006086 | ਬਲਵਿੰਦਰ ਸਿੰਘ |
| ਬ੍ਰਾਂਚ ਦਾ ਨਾਂਅ : ਜਲੰਧਰ-ਰਾਮਾਂ ਮੰਡੀ | |
| 217662000982 | ਨਵੀਨ ਤਿਵਾੜੀ |
| ਬ੍ਰਾਂਚ ਦਾ ਨਾਂਅ : ਜਲੰਧਰ-ਇੰਡਸਟਰੀਅਲ ਏਰੀਆ | |
| 246762000281 | ਸਰਬਜੀਤ ਕੌਰ |
| ਬ੍ਰਾਂਚ ਦਾ ਨਾਂਅ : ਜਲੰਧਰ-ਨਕੋਦਰ | |
| 008062003167 | ਸਰਬਜੀਤ ਸਿੰਘ |
| ਬ੍ਰਾਂਚ ਦਾ ਨਾਂਅ : ਕਾਲਾ ਸੰਘਿਆਂ | |
| 548562000020 | ਸੰਦੀਪ ਕੌਰ |
| ਬ੍ਰਾਂਚ ਦਾ ਨਾਂਅ : ਕਲਾਨੌਰ, ਪੰਜਾਬ | |
| 357462002887 | ਸੁਖਵਿੰਦਰ ਸਿੰਘ |
| 357457000227 | ਜਗਦੀਪ ਕੁਮਾਰ |
| ਬ੍ਰਾਂਚ ਦਾ ਨਾਂਅ : ਕਪੂਰਥਲਾ | |
| 044962003217 | ਮੱਖਣ ਸਿੰਘ |
| ਬ੍ਰਾਂਚ ਦਾ ਨਾਂਅ : ਕਪੂਰਥਲਾ-ਸੁਲਤਾਨਪੁਰ ਰੋਡ | |
| 189557000088 | ਮਨਦੀਪ ਕੌਰ |
| ਬ੍ਰਾਂਚ ਦਾ ਨਾਂਅ : ਖਮਾਣੋਂ | |
| 199462002631 | ਗੁਰਮੁਖ ਸਿੰਘ |
| 199462002140 | ਕੁਲਵੀਰ ਸਿੰਘ |
| ਬ੍ਰਾਂਚ ਦਾ ਨਾਂਅ : ਖਨੌਰੀ, ਪੰਜਾਬ | |
| 356162002630 | ਰਣਜੋਧ ਸਿੰਘ |
| ਬ੍ਰਾਂਚ ਦਾ ਨਾਂਅ : ਖੰਨਾ | |
| 040262003327 | ਗੁਰਮੀਤ ਸਿੰਘ |
| ਬ੍ਰਾਂਚ ਦਾ ਨਾਂਅ : ਖਰੜ | |
| 079162003082 | ਸੁਮਿਤ ਕੁਮਾਰ |
| 079162002706 | ਸੁਮਿਤ ਕੁਮਾਰ |
| 079162003279 | ਅਸ਼ਵਨੀਸ ਸ਼ਰਮਾ |
| 079162003635 | ਸ਼ੀਤਲ ਸ਼ਰਮਾ |
| ਬ੍ਰਾਂਚ ਦਾ ਨਾਂਅ : ਕੁਰਾਲੀ | |
| 152462003318 | ਗਗਨਦੀਪ ਸਿੰਘ |
| ਬ੍ਰਾਂਚ ਦਾ ਨਾਂਅ : ਲੋਹੀਆਂ ਖਾਸ | |
| 374862000479 | ਜਗੀਰ ਸਿੰਘ |
| ਬ੍ਰਾਂਚ ਦਾ ਨਾਂਅ : ਲੁਧਿਆਣਾ-ਭਦੌੜ ਕੇ ਰੋਡ | |
| 366262000754 | ਮਨੂਲਾ ਸ਼ੇਖ |
| ਬ੍ਰਾਂਚ ਦਾ ਨਾਂਅ : ਲੁਧਿਆਣਾ-ਬਾਈਪਾਸ | |
| 096662001597 | ਵਿਸ਼ਾਲ ਕਵਾਤੜਾ |
| ਬ੍ਰਾਂਚ ਦਾ ਨਾਂਅ : ਲੁਧਿਆਣਾ-ਦੁੱਗਰੀ | |
| 151562001768 | ਗਜਨੀਤ ਸਿੰਘ |
| ਬ੍ਰਾਂਚ ਦਾ ਨਾਂਅ : ਮਾਹਿਲਪੁਰ | |
| 374062000431 | ਗੁਰਦਿਆਲ ਸਿੰਘ |
| ਬ੍ਰਾਂਚ ਦਾ ਨਾਂਅ : ਮਲੇਰਕੋਟਲਾ | |
| 249662002275 | ਅਨੀਸ ਅਨੀਸ |
| ਬ੍ਰਾਂਚ ਦਾ ਨਾਂਅ : ਮਲੌਦ | |
| 397962001008 | ਰੇਸ਼ਮ ਕੌਰ |
| ਬ੍ਰਾਂਚ ਦਾ ਨਾਂਅ : ਮਲੌਟ | |
| 151962002675 | ਰਣਜੀਤ ਸਿੰਘ |
| 151962004859 | ਵਿਕਰਮਜੀਤ ਸਿੰਘ |
| ਬ੍ਰਾਂਚ ਦਾ ਨਾਂਅ : ਮਾਨਸਾ | |
| 044662001910 | ਸੁਰਜੀਤ ਸਿੰਘ |
| 044662004937 | ਰਾਜਵਿੰਦਰ ਕੌਰ |
| 044662005620 | ਮਨਪ੍ਰੀਤ ਕੌਰ |
| ਬ੍ਰਾਂਚ ਦਾ ਨਾਂਅ : ਮੋਗਾ-ਪ੍ਰਤਾਪ ਰੋਡ | |
| 659962601201 | ਮਨਦੀਪ ਸਿੰਘ |
| ਬ੍ਰਾਂਚ ਦਾ ਨਾਂਅ : ਮੋਹਾਲੀ-ਫੇਜ਼ 3 ਬੀ 2 | |
| 403062000797 | ਰਿਸ਼ਭ ਚਾਨਾ |
| ਬ੍ਰਾਂਚ ਦਾ ਨਾਂਅ : ਮੋਹਾਲੀ-ਸੈਕਟਰ 70 | |
| 167557000011 | ਅਨਿਲ ਕੁਮਾਰ |
| 167557000012 | ਦਲਜੀਤ ਕੌਰ |
| ਬ੍ਰਾਂਚ ਦਾ ਨਾਂਅ : ਮੋਰਿੰਡਾ, ਪੰਜਾਬ | |
| 358257000035 | ਵਰਿੰਦਰ ਸਿੰਘ |
| 358262002033 | ਰਸ਼ਪਾਲ ਸਿੰਘ |
| ਬ੍ਰਾਂਚ ਦਾ ਨਾਂਅ : ਮੁੱਲਾਂਪੁਰ ਦਾਖਾ | |
| 151662003222 | ਗੁਰਮੀਤ ਕੌਰ |
| 151662003520 | ਜਸਵਿੰਦਰ ਸਿੰਘ |
| 151662003523 | ਜਸਵਿੰਦਰ ਸਿੰਘ |
| ਬ੍ਰਾਂਚ ਦਾ ਨਾਂਅ : ਨਾਭਾ | |
| 078962001830 | ਜਗਵੀਰ ਸਿੰਘ |
| ਬ੍ਰਾਂਚ ਦਾ ਨਾਂਅ : ਨੰਗਲ | |
| 152362001938 | ਗੀਤਾ ਗੀਤਾ |
| 152362002437 | ਜਗੀਰ ਕੌਰ |
| ਬ੍ਰਾਂਚ ਦਾ ਨਾਂਅ : ਪਟਿਆਲਾ-ਲੀਲਾ ਭਵਨ | |
| 016257000222 | ਸੁਖਜੀਵਨ ਸਿੰਘ |
| ਬ੍ਰਾਂਚ ਦਾ ਨਾਂਅ : ਪੱਟੀ | |
| 150557000069 | ਲਵਪ੍ਰੀਤ ਸਿੰਘ |
| ਬ੍ਰਾਂਚ ਦਾ ਨਾਂਅ : ਪੱਟੀ-ਸਾਂਦਲ ਮਹਿਰਾਜ | |
| 435662001556 | ਢਾਲਾ ਸਿੰਘ |
| ਬ੍ਰਾਂਚ ਦਾ ਨਾਂਅ : ਫਗਵਾੜਾ-ਹੁਸ਼ਿਆਰਪੁਰ ਰੋਡ | |
| 373962000276 | ਜੀਵਨ ਜੀਵਨ |
| ਬ੍ਰਾਂਚ ਦਾ ਨਾਂਅ : ਰਾਏਕੋਟ | |
| 201762003249 | ਬਠਿੰਡਾ ਸਿੰਘ ਚਾਹਲ |
| 201762003108 | ਸੁਖਵਿੰਦਰ ਕੌਰ |
| ਬ੍ਰਾਂਚ ਦਾ ਨਾਂਅ : ਰਾਜਪੁਰਾ | |
| 047762006777 | ਅਮਨਦੀਪ ਸਿੰਘ |
| ਬ੍ਰਾਂਚ ਦਾ ਨਾਂਅ : ਰਾਮਪੁਰਾ ਫੂਲ, ਪੰਜਾਬ | |
| 355562001842 | ਬੂਟਾ ਸਿੰਘ |
| ਬ੍ਰਾਂਚ ਦਾ ਨਾਂਅ : ਰਈਆ | |
| 214362002639 | ਸੰਦੀਪ ਸਿੰਘ |
| 214362003975 | ਪ੍ਰਭਦਿਆਲ ਸਿੰਘ |
| ਬ੍ਰਾਂਚ ਦਾ ਨਾਂਅ : ਰੋਪੜ | |
| 055357000048 | ਗੁਰਮੀਤ ਸਿੰਘ |
| 055362001488 | ਬਲਵਿੰਦਰ ਸਿੰਘ |
| ਬ੍ਰਾਂਚ ਦਾ ਨਾਂਅ : ਸਾਦਿਕ, ਪੰਜਾਬ | |
| 357162005227 | ਹੰਸ ਰਾਜ |
| 357162006820 | ਦੀਪਕ ਕੁਮਾਰ |
| ਬ੍ਰਾਂਚ ਦਾ ਨਾਂਅ : ਸਾਹਨੇਵਾਲ | |
| 151762000739 | ਜਗਦੇਵ ਸਿੰਘ |
| ਬ੍ਰਾਂਚ ਦਾ ਨਾਂਅ : ਸਮਾਣਾ | |
| 152162003001 | ਸੋਨੀ ਸਿੰਘ |
| ਬ੍ਰਾਂਚ ਦਾ ਨਾਂਅ : ਸੰਗਤ | |
| 383562002489 | ਕਿਰਨਜੀਤ ਕੌਰ |
| ਬ੍ਰਾਂਚ ਦਾ ਨਾਂਅ : ਸੰਗਰੂਰ | |
| 029362004011 | ਜੋਨੀ ਜੋਨੀ |
| 029362004015 | ਪ੍ਰਵੀਣ ਕੁਮਾਰ |
| ਬ੍ਰਾਂਚ ਦਾ ਨਾਂਅ : ਸ਼ਾਹਕੋਟ | |
| 216662001708 | ਅਸ਼ੋਕ ਕੁਮਾਰ |
| ਬ੍ਰਾਂਚ ਦਾ ਨਾਂਅ : ਸਿੱਧਵਾਂ ਬੇਟ | |
| 398062000723 | ਬਲਜਿੰਦਰ ਸਿੰਘ |
| ਬ੍ਰਾਂਚ ਦਾ ਨਾਂਅ : ਸੂਲਰ ਘਰਾਟ, ਪੰਜਾਬ | |
| 356362002172 | ਗੁਰਪ੍ਰੀਤ ਕੌਰ |
| ਬ੍ਰਾਂਚ ਦਾ ਨਾਂਅ : ਸੁਲਤਾਨਪੁਰ ਲੋਧੀ | |
| 272462001585 | ਰਣਜੀਤ ਸਿੰਘ |
| 272462001605 | ਬਲਵਿੰਦਰ ਕੌਰ |
| ਬ੍ਰਾਂਚ ਦਾ ਨਾਂਅ : ਸੁਨਾਮ | |
| 152662003869 | ਜਗਤਾਰ ਸਿੰਘ |
| 152662005339 | ਗੌਰਵਦੀਪ ਸਿੰਘ |
| 152662005015 | ਗੁਰਤੇਜ ਸਿੰਘ |
| ਬ੍ਰਾਂਚ ਦਾ ਨਾਂਅ : ਤਲਵੰਡੀ ਸਾਬੋ | |
| 150762006286 | ਗੁਰਮੀਤ ਸਿੰਘ |
| ਬ੍ਰਾਂਚ ਦਾ ਨਾਂਅ : ਜ਼ੀਰਕਪੁਰ | |
| 050762004419 | ਪਰਮਜੀਤ ਸਿੰਘ |
| ਬ੍ਰਾਂਚ ਦਾ ਨਾਂਅ : ਚੰਡੀਗੜ੍ਹ-ਮਨੀਮਾਜਰਾ ਪਿਪਲੀਵਾਲਾ | |
| 552462000028 | ਨਰਿੰਦਰ ਕੁਮਾਰ |
| ਬ੍ਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 9 ਸੀ | |
| 001362014459 | ਗੁਰਮੁਖ ਸਿੰਘ |
| ਬ੍ਰਾਂਚ ਦਾ ਨਾਂਅ : ਜਾਖਲ, ਹਰਿਆਣਾ | |
| 356562001618 | ਬੂਟਾ ਸਿੰਘ |
| ਬ੍ਰਾਂਚ ਦਾ ਨਾਂਅ : ਮੋਹਾਲੀ ਸੈਕਟਰ 70 | |
| 167557000011 | ਅਨੀਲ ਕੁਮਾਰ |

ਮਿਤੀ : 11.08.2025
ਸਥਾਨ : ਚੰਡੀਗੜ੍ਹ, ਲੁਧਿਆਣਾ, ਮਲੇਰਕੋਟਲਾ, ਮਾਨਸਾ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ, ਅੰਮ੍ਰਿਤਸਰ, ਬਠਿੰਡਾ, ਫਰੀਦਕੋਟ, ਫਤਹਿਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮੋਗਾ, ਫਿਰੋਜ਼ਪੁਰ, ਮੁਕਤਸਰ, ਤਰਨ ਤਾਰਨ, ਰੂਪਨਗਰ, ਮੋਹਾਲੀ, ਸੰਗਰੂਰ

ਸਹੀ/- ਅਧਿਕਾਰਤ ਅਫ਼ਸਰ
ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਿਟਿਡ



## ☞ ਯਾਤਰੀਗਣ ਕਿਰਪਾ ਕਰਕੇ ਧਿਆਨ ਦੇਣ ☜

### ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਅਤੇ ਅੰਮ੍ਰਿਤਸਰ ਰੇਲਵੇ ਸਟੇਸ਼ਨਾਂ ਦੇ ਵਿਚ ਨਵੀਂ ਵੰਦੇ ਭਾਰਤ ਐਕਸਪ੍ਰੈਸ ਟ੍ਰੇਨ ਸੇਵਾ ਦਾ ਸ਼ੁਭਾਰੰਭ

ਸਾਰੇ ਰੇਲਯਾਤਰੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੇਲਵੇ ਨੇ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ – ਅੰਮ੍ਰਿਤਸਰ – ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਦੇ ਵਿਚ **ਵੰਦੇ ਭਾਰਤ** ਟ੍ਰੇਨ ਸੇਵਾ ਸ਼ੁਰੂ ਕਰਨ ਦਾ ਫੈਸਲਾ ਲਿਆ ਹੈ। ਇਸ ਰੇਲ ਸੇਵਾ ਦਾ ਉਦਘਾਟਨ (ਇਕ ਤਰਫਾ ਫੇਰਾ) ਮਿਤੀ 10.08.2025 ਨੂੰ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਸਟੇਸ਼ਨ ਤੋਂ ਗੱਡੀ ਨੰਬਰ 02406 ਦੇ ਰੂਪ ਵਿਚ ਕੀਤਾ ਜਾਵੇਗਾ। ਉਦਘਾਟਨ ਸੇਵਾ ਦੀ ਵਿਸਤ੍ਰਿਤ ਸਮੇਂ-ਸਾਰਣੀ ਹੇਠਾਂ ਅਨੁਸਾਰ ਹੋਵੇਗੀ:-

ਉਦਘਾਟਨ ਯਾਤਰਾ ਦਾ ਟਾਈਮ – ਟੇਬਲ

| ਸਟੇਸ਼ਨ | ਗੱਡੀ ਨੰ.02406 ਪਹੁੰਚ | ਗੱਡੀ ਨੰ.02406 ਰਵਾਨਗੀ |
|---|---|---|
| ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ | --- | 10:50 |
| ਜੰਮੂ ਤਵੀ | 12:15 | 12:20 |
| ਪਠਾਨਕੋਟ ਕੈਂਟ | 13:50 | 13:55 |
| ਜਲੰਧਰ ਸਿਟੀ | 15:25 | 15:30 |
| ਬਿਆਸ | 16:00 | 16:05 |
| ਅੰਮ੍ਰਿਤਸਰ | 17:00 | --- |

ਇਹ ਵੰਦੇ ਭਾਰਤ ਟ੍ਰੇਨ ਹੇਠਾਂ ਲਿਖਤ ਵੇਰਵੇ ਦੇ ਅਨੁਸਾਰ ਮਿਤੀ 11.08.2025 ਨੂੰ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਅਤੇ ਅੰਮ੍ਰਿਤਸਰ ਜੰ. ਤੋਂ ਆਪਣੀ ਰੈਗੂਲਰ ਸੇਵਾ ਸ਼ੁਰੂ ਕਰੇਗੀ:-

26406/26405 ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ – ਅੰਮ੍ਰਿਤਸਰ ਜੰ. – ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ

| ਗੱਡੀ ਨੰ. 26406 ਪਹੁੰਚ | ਗੱਡੀ ਨੰ. 26406 ਰਵਾਨਗੀ | ਸਟੇਸ਼ਨ | ਗੱਡੀ ਨੰ. 26405 ਪਹੁੰਚ | ਗੱਡੀ ਨੰ. 26405 ਰਵਾਨਗੀ |
|---|---|---|---|---|
| --- | 06:40 | ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ | 22:00 | — |
| 08:03 | 08:05 | ਜੰਮੂ ਤਵੀ | 20:26 | 20:28 |
| 09:28 | 09:30 | ਪਠਾਨਕੋਟ ਕੈਂਟ. | 19:01 | 19:03 |
| 11:01 | 11:03 | ਜਲੰਧਰ ਸਿਟੀ | 17:31 | 17:33 |
| 11:30 | 11:32 | ਬਿਆਸ | 16:53 | 16:55 |
| 12:20 | --- | ਅੰਮ੍ਰਿਤਸਰ ਜੰ. | --- | 16:25 |

ਚੱਲਣ ਦੇ ਦਿਨ: 26406 ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਤੋਂ ਅਤੇ 26405 ਅੰਮ੍ਰਿਤਸਰ ਜੰ. ਤੋਂ ਮਿਤੀ 11.08.2025 ਤੋਂ ਸਪਤਾਹ ਵਿਚ ਛੇ ਦਿਨ ਮੰਗਲਵਾਰ ਨੂੰ ਛੱਡ ਕੇ।
ਜੁਗ੍ਹ: ਏਸੀ. ਚੇਅਰਕਾਰ ਅਤੇ ਐਗਜ਼ੀਕਯੂਟੀਵ ਚੇਅਰਕਾਰ

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੇ ਵੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ.139 'ਤੇ ਸੰਪਰਕ ਕਰਨ ਜਾਂ ਭਾਰਤੀਯ ਰੇਲ ਦੀ ਵੈਬਸਾਈਟ https://enquiry.indianrail.gov.in ਜਾਂ NTES ਐਪ ਵੇਖਣ।

'ਤੇ ਸਾਨੂੰ ਫਾਲੋ ਕਰੋ
ਉੱਤਰ ਰੇਲਵੇ
ਤੁਹਾਡੀ ਸੁਵਿਧਾ – ਸਾਡਾ ਲਕਸ਼
ਸਾਨੂੰ www.nr.indianrailways.gov.in 'ਤੇ ਮਿਲੋ
2442/2025
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਕਲਾਸੀਫਾਈਡ ਇਸ਼ਤਿਹਾਰ

## Change of Name

I Rajinder Kumar Sharma S/o Sh. Devi Dass resident of 356/19 Shri Ram Colony Civil Lines, Gurdaspur have changed my name from Rajinder Kumar Sharma to Rajinder Kumar concerned note please.

I, Sarbjit S/o Sucha Ram R/o Vill. Sailkiana, PO. Dayalpur, Tehsil Phillaur, Distt. Jalandhar, Punjab have changed my name from Sarbjit to Sarbjit Banger. All concerned please note.

I Akashdeep S/o Sh. Naresh Kumar R/o Kot Sadiq, Kala Sangha road, Basti Guzan, Jalandhar Punjab India have changed my name from Akashdeep to Akashdeep Deep (Deep is my Surname). Please note.

I, Aman Dalia s/o Om Parkash r/o 155, Lane No.1, Near MS Farm, Paras Estate, Jalandhar have changed my minor daughter name from Kavya to Kavya Dalia. All Please Note.

I, Arshdeep Kaur W/o Gurdev Singh Sidhu R/o Vill. Basram Pur, Distt. Jalandhar have changed my name from Arshdeep Kaur to Arshdeep Kaur Sidhu, after marriage. All Please Note.

## Change of Name

I, Sanjiven Kumar S/o Lachhman Dass R/o VPO. Palli Jhikki, Teh .Nawanshahr, Distt. SBS Nagar, Punjab have spelling correction in my name from Sanjiven Kumar to Sanjivan Kumar. All Please Note.

I, Lachhmam Dass S/o Bakhshi R/o VPO. Palli Jhikki, Teh .Nawanshahr, Distt. SBS Nagar, Punjab have spelling correction in my name from Lachhmam Dass to Lachhman Dass. All Please Note.

I, Ramandeep Jakhu S/o Shahu Ram R/o VPO. Dhesian Kahna, Teh .Phillaur, Distt. Jalandhar, Punjab have changed my name to Given name as Ramandeep & Surname as Jakhu.

I, Gurthirth Singh S/o Harbans Singh R/o VPO. Gunachaur, Teh .Banga, Distt. SBS Nagar, Punjab have spelling correction in my name from Gurthirth Singh to Gurtirath Singh.

I, Jyoti Bala W/o Gopal Singh R/o VPO. Dhaliwal Bet, Distt. Kapurthala, Punjab have changed my name to Given name as Jyoti & Surname as Bala.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਅਸੀਂ ਸੁਰਜੀਤ ਸਿੰਘ ਪੁੱਤਰ ਸੁਰਨ ਸਿੰਘ ਅਤੇ ਮਨਜੀਤ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਪਿੰਡ ਨੂਰਪੁਰ ਦੋਨਾ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡਾ ਲੜਕਾ ਜਗਜੀਤ ਸਿੰਘ ਅਤੇ ਨੂੰਹ ਮਿਨਾਕਸ਼ੀ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਆਪਣੇ ਲੜਕੇ ਜਗਜੀਤ ਸਿੰਘ, ਨੂੰਹ ਮਿਨਾਕਸ਼ੀ ਅਤੇ ਪੋਤੀ ਮਨਸ਼ੀਸ਼ ਕੌਰ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।


# ਲੈਂਡ ਪੂਲਿੰਗ ਖ਼ਿਲਾਫ਼ ਮੀਟਿੰਗ 27 ਨੂੰ ਪੰਜ ਭੈਣੀਆਂ 'ਚ : ਲੱਖੋਵਾਲ



**ਸਮਰਾਲਾ, (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਅਤੇ ਅਵਤਾਰ ਸਿੰਘ ਮੇਹਲੋਂ ਸਰਪ੍ਰਸਤ ਪੰਜਾਬ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ 21 ਹਜ਼ਾਰ ਏਕੜ ਵਿੱਚ ਨਵਾਂ ਇੰਡਸਟਰੀਅਲ ਏਰੀਆ ਬਣਾਉਣ ਲਈ ਜ਼ਮੀਨ ਐਕਵਾਇਰ ਕੀਤੀ ਜਾ ਰਹੀ ਹੈ। ਜਿਸ ਦਾ ਨੋਟੀਫਿਕੇਸ਼ਨ ਵੀ ਥੋੜ੍ਹੇ ਦਿਨਾਂ ਅੰਦਰ ਆ ਜਾਵੇਗਾ। ਇਸ ਨਵੀਂ ਨੀਤੀ ਅਨੁਸਾਰ ਹੁਣ ਜ਼ਮੀਨ ਦੇ ਮਾਲਕਾਂ ਨੂੰ ਕੋਈ ਪੈਸਾ ਸਰਕਾਰ ਵੱਲੋਂ ਨਹੀਂ ਦਿੱਤਾ ਜਾਵੇਗਾ। ਸਿਰਫ਼ ਇੱਕ ਪਲਾਟ ਜੋ ਕੀਲੇ ਦਾ ਚੌਥਾ ਹਿੱਸਾ ਬਣਦਾ ਹੈ ਕਿਸਾਨ ਨੂੰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਜ਼ਮੀਨਾਂ ਨੂੰ ਡਿਵੈਲਪ ਕਰਨ ਲਈ ਘੱਟੋ ਘੱਟ 20 ਤੋਂ 50 ਸਾਲ ਦਾ ਸਮਾਂ ਲੱਗ ਜਾਵੇਗਾ। ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ ਜ਼ਮੀਨ ਮਾਲਕ ਨਾ ਤਾਂ ਇਸ ਨੂੰ ਵੇਚ ਸਕੇਗਾ ਤੇ ਨਾ ਹੀ ਕੋਈ ਕਰਜ਼ਾ, ਬੈਂਕ ਲਿਮਟ ਇਸ ਜ਼ਮੀਨ 'ਤੇ ਲੈ ਸਕੇਗਾ ਅਤੇ ਨਾ ਹੀ ਇਹ ਜ਼ਮੀਨ ਵੇਚੀ ਜਾ ਸਕੇਗੀ ਤੇ ਕੋਈ ਵੀ ਉਸਾਰੀ ਕਰਨ ਦੀ ਵੀ ਪੂਰੀ ਮਨਾਹੀ ਹੋਵੇਗੀ।ਲੱਖੋਵਾਲ ਨੇ ਕਿਹਾ ਮਸਲੇ 'ਤੇ ਵਿਚਾਰ ਕਰਨ ਲਈ ਇਲਾਕੇ ਦੇ ਲੋਕਾਂ ਨਾਲ 27 ਅਗਸਤ ਨੂੰ ਗੁਰਦੁਆਰਾ ਸਾਹਿਬ ਪੰਜ ਭੈਣੀਆਂ ਵਿਖੇ ਮੀਟਿੰਗ ਰੱਖੀ ਗਈ ਹੈ। ਜਿਸ ਵਿਚ ਸਰਕਾਰ ਦੇ ਫੈਸਲੇ ਵਿਰੁੱਧ ਕਿਸਾਨ ਲਾਮਬੰਦੀ ਅਤੇ ਸੰਘਰਸ਼ ਦੀ ਰਣਨੀਤੀ ਬਾਰੇ ਵਿਚਾਰਾਂ ਕੀਤੀਆਂ ਜਾਣਗੀਆਂ। ਉਹਨਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸਾਨ ਵਿਰੋਧੀ ਫੈਸਲਿਆਂ ਨੂੰ ਕਦੇ ਵੀ ਨੇਪਰੇ ਨਹੀਂ ਚੜ੍ਹਨ ਦਿੱਤਾ ਜਾਵੇਗਾ।

11 Aug Page 8.qxd 8/10/2025 10:18 PM Page 1



## ਗੁਰਪ੍ਰਤਾਪ ਸਿੰਘ ਪੜਿਆਲਾ ਵੱਲੋਂ ਪਿੰਡਾਂ 'ਚ ਮੀਟਿੰਗਾਂ ਦਾ ਦੌਰ ਜਾਰੀ

**ਕੁਰਾਲੀ (ਮੋਹਨ ਅਗਰਵਾਲ)**- ਲੈਂਡ ਪੂਲਿੰਗ ਸਕੀਮ ਅਤੇ ਹਲਕਾ ਖਰੜ ਦੀਆਂ ਵੱਖ-ਵੱਖ ਸਮੱਸਿਆ ਨੂੰ ਲੈ ਕੇ ਕਾਂਗਰਸੀ ਆਗੂ ਗੁਰਪ੍ਰਤਾਪ ਸਿੰਘ ਪੜਿਆਲਾ ਜਨਰਲ ਸਕੱਤਰ (ਪੰਜਾਬ ਕਿਸਾਨ ਕਾਂਗਰਸ) ਵੱਲੋਂ ਪਿੰਡਾਂ ਵਿੱਚ ਮੀਟਿੰਗਾਂ ਦਾ ਦੌਰ ਜਾਰੀ ਹੈ।ਗੁਰਪ੍ਰਤਾਪ ਸਿੰਘ ਪੜਿਆਲਾ ਵੱਲੋਂ ਨੇੜਲੇ ਪਿੰਡ ਅਕਾਲਗੜ੍ਹ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ।ਇਸ ਮੌਕੇ ਉਹਨਾਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਕਿਹਾ ਹੈ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਵਰਗਲਾ ਕੇ ਉਨ੍ਹਾਂ ਦੀਆਂ ਜ਼ਮੀਨਾਂ ਹਥਿਆਉਣਾ ਚਾਹੁੰਦੀ ਹੈ ਪਰ ਅਸੀਂ ਕਿਸੇ ਵੀ ਪਿੰਡ 'ਚ ਕਿਸਾਨਾਂ ਦੀ ਇੱਕ ਏਕੜ ਜ਼ਮੀਨ ਤੇ ਸਰਕਾਰ ਨੂੰ ਕਬਜ਼ਾ ਨਹੀਂ ਲੈਣ ਦੇਵਾਂਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਆਮ ਤਕਲੀਫਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨਾਂ ਕਿਹਾ ਕਿ ਹਲਕਾ ਖਰੜ ਦੇ ਪਿੰਡਾਂ ਦੀਆਂ ਸੜਕਾਂ ਦੀ ਹਾਲਤ ਬੇਹੱਦ ਤਰਸਯੋਗ ਬਣ ਚੁੱਕੀ ਹੈ।ਉਹ ਪਿੰਡ-ਪਿੰਡ, ਸ਼ਹਿਰ-ਸ਼ਹਿਰ ਵਿੱਚ ਜਾ ਕੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਇਹਨਾਂ ਨੀਤੀਆਂ ਦੇ ਖਿਲਾਫ ਸੁਚੇਤ ਕਰ ਰਹੇ ਹਨ। ਇਸ ਮੌਕੇ ਗੁਰਪ੍ਰਤਾਪ ਸਿੰਘ ਪੜਿਆਲਾ ਵੱਲੋਂ ਪਿੰਡ ਅਕਾਲਗੜ੍ਹ 'ਚ ਨਵੀਂ ਬਣ ਰਹੀ ਗੁਰਦੁਆਰਾ ਸਾਹਿਬ ਦੀ ਪਾਵਨ ਇਮਾਰਤ ਲਈ 31000 ਰੁਪਏ ਸੇਵਾ ਵਜੋਂ ਦਿੱਤੇ।ਇਸ ਮੌਕੇ ਗ੍ਰਾਮ ਪੰਚਾਇਤ ਅਤੇ ਸਮੁੱਚੇ ਪਿੰਡ ਵਾਸੀਆਂ ਵੱਲੋਂ ਮਿਲ ਕੇ ਗੁਰਪ੍ਰਤਾਪ ਸਿੰਘ ਪੜਿਆਲਾ ਦਾ ਸਿਰੋਪਾਉ ਪਾ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਸਰਪੰਚ ਗੁਰਜੰਟ ਸਿੰਘ ਅਕਾਲਗੜ੍ਹ, ਸਰਪੰਚ ਅਮਰਿੰਦਰ ਸਿੰਘ ਧਗਧਾਣਾ, ਸਰਪੰਚ ਤਜਿੰਦਰ ਸਿੰਘ ਗੁੰਨੋ ਮਾਜਰਾ, ਸਤਨਾਮ ਸਿੰਘ ਪਿੱਲਾ ਪ੍ਰਧਾਨ (ਗੁਰਦੁਆਰਾ ਕਮੇਟੀ), ਜਗਤਾਰ ਸਿੰਘ, ਧਰਮਪਾਲ ਸਿੰਘ, ਸੁਖਬੀਰ ਸਿੰਘ, ਭੁਪਿੰਦਰ ਸਿੰਘ, ਰਾਜਵਿੰਦਰ ਸਿੰਘ ਗੁੱਡੂ ਸਲੇਮਪੁਰਾ, ਮੁਕੇਸ਼ ਰਾਣਾ ਸਾਬਕਾ ਕੌਂਸਲਰ, ਮੇਜਰ ਸਿੰਘ, ਸੁਖਦੇਵ ਸਿੰਘ, ਸੰਦੀਪ ਸ਼ਰਮਾ ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਤੇ ਪਿੰਡ ਵਾਸੀ ਹਾਜ਼ਰ ਸਨ।



## ਸ਼ਹੀਦਾਂ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਸ਼ਿਵ ਸੈਨਾ ਸ਼ਰਧਾਂਜਲੀ ਸਮਾਰੋਹ ਕਰਦੀ ਰਹੇਗੀ : ਰਾਹੁਲ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਅੰਮ੍ਰਿਤਸਰ ਆਪ੍ਰੇਸ਼ਨ ਬਲੂ ਸਟਾਰ ਦੇ ਕਮਾਂਡਿੰਗ ਅਧਿਕਾਰੀ ਸ਼ਹੀਦ ਜਨਰਲ ਅਰੁਨ ਕੁਮਾਰ ਵੈਦਿਯਾ ਨੂੰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਰਧਾਂਜਲੀ ਦੇਣ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਟਾਂਡਾ ਦਫਤਰ ਵਿਖੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜ਼ਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਪ੍ਰਧਾਨ ਪੁਨੀਤ ਢਿੰਗਰਾ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਯੁਵਾ ਸਿਟੀ ਪ੍ਰਧਾਨ ਗੁਰਨਾਮ ਸਿੰਘ ਗੋਨੀ ਦੇ ਸਹਿਯੋਗ ਨਾਲ ਇੱਕ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਰਾਹੁਲ ਖੰਨਾ ਨੇ ਕਿਹਾ ਕਿ 1984 ਵਿੱਚ ਆਪ੍ਰੇਸ਼ਨ ਬਲੂ ਸਟਾਰ ਦੀ ਕਾਮਯਾਬੀ ਅਤੇ ਸਾਕਾ ਨੀਲਾ ਤਾਰਾ ਦੇ ਨਾਇਕ ਰਹੇ ਕਮਾਂਡਿੰਗ ਅਧਿਕਾਰੀ ਜਨਰਲ ਅਰੁਣ ਵੈਦਿਯਾ ਨੂੰ 10 ਅਗਸਤ 1986 ਵਿੱਚ ਪੁਣੇ ਵਿਖੇ ਅਤਿਵਾਦੀਆਂ ਨੇ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਅਜਿਹੇ ਨਾਇਕ ਦੀ ਜੀਵਨੀ ਨੂੰ ਪੜ੍ਹਨ ਅਤੇ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਭਾਰਤ ਸਰਕਾਰ ਨੂੰ ਚਾਹੀਦਾ ਹੈ ਕਿ ਉਨ੍ਹਾਂ ਦੀ ਜੀਵਨੀ ਨੂੰ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਜਾਵੇ ਤਾਂ ਜੋ ਅੱਤਵਾਦ ਖ਼ਿਲਾਫ਼ ਲੜਨ ਲਈ ਹਰ ਨਾਗਰਿਕ ਦੇ ਮਨ ਵਿੱਚ ਜਨਰਲ ਅਰੁਣ ਕੁਮਾਰ ਵੈਦਿਯਾ ਜਿਹਾ ਉਤਸ਼ਾਹ ਭਰਿਆ ਰਹੇ। ਵਿਵੇਕ ਵਿਜਨ, ਪ੍ਰਸ਼ਾਂਤ ਪੰਡਿਤ, ਪੁਨੀਤ ਢੀਂਗਰਾ ਅਤੇ ਰਾਜੂ ਖੋਸਲਾ ਨੇ ਕਿਹਾ ਕਿ ਅੱਤਵਾਦ ਮਾਹੌਲ ਵਿੱਚ ਜਦੋਂ ਲੋਕ ਸਹਿਮੇ ਹੁੰਦੇ ਹਨ ਉਦੋਂ ਉਨ੍ਹਾਂ ਦੀ ਰੱਖਿਆ ਕਰਦੇ ਹੋਏ ਜਿਹੜੇ ਜਵਾਨ ਸ਼ਹਾਦਤ ਪ੍ਰਾਪਤ ਕਰਦੇ ਹਨ ਉਨ੍ਹਾਂ ਸ਼ਹੀਦਾਂ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਸ਼ਿਵ ਸੈਨਾ ਹਿੰਦੁਸਤਾਨ ਸ਼ਰਧਾਂਜਲੀ ਸਮਾਰੋਹ ਆਯੋਜਿਤ ਕਰਦੀ ਰਹਿੰਦੀ ਹੈ ਤਾਂ ਜੋ ਜਵਾਨਾਂ ਦੇ ਹੌਸਲੇ ਹੋਰ ਬੁਲੰਦ ਹੋ ਸਕਣ। ਸਮਾਰੋਹ ਦੌਰਾਨ ਰਾਹੁਲ ਖੰਨਾ, ਵਿਵੇਕ ਵਿਜਨ, ਪ੍ਰਸ਼ਾਂਤ ਪੰਡਿਤ, ਪੁਨੀਤ ਢੀਂਗਰਾ, ਸੰਜੀਵ ਖੰਨਾ, ਰਾਜੂ ਖੋਸਲਾ, ਗੁਰਨਾਮ ਸਿੰਘ, ਦੀਪਕ ਕੁਮਾਰ, ਗਗਨਦੀਪ, ਆਰ.ਕੇ ਰਾਜਪੂਤ, ਰਿੱਕੀ ਕੁਮਾਰ, ਸੁਰਜੀਤ ਸਿੰਘ, ਬੋਬੀ ਸ਼ਾਹਪੁਰ, ਰਘੂਵੀਰ ਸਿੰਘ ਨੋਨਾ ਅਤੇ ਸ਼ਿਵ ਸੇਨਾ ਵਰਕਰਾਂ ਨੇ ਸ਼ਹੀਦ ਜਨਰਲ ਅਰੁਣ ਵੈਦਿਯਾ ਨੂੰ 2 ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਦੇ ਫੁੱਲ ਭੇਟ ਕੀਤੇ।



## 139 ਗ੍ਰਾਮ ਹੈਰੋਇਨ ਸਮੇਤ 2 ਕਾਬੂ

**ਫਿਲੌਰ (ਨਿਰਮਲ)**- ਐੱਸ ਐੱਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਅਤੇ ਡੀ ਐੱਸ ਪੀ ਫਿਲੌਰ ਸਰਵਣ ਸਿੰਘ ਬੱਲ ਦੀ ਅਗਵਾਈ ਹੇਠ ਫਿਲੌਰ ਪੁਲਿਸ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਸਬਾ ਅੱਪਰਾ ਦੇ ਪਿੰਡ ਮੰਡੀ ਦੇ 2 ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 139 ਗ੍ਰਾਮ ਹੈਰੋਇਨ ਬਰਾਮਦ ਕਰਨ ਵਿਚ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ। ਐੱਸ ਐੱਚ ਓ ਭੂਸ਼ਣ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਚੌਂਕੀ ਅੱਪਰਾ ਦੇ ਮੁੱਖੀ ਸੁਖਦੇਵ ਸਿੰਘ ਨੂੰ 8 ਅਗਸਤ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਪਿੰਡ ਮੰਡੀ ਦੇ ਵਸਨੀਕ ਅਮਨਦੀਪ ਕੁਮਾਰ ਪੁੱਤਰ ਸ਼ਿੰਗਾਰਾ ਰਾਮ ਅਤੇ ਅਮਰਦੀਪ ਸਿੰਘ ਉਰਫ਼ ਦੀਪਾ ਕੋਲ ਵੱਡੀ ਮਾਤਰਾ ਵਿਚ ਹੈਰੋਇਨ ਹੋ ਸਕਦੀ ਹੈ, ਜੋ ਛਾਪਾਮਾਰੀ ਕਰਨ 'ਤੇ ਬਰਾਮਦ ਕੀਤੀ ਜਾ ਸਕਦੀ ਹੈ। ਪੁਲਿਸ ਨੇ ਤੁਰੰਤ ਛਾਪਾਮਾਰੀ ਕਰਦੇ ਹੋਏ ਉਕਤ ਦੋਵਾਂ ਵਿਅਕਤੀਆਂ ਨੂੰ ਇੱਕ ਹੀਰੋ ਸਪਲੈਂਡਰ ਮੋਟਰਸਾਇਕਲ ਨੰਬਰ ਪੀ ਬੀ 37ਜੀ 4553 ਤੇ 139 ਗ੍ਰਾਮ ਹੈਰੋਈਨ ਸਮੇਤ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਉਕਤ ਦੋਵਾਂ ਵਿਅਕਤੀਆਂ ਨੂੰ ਅਦਾਲਤ ਵਿਚ ਪੇਸ਼ ਕਰਕੇ 2 ਦਿਨ ਦਾ ਰਿਮਾਂਡ ਲਿਆ ਗਿਆ ਹੈ, ਇਸ ਦੌਰਾਨ ਆਰੋਪੀਆਂ ਕੋਲੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ। ਐੱਸ ਐੱਚ ਓ, ਫਿਲੌਰ ਨੇ ਦੱਸਿਆ ਕਿ ਉਕਤ ਆਰੋਪੀਆਂ ਚੋਂ ਇਕ ਵਿਅਕਤੀ 'ਤੇ ਪਹਿਲਾਂ ਵੀ ਇਕ ਮੁਕੱਦਮਾ ਦਰਜ ਹੈ, ਜੋ ਪੁਲਿਸ ਨੂੰ ਲੋੜੀਂਦਾ ਸੀ,ਦੂਸਰੇ ਵਿਅਕਤੀ 'ਤੇ ਕੋਈ ਕੇਸ ਦਰਜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਆਰੋਪੀ ਅਮਨਦੀਪ ਅਤੇ ਅਮਰਦੀਪ ਉਰਫ਼ ਦੀਪਾ ਦੇ ਵਿਰੁੱਧ ਥਾਣਾ ਫਿਲੌਰ ਵਿਖੇ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

## ਮੇਹਰਚੰਦ ਪੋਲੀਟੈਕਨਿਕ ਕਾਲਜ 'ਚ ਇੰਡਕਸ਼ਨ ਪ੍ਰੋਗਰਾਮ

**ਜਲੰਧਰ (ਸ਼ੈਲੀ ਐਲਬਰਟ)**- ਸੈਸ਼ਨ 2025-26 ਲਈ ਨਵੇਂ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਦੀ ਸੁਗਮ ਐਂਟਰੀ ਲਈ ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿੱਚ 31 ਜੁਲਾਈ ਤੋਂ 8 ਅਗਸਤ ਤੱਕ ਇੰਡਕਸ਼ਨ ਪ੍ਰੋਗਰਾਮ ਕਰਵਾਇਆ ਗਿਆ। ਕਾਰਜਕ੍ਰਮ ਦੀ ਸ਼ੁਰੂਆਤ ਹਵਨ ਨਾਲ ਹੋਈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਏ ਆਈ ਸੀ ਟੀ ਈ, ਨਵੀਂ ਦਿੱਲੀ ਦੇ ਨਿਰਦੇਸ਼ਾਂ ਅਨੁਸਾਰ ਇੰਡਕਸ਼ਨ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਵੇਂ ਮਹੌਲ ਨਾਲ ਜਾਣੂ ਕਰਵਾਉਣਾ, ਕਾਲਜ ਦੇ ਸਟਾਫ ਅਤੇ ਵਾਤਾਵਰਣ ਬਾਰੇ ਜਾਣਕਾਰੀ ਦੇਣੀ ਅਤੇ ਵੱਖ-ਵੱਖ ਸਾਹਿਤਕ ਤੇ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਉਨ੍ਹਾਂ ਦੀਆਂ ਲੁਕਵੀਂਆਂ ਪ੍ਰਤਿਭਾਵਾਂ ਨੂੰ ਉਭਾਰਨਾ ਹੈ। ਅਪਲਾਈਡ ਸਾਇੰਸ ਵਿਭਾਗ ਦੀ ਮੁਖੀ ਮੈਡਮ ਮੰਜੂ ਨੇ ਵਿਦਿਆਰਥੀਆਂ ਨੂੰ ਕਾਲਜ ਵਿੱਚ ਹੋਣ ਵਾਲੀਆਂ ਗਤੀਵਿਧੀਆਂ ਦੀ ਜਾਣਕਾਰੀ ਦਿੰਦਿਆਂ ਉਨ੍ਹਾਂ ਨੂੰ ਅਨੁਸ਼ਾਸਨ ਵਿੱਚ ਰਹਿੰਦੇ ਹੋਏ ਆਪਣੀ ਕਾਬਲੀਅਤ ਨੂੰ ਪਛਾਨਣ ਦੀ ਪ੍ਰੇਰਨਾ ਦਿੱਤੀ। ਕਾਰਜਕ੍ਰਮ ਦੌਰਾਨ ਸਿੰਗਲ ਗੀਤ, ਏਕਲ ਨ੍ਰਿਤ, ਬੈਸਟ ਆਉਟ ਆਫ ਵੈਸਟ, ਕਵਿਤਾ ਪਾਠ, ਪੇਪਰ ਕਰਾਫਟਿੰਗ ਅਤੇ ਕਿਊਜ਼ ਵਰਗੀਆਂ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੂੰ ਨਸ਼ਾ, ਏਡਜ਼ ਅਤੇ ਰਕਤਦਾਨ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਸ਼ੇਸ਼ ਜਾਣਕਾਰੀ ਦਿੱਤੀ ਗਈ। ਕਾਰਜਕ੍ਰਮ ਨੂੰ ਰੁਚੀਕਰ ਬਣਾਉਣ ਲਈ ਵੱਖ-ਵੱਖ ਤਰ੍ਹਾਂ ਦੇ ਖੇਡਾਂ ਰਾਹੀਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਨੂੰ ਸੁਲਝਾਉਣ ਦੀ ਪ੍ਰੇਰਨਾ ਦਿੱਤੀ ਗਈ। ਵਿਦਿਆਰਥੀਆਂ ਨੇ ਨਵੇਂ ਪੌਦੇ ਲਗਾ ਕੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਦਾ ਸੰਕਲਪ ਲਿਆ। ਹੋਰ ਵਿਭਾਗਾਂ ਦੇ ਅਧਿਆਪਕਾਂ ਨੇ ਵੀ ਨਵੇਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਪਿਛਲੇ ਸੈਸ਼ਨ ਦੇ ਕੁਝ ਵਿਦਿਆਰਥੀਆਂ ਨੇ ਵੀ ਆਪਣੇ ਅਨੁਭਵ ਸਾਂਝੇ ਕੀਤੇ। ਕਾਰਜਕ੍ਰਮ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਭ ਵਿਜੇਤਾ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਉਨ੍ਹਾਂ ਨੂੰ ਰੁਸ਼ਨ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮੈਡਮ ਕੋਮਲ ਮੇਹਤਾ ਅਤੇ ਡਾ. ਦੀਪਿਕਾ ਸਾਗਰ ਦੇ ਪ੍ਰੇਰਨਾਦਾਇਕ ਵਿਚਾਰਾਂ ਨੇ ਸਭ ਦਾ ਮਨ ਮੋਹ ਲਿਆ। ਇਸ ਇੰਡਕਸ਼ਨ ਪ੍ਰੋਗਰਾਮ ਵਿੱਚ ਮੌਜੂਦ ਹੋਰ ਮਹੱਤਵਪੂਰਨ ਅਧਿਆਪਕਾਂ ਵਿੱਚ ਅੰਕੁਸ਼ ਸ਼ਰਮਾ, ਮੈਡਮ ਪ੍ਰਤਿਭਾ, ਮੈਡਮ ਅੰਜੂ ਸ਼ਰਮਾ, ਕਮਲਕਾਂਤ, ਮੈਡਮ ਮਨਵੀਰ, ਮੈਡਮ ਰੀਆ ਅਤੇ ਮੈਡਮ ਅਰਪਣਾ ਵੀ ਸ਼ਾਮਲ ਸਨ।



## ਰਿਆਤ ਬਾਹਰਾ ਯੂਨੀਵਰਸਿਟੀ 'ਚ 6ਵੀਂ ਅੰਤਰਰਾਸ਼ਟਰੀ ਕਨਵੋਕੇਸ਼ਨ

**ਕੁਰਾਲੀ, ਮੋਹਾਲੀ (ਮੋਹਨ ਅੱਗਰਵਾਲ, ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਨੇ 2025 ਦੇ ਗ੍ਰੈਜੂਏਟ ਬੈਚ ਲਈ 6ਵੇਂ ਅੰਤਰਰਾਸ਼ਟਰੀ ਵਿਦਿਆਰਥੀ ਕਨਵੋਕੇਸ਼ਨ ਦੀ ਮੇਜ਼ਬਾਨੀ ਕਰਦੇ ਹੋਏ ਆਪਣੇ ਵਿਸ਼ਵਵਿਆਪੀ ਵਿਦਿਆਰਥੀ ਭਾਈਚਾਰੇ ਦੀਆਂ ਅਕਾਦਮਿਕ ਪ੍ਰਾਪਤੀਆਂ ਦਾ ਸ਼ਾਨਦਾਰ ਜਸ਼ਨ ਮਨਾਇਆ। ਸਮਾਰੋਹ ਨੇ ਵੱਖ-ਵੱਖ ਸੱਭਿਆਚਾਰਕ ਅਤੇ ਰਾਸ਼ਟਰੀ ਪਿਛੋਕੜਾਂ ਤੋਂ ਆਏ ਵਿਦਿਆਰਥੀਆਂ ਦੇ ਸਮਰਪਣ, ਲਚਕੀਲੇਪਣ ਅਤੇ ਸਫਲਤਾਵਾਂ ਦਾ ਸਨਮਾਨ ਕੀਤਾ।ਸ਼ਾਨਦਾਰ ਸਮਾਰੋਹ ਦੀ ਸ਼ੁਰੂਆਤ ਇੱਕ ਪ੍ਰਭਾਵਸ਼ਾਲੀ ਅਕਾਦਮਿਕ ਜਲੂਸ ਨਾਲ ਹੋਈ, ਜਿਸ ਦੀ ਅਗਵਾਈ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਗਰੁੱਪ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ, ਪ੍ਰੋ ਵਾਈਸ-ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ, ਡਾਇਰੈਕਟਰ - ਇੰਟਰਨੈਸ਼ਨਲ ਅਫੇਅਰਜ਼ ਪ੍ਰੋ. (ਡਾ.) ਸਿਮਰਜੀਤ ਕੌਰ ਅਤੇ ਕੰਟਰੋਲਰ ਆਫ ਐਗਜ਼ਾਮੀਨੇਸ਼ਨ ਇੰਜੀ. ਅਭਿਨਵ ਤ੍ਰਿਪਾਠੀ ਸਮੇਤ ਯੂਨੀਵਰਸਿਟੀ ਦੇ ਹੋਰ ਸੀਨੀਅਰ ਅਧਿਕਾਰੀਆਂ ਨੇ ਕੀਤੀ।ਕਨਵੋਕੇਸ਼ਨ 'ਚ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਗ੍ਰੈਜੂਏਟਾਂ ਨੂੰ ਉਨ੍ਹਾਂ ਦੀ ਅਕਾਦਮਿਕ ਉੱਤਮਤਾ ਅਤੇ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ, ਸਾਨੂੰ ਇਨ੍ਹਾਂ ਵਿਦਿਆਰਥੀਆਂ 'ਤੇ ਮਾਣ ਹੈ ਜਿਨ੍ਹਾਂ ਨੇ ਰਿਆਤ ਬਾਹਰਾ ਯੂਨੀਵਰਸਿਟੀ ਨੂੰ ਆਪਣਾ ਅਕਾਦਮਿਕ ਘਰ ਚੁਣਿਆ। ਗਰੁੱਪ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਵਿਸ਼ੇਸ਼ ਮਹਿਮਾਨ ਵਜੋਂ, ਨੇ ਸੱਭਿਆਚਾਰਕ ਸਾਂਝ ਅਤੇ ਵਿਸ਼ਵ ਪੱਧਰੀ ਏਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਯੂਨੀਵਰਸਿਟੀ ਦੀ ਭੂਮਿਕਾ ਦੀ ਪ੍ਰਸ਼ੰਸਾ ਕੀਤੀ।ਪ੍ਰੋ ਵਾਈਸ-ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ ਨੇ ਸਨਮਾਨ ਪੱਤਰ ਭੇਟ ਕੀਤੇ ਅਤੇ ਡਿਗਰੀਆਂ ਦੇ ਪ੍ਰਦਾਨ ਸਮਾਰੋਹ ਦੀ ਅਧਿਕਾਰਿਕ ਕਾਰਵਾਈ ਸੰਭਾਲੀ। ਪ੍ਰੋ. (ਡਾ.) ਸਿਮਰਜੀਤ ਕੌਰ ਡਾਇਰੈਕਟਰ - ਅੰਤਰਰਾਸ਼ਟਰੀ ਮਾਮਲੇ ਨੇ ਗ੍ਰੈਜੂਏਟਾਂ ਨੂੰ ਨਿਮਰਤਾ, ਇਮਾਨਦਾਰੀ ਅਤੇ ਹਮਦਰਦੀ ਦੇ ਗੁਣਾਂ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ। ਕੰਟਰੋਲਰ ਪ੍ਰੀਖਿਆਵਾਂ ਇੰਜੀ. ਅਭਿਨਵ ਤ੍ਰਿਪਾਠੀ ਨੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ, ਜਦੋਂ ਕਿ ਸੁਹੇਲ, ਡਾਇਰੈਕਟਰ ਇੰਟਰਨੈਸ਼ਨਲ ਐਡਮਿਸ਼ਨਜ਼ ਨੇ ਗ੍ਰੈਜੂਏਟਾਂ ਦੀ ਅਨੁਕੂਲਤਾ ਅਤੇ ਲਗਨ ਦੀ ਪ੍ਰਸ਼ੰਸਾ ਕੀਤੀ। ਅਫਰੀਕੀ ਵਿਦਿਆਰਥੀ ਸੰਘ ਦੇ ਮੈਂਬਰ ਡੈਮਟੌਂਗ ਮਾਈਕਲ, ਰੇਨੀ ਆਰ. ਕਰਨੇਹ, ਜੂਲੀਅਸ ਅਤੇ ਥੀਓਫਿਲੀਅਸ ਨੇ ਵੀ ਗ੍ਰੈਜੂਏਟਾਂ ਦਾ ਸਨਮਾਨ ਕੀਤਾ।ਮੌਕੇ 'ਤੇ ਵਿਦਿਆਰਥੀਆਂ ਨੇ ਭਾਵੁਕ ਭਾਸ਼ਣਾਂ ਰਾਹੀਂ ਆਪਣੇ ਤਜਰਬੇ, ਦੋਸਤੀਆਂ ਅਤੇ ਯੂਨੀਵਰਸਿਟੀ ਪ੍ਰਤੀ ਕ੍ਰਿਤੱਗਤਾ ਪ੍ਰਗਟਾਈ।



## ਮਿਹਨਤਾਨਾ ਨਾ ਮਿਲਣ 'ਤੇ ਮਿੱਡ ਡੇ ਮੀਲ ਵਰਕਰਾਂ ਦਾ ਰੱਖੜੀ ਦਾ ਤਿਉਹਾਰ ਰਿਹਾ ਫਿੱਕਾ



**ਜਲੰਧਰ (ਰਾਜੇਸ਼ ਥਾਪਾ)**- ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਪ੍ਰਧਾਨ ਬਿਮਲਾ ਰਾਣੀ ਫਾਜ਼ਿਲਕਾ, ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ,ਵਿੱਤ ਸਕੱਤਰ ਪ੍ਰਵੀਨ ਕੌਰ ਫ਼ਤਿਹਗੜ੍ਹ ਸਾਹਿਬ, ਸੀਨੀਅਰ ਮੀਤ ਪ੍ਰਧਾਨ ਮਮਤਾ ਸੈਦਪੁਰ ਕਪੂਰਥਲਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਾਰ ਬਾਰ ਕਿਹਾ ਜਾ ਰਿਹਾ ਹੈ ਕਿ ਪੰਜਾਬ ਸਰਕਾਰ ਦਾ ਖ਼ਜ਼ਾਨਾ ਭਰਿਆ ਹੋਇਆ ਹੈ ਅਤੇ ਜੀ ਐੱਸ ਟੀ ਦਾ ਟੈਕਸ ਵੀ ਪਿਛਲੇ ਸਾਲ ਨਾਲੋਂ ਵੱਧ ਇਕੱਠਾ ਹੋਇਆ ਹੈ ਪਰ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਦੁਪਿਹਰ ਦਾ ਖਾਣਾ ਤਿਆਰ ਕਰਕੇ ਖਵਾਉਣ ਵਾਲੀਆਂ ਮਿੱਡ ਡੇ ਮੀਲ ਵਰਕਰਾਂ ਨੂੰ ਅਜੇ ਤੱਕ ਵੀ ਜੂਨ ਅਤੇ ਜੁਲਾਈ ਮਹੀਨੇ ਦਾ ਦਿੱਤਾ ਜਾਂਦਾ 3000/- ਰੁਪਏ ਪ੍ਰਤੀ ਮਹੀਨਾ ਦਾ ਮਿਹਨਤਾਨਾ ਪੰਜਾਬ ਸਰਕਾਰ ਵੱਲੋਂ ਜਾਰੀ ਨਾ ਕਰਨ ਤੇ ਮਿੱਡ ਡੇ ਮੀਲ ਵਰਕਰਾਂ ਦਾ ਰੱਖੜੀ ਦਾ ਤਿਉਹਾਰ ਫਿੱਕਾ ਰਿਹਾ।ਆਗੂਆਂ ਨੇ ਕਿਹਾ ਕਿ ਲਗਾਤਾਰ ਦੋ ਮਹੀਨੇ ਮਿਹਨਤਾਨਾ ਨਾ ਮਿਲਣ ਕਾਰਨ ਮਹਿੰਗਾਈ ਦੇ ਸਮੇਂ ਘਰਾਂ ਦਾ ਗੁਜ਼ਾਰਾ ਚਲਾਉਣਾ ਵੀ ਔਖਾ ਹੋਇਆ ਹੈ।ਆਗੂਆਂ ਨੇ ਪੰਜਾਬ ਸਰਕਾਰ ਅਤੇ ਮਿੱਡ ਡੇ ਮੀਲ ਸੁਸਾਇਟੀ ਪੰਜਾਬ ਤੋਂ ਮੰਗ ਕੀਤੀ ਕਿ ਮਿੱਡ ਡੇ ਮੀਲ ਵਰਕਰਾਂ ਨੂੰ ਜੂਨ ਤੇ ਜੁਲਾਈ ਦੋ ਮਹੀਨਿਆਂ ਦਾ ਮਿਹਨਤਾਨਾ ਤੁਰੰਤ ਜਾਰੀ ਕੀਤਾ ਜਾਵੇ।

## ਕਾਰ ਸਵਾਰ ਲੁਟੇਰਿਆਂ ਨੇ ਰੱਖੜੀ ਬੰਨ੍ਹ ਕੇ ਵਾਪਸ ਆ ਰਹੀ ਔਰਤ ਨਾਲ ਕੀਤੀ ਲੁੱਟਖੋਹ

**ਫਿਲੌਰ (ਨਿਰਮਲ)**- ਨਿਰਮਲ ਚੰਦ ਪੁੱਤਰ ਫਕੀਰ ਚੰਦ ਵਾਸੀ ਫਿਲੌਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਕਿਹਾ ਕਿ ਉਸ ਦੀ ਭਰਜਾਈ ਮਧੂ ਬਾਲਾ ਵਾਸੀ ਨਕੋਦਰ ਜੋ ਕਿ ਆਪਣੇ ਪੇਕੇ ਪਰਿਵਾਰ 'ਚ ਰੱਖੜੀ ਬੰਨ ਕੇ ਵਾਪਸ ਨਕੋਦਰ ਨੂੰ ਜਾਣ ਲਈ ਸਥਾਨਕ ਨੂਰਮਹਿਲ ਵਾਲੇ ਅੱਡੇ 'ਚ ਖੜ੍ਹੀ ਸੀ, ਨੂੰ ਧੋਖੇ ਨਾਲ ਚਿੱਟੇ ਰੰਗ ਦੀ ਕਾਰ, ਜਿਸ ਵਿਚ 2 ਔਰਤਾਂ ਪਹਿਲਾਂ ਹੀ ਬੈਠੀਆਂ ਸਨ, ਨੇ ਉਸ ਦੀ ਭਰਜਾਈ ਨੂੰ ਆਪਣੀ ਕਾਰ 'ਚ ਨਕੋਦਰ ਛੱਡਣ ਦੀ ਗੱਲ ਕਹੀ, ਕਾਰ ਵਿਚ ਡਰਾਈਵਰ ਸੀਟ 'ਤੇ ਇੱਕ ਆਦਮੀ ਵੀ ਮੌਜੂਦ ਸੀ। ਉਸ ਨੇ ਦੱਸਿਆ ਕਿ ਉਕਤ ਲੁਟੇਰਿਆਂ ਨੇ ਨੂਰਮਹਿਲ ਰੋਡ 'ਤੇ ਇਕ ਮੈਰਿਜ ਪੈਲੇਸ ਨੇੜੇ ਉਸ ਦੀ ਭਰਜਾਈ ਕੋਲੋਂ 3500 ਰੁਪਏ ਦੇ ਕਰੀਬ ਨਕਦੀ ਅਤੇ ਉਸ ਦੀਆਂ ਸੋਨੇ ਦੀਆਂ ਬਾਲੀਆਂ ਖੋਹ ਲਈਆਂ ਤੇ ਉਸ ਦੀ ਭਰਜਾਈ ਨੂੰ ਧੱਕਾ ਦੇ ਕੇ ਕਾਰ ਤੋਂ ਬਾਹਰ ਸੁੱਟ ਦਿੱਤਾ। ਨਿਰਮਲ ਚੰਦ ਨੇ ਦੱਸਿਆ ਕਿ ਉਸ ਨੇ ਉਕਤ ਮਾਮਲੇ ਸੰਬੰਧੀ ਇਕ ਲਿਖਤੀ ਸ਼ਿਕਾਇਤ ਥਾਣਾ ਫਿਲੌਰ ਵਿਖੇ ਦੇ ਦਿੱਤੀ ਹੈ ਅਤੇ ਸ਼ਿਕਾਇਤ ਦੀ ਇੱਕ ਕਾਪੀ ਲੋਕ ਇਨਸਾਫ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਨੂੰ ਦੇ ਦਿੱਤੀ ਹੈ। ਲੋਕ ਇਨਸਾਫ ਮੰਚ ਫਿਲੌਰ ਦੇ ਪ੍ਰਧਾਨ ਨੇ ਉਕਤ ਘਟਨਾ ਦੀ ਪੁਰਜ਼ੋਰ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਕਿਹਾ ਕਿ ਉਕਤ ਵਾਪਰੀ ਘਟਨਾ ਕੋਈ ਪਹਿਲੀ ਘਟਨਾ ਨਹੀਂ ਹੈ, ਇਹੋ ਜਿਹੀ ਘਟਨਾ ਅੱਜ ਤੋਂ ਕੋਈ ਡੇਢ ਮਹੀਨਾ ਪਹਿਲਾਂ ਵੀ ਫਿਲੌਰ 'ਚ ਹੀ ਵਾਪਰ ਚੁੱਕੀ ਹੈ ਪਰ ਪੁਲਸ ਉਕਤ ਦੋਸ਼ੀਆਂ ਨੂੰ ਕਾਬੂ ਕਰਨ ਵਿਚ ਨਾਕਾਮ ਰਹੀ। ਉਨ੍ਹਾਂ ਪੁਲਸ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਲੁਟੇਰਿਆਂ ਨੂੰ ਗ੍ਰਿਫ਼ਤਾਰ ਕਰਕੇ ਆਮ ਲੋਕਾਂ ਨੂੰ ਰਾਹਤ ਮੁਹੱਈਆ ਕੀਤੀ ਜਾਵੇ।

## ਲੈਂਡ ਪੂਲਿੰਗ ਨੀਤੀ ਦੇ ਵਿਰੋਧ 'ਚ ਅੱਜ ਕੱਢਿਆ ਜਾਵੇਗਾ ਵਿਸ਼ਾਲ ਮੋਟਰਸਾਈਕਲ ਮਾਰਚ



**ਕਾਲਾ ਸੰਘਿਆਂ (ਮਨਜੀਤ ਮਾਨ)**- ਸ਼ੇਰੇ ਪੰਜਾਬ ਨੌਜਵਾਨ ਕਿਸਾਨ ਮਜ਼ਦੂਰ ਮੋਰਚਾ (ਪੰਜਾਬ) ਅਤੇ ਬੀ ਕੇ ਯੂ ਕ੍ਰਾਂਤੀਕਾਰੀ ਦੀ ਸਾਂਝੀ ਹੰਗਾਮੀ ਮੀਟਿੰਗ ਚੇਅਰਮੈਨ ਬਾਈ ਨਛੱਤਰ ਸਿੰਘ ਦੀ ਅਗਵਾਈ ਵਿੱਚ ਪਿੰਡ ਬਿਜਲੀ ਨੰਗਲ ਵਿੱਚ ਹੋਈ। ਪ੍ਰੈੱਸ ਨੂੰ ਬਿਆਨ ਜਾਰੀ ਕਰਦੇ ਹੋਏ ਬਾਈ ਨਛੱਤਰ ਸਿੰਘ ਨੇ ਕਿਹਾ ਕਿ 11 ਅਗਸਤ ਨੂੰ ਸਵੇਰੇ 9:30 ਵਜੇ ਸ਼ੇਰੇ ਪੰਜਾਬ ਨੌਜਵਾਨ ਕਿਸਾਨ ਮਜ਼ਦੂਰ ਮੋਰਚਾ, ਬੀ ਕੇ ਯੂ ਕ੍ਰਾਂਤੀਕਾਰੀ, ਸ਼ੇਰੇ ਪੰਜਾਬ ਟੋਲ ਪਲਾਜਾ ਵਰਕਰ ਯੂਨੀਅਨ ਵੱਲੋਂ ਲੈਂਡ ਪੂਲਿੰਗ ਪਾਲਿਸੀ ਦੇ ਵਿਰੋਧ ਵਿੱਚ ਵਿਸ਼ਾਲ ਮੋਟਰ ਸਾਈਕਲ ਮਾਰਚ ਜਲੰਧਰ ਅਤੇ ਕਪੂਰਥਲਾ ਵਿੱਚ ਕੱਢਿਆ ਜਾਵੇਗਾ। ਉਨ੍ਹਾਂ ਨੇ ਕਿਸਾਨਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਇਸ ਮਾਰਚ ਵਿੱਚ ਸ਼ਾਮਿਲ ਹੋਣ ਅਤੇ 20 ਅਗਸਤ ਨੂੰ ਕੁੱਕੜ ਪਿੰਡ ਦਾਣਾ ਮੰਡੀ ਜਲੰਧਰ ਵਿੱਚ ਹੋਣ ਵਾਲੇ ਇਕੱਠ ਵਿੱਚ ਵੱਧ ਤੋਂ ਵੱਧ ਲੋਕ ਸ਼ਾਮਿਲ ਹੋਣ। ਇਸ ਮੌਕੇ ਹਰਜੀਤ ਸਿੰਘ ਪੱਡਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਮੰਨਾ ਚਾਹਲ ਦੋਆਬਾ ਜਨਰਲ ਸਕੱਤਰ, ਲਖਵਿੰਦਰ ਸਿੰਘ ਇਕਾਈ ਪ੍ਰਧਾਨ, ਕੁਲਦੀਪ ਸਿੰਘ ਬਲਾਕ ਪ੍ਰਧਾਨ, ਮਹਿੰਦਰ ਸਿੰਘ, ਬਾਬਾ ਹਰਪਿੰਦਰ ਸਿੰਘ, ਬਾਬਾ ਬੂਟਾ ਸਿੰਘ, ਮੰਗੀ ਸਿੰਘ, ਵਰਿੰਦਰ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ।

## ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਨੂੰ ਵਿਕਸਿਤ ਤੇ ਖੁਸ਼ਹਾਲ ਰਾਜ ਬਣਾਉਣ ਲਈ ਮਾਨ ਸਰਕਾਰ ਦੀ ਵਚਬੱਧਤਾ ਦੁਹਰਾਈ

**ਜਲੰਧਰ (ਸ਼ੈਲੀ ਐਲਬਰਟ)**- ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਨੂੰ ਵਿਕਸਿਤ ਅਤੇ ਖੁਸ਼ਹਾਲ ਰਾਜ ਬਣਾਉਣ ਲਈ ਮਾਨ ਸਰਕਾਰ ਦੀ ਵਚਬੱਧਤਾ ਦੁਹਰਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਲਗਾਤਾਰ ਇਤਿਹਾਸਕ ਫੈਸਲੇ ਲਏ ਜਾ ਰਹੇ ਹਨ। ਜਨਤਾ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਤੋਂ ਇਲਾਵਾ ਪਾਰਦਰਸ਼ੀ ਤਰੀਕੇ ਨਾਲ ਵੱਖ-ਵੱਖ ਸਕੀਮਾਂ ਦਾ ਲਾਭ ਦਿੱਤਾ ਜਾ ਰਿਹਾ ਹੈ। ਪੰਜਾਬ ਨੂੰ ਇੱਕ ਮਾਡਲ ਰਾਜ ਬਣਾਉਣ ਵੱਲ ਵਿਸ਼ੇਸ਼ ਕਦਮ ਪੁੱਟੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਨੇ ਇਨਫਰਾਸਟਰਕਚਰ, ਸਿਹਤ, ਸਿੱਖਿਆ, ਖੇਤੀਬਾੜੀ ਅਤੇ ਉਦਯੋਗ ਦੇ ਖੇਤਰ ਵਿੱਚ ਕਈ ਅਹਿਮ ਪ੍ਰੋਜੈਕਟ ਸ਼ੁਰੂ ਕੀਤੇ ਹਨ।ਉਨ੍ਹਾਂ ਦੱਸਿਆ ਕਿ ਬਿਜਲੀ ਸਸਤੀ ਕਰਨਾ, ਭ੍ਰਿਸ਼ਟਾਚਾਰ 'ਤੇ ਕਾਰਵਾਈ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਤਿਆਰ ਕਰਨਾ ਸਰਕਾਰ ਦੀਆਂ ਅਹਿਮ ਪਹਿਲਦਮੀਆਂ ਹਨ।ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਆਉਣ ਵਾਲੇ ਮਹੀਨਿਆਂ ਵਿੱਚ ਹੋਰ ਨਵੇਂ ਵਿਕਾਸ ਪ੍ਰੋਜੈਕਟਾਂ ਦਾ ਐਲਾਨ ਕੀਤਾ ਜਾਵੇਗਾ।



## ਮਾਂ ਦੇ ਦੁੱਧ ਦੀ ਮਹੱਤਤਾ ਸੰਬੰਧੀ ਹਫਤਾ ਮਨਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਰਮੀਤ ਸਿੰਘ ਦੇ ਨਿਰਦੇਸ਼ਾਂ ਤਹਿਤ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਹਰਵਿੰਦਰ ਕੌਰ ਦੀ ਅਗਵਾਈ ਹੇਠ ਬਲਾਕ ਨੂਰਮਹਿਲ ਦੇ ਆਂਗਣਵਾੜੀ ਸੈਂਟਰ ਫਤਹਿਪੁਰ ਵਿਖੇ ਮਾਂ ਦੇ ਦੁੱਧ ਦੀ ਮਹੱਤਤਾ ਸੰਬੰਧੀ ਦਿਨ ਮਨਾਇਆ ਗਿਆ ਜਿਸ ਵਿੱਚ ਸਰਕਲ ਸੁਪਰਵਾਈਜ਼ਰ ਸੁਦੇਸ਼ ਰਾਣੀ ਨੇ ਔਰਤਾਂ ਨੂੰ ਦੱਸਿਆ ਗਿਆ ਕਿ 1 ਤੋਂ 7 ਅਗਸਤ ਤੱਕ ਮਾਂ ਦੇ ਦੁੱਧ ਦੀ ਮਹੱਤਤਾ ਸੰਬੰਧੀ ਹਫਤਾ ਮਨਾਇਆ ਗਿਆ ।ਔਰਤਾਂ ਨੂੰ ਮਾਂ ਦਾ ਪਹਿਲਾ ਗਾੜਾ ਦੁੱਧ ਜਿਸ ਨੂੰ ਕਲਸਟਮ ਕਹਿੰਦੇ ਹਨ। ਉਹ ਬੱਚੇ ਨੂੰ ਜਨਮ ਤੋਂ 1 ਘੰਟੇ ਦੇ ਅੰਦਰ- ਅੰਦਰ ਦੇਣਾ ਜ਼ਰੂਰੀ ਹੁੰਦਾ ਹੈ। ਇਹ ਦੁੱਧ ਬੱਚੇ ਨੂੰ ਭਵਿੱਖ ਵਿੱਚ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਂਦਾ ਹੈ। ਇਹ ਬੱਚੇ ਦੀਆਂ ਹੱਡੀਆਂ ਮਜ਼ਬੂਤ ਕਰਦਾ ਹੈ ।ਇਸ ਵਿੱਚ ਸਾਰੇ ਜ਼ਰੂਰੀ ਤੱਤ ਮੌਜੂਦ ਹੁੰਦੇ ਹਨ।ਜਿਵੇਂ ਕਿ ਕੈਲਸ਼ੀਅਮ, ਆਇਰਨ, ਵਿਟਾਮਿਨ ਖਣਿਜ ਹੁੰਦੇ ਹਨ। ਇਹ ਬੱਚੇ ਦੇ ਸਰੀਰ ਦਾ ਤਾਪਮਾਨ ਸਹੀ ਰੱਖਦਾ ਹੈ। ਇਹ ਬੱਚੇ ਨੂੰ ਇਨਫੈਕਸ਼ਨ ਤੋਂ ਬਚਾਉਂਦਾ ਹੈ।ਘੱਟ ਤੋਂ ਘੱਟ ਬੱਚੇ ਨੂੰ ਇਹ 6 ਮਹੀਨੇ ਤੱਕ ਜ਼ਰੂਰ ਪਿਲਾਉਣਾ ਚਾਹੀਦਾ ਹੈ।6 ਮਹੀਨੇ ਤੋਂ ਬਾਅਦ ਮਾਂ ਦੇ ਦੁੱਧ ਦੇ ਨਾਲ ਨਾਲ ਬੱਚੇ ਨੂੰ ਹੋਰ ਓਪਰਾ ਆਹਾਰ ਦੇਣਾ ਚਾਹੀਦਾ ਹੈ।ਇਸ ਵਿੱਚ ਆਂਗਣਵਾੜੀ ਵਰਕਰ ਅਤੇ ਹੈਲਪਰ ਵੀ ਸ਼ਾਮਲ ਸਨ। ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਨੂਰਮਹਿਲ ਬਲਾਕ ਦੇ ਸਾਰੇ ਆਂਗਣਵਾੜੀ ਸੈਂਟਰਾਂ ਵਿੱਚ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੁਆਰਾ ਇਹ ਹਫਤਾ ਮਨਾਇਆ ਗਿਆ।



## ਮਲਕਪੁਰ-ਜਿਊਲੀ ਸੜਕ ਲੋਕਾਂ ਲਈ ਮੌਤ ਦਾ ਖੂਹ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਲਾਲੜੂ ਖੇਤਰ ਦੇ ਲੋਕਾਂ ਦੀ ਮੰਗ ਦੇ ਮੱਦੇਨਜ਼ਰ ਪੰਜਾਬ ਕਾਂਗਰਸ ਦੇ ਨੌਜਵਾਨ ਆਗੂ ਉਦੇਵੀਰ ਸਿੰਘ ਢਿੱਲੋਂ ਨੇ ਪਿਛਲੇ ਲੰਮੇ ਸਮੇਂ ਤੋਂ ਖਸਤਾਹਾਲ ਹੋਈ ਮਲਕਪੁਰ-ਜਿਊਲੀ ਸੜਕ ਦਾ ਮੁੱਦਾ ਉਭਾਰਿਆ ਹੈ । ਆਪਣੀ ਟੀਮ ਨਾਲ ਇਸ ਸੜਕ ਉਪਰ ਪਹੁਚੇ ਢਿੱਲੋਂ ਨੇ ਕਿਹਾ ਕਿ ਇਸ ਸੜਕ ਨੂੰ ਤਾਂ ਪਗਡੰਡੀ ਕਹਿਣਾ ਵੀ ਸਹੀ ਨਹੀਂ ਹੋਵੇਗਾ ਕਿਉਂਕਿ ਇਹ ਸੜਕ ਤਾਂ ਖੇਤਾਂ ਵਾਲੀ ਇੱਕ ਆਮ ਵੱਟ ਬਣ ਕੇ ਰਹਿ ਗਈ ਹੈ, ਜਿਸ ਉੱਤੋਂ ਲੋਕ ਲਾਈਨ ਵਿੱਚ ਹੀ ਚੱਲ ਸਕਦੇ ਹਨ । ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕ ਲਗਾਤਾਰ ਵੱਖ-ਵੱਖ ਮੀਡੀਆ ਪਲੇਟਫਾਰਮਾਂ ਰਾਹੀਂ ਇਸ ਸੜਕ ਬਾਰੇ ਸਰਕਾਰ ਨੂੰ ਦੱਸ ਰਹੇ ਹਨ ਪਰ ਸਰਕਾਰ ਦੇ ਕੰਨ ਉਤੇ ਜੂੰ ਨਹੀਂ ਸਰਕ ਰਹੀ । ਉਨ੍ਹਾਂ ਕਿਹਾ ਕਿ ਸੜਕ ਦੀ ਮਾੜੀ ਹਾਲਤ ਦੇ ਚੱਲਦਿਆਂ ਇਸ ਸੜਕ ਤੋਂ ਲੋਕ ਲੰਘਣੇ ਹੀ ਬੰਦ ਹੋ ਰਹੇ ਹਨ ਤੇ ਉਹ ਆਪਣੀ ਜਾਨ ਬਚਾਉਣ ਲਈ ਬਦਲਵੀਆਂ ਸੜਕਾਂ ਵਰਤ ਰਹੇ ਹਨ । ਉਦੇਵੀਰ ਢਿੱਲੋਂ ਨੇ ਕਿਹਾ ਕਿ ਪਿਛਲੀ ਕਾਂਗਰਸ ਦੀ ਸਰਕਾਰ ਦੌਰਾਨ ਵੱਡੇ ਪੱਧਰ 'ਤੇ ਸੜਕਾਂ ਬਣਾਉਣ ਨੂੰ ਤਰਜੀਹ ਦਿੱਤੀ ਗਈ ਸੀ ਤੇ ਉਸ ਸਰਕਾਰ ਸਮੇਂ ਬਣੀਆਂ ਸੜਕਾਂ ਅੱਜ ਵੀ ਮਿਸਾਲ ਹਨ, ਜਿਸ ਵਿਚ ਲਾਲੜੂ -ਹੰਡੇਸਰਾ ਸੜਕ ਵਿਸ਼ੇਸ਼ ਹੈ । ਉਨ੍ਹਾਂ ਕਿਹਾ ਕਿ ਸੱਤਰ ਸਾਲ ਦੀਆਂ ਗੱਲਾਂ ਕਰਨ ਵਾਲੇ ਮੌਜੂਦਾ ਆਗੂ ਸਾਢੇ ਤਿੰਨ ਸਾਲਾਂ ਵਿਚ ਹੀ ਲੋਕਾਂ ਦੀਆਂ ਸਮੱਸਿਆਵਾਂ ਤੋਂ ਟਾਲਾ ਵੱਟ ਗਏ ਹਨ । ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਕਾਂਗਰਸੀ ਆਗੂ ਕਰਨੈਲ ਸਿੰਘ ਹਮਾਂਯੂੰਪੁਰ, ਜਿੰਦਰ ਸਿੰਘ ਤੁਰਕਾ, ਕੁਲਦੀਪ ਸਿੰਘ ਹਮਾਂਯੂੰਪੁਰ, ਜਸਵਿੰਦਰ ਸਿੰਘ ਮਲਕਪੁਰ, ਨੈਬ ਸਿੰਘ ਬਾਜਵਾ, ਸੁੱਖਾ ਮਲਕਪੁਰ ਤੇ ਵੱਖ -ਵੱਖ ਪਿੰਡਾਂ ਦੇ ਵਸਨੀਕ ਹਾਜ਼ਰ ਸਨ ।



## ਡੇਂਗੂ ਦੇ ਫੈਲਾਅ ਨੂੰ ਰੋਕਣ ਲਈ ਲੋਕਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ : ਡਾ. ਬੈਂਸ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੀ.ਐਚ.ਸੀ ਹਾਰਟਾ ਬਡਲਾ ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਪੰਜਾਬ ਦੇ ਹੁਕਮਾਂ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਪਵਨ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਬਲਾਕ ਹਾਰਟਾ ਬਡਲਾ ਅਧੀਨ ਆਉਂਦੀਆਂ ਉਸਾਰੀ ਵਾਲੀਆਂ ਥਾਵਾਂ ਅਤੇ ਪੌਦਿਆਂ ਦੀਆਂ ਨਰਸਰੀਆਂ ਵਿਖੇ ਡੇਂਗੂ ਦੀ ਰੋਕਥਾਮ ਸੰਬੰਧੀ ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ ਮੁਹਿੰਮ ਤਹਿਤ ਚਲਾਈ ਗਈ। ਇਸ ਮੌਕੇ ਐਸ.ਐਮ.ਓ ਡਾ. ਮਨਪ੍ਰੀਤ ਸਿੰਘ ਬੈਂਸ ਨੇ ਦੱਸਿਆ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਇੱਕ ਸ਼ਲਾਘਾਯੋਗ ਕਦਮ ਹੈ, ਜੋ ਡੇਂਗੂ ਵਰਗੀਆਂ ਜਾਨਲੇਵਾ ਬਿਮਾਰੀਆਂ ਨਾਲ ਲੜਨ ਲਈ ਸਮਾਜਿਕ ਭਾਗੀਦਾਰੀ ਦੀ ਮਹੱਤਤਾ ਨੂੰ ਦਰਸਾਉਂਦਾ ਹੈ। ਇਹ ਮੁਹਿੰਮ ਹਰ ਹਫ਼ਤੇ, ਖ਼ਾਸ ਕਰਕੇ ਸ਼ੁੱਕਰਵਾਰ ਨੂੰ ਆਪਣੇ ਆਲੇ ਦੁਆਲੇ ਦੀ ਸਫਾਈ ਤੇ ਡੇਂਗੂ ਮੱਛਰ ਦੇ ਪ੍ਰਜਣਨ ਸਥਾਨਾਂ ਨੂੰ ਖਤਮ ਕਰਨ ਲਈ ਪ੍ਰੇਰਿਤ ਕਰਦੀ ਹੈ। ਡਾ.ਬੈਂਸ ਨੇ ਦੱਸਿਆ ਕਿ ਅੱਜ ਇਸੇ ਮੁਹਿੰਮ ਤਹਿਤ ਸਰਕਾਰ ਦੇ ਹੁਕਮਾਂ ਮੁਤਾਬਿਕ ਸੀ.ਐਚ.ਸੀ ਹਾਰਟਾ ਬਡਲਾ ਦੀ ਟੀਮ ਵਲੋਂ ਬਲਾਕ ਹਾਰਟਾ ਬਡਲਾ ਅਧੀਨ ਆਉਂਦੀਆਂ ਉਸਾਰੀ ਵਾਲੀਆਂ ਥਾਵਾਂ ਅਤੇ ਪੌਦਿਆਂ ਦੀਆਂ ਨਰਸਰੀਆਂ ਵਿਖੇ ਡੇਂਗੂ ਦੇ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ ਪਾਏ ਗਏ ਡੇਂਗੂ ਮੱਛਰ ਦੇ ਲਾਰਵੇ ਨੂੰ ਮੌਕੇ 'ਤੇ ਹੀ ਨਸ਼ਟ ਕੀਤਾ ਗਿਆ। ਸਿਹਤ ਕਰਮਚਾਰੀਆਂ ਵਲੋਂ ਉਸਾਰੀ ਵਾਲੀਆਂ ਥਾਵਾਂ 'ਤੇ ਕੰਮ ਕਰ ਰਹੇ ਮਜ਼ਦੂਰਾਂ ਅਤੇ ਪੌਦਿਆਂ ਦੀਆਂ ਨਰਸਰੀਆਂ ਦੇ ਮਾਲੀਆਂ ਨੂੰ ਮੌਕੇ 'ਤੇ ਜਾਗਰੂਕ ਵੀ ਕੀਤਾ ਗਿਆ। ਉਨ੍ਹਾਂ ਨੂੰ ਦੱਸਿਆ ਗਿਆ ਕਿ ਡੇਂਗੂ ਏਡੀਜ਼ ਏਜਿਪਟੀ ਮਾਦਾ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਜੋ ਕਿ ਸਾਫ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ ਅਤੇ ਦਿਨ ਵੇਲੇ ਕੱਟਦਾ ਹੈ। ਇਸ ਦੇ ਕੱਟਣ ਨਾਲ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਚਮੜੀ 'ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਸੂੜਿਆਂ ਅਤੇ ਨੱਕ ਆਦਿ ਵਿੱਚੋਂ ਖੂਨ ਵਗਣਾ ਸ਼ੁਰੂ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦਾ ਬੁਖਾਰ ਹੋਣ ਦੀ ਸੂਰਤ ਵਿੱਚ ਜਲਦੀ ਤੋਂ ਜਲਦੀ ਨੇੜੇ ਦੇ ਸਿਹਤ ਕੇਂਦਰ ਵਿੱਚ ਜਾ ਕੇ ਆਪਣਾ ਟੈਸਟ ਕਰਵਾਉਣਾ ਚਾਹੀਦਾ ਹੈ। ਡੇਂਗੂ ਦਾ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ।ਡੇਂਗੂ ਦੀ ਰੋਕਥਾਮ ਅਤੇ ਬਚਾਓ ਸੰਬੰਧੀ ਉਨਾਂ ਕਿਹਾ ਕਿ ਸਾਨੂੰ ਹਰ ਸ਼ੁਕਰਵਾਰ ਨੂੰ ਇਹਨਾਂ ਥਾਂਵਾਂ 'ਤੇ ਪਏ ਡਰੰਮਾਂ, ਗਮਲਿਆਂ ਅਤੇ ਹੋਰ ਕਈ ਟੁੱਟੇ ਬਰਤਨਾਂ ਆਦਿ ਵਿੱਚ ਖੜ੍ਹੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕਰਕੇ ਚੰਗੀ ਤਰ੍ਹਾਂ ਨਾਲ ਸੁਕਾ ਲੈਣਾ ਚਾਹੀਦਾ ਹੈ ਕਿਉਂਕਿ ਡੇਂਗੂ ਦਾ ਮੱਛਰ ਹਫਤੇ ਵਿੱਚ ਅੰਡੇ ਤੋਂ ਪੂਰਾ ਮੱਛਰ ਬਣਦਾ ਹੈ। ਇਸ ਤੋਂ ਇਲਾਵਾ ਇਨ੍ਹਾਂ ਥਾਵਾਂ 'ਤੇ ਰਹਿ ਰਹੇ ਮਜ਼ਦੂਰਾਂ, ਮਾਲੀਆਂ ਨੂੰ ਸੌਣ ਸਮੇਂ ਮੱਛਰਦਾਨੀ ਦੀ ਵਰਤੋਂ ਕਰਨੀ ਚਾਹੀਦੀ ਹੈ ਤੇ ਨਾਲ ਹੀ ਕੱਪੜੇ ਅਜਿਹੇ ਪਾਉਣੇ ਚਾਹੀਦੇ ਹਨ ਜਿਸ ਨਾਲ ਪੂਰਾ ਸਰੀਰ ਢਕਿਆ ਰਹੇ ਤਾਂ ਕਿ ਮੱਛਰ ਕੱਟ ਨਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਹਰ ਵਿਅਕਤੀ ਆਪਣੀ ਥੋੜ੍ਹੀ ਜਿਹੀ ਜ਼ਿੰਮੇਵਾਰੀ ਨੂੰ ਸਮਝ ਲਵੇ ਤੇ ਆਪਣੇ ਘਰਾਂ ਅਤੇ ਆਲੇ-ਦੁਆਲੇ ਦੀ ਸਫਾਈ ਦਾ ਧਿਆਨ ਰੱਖੇ ਤਾਂ ਡੇਂਗੂ ਦੇ ਮਾਮਲਿਆਂ ਵਿਚ ਕਾਫ਼ੀ ਕਮੀ ਲਿਆਦੀ ਜਾ ਸਕਦੀ ਹੈ।



## ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰ ਜ਼ਿਲ੍ਹਾ ਕਪੂਰਥਲਾ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥਣਾਂ ਦੇ ਮਹਿੰਦੀ ਮੁਕਾਬਲੇ ਵੀ ਕਰਵਾਏ ਗਏ। ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥਣਾਂ ਨੇ ਸ਼ਬਦ ਗਾਇਨ ਨਾਲ ਕੀਤੀ ਗਈ ਅਤੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੁਆਰਾ ਗਿੱਧਾ ਭੰਗੜਾ ਪੇਸ਼ ਕੀਤਾ ਗਿਆ। ਮੈਡਮ ਪਰਮਜੀਤ ਕੌਰ ਢਾਹ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੱਤੀ ਅਤੇ ਤੀਆਂ ਦੀ ਮਹੱਤਵ ਬਾਰੇ ਚਾਨਣਾ ਪਾਇਆ ਅਤੇ ਕਿਹਾ ਇਹ ਤਿਉਹਾਰ ਸਾਡੇ ਸਮਾਜ ਵਿੱਚੋਂ ਹੌਲੀ ਹੌਲੀ ਅਲੋਪ ਹੋ ਰਹੇ ਹਨ। ਇਹਨਾਂ ਨੂੰ ਜੀਵਤ ਰੱਖਣਾ ਸਾਡਾ ਮੁਢਲਾ ਫਰਜ਼ ਹੈ। ਮੈਡਮ ਪਰਮਜੀਤ ਕੌਰ ਕਾਲੋ ਤੇ ਮੈਡਮ ਰਮਦੀਪ ਕੌਰ ਵੱਲੋਂ ਐਂਕਰਿੰਗ ਦੀ ਭੂਮਿਕਾ ਨਿਭਾਈ ਗਈ। ਮੈਡਮ ਪਰਮਜੀਤ ਕੌਰ ਕਾਹਲੋਂ ਵੱਲੋਂ ਪ੍ਰੋਗਰਾਮ ਨੂੰ ਵਧੀਆ ਤਰੀਕੇ ਨਾਲ ਕਰਵਾਇਆ ਗਿਆ। ਇਸ ਮੌਕੇ ਮੈਡਮ ਪਰਮਜੀਤ ਕੌਰ, ਰੇਨੂ ਸ਼ਰਮਾ, ਕੰਚਨ ਸ਼ਰਮਾ, ਰਮਨਦੀਪ ਕੌਰ, ਸੰਗੀਤਾ, ਰਜਨੀ ਜੋਸ਼ੀ, ਹਰਦੀਪ, ਮੀਨਾਕਸ਼ੀ, ਜਸਪ੍ਰੀਤ ਕੌਰ, ਰੇਨੂ ਸ਼ਰਮਾ, ਪਰਮਜੀਤ ਕੌਰ ਕਾਹਲੋਂ, ਅਮਨਜੋਤੀ, ਰਾਣਾ, ਲੀਨਾ ਚਿੱਟੀ, ਅਨੂ, ਮੁਸਕਾਨ, ਪੂਨਮ, ਰਾਜਕੁਮਾਰ, ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।




## 'ਯੁੱਧ ਨਸ਼ਿਆਂ ਵਿਰੁੱਧ' ਨੂੰ ਲੈ ਕੇ ਮੀਟਿੰਗ

**ਗੁਰਾਇਆ (ਬਿੰਦਰ ਸੁੰਮਨ)**- ਯੁੱਧ ਨਸ਼ਿਆਂ ਵਿਰੁੱਧ ਸੰਬੰਧੀ ਵਾਰਡ ਨੰਬਰ ਚਾਰ ਗੁਰਾਇਆ 'ਚ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ 'ਚ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਅਤੇ ਉਹਨਾਂ ਦੇ ਨਾਲ ਗੁਰਾਇਆ ਦੇ ਕੌਂਸਲਰ ਸਾਹਿਬਾਨ ਅਤੇ ਪ੍ਰਧਾਨ ਉਚੇਚੇ ਤੌਰ ਤੇ ਪਹੁੰਚੇ ਅਤੇ ਵਾਰਡ ਨੰਬਰ ਚਾਰ ਦੇ ਵਾਸੀਆਂ ਨੂੰ ਨਸ਼ਿਆਂ ਦੇ ਵਿਰੁੱਧ ਖੜੇ ਹੋਣ ਲਈ ਕਿਹਾ ਅਤੇ ਇਹ ਵੀ ਕਿਹਾ ਅਗਰ ਕੋਈ ਤੁਹਾਡੇ ਵਾਰਡ ਵਿੱਚ ਜਾਂ ਗੁਰਾਇਆ ਵਿੱਚ ਕੋਈ ਵੀ ਨਸ਼ਾ ਤਸਕਰ ਨਸ਼ਾ ਵੇਚਦਾ ਹੈ ਉਸ ਦੀ ਜਾਣਕਾਰੀ ਆਪਣੇ ਵਾਰਡ ਦੇ ਕੌਂਸਲਰ ਸਦੇਸ਼ ਕੁਮਾਰ ਬਿੱਲਾ ਜੋ ਬਲਾਕ ਪ੍ਰਧਾਨ ਵੀ ਹਨ, ਨੂੰ ਤੁਸੀਂ ਆਪਣੀ ਗੁਪਤ ਜਾਣਕਾਰੀ ਦੇ ਸਕਦੇ ਹੋ। ਇਸ ਮੌਕੇ ਬਲਾਕ ਪ੍ਰਧਾਨ ਸੁਦੇਸ਼ ਕੁਮਾਰ ਬਿੱਲਾ,ਨਗਰ ਕੌਂਸਲ ਦੇ ਪ੍ਰਧਾਨ ਹਰਮੇਸ਼ ਲਾਲ,ਬਾਬਾ ਰਵਿੰਦਰ ਸਿੰਘ ਤੇ ਸਮੂਹ ਕੌਂਸਲਰ ਤੇ ਵਾਰਡ ਇੰਚਾਰਜ ਅਤੇ ਪੰਕਜ ਰਾਇ ਤੇ ਆਮ ਆਦਮੀ ਪਾਰਟੀ ਵਰਕਰ ਹਾਜ਼ਰ ਸਨ।

## ਬੱਚਿਆਂ ਨੂੰ ਨਵੋਦਿਆ ਵਿਦਿਆਲਿਆ 'ਚ ਦਾਖ਼ਲਾ ਲੈਣ ਲਈ ਵਿਸ਼ੇਸ਼ ਕਲਾਸਾਂ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿੱਦਿਆ ਦੇ ਖੇਤਰ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨਲ ਟਰਸਟ ਯੂ ਕੇ ਵੱਲੋਂ ਗਰੀਬ ਅਤੇ ਲੋੜਵੰਦ ਲੋਕਾਂ ਦੇ ਬੱਚਿਆਂ ਨੂੰ ਵਿੱਦਿਆ ਪ੍ਰਾਪਤ ਕਰਵਾਉਣ ਲਈ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਪ੍ਰੀਤ ਨਗਰ ਪਿੰਡ ਅੱਜੋਵਾਲ ਨੂੰ ਗੋਦ ਲੈ ਕੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਪਰਵਾਰਾਂ ਦੇ ਬੱਚਿਆਂ ਨੂੰ ਵਿੱਦਿਆ ਪ੍ਰਾਪਤ ਕਰਵਾਉਣ ਅਤੇ ਇਲਾਕੇ ਦੇ ਵਿਕਾਸ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਸੇਵਾ ਨੂੰ ਅੱਗੇ ਵਧਾਉਣ ਲਈ ਇਸ ਸਕੂਲ ਵਿੱਚ ਪੜ੍ਹਦੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਨਵੋਦਿਆ ਵਿਦਿਆਲਿਆ ਵਿੱਚ ਦਾਖ਼ਲਾ ਲੈਣ ਲਈ ਹੋਣ ਵਾਲੇ ਦਾਖਲਾ ਇਮਿਤਹਾਨ ਲਈ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਸਕੂਲ ਵਿਖੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੀ ਸਕੂਲ ਦੇ ਅਧਿਆਪਕਾਂ ਵੱਲੋਂ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਜਿਸ ਵਿੱਚ ਟਰਸਟ ਦੇ ਪ੍ਰਧਾਨ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਨੇ ਨਵੋਦਿਆ ਵਿਦਿਆਲਿਆ ਵਿੱਚ ਦਾਖ਼ਲਾ ਲੈਣ ਅਤੇ ਇਸ ਦੀ ਮਹੱਤਤਾ ਸਬੰਧੀ ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੱਤੀ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਬੰਧੀ ਵੀ ਜਾਣਕਾਰੀ ਦਿੱਤੀ। ਸਕੂਲ ਦੇ ਹੈਡ ਟੀਚਰ ਅੰਜੂ ਬਾਲਾ, ਪ੍ਰਵੀਨ ਕੁਮਾਰ ਅਤੇ ਬਲਵਿੰਦਰ ਕੌਰ ਵੱਲੋਂ ਵੀ ਆਪਣੇ ਵਿਚਾਰ ਪੇਸ਼ ਕੀਤੇ ਗਏ।ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨਲ ਟਰਸਟ ਦੇ ਚੇਅਰਮੈਨ ਰਣਜੀਤ ਸਿੰਘ, ਮੈਂਬਰ ਜਸਜੀਤ ਸਿੰਘ ਆਹਲੂਵਾਲੀਆ, ਪ੍ਰਿੰਸੀਪਲ ਰਚਨਾ ਕੌਰ, ਗੁਰਪ੍ਰੀਤ ਸਿੰਘ, ਜਤਿੰਦਰ ਕੌਰ ਵੱਲੋਂ ਆਪਣੇ ਵਿਸ਼ੇਸ਼ ਸੰਦੇਸ਼ ਰਾਹੀਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਆ ਪ੍ਰਾਪਤ ਕਰਵਾਉਣ ਤਾਂ ਕਿ ਜ਼ਿੰਦਗੀ ਵਿਚ ਅੱਗੇ ਵਧ ਸਕਣ ਅਤੇ ਉੱਚੇ ਅਹੁਦਿਆਂ ਤੇ ਪਹੁੰਚ ਸਕਣ ਅਤੇ ਟਰਸਟ ਵੱਲੋਂ ਉਨ੍ਹਾਂ ਦੀ ਹਰ ਤਰ੍ਹਾਂ ਨਾਲ ਮਦਦ ਕੀਤੀ ਜਾਵੇਗੀ। ਇਸ ਮੌਕੇ ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨ ਟਰਸਟ ਵੱਲੋਂ ਜਵਾਹਰ ਨਵੋਦਿਆ ਵਿਦਿਆਲੇ ਦਾ ਟੈਸਟ ਦੇਣ ਵਾਲੇ ਬੱਚਿਆਂ ਨੂੰ ਲੋੜੀਂਦੀ ਸਟੇਸ਼ਨਰੀ ਅਤੇ ਕਿਤਾਬਾਂ ਵੰਡੀਆਂ ਗਈਆਂ। ਇਸ ਮੌਕੇ ਤੇ ਸਮੂਹ ਸਟਾਫ ਮੈਂਬਰ ਅਤੇ ਬੱਚਿਆਂ ਦੇ ਮਾਤਾ ਪਿਤਾ ਵੀ ਹਾਜ਼ਰ ਰਹੇ।



## ਨੰਬਰਦਾਰ ਯੂਨੀਅਨ ਤੇ ਲਾਇਨਜ਼ ਕਲੱਬ ਵੱਲੋਂ ਜਸ਼ਨਾਂ ਨਾਲ ਮਨਾਇਆ ਜਾਵੇਗਾ ਆਜ਼ਾਦੀ ਦਿਹਾੜਾ : ਅਸ਼ੋਕ ਸੰਧੂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੰਬਰਦਾਰ ਯੂਨੀਅਨ ਜ਼ਿਲ੍ਹਾ ਜਲੰਧਰ ਦੀ ਇੱਕ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਹੈੱਡ ਆਫਿਸ ਤਹਿਸੀਲ ਕੰਪਲੈਕਸ ਨੂਰਮਹਿਲ ਵਿਖੇ ਹੋਈ। ਇਸ ਮੌਕੇ ਨੰਬਰਦਾਰ ਸਾਹਿਬਾਨ ਨੇ ਸ਼ਹੀਦ-ਏ-ਆਜ਼ਮ ਸ. ਊਧਮ ਸਿੰਘ ਨੂੰ ਆਪਣੀ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਅਤੇ ਦੇਸ਼ ਦਾ ਕੌਮੀ ਦਿਹਾੜਾ ਜਸ਼ਨ-ਏ-ਆਜ਼ਾਦੀ ਦੇ ਬੈਨਰ ਹੇਠ ਸ਼ਰਧਾ ਭਾਵ ਨਾਲ ਮਨਾਉਣ ਦਾ ਫੈਸਲਾ ਲਿਆ। ਨੰਬਰਦਾਰਾਂ ਨੇ ਸਮੂਹ ਨੰਬਰਦਾਰ ਸਾਹਿਬਾਨ, ਨੂਰਮਹਿਲ ਨਿਵਾਸੀਆਂ ਸਮੇਤ ਇਲਾਕਾ ਨਿਵਾਸੀਆਂ ਨੂੰ 15 ਅਗਸਤ ਨੂੰ ਸਵੇਰੇ 8 ਵਜੇ ਤਹਿਸੀਲ ਕੰਪਲੈਕਸ ਨੂਰਮਹਿਲ ਵਿਖੇ ਪਹੁੰਚਣ ਦਾ ਸੱਦਾ ਪੱਤਰ ਦਿੱਤਾ। ਮੀਟਿੰਗ ਵਿੱਚ ਸ਼ਾਮਲ ਨੰਬਰਦਾਰਾਂ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਵਿੱਤੀ ਸਹਾਇਤਾ ਤੇ ਤਿਓਹਾਰ ਰੱਖੜੀ ਦੀਆਂ ਦੁਨੀਆ ਵਿੱਚ ਵਸਦੇ ਹਰ ਭੈਣ-ਭਰਾ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਮੀਟਿੰਗ ਵਿੱਚ ਉਹਨਾਂ ਕੁਰਸੀਧਾਰੀ ਰਾਜਨੀਤਕ ਲੀਡਰਾਂ ਅਤੇ ਅਫਸਰਾਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਉਹ ਕਾਲੇ ਅੰਗਰੇਜ਼ ਬਣ ਕੇ ਦੇਸ਼ ਦਾ ਅਕਸ ਦੁਨੀਆ ਵਿੱਚ ਨਿੱਤ ਵਿਗਾੜਨ ਤੋਂ ਬਾਜ਼ ਆਉਣ, ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਲਾਜ਼ ਰੱਖਣ। ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਕਿ ਨੰਬਰਦਾਰਾਂ ਦਾ ਮਾਣ-ਭੱਤਾ 5000 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਜਲਦੀ ਕਰਨ। ਹਲਕਾ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ ਨੂੰ ਬੇਨਤੀ ਕਰਦਿਆਂ ਕਿਹਾ ਕਿ ਉਹ ਨੰਬਰਦਾਰਾਂ ਦੀਆਂ ਚਿਰ ਕਾਲ ਤੋਂ ਲਟਕ ਰਹੀਆਂ ਮੰਗਾਂ ਦਾ ਮਸਲਾ ਵਿਧਾਨ ਸਭਾ ਵਿੱਚ ਰੱਖਣ, ਨੂਰਮਹਿਲ ਦੇ ਸਰਕਾਰੀ ਸਕੂਲ ਨੂੰ ਉਸਾਰਨ ਵਿੱਚ ਦੇਰੀ ਨਾ ਕਰਨ। ਨੂਰਮਹਿਲ ਦੇ ਨਾਇਬ ਤਹਿਸੀਲਦਾਰ ਜਸਵਿੰਦਰ ਸਿੰਘ ਵੱਲੋਂ ਸਬ ਤਹਿਸੀਲ ਨੂਰਮਹਿਲ ਦੀ ਜੋ ਨੁਹਾਰ ਬਦਲੀ ਹੈ, ਸਮੂਹ ਨੰਬਰਦਾਰ ਸਾਹਿਬਾਨ ਨੇ ਮਿਲ ਕੇ ਸ਼ਲਾਘਾ ਕੀਤੀ। ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੇ ਪ੍ਰਧਾਨ ਲਾਇਨ ਦਿਨਕਰ ਸੰਧੂ, ਸਲਾਹਕਾਰ ਲਾਇਨ ਸੀਤਾ ਰਾਮ ਸੋਖਲ ਉਚੇਚੇ ਤੌਰ 'ਤੇ ਸ਼ਾਮਿਲ ਹੋਏ ਜਿਨ੍ਹਾਂ ਨੇ 15 ਅਗਸਤ ਮੌਕੇ ਵਿਸ਼ੇਸ਼ ਸਹਿਯੋਗ ਕਰਨ ਦਾ ਐਲਾਨ ਕੀਤਾ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਪ੍ਰਮੁੱਖ ਆਗੂ ਸੁਰਿੰਦਰ ਸਿੰਘ ਬੁਰਜ ਕੇਲਾ ਸਕੱਤਰ ਜਨਰਲ, ਰਾਮ ਦਾਸ ਬਾਲੂ ਚੂਹੇਕੀ ਕੈਸ਼ੀਅਰ, ਜਗਨ ਨਾਲ ਚਾਹਲ ਪੀ.ਆਰ.ਓ, ਤਰਸੇਮ ਲਾਲ ਉੱਪਲ ਖਾਲਸਾ ਪ੍ਰੈੱਸ ਸਕੱਤਰ, ਮਹਿੰਦਰ ਸਿੰਘ ਨਾਹਲ ਵਿਸ਼ੇਸ਼ ਸਲਾਹਕਾਰ, ਜਰਨੈਲ ਸਿੰਘ ਗਦਰਾ ਸਲਾਹਕਾਰ ਤੋਂ ਜਥੇਬੰਦੀ ਦੇ ਪ੍ਰਮੁੱਖ ਕ੍ਰਮਵਾਰ ਜਗੀਰ ਸਿੰਘ ਸੰਗੋਵਾਲ, ਸੀਤਲ ਦਾਸ ਰਾਜੋਵਾਲ, ਹਰਪਾਲ ਸਿੰਘ ਪੁਆਦੜਾ, ਬੱਗੜ ਰਾਮ ਬਿਲਗਾ, ਦਿਲਬਾਗ ਸਿੰਘ ਜੰਡਿਆਲਾ, ਅਸ਼ੋਕ ਕੁਮਾਰ ਕੰਦੋਲਾ ਖੁਰਦ ਸਾਬਕਾ ਸਰਪੰਚ, ਲਖਬੀਰ ਸਿੰਘ ਪੁਆਦੜਾ, ਦਿਲਾਵਰ ਸਿੰਘ ਅਤੇ ਅਮਰਜੀਤ ਗੁਮਟਾਲੀ, ਆਤਮਾ ਰਾਮ ਭੰਡਾਲ ਬੂਟਾ, ਭਜਨ ਲਾਲ ਕਾਦੀਆਂ, ਸ਼ਰਧਾ ਰਾਮ ਲਖਣਪਾਲ, ਪ੍ਰੇਮ ਚੰਦ ਮੁਆਈ, ਕਸ਼ਮੀਰ ਚੰਦ ਧਨੀ ਪਿੰਡ, ਬਲਜਿੰਦਰ ਸਿੰਘ ਬਿਲਗਾ, ਗੁਰਚਰਨ ਸਿੰਘ ਧਨੀ ਪਿੰਡ, ਸੁਖਵਿੰਦਰ ਸਿੰਘ ਉਮਰਪੁਰ ਕਲਾਂ, ਸੰਤੋਖ ਸਿੰਘ ਬਿਲਗਾ, ਕਸ਼ਮੀਰੀ ਲਾਲ ਤਲਵਣ, ਰਮੇਸ਼ ਲਾਲ ਤੋਂ ਇਲਾਵਾ ਸਬ ਤਹਿਸੀਲ ਦੇ ਪਟਵਾਰੀ ਸਾਹਿਬਾਨ ਅਤੇ ਫਰਦ ਕੇਂਦਰ ਦੇ ਕਰਮਚਾਰੀਆਂ ਨੇ ਜਿੱਥੇ ਸ਼ਹੀਦ-ਏ-ਆਜ਼ਮ ਸ. ਊਧਮ ਸਿੰਘ ਨੂੰ ਸ਼ਰਧਾਂਜਲੀ ਭੇਂਟ ਕੀਤੀ ਉੱਥੇ 15 ਅਗਸਤ ਨੂੰ ਰਾਸ਼ਟਰੀ ਝੰਡੇ ਨੂੰ ਸਲਾਮ ਅਤੇ ਸ਼ਹੀਦਾਂ ਨੂੰ ਪ੍ਰਣਾਮ ਕਰਨ ਲਈ ਸਾਥੀਆਂ ਸਮੇਤ ਗੱਜ-ਵੱਜ ਕੇ ਪਹੁੰਚਣ ਦਾ ਅਹਿਦ ਲਿਆ।



# ਜੋਗਾ ਸਿੰਘ ਦੀ ਗ੍ਰਿਫ਼ਤਾਰੀ ਨਾਲ ਹੋਰ ਦੋਸ਼ੀਆਂ ਦਾ ਪਰਦਾਫ਼ਾਸ਼ ਹੋਣ ਦੀ ਉਮੀਦ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**— ਪੰਜਾਬ ਦੇ ਵਿੱਤ ਮੰਤਰੀ ਅਤੇ 'ਯੁੱਧ ਨਸ਼ਿਆਂ ਵਿਰੁੱਧ' ਕੈਬਨਿਟ ਸਬ ਕਮੇਟੀ ਦੇ ਚੇਅਰਮੈਨ, ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੇ ਸਾਬਕਾ ਸੁਰੱਖਿਆ ਅਧਿਕਾਰੀ ਜੋਗਾ ਸਿੰਘ ਦੀ ਗ੍ਰਿਫ਼ਤਾਰੀ, 2015 ਦੇ ਗੁਰਦੇਵ ਸਿੰਘ ਦੋਸ਼ੀ ਡਰੱਗ ਰੈਕੇਟ ਦੇ ਪੀੜਤਾਂ ਲਈ ਇਨਸਾਫ਼ ਵੱਲ ਇੱਕ ਮਹੱਤਵਪੂਰਨ ਕਦਮ ਹੈ।ਚੀਮਾ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਦੋਸ਼ੀਆਂ ਦੇ ਚੱਲ ਰਹੀ ਦੇਰੀ ਦੋਸ਼ੀਆਂ ਦੀ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਲੀਡਰਸ਼ਿਪ ਨਾਲ ਰਾਜਨੀਤਿਕ ਸਬੰਧਾਂ ਕਾਰਨ ਹੋਈ ਹੈ।ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਚੀਮਾ ਨੇ ਜੋਗਾ ਸਿੰਘ ਦੀ ਗ੍ਰਿਫ਼ਤਾਰੀ ਸਬੰਧੀ ਘਟਨਾਵਾਂ ਦਾ ਵੇਰਵਾ ਦਿੱਤਾ। ਜੋਗਾ ਸਿੰਘ 28 ਸਤੰਬਰ, 2023 ਨੂੰ ਦੋਸ਼ੀ ਵਜੋਂ ਨਾਮਜ਼ਦ ਕੀਤੇ ਜਾਣ ਤੋਂ ਬਾਅਦ ਤੋਂ ਹੀ ਫਰਾਰ ਸੀ। ਅਕਤੂਬਰ 2023 ਵਿੱਚ ਫਾਜ਼ਿਲਕਾ ਦੀ ਸੈਸ਼ਨ ਅਦਾਲਤ ਅਤੇ ਜਨਵਰੀ 2024 ਵਿੱਚ ਹਾਈ ਕੋਰਟ ਨੇ ਉਸਦੀ ਜ਼ਮਾਨਤ ਰੱਦ ਕਰ ਦਿੱਤੀ ਸੀ। ਕਈ ਪੁਲਸ ਛਾਪਿਆਂ ਦੇ ਬਾਵਜੂਦ, ਉਹ ਫਰਾਰ ਰਿਹਾ। ਨਵੰਬਰ 2023 ਵਿੱਚ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ) ਦੁਆਰਾ ਜਾਰੀ ਕੀਤੇ ਗਏ ਲੁੱਕ ਆਊਟ ਸਰਕੂਲਰ (ਐਲ.ਓ.ਸੀ) ਕਾਰਨ, ਆਸਟ੍ਰੇਲੀਆ ਭੱਜਣ ਦੀ ਕੋਸ਼ਿਸ਼ ਕਰਦੇ ਹੋਏ, ਜੋਗਾ ਸਿੰਘ ਨੂੰ ਅੰਤ ਵਿੱਚ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਹਿਰਾਸਤ ਵਿੱਚ ਲੈ ਲਿਆ। ਉਸਨੂੰ ਟਰਾਂਜ਼ਿਟ ਰਿਮਾਂਡ 'ਤੇ ਲਿਆ ਗਿਆ ਅਤੇ ਜਲਾਲਾਬਾਦ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿਸ ਵੱਲੋਂ ਉਸ ਦਾ ਪੰਜ ਦਿਨਾਂ ਦਾ ਪੁਲਸ ਰਿਮਾਂਡ ਦਿੱਤਾ ਗਿਆ ਹੈ। ਜੋਗਾ ਸਿੰਘ ਨੇ ਸੁਖਪਾਲ ਸਿੰਘ ਖਹਿਰਾ ਅਤੇ ਇਸ ਮਾਮਲੇ ਵਿੱਚ ਦੋਸ਼ੀ ਗੁਰਦੇਵ ਸਿੰਘ ਅਤੇ ਉਸ ਦੀ ਧਿਰ ਦੇ ਵਿਚਕਾਰ ਗੱਲਬਾਤ ਵਿੱਚ ਮੁੱਖ ਭੂਮਿਕਾ ਨਿਭਾਈ। ਜਦੋਂ ਗੁਰਦੇਵ ਸਿੰਘ ਭਗੌੜਾ ਸੀ ਤਾਂ ਜੋਗਾ ਸਿੰਘ ਨੇ ਇਨ੍ਹਾਂ ਕਾਲਾਂ ਦਾ ਪ੍ਰਬੰਧ ਕਰਨ ਲਈ ਆਪਣੇ ਮੋਬਾਈਲ ਫੋਨ ਦੀ ਵਰਤੋਂ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਕਾਲ ਡਿਟੇਲ ਵਿਸ਼ਲੇਸ਼ਣ ਤੋਂ ਕਈ ਮਾਮਲੇ ਸਾਹਮਣੇ ਆਏ ਹਨ ਜਿੱਥੇ ਜੋਗਾ ਸਿੰਘ ਅਤੇ ਗੁਰਦੇਵ ਸਿੰਘ ਇੱਕੋ ਥਾਂ 'ਤੇ ਸਨ, ਇੱਥੋਂ ਤੱਕ ਕਿ ਖਹਿਰਾ ਦੀ ਗੈਰਹਾਜ਼ਰੀ ਵਿੱਚ ਵੀ।



# ਡੀ ਏ ਵੀ ਬਿਲਗਾ 'ਚ ਤੀਜ ਦਾ ਤਿਉਹਾਰ ਮਨਾਇਆ



**ਬਿਲਗਾ (ਵਿਜੇ ਕੁਮਾਰ)**— ਐਸ.ਆਰ. ਤਾਂਗੜੀ ਡੀ.ਏ.ਵੀ. ਪਬਲਿਕ ਸਕੂਲ, ਬਿਲਗਾ ਵਿੱਚ, ਤੀਜ ਦਾ ਤਿਉਹਾਰ ਬਹੁਤ ਧੂਮਧਾਮ ਨਾਲ ਮਨਾਇਆ ਗਿਆ । ਇਸ ਮੌਕੇ ਸਕੂਲ ਮੈਨੇਜਰ ਸ਼੍ਰੀਮਤੀ ਸਵੀਨ ਪੁਰੀ ਅਤੇ ਪ੍ਰੋਫੈਸਰ ਐਸ. ਪੀ. ਅਰੋੜਾ ਮੁੱਖ ਮਹਿਮਾਨ ਵਜੋਂ ਮੌਜੂਦ ਸਨ । ਪ੍ਰੋਫੈਸਰ ਐਸ.ਪੀ. ਅਰੋੜਾ ਨੇ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਲੋਪ ਹੋ ਰਹੇ ਪੰਜਾਬੀ ਵਿਰਸੇ ਨੂੰ ਸੰਭਾਲਣ ਵਿੱਚ ਵਿਦਿਅਕ ਸੰਸਥਾਵਾਂ ਦੀ ਵਿਸ਼ੇਸ਼ ਭੂਮਿਕਾ ਹੈ ।ਸਕੂਲ ਦੇ ਪ੍ਰਿੰਸੀਪਲ ਸੰਜੀਵ ਗੁਜਰਾਲ ਨੇ ਕਿਹਾ ਕਿ ਸਾਡੀ ਨੌਜਵਾਨ ਪੀੜ੍ਹੀ ਨੂੰ ਆਪਣੇ ਸੱਭਿਆਚਾਰ ਨਾਲ ਜੋੜਨਾ ਸਾਡਾ ਫਰਜ਼ ਹੈ । ਉਨ੍ਹਾਂ ਇਸ ਪ੍ਰੋਗਰਾਮ ਦਾ ਸਿਹਰਾ ਰਿਤੂ ਮਲਹੋਤਰਾ, ਪ੍ਰੀਤੀ ਅਤੇ ਰਾਜਵਿੰਦਰ ਕੌਰ ਨੂੰ ਦਿੱਤਾ । ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਪੇਸ਼ ਕੀਤੇ ਗਏ ਗਿੱਧੇ ਅਤੇ ਭੰਗੜੇ ਨੇ ਮੁੱਖ ਮਹਿਮਾਨ ਸਮੇਤ ਸਾਰੇ ਦਰਸ਼ਕਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ, ਇਥੋਂ ਤੱਕ ਕਿ ਮੁੱਖ ਮਹਿਮਾਨ ਸ਼੍ਰੀਮਤੀ ਸਵੀਨ ਪੁਰੀ ਨੇ ਵੀ ਗਿੱਧਾ ਪੇਸ਼ ਕਰਕੇ ਲੜਕੀਆਂ ਦਾ ਸਮਰਥਨ ਕੀਤਾ । ਇਸ ਦੇ ਨਾਲ ਹੀ ਇਸ ਮੌਕੇ ਮਿਸ ਤੀਜ ਮੁਕਾਬਲਾ ਵੀ ਕਰਵਾਇਆ ਗਿਆ । ਇਸ ਵਿੱਚ ਸੀਨੀਅਰ ਵਰਗ ਵਿੱਚ +1 ਦੀ ਵਿਦਿਆਰਥਣ ਨਵਕੀਰਤ ਕੌਰ ਅਤੇ ਜੂਨੀਅਰ ਵਰਗ ਵਿੱਚ ਨਰਸਰੀ ਦੀ ਵਿਦਿਆਰਥਣ ਪ੍ਰਵੀਨ ਕੌਰ ਨੂੰ ਮਿਸ ਤੀਜ ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ । ਸਟੇਜ ਦਾ ਪ੍ਰਬੰਧਨ ਰਾਜਬੀਰ ਕੌਰ ਨੇ ਬਹੁਤ ਵਧੀਆ ਢੰਗ ਨਾਲ ਕੀਤਾ ।

# ਵਿਦਿਆਰਥੀਆਂ ਨੂੰ ਸਰਕਾਰੀ ਵਿਭਾਗਾਂ ਦੀ ਕਾਰਜਸ਼ੈਲੀ ਤੋਂ ਕਰਵਾਇਆ ਜਾਵੇਗਾ ਜਾਣੂ : ਡਿਪਟੀ ਕਮਿਸ਼ਨਰ

**ਜਲੰਧਰ (ਇਕਬਾਲ ਸਿੰਘ ਉੱਭੀ, ਸ਼ੈਲੀ ਐਲਬਰਟ)** ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਚੇਤਨਾ ਵਿੱਦਿਅਕ ਟੂਰ ਪ੍ਰੋਗਰਾਮ' ਉਲੀਕਿਆ ਗਿਆ ਹੈ, ਜਿਸ ਤਹਿਤ ਵਿਦਿਆਰਥੀਆਂ ਨੂੰ ਵੱਖ-ਵੱਖ ਵਿਭਾਗਾਂ/ਦਫ਼ਤਰਾਂ ਦੀ ਕਾਰਜਵਿਧੀ ਨੂੰ ਨੇੜਿਓਂ ਦੇਖਣ, ਸਮਝਣ ਅਤੇ ਤਜ਼ੁਰਬਾ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸਿਆ ਕਿ 'ਚੇਤਨਾ ਵਿੱਦਿਅਕ ਟੂਰ ਪ੍ਰੋਗਰਾਮ' ਦੀ ਸ਼ੁਰੂਆਤ 22 ਅਗਸਤ ਤੋਂ ਕੀਤੀ ਜਾ ਰਹੀ ਹੈ, ਜਿਸ ਤਹਿਤ ਹਰ ਹਫ਼ਤੇ ਸ਼ੁੱਕਰਵਾਰ ਨੂੰ 25-25 ਦੇ 6 ਬੈਚਾ ਵਿੱਚ ਕੁੱਲ 150 ਵਿਦਿਆਰਥੀਆਂ ਨੂੰ ਵੱਖ-ਵੱਖ ਸਰਕਾਰੀ ਦਫ਼ਤਰ ਦਾ ਦੌਰਾ ਕਰਵਾਇਆ ਜਾਵੇਗਾ। ਡਾ. ਅਗਰਵਾਲ ਨੇ ਕਿਹਾ ਕਿ ਇਸ ਉਪਰਾਲੇ ਦਾ ਮਕਸਦ ਸਕੂਲੀ ਵਿਦਿਆਰਥੀਆਂ ਨੂੰ ਸਰਕਾਰੀ ਪ੍ਰਕਿਰਿਆ ਤੋਂ ਜਾਣੂ ਕਰਵਾਉਣਾ ਹੈ, ਤਾਂ ਜੋ ਭਵਿੱਖ ਵਿੱਚ ਜਦੋਂ ਵੀ ਉਨ੍ਹਾਂ ਨੂੰ ਜਾਂ ਉਨ੍ਹਾਂ ਦੇ ਨਜ਼ਦੀਕੀਆਂ ਨੂੰ ਸਰਕਾਰੀ ਕੰਮਾਂ ਲਈ ਕਿਸੇ ਦਫ਼ਤਰ ਵਿੱਚ ਜਾਣਾ ਪਵੇ, ਤਾਂ ਉਨ੍ਹਾਂ ਨੂੰ ਪ੍ਰਕਿਰਿਆ ਬਾਰੇ ਪੂਰਾ ਗਿਆਨ ਹੋਵੇ ਅਤੇ ਉਹ ਆਪਣੇ ਕੰਮ ਬਿਨਾਂ ਕਿਸੇ ਰੁਕਾਵਟ ਦੇ ਕਰਵਾ ਸਕਣ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਸੇਵਾ ਕੇਂਦਰ, ਸਬ ਰਜਿਸਟਰਾਰ ਦਫ਼ਤਰ, ਨਗਰ ਨਿਗਮ, ਪੁਲਿਸ ਥਾਣਾ, ਸਾਂਝ ਕੇਂਦਰ, ਅਦਾਲਤ, ਆਰ.ਟੀ.ਓ. ਦਫ਼ਤਰ, ਬੈਂਕ ਸਮੇਤ ਵੱਖ-ਵੱਖ ਸਰਕਾਰੀ ਦਫ਼ਤਰ ਵਿੱਚ ਲਿਜਾਇਆ ਜਾਵੇਗਾ, ਜਿਥੇ ਦਫ਼ਤਰਾਂ ਦੀ ਕੰਮਕਾਜੀ ਪ੍ਰਕਿਰਿਆ, ਦਸਤਾਵੇਜ਼ੀ ਕਾਰਜ ਅਤੇ ਆਨਲਾਈਨ ਸੇਵਾਵਾਂ ਬਾਰੇ ਉਹ ਵਿਸਥਾਰ ਨਾਲ ਜਾਣੂ ਹੋ ਸਕਣਗੇ। ਡਿਪਟੀ ਕਮਿਸ਼ਨਰ ਨੇ ਸਕੱਤਰ ਰੈੱਡ ਕਰਾਸ ਸੁਸਾਇਟੀ ਨੂੰ ਇਸ ਸਬੰਧੀ ਸਬੰਧਤ ਵਿਭਾਗਾਂ ਅਤੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਨਾਲ ਅਗਾਊਂ ਹੀ ਤਾਲਮੇਲ ਸਥਾਪਤ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਸ ਪਹਿਲਕਦਮੀ ਨੂੰ ਵੱਡੇ ਪੱਧਰ 'ਤੇ ਸਫ਼ਲ ਬਣਾਉਣ ਅਤੇ ਵਿਦਿਆਰਥੀਆਂ ਦੀ ਜਾਣਕਾਰੀ ਵਿੱਚ ਵਾਧਾ ਕਰਕੇ ਉਨ੍ਹਾਂ ਨੂੰ ਦਫ਼ਤਰੀ ਕਾਰਜ਼ੈਲੀ ਬਾਰੇ ਸਿੱਖਿਅਤ ਕਰਨ ਵਿੱਚ ਸਰਗਰਮ ਸਹਿਯੋਗ ਦੇਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਤਹਿਤ 10ਵੀਂ, 11 ਵੀਂ, 12ਵੀਂ ਦੇ ਵਿਦਿਆਰਥੀਆਂ ਤੋਂ ਇਲਾਵਾ ਯੂਨੀਵਰਸਿਟੀਜ਼, ਕਾਲਜਾਂ, ਆਈ.ਟੀ.ਆਈਜ਼ ਅਤੇ ਪੋਲੀਟੈਕਨਿਕ ਆਦਿ ਦੇ ਵਿਦਿਆਰਥੀਆਂ ਨੂੰ ਮਾਹਰਾਂ ਵੱਲੋਂ ਟ੍ਰੇਨਿੰਗ ਪ੍ਰਦਾਨ ਕੀਤੀ ਜਾਵੇਗੀ। ਮੀਟਿੰਗ ਵਿੱਚ ਸਹਾਇਕ ਕਮਿਸ਼ਨਰ (ਯੂ.ਟੀ.) ਮੁਕਿਲਨ ਆਰ, ਐਸ.ਡੀ.ਐਮ. ਰਨਦੀਪ ਸਿੰਘ ਹੀਰ, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਭੋਗਲ, ਏ.ਆਰ.ਟੀ.ਓ. ਵਿਸ਼ਾਲ ਗੋਇਲ, ਸਕੱਤਰ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ, ਐਲ.ਡੀ.ਐਮ. ਐਮ.ਐਸ. ਮੋਤੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵਿੱਦਿਅਕ ਸੰਸਥਾਵਾਂ ਦੇ ਨੁਮਾਇੰਦੇ ਮੌਜੂਦ ਸਨ।



# ਸਰਕਾਰੀ ਮਿਡਲ ਸਕੂਲ ਗੀਗਨਵਾਲ ਦੇ ਬੱਚਿਆਂ ਨੇ ਕਾਗਜ਼ਾਂ ਦੀਆਂ ਰੱਖੜੀਆਂ ਕੀਤੀਆਂ ਤਿਆਰ

**ਬੁੱਲ੍ਹੋਵਾਲ (ਵਿਰਦੀ)** ਸਰਕਾਰੀ ਮਿਡਲ ਸਕੂਲ ਗੀਗਨਵਾਲ ਦੇ ਵਿਦਿਆਰਥੀਆਂ ਵਲੋਂ ਰੱਖੜੀ ਦੇ ਦਿਨ ਨੂੰ ਮਨਾਉਣ ਲਈ ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀਆਂ ਨੂੰ ਆਪਣੇ ਹੁਨਰ ਨਾਲ ਬਣਾਇਆ ਗਿਆ।ਛੇਵੀਂ ਤੋਂ ਅੱਠਵੀਂ ਜਮਾਤ ਦੇ ਬੱਚਿਆ ਵਲੋਂ ਕਿਸੇ ਵੀ ਬਾਹਰੀ ਚੀਜ਼ ਦੀ ਵਰਤੋਂ ਨਾ ਕਰਦਿਆਂ ਕੇਵਲ ਕਾਗਜ਼ਾਂ ਨਾਲ ਹੀ ਰੱਖੜੀਆਂ ਤਿਆਰ ਕੀਤੀਆਂ ਗਈਆਂ ਅਤੇ ਉਹਨਾਂ ਨੂੰ ਚਿੱਤਰਕਾਰੀ ਨਾਲ ਸਜਾ ਕੇ ਹੋਰ ਵੀ ਮਨਮੋਹਕ ਬਣਾਇਆ ਗਿਆ।ਬੱਚਿਆ ਵਲੋਂ ਰੱਖਵੀਆਂ ਦੀਆਂ ਪੇਂਟਿੰਗਾਂ ਵੀ ਬਣਾਈਆਂ ਗਈਆਂ। ਸਕੂਲ ਦੀ ਮੁੱਖ ਅਧਿਆਪਕ ਮੈਡਮ ਸੁਖਵੀਰ ਕੌਰ ਨੇ ਦਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਬੱਚੇ ਵੀ ਮੰਹਿਗੀਆਂ ਫੀਸਾਂ ਬਟੋਰ ਕੇ ਚਲਾਏ ਜਾ ਰਹੇ ਪ੍ਰਾਈਵੇਟ ਸਕੂਲਾਂ ਨਾਲੋਂ ਕਿਸੇ ਵੀ ਪਾਸਿਓਂ ਘੱਟ ਨਹੀਂ ਹਨ।ਸਰਕਾਰੀ ਸਕੂਲਾਂ ਦੇ ਬੱਚਿਆਂ ਅੰਦਰ ਵੀ ਕਲਾ ਦੀ ਕਮੀ ਨਹੀਂ ਹੈ ਪ੍ਰੰਤੂ ਉਹਨਾਂ ਦੀ ਘਾਟ ਕਾਰਣ ਇਹ ਕਲਾ ਦੱਬ ਕੇ ਰਹਿ ਜਾਂਦੀ ਹੈ। ਸਰਕਾਰੀ ਸਕੂਲਾਂ ਦੇ ਅਧਿਆਪਕ ਵੀ ਪੂਰੀ ਤਰ੍ਹਾਂ ਕੁਸ਼ਲ ਹਨ ਅਤੇ ਜੇਕਰ ਬੱਚਿਆਂ ਨੂੰ ਪੂਰੀ ਮਿਹਨਤ ਕਰਵਾਈ ਜਾਵੇ ਤਾਂ ਸਰਕਾਰੀ ਸਕੂਲਾਂ ਦੇ ਬੱਚੇ ਵੀ ਹਰ ਖੇਤਰ ਵਿੱਚ ਮੱਲਾਂ ਮਾਰ ਸਕਦੇ ਹਨ। ਸਕੂਲ ਦੇ ਅਧਿਆਪਕ ਰਕੇਸ਼ ਕੁਮਾਰ, ਸ਼ੀਤਲ ਕੌਰ, ਜਤਿੰਦਰ ਕੌਰ ਵਲੋਂ ਵੀ ਬਿਨਾਂ ਕਿਸੇ ਬਾਹਰੀ ਮਦਦ ਦੇ ਰੱਖੜੀਆਂ ਤਿਆਰ ਕਰਨ ਵਾਲੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਅਤੇ ਵਿਦਿਅਕ ਕੰਮਾਂ ਦੇ ਨਾਲ ਹੀ ਕਲਾਤਮਿਕ ਸਰਗਰਮੀਆਂ ਲਈ ਵੀ ਪ੍ਰੇਰਿਤ ਕੀਤਾ।ਪਿੰਡ ਦੇ ਸਰਪੰਚ ਰਣਵੀਰ ਸਿੰਘ ਵਲੋਂ ਵੀ ਬੱਚਿਆਂ ਦੀ ਕਲਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਕੂਲ ਦੇ ਸਮੂਹ ਸਟਾਫ ਵਲੋਂ ਪੂਰੀ ਮਿਹਨਤ ਨਾਲ ਬੱਚਿਆ ਦਾ ਉੱਜਵਲ ਭਵਿੱਖ ਉਸਾਰਿਆ ਜਾ ਰਿਹਾ ਹੈ ਅਤੇ ਉਹਨਾਂ ਵਲੋਂ ਸਕੂਲ ਨੂੰ ਹਰ ਸੰਭਵ ਮਦਦ ਦਾ ਭਰੋਸਾ ਵੀ ਦਿੱਤਾ।



# ਪੰਜਾਬ 'ਚ ਭਾਜਪਾ ਨੂੰ ਵੋਟਾਂ ਚੋਰੀ ਨਹੀਂ ਕਰਨ ਦੇਵੇਗੀ ਕਾਂਗਰਸ : ਪਦਮਸ਼੍ਰੀ ਪਰਗਟ ਸਿੰਘ

**ਜਲੰਧਰ (ਰਾਜੇਸ਼ ਥਾਪਾ)**- ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਅਤੇ ਵਿਧਾਇਕ ਪਦਮਸ਼੍ਰੀ ਪਰਗਟ ਸਿੰਘ ਨੇ ਰਾਹੁਲ ਗਾਂਧੀ ਵੱਲੋਂ ਜਾਰੀ ਕੀਤੀ ਗਈ 'ਵੋਟ ਚੋਰੀ' ਰਿਪੋਰਟ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਇਸ ਨੇ ਸਾਬਤ ਕਰ ਦਿੱਤਾ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਯੋਜਨਾਬੱਧ ਲੋਕਤੰਤਰੀ ਧੋਖਾਧੜੀ ਸੀ। ਪਰਗਟ ਸਿੰਘ ਨੇ ਇਸ ਵੋਟ ਚੋਰੀ ਮਾਮਲੇ ਦਾ ਪਰਦਾਫਾਸ਼ ਕਰਨ ਲਈ ਪਾਰਟੀ ਨੇਤਾ ਰਾਹੁਲ ਗਾਂਧੀ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ਚੇਤਾਵਨੀ ਇੱਕ ਵਾਰ ਫਿਰ ਸਹੀ ਸਾਬਤ ਹੋਈ ਹੈ। ਚੋਣ ਕਮਿਸ਼ਨ ਦੀ ਚੁੱਪੀ, ਕੇਂਦਰ ਸਰਕਾਰ ਦੀ ਸਹਿਮਤੀ ਅਤੇ ਭਾਜਪਾ ਦੀ ਸਾਜ਼ਿਸ਼ ਨੂੰ ਲੋਕਤੰਤਰ 'ਤੇ ਸਿੱਧਾ ਹਮਲਾ ਕਿਹਾ। ਉਨ੍ਹਾਂ ਨੇ ਕਿਹਾ ਕੀ ਪੰਜਾਬ ਵਿੱਚ ਭਾਜਪਾ ਨੂੰ ਵੋਟ ਚੋਰੀ ਨਹੀਂ ਕਰਨ ਦਿੱਤੀ ਜਾਵੇਗੀ।ਰਾਹੁਲ ਗਾਂਧੀ ਲੰਬੇ ਸਮੇਂ ਤੋਂ ਕਹਿ ਰਹੇ ਹਨ ਕਿ ਭਾਜਪਾ ਦੇ ਕੰਟਰੋਲ ਹੇਠ ਸੰਵਿਧਾਨਕ ਸੰਸਥਾਵਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਬੰਗਲੁਰੂ ਕੇਂਦਰੀ ਲੋਕ ਸਭਾ ਸੀਟ ਦੀ ਆਡਿਟ ਰਿਪੋਰਟ ਇਸੇ ਚੇਤਾਵਨੀ ਦੀ ਪੁਸ਼ਟੀ ਹੈ। ਜੇਕਰ ਕਰੋੜਾਂ ਨਾਗਰਿਕਾਂ ਨੂੰ ਚੁੱਪ-ਚਾਪ ਵੋਟਰ ਸੂਚੀ ਵਿੱਚੋਂ ਹਟਾਇਆ ਜਾ ਸਕਦਾ ਹੈ, ਤਾਂ ਨਿਰਪੱਖ ਚੋਣਾਂ ਦੀ ਕੋਈ ਗਰੰਟੀ ਨਹੀਂ ਹੈ। ਪਰਗਟ ਨੇ ਕਿਹਾ ਕਿ ਚੋਣ ਕਮਿਸ਼ਨ ਨੂੰ ਪੂਰੇ ਮਾਮਲੇ ਵਿੱਚ ਪਾਰਦਰਸ਼ਤਾ ਲਿਆਉਣੀ ਚਾਹੀਦੀ ਹੈ।ਪਰਗਟ ਸਿੰਘ ਨੇ ਚੇਤਾਵਨੀ ਦਿੱਤੀ ਕਿ ਬੰਗਲੁਰੂ ਅਤੇ ਬਿਹਾਰ ਵਿੱਚ ਜੋ ਹੋਇਆ ਉਹ ਜਲਦੀ ਹੀ ਪੰਜਾਬ ਵਿੱਚ ਦੁਹਰਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਜਾਣਦੀ ਹੈ ਕਿ ਪੰਜਾਬ ਦੇ ਲੋਕਾਂ ਨੇ ਇਸਨੂੰ ਰੱਦ ਕਰ ਦਿੱਤਾ ਹੈ, ਇਸ ਲਈ ਹੁਣ ਉਹ ਸਿੱਧੇ ਤੌਰ 'ਤੇ ਵੋਟਾਂ ਮੰਗਣ ਦੀ ਬਜਾਏ ਵੋਟਰਾਂ ਨੂੰ ਬਦਲਣ ਦੀ ਸਾਜ਼ਿਸ਼ ਰਚ ਰਹੀ ਹੈ।ਉਨ੍ਹਾਂ ਖੁਲਾਸਾ ਕੀਤਾ ਕਿ ਹਾਲ ਹੀ ਦੇ ਮਹੀਨਿਆਂ ਵਿੱਚ ਸਰਹੱਦੀ ਜ਼ਿਲ੍ਹਿਆਂ ਅਤੇ ਸ਼ਹਿਰੀ ਹਲਕਿਆਂ ਵਿੱਚ ਰਾਤੋ-ਰਾਤ ਵੋਟਰ ਸੂਚੀ ਵਿੱਚ ਨਾਮ ਹਟਾਉਣ ਅਤੇ ਜੋੜਨ ਦੀਆਂ ਸ਼ਿਕਾਇਤਾਂ ਵਧ ਰਹੀਆਂ ਹਨ। ਇਹ ਉਹੀ ਰਣਨੀਤੀ ਹੈ ਜੋ ਬੰਗਲੁਰੂ ਅਤੇ ਬਿਹਾਰ ਵਿੱਚ ਵਰਤੀ ਗਈ ਸੀ।ਪਰਗਟ ਸਿੰਘ ਨੇ ਕਿਹਾ ਕਿ ਸਰਕਾਰ ਜਾਂ ਕੋਈ ਵੀ ਪਾਰਟੀ ਵੋਟਰਾਂ ਦੇ ਅਧਿਕਾਰ ਅਤੇ ਪਛਾਣ ਨੂੰ ਖੋਹਣ ਨਹੀਂ ਦੇਵੇਗੀ। ਕਾਂਗਰਸ ਇਸ ਆਵਾਜ਼ ਨੂੰ ਪੰਜਾਬ ਦੇ ਹਰ ਪਿੰਡ, ਸ਼ਹਿਰ ਅਤੇ ਗਲੀ ਤੱਕ ਲੈ ਜਾਵੇਗੀ।ਪਰਗਟ ਸਿੰਘ ਨੇ ਸਵਾਲ ਉਠਾਇਆ ਕਿ ਚੋਣ ਕਮਿਸ਼ਨ ਦੀ ਭੂਮਿਕਾ ਸ਼ੱਕੀ ਅਤੇ ਖ਼ਤਰਨਾਕ ਹੈ। ਕੀ ਚੋਣ ਕਮਿਸ਼ਨ ਹੁਣ ਇੱਕ ਨਿਰਪੱਖ ਸੰਸਥਾ ਹੈ, ਜਾਂ ਇਹ ਭਾਜਪਾ ਦਾ ਆਈਟੀ ਸੈੱਲ ਬਣ ਗਿਆ ਹੈ ? ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਚੋਣ ਕਮਿਸ਼ਨ ਤੋਂ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਮੰਗ ਕਰਦੀ ਹੈ। ਜੇਕਰ ਇਹ ਸੰਸਥਾ ਲੋਕਾਂ ਦੀ ਵੋਟ ਨੂੰ ਸੁਰੱਖਿਅਤ ਨਹੀਂ ਰੱਖ ਸਕਦੀ, ਤਾਂ ਲੋਕਤੰਤਰ ਨੂੰ ਬਚਾਉਣਾ ਅਸੰਭਵ ਹੋ ਜਾਵੇਗਾ। ਇਹੀ ਕਾਰਨ ਹੈ ਕਿ ਲੋਕਾਂ ਦਾ ਚੋਣ ਕਮਿਸ਼ਨ ਅਤੇ ਵੋਟਿੰਗ ਪ੍ਰਣਾਲੀ ਤੋਂ ਵਿਸ਼ਵਾਸ ਘੱਟ ਰਿਹਾ ਹੈ। ਇਸ ਕਾਰਨ ਦੇਸ਼ ਵਿੱਚ ਵੋਟ ਪ੍ਰਤੀਸ਼ਤਤਾ ਵੀ ਘੱਟ ਰਹੀ ਹੈ।ਪਰਗਟ ਸਿੰਘ ਨੇ ਚੋਣ ਕਮਿਸ਼ਨ ਦੀ ਨਿਗਰਾਨੀ ਹੇਠ ਵੋਟਰ ਸੂਚੀ ਦਾ ਦੇਸ਼ ਵਿਆਪੀ ਆਡਿਟ ਕਰਵਾਉਣ ਦੀ ਮੰਗ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਦੇ ਸਰਹੱਦੀ ਅਤੇ ਸ਼ਹਿਰੀ ਖੇਤਰਾਂ ਵਿੱਚ ਇੱਕ ਵਿਸ਼ੇਸ਼ ਜਾਂਚ ਹੋਣੀ ਚਾਹੀਦੀ ਹੈ। ਬਿਨਾਂ ਸਹਿਮਤੀ ਦੇ ਹਟਾਏ ਗਏ ਨਾਮ ਤੁਰੰਤ ਬਹਾਲ ਕੀਤੇ ਜਾਣੇ ਚਾਹੀਦੇ ਹਨ। ਇਸ ਦੇ ਨਾਲ ਹੀ, ਭਾਜਪਾ ਅਤੇ ਇਸ ਨਾਲ ਜੁੜੀਆਂ ਨਿੱਜੀ ਏਜੰਸੀਆਂ ਦੀ ਭੂਮਿਕਾ ਦੀ ਜਾਂਚ ਹੋਣੀ ਚਾਹੀਦੀ ਹੈ।



# ਅੱਖਾਂ ਦਾ ਫ੍ਰੀ ਮੈਡੀਕਲ ਕੈਂਪ ਲਗਾਇਆ



**ਅਲਾਵਲਪੁਰ (ਮਦਨ ਬੰਗੜ)**- ਸੁਆਮੀ ਕ੍ਰਿਸ਼ਨਾਨੰਦ ਚੈਰੀਟੇਬਲ ਟਰੱਸਟ ਵੱਲੋਂ ਮੁਹੱਲਾ ਰਾਮ ਨਗਰ ਜਲੰਧਰ ਵਿੱਚ ਅੱਖਾਂ ਦਾ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ ਪਿੰਮਸ ਹਸਪਤਾਲ ਦੇ ਮਾਹਿਰ ਡਾਕਟਰਾਂ ਵੱਲੋਂ ਲਗਭਗ 100 ਤੋਂ ਵੱਧ ਮਰੀਜਾਂ ਦੀਆ ਅੱਖਾਂ ਦਾ ਚੈੱਕ ਅਪ ਕੀਤਾ ਗਿਆ ਅਤੇ ਮੁਫ਼ਤ ਦਵਾਈਆ ਵੰਡੀਆਂ ਗਈਆਂ। ਇਸ ਮੈਡੀਕਲ ਕੈਂਪ ਵਿੱਚ ਸੁਆਮੀ ਕ੍ਰਿਸ਼ਨਾਨੰਦ ਚੈਰੀਟੇਬਲ ਟਰੱਸਟ ਦੇ ਜਨਰਲ ਸਕੱਤਰ ਅਸ਼ਵਨੀ ਕੁਮਾਰ ਬਿਰਦੀ, ਸਨੀ ਬੰਗੜ, ਵਿਨੋਦ ਕੁਮਾਰ,ਪਵਨ ਬੱਧਣ, ਮਨਜਿੰਦਰ ਬੱਧਣ, ਅਜੈ ਬਿਰਦੀ, ਅਮਿਤ ਕੁਮਾਰ ਪਾਲ (ਕੌਮੀ ਖਜਾਨਚੀ ਆਲ ਇੰਡੀਆ ਆਦਿ ਧਰਮ ਮਿਸ਼ਨ), ਸੁਰਜੀਤ ਪਾਲ, ਨਰਿੰਦਰ ਨਾਸਿਕ, ਅਸ਼ੋਕ ਜੱਸੀ, ਸ਼ਾਮ ਲਾਲ ਜੱਸੀ, ਰੌਸ਼ਨ ਬੱਧਣ, ਗੌਰਵ ਬੰਗੜ ਤੇ ਵਿਸ਼ੇਸ਼ ਤੌਰ ਤੇ ਵਾਰਡ ਦੇ ਕੌਂਸਲਰ ਸ੍ਰੀਮਤੀ ਸੀਮਾ ਰਾਣੀ ਤੇ ਉਹਨਾਂ ਦੇ ਪਤੀ ਸ੍ਰੀ ਚਰਨਜੀਤ ਬੱਧਣ ਵੀ ਹਾਜ਼ਰ ਹੋਏ। ਇਸ ਮੈਡੀਕਲ ਕੈਂਪ ਮੌਕੇ ਤੇ ਮਰੀਜ਼ਾਂ ਦੀ ਜਾਂਚ ਪਿੰਮਸ ਹਸਪਤਾਲ ਦੇ ਮਾਹਿਰ ਡਾਕਟਰ ਸਾਹਿਬਾਨ ਅਮਨਦੀਪ ਐੱਮ ਬੀ ਬੀ ਐੱਸ, ਡਾਕਟਰ ਪਿਯੂਸ਼ੀ (ਆਈ ਸਪੈਸ਼ਲਿਸਟ) ਵਲੋਂ ਕੀਤੀ ਗਈ। ਸ੍ਰੀ ਸ਼ਮੀ ਭੱਲਾ ਅਤੇ ਨਰਸਿੰਗ ਸਟਾਫ ਵੱਲੋਂ ਸਹਿਯੋਗ ਕੀਤਾ ਗਿਆ। ਸੁਆਮੀ ਕ੍ਰਿਸ਼ਨਾਨੰਦ ਚੈਰੀਟੇਬਲ ਟਰਸਟ ਦੇ ਜਨਰਲ ਸਕੱਤਰ ਅਸ਼ਵਨੀ ਕੁਮਾਰ ਬਿਰਦੀ ਵੱਲੋਂ ਪਿੰਮਸ ਦੇ ਸਮੂਹ ਡਾਕਟਰ ਸਾਹਿਬਾਨਾਂ, ਨਰਸਿੰਗ ਸਟਾਫ ਅਤੇ ਮਾਰਕੀਟਿੰਗ ਸਟਾਫ ਦਾ ਧੰਨਵਾਦ ਕੀਤਾ ਗਿਆ ਅਤੇ ਇਹ ਸੂਚਿਤ ਕੀਤਾ ਗਿਆ ਕਿ ਸੁਆਮੀ ਕ੍ਰਿਸ਼ਨਾਨੰਦ ਚੈਰੀਟੇਬਲ ਟਰਸਟ ਵੱਲੋਂ ਹਰ ਮਹੀਨੇ ਰਾਮ ਨਗਰ ਜਲੰਧਰ ਵਿਚ ਮੈਡੀਕਲ ਕੈਂਪ ਲਗਾਇਆ ਜਾਏਗਾ।


# ਟਰੰਪ ਦੇ ਗਲਤ ਫੈਸਲਿਆਂ ਦਾ ਖਮਿਆਜ਼ਾ ਗਰੀਬ ਮੁਲਕਾਂ ਨੂੰ ਭੁਗਤਣਾ ਪਵੇਗਾ : ਸੰਤ ਸੀਚੇਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**— ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ 25 ਫੀਸਦੀ ਟੈਰਿਫ ਵਾਲੇ ਬਿਆਨ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਗਰੀਬ ਮੁਲਕਾਂ ਨੂੰ ਡਰਾਵੇ ਦੇਣੇ ਅਤੇ ਉਨ੍ਹਾਂ ਦਾ ਆਰਥਿਕ ਸ਼ੋਸ਼ਣ ਕਰਨਾ ਅਮਰੀਕਾ ਵਰਗੇ ਤਾਕਤਵਾਰ ਮੁਲਕ ਨੂੰ ਸ਼ੋਭਾ ਨਹੀਂ ਦਿੰਦਾ। ਉਨ੍ਹਾਂ ਕਿਹਾ ਕਿ ਟੈਰਿਫ ਨਾਲ ਭਾਰਤ ਨੂੰ ਕੋਈ ਫਰਕ ਨਹੀਂ ਪੈਣ ਵਾਲਾ ਪਰ ਅਮਰੀਕਾ ਦੀ ਸੋਚ 'ਤੇ ਜ਼ਰੂਰ ਕਲੰਕ ਲੱਗੇਗਾ ਜਿਸ ਨੂੰ ਇਤਿਹਾਸ ਵਿੱਚ ਯਾਦ ਰੱਖਿਆ ਜਾਵੇਗਾ। ਟਰੰਪ ਦੇ ਰੱਵਈਏ 'ਤੇ ਟਿੱਪਣੀ ਕਰਦਿਆਂ ਸੰਤ ਸੀਚੇਵਾਲ ਕਿਹਾ ਕਿ ਜਦੋਂ ਤੁਹਾਡੇ ਕੋਲ ਹਥਿਆਰ ਆ ਜਾਂਦੇ ਹਨ ਜਾਂ ਪੈਸਾ ਆ ਜਾਂਦਾ ਹੈ ਤਾਂ ਤੁਸੀ ਦੁਨੀਆਂ ਦੇ ਲੋਕਾਂ ਨੂੰ ਗੱਲਵਕੜੀ ਵਿੱਚ ਨਹੀਂ ਲੈਂਦੇ ਸਗੋਂ ਉਨ੍ਹਾਂ ਨੂੰ ਡਰਾ ਕੇ ਉਨ੍ਹਾਂ ਕੋਲੋ ਖੋਹਣ ਦੀ ਨੀਤੀ 'ਤੇ ਚੱਲਦੇ ਹੋ। ਉਨ੍ਹਾਂ ਕਿਹਾ ਕਿ ਟਰੰਪ ਦੇ ਗਲਤ ਫੈਸਲਿਆਂ ਦਾ ਖਮਿਆਜ਼ਾ ਦੁਨੀਆ ਦੇ ਗਰੀਬ ਮੁਲਕਾਂ ਨੂੰ ਭੁਗਤਣਾ ਪਵੇਗਾ।ਸੰਤ ਸੀਚੇਵਾਲ ਨੇ ਕਿਹਾ ਕਿ ਭਾਰਤ ਪਹਿਲਾਂ ਵਾਲਾ ਭਾਰਤ ਨਹੀਂ ਰਿਹਾ ਜਿਸ ਦੀ ਜਦੋਂ ਚਾਹੇ ਬਾਂਹ ਮਰੋੜ ਲਵੋਗੇ। ਭਾਰਤ ਨੇ ਪਹਿਲਾਂ ਵੀ ਆਰਥਿਕ ਪਾਬੰਦੀਆਂ ਦਾ ਡੱਟ ਕੇ ਸਾਹਮਣਾ ਕੀਤਾ ਸੀ ਤੇ ਹੁਣ ਅੱਗੇ ਵੀ ਕਰਦਾ ਰਹੇਗਾ।



# ਐਸ ਡੀ ਐਮ ਕ੍ਰਿਤਿਕਾ ਗੋਇਲ ਨੇ ਮਿਡ ਡੇਅ ਮੀਲ ਦੀ ਕੀਤੀ ਸਮੀਖਿਆ

**ਨਵਾਂਸ਼ਹਿਰ (ਮਨੋਜ ਲਾਡੀ)** ਉਪ ਮੰਡਲ ਮੈਜਿਸਟਰੇਟ ਕ੍ਰਿਤਿਕਾ ਗੋਇਲ ਨੇ ਸ਼ੁੱਕਰਵਾਰ ਨੂੰ ਪਿੰਡ ਮਹਿੰਦੀਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਪਹੁੰਚ ਕੇ ਮਿਡ ਡੇਅ ਮੀਲ ਤਹਿਤ ਬੱਚਿਆਂ ਲਈ ਤਿਆਰ ਕੀਤੇ ਜਾ ਰਹੇ ਭੋਜਨ ਲਈ ਪੌਸ਼ਟਿਕਤਾ, ਸਾਫ-ਸਫਾਈ ਅਤੇ ਗੁਣਵੱਤਾ ਦੀ ਸਮੀਖਿਆ ਕੀਤੀ । ਵਿਦਿਆਰਥੀਆਂ ਲਈ ਭੋਜਨ ਤਿਆਰ ਕਰਨ ਲਈ ਬਣੀ ਰਸੋਈ ਵਿਖੇ ਸਾਫ-ਸਫ਼ਾਈ ਦੀ ਵਿਵਸਥਾ 'ਤੇ ਤਸੱਲੀ ਪ੍ਰਗਟਾਉਂਦਿਆਂ ਐਸ.ਡੀ.ਐਮ. ਕ੍ਰਿਤਿਕਾ ਗੋਇਲ ਨੇ ਮਿਡ ਡੇਅ ਮੀਲ ਵਰਕਰਾਂ ਨਾਲ ਗੱਲਬਾਤ ਵੀ ਕੀਤੀ। ਉਨ੍ਹਾਂ ਨੇ ਵਰਕਰਾਂ ਨੂੰ ਤਾਕੀਦ ਕੀਤੀ ਕਿ ਖਾਣੇ ਦੀ ਗੁਣਵੱਤਾ ਅਤੇ ਪੌਸ਼ਟਿਕਤਾ ਵਿੱਚ ਕੋਈ ਕਮੀ ਨਹੀਂ ਰਹਿਣੀ ਚਾਹੀਦੀ ਤਾਂ ਜੋ ਵਿਦਿਆਰਥੀਆਂ ਨੂੰ ਚੰਗੀ ਕੁਆਲਿਟੀ ਅਤੇ ਸਵਾਦੀ ਭੋਜਨ ਮਿਲ ਸਕੇ। ਉਨ੍ਹਾਂ ਨੇ ਰੋਜ਼ਾਨਾ ਦੇ ਆਧਾਰ 'ਤੇ ਨਿਰਧਾਰਤ ਸ਼ਡਿਊਲ ਅਨੁਸਾਰ ਬਣਾਏ ਜਾ ਰਹੇ ਭੋਜਨ ਬਾਰੇ ਵਰਕਰਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਤੋਂ ਫ਼ੀਡਬੈਕ ਹਾਸਲ ਕਰਦਿਆਂ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਖਾਣੇ ਦੀ ਪੌਸ਼ਟਿਕਤਾ ਅਤੇ ਸ਼ੁੱਧਤਾ ਨੂੰ ਭਵਿੱਖ ਵਿੱਚ ਵੀ ਬਰਕਰਾਰ ਰੱਖਿਆ ਜਾਵੇ ਤਾਂ ਜੋ ਵਿਦਿਆਰਥੀਆਂ ਨੂੰ ਸਿਹਤਮੰਦ ਭੋਜਨ ਮਿਲੇ। ਐਸ.ਡੀ.ਐਮ. ਕ੍ਰਿਤਿਕਾ ਗੋਇਲ ਨੇ ਖੁਦ ਵਿਦਿਆਰਥੀਆਂ ਵਾਲੀ ਲਾਈਨ ਵਿੱਚ ਬੈਠ ਕੇ ਉਨ੍ਹਾਂ ਨਾਲ ਮਿਡ ਡੇਅ ਮੀਲ ਵਾਲਾ ਖਾਣਾ ਖਾਧਾ। ਐਸ.ਡੀ.ਐਮ. ਕ੍ਰਿਤਿਕਾ ਨੇ ਕਿਹਾ ਕਿ ਸਬ ਡਵੀਜ਼ਨ ਅੰਦਰ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦੀ ਸਮੇਂ-ਸਮੇਂ 'ਤੇ ਸਮੀਖਿਆ ਕੀਤੀ ਜਾਵੇਗੀ ।



# ਰੱਖੜੀ 'ਤੇ ਮੁੱਖ ਮੰਤਰੀ ਦੇ ਗੁੱਟ 'ਤੇ ਸਕੂਲੀ ਵਿਦਿਆਰਥਣਾਂ ਨੇ ਬੰਨ੍ਹਿਆਂ ਪਿਆਰ ਦਾ ਧਾਗਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼ਨੀਵਾਰ ਨੂੰ ਸੰਤ ਕਰੀਬ ਕੁਟੀਰ ਵਿੱਚ ਰੱਖੜੀ ਦਾ ਉਤਸਵ ਖੁਸ਼ੀ ਅਤੇ ਉਤਸਾਹ ਨਾਲ ਮਨਾਇਆ।ਹਰਿਆਣਾ ਰਾਜ ਬਾਲ ਭਲਾਈ ਪ੍ਰੀਸ਼ਦ ਦੀ ਵਾਇਸ ਪ੍ਰੈਸੀਡੈਂਟ ਅਤੇ ਮੁੱਖ ਮੰਤਰੀ ਦੀ ਧਰਮਪਤਨੀ ਸ਼੍ਰੀਮਤੀ ਸੁਮਨ ਸੈਣੀ ਵੀ ਮੌਜੂਦ ਰਹੀ। ਰੱਖੜੀ ਦੇ ਇਸ ਵਿਸ਼ੇਸ਼ ਪਵਿੱਤਰ ਮੌਕੇ 'ਤੇ ਪੰਚਕੂਲਾ ਜ਼ਿਲ੍ਹੇ ਦੇ ਦੋ ਸਰਕਾਰੀ ਪ੍ਰਾਈਮਰੀ ਸਕੂਲਾਂ ਅਤੇ ਰਾਏਪੁਰਾਣੀ ਸਥਿਤ 'ਵੈੱਲਫੇਅਰ ਸੈਂਟਰ ਫਾਰ ਪਰਸਨ ਵਿਦ ਸਪੀਚ ਐਂਡ ਹਿਯਰਿੰਗ ਇੰਪੇਅਰਮੈਂਟ' ਦੀ ਛੋਟੀਆਂ ਕੁੜੀਆਂ ਆਪਣੇ ਅਧਿਆਪਕਾਂ ਨਾਲ ਪਹੁੰਚੀਆਂ ਅਤੇ ਮੁੱਖ ਮੰਤਰੀ ਦੇ ਗੁੱਟ 'ਤੇ ਪ੍ਰੇਮ, ਭਰੋਸਾ ਅਤੇ ਸੁਰੱਖਿਆ ਦੇ ਪ੍ਰਤੀਕ ਸਵਰੂਪ ਰੱਖੜੀ ਬੰਨੀ।ਸਕੂਲ ਯੂਨੀਫਾਰਮ ਵਿੱਚ ਪਹੁੰਚੀਆਂ ਇੰਨ੍ਹਾਂ ਕੁੜੀਆਂ ਨੇ ਜਦੋਂ ਮੁੱਖ ਮੰਤਰੀ ਦੇ ਗੁੱਟ 'ਤੇ ਰੰਗ-ਬਿਰੰਗੀ ਰੱਖੜੀ ਵਜੋਂ ਪਿਆਰ ਦਾ ਰੇਸ਼ਮੀ ਧਾਗਾ ਬੰਨ੍ਹਿਆ ਤਾਂ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਉਪਹਾਰ ਅਤੇ ਆਸ਼ੀਰਵਾਦ ਦਿੱਤਾ। ਮੁੱਖ ਮੰਤਰੀ ਨੇ ਕੁੜੀਆਂ ਨਾਲ ਨਿੱਘੀ ਗੱਲਬਾਤ ਕੀਤੀ, ਉਨ੍ਹਾਂ ਦੀ ਪੜ੍ਹਾਈ, ਖੇਡਾਂ ਅਤੇ ਭਵਿੱਖ ਦੀ ਯੋਜਨਾਵਾਂ ਦੇ ਬਾਰੇ ਵਿੱਚ ਜਾਣਕਾਰੀ ਲਈ। ਉਨ੍ਹਾ ਨੇ ਕੁੜੀਆਂ ਨੂੰ ਸਿਖਿਆ ਵਿੱਚ ਅੱਗੇ ਵੱਧਣ ਅਤੇ ਸਮਾਜ ਵਿੱਚ ਆਪਣੀ ਪਹਿਚਾਣ ਬਨਾਉਣ ਲਈ ਪ੍ਰੇਰਿਤ ਕੀਤਾ।ਇੰਨ੍ਹਾਂ ਵਿੱਚ ਪੰਚਕੂਲਾ ਸ਼ਹਿਰ ਦੇ ਗਵਰਨਮੈਂਟ ਮਾਡਲ ਸੰਸਕ੍ਰਿਤ ਪ੍ਰਾਇਮਰੀ ਸਕੂਲਾ ਸੈਕਟਰ-26 ਅਤੇ ਸੈਕਟਰ-4 ਦੀ 12 ਕੁੜੀਆਂ ਅਤੇ 'ਵੇਲਫੇਅਰ ਸੈਂਟਰ ਫਾਰ ਪਰਸਨ ਵਿਦ ਸਪੀਚ ਐਂਡ ਹਿਯਰਿੰਗ ਇੰਪੇਅਰਮੈਂਟ' ਰਾਏਪੁਰਰਾਨੀ ਤੋਂ 8 ਕੁੜੀਆਂ ਸ਼ਾਮਿਲ ਸਨ। ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਜ਼ਿਲ੍ਹਾ ਸਿਖਿਆ ਅਧਿਕਾਰੀ ਸੰਧਿਆ ਛਿੱਕਾਰਾ, ਜ਼ਿਲ੍ਹਾ ਵਿਗਿਆਨ ਮਾਹਰ ਪੂਜਾ, ਜ਼ਿਲ੍ਹਾ ਸਭਿਆਚਾਰਕ ਕੋਆਰਡੀਨੇਟਰ ਦੀਪਾ ਰਾਣੀ ਤੋਂ ਇਲਾਵਾ ਉਕਤ ਸਕੂਲਾਂ ਦੀ ਅਧਿਆਪਕਾਂ ਵੀ ਸਨ। ਮਹਿਲਾ ਅਧਿਆਪਕਾਂ ਨੇ ਵੀ ਮੁੱਖ ਮੰਤਰੀ ਨੂੰ ਰੱਖੜੀ ਬੰਨ੍ਹੀ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਸ ਮੌਕੇ 'ਤੇ ਕਿਹਾ ਕਿ ਰੱਖੜੀ ਸਿਰਫ ਭਰਾ-ਭੈਣ ਦਾ ਤਿਊਹਾਰ ਨਹੀਂ, ਸੋਗ ਇਹ ਪ੍ਰੇਮ, ਤਿਆਗ ਅਤੇ ਸੁਰੱਖਿਆ ਦੀ ਭਾਵਨਾ ਦਾ ਪ੍ਰਤੀਕ ਹੈ। ਅਜਿਹੇ ਮੌਕੇ ਸਾਨੂੰ ਆਪਣੇ ਸਭਿਆਚਾਰ ਅਤੇ ਰਿਵਾਇਤਾਂ ਨਾਲ ਜੋੜਦੇ ਹਨ ਅਤੇ ਸਮਾਜ ਵਿੱਚ ਭਾਈਚਾਰੇ ਤੇ ਸਦਭਾਵਨਾ ਦੀ ਭਾਵਨਾ ਨੂੰ ਮਜਬੂਤ ਕਰਦੇ ਹਨ।ਉਨ੍ਹਾਂ ਨੇ ਕਿਹਾ ਕਿ ਬੱਚਿਆਂ ਦੀ ਮਾਸੂਮ ਮੁਸਕਾਨ ਅਤੇ ਪਿਆਰ ਉਨ੍ਹਾਂ ਨੂੰ ਨਵੀਂ ਊਰਜਾ ਅਤੇ ਉਤਸ਼ਾਹ ਪ੍ਰਦਾਨ ਕਰਦੇ ਹਨ, ਜਿਸ ਨਾਲ ਉਹ ਸੂਬੇ ਦੇ ਵਿਕਾਸ ਅਤੇ ਬੱਚਿਆਂ ਦੇ ਉਜਵੱਲ ਭਵਿੱਖ ਲਈ ਹੋਰ ਵੱਧ ਮਿਹਨਤ ਕਰਨ ਲਈ ਪ੍ਰੇਰਿਤ ਹੁੰਦੇ ਹਨ।ਪ੍ਰੋਗਰਾਮ ਦੇ ਆਖੀਰ ਵਿੱਚ ਕੁੜੀਆਂ ਨੂੰ ਮਿਠਾਈਆਂ ਵੰਡੀਆਂ ਗਈਆਂ ਅਤੇ ਸਮੂਹਿਕ ਫੋਟੋਗ੍ਰਾਫੀ ਦੇ ਨਾਲ ਇਸ ਆਯੋਜਨ ਨੂੰ ਯਾਦਗਾਰ ਬਣਾ ਦਿੱਤਾ ਗਿਆ।

# ਧਰਨੇ 'ਤੇ ਭੈਣਾਂ ਨੇ ਰੱਖੜੀ ਬੰਨ੍ਹ ਵੀਰਾਂ ਨਾਲ਼ ਕੀਤੀ ਸੰਘਰਸ਼ 'ਚ ਸ਼ਮੂਲੀਅਤ

**ਫਿਲੌਰ (ਨਿਰਮਲ)** - ਲੋਕ ਇਨਸਾਫ਼ ਮੰਚ ਵਲੋਂ ਡੇਰਾ ਮਈਆ ਭਗਵਾਨ ਦੇ ਗੇਟ ਸਾਹਮਣੇ ਪੈਂਦੇ ਗੰਦੇ ਪਾਣੀ ਦੀ ਨਿਕਾਸੀ ਦੇ ਹੱਲ ਲਈ ਬੀ ਡੀ ਪੀ ਓ ਦਫਤਰ ਫਿਲੌਰ ਸਾਹਮਣੇ ਪੱਕਾ ਧਰਨਾ 34ਵੇਂ ਦਿਨ ਵੀ ਜਾਰੀ ਰਿਹਾ। ਇਸ ਧਰਨੇ ਵਿੱਚ ਵੱਖ ਵੱਖ ਪਿੰਡਾਂ ਦੇ ਲੋਕਾਂ ਵਲੋਂ ਵੱਡੀ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਆਗੂਆਂ ਲੋਕ ਇਨਸਾਫ਼ ਮੰਚ ਅਤੇ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈਕੇ 15 ਅਗਸਤ ਨੂੰ ਅਜ਼ਾਦੀ ਦਿਹਾੜੇ ਤੇ ਕਾਲ਼ੇ ਝੰਡੇ ਲੈਕੇ ਸ਼ਹਿਰ ਫਿਲੌਰ ਵਿੱਚ ਵਿਸ਼ਾਲ ਰੋਸ ਮਾਰਚ ਕਰਨ ਦੀ ਤਿਆਰੀ ਵੱਡੇ ਪੱਧਰ 'ਤੇ ਸ਼ੁਰੂ ਕੀਤੀ ਗਈ। ਆਗੂਆਂ ਨੇ ਕਿਹਾ ਕਿ ਜਲਦੀ ਹੀ ਬੀ ਡੀ ਪੀ ਓ ਫ਼ਿਲੌਰ ਦੇ ਘਰ ਸਾਹਮਣੇ ਰਾਤ ਦਾ ਜਗਰਾਤਾ ਕੀਤਾ ਜਾਵੇਗਾ। ਅੱਜ ਦੇ ਧਰਨੇ ਵਿੱਚ ਪਿੰਡਾਂ ਦੇ ਪੰਚ ਸਰਪੰਚ ਅਤੇ ਹੋਰ ਆਗੂ ਹਾਜ਼ਰ ਸਨ। ਇਸ ਮੌਕੇ ਧਰਨੇ ਦੀ ਅਗਵਾਈ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਨੇ ਕੀਤੀ।



# ਰੱਖੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਥਾਨਕ ਪ੍ਰਕਾਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਰੋਡ ਵਿਖੇ ਮੈਨੇਜਰ ਡਾਇਰੈਕਟਰ ਸੁੱਖਰਾਜ ਸਿੰਘ ਕੈਂਡੀ ਦੀ ਪ੍ਰਧਾਨਗੀ ਹੇਠ ਰੱਖੜੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਵਿੱਚ ਤੀਸਰੀ ਜਮਾਤ ਤੋਂ ਬਾਰਵੀਂ ਕਲਾਸ ਬੱਚਿਆਂ ਸੁੰਦਰ ਰੱਖੜੀ ਪ੍ਰਤੀਯੋਗਤਾ ਵਿਚ ਵੱਧ ਚੜ੍ਹ ਕੇ ਹਿੱਸਾ ਲਿਆ। ਬੱਚਿਆਂ ਨੇ ਬਹੁਤ ਸੁੰਦਰ ਰੱਖੜੀਆਂ ਤਿਆਰ ਕੀਤੀਆਂ। ਮੈਨੇਜਰ ਡਾਇਰੈਕਟਰ ਸੁੱਖਰਾਜ ਸਿੰਘ ਕੈਂਡੀ ਨੇ ਸਾਰੇ ਬੱਚਿਆਂ ਨੂੰ ਰੱਖੜੀ ਦੇ ਤਿਉਹਾਰ ਦੀ ਵਧਾਈ ਦਿੱਤੀ। ਇਸ ਮੌਕੇ ਪਦਵੀ,ਮੀਨਾ,ਹਰਪ੍ਰੀਤ ਕੌਰ ਹਾਜਰ ਸਨ।



# ਹੁਣ ਪਟਵਾਰੀਆਂ ਕੋਲ ਜਾਣ ਦੀ ਲੋੜ ਨਹੀਂ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਵਾਸੀ ਹੁਣ ਮਾਲ ਵਿਭਾਗ ਨਾਲ ਜੁੜੀਆਂ 6 ਮਹੱਤਵਪੂਰਨ ਸੇਵਾਵਾਂ ਦਾ ਲਾਭ ਘਰ ਬੈਠੇ ਆਨਲਾਈਨ 'ਈਜੀ ਜਮਾਂਬੰਦੀ' ਪੋਰਟਲ ਰਾਹੀਂ ਪ੍ਰਾਪਤ ਕਰ ਸਕਦੇ ਹਨ। ਇਨ੍ਹਾਂ ਵਿਚ ਵਟਸਐਪ 'ਤੇ ਜਮਾਂਬੰਦੀ ਪ੍ਰਾਪਤ ਕਰਨਾ, ਇੰਤਕਾਲ, ਰਪਟ ਐਂਟਰੀ, ਫਰਦ ਬਦਰ (ਜਮਾਂਬੰਦੀ 'ਚ ਰਿਕਾਰਡ) ਵਰਗੀਆਂ ਸੇਵਾਵਾਂ ਸ਼ਾਮਲ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਪੋਰਟਲ ਰਾਹੀਂ ਲੋਕ ਆਪਣਾ ਸਮਾਂ ਅਤੇ ਮਿਹਨਤ ਬਚਾਉਂਦੇ ਹੋਏ ਬਿਨਾਂ ਪਟਵਾਰੀ ਨੂੰ ਮਿਲੇ ਹੀ ਕੰਮ ਕਰਵਾ ਸਕਦੇ ਹਨ। ਆਨਲਾਈਨ ਜਮਾਂਬੰਦੀ ਦੀ ਕਾਪੀ ਡਿਜ਼ੀਟਲ ਹਸਤਾਖ਼ਰ ਅਤੇ ਕਿਊ.ਆਰ ਕੋਡ ਸਮੇਤ ਉਪਲਬੱਧ ਹੋਵੇਗੀ। ਇਹ ਫਰਦ ਦੀ ਸਾਰੀਆਂ ਥਾਵਾਂ 'ਤੇ ਮਾਨਤਾ ਹੋਵੇਗੀ ਅਤੇ ਇਸ ਸਬੰਧ ਵਿਚ ਸਰਕਾਰ ਨੇ ਸਾਰੀਆਂ ਸੰਸਥਾਵਾਂ ਨੂੰ ਨਿਰਦੇਸ਼ ਜਾਰੀ ਕਰ ਦਿੱਤੇ ਹਨ।ਇਸਨੂੰ ਸਕੈਨ ਕਰਕੇ ਰਜਿਸਟਰੀ ਲਈ ਪ੍ਰਯੋਗ ਕੀਤਾ ਜਾ ਸਕਦਾ ਹੈ ਅਤੇ ਰਜਿਸਟਰੀ ਲਈ ਮੈਨੂਅਲ ਫਰਦ ਦੀ ਲੋੜ ਨਹੀਂ ਰਵੇਗੀ। ਉਨ੍ਹਾਂ ਦੱਸਿਆ ਕਿ ਜ਼ਮੀਨ ਦੀ ਨਵੀਂ ਰਜਿਸਟਰੀ ਹੋਣ 'ਤੇ ਇੰਤਕਾਲ ਆਪਣੇ ਆਪ ਹੀ 30 ਦਿਨ ਦੇ ਅੰਦਰ ਹੋ ਜਾਵੇਗਾ। ਵਿਰਾਸਤ ਦੇ ਇੰਤਕਾਲ ਅਤੇ ਪੁਰਾਣੀ ਰਜਿਸਟਰੀ, ਜਿਸ ਦਾ ਇੰਤਕਾਲ ਦਰਜ ਨਾ ਹੋਇਆ ਹੋਵੇ, ਉਸ ਲਈ ਵੀ ਆਨਲਾਈਨ ਅਰਜ਼ੀ ਦੇ ਸਕਦੇ ਹਨ। ਪੂਰੀ ਪ੍ਰਕਿਰਿਆ ਦੀ ਜਾਣਕਾਰੀ ਵਟਸਅਪ ਅਤੇ ਪੋਰਟਲ 'ਤੇ ਸੂਚੀਬੱਧ ਢੰਗ ਨਾਲ ਦਿੱਤੀ ਜਾਵੇਗੀ। ਰਪਟ ਐਂਟਰੀ ਜਿਵੇਂ ਕਿ ਅਦਾਲਤ ਦੇ ਹੁਕਮ ਜਾਂ ਕਰਜੇ ਨਾਲ ਸਬੰਧਤ ਐਂਟਰੀਆਂ ਲਈ ਵੀ ਡਿਜੀਟਲ ਰੂਪ ਨਾਲ ਅਪਲਾਈ ਕੀਤੀ ਜਾ ਸਕਦੀ ਹੈ। ਉਥੇ, ਜਮਾਂਬੰਦੀ ਵਿਚ ਨਾਮ, ਰਕਬਾ ਜਾਂ ਹੋਰ ਤਰੁੱਟੀਆਂ ਨੂੰ ਸੁਧਾਰਨ ਲਈ ਹੁਣ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾਉਣ ਦੀ ਜ਼ਰੂਰਤ ਨਹੀਂ ਹੋਵੇਗੀ। ਜ਼ਰੂਰੀ ਦਸਤਾਵੇਜ ਦੇ ਨਾਲ ਸਾਧਾਰਣ ਫਾਰਮ ਆਨਲਾਈਨ ਭਰ ਕੇ 15 ਦਿਨ ਵਿਚ ਕਾਰਵਾਈ ਪੂਰੀ ਹੋ ਜਾਵੇਗੀ। ਸਾਰੀਆਂ ਸੇਵਾਵਾਂ ਦੀ ਫੀਸ ਵੀ ਆਨਲਾਈਨ ਅਦਾ ਕੀਤੀ ਜਾਵੇਗੀ। ਜ਼ਮੀਨ ਦੀ ਸੁਰੱਖਿਆ ਲਈ ਪੰਜਾਬ ਸਰਕਾਰ ਨੇ ਇਹ ਸਬਸਕ੍ਰਿਪਸ਼ਨ ਸੇਵਾ ਸ਼ੁਰੂ ਕੀਤੀ ਹੈ।ਪ੍ਰਤੀ ਖੇਵਟ 500 ਰੁਪਏ ਸਾਲਾਨਾ ਫੀਸ ਦੇ ਕੇ ਮਾਲਿਕ ਆਪਣੇ ਰਿਕਾਰਡ ਨੂੰ ਸਬਸਕਰਾਈਬ ਕਰ ਸਕਦੇ ਹਨ। ਰਿਕਾਰਡ ਵਿਚ ਕਿਸੇ ਵੀ ਬਦਲਾਅ ਦੀ ਕੋਸ਼ਿਸ਼ 'ਤੇ ਵੱਟਸਐਪ ਜਾਂ ਈਮੇਲ ਤੋਂ ਤੁਰੰਤ ਅਲਰਟ ਮਿਲੇਗਾ ਅਤੇ ਆਨਲਾਈਨ ਰੁਕਾਵਟ ਦਰਜ ਕਰਵਾਈ ਜਾ ਸਕੇਗੀ, ਜੋ ਸਿੱਧੇ ਸਬੰਧਤ ਮਾਲ ਅਧਿਕਾਰੀ ਤੱਕ ਪਹੁੰਚੇਗੀ।

# ਸਮਾਜ ਸੇਵੀ ਕੰਮਾਂ ਲਈ ਹਮੇਸ਼ਾ ਅੱਗੇ ਵਧ ਕੇ ਯੋਗਦਾਨ ਪਾ ਰਹੀ ਸ਼ਖਸੀਅਤ ਜਸਵਿੰਦਰ ਔਜਲਾ

**ਨਵਾਂਸ਼ਹਿਰ (ਕੁਲਵਿੰਦਰ ਦੁਰਗਾਪੁਰੀਆ)**- ਆਪਣੇ ਰੁਝੇਵਿਆਂ ਨੂੰ ਅਣਗੌਲਿਆ ਕਰ ਸਮਾਜ ਸੇਵੀ ਕੰਮਾਂ ਲਈ ਹਮੇਸ਼ਾ ਅੱਗੇ ਵਧ ਕੇ ਯੋਗਦਾਨ ਪਾ ਰਹੇ ਜਸਵਿੰਦਰ ਸਿੰਘ ਔਜਲਾ ਵਾਸੀ ਨਾਈ ਮਜਾਰਾ ਨੇ ਦੱਸਿਆ ਕਿ ਉਹ ਸਮਾਜ ਪ੍ਰਤੀ ਉੱਚੀ ਸੁੱਚੀ ਸੋਚ ਰੱਖ ਕੇ ਹਰ ਇਨਸਾਨ ਨੂੰ ਇਨਸਾਫ ਦਿਵਾਉਣ ਲਈ ਪਹਿਲ ਦੇ ਆਧਾਰ 'ਤੇ ਚਟਾਨ ਵਾਂਗ ਖੜ੍ਹਾ ਹੋ ਜਾਂਦੇ ਹਨ। ਔਜਲਾ ਦਾ ਰੈਣ ਬਸੇਰਾ ਪਿੰਡ ਨਾਈ ਮਜਾਰਾ ਨੈਸ਼ਨਲ ਹਾਈਵੇ 'ਤੇ ਹੋਣ ਕਰਕੇ ਉਸ ਨੂੰ ਜਦੋਂ ਕਿਸੇ ਹਾਦਸੇ ਪ੍ਰਤੀ ਜਾਣਕਾਰੀ ਮਿਲਦੀ ਹੈ ਤਾਂ ਉਹ ਤੁਰੰਤ ਉਸ ਘਟਨਾ ਸਥਾਨ 'ਤੇ ਪਹੁੰਚ ਕੇ ਲੋੜ ਅਨੁਸਾਰ ਉਹਨਾਂ ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਣ ਲਈ ਪ੍ਰਬੰਧ ਕਰਦਾ ਹੈ। ਉਹਨਾਂ ਦੱਸਿਆ ਕਿ ਸੜਕ 'ਤੇ ਭਾਵੇਂ ਅੱਧੀ ਰਾਤ ਨੂੰ ਕੋਈ ਹਾਦਸਾ ਵਾਪਰਦਾ ਹੈ ਤਾਂ ਉਹ ਉਸ ਸਥਾਨ 'ਤੇ ਤੁਰੰਤ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਪਹੁੰਚ ਜਾਂਦੇ ਹਨ। ਪਿੰਡ ਵਾਸੀਆਂ ਵਲੋਂ ਵੀ ਉਸ ਨੂੰ ਭਰਵਾਂ ਸਹਿਯੋਗ ਦਿੱਤਾ ਜਾਂਦਾ ਹੈ। ਉਹ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਉਸ ਦੀ ਮਦਦ ਕਰਨ ਲਈ ਅੱਗੇ ਆ ਜਾਂਦੇ ਹਨ। ਹਾਦਸੇ 'ਚ ਜੇ ਕਿਸੇ ਨੂੰ ਕਰੇਨ, ਟਰਾਂਸਪੋਰਟ, ਪੁਲਸ ਆਦਿ ਜ਼ਰੂਰਤ ਪੈਂਦੀ ਹੈ ਤਾਂ ਉਹ ਤੁਰੰਤ ਫੋਨ ਕਰ ਦਿੰਦਾ ਹੈ ਤਾਂ ਫਿਰ ਸਮੇਂ ਸਿਰ ਪ੍ਰਬੰਧ ਹੋਣ 'ਤੇ ਜ਼ਖਮੀਆਂ ਦੀ ਜਾਨ ਬਚ ਜਾਂਦੀ ਹੈ। ਉਹਨਾਂ ਦੱਸਿਆ ਕਿ ਕਈ ਵਾਰ ਬਹੁਤ ਸਾਰੇ ਪੰਛੀਆਂ ਦੇ ਵੀ ਇਸ ਤਰ੍ਹਾਂ ਦੇ ਕੇਸ ਆਉਂਦੇ ਹਨ ਤੇ ਉਹ ਹਾਦਸੇ ਦਾ ਸ਼ਿਕਾਰ ਹੋ ਕੇ ਜ਼ਖਮੀ ਹੋ ਜਾਂਦੇ ਹਨ ਜਿਨ੍ਹਾਂ ਨੂੰ ਉਸ ਵੱਲੋਂ ਆਪਣੇ ਘਰ ਰੱਖ ਕੇ ਟਰੀਟਮੈਂਟ ਕੀਤੀ ਜਾਂਦੀ ਹੈ। ਜਦੋਂ ਉਹ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਯੋਗ ਹੋ ਜਾਂਦੇ ਹਨ, ਫ਼ਿਰ ਉਹ ਆਪਣੀ ਮੰਜ਼ਲ ਵੱਲ ਆਪ ਉਡ ਜਾਂਦੇ ਹਨ। ਇਸ ਤੋਂ ਅੱਗੇ ਜ਼ਖਮੀ ਹੋਏ ਕੁੱਤਿਆਂ ਨੂੰ ਵੀ ਇਲਾਜ ਕਰਵਾਉਣ ਤੋਂ ਪਿੱਛੇ ਨਹੀਂ ਹਟਦੇ। ਅਜਿਹੀ ਸੋਚ ਅੱਜ ਹਰ ਵਿਅਕਤੀ ਨੂੰ ਆਪਣੇ ਜਿਹਨ ਵਿੱਚ ਰੱਖ ਕੇ ਅੱਗੇ ਵਧਣ ਦੀ ਲੋੜ ਹੈ।



# ਮਾਸਟਰ ਕੁਲਦੀਪ ਸਿੰਘ ਮਸੀਤੀ ਦੀ ਪਤਨੀ ਦੇ ਦੇਹਾਂਤ 'ਤੇ ਦੁੱਖ ਪ੍ਰਗਟ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਤੇ ਸੀਨੀਅਰ ਆਗੂ ਮਾਸਟਰ ਕੁਲਦੀਪ ਸਿੰਘ ਮਸੀਤੀ ਦੀ ਧਰਮ ਸੁਪੱਤਨੀ ਤਰਲੋਚਨ ਕੌਰ ਜੋ ਕੇ ਆਸਟਰੇਲੀਆ ਵਿਖੇ ਆਪਣੀ ਬੇਟੀ ਕੋਲ ਗਏ ਹੋਏ ਸਨ, ਜਿੱਥੇ ਉਨਾਂ ਦਾ ਦੇਹਾਂਤ ਹੋ ਗਿਆ। ਇਸ ਸਮੇਂ ਜ਼ਿਲ੍ਹਾ ਜਥੇਬੰਦੀ ਮਾਸਟਰ ਕੁਲਦੀਪ ਸਿੰਘ ਅਤੇ ਉਹਨਾਂ ਦੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੀ ਹੈ। ਇਹ ਪ੍ਰਗਟਾਵਾ ਗੁਰਦੀਪ ਸਿੰਘ ਖੁਣਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਤੇ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਾਂਝੇ ਤੌਰ 'ਤੇ ਕੀਤਾ। ਇਸ ਦੁੱਖ ਦੀ ਘੜੀ ਵਿੱਚ ਸ਼੍ਰੋਮਣੀ ਅਕਾਲੀ ਦਲ (ਅ) ਦੇ ਸੀਨੀਅਰ ਆਗੂ ਗੁਰਦੀਪ ਸਿੰਘ ਗੜਦੀਵਾਲ, ਜਥੇਦਾਰ ਸੰਦੀਪ ਸਿੰਘ ਖਾਲਸਾ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਮਹਿਤਾਬ ਸਿੰਘ ਹੁੰਦਲ, ਪਰਮਜੀਤ ਸਿੰਘ ਮੇਗੋਵਾਲ ਦੁਆਬਾ, ਸਤਨਾਮ ਸਿੰਘ ਧਾਮੀਆਂ, ਹਰਵਿੰਦਰ ਸਿੰਘ ਹੀਰਾ, ਗੁਰਵਿੰਦਰ ਸਿੰਘ ਮਿਆਣੀ, ਰਣਜੀਤ ਸਿੰਘ ਝਾਵਾਂ, ਮਨਜਿੰਦਰ ਸਿੰਘ ਜੌਹਲ, ਜਗਦੀਸ਼ ਸਿੰਘ ਚੱਬੇਵਾਲ, ਸਤਵੰਤ ਸਿੰਘ ਮੁਰਾਦਪੁਰ, ਇੰਦਰਜੀਤ ਸਿੰਘ ਬਸੀ ਮਰੂਫ, ਸੁਖਜਿੰਦਰ ਸਿੰਘ ਸਾਬੀ, ਇੰਦਰਜੀਤ ਸਿੰਘ ਮੋਨਾ ਕਲਾਂ ਨੇ ਮਾਸਟਰ ਕੁਲਦੀਪ ਸਿੰਘ ਨਾਲ ਗਹਿਰੇ ਦੁੱਖ ਤੇ ਹਮਦਰਦੀ ਦਾ ਪ੍ਰਗਟਾਵਾ ਕੀਤਾ।

# ਪਵਨ ਟੀਨੂੰ ਦੀ ਅਗਵਾਈ ਹੇਠ ਨੌਜਵਾਨ 'ਆਪ' 'ਚ ਸ਼ਾਮਲ



**ਆਦਮਪੁਰ (ਪਰਮਜੀਤ ਸਿੰਘ)**:- ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਆਦਮਪੁਰ ਦੀ ਅਗਵਾਈ ਹੇਠ ਮਾਰਕੀਟ ਕਮੇਟੀ ਆਦਮਪੁਰ ਵਿਖੇ ਵੱਡੀ ਗਿਣਤੀ ਵਿੱਚ ਨੌਜਵਾਨ ਵਰਗ ਆਪ ਪਾਰਟੀ ਵਿੱਚ ਸ਼ਾਮਿਲ ਹੋਇਆ।ਆਪ ਦੀ ਭਗਵੰਤ ਮਾਨ ਸਰਕਾਰ ਦੀਆਂ ਯੁੱਧ ਨਸ਼ਿਆਂ ਵਿਰੁੱਧ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਇਲਾਕੇ ਦਾ ਨੌਜਵਾਨ ਵਰਗ ਵੱਡੀ ਗਿਣਤੀ ਵਿੱਚ ਗਿਣਤੀ ਆਪ ਵਿੱਚ ਸ਼ਾਮਿਲ ਹੋਇਆ ਹੈ, ਜਿਨ੍ਹਾਂ ਨੂੰ ਪਵਨ ਕੁਮਾਰ ਟੀਨੂੰ ਵਲੋਂ ਸਿਰਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਰਮਜੀਤ ਸਿੰਘ ਰਾਜਵੰਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਜੋਗਿੰਦਰ ਪਾਲ ਸ਼ਹਿਰੀ ਪ੍ਰਧਾਨ ਕੋਆਰਡੀਨੇਟਰ ਆਦਮਪੁਰ, ਹਰਕੀਤ ਸਿੰਘ ਨਿੱਝਰ ਕਿਸਾਨ ਵਿੰਗ, ਕਾਰਨ ਚੁੰਬਰ ਪ੍ਰਧਾਨ ਅੰਬੇਡਕਰ ਫੋਰਸ ਪੰਜਾਬ, ਚਰਨਜੀਤ ਸਿੰਘ ਸ਼ੇਰੀ, ਜੋਗੀ ਗਾਂਧੀ, ਆਸੂ ਬਾਸਲ ਕੌਂਸਲਰ ਪਤੀ, ਰਾਜਾ ਡਰੋਲੀ, ਹਜ਼ੂਰ ਹੁਸੈਨ ਯੂਰੀ, ਯਾਕੂਬ ਡਰੋਲੀ ਆਪ ਵਰਕਰ ਹਾਜ਼ਰ ਹੋਏ।

# ਪੌਂਗ ਡੈਮ ਤੋਂ ਪਾਣੀ ਛੱਡੇ ਜਾਣ ਤੋਂ ਬਾਅਦ ਦਰਿਆ ਬਿਆਸ ਦੇ ਪਾਣੀ ਵਿੱਚ ਵਾਧਾ ਜਾਰੀ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੌਂਗ ਡੈਮ ਤੋਂ ਪਾਣੀ ਛੱਡੇ ਜਾਣ ਤੋਂ ਬਾਅਦ ਦਰਿਆ ਬਿਆਸ ਦੇ ਪਾਣੀ ਵਿਚ ਲਗਾਤਾਰ ਵਾਧਾ ਦਰਜ ਕੀਤਾ ਜਾ ਰਿਹਾ ਹੈ ਤੇ ਇਸ ਦੌਰਾਨ ਪਾਣੀ 24 ਘੰਟਿਆਂ ਵਿਚ ਉਪਰ ਥੱਲੇ ਹੋ ਰਿਹਾ ਹੈ ।ਇਸ ਸਬੰਧੀ ਦਰਿਆ ਬਿਆਸ ਵਿਖੇ ਸਥਾਪਿਤ ਜਲ ਸਰੋਤ ਵਿਭਾਗ ਦੀ ਗੇਜ਼ ਤੋਂ ਜਾਣਕਾਰੀ ਦਿੰਦਿਆਂ ਕਰਮਚਾਰੀ ਸਹਿਦੇਵ ਨੇ ਦੱਸਿਆ ਕਿ ਉਨ੍ਹਾਂ ਵਲੋਂ ਹਰ ਦੋ ਘੰਟੇ ਬਾਅਦ ਗੇਜ਼ ਅਨੁਸਾਰ ਪਾਣੀ ਦੀ ਸਥਿਤੀ ਬਾਰੇ ਜਾਣਕਾਰੀ ਲਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਵੇਰੇ ਜਿੱਥੇ ਪਾਣੀ 90 ਹਜ਼ਾਰ ਕਿਉਸਿਕ ਨੂੰ ਪਾਰ ਕਰ ਗਿਆ ਸੀ ਉੱਥੇ ਸ਼ਾਮ ਕਰੀਬ 6 ਵਜੇ ਪਾਣੀ ਥੋੜਾ ਘੱਟ ਕੇ 739.30 ਗੇਜ਼ ਤੇ 87 ਹਜ਼ਾਰ 670 ਕਿਉਸਿਕ ਰਹਿ ਗਿਆ ਸੀ ।ਦੱਸਣਯੋਗ ਹੈ ਕਿ ਦਰਿਆ ਬਿਆਸ ਵਿਚ ਵਧੇ ਪਾਣੀ ਤੋਂ ਬਾਅਦ ਦਰਿਆ ਦੇ ਨਾਲ ਲੱਗਦੇ ਮੰਡ ਖ਼ੇਤਰ ਵਿਚਲੀਆਂ ਨੀਵੀਂਆਂ ਥਾਵਾਂ ਪਾਣੀ ਦੀ ਮਾਰ ਹੇਠ ਆ ਗਈਆਂ ਹਨ ।ਇਸ ਸੰਬੰਧੀ ਕਿਸਾਨਾਂ ਨੇ ਆਪਣੀ ਚਿੰਤਾਂ ਪ੍ਰਗਟ ਕਰਦਿਆਂ ਦੱਸਿਆ ਕਿ ਜੇਕਰ ਆਉਂਦੇ ਦਿਨਾਂ ਦੌਰਾਨ ਦਰਿਆ ਵਿਚ ਪਾਣੀ ਹੋਰ ਵਧਦਾ ਹੈ ਤਾਂ ਮੰਡ ਖ਼ੇਤਰ ਵਿਚ ਇਸ ਪਾਣੀ ਨਾਲ ਝੋਨਾ, ਸਬਜ਼ੀਆਂ ਤੇ ਪਸ਼ੂਆਂ ਦੇ ਚਾਰੇ ਦਾ ਨੁਕਸਾਨ ਹੋਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ।

# ਸਕੂਲਾਂ ਨੂੰ ਸੇ.ਫ ਸਕੂਲ ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਵਿਦਿਆਰਥੀਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ ਬਲਬੀਰ ਰਾਜ ਸਿੰਘ ਨੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਕੱਤਰ ਆਰ.ਟੀ.ਏ. ਨੇ ਕਿਹਾ ਕਿ ਪਾਲਿਸੀ ਤਹਿਤ ਬੱਚਿਆਂ ਦੀ ਸੁਰੱਖਿਆ ਸਬੰਧੀ ਦਿੱਤੀਆਂ ਗਈਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਪਾਲਿਸੀ ਲਾਗੂ ਕਰਨ ਵਿੱਚ ਕਿਸੇ ਕਿਸਮ ਦੀ ਢਿੱਲ ਨਾ ਵਰਤੀ ਜਾਵੇ। ਇਸ ਮੌਕੇ ਉਨ੍ਹਾਂ ਨਾਲ ਰਿਜਨਲ ਟਰਾਂਸਪੋਰਟ ਅਫ਼ਸਰ ਅਮਨਪਾਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੀ.ਸੈ.) ਡਾ. ਗੁਰਿੰਦਰਜੀਤ ਕੌਰ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੇ ਭਾਰਤੀ ਵੀ ਮੌਜੂਦ ਸਨ।ਸਕੱਤਰ, ਰਿਜ਼ਨਲ ਟਰਾਂਸਪੋਰਟ ਅਥਾਰਟੀ ਨੇ ਸਕੂਲਾਂ ਦੇ ਪ੍ਰਿੰਸੀਪਲਾਂ/ ਨਮਾਇੰਦਿਆਂ ਨੂੰ ਸੇਫ਼ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਤੋਂ ਵਿਸਥਾਰ ਨਾਲ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਇਸ ਪਾਲਿਸੀ ਦੇ ਮਾਪਦੰਡ ਅਨੁਸਾਰ ਇਹ ਲਾਜ਼ਮੀ ਹੈ ਕਿ ਸਕੂਲ ਬੱਸਾਂ ਵਿੱਚ ਸੀ.ਸੀ.ਟੀ.ਵੀ. ਕੈਮਰੇ ਲੱਗੇ ਹੋਣ, ਅੱਗ ਬੁਝਾਊ ਯੰਤਰ ਹੋਵੇ, ਡਰਾਈਵਰ, ਅਟੈਂਡੈਂਟ ਅਤੇ ਸਟਾਫ਼ ਦੇ ਵਰਦੀ ਪਾਈ ਹੋਵੇ, ਪ੍ਰਦੂਸ਼ਣ ਕੰਟਰੋਲ ਕਲੀਅਰੈਂਸ, ਫਾਇਰ ਸਟੇਸ਼ਨ ਅਤੇ ਪੁਲਿਸ ਆਦਿ ਦਾ ਸੰਪਰਕ ਨੰਬਰ, ਸਕੂਲੀ ਵਾਹਨਾਂ ਵਿੱਚ ਸਪੀਡ ਗਵਰਨਰ ਲੱਗਾ ਹੋਵੇ, ਬੱਸਾਂ ਵਿੱਚ ਸਫ਼ਰ ਕਰਨ ਵਾਲੀਆਂ ਵਿਦਿਆਰਥਣਾਂ ਲਈ ਮਹਿਲਾ ਅਟੈਂਡੈਂਟ ਹੋਣਾ ਲਾਜ਼ਮੀ, ਫਸਟ ਏਡ ਕਿੱਟਾਂ ਅਤੇ ਨਾਲ ਹੀ ਬੱਸਾਂ ਨੂੰ ਓਵਰਲੋਡ ਨਾ ਕੀਤਾ ਜਾਣਾ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਸਕੂਲੀ ਵਾਹਨ ਵਿੱਚ ਸਮਰੱਥਾ ਤੋਂ ਜ਼ਿਆਦਾ ਬੱਚੇ ਨਹੀਂ ਹੋਣੇ ਚਾਹੀਦੇ, ਸਕੂਲੀ ਵਾਹਨ 'ਤੇ ਸਕੂਲ ਦਾ ਨਾਂ ਅੱਗੇ ਅਤੇ ਪਿੱਛੇ ਦੋਵੇਂ ਸਾਈਡਾਂ 'ਤੇ ਅਤੇ ਫੋਨ ਨੰਬਰ ਲਿਖਿਆ ਹੋਣਾ ਚਾਹੀਦਾ ਅਤੇ ਜੇਕਰ ਸਕੂਲੀ ਵਾਹਨ ਕਿਰਾਏ 'ਤੇ ਹੈ ਤਾਂ ਉਸ ਉੱਪਰ ਆਨ ਡਿਊਟੀ ਲਿਖਿਆ ਹੋਣਾ ਚਾਹੀਦਾ ਹੈ।ਸਕੱਤਰ ਆਰ.ਟੀ.ਏ. ਨੇ ਮੀਟਿੰਗ ਵਿਚ ਹਾਜ਼ਰ ਸਕੂਲ ਮੁਖੀਆਂ ਨੂੰ ਜਲਦ ਤੋਂ ਜਲਦ ਆਪਣੇ ਸਕੂਲਾਂ ਦੀਆਂ ਸਾਰੀਆਂ ਸਕੂਲ ਬੱਸਾਂ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਅਨੁਸਾਰ ਅੱਪਡੇਟ ਕਰਨ ਦੀ ਅਪੀਲ ਕੀਤੀ, ਤਾਂ ਜੋ ਨੇੜ ਭਵਿੱਖ ਵਿੱਚ ਕਾਰਵਾਈ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਸਭ ਤੋਂ ਪਹਿਲੀ ਤਰਜੀਹ ਹੈ, ਜਿਸ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਬੱਸ ਓਪਰੇਟਰਾਂ ਨੂੰ ਵੀ ਨਿਯਮਾਂ ਦੀ ਪਾਲਣਾ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਨਾਲ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ 'ਤੇ ਸਖਤ ਕਾਰਵਾਈ ਕੀਤੀ ਜਾਵੇਗੀ।

# ਲੋੜਵੰਦ ਪਰਵਾਰਾਂ ਨੂੰ ਰਾਸ਼ਨ ਦੇਣ ਲਈ ਅਗਸਤ ਮਹੀਨੇ ਰਾਸ਼ਨ ਦੀ ਪੈਕਿੰਗ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** : ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖ਼ਾਸ, ਗੁ: ਸਿੱਖ ਸੈਂਟਰ ਆਫ਼ ਸਿਆਟਲ ਅਮਰੀਕਾ ਅਤੇ ਸੋਚ ਸੈਂਟਰ ਸਿਆਟਲ ਅਮਰੀਕਾ ਵੱਲੋਂ ਮਿਸ਼ਨ: ਗੁਰੂ ਕਾ ਲੰਗਰ ਤਹਿਤ ਹਰ ਮਹੀਨੇ 100 ਤੋਂ ਵੱਧ ਪਰਵਾਰਾਂ ਨੂੰ ਰਾਸ਼ਨ ਦਿੱਤਾ ਜਾਂਦਾ ਹੈ ਅਤੇ ਅਗਸਤ ਮਹੀਨੇ ਦੇ ਰਾਸ਼ਨ ਦੀ ਪੈਕਿੰਗ ਮੌਕੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਸਤਿੰਦਰ ਸਿੰਘ ਖ਼ਾਲਸਾ, ਦਲਬੀਰ ਸਿੰਘ ਕੰਗ, ਦਵਿੰਦਰ ਸਿੰਘ ਬਿੱਲਾ, ਸਾਹਿਬਜੋਤ ਸਿੰਘ ਕੰਗ, ਅਮਰਜੀਤ ਸਿੰਘ ਅਹੂਜਾ, ਨੇ ਦੱਸਿਆ ਕਿ ਰਾਸ਼ਨ ਦੇ ਲੋੜਵੰਦਾਂ ਨੂੰ ਅਸੀਂ ਤਿੰਨ ਵਰਗਾਂ ਵਿੱਚ ਵੰਡਦੇ ਹਾਂ। ਪਹਿਲਾ: ਕੰਮ ਕਾਜ ਕਰਨ ਦੀ ਉਮਰ ਲੰਘਾ ਚੁੱਕੇ ਬੇਸਹਾਰਾ ਬਜ਼ੁਰਗ। ਦੂਸਰਾ: ਛੋਟੇ ਬੱਚਿਆਂ ਵਾਲ਼ੀਆਂ ਬੇਸਹਾਰਾ ਵਿਧਵਾ ਔਰਤਾਂ। ਤੀਸਰਾ: ਦੁਰਘਟਨਾ ਜਾਂ ਬਿਮਾਰੀ ਦਾ ਸ਼ਿਕਾਰ ਮਰੀਜ਼ ਨੂੰ ਠੀਕ ਹੋਣ ਤੱਕ ਰਾਸ਼ਨ ਦਿੱਤਾ ਜਾਂਦਾ ਹੈ। ਨੌਜਵਾਨ ਬੱਚੇ ਬੱਚੀਆਂ ਵਾਲ਼ੇ ਪਰਵਾਰਾਂ ਲਈ ਰਾਸ਼ਨ ਦੀ ਕੋਈ ਵਿਵਸਥਾ ਨਹੀਂ ਹੈ। ਇਸ ਮੌਕੇ ਉਕਤ ਤੋਂ ਇਲਾਵਾ ਗੁਰਿੰਦਰ ਸਿੰਘ ਮਠਾੜੂ, ਈਸ਼ਵਰ ਸਿੰਘ ਕੰਗ, ਹਰਵਿੰਦਰ ਸਿੰਘ ਧੰਜੂ, ਸੁਖਵਿੰਦਰ ਸਿੰਘ ਸੈਂਹਬੀ, ਸੁਖਜਿੰਦਰ ਸਿੰਘ ਚੰਦੀ, ਅਮਨਦੀਪ ਸਿੰਘ ਦੇਵਗੁਣ, ਹਰਨੂਰਪ੍ਰੀਤ ਸਿੰਘ ਲੇਹਲ, ਪ੍ਰਭਜੀਤ ਸਿੰਘ ਵਿਲੱਖੂ ਅਤੇ ਰਾਸ਼ਨ ਪੈਕਿੰਗ ਵਾਲ਼ੀ ਸਮੁੱਚੀ ਟੀਮ ਹਾਜ਼ਰ ਸੀ।



# ਬੱਚਿਆਂ ਨੇ ਰੱਖੜੀ ਪ੍ਰਤੀਯੋਗਤਾ 'ਚ ਵੱਧ ਚੜ੍ਹ ਕੇ ਹਿੱਸਾ ਲਿਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਥਾਨਕ ਚੰਡੀਗੜ੍ਹ ਰੋਡ ਤੇ ਸਥਿਤ ਜੇ ਐੱਸ ਐੱਫ ਐੱਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵਿਖੇ ਇੰਚਾਰਜ ਰੀਟਾ ਚੌਹਾਨ। ਇਸ ਪ੍ਰਤੀਯੋਗਤਾ 'ਚ ਤੀਸਰੀ ਜਮਾਤ ਤੋਂ ਪੰਜਵੀ ਕਲਾਸ ਦੇ ਬੱਚਿਆਂ ਨੇ ਸੁੰਦਰ ਰੱਖੜੀ ਮੁਕਾਬਲਾ ਪ੍ਰਤੀਯੋਗਤਾ ਵਿਚ ਵੱਧ ਚੜ ਕੇ ਹਿੱਸਾ ਲਿਆ। ਬੱਚਿਆਂ ਨੇ ਬਹੁਤ ਸੁੰਦਰ ਰੱਖੜੀਆਂ ਤਿਆਰ ਕੀਤੀਆਂ।

11-AUG-PAGE-10.qxd extra.qxd 8/10/2025 10:08 PM Page 1



## ਸਰਸਵਤੀ ਸੀਨੀ. ਸੈਕੰ. ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਜੈਤੋ (ਸਤੀਸ਼ ਕੁਮਾਰ ਭੀਗੀ)**-ਸਥਾਨਕ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਕੁਸਮ ਕਾਲੜਾ ਦੀ ਯੋਗ ਅਗਵਾਈ ਹੇਠ ਰੱਖੜੀ ਦਾ ਤਿਉਹਾਰ ਬੜੀ ਹੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਵੱਖ-ਵੱਖ ਜਮਾਤਾਂ (ਚੌਥੀ ਤੋਂ ਸੱਤਵੀਂ) ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ।ਚੌਥੀ ਜਮਾਤ ਦਾ ਰੱਖੜੀ ਦੀ ਡਰਾਇੰਗ ਵਿੱਚ ਰੰਗ ਭਰਨ, ਪੰਜਵੀਂ ਜਮਾਤ ਦਾ ਰੱਖੜੀ ਤੇ ਡਰਾਇੰਗ ਬਣਾਉਣਾ, ਛੇਵੀਂ ਜਮਾਤ ਦਾ ਰੱਖੜੀ ਬਣਾਉਣ ਤੇ ਸੱਤਵੀਂ ਜਮਾਤ ਦਾ ਰੱਖੜੀ ਦੇ ਵਿਸ਼ੇ 'ਤੇ ਲੇਖ ਰਚਨਾ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਦੌਰਾਨ ਚੌਥੀ ਜਮਾਤ 'ਚੋਂ ਬਬਲੀਨ ਤੇ ਸਿਮਰਨ, ਪੰਜਵੀਂ 'ਚੋਂ ਰੂਹੀ ਤੇ ਡੇਜ਼ੀ, ਛੇਵੀਂ 'ਚੋਂ ਭਾਵਨਾ ਤੇ ਦ੍ਰਿਸ਼ਟੀ ਅਤੇ ਸੱਤਵੀਂ ਜਮਾਤ 'ਚੋਂ ਹਰਸ਼ਿਤਾ ਤੇ ਸ਼ਰੁਤੀ ਨੇ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕੀਤਾ।ਸਾਰੇ ਮੁਕਾਬਲਿਆਂ ਵਿੱਚੋਂ ਪਹਿਲੇ ਦੋ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਤੋਹਫ਼ੇ ਦੇ ਕੇ ਪ੍ਰਿੰਸੀਪਲ ਮੈਡਮ ਨੇ ਸਨਮਾਨਤ ਕੀਤਾ ਅਤੇ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਭੈਣ-ਭਰਾ ਦੇ ਰਿਸ਼ਤੇ ਦੀਆਂ ਭਾਵਨਾਵਾਂ ਤੇ ਪਵਿੱਤਰਤਾ ਉਪਰ ਇੱਕ ਪੱਤਰ ਲਿਖਣ ਦਾ ਹੋਮ ਵਰਕ ਦਿੱਤਾ।ਵਿਦਿਆਰਥੀਆਂ ਨੇ ਆਪਣੀਆਂ ਬਣਾਈਆਂ ਹੋਈਆਂ ਰੱਖੜੀਆਂ ਵੀ ਪ੍ਰਿੰਸੀਪਲ ਮੈਡਮ ਦੇ ਬੰਨ੍ਹੀਆਂ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਸਰਕਲ ਪ੍ਰਧਾਨਾਂ ਦੀ ਨਿਯੁਕਤੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਸ਼੍ਰੋਮਣੀ ਅਕਾਲੀ ਦਲ ਦੀ ਇਕ ਅਹਿਮ ਮੀਟਿੰਗ ਵਿੱਚ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਧਾਨ ਤਜਿੰਦਰ ਸਿੰਘ ਸੰਘਰੇੜੀ ਵੱਲੋਂ ਹਲਕਾ ਸੁਨਾਮ ਦੇ ਵੱਖ-ਵੱਖ ਸਰਕਲਾਂ ਲਈ ਨਵੇਂ ਸਰਕਲ ਪ੍ਰਧਾਨਾਂ ਦਾ ਐਲਾਨ ਕੀਤਾ ਗਿਆ।ਨਵੀਂ ਘੋਸ਼ਿਤ ਸਰਕਲ ਪ੍ਰਧਾਨ ਦੀ ਸੂਚੀ ਅਨੁਸਾਰ ਸਰਕਲ ਚੀਮਾ ਦਰਸ਼ਨ ਸਿੰਘ ਚੀਮਾ, ਸਰਕਲ ਢੱਡਰੀਆਂ ਭੁਪਿੰਦਰ ਸਿੰਘ ਢੱਡਰੀਆਂ, ਸਰਕਲ ਗੱਗੜਪੁਰ ਬਲਵਿੰਦਰ ਸਿੰਘ ਅਕਬਰਪੁਰ, ਸਰਕਲ ਸ਼ੇਰੋਂ ਸਤਨਾਮ ਸਿੰਘ ਸ਼ੇਰੋ, ਸਰਕਲ ਲੌਂਗੋਵਾਲ ਸੁਖਵਿੰਦਰ ਸਿੰਘ ਮੱਦੀ, ਸਰਕਲ ਬਡਰੁੱਖਾਂ ਦਰਸ਼ਨ ਸਿੰਘ ਉੱਪਲੀ, ਸਰਕਲ ਸੁਨਾਮ ਸ਼ਹਿਰੀ ਰਮਨਦੀਪ ਸਿੰਘ ਰਾਣਾ ਨਿਯੁਕਤ ਕੀਤੇ ਗਏ।ਵਿਨਰਜੀਤ ਗੋਲਡੀ ਨੇ ਕਿਹਾ ਕਿ ਇਹ ਨਿਯੁਕਤੀਆਂ ਪਾਰਟੀ ਨੂੰ ਨੀਵੇਂ ਪੱਧਰ 'ਤੇ ਮਜ਼ਬੂਤ ਕਰਨ ਤੇ ਵਰਕਰਾਂ ਨੂੰ ਜ਼ਮੀਨੀ ਪੱਧਰ 'ਤੇ ਜੁਟਾ ਕੇ ਚੁਣਾਵੀ ਤਿਆਰੀਆਂ ਨੂੰ ਤੀਬਰ ਬਣਾਉਣ ਲਈ ਕੀਤੀਆਂ ਗਈਆਂ ਹਨ।ਉਨ੍ਹਾਂ ਆਸ ਜਤਾਈ ਕਿ ਨਵੇਂ ਨਿਯੁਕਤ ਸਰਕਲ ਪ੍ਰਧਾਨ ਪਾਰਟੀ ਦੀ ਨੀਤੀ ਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਭੂਮਿਕਾ ਨਿਭਾਉਣਗੇ।ਇਸ ਮੌਕੇ ਵਰਕਰ ਆਗੂ ਆਦਿ ਹਾਜ਼ਰ ਸਨ।

## ਸਪੀਕਰ ਸੰਧਵਾਂ ਨੇ ਮਨਜੀਤ ਕੌਰ ਦੇ ਸਸਕਾਰ 'ਚ ਕੀਤੀ ਸ਼ਿਰਕਤ, ਪਰਵਾਰ ਨਾਲ ਕੀਤਾ ਦੁੱਖ ਸਾਂਝਾ




**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਪਿੰਡ ਸੰਧਵਾਂ ਵਿਖੇ ਸਾਬਕਾ ਵਿਧਾਇਕ ਸ. ਮਨਤਾਰ ਸਿੰਘ ਦੀ ਮਾਤਾ ਸਵ. ਮਨਜੀਤ ਕੌਰ ਬਰਾੜ (ਪਤਨੀ ਜਸਵਿੰਦਰ ਸਿੰਘ ਬਰਾੜ ਸਾਬਕਾ ਸਹਿਕਾਰਤਾ ਮੰਤਰੀ ਪੰਜਾਬ) ਦੇ ਅੰਤਿਮ ਸੰਸਕਾਰ ਸਮਾਗਮ ਵਿੱਚ ਸ਼ਾਮਲ ਹੋਏ।ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਰਦਾਰਨੀ ਮਨਜੀਤ ਕੌਰ ਬਰਾੜ ਬਹੁਤ ਸਧਾਰਨ ਤੇ ਨਿਮਰ ਔਰਤ ਸਨ।ਉਨ੍ਹਾਂ ਕਿਹਾ ਕਿ ਇੱਕੋ ਪਿੰਡ ਦੇ ਵਸਨੀਕ ਹੋਣ ਕਰਨ ਉਹ ਸਾਡੇ ਲਈ ਬਹੁਤ ਸਤਿਕਾਰਤ ਸਨ।ਉਨ੍ਹਾਂ ਕਿਹਾ ਕਿ ਸਿਆਸੀ ਵਖਰੇਵਿਆਂ ਦੇ ਬਾਵਜੂਦ ਉਨ੍ਹਾਂ ਨੂੰ ਦਿਲੋਂ ਹਮਦਰਦੀ ਹੈ।ਉਨ੍ਹਾਂ ਕਿਹਾ ਕਿ ਗਿਆਨੀ ਜੈਲ ਸਿੰਘ ਜਦੋਂ ਪੰਜਾਬ ਦੇ ਮੁੱਖ ਮੰਤਰੀ ਸਨ ਤਾਂ ਸ. ਜਸਵਿੰਦਰ ਸਿੰਘ ਬਰਾੜ ਵਿਰੋਧੀ ਧਿਰ ਦੇ ਨੇਤਾ ਸਨ, ਦੋਵੇਂ ਸ਼ਖ਼ਸੀਅਤਾਂ ਇੱਕੋ ਪਿੰਡ ਦੇ ਹੋਣ ਕਾਰਨ ਸਰਦਾਰਨੀ ਮਨਜੀਤ ਕੌਰ ਰਾਜਨੀਤੀ ਦੀਆਂ ਅਹਿਮ ਘਟਨਾਵਾਂ ਦੇ ਗਵਾਹ ਸਨ।ਉਨ੍ਹਾਂ ਦੇ ਅਕਾਲ ਚਲਾਣੇ ਨਾਲ ਅਸੀਂ ਇੱਕ ਅਹਿਮ ਸ਼ਖ਼ਸੀਅਤ ਤੋਂ ਵਾਂਝੇ ਹੋ ਗਏ ਹਾਂ।ਉਨ੍ਹਾਂ ਦੀ ਕਮੀ ਪਰਵਾਰ ਨੂੰ ਹਮੇਸ਼ਾ ਮਹਿਸੂਸ ਹੋਵੇਗੀ।ਸਪੀਕਰ ਸ. ਸੰਧਵਾਂ ਨੇ ਅਰਦਾਸ ਕੀਤੀ ਕਿ ਪ੍ਰਮਾਤਮਾ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਦੇਵੇ ਤੇ ਪਰਵਾਰ ਨੂੰ ਇਹ ਦੁੱਖ ਸਹਿਣ ਦਾ ਹੌਸਲਾ ਬਖ਼ਸ਼ੇ।

## ਝਾੜ ਸਾਹਿਬ ਕਾਲਜ ਵਿਖੇ ਰੱਖੜ ਪੁੰਨਿਆ ਮੌਕੇ ਤੋਹਫੇ ਵੰਡੇ



**ਮਾਛੀਵਾੜਾ ਸਾਹਿਬ/ਸਮਰਾਲਾ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ/ਸੁਰਜੀਤ ਸਿੰਘ)**- ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿਖੇ ਰੱਖੜੀ ਦੇ ਤਿਉਹਾਰ ਮੌਕੇ ਬਾਬਾ ਬੂਟਾ ਸਿੰਘ ਬੇਬੇ ਨਾਨਕੀ ਟਰੱਸਟ ਈਸਾਪੁਰ ਵਾਲਿਆਂ ਤੇ ਸ਼ਿਵ ਕੁਮਾਰ ਸ਼ਿਵਲੀ ਪ੍ਰਧਾਨ ਐੱਨ.ਜੀ.ਓ. ਵੱਲੋਂ ਕਾਲਜ ਵਿਦਿਆਰਥਣਾਂ ਨੂੰ ਤੋਹਫੇ ਵੰਡੇ ਗਏ। ਕਾਲਜ ਦੇ ਵੱਖ-ਵੱਖ ਵਿਭਾਗਾਂ ਨੂੰ ਦੇਖਦਿਆਂ ਬਾਬਾ ਬੂਟਾ ਸਿੰਘ ਨੇ ਸ਼ਲਾਘਾ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਸੁਵਿਧਾਵਾਂ ਦੇਣ ਵਿੱਚ ਉਹ ਆਪਣਾ ਯੋਗਦਾਨ ਪਾਉਣਗੇ ਤੇ ਕਾਲਜ ਦੇ ਸਿਲਾਈ ਸੈਂਟਰ ਸੈਲਫ ਹੈਲਪ ਗਰੁੱਪ ਨੂੰ 100 ਸੂਈਆਂ ਦੇ ਜੰਗੋਦਾਨ ਦੇਣ ਲਈ ਵੀ ਕਿਹਾ ਤਾਂ ਜੋ ਵਿਦਿਆਰਥਣਾਂ ਨੂੰ ਰੁਜ਼ਗਾਰ ਦੇ ਯੋਗ ਬਣਾਇਆ ਜਾ ਸਕੇ। ਸ਼ਿਵ ਕੁਮਾਰ ਸ਼ਿਵਲੀ ਨੇ ਵਿਦਿਆਰਥਣਾਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਉਹ ਪੜ੍ਹਾਈ ਦੇ ਨਾਲ-ਨਾਲ ਹੋਰ ਖੇਤਰਾਂ ਵਿੱਚ ਵੀ ਕਾਲਜ ਦਾ ਨਾਮ ਰੌਸ਼ਨ ਕਰਨ। ਕਾਲਜ ਵੱਲੋਂ ਬਾਬਾ ਬੂਟਾ ਸਿੰਘ ਨੂੰ ਸਨਮਾਨ ਚਿੰਨ੍ਹ ਭੇਟ ਕਰਦੇ ਹੋਏ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਝਾੜ ਸਾਹਿਬ ਕਾਲਜ ਪਰਵਾਰ ਵੀ ਬਾਬਾ ਜੀ ਵੱਲੋਂ ਆਰੰਭੀ ਸੇਵਾ ਵਿੱਚ ਆਪਣਾ ਯੋਗਦਾਨ ਪਾਵੇਗਾ। ਇਸ ਮੌਕੇ ਨਰਿੰਦਰ ਪਾਲ ਸਿੰਘ, ਜਗਦੀਸ਼ ਚੰਦਾਨਾ, ਮੈਡਮ ਪੂਜਾ, ਜਸਵੰਤ ਸਿੰਘ, ਸਤਨਾਮ ਸਿੰਘ, ਮਨਜੀਤ ਸਿੰਘ, ਡਾ. ਗੁਨੀਤਾ ਕੌਸ਼ਲ ਇੰਚਾਰਜ ਸੈਲਫ ਹੈਲਪ ਗਰੁੱਪ, ਜਸਵੀਰ ਕੌਰ, ਡਾ. ਮਹੀਪਿੰਦਰ ਕੌਰ ਵੀ ਸ਼ਾਮਲ ਰਹੇ।

## ਅਗਰਵਾਲ ਧਰਮਸ਼ਾਲਾ ਵਿਖੇ ਸੰਪੂਰਨ ਹੋਈ ਸ਼ਿਵ ਮਹਾਪੁਰਾਣ ਕਥਾ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਅਗਰਵਾਲ ਧਰਮਸ਼ਾਲਾ ਸਮਾਣਾ ਵਿਖੇ ਇੱਕ ਹਫ਼ਤੇ ਤੱਕ ਚੱਲੀ ਸ਼੍ਰੀ ਸ਼ਿਵ ਮਹਾਪੁਰਾਣ ਕਥਾ ਅੱਜ ਧੂਮਧਾਮ ਨਾਲ ਸੰਪੂਰਨ ਹੋਈ।ਆਚਾਰੀਆ ਸ਼੍ਰੀ ਸਤਿਆਨੰਦ ਜੀ ਮਹਾਰਾਜ ਨੇ ਆਪਣੇ ਮੁਖਾਰਬਿੰਦ ਤੋਂ ਕਥਾ ਦਾ ਸਰਵਣ ਕੀਤਾ, ਜਿਨ੍ਹਾਂ ਦੀ ਸ਼ੁੱਧ ਮਿੱਠੀ ਬਾਣੀ ਤੇ ਅਧਿਆਤਮਿਕ ਗਿਆਨ ਨੇ ਸਰੋਤਿਆਂ ਵਿੱਚ ਆਏ ਹਜ਼ਾਰਾਂ ਭਗਤਾਂ ਦੇ ਮਨ ਨੂੰ ਛੋਹ ਲਿਆ।ਕਥਾ ਦੌਰਾਨ ਆਚਾਰੀਆ ਜੀ ਨੇ ਭਗਵਾਨ ਸ਼ਿਵ ਦੇ ਜੀਵਨ, ਉਨ੍ਹਾਂ ਦੀ ਤਪੱਸਿਆ, ਭਗਤਾਂ ਨਾਲ ਹੋਏ ਸੰਬੰਧਾਂ ਤੇ ਪ੍ਰੇਰਕ ਉਪਦੇਸ਼ਾਂ ਬਾਰੇ ਗਹਿਰੀ ਰੋਸ਼ਨੀ ਪਾਈ।ਹਰੇਕ ਦਿਨ ਸ਼ਰਧਾਲੂਆਂ ਦੀ ਗਿਣਤੀ ਵਧਦੀ ਗਈ ਅਤੇ ਧਾਰਮਿਕ ਉਤਸ਼ਾਹ ਨਾਲ ਭਰਪੂਰ ਜਨਤਾ ਨੇ ਹਰ ਰੋਜ਼ ਸ਼੍ਰਵਣ ਕਰਕੇ ਮਨ ਨੂੰ ਨਿਰਮਲ ਕੀਤਾ।ਅੰਤਿਮ ਦਿਨ ਕਥਾ ਦੀ ਪੂਰਨਤਾ ਉੱਤੇ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਰ ਵਰਗ ਦੇ ਲੋਕਾਂ ਨੇ ਭਾਗ ਲਿਆ। ਭੰਡਾਰੇ ਵਿੱਚ ਸ਼ਿਵ ਭੋਲੇ ਸ਼ੰਕਰ ਸੇਵਾ ਦਲ ਦੇ ਸੇਵਾਦਾਰਾਂ ਪ੍ਰਧਾਨ ਰਮਨ ਮਹਿਤਾ, ਕਮਲ ਸ਼ਰਮਾ, ਸੰਨੀ ਪੱਪਲੀ, ਮਨੋਜ ਕੁਮਾਰ, ਰਵੀ ਗਰਗ ਟੀਮਾਂ, ਰਜਨੀਤ ਰਾਣਾ, ਕਰਨ ਬਜਾਜ ਆਦਿ ਪੂਰੇ ਜੋਸ਼ ਤੇ ਸਮਰਪਣ ਨਾਲ ਸੇਵਾ ਨਿਭਾਈ।ਇਸ ਮੌਕੇ ਸਾਬਕਾ ਵਿਧਾਇਕ ਰਜਿੰਦਰ ਸਿੰਘ, ਪੰਜਾਬ ਮਹਿਲਾ ਕਾਂਗਰਸ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਸਮੇਤ ਸਥਾਨਕ ਸ਼ਹਿਰ ਦੇ ਪਤਵੰਤੇ ਸਮਾਜਿਕ ਸੰਸਥਾਵਾਂ ਦੇ ਪ੍ਰਧਾਨ ਤੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

## ਸੀਰਤ ਨੇ ਤਮਗੇ ਜਿੱਤ ਕੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਬੁਜ਼ਰਾਕਾ ਦੀ ਹੋਣਹਾਰ ਵਿਦਿਆਰਥਣ ਨੇ ਰਾਜ ਤੇ ਰਾਸ਼ਟਰੀ ਪੱਧਰ 'ਤੇ ਖੇਡਦਿਆਂ ਗਤਕਾ ਖੇਡ ਵਿੱਚ ਸਿਲਵਰ, ਚਾਂਦੀ ਮੈਡਲਾਂ ਤੋਂ ਇਲਾਵਾ ਰਾਜ ਪੱਧਰੀ ਖੇਡ ਵਿੱਚ ਦੋ ਸੋਨੇ ਦੇ ਤਮਗੇ ਜਿੱਤ ਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਜਾਣਕਾਰੀ ਦਿੰਦਿਆਂ ਪਿਤਾ ਸੁਰਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਬੁਜ਼ਰਾਕਾ ਵਿਖੇ ਡਾਇਰੈਕਟਰ ਜਤਿੰਦਰ ਸਿੰਘ ਦੀ ਨਿਗਰਾਨੀ ਹੇਠ ਚੱਲ ਰਹੇ ਆਦਰਸ਼ ਪਬਲਿਕ ਸਕੂਲ ਵਿੱਚ ਪੜ੍ਹਦੀ ਉਨ੍ਹਾਂ ਦੀ ਧੀ ਸੀਰਤ ਕੌਰ, ਜੋ ਅੱਠਵੀਂ ਜਮਾਤ ਦੀ ਵਿਦਿਆਰਥਣ ਹੈ, ਨੇ ਪਹਿਲਾਂ ਪਟਿਆਲਾ ਵਿਖੇ ਹੋਈਆਂ ਰਾਜ ਪੱਧਰੀ ਖੇਡਾਂ ਵਿੱਚ ਦੋ ਸੋਨ ਤਮਗੇ ਤੇ ਫਿਰ ਹੋਈਆਂ ਰਾਸ਼ਟਰੀ ਪੱਧਰੀ ਖੇਡਾਂ ਵਿੱਚ ਚਾਂਦੀ ਦੇ ਤਮਗੇ ਜਿੱਤੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਵਰ੍ਹੇ ਗਤਕੇ ਵਿੱਚ ਵੀ ਰਾਸ਼ਟਰੀ ਪੱਧਰ 'ਤੇ ਸਿਲਵਰ ਮੈਡਲ ਜਿੱਤ ਚੁੱਕੀ ਹੈ।ਸੀਰਤ ਦੀ ਇਸ ਕਾਮਯਾਬੀ 'ਤੇ ਮਾਣ ਕਰਦਿਆਂ ਕਿਹਾ ਕਿ ਹੋਣਹਾਰ ਧੀ ਨੇ ਇਹ ਮੁਕਾਮ ਹਾਸਲ ਕਰਕੇ ਸਿਰਫ਼ ਆਪਣੇ ਸਕੂਲ ਦਾ ਨਾਮ ਰੁਸ਼ਨਾਇਆ ਹੈ, ਉੱਥੇ ਆਪਣੇ ਪੜਦਾਦਾ ਸ. ਮਿਲਖਾ ਸਿੰਘ ਵਿੱਚੋਂ ਵਾ ਨਾਮ ਵੀ ਰੌਸ਼ਨ ਕੀਤਾ ਹੈ।ਖੇਡਜਗਤ ਤੋਂ ਕਿਹਾ ਕਿ ਜਲਦ ਹੀ ਮਿਲਖਾ ਸਿੰਘ ਵਿੱਚੋਂ ਆਪਣੇ ਨਾਮ ਵਿੱਚ ਇਲਾਕੇ ਦੇ ਨਾਮਵਰ ਖੇਡ ਪ੍ਰੇਮੀ ਸਨ, ਜਿਨ੍ਹਾਂ ਨੌਜਵਾਨਾਂ ਨੂੰ ਖੇਡਾਂ ਦੇ ਖੇਤਰ ਵਿੱਚ ਉਤਸ਼ਾਹਤ ਕਰਨ ਲਈ ਆਪਣਾ ਵੱਡਾ ਯੋਗਦਾਨ ਪਾਇਆ।ਉਨ੍ਹਾਂ ਦੀ ਪੋਤਰੀ ਵੱਲੋਂ ਖੇਡ ਦੇ ਖੇਤਰ ਵਿੱਚ ਚਮਕਣ ਨਾਲ ਨੂੰ ਲੈ ਕੇ ਇਲਾਕੇ ਦੇ ਲੋਕ ਪਰਵਾਰ ਨੂੰ ਵਧਾਈਆਂ ਦੇ ਰਹੇ ਹਨ।

# ਅਧਿਆਪਕਾਂ ਦੀ ਹਾਲਤ ਤਰਸਯੋਗ, 20 ਸਾਲਾਂ ਤੋਂ ਠੇਕੇ 'ਤੇ ਨੌਕਰੀ ਕਰਨ ਲਈ ਮਜਬੂਰ : ਡੀ ਟੀ ਐੱਫ

- ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਨਾਲ ਹੋ ਰਿਹੈ ਮਤਰੇਈ ਮਾਂ ਵਾਲਾ ਸਲੂਕ
- ਸਰਕਾਰ ਅਧਿਆਪਕਾਂ ਨੂੰ ਬਿਨਾਂ ਸ਼ਰਤ ਰੈਗੂਲਰ ਕਰੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਪੰਜਾਬ ਦੇ ਸਿੱਖਿਆ ਵਿਭਾਗ ਵਿੱਚ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਪੜ੍ਹਾਉਣ ਵਾਲੇ ਅਧਿਆਪਕ ਪਿਛਲੇ 20 ਸਾਲਾਂ ਤੋਂ ਠੇਕੇ 'ਤੇ ਕੰਮ ਕਰਨ ਲਈ ਮਜਬੂਰ ਹਨ। ਇਹ ਅਧਿਆਪਕ (ਆਈਈਆਰਟੀ, ਡੀਐੱਸਈ ਤੇ ਡੀਐੱਸਈਟੀ) ਨਿਯਮਤ ਤਰੀਕੇ ਨਾਲ ਭਰਤੀ ਕੀਤੇ ਗਏ ਸਨ, ਪਰ ਅੱਜ ਤੱਕ ਕਿਸੇ ਵੀ ਸਰਕਾਰ ਨੇ ਉਨ੍ਹਾਂ ਨੂੰ ਪੱਕਾ ਕਰਨ ਦੀ ਕੋਸ਼ਿਸ਼ ਨਹੀਂ ਕੀਤੀ। ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀਟੀਐੱਫ) ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਅਧਿਆਪਕਾਂ ਨੂੰ ਪਹਿਲ ਦੇ ਆਧਾਰ 'ਤੇ ਤੁਰੰਤ ਰੈਗੂਲਰ ਕੀਤਾ ਜਾਵੇ। ਡੀਟੀਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਤੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਹਰਾਜ ਨੇ ਕਿਹਾ ਕਿ ਇਹ ਅਧਿਆਪਕ ਰੈਗੂਲਰ ਹੋਣ ਦੀ ਉਡੀਕ ਵਿੱਚ ਆਪਣੀ ਨੌਕਰੀ ਦਾ ਵੱਡਾ ਹਿੱਸਾ ਗੁਜ਼ਾਰ ਚੁੱਕੇ ਹਨ। ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਸਿੱਖਿਆ ਵਿਭਾਗ ਨੇ 3600 ਨਵੀਆਂ ਪੋਸਟਾਂ ਕੱਢਣ ਦਾ ਵਾਅਦਾ ਕੀਤਾ ਸੀ, ਜਿਸ ਵਿੱਚੋਂ 1100 ਵਿੱਚੋਂ ਸਿਰਫ਼ 725 ਪੋਸਟਾਂ ਹੀ ਜਨਤਕ ਕੀਤੀਆਂ ਗਈਆਂ ਹਨ। ਬਾਕੀ ਪੋਸਟਾਂ ਪਹਿਲਾਂ ਤੋਂ ਕੰਮ ਕਰ ਰਹੇ ਵਿਸ਼ੇਸ਼ ਅਧਿਆਪਕਾਂ ਲਈ ਰਾਖਵੀਆਂ ਰੱਖੀਆਂ ਗਈਆਂ ਹਨ। ਡੀਟੀਐੱਫ ਨੇ ਕਿਹਾ ਕਿ 2018 ਵਿੱਚ ਸਰਕਾਰ ਨੇ 8886 ਅਧਿਆਪਕਾਂ ਨੂੰ ਬਿਨਾਂ ਕਿਸੇ ਸ਼ਰਤ ਦੇ ਪੱਕਾ ਕਰ ਦਿੱਤਾ ਸੀ, ਪਰ ਵਿਸ਼ੇਸ਼ ਲੋੜਾਂ ਵਾਲੇ ਅਧਿਆਪਕਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੇ ਹੋਏ, ਉਨ੍ਹਾਂ ਨੂੰ ਪੱਕਾ ਕਰਨ ਦੀ ਬਜਾਏ ਉਨ੍ਹਾਂ ਦੀਆਂ ਤਨਖਾਹਾਂ ਵਿੱਚ ਕਟੌਤੀ ਕਰ ਦਿੱਤੀ ਗਈ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਪਿਛਲੀਆਂ ਸਰਕਾਰਾਂ ਦੀਆਂ ਨੀਤੀਆਂ ਨੂੰ ਜਾਰੀ ਰੱਖਿਆ ਹੈ। ਭਾਵੇਂ ਸਰਕਾਰ ਨੇ ਅਧਿਆਪਕਾਂ ਨੂੰ ਰੈਗੂਲਰ ਕਰਨ ਦੇ ਨਾਂ 'ਤੇ ਕਰੋੜਾਂ ਰੁਪਏ ਦੇ ਇਸ਼ਤਿਹਾਰ ਦਿੱਤੇ ਹਨ, ਪਰ ਇਨ੍ਹਾਂ ਅਧਿਆਪਕਾਂ ਨੂੰ ਪੱਕਾ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਪੰਜਾਬ ਦੇ ਸਕੂਲਾਂ ਵਿੱਚ ਵਿਸ਼ੇਸ਼ ਲੋੜਾਂ ਵਾਲੇ ਅਧਿਆਪਕਾਂ ਦੀ ਗਿਣਤੀ ਬਹੁਤ ਘੱਟ ਹੈ, ਜਦੋਂਕਿ ਹਰ ਸਕੂਲ ਵਿੱਚ ਇਨ੍ਹਾਂ ਅਧਿਆਪਕਾਂ ਦੀ ਬਹੁਤ ਲੋੜ ਹੈ। ਆਗੂਆਂ ਨੇ ਮੰਗ ਕੀਤੀ ਕਿ ਇਨ੍ਹਾਂ ਅਧਿਆਪਕਾਂ ਨੂੰ ਬਿਨਾਂ ਕਿਸੇ ਸ਼ਰਤ ਦੇ, ਤੁਰੰਤ ਸਾਰੇ ਲਾਭਾਂ ਸਮੇਤ ਰੈਗੂਲਰ ਕਰਕੇ ਉਨ੍ਹਾਂ ਦਾ ਭਵਿੱਖ ਸੁਰੱਖਿਅਤ ਕੀਤਾ ਜਾਵੇ। ਇਸ ਮੌਕੇ ਅਮਿਤ ਕੁਮਾਰ, ਸਰਬਜੀਤ ਸਿੰਘ ਭਾਵੜਾ, ਗੁਰਵਿੰਦਰ ਸਿੰਘ ਖੋਸਾ, ਦਵਿੰਦਰ ਨਾਥ, ਸਵਰਨ ਸਿੰਘ ਜੋਸਨ, ਸੰਦੀਪ ਕੁਮਾਰ ਮੱਖੂ, ਮਨੋਜ ਕੁਮਾਰ, ਨਰਿੰਦਰ ਸਿੰਘ ਜੰਮੂ, ਬਲਜਿੰਦਰ ਸਿੰਘ, ਇੰਦਰ ਸਿੰਘ, ਸੰਦੀਪ ਕੁਮਾਰ, ਅਸ਼ਵਿੰਦਰ ਸਿੰਘ ਬਰਾੜ, ਲਖਵਿੰਦਰ ਸਿੰਘ, ਵਰਿੰਦਰਪਾਲ ਸਿੰਘ ਖਾਲਸਾ, ਅਨਿਲ ਧਵਨ, ਹਰਜਿੰਦਰ ਸਿੰਘ ਜਨੇਰ, ਰਾਜੇਸ਼ ਕੁਮਾਰ, ਸੁਮਿਤ ਕੁਮਾਰ, ਹਿਰਦੇ ਨੰਦ, ਯੋਗੇਸ਼ ਨਈਅਰ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

## ਲੈਂਡ ਪੂਲਿੰਗ ਨੀਤੀ 'ਤੇ ਹਾਈਕੋਰਟ ਵੱਲੋਂ ਰੋਕ ਇਤਿਹਾਸਕ ਫੈਸਲਾ : ਸ਼ਾਹਪੁਰ

**ਦੋਰਾਹਾ (ਹਰਿਮੰਦਰ ਸੇਠ)**-ਸਰਕਾਰ ਵੱਲੋਂ ਸ਼ਹਿਰੀ ਵਿਕਾਸ ਪ੍ਰੋਜੈਕਟ ਨਵੀਂ ਲੈਂਡ ਪੂਲਿੰਗ ਨੀਤੀ 2025 ਲਿਆਂਦੀ ਗਈ ਹੈ।ਇਸ ਬਾਰੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਾਬਕਾ ਜ਼ਿਲ੍ਹਾ ਵੈਟਨਰੀ ਇੰਸਪੈਕਟਰ ਤੇ ਲੋਕ ਸੇਵਾ ਸੋਸਾਇਟੀ ਦੇ ਪ੍ਰਧਾਨ ਸੁਰਿੰਦਰ ਸਿੰਘ ਸ਼ਾਹਪੁਰ ਨੇ ਕਿਹਾ ਕਿ ਮਾਨਯੋਗ ਹਾਈਕੋਰਟ ਨੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ 'ਤੇ ਰੋਕ ਲਗਾ ਕੇ ਬਹੁਤ ਹੀ ਸ਼ਲਾਘਯੋਗ ਤੇ ਇਤਿਹਾਸਕਾਰ ਫੈਸਲਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਸਾਰੇ ਕਿਸਾਨ ਇਸ ਲੈਂਡ ਪੂਲਿੰਗ ਨੀਤੀ ਦਾ ਭਾਰੀ ਵਿਰੋਧ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿਰਫ ਉਪਜਾਊ ਜ਼ਮੀਨ ਨੂੰ ਹੀ ਕਿਉਂ ਐਕਵਾਇਰ ਕਰਨ ਲਈ ਨਿਸ਼ਾਨਾ ਬਣਾਇਆ ਹੈ।ਉਨ੍ਹਾਂ ਕਿਹਾ ਕਿ ਇੱਕ ਵਾਰ ਹੀ ਕਰੀਬ 65000 ਏਕੜ ਜ਼ਰਖੇਜ਼ ਉਪਜਾਊ ਜ਼ਮੀਨ ਐਕਵਾਇਰ ਕਰਨਾ ਵੀ ਸ਼ੱਕ ਦੇ ਘੇਰੇ ਦਾ ਪ੍ਰਤੀਕ ਹੈ।

ਮਾਨਯੋਗ ਹਾਈ ਕੋਰਟ ਇਸ ਫ਼ੈਸਲੇ ਦਾ ਸਵਾਗਤ ਕਰਨ ਵਾਲਿਆਂ ਵਿੱਚ ਹਰਪ੍ਰੀਤ ਸਿੰਘ ਤੂਰ, ਹਰਦੇਵ ਸਿੰਘ ਗਿੱਲ, ਗੁਰਦੀਪ ਸਿੰਘ ਮੋਨਟੀ, ਰਾਏ ਸਿੰਘ ਪੰਚ, ਗੁਰਪ੍ਰੀਤ ਸਿੰਘ, ਜਗਦੇਵ ਸਿੰਘ ਜੱਗਾ, ਪ੍ਰਿਤਪਾਲ ਸਿੰਘ, ਬਾਵਾ ਸਿੰਘ, ਜਰਨੈਲ ਸਿੰਘ ਗਿੱਲ, ਹਰਜੋਤ ਸਿੰਘ ਗਿੱਲ, ਹਰਸ਼ਦੀਪ ਸਿੰਘ, ਹਰਭਜਨ ਸਿੰਘ, ਸੁਖਵਿੰਦਰ ਸਿੰਘ, ਉਜਾਗਰ ਸਿੰਘ, ਕਰਨੈਲ ਸਿੰਘ ਫ਼ੌਜੀ, ਉਜਾਗਰ ਸਿੰਘ, ਈਸ਼ਰ ਸਿੰਘ ਫੌਜੀ, ਕਲਦੀਪ ਸਿੰਘ, ਹਰੀਮੇਲ ਸਿੰਘ, ਥਾਣੇਦਾਰ ਸਰਾਜਦੀਨ, ਗਾਮਾ ਖਾਂ ਤੇ ਪੰਚ ਮਲਕੀਤ ਖਾਂ ਸ਼ਾਮਲ ਹਨ।

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹੇ ਦੇ ਸੇਵਾ ਮੁਕਤ ਕਰਮਚਾਰੀਆਂ ਤੇ ਫੈਮਲੀ ਪੈਨਸ਼ਨਰਾਂ ਦੀ ਮੋਹਰੀ ਸੰਸਥਾ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਸਥਾਨਕ ਕੋਟਕਪੂਰਾ ਰੋਡ ਸਥਿਤ ਪੈਨਸ਼ਨਰ ਭਵਨ ਸਥਾਨਕ ਕੋਟਕਪੂਰਾ ਰੋਡ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਹੋਈ।ਜ਼ਿਲ੍ਹਾ ਪ੍ਰਧਾਨ ਤੇ ਉੱਘੇ ਟ੍ਰੇਡ ਯੂਨੀਅਰ ਆਗੂ ਕਰਮਜੀਤ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੀਆਂ ਪੈਨਸ਼ਨਰ ਜਥੇਬੰਦੀਆਂ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਸਮਾਗਮ ਦੇ ਸ਼ੁਰੂ ਵਿੱਚ ਲੰਮੇ ਸਮੇਂ ਤੱਕ ਪੈਨਸ਼ਨਰ ਐਸੋਸੀਏਸ਼ਨ ਨਾਲ ਜੁੜੇ ਰਹੇ ਸਵ: ਸੁਦਰਸ਼ਨ ਸਿਡਾਨਾ ਤੇ ਧਾਕੜ ਲੀਡਰ ਵਜੋਂ ਜਾਣੇ ਜਾਂਦੇ ਸਵ: ਓਮ ਪ੍ਰਕਾਸ਼ ਸ਼ਰਮਾ ਤੇ ਮਾਤਾ ਗੁਰਨਾਮ ਕੌਰ ਦੇ ਅਕਾਲ ਚਲਾਣੇ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਤੇ ਦੋ ਮਿੰਟ ਦਾ ਮੋਨ ਧਾਰਨ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸ਼ਰਮਾ ਨੇ ਕਿਹਾ ਕਿ ਉਕਤ ਆਗੂਆਂ ਦੀਆਂ ਸੇਵਾਵਾਂ ਸਦਾ ਯਾਦ ਰੱਖੀਆਂ ਜਾਣਗੀਆਂ।ਮੀਟਿੰਗ ਦੌਰਾਨ ਚੌ. ਬਲਬੀਰ ਸਿੰਘ, ਜਸਵੰਤ ਸਿੰਘ ਬਰਾੜ, ਗੁਰਟੇਕ ਸਿੰਘ ਬਰਾੜ, ਮੇਜਰ ਸਿੰਘ ਚੌਂਤਰਾ, ਇੰਦਰਪਾਲ ਸਿੰਘ ਸੰਧੂ, ਸਮੇਤ ਸਮੂਹ ਬੁਲਾਰਿਆਂ ਨੇ ਸਰਕਾਰ ਵੱਲੋਂ ਸੇਵਾ ਮੁਕਤ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਸਬੰਧੀ ਅਪਣਾਈ ਜਾ ਰਹੀ ਟਾਲ-ਮਟੋਲ ਦੀ ਨੀਤੀ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਆਉਂਦੇ ਸਮੇਂ ਵਿੱਚ ਸਰਕਾਰ ਨੂੰ ਸੰਵਿਧਾਨਕ ਤਰੀਕੇ ਨਾਲ ਸਬਕ ਸਿਖਾਉਣ ਦੀ ਚੇਤਾਵਨੀ ਦਿੱਤੀ।ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਪ੍ਰੈੱਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਟੇਜ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਨੇ ਸ਼ਾਇਰਾਨਾ ਅੰਦਾਜ਼ ਵਿੱਚ ਬਾਖੂਬੀ ਚਲਾਈ।ਪ੍ਰਧਾਨ ਸ਼ਰਮਾ ਨੇ ਦੱਸਿਆ ਕਿ ਪੈਨਸ਼ਨਰਾਂ ਵੱਲੋਂ ਉਸਾਰੇ ਜਾ ਰਹੀ ਇਮਾਰਤ ਲਈ ਕਾਫੀ ਜ਼ਿਆਦਾ ਆਰਥਿਕ ਰਾਸ਼ੀ ਚਾਹੀਦੀ ਹੈ।ਉਨ੍ਹਾਂ ਜ਼ਿਲ੍ਹੇ ਦੇ ਸਮੂਹ ਪੈਨਸ਼ਨਰਾਂ ਨੂੰ ਇਸ ਵਧੀਆ ਕਾਰਜ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ ਕੀਤੀ।ਪ੍ਰਧਾਨ ਦੀ ਅਪੀਲ 'ਤੇ ਕਈ ਪੈਨਸ਼ਨਰਾਂ ਨੇ ਮੌਕੇ 'ਤੇ ਉਕਤ ਇਮਾਰਤ ਉਸਾਰੀ ਲਈ ਆਰਥਿਕ ਰਾਸ਼ੀ ਭੇਟ ਕੀਤੀ ਹੈ।ਮੀਟਿੰਗ ਦੌਰਾਨ ਚੌ: ਦੌਲਤ ਰਾਮ ਸਿੰਘ, ਬਲਦੇਵ ਸਿੰਘ ਬੇਦੀ ਸਮੇਤ ਵੱਡੀ ਗਿਣਤੀ ਵਿੱਚ ਹੋਰ ਸੇਵਾ ਕਰਮਚਾਰੀ ਤੇ ਫੈਮਲੀ ਪੈਨਸ਼ਨਰ ਮੌਜੂਦ ਸਨ।

# ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ ਦਾ ਮੁਹਾਂਦਰਾ ਬਦਲਿਆ : ਬੁੱਧ ਰਾਮ

- ਅਹਿਮਦਪੁਰ ਸਕੂਲ 'ਚ ਬਹੁਮੰਤਵੀ ਸ਼ੈੱਡ ਦਾ ਉਦਘਾਟਨ



**ਬੁਢਲਾਡਾ (ਅਸ਼ੋਕ ਲਾਕੜਾ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦਾ ਮੁਹਾਂਦਰਾ ਬਦਲਿਆ ਗਿਆ ਹੈ ਤੇ ਸਕੂਲਾਂ ਨੂੰ ਵੱਡੇ ਪੱਧਰ 'ਤੇ ਗਰਾਂਟਾਂ ਜਾਰੀ ਕਰਕੇ ਹਰ ਤਰ੍ਹਾਂ ਦੀ ਸਹੂਲਤ ਨਾਲ ਲੈਸ ਕੀਤਾ ਗਿਆ ਹੈ ਤਾਂ ਜੋ ਮਾਪਿਆਂ ਦਾ ਸਰਕਾਰੀ ਸਕੂਲਾਂ ਵਿੱਚ ਵਿਸ਼ਵਾਸ ਪੈਦਾ ਹੋ ਸਕੇ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਹਲਕਾ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਹਲਕੇ ਦੇ ਪਿੰਡ ਅਹਿਮਦਪੁਰ ਦੇ ਸਰਕਾਰੀ ਹਾਈ ਸਕੂਲ ਵਿੱਚ ਬਹੁਮੰਤਵੀ ਸ਼ੈੱਡ ਦਾ ਉਦਘਾਟਨ ਕਰਦਿਆਂ ਕੀਤਾ।ਵਿਧਾਇਕ ਨੇ ਦੱਸਿਆ ਕਿ 9.41 ਲੱਖ ਰੁਪਏ ਨਾਲ ਤਿਆਰ ਇਸ ਸ਼ੈੱਡ ਨਾਲ ਜਿੱਥੇ ਵਿਦਿਆਰਥੀਆਂ ਨੂੰ ਲਾਭ ਹੋਵੇਗਾ, ਉੱਥੇ ਹੀ ਸਕੂਲ ਵਿੱਚ ਕਰਵਾਏ ਜਾਣ ਵਾਲੇ ਵੱਖ ਵੱਖ ਸਮਾਗਮਾਂ, ਮੀਟਿੰਗਾਂ, ਅਧਿਆਪਕ ਮਾਪੇ ਮਿਲਣੀ ਆਦਿ ਦੌਰਾਨ ਇਸ ਸ਼ੈੱਡ ਵਾਲੀ ਜਗ੍ਹਾ ਨੂੰ ਵਰਤਿਆ ਜਾ ਸਕਦਾ ਹੈ।ਉਨ੍ਹਾ ਕਿਹਾ ਕਿ ਉਹ ਹਲਕੇ ਦੇ ਹਰ ਤਰ੍ਹਾਂ ਦੇ ਵਿਕਾਸ ਲਈ ਸਦਾ ਤਤਪਰ ਰਹਿੰਦੇ ਹਨ ਅਤੇ ਅੱਗੇ ਵੀ ਹਲਕੇ ਦੇ ਲੋੜੀਂਦੇ ਕੰਮ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਪੂਰੇ ਕਰਵਾਏ ਜਾਣਗੇ।ਇਸ ਮੌਕੇ ਹਲਕਾ ਸਿੱਖਿਆ ਕੋਆਰਡੀਨੇਟਰ ਸੁਭਾਸ਼ ਨਾਗਪਾਲ, ਸਰਪੰਚ ਸ੍ਰੀਮਤੀ ਵੀਰਪਾਲ ਕੌਰ ਤੇ ਉਨ੍ਹਾਂ ਦੇ ਪਤੀ ਸ੍ਰੀ ਹਰਭਜਨ ਸਿੰਘ ਸਮੇਤ ਸਮੂਹ ਗ੍ਰਾਮ ਪੰਚਾਇਤ, ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਸ੍ਰੀ ਸੋਨਾ ਸਿੰਘ ਤੇ ਸਮੂਹ ਕਮੇਟੀ ਮੈਂਬਰ ਅਤੇ ਸਮੂਹ ਸਟਾਫ ਹਾਜ਼ਰ ਸੀ।

## ਸਰਹਿੰਦ ਰੇਲਵੇ ਸਟੇਸ਼ਨ ਤੋਂ 12 ਕਿੱਲੋ ਭੁੱਕੀ ਬਰਾਮਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰੇਲਵੇ ਪੁਲਸ ਵੱਲੋਂ ਸਰਹਿੰਦ ਰੇਲਵੇ ਸਟੇਸ਼ਨ ਵਿਖੇ ਕੀਤੀ ਜਾ ਰਹੀ ਚੈਕਿੰਗ ਦੌਰਾਨ 12 ਕਿੱਲੋ 74 ਗ੍ਰਾਮ ਭੁੱਕੀ ਬਰਾਮਦ ਕੀਤੇ ਜਾਣ ਦਾ ਸਮਾਚਾਰ ਹੈ।ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਜੀ.ਆਰ.ਪੀ. ਥਾਣਾ ਸਰਹਿੰਦ ਦੇ ਐਸ.ਐਚ.ਓ. ਇੰਸਪੈਕਟਰ ਰਤਨ ਲਾਲ ਨੇ ਦੱਸਿਆ ਕਿ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਹਰਜਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਰੇਲਵੇ ਪ੍ਰੋਟੈਕਸ਼ਨ ਫੋਰਸ ਦੇ ਕਰਮਚਾਰੀਆਂ ਸਮੇਤ ਸਰਹਿੰਦ ਰੇਲਵੇ ਸਟੇਸ਼ਨ ਵਿਖੇ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਪਲੇਟਫਾਰਮ ਨੰਬਰ 1 ਦੇ ਬਾਹਰ ਮਸ਼ੀਨ ਵਾਲੀ ਸਾਈਡ ਇੱਕ ਮੋਟਰਸਾਈਕਲ ਨੰਬਰ ਪੀ.ਬੀ.10.ਜੇ.ਟੀ-2971 ਸ਼ੱਕੀ ਹਾਲਤ ਵਿੱਚ ਖੜ੍ਹਾ ਦਿਖਾਈ ਦਿੱਤਾ, ਜਿਸ ਉੱਤੇ ਇੱਕ ਥੈਲਾ ਪਿਆ ਸੀ। ਸ਼ੱਕ ਪੈਣ 'ਤੇ ਜਦੋਂ ਉਕਤ ਥੈਲੇ ਨੂੰ ਚੈੱਕ ਕੀਤਾ ਗਿਆ ਤਾਂ ਉਸ ਵਿੱਚੋਂ 12 ਕਿੱਲੋ 74 ਗ੍ਰਾਮ ਭੁੱਕੀ (ਚੂਰਾ ਪੋਸਤ) ਬਰਾਮਦ ਹੋਈ।ਐੱਸ.ਐੱਚ.ਓ. ਰਤਨ ਲਾਲ ਨੇ ਦੱਸਿਆ ਕਿ ਜੀ.ਆਰ.ਪੀ. ਥਾਣਾ ਸਰਹਿੰਦ ਵਿਖੇ ਮੁਕੱਦਮਾ ਦਰਜ ਕਰਕੇ ਭੁੱਕੀ ਲੈ ਕੇ ਆਉਣ ਵਾਲੇ ਵਿਅਕਤੀ ਦੀ ਸਰਗਰਮੀ ਨਾਲ ਭਾਲ ਕੀਤੀ ਜਾ ਰਹੀ ਹੈ।

## ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਚੁੰਨੀ ਕਲਾਂ ਚੌਕੀ ਦੀ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਨਸ਼ੇ ਦੀਆਂ 280 ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਚੁੰਨੀ ਕਲਾਂ ਚੌਕੀ ਦੀ ਇੱਕ ਪੁਲਸ ਪਾਰਟੀ ਚੁੰਨੀ ਖੁਰਦ ਤੋਂ ਪਿੰਡ ਪਮੌਰ ਵੱਲ ਨੂੰ ਜਾਂਦੇ ਕੱਚੇ ਰਸਤੇ 'ਤੇ ਗਸ਼ਤ ਕਰਦੀ ਹੋਈ ਜਾ ਰਹੀ ਸੀ। ਇਸ ਦੌਰਾਨ ਪਿੰਡ ਪਮੌਰ ਵੱਲੋਂ ਪੈਦਲ ਤੁਰਿਆ ਆ ਰਿਹਾ ਮਨਦੀਪ ਸਿੰਘ ਉਰਫ ਬਾਬਾ ਪੁਲਸ ਕਰਮਚਾਰੀਆਂ ਨੂੰ ਨਜ਼ਦੀਕ ਆਉਂਦਾ ਦੇਖ ਘਬਰਾ ਗਿਆ, ਜਿਸ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਲਈ ਗਈ ਤਲਾਸ਼ੀ ਦੌਰਾਨ ਉਕਤ ਨੌਜਵਾਨ ਦੇ ਕਬਜ਼ੇ ਵਿੱਚੋਂ ਨਸ਼ੇ ਲਈ ਵਰਤੀਆਂ ਜਾਣ ਵਾਲੀਆਂ 280 ਗੋਲੀਆਂ ਤੇ 1100 ਰੁਪਏ ਡਰੱਗ ਮਨੀ ਬਰਾਮਦ ਹੋਈ।

ਮੁਲਜ਼ਮ ਮਨਦੀਪ ਸਿੰਘ ਉਰਫ ਬਾਬਾ ਵਾਸੀ ਪਿੰਡ ਰੁਪਾਲਹੇੜੀ ਨੂੰ ਗ੍ਰਿਫਤਾਰ ਕਰਕੇ ਚੁੰਨੀ ਕਲਾਂ ਚੌਕੀ ਦੇ ਇੰਚਾਰਜ ਸਬ-ਇੰਸਪੈਕਟਰ ਹਰਜੀਤ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਕਿਸਾਨ ਵਿੰਗ ਦੇ ਜ਼ਿਲ੍ਹਾ ਇੰਚਾਰਜ ਜਗਸੀਰ ਸਿੰਘ ਤੇ ਮਨਜੀਤ ਕੌਰ ਮਹਿਲਾ ਵਿੰਗ ਦੇ ਕੋਆਰਡੀਨੇਟਰ ਨਿਯੁਕਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆਮ ਆਦਮੀ ਪਾਰਟੀ ਵੱਲੋਂ ਕਿਸਾਨ ਵਿੰਗ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਜ਼ਿਲ੍ਹਾ ਇੰਚਾਰਜ ਜਗਸੀਰ ਸਿੰਘ ਸਰਪੰਚ ਕੋਟਭਾਈ ਤੇ ਹਲਕਾ ਗਿੱਦੜਬਾਹਾ ਮਹਿਲਾ ਵਿੰਗ ਦੇ ਮਨਜੀਤ ਕੌਰ ਕੋਟਭਾਈ ਨੂੰ ਹਲਕਾ ਕੋਆਰਡੀਨੇਟਰ ਨਿਯੁਕਤ ਕਰਨ 'ਤੇ ਹਲਕਾ ਗਿੱਦੜਬਾਹਾ ਦੇ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਆਮ ਆਦਮੀ ਪਾਰਟੀ ਹਲਕਾ ਗਿੱਦੜਬਾਹਾ ਦੇ ਮੁੱਖ ਦਫਤਰ ਵਿਖੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਜਗਸੀਰ ਸਿੰਘ ਸਰਪੰਚ ਕੋਟਭਾਈ ਨੂੰ ਤੇ ਮਨਜੀਤ ਕੌਰ ਕੋਟਭਾਈ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਤੇ ਮੂੰਹ ਮਿੱਠਾ ਕਰਵਾ ਕੇ ਨਵੀਆਂ ਜ਼ਿੰਮੇਵਾਰੀਆਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਇਸ ਮੌਕੇ ਜਗਸੀਰ ਸਿੰਘ ਸਰਪੰਚ ਕੋਟਭਾਈ ਨੂੰ ਤੇ ਮਨਜੀਤ ਕੌਰ ਕੋਟਭਾਈ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸੰਦੀਪ ਪਾਠਕ ਰਾਜ ਸਭਾ ਮੈਂਬਰ ਤੇ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਸ ਨੂੰ ਜੋ ਜ਼ਿੰਮੇਵਾਰੀ ਦਿੱਤੀ ਹੈ, ਮੈਂ ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗੇ ਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਮਿਹਨਤ ਕਰਾਂਗੇ।

ਇਸ ਮੌਕੇ ਕਿਰਨਪਾਲ ਸਿੰਘ ਪ੍ਰਧਾਨ ਟਰੱਕ ਯੂਨੀਅਨ, ਲਾਭ ਸਿੰਘ ਸੰਧੂ ਬਲਾਕ ਪ੍ਰਧਾਨ, ਜੋਗਿੰਦਰ ਸਿੰਘ ਵਾਲੀਆ, ਸਵਰਨ ਸਿੰਘ ਗਿੱਲ, ਮਲਕੀਤ ਸਿੰਘ ਮੈਂਬਰ, ਬਲਜਿੰਦਰ ਸਿੰਘ ਮੈਂਬਰ, ਸੁਖਜੀਵਨ ਸਿੰਘ, ਛਿੰਦਾ ਬਾਬਾ, ਅਮਨਦੀਪ ਮਾਨ, ਗੁਰਜੰਟ ਸਿੰਘ, ਗੁਰਤੇਜ ਨੰਬਰਦਾਰ, ਲਖਵਿੰਦਰ, ਹਰਦੀਪ, ਬਲਵਿੰਦਰ, ਕਸ਼ਮੀਰ ਸਿੰਘ ਪੰਚ, ਗੁਰਜੀਤ ਪੰਚ, ਹਰਜਿੰਦਰ ਪੰਚ, ਸ਼ਮਿੰਦਰ ਮਾਨ ਤੋਂ ਇਲਾਵਾ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਸਨਮਤੀ ਵਿਮਲ ਜੈਨ ਸਕੂਲ 'ਚ ਰੱਖੜੀ ਬਣਾਉਣ ਤੇ ਥਾਲੀ ਸਜਾਉਣ ਦੇ ਮੁਕਾਬਲੇ ਕਰਾਏ



**ਜਗਰਾਓਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਵਿਖੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਦੀ ਯੋਗ ਅਗਵਾਈ ਹੇਠ ਰੱਖੜੀ ਬਣਾਉਣ ਤੇ ਥਾਲੀ ਸਜਾਉਣ ਦੇ ਮੁਕਾਬਲੇ ਕਰਵਾਏ ਗਏ।ਇਸ ਪ੍ਰਤੀਯੋਗਿਤਾ ਵਿੱਚ ਤੀਸਰੀ ਜਮਾਤ ਤੋਂ ਲੈ ਕੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਚਮਕਦੇ ਤਾਰੇ ਗੋਬਨ ਤੇ ਰੰਗੀਨ ਧਾਗਿਆਂ ਨਾਲ ਸੁੰਦਰ ਰੱਖੜੀਆਂ ਬਣਾਈਆਂ, ਭੈਣ ਭਰਾ ਦੇ ਪ੍ਰੇਮ ਦੇ ਬੰਧਨ ਦਾ ਪ੍ਰਤੀਕ ਤਿਓਹਾਰ ਰੱਖੜੀ ਨੂੰ ਬੜੀ ਉਮੰਗ ਨਾਲ ਮਨਾਇਆ ਗਿਆ।ਬੱਚਿਆਂ ਨੇ ਥਾਲੀ ਨੂੰ ਮਿਠਾਈ ਚੰਦਨ ਤੇ ਦੀਵੇ ਨਾਲ ਸਜਾਇਆ ਵਿਦਿਆਰਥੀਆਂ ਨੇ ਬਹੁਤ ਹੀ ਸੁੰਦਰ ਤੇ ਆਕਰਸ਼ਕ ਢੰਗ ਨਾਲ ਰੱਖੜੀਆਂ ਬਣਾ ਕੇ ਤੇ ਥਾਲੀਆਂ ਸਜਾ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਇਸ ਪ੍ਰਤੀਯੋਗਤਾ ਵਿੱਚ ਤੀਸਰੀ ਜਮਾਤ ਦੀ ਜਸਮੀਤ ਕੌਰ ਨੇ ਪਹਿਲਾ, ਸ਼ਿਵਰੀਤ ਕੌਰ ਨੇ ਦੂਸਰਾ, ਜੈਸਮੀਨ ਕੌਰ ਨੇ ਤੀਸਰਾ ਅਤੇ ਗੌਰਵਪ੍ਰੀਤ ਸਿੰਘ ਨੇ ਕਾਨਸਲੈਸਨ ਸਥਾਨ ਪ੍ਰਾਪਤ ਕੀਤਾ।ਚੌਥੀ ਜਮਾਤ ਦੀ ਭਗੀਰਥ ਨੇ ਪਹਿਲਾ, ਰੌਣਕ ਰਾਜ ਨੇ ਦੂਸਰਾ, ਸਿਮਰਤ ਕੌਰ ਨੇ ਤੀਸਰਾ ਅਤੇ ਜਸਮੀਤ ਕੌਰ ਨੇ ਕਾਨਸ਼ਲੇਸ਼ਨ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਪੰਜਵੀਂ ਜਮਾਤ ਦੀ ਅਨੁਪ੍ਰੀਤ ਕੌਰ ਨੇ ਪਹਿਲਾ, ਗੁਰਸਹਿਜ ਕੌਰ ਨੇ ਦੂਜਾ, ਕੀਰਤੀ ਤੇ ਪਵਨਦੀਪ ਸਿੰਘ ਨੇ ਤੀਸਰਾ ਅਤੇ ਅਮਨ ਕੁਮਾਰ ਨੇ ਕਾਂਨਸਲੇਸ਼ਨ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਆਪਣੀ ਰੁਚੀ ਦੇ ਅਨੁਸਾਰ ਗਤੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਅਤੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਉਨ੍ਹਾਂ ਸਾਰਿਆਂ ਨੂੰ ਰੱਖੜੀ ਦੇ ਤਿਓਹਾਰ ਦੀਆਂ ਬਹੁਤ ਬਹੁਤ ਵਧਾਈਆਂ ਦਿੱਤੀਆਂ।ਇਸ ਮੌਕੇ ਪਾਇਲ ਗਰਗ, ਨਿਰਮਲਜੀਤ ਕੌਰ, ਕੁਲਦੀਪ ਕੌਰ ਸਿੱਧੂ, ਰਜਨੀ ਰਾਣੀ, ਨਵਜੋਤ ਕੌਰ, ਰਮਨੀਕ ਕੌਰ, ਆਰਤੀ ਗੁਪਤਾ, ਨਵੀਨ ਗੁਪਤਾ, ਨੇਹਾ ਰਾਣੀ, ਸੁਨੀਤਾ ਰਾਣੀ ਆਦਿ ਹਾਜ਼ਰ ਸਨ।

## ਲੋਕ ਮੁੱਖ ਮੰਤਰੀ ਦੀਆਂ ਨੀਤੀਆਂ ਤੋਂ ਖੁਸ਼ : ਨੂਰ ਔਲਖ਼

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੋਂ ਸੰਤੁਸ਼ਟ ਹਨ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਸਰਾਹ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਪਾਰਦਰਸ਼ੀ ਪ੍ਰਸ਼ਾਸਨ, ਭ੍ਰਿਸ਼ਟਾਚਾਰ-ਮੁਕਤ ਪ੍ਰਬੰਧ ਅਤੇ ਆਮ ਜਨਤਾ ਲਈ ਸੁਵਿਧਾਵਾਂ ਦੇ ਵਿਸਥਾਰ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਨੂਰ ਔਲਖ ਨੇ ਦੱਸਿਆ ਕਿ ਸਰਕਾਰ ਨੇ ਸਿਹਤ, ਸਿੱਖਿਆ, ਖੇਤੀਬਾੜੀ ਤੇ ਰੋਜ਼ਗਾਰ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਕਦਮ ਚੁੱਕੇ ਹਨ। ਨਵੇਂ ਅਧਿਆਪਕਾਂ ਦੀ ਭਰਤੀ, ਮੋਹੱਲਾ ਕਲੀਨਿਕਾਂ ਦੀ ਸਥਾਪਨਾ, ਬਿਜਲੀ ਬਿੱਲਾਂ ਵਿੱਚ ਰਾਹਤ ਅਤੇ ਕਿਸਾਨਾਂ ਲਈ ਸਿੱਧੀ ਸਹਾਇਤਾ ਵਰਗੇ ਫੈਸਲੇ ਲੋਕਾਂ ਨੂੰ ਸਿਧੇ ਤੌਰ 'ਤੇ ਲਾਭ ਪਹੁੰਚਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਭਰੋਸਾ ਹੈ ਕਿ ਮਾਨ ਸਰਕਾਰ ਆਪਣੇ ਪੂਰੇ ਕਾਰਜਕਾਲ ਦੌਰਾਨ ਪੰਜਾਬ ਦੀ ਤਰੱਕੀ ਲਈ ਵਚਨਬੱਧ ਰਹੇਗੀ।

ਉਨ੍ਹਾਂ ਵਿਰੋਧੀ ਧਿਰਾਂ 'ਤੇ ਤਨਜ਼ ਕੱਸਦੇ ਹੋਏ ਕਿਹਾ ਕਿ ਜਿਨ੍ਹਾਂ ਨੇ ਸਾਲਾਂ ਤੱਕ ਪੰਜਾਬ ਨੂੰ ਕਰਜ਼ਿਆਂ ਅਤੇ ਬੇਰੋਜ਼ਗਾਰੀ ਦੇ ਰਾਹ 'ਤੇ ਧੱਕਿਆ, ਉਹ ਹੁਣ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਲੋਕ ਸੱਚ ਨੂੰ ਸਮਝਦੇ ਹਨ ਅਤੇ ਭਗਵੰਤ ਮਾਨ ਦੀਆਂ ਨੀਤੀਆਂ ਦਾ ਖੁੱਲ੍ਹ ਕੇ ਸਮਰਥਨ ਕਰ ਰਹੇ ਹਨ।

## ਸਿਲਾਈ ਸੈਂਟਰ ਦੀਆਂ ਲੜਕੀਆਂ ਨੂੰ ਸਰਟੀਫਿਕੇਟ ਵੰਡੇ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਇਥੋਂ ਨੇੜਲੇ ਪਿੰਡ ਮਹਿਲਾਂ ਚੌਕ ਵਿਖੇ ਇੱਕ ਐੱਨ ਆਰ ਆਈ ਕਮਲਜੀਤ ਕੌਰ ਵੱਲੋਂ ਅਗਰਵਾਲ ਸਭਾ ਮਹਿਲਾਂ ਚੌਕ ਦੀ ਸਰਪ੍ਰਸਤੀ ਹੇਠ ਚਲਾਏ ਜਾ ਰਹੇ ਅਮਨ ਸਿਲਾਈ ਸੈਂਟਰ ਵਿੱਚ ਸਿਖਲਾਈ ਪ੍ਰਾਪਤ ਕਰ ਚੁੱਕੀਆਂ ਲੜਕੀਆਂ ਨੂੰ ਸਰਟੀਫਿਕੇਟ ਵੰਡੇ ਗਏ। ਸਰਟੀਫਿਕੇਟਾਂ ਦੀ ਵੰਡ ਅਗਰਵਾਲ ਸਭਾ ਸੁਨਾਮ ਦੇ ਸੀਨੀਅਰ ਆਗੂ ਅਗਰ ਰਤਨ ਕ੍ਰਿਸ਼ਨ ਸੰਦੋਹਾ, ਸਰਪੰਚ ਰਵਿੰਦਰ ਸਿੰਘ, ਸੰਤ ਬਾਬਾ ਮਮੱਘਰ ਦਾਸ ਤੇ ਅਗਰਵਾਲ ਸਭਾ ਮਹਿਲਾਂ ਚੌਕ ਦੇ ਪ੍ਰਧਾਨ ਸੁਭਾਸ਼ ਜਿੰਦਲ ਨੇ ਸਾਂਝੇ ਤੌਰ 'ਤੇ ਕੀਤੀ।ਇਸ ਮੌਕੇ ਸੈਂਟਰ ਦੇ ਪ੍ਰਬੰਧਕਾਂ ਵੱਲੋਂ ਅਗਰ ਰਤਨ ਕ੍ਰਿਸ਼ਨ ਸੰਦੋਹਾ, ਸਰਪੰਚ ਰਵਿੰਦਰ ਸਿੰਘ ਤੇ ਸੰਤ ਬਾਬਾ ਮੱਘਰ ਦਾਸ ਨੂੰ ਸਨਮਾਨਤ ਕੀਤਾ ਗਿਆ।ਇਸ ਸਮਾਰੋਹ ਵਿੱਚ ਅਮਨਪ੍ਰੀਤ ਕੌਰ, ਲਵਪ੍ਰੀਤ ਕੌਰ ਰਮਨਦੀਪ ਕੌਰ, ਨੀਰਜ, ਸ਼ਵੀਨਾ ਸੰਦੀਪ ਕੌਰ, ਗਗਨਦੀਪ ਕੌਰ, ਮੁਸਕਾਨ, ਸਿਮਰਨ ਕੌਰ, ਖਾਤੂਨ, ਸਰਬਜੀਤ ਕੌਰ, ਫਾਤਮਾ, ਚਰਨਜੀਤ ਕੌਰ, ਜਸ਼ਨਪ੍ਰੀਤ ਕੌਰ, ਅਧਿਆਪਕ ਸੋਮਾ ਬੇਗਮ, ਅਮਨਦੀਪ ਕੌਰ, ਰੇਸ਼ਮਾ, ਰਾਜਨਦੀਪ ਕੌਰ, ਰੇਸ਼ਮਾ ਕੌਰ ਤੇ ਭੋਲਾ ਸਿੰਘ ਭੰਮ ਆਦਿ ਹਾਜ਼ਰ ਸਨ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਰੱਖੜੀਆਂ ਦੀ ਪ੍ਰਦਰਸ਼ਨੀ ਲਗਾਈ




**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਯੂਥ ਕਲੱਬ ਤੇ ਰੈੱਡ ਰਿਬਨ ਕਲੱਬ ਵੱਲੋਂ ਸਾਂਝੇ ਤੌਰ 'ਤੇ ਰੱਖੜੀ ਦੇ ਤਿਉਹਾਰ ਦੇ ਸ਼ੁਭ ਅਵਸਰ 'ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਦੀ ਅਗਵਾਈ ਹੇਠ 'ਰਾਖੀ ਮੇਕਿੰਗ ਫਾਰ ਚੈਰਿਟੀ' ਗਤੀਵਿਧੀ ਦਾ ਆਯੋਜਨ ਕਰਦਿਆਂ ਰੱਖੜੀਆਂ ਦੀ ਸ਼ਾਨਦਾਰ ਪ੍ਰਦਰਸ਼ਨੀ ਲਗਾਈ ਗਈ।ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਯੂਥ ਐਂਡ ਰੈੱਡ ਰਿਬਨ ਕਲੱਬ ਦੇ ਕੋ-ਆਰਡੀਨੇਟਰ ਡਾ. ਲਵਲੀਨ ਬੈਂਸ ਤੇ ਪ੍ਰੋ. ਦੀਪਾਲੀ ਆਰੋੜਾ ਦੀ ਰਹਿਨੁਮਾਈ ਹੇਠ ਪੁਰਾਣੇ ਤੇ ਫ਼ਾਲਤੂ ਸਾਮਾਨ ਤੋਂ ਵੰਨ-ਸੁਵੰਨੀਆਂ ਰੱਖੜੀਆਂ ਬਣਾ ਕੇ ਕਾਲਜ ਵਿੱਚ ਉਨ੍ਹਾਂ ਦੀ ਪ੍ਰਦਰਸ਼ਨੀ ਲਗਾਈ ਗਈ।ਜ਼ਿਕਰਯੋਗ ਹੈ ਕਿ ਇਸ ਗਤੀਵਿਧੀ ਦੌਰਾਨ ਵਿਦਿਆਰਥੀਆਂ ਦੁਆਰਾ ਆਪਣੇ ਹੱਥਾਂ ਨਾਲ਼ ਤਿਆਰ ਕੀਤੀਆਂ ਰੱਖੜੀਆਂ ਕਾਲਜ ਦੇ ਹੋਰਨਾਂ ਵਿਦਿਆਰਥੀਆਂ ਨੂੰ ਵੇਚ ਕੇ ਇਸ ਤੋਂ ਇਕੱਠੀ ਹੋਈ ਵੱਟਕ ਰਾਹੀਂ ਲੋੜਵੰਦ ਬੱਚਿਆਂ ਦੀ ਮਦਦ ਕੀਤੀ ਜਾਂਦੀ ਹੈ।ਇਸ ਪ੍ਰਦਰਸ਼ਨੀ ਵਿੱਚ ਲਗਭਗ 30 ਵਿਦਿਆਰਥੀਆਂ ਨੇ ਹਿੱਸਾ ਲਿਆ।ਇਸ ਗਤੀਵਿਧੀ ਦੇ ਸਫਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਮੁਬਾਰਕਬਾਦ ਦਿੱਤੀ।

## ਐੱਮ ਡੀ ਪਬਲਿਕ ਸਕੂਲ 'ਚ ਮਨਾਇਆ ਰੱਖੜੀ ਦਾ ਤਿਉਹਾਰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਐੱਮ ਡੀ ਪਬਲਿਕ ਸਕੂਲ ਵਿੱਚ ਰੱਖੜੀ ਦਾ ਤਿਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੂੰ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਦੱਸੀ ਤੇ ਸਾਰੇ ਵਿਦਿਆਰਥੀਆਂ ਨੇ ਕਲਾਈ ਉੱਤੇ ਇੱਕ ਦੂਜੇ ਦੇ ਰੱਖੜੀਆਂ ਸਜਾਈਆਂ ਅਤੇ ਮਿਠਾਈ ਨਾਲ ਮੂੰਹ ਮਿੱਠਾ ਕੀਤਾ।ਵਿਦਿਆਰਥੀਆਂ ਨੂੰ ਰੱਖੜੀ ਦੇ ਤਿਉਹਾਰ ਦਾ ਮੰਤਵ ਸਮਝਾਇਆ ਕਿ ਰੱਖੜੀ ਦਾ ਤਿਉਹਾਰ ਭੈਣ ਭਰਾਵਾਂ ਦਾ ਪਵਿੱਤਰ ਤਿਉਹਾਰ ਹੁੰਦਾ ਹੈ ਤੇ ਤਿਉਹਾਰ ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਹੁੰਦਾ।ਉਸ ਸਮੇਂ ਸਕੂਲ ਦੇ ਪ੍ਰਿੰਸੀਪਲ ਸਾਹਿਬਾਨ ਸ਼ਸ਼ਾਂਕ ਪਾਠਕ ਤੇ ਸਾਰੇ ਸਮੂਹ ਸਟਾਫ (ਨੀਲਮ ਸਿੰਗਲਾ, ਵੀਰਪਾਲ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਹਰਦੀਪ ਕੌਰ, ਸਨਮਦੀਪ ਕੌਰ, ਕੁਲਵਿੰਦਰ ਕੌਰ, ਸਾਈਨੀ, ਸਰਿਤਾ ਤੇ ਅਧਿਆਪਕ ਕਮਲਪ੍ਰੀਤ ਕੌਰ, ਯਾਦਵਿੰਦਰ ਕੌਰ, ਪ੍ਰਿਅੰਕਾ, ਲਵਲੀਸ਼ ਸਿੰਗਲਾ ਤੇ ਮਹਿਕ ਆਦਿ ਮੌਜੂਦ ਸਨ।

## ਸਪੀਕਰ ਸੰਧਵਾਂ ਵੱਲੋਂ ਨਿਸ਼ਕਾਮ ਸੇਵਾ ਸੰਮਤੀ ਦਾ ਸਨਮਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਕੋਟਕਪੂਰਾ ਵੱਲੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਦੇ ਨਾਲ ਨਾਲ ਇਸ ਤਰ੍ਹਾਂ ਦੀਆਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਲੱਗੀਆਂ ਸੰਸਥਾਵਾਂ ਨੂੰ ਸਨਮਾਨਤ ਕਰਕੇ ਉਤਸ਼ਾਹਿਤ ਕਰਨ ਦਾ ਸਿਲਸਿਲਾ ਵੀ ਨਿਰੰਤਰ ਜਾਰੀ ਹੈ।ਕਲੱਬ ਦੇ ਸਮਾਗਮ ਦੌਰਾਨ ਇਲਾਕੇ ਦੀ ਉੱਘੀ ਸਮਾਜਸੇਵੀ ਸੰਸਥਾ 'ਨਿਸ਼ਕਾਮ ਸੇਵਾ ਸੰਮਤੀ' ਦੇ ਪ੍ਰਧਾਨ ਸਮੇਤ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸਨਮਾਨਤ ਕਰਨ ਮੌਕੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੰਨਿਆ ਕਿ ਉਹ ਸਵ: ਡਾ. ਸੁਰਿੰਦਰ ਦਿਵੇਦੀ ਨੂੰ ਅੱਜ ਵੀ ਯਾਦ ਕਰਕੇ ਨਤਮਸਤਕ ਹੁੰਦੇ ਹਨ, ਜਿਨ੍ਹਾਂ ਨੇ ਖੁਦ ਗਲੀ-ਮੁਹੱਲਿਆਂ ਤੋਂ ਇਲਾਵਾ ਪਿੰਡ-ਪਿੰਡ, ਘਰ-ਘਰ ਜਾ ਕੇ ਵਿਧਵਾ ਤੇ ਬੇਸਹਾਰਾ ਔਰਤਾਂ ਦੀ ਭਾਲ ਕਰਕੇ ਉਨ੍ਹਾਂ ਨੂੰ ਰਾਸ਼ਨ ਮੁਹੱਈਆ ਕਰਵਾਉਣ ਦੀਆਂ ਸੇਵਾਵਾਂ ਨਿਭਾਈਆਂ।ਸਪੀਕਰ ਸੰਧਵਾਂ ਨੇ ਨਿਸ਼ਕਾਮ ਸੇਵਾ ਸੰਮਤੀ ਦੇ ਪ੍ਰਧਾਨ ਮਨੋਜ ਦਿਵੇਦੀ ਸਮੇਤ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸਨਮਾਨਤ ਕਰਦਿਆਂ ਉਨ੍ਹਾਂ ਦੇ ਚੰਗੇਰੇ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।ਸੰਮਤੀ ਦੇ ਜਨਰਲ ਸਕੱਤਰ ਲੈਕ. ਵਰਿੰਦਰ ਕਟਾਰੀਆ ਨੇ ਸੰਸਥਾ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਸੰਸਥਾ ਦੇ ਸਹਿਯੋਗ ਲਈ ਦਿਵੇਦੀ ਪਰਵਾਰ ਤੋਂ ਇਲਾਵਾ ਯਸ਼ਪਾਲ ਅਗਰਵਾਲ ਤੇ ਡਾ. ਅਮਰਜੀਤ ਸਿੰਘ ਮਰਵਾਹਾ ਸਮੇਤ ਹੋਰ ਅਨੇਕਾਂ ਉੱਘੀਆਂ ਸ਼ਖ਼ਸੀਅਤਾਂ ਦਾ ਵੀ ਜ਼ਿਕਰ ਕੀਤਾ।ਸਟੇਜ ਸੰਚਾਲਨ ਕਰਦਿਆਂ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦੱਸਿਆ ਕਿ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਤੇ ਚੇਅਰਮੈਨ ਵਿਨੋਦ ਕੁਮਾਰ ਪੱਪੂ ਲਹੌਰੀਆ ਦੀ ਅਗਵਾਈ ਹੇਠ ਹੋਈ ਕਾਰਜਕਾਰਨੀ ਦੀ ਮੀਟਿੰਗ ਦੌਰਾਨ ਨਿਸ਼ਕਾਮ ਸੇਵਾ ਸੰਮਤੀ ਦਾ ਸਨਮਾਨ ਕਰਨ ਲਈ ਕਲੱਬ ਦੇ ਸਹਾਇਕ ਖਜ਼ਾਨਚੀ ਓਮ ਪ੍ਰਕਾਸ਼ ਗੁਪਤਾ ਵੱਲੋਂ ਤਜਵੀਜ਼ ਰੱਖੀ ਗਈ, ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ।ਇਸ ਮੌਕੇ ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਨਿਸ਼ਕਾਮ ਸੇਵਾ ਸੰਮਤੀ ਦੇ ਪ੍ਰਬੰਧਕਾਂ ਨੂੰ ਮੁਬਾਰਕਬਾਦ ਦਿੱਤੀ।

## ਪੀ ਜੀ ਆਈ 'ਚ ਸਸਤੀਆਂ ਦਵਾਈਆਂ ਦੀ 11ਵੀਂ ਅਮ੍ਰਿਤ ਫਾਰਮੇਸੀ ਦਾ ਉਦਘਾਟਨ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਦੇ ਨਿਦੇਸ਼ਕ ਪ੍ਰੋ. ਵਿਵੇਕ ਲਾਲ ਦੀ ਅਗਵਾਈ 'ਚ ਹਸਪਤਾਲ ਦੀ ਮੈਨੇਜਮੈਂਟ ਮਰੀਜ਼ਾਂ ਦੀ ਸਹੂਲਤ ਤੇ ਉੱਚ ਪੱਧਰੀ ਇਲਾਜ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ।ਇਸੇ ਸਿਲਸਿਲੇ ਤਹਿਤ ਅੱਜ ਪੀਜੀਆਈ ਦੇ ਨਿਦੇਸ਼ਕ ਪ੍ਰੋ. ਵਿਵੇਕ ਲਾਲ ਨੇ ਹਸਪਤਾਲ ਵਿੱਚ ਸਸਤੀ ਦਵਾਈਆਂ ਦੇ 11ਵੀਂ ਅੰਮ੍ਰਿਤ ਫਾਰਮੇਸੀ ਸੈਂਟਰ ਦਾ ਉਦਘਾਟਨ ਕੀਤਾ, ਜਿਸ ਵਿੱਚ ਜ਼ਰੂਰੀ ਦਵਾਈਆਂ ਬਹੁਤ ਹੀ ਸਸਤੇ ਰੇਟਾਂ ਤੇ ਬਿਨਾਂ ਕਿਸੇ ਝੰਜਟ ਦੇ ਮਰੀਜ਼ ਬੈੱਡ ਤੱਕ ਪਹੁੰਚਾਉਣ ਦਾ ਪ੍ਰਬੰਧ ਕੀਤਾ ਗਿਆ ਹੈ।ਇਸ ਮੌਕੇ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਇਹ ਅਮ੍ਰਿਤ ਫਾਰਮੇਸੀ ਮਰੀਜ਼ਾਂ ਦੀ ਭਲਾਈ ਪ੍ਰਤੀ ਪੀਜੀਆਈ ਦੀ ਡੂੰਘੀ ਵਚਨਬੱਧਤਾ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਪੀਜੀਆਈ ਦੀ ਵੈੱਬਸਾਈਟ ਤੇ ਦਵਾਈਆਂ ਦੇ ਰੇਟ ਤੇ ਛੋਟਾਂ ਦਾ ਆਨਲਾਈਨ ਡਿਸਪਲੇਅ ਜਨਤਾ ਲਈ ਪਾਰਦਰਸ਼ਤਾ ਨੂੰ ਯਕੀਨੀ ਬਣਾਵੇਗਾ।ਇਸ ਮੌਕੇ ਪ੍ਰੋ. ਵਿਪਿਨ ਕੌਸ਼ਲ, ਮੈਡੀਕਲ ਸੁਪਰਿੰਟੈਂਡੈਂਟ ਤੇ ਮੁਖੀ ਹਸਪਤਾਲ ਪ੍ਰਸ਼ਾਸਨ ਵਿਭਾਗ, ਪ੍ਰੋ. ਅਰੁਣ ਅਗਰਵਾਲ ਮੁਖੀ ਕਮਿਊਨਿਟੀ ਮੈਡੀਸਿਨ ਤੇ ਸਕੂਲ ਆਫ ਪਬਲਿਕ ਹੈਲਥ, ਡਾ. ਅਸ਼ੋਕ ਕੁਮਾਰ ਐਡੀਸ਼ਨਲ ਮੈਡੀਕਲ ਸੁਪਰਿੰਟੈਂਡੈਂਟ, ਪ੍ਰੋ. ਸਮੀਰ ਅਗਰਵਾਲ ਆਰਥੋਪੀਡਿਕਸ ਵਿਭਾਗ, ਪ੍ਰੋ. ਅਰੁਣ ਬੰਸਲ ਐਡਵਾਂਸਡ ਪੀਡੀਆਟ੍ਰਿਕਸ ਸੈਂਟਰ, ਲਿਫਟਿਨੈਂਟ ਕਰਨਲ ਗੁਰਵਿੰਦਰ ਸਿੰਘ ਭੱਟੀ, ਸੁਪਰਿੰਟੈਂਡਿੰਗ ਹਸਪਤਾਲ ਇੰਜੀਨੀਅਰ ਨਾਲੋਂ ਇਲਾਵਾ ਹਸਪਤਾਲ ਪ੍ਰਸ਼ਾਸਨ ਵਿਭਾਗ ਦੇ ਸੀਨੀਅਰ ਫੈਕਲਟੀ ਮੈਂਬਰ, ਨਰਸਿੰਗ ਅਫਸਰ ਤੇ ਅਮ੍ਰਿਤ ਫਾਰਮੇਸੀ ਦੇ ਸੀਨੀਅਰ ਅਧਿਕਾਰੀ ਸ਼ਾਮਲ ਸਨ।

## ਮਹਿਲਾ ਵਕੀਲ ਸਾਹਿਬਾਨ ਨੇ ਤੀਆਂ ਦਾ ਤਿਉਹਾਰ ਮਨਾਇਆ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ)**-ਬਾਰ ਐਸੋਸੀਏਸ਼ਨ ਸਮਾਣਾ ਦੀਆਂ ਮਹਿਲਾਵਾਂ ਵਕੀਲ ਸਾਹਿਬਾਨਾਂ ਨੇ ਤੀਆਂ ਦਾ ਤਿਉਹਾਰ ਸਥਾਨਕ ਦਾਣਾ ਪਾਣੀ ਰੈਸਟੋਰੈਂਟ ਵਿਖੇ ਬਹੁਤ ਹੀ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ।ਇਸ ਮੌਕੇ ਮਹਿਲਾਵਾਂ ਵਕੀਲਾਂ ਵੱਲੋਂ ਨੱਚ ਗਾ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਧੀਆਂ ਦੀ ਸਮਾਪਤ ਮੌਕੇ ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਸਾਬਕਾ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ, ਸੀਨੀਅਰ ਐਡਵੋਕੇਟ ਦਵਿੰਦਰ ਸਿੰਘ ਢਿੱਲੋਂ, ਬਘੇਲ ਸਿੰਘ ਸੰਧੂ, ਅਰੁਣਦੀਪ ਸਿੰਘ ਸੰਧੂ, ਜਸਵਿੰਦਰ ਸਿੰਘ ਗੋਲਣ ਨੇ ਸ਼ਿਰਕਤ ਕੀਤੀ ਤੇ ਮਹਿਲਾ ਵਕੀਲਾਂ ਨੂੰ ਤੋਹਫੇ ਦੇ ਕੇ ਸਨਮਾਨਤ ਕੀਤਾ।ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਤੇ ਸਾਬਕਾ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ ਨੇ ਦੱਸਿਆ ਕਿ ਤੀਆਂ ਦਾ ਤਿਉਹਾਰ ਧੀਆਂ, ਭੈਣਾਂ ਤੇ ਮਾਵਾਂ ਦਾ ਤਿਉਹਾਰ ਹੁੰਦਾ ਹੈ, ਇਸ ਕਰਕੇ ਬਾਰ ਐਸੋਸੀਏਸ਼ਨ ਸਮਾਣਾ ਵਿਖੇ ਪ੍ਰੈਕਟਿਸ ਕਰਨ ਵਾਲੀਆਂ ਸਾਰੀਆਂ ਮਹਿਲਾ ਵਕੀਲ ਸਾਹਿਬਾਨਾਂ ਲਈ ਵਿਸ਼ੇਸ਼ ਤੌਰ 'ਤੇ ਤੀਆਂ ਦਾ ਪ੍ਰੋਗਰਾਮ ਕੀਤਾ ਗਿਆ ਹੈ, ਜਿਸ ਵਿੱਚ ਸਾਰੀਆਂ ਮਹਿਲਾ ਵਕੀਲਾਂ ਨੇ ਸ਼ਮੂਲੀਅਤ ਕੀਤੀ ਤੇ ਨੱਚ ਗਾ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।ਉਨ੍ਹਾਂ ਕਿਹਾ ਕਿ ਸਮਾਣਾ ਜੁਡੀਸ਼ੀਅਲ ਕੋਰਟਸ ਵਿੱਚ ਪ੍ਰੈਕਟਿਸ ਕਰਨ ਵਾਲੀਆਂ ਸਾਰੀਆਂ ਮਹਿਲਾ ਵਕੀਲ ਸਾਡੀਆਂ ਧੀਆਂ ਭੈਣਾਂ ਹਨ।ਇਸ ਕਰਕੇ ਤੀਆਂ ਦੇ ਤਿਉਹਾਰ ਮੌਕੇ ਉਨ੍ਹਾਂ ਨੂੰ ਤੋਹਫੇ ਦੇ ਕੇ ਸਨਮਾਨਤ ਵੀ ਕੀਤਾ ਗਿਆ ਹੈ।

# ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕ ਸੂਬਾ ਸਰਕਾਰ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ : ਰੰਧਾਵਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਿੰਡ-ਪਿੰਡ ਨਸ਼ਾ ਮੁਕਤੀ ਯਾਤਰਾ ਕੱਢ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੱਧ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਦੀ ਨਸ਼ਿਆਂ ਦੇ ਖਿਲਾਫ਼ ਇਹ ਆਰ-ਪਾਰ ਦੀ ਲੜਾਈ ਹੈ ਅਤੇ ਲੋਕਾਂ ਨੂੰ ਇਸ ਲੜਾਈ ਵਿੱਚ ਸਰਕਾਰ ਦਾ ਪੂਰਨ ਸਾਥ ਦੇਣਾ ਚਾਹੀਦਾ ਹੈ।ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਹਲਕੇ ਦੇ ਪਿੰਡ ਬੂਲੇਵਾਲ, ਕੋਟਲਾ ਖੁਰਦ ਤੇ ਪੀਰਮਨਾ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੱਧ ਕਰਦਿਆਂ ਕੀਤਾ। ਸ. ਰੰਧਾਵਾ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ-ਪੈਗੰਬਰਾਂ ਅਤੇ ਦੇਵੀ-ਦੇਵਤਿਆਂ ਦੀ ਪਵਿੱਤਰ ਧਰਤੀ ਹੈ, ਜਿੱਥੋਂ ਦੇ ਲੋਕ ਗੈਰਤ ਨਾਲ ਰਹਿੰਦੇ ਹਨ, ਪਰ ਨਸ਼ਿਆਂ ਦੀ ਭੈੜੀ ਅਲਾਮਤ ਨੇ ਸੂਬੇ ਅਤੇ ਸਮਾਜ ਨੂੰ ਆਪਣੀ ਗ੍ਰਿਫਤ ਵਿੱਚ ਲੈ ਲਿਆ ਸੀ।ਪੰਜਾਬ ਕੌਮਾਂਤਰੀ ਸਰਹੱਦ ਨਾਲ ਲਗਦਾ ਹੋਣ ਕਰ ਕੇ ਨਸ਼ੇ ਦੇ ਤਸਕਰਾਂ ਲਈ ਇਹ ਡਰੱਗ ਰੂਟ ਬਣਿਆ ਹੋਇਆ ਸੀ, ਜਿਸ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਸਖ਼ਤ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸਮਾਜ ਨੂੰ ਇਕਜੁਟ ਹੋਣਾ ਚਾਹੀਦਾ ਹੈ।ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਨ ਵਿੱਚ ਲੱਗੇ ਹੋਏ ਵਿਅਕਤੀਆਂ ਨੂੰ ਵੱਡੇ ਪੱਧਰ 'ਤੇ ਕਾਬੂ ਕੀਤਾ ਜਾ ਰਿਹਾ ਹੈ।ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਵੱਲੋਂ ਨਸ਼ੇ ਵੇਚ ਕੇ ਬਣਾਈਆਂ ਨਾਜਾਇਜ਼ ਜਾਇਦਾਦਾਂ ਨੂੰ ਢਾਹਿਆ ਜਾ ਰਿਹਾ ਹੈ ਅਤੇ ਕਈ ਮਾਮਲਿਆਂ ਵਿੱਚ ਜ਼ਬਤ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸੇ ਦੇ ਘਰ ਵਿੱਚ ਸੱਥਰ ਵਿਛਾ ਕੇ ਖੁਸ਼ੀਆਂ ਮਨਾਉਣ ਵਾਲੇ ਨਸ਼ਾ ਤਸਕਰ ਪੂਰੇ ਸਮਾਜ ਦੇ ਦੁਸ਼ਮਣ ਹਨ।ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ੇ ਦੀ ਅਲਾਮਤ ਤੋਂ ਦੂਰ ਰੱਖਣ ਲਈ ਹਰੇਕ ਪਿੰਡ ਵਿੱਚ ਖੇਡ ਮੈਦਾਨ ਬਣਾਏ ਅਤੇ ਜਿੰਮ ਖੋਲ੍ਹੇ ਜਾ ਰਹੇ ਹਨ।ਸ. ਰੰਧਾਵਾ ਨੇ ਕਿਹਾ ਕਿ ਜੇਕਰ ਕੋਈ ਵੀ ਨਸ਼ਾ ਵੇਚਦਾ ਹੈ ਤਾਂ ਉਸ ਦੀ ਸੂਚਨਾ ਪ੍ਰਸ਼ਾਸਨ ਨੂੰ ਦਿੱਤੀ ਜਾਵੇ, ਬਾਕੀ ਕਾਰਵਾਈ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ। ਸੂਚਨਾ ਦੇਣ ਵਾਲੇ ਦੀ ਪਛਾਣ ਬਿਲਕੁਲ ਗੁਪਤ ਰੱਖੀ ਜਾਂਦੀ ਹੈ। ਪੰਜਾਬ ਸਰਕਾਰ ਨੇ ਨਸ਼ੇ ਬਾਰੇ ਸੂਚਨਾ ਦੇਣ ਲਈ ਵਟਸਐਪ ਨੰਬਰ 97791-00200 ਵੀ ਜਾਰੀ ਕੀਤਾ ਹੋਇਆ ਹੈ।ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਡੇਰਾ ਬਾਬਾ ਨਾਨਕ ਦੇ ਹਲਕਾ ਕੋਆਰਡੀਨੇਟਰ ਪਰਵਿੰਦਰ ਸਿੰਘ ਘਣੀਆ ਤੋਂ ਇਲਾਵਾ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਆਗੂਆਂ ਸਮੇਤ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਨੀਟ ਦੀ ਪ੍ਰੀਖਿਆ ਪਾਸ ਕਰਨ 'ਤੇ ਅੰਕੁਸ਼ ਕੁਮਾਰ ਨੂੰ ਕਟਾਰੂਚੱਕ ਨੇ ਦਿੱਤੀ ਵਧਾਈ



ਪਠਾਨਕੋਟ (ਦਵਿੰਦਰ ਸਿੰਘ)-ਪਿੰਡ ਨਰੋਟ ਜੈਮਲ ਸਿੰਘ ਦੇ ਨਿਵਾਸੀ ਮਹਿੰਦਰ ਪਾਲ ਦੇ ਸਪੁੱਤਰ ਅੰਕੁਸ਼ ਕੁਮਾਰ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ ਹੈ। ਕੈਬਨਿਟ ਮੰਤਰੀ ਕਟਾਰੂਚੱਕ ਨੇ ਅੰਕੁਸ਼ ਕੁਮਾਰ ਅਤੇ ਉਸ ਦੇ ਪਰਿਵਾਰ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਵਿਧਾਨ ਸਭਾ ਹਲਕਾ ਭੋਆ ਦੇ ਨਰੋਟ ਜੈਮਲ ਸਿੰਘ ਦੇ ਨਿਵਾਸੀ ਮਹਿੰਦਰ ਪਾਲ ਦੇ ਬੇਟੇ ਅੰਕੁਸ਼ ਕੁਮਾਰ ਵੱਲੋਂ ਨੀਟ ਦੀ ਪ੍ਰੀਖਿਆ ਪਾਸ ਕੀਤੀ ਗਈ ਹੈ। ਬਮਿਆਲ ਤੋਂ ਵੀ ਇੱਕ ਨੌਜਵਾਨ ਨੇ ਇਹ ਪ੍ਰੀਖਿਆ ਪਾਸ ਕੀਤੀ ਹੈ।ਉਨ੍ਹਾਂ ਕਿਹਾ ਕਿ ਅੰਕੁਸ਼ ਕੁਮਾਰ ਨੇ ਦੱਸਿਆ ਕਿ ਉਸ ਦਾ ਪਿਤਾ ਮਜ਼ਦੂਰੀ ਕਰਦਾ ਹੈ। ਉਸ ਨੇ ਆਨਲਾਈਨ ਤਿਆਰੀ ਕਰਕੇ ਇਹ ਪ੍ਰੀਖਿਆ ਪਾਸ ਕੀਤੀ ਹੈ।ਉਨ੍ਹਾਂ ਦੱਸਿਆ ਕਿ ਅੰਕੁਸ਼ ਕੁਮਾਰ ਜੋ ਕਿ ਸਰਕਾਰੀ ਸਕੂਲ ਦਤਿਆਲ ਫਿਰੋਜ਼ਾਂ ਦਾ ਵਿਦਿਆਰਥੀ ਹੈ ਅਤੇ ਹੋਰ ਵੀ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਵੱਲੋਂ ਜੋ ਸਿੱਖਿਆ ਕ੍ਰਾਂਤੀ ਅਧੀਨ ਬਦਲਾਅ ਕੀਤੇ ਹਨ ਉਨ੍ਹਾਂ ਦੇ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਅੰਕੁਸ਼ ਕੁਮਾਰ ਅਤੇ ਉਸ ਦੇ ਪਰਿਵਾਰ ਨੂੰ ਵਧਾਈ ਦਿੱਤੀ।

# ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਰੱਖੜ ਪੁੰਨਿਆ ਦਾ ਦਿਹਾੜਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਬਾਬਾ ਅਵਤਾਰ ਸਿੰਘ ਜੀ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਰੱਖੜ ਪੁੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼-ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਲਿਆ।

ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਬਾਬਾ ਅਵਤਾਰ ਸਿੰਘ ਜੀ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਭੈਣ ਭਰਾ ਦੇ ਪਵਿੱਤਰ ਰਿਸ਼ਤੇ ਰੱਖੜ-ਪੁੰਨਿਆ ਦੇ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਨਾ ਕੇ ਉਸ ਵਿੱਚੋਂ ਮਿਲੀਆਂ ਸਿੱਖਿਆਵਾ ਤੇ ਚੱਲਦਿਆਂ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ।

ਗੁਰੂ ਹੀ ਗਿਆਨ ਹੈ ਤੇ ਗਿਆਨ ਹੀ ਪ੍ਰਕਾਸ਼ ਹੈ।ਇਸ ਲਈ ਸਾਨੂੰ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਆਪਣਾ ਗੁਰੂ ਮੰਨਣਾ ਚਾਹੀਦਾ ਹੈ।ਇਸ ਮੌਕੇ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ।

# ਜੇ ਐੱਮ ਕੇ ਸਕੂਲ 'ਚ ਭਾਰਤੀ ਸ਼ਸਤਰਬੰਦ ਬਲਾਂ ਦੇ ਰਾਈਜ਼ਿੰਗ ਸਟਾਰ ਕੋਰਪਸ ਵੱਲੋਂ ਪ੍ਰੋਗਰਾਮ

ਪਠਾਨਕੋਟ (ਦਵਿੰਦਰ ਸਿੰਘ)-ਜੇਐੱਮਕੇ ਸਕੂਲ ਪਠਾਨਕੋਟ ਵਿੱਚ ਪ੍ਰਿੰ. ਨੀਤੀ ਕੋਚਰ ਦੀ ਅਗਵਾਈ ਵਿੱਚ ਭਾਰਤੀ ਸ਼ਸਤਰਬੰਦ ਬਲਾਂ ਦੇ ਰਾਈਜ਼ਿੰਗ ਸਟਾਰ ਕੋਰਪਸ ਵੱਲੋਂ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।



ਮੌਜੂਦ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਸੈਨਿਕ ਅਧਿਕਾਰੀਆਂ ਨੇ ਹਾਲ ਹੀ ਵਿੱਚ ਕੀਤੇ ਗਏ ਆਪਰੇਸ਼ਨ ਸਿੰਦੂਰ ਬਾਰੇ ਜਾਣਕਾਰੀ ਦਿੱਤੀ।ਅਧਿਕਾਰੀ ਨੇ ਆਪਰੇਸ਼ਨ ਸਿੰਦੂਰ ਦੇ ਅਨੁਭਵਾਂ ਨੂੰ ਜੀਵੰਤ ਢੰਗ ਨਾਲ ਸਾਂਝਾ ਕਰਦੇ ਹੋਏ ਕਿਹਾ ਕਿ ਇਹ ਇੱਕ ਇਤਿਹਾਸਕ ਮਿਸ਼ਨ ਸੀ ਅਤੇ ਇਹ ਰਾਸ਼ਟਰੀ ਸੁਰੱਖਿਆ, ਸ਼ਾਂਤੀ ਸਥਾਪਨਾ ਅਤੇ ਸਰਹੱਦੀ ਸਮੁਦਾਇਆਂ ਦੇ ਕਲਿਆਣ ਲਈ ਭਾਰਤੀ ਫੌਜ ਦੇ ਅਟੁੱਟ ਸਮਰਪਣ ਨੂੰ ਦਰਸਾਉਂਦਾ ਹੈ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਉਨ੍ਹਾਂ ਨੂੰ ਸਾਕਾਰ ਕਰਨ ਲਈ ਕੋਸ਼ਿਸ਼ ਕਰਨ ਦੀ ਅਪੀਲ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਯਾਦ ਦਿਵਾਇਆ ਕਿ ਉਹ ਕੱਲ੍ਹ ਦੇ ਰੱਖਿਅਕ ਅਤੇ ਭਵਿੱਖ ਦੇ ਨੇਤਾ ਹਨ।ਕਈ ਵਿਦਿਆਰਥੀਆਂ ਨੇ ਰਾਸ਼ਟਰ ਸੇਵਾ ਦੀ ਇੱਕ ਨਵੀਂ ਇੱਛਾ ਪ੍ਰਗਟ ਕੀਤੀ।ਇਸ ਤੋਂ ਬਾਅਦ ਇੱਕ ਜੀਵੰਤ ਪ੍ਰਸ਼ਨ-ਉੱਤਰ ਸੈਸ਼ਨ ਹੋਇਆ ਜਿੱਥੇ ਫੌਜ ਅਧਿਕਾਰੀ ਨੇ ਫੌਜੀ ਜੀਵਨ ਅਤੇ ਨੈਤਿਕ ਕਿਰਦਾਰ ਤੋਂ ਲੈ ਕੇ ਆਪਰੇਸ਼ਨ ਸਿੰਦੂਰ ਵਿੱਚ ਵਰਤੀਆਂ ਰਣਨੀਤੀਆਂ ਬਾਰੇ ਦੱਸਿਆ।ਇਸ ਮੌਕੇ ਜੇਐੱਮਕੇ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਨੇ ਵਿਦਿਆਰਥੀ ਪ੍ਰੀਸ਼ਦ ਦੇ ਨਾਲ ਮਿਲ ਕੇ ਅਧਿਕਾਰੀ ਨੂੰ ਇੱਕ ਪ੍ਰਸ਼ੰਸਾ ਪੱਤਰ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੀ ਸੇਵਾ, ਬਹਾਦਰੀ ਦੀ ਸ਼ਲਾਘਾ ਕੀਤੀ।ਇਸ ਮੌਕੇ ਸਮੂਹ ਸਟਾਫ਼ ਮੈਂਬਰ ਮੌਜੂਦ ਸਨ।

# ਰੱਖੜੀ ਦੇ ਸ਼ੁੱਭ ਦਿਹਾੜੇ ਮੌਕੇ ਰਾਮਲੀਲਾ ਦਾ ਝੰਡਾ ਚੜ੍ਹਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਬੇਦੀ ਲਾਲ ਚੰਦ ਮੈਮੋਰੀਅਲ ਰਾਮਲੀਲਾ ਡਰਾਮਾਟਿਕ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਰੱਖੜੀ ਦੇ ਸ਼ੁਭ ਦਿਹਾੜੇ ਮੌਕੇ ਰਾਮਲੀਲਾ ਦਾ ਝੰਡਾ ਚੜ੍ਹਾਇਆ ਗਿਆ।ਇਸ ਮੌਕੇ ਬਾਬਾ ਅਵਤਾਰ ਸਿੰਘ ਬੇਦੀ ਗੱਦੀ ਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਰਾਮਲੀਲਾ ਕਲੱਬ ਦੇ ਮੈਂਬਰਾਂ ਨੂੰ ਨਾਲ ਲੈ ਕੇ ਗੁਰਦੁਆਰਾ ਸੱਚਖੰਡ ਸ੍ਰੀ ਚੋਲਾ ਸਾਹਿਬ ਵਿਖੇ ਰਾਮ ਲੀਲਾ ਕਲੱਬ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਪਰੰਤ ਕਲੱਬ ਮੈਂਬਰਾਂ ਵੱਲੋਂ ਝੰਡੇ ਸਮੇਤ ਢੋਲ ਵਾਜਿਆਂ ਨਾਲ ਸ਼ਹਿਰ ਦੀ ਪਰਿਕਰਮਾ ਕਰਦਿਆਂ ਹੋਇਆਂ ਰਾਮ ਲੀਲ੍ਹਾ ਗਰਾਊਂਡ ਵਿੱਚ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ।

ਇਸ ਮੌਕੇ ਬਾਬਾ ਅਵਤਾਰ ਸਿੰਘ ਬੇਦੀ ਨੇ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਆਪਣੇ ਗੁਰੂਆਂ, ਰਹਿਬਰਾਂ ਦੇ ਦਿਨ ਦਿਹਾੜੇ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ।ਇਸ ਮੌਕੇ ਕਲੱਬ ਦੇ ਪ੍ਰਧਾਨ ਬਲਦੇਵ ਰਾਜ ਡਾਇਮੰਡ ਨੇ ਦੱਸਿਆ ਕਿ 23 ਸਤੰਬਰ ਨੂੰ ਰਾਮਲੀਲਾ ਦੀ ਸ਼ੁਰੂਆਤ ਹੋਵੇਗੀ ਅਤੇ 2 ਅਕਤੂਬਰ ਨੂੰ ਕਲੱਬ ਵੱਲੋਂ ਦੁਸਹਿਰਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਦਲਜੀਤ ਸਿੰਘ ਸੋਨੀ, ਪਰਵੀਨ ਮਹਾਜਨ, ਰਾਜ ਕੁਮਾਰ ਪਟਵਾਰੀ, ਨਰਿੰਦਰ ਕੁਮਾਰ ਬੱਬੀ, ਅੰਗਰੇਜ਼ ਸਿੰਘ, ਲਵ ਸਰਨਾ, ਆਕਾਸ਼, ਰਾਕੇਸ਼ ਕੁਮਾਰ ਸੰਨੀ, ਰਿਸ਼ੂ ਰੈਡੀਮੇਡ, ਕੁਸ਼ ਸਰਨਾ, ਪਵਨ ਕੁਮਾਰ, ਜੈ ਮਹਾਜਨ, ਕੰਵਲਜੀਤ ਸਿੰਘ, ਸੰਜੀਵ ਕੁਮਾਰ ਰਿੰਕੂ, ਨਬੀ ਰੈਡੀਮੇਡ, ਪਾਰਸ, ਰਿਸ਼ੀ, ਯੁਗੇਸ਼ ਪੰਡਿਤ, ਲਵਪ੍ਰੀਤ ਸਿੰਘ, ਅਰਸ਼, ਚੈਂਚਲ ਕੁਮਾਰ ਅਤੇ ਭੀਮ ਆਦਿ ਹਾਜ਼ਰ ਸਨ।

# ਜੰਗਲਾਤ ਵਿਭਾਗ ਦੇ ਪੱਕੇ ਕੀਤੇ ਮੁਲਾਜ਼ਮਾਂ ਦਾ ਕੈਬਨਿਟ ਮੰਤਰੀ ਕਟਾਰੂਚੱਕ ਨੇ ਮੂੰਹ ਮਿੱਠਾ ਕਰਵਾਇਆ

ਪਠਾਨਕੋਟ (ਦਵਿੰਦਰ ਸਿੰਘ)-ਪਿਛਲੇ ਦਿਨੀਂ ਭਗਵੰਤ ਸਿੰਘ ਮਾਨ ਮੱਖ ਮੰਤਰੀ ਪੰਜਾਬ ਵੱਲੋਂ ਜੰਗਲਾਤ ਵਿਭਾਗ ਦੇ ਠੇਕੇ ਦੇ ਆਧਾਰ ਉਤੇ ਕੰਮ ਕਰ ਰਹੇ 942 ਮੁਲਾਜ਼ਮਾਂ ਨੂੰ ਵੱਡੀ ਰਾਹਤ ਦਿੱਤੀ ਅਤੇ ਕਰੀਬ 27 ਸਾਲ ਦੇ ਵੱਧ ਸਮੇਂ ਤੋਂ ਸੇਵਾ ਕਰ ਰਹੇ ਇਨ੍ਹਾਂ ਮੁਲਾਜ਼ਮਾਂ ਦੀਆਂ ਸੇਵਾਵਾਂ ਪੱਕੀਆਂ ਕਰਨ ਦੇ ਨਿਯੁਕਤੀ ਪੱਤਰ ਦਿੱਤੇ ਹਨ। ਉਪਰੋਕਤ ਮੁਲਾਜ਼ਮਾਂ ਵਿੱਚੋਂ 20 ਮੁਲਾਜ਼ਮ ਜ਼ਿਲ੍ਹਾ ਪਠਾਨਕੋਟ ਦੇ ਅਤੇ 29 ਮੁਲਾਜ਼ਮ ਜ਼ਿਲ੍ਹਾ ਗੁਰਦਾਸਪੁਰ ਦੇ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਆਪਣੇ ਗ੍ਰਹਿ ਨਿਵਾਸ ਤੇ ਦੋਨੋਂ ਜ਼ਿਲ੍ਹਿਆਂ ਦੇ ਪੱਕੇ ਕੀਤੇ ਮੁਲਾਜ਼ਮਾਂ ਦਾ ਮੂੰਹ ਮਿੱਠਾ ਕਰਵਾਉਣ ਮਗਰੋਂ ਕੀਤਾ।ਇਸ ਮੌਕੇ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਬੇਹੱਦ ਖ਼ੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਸਾਰੇ ਕਾਨੂੰਨੀ ਤੇ ਪ੍ਰਸ਼ਾਸਕੀ ਅੜਿੱਕੇ ਦੂਰ ਕਰਦਿਆਂ ਇਨ੍ਹਾਂ ਮੁਲਾਜ਼ਮਾਂ ਦੀਆਂ ਸੇਵਾਵਾਂ ਪੱਕੀਆਂ ਕਰ ਕੇ ਇਨ੍ਹਾਂ ਨਾਲ ਲੱਗਿਆ ਕੰਟਰੈਕਟ ਦਾ ਸ਼ਬਦ ਹਟਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਮੁਲਾਜ਼ਮਾਂ ਦਾ ਭਵਿੱਖ ਸੁਰੱਖਿਅਤ ਕਰਨਾ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਉਪਰਾਲਿਆਂ ਸਦਕਾ ਹੀ ਇਨ੍ਹਾਂ ਮੁਲਾਜ਼ਮਾਂ ਨੂੰ ਪੱਕਿਆਂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਅੱਜ ਤੱਕ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਮੁਲਾਜ਼ਮਾਂ ਨਾਲ ਧੱਕਾ ਕੀਤਾ ਗਿਆ ਸੀ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਨ੍ਹਾਂ ਮੁਲਾਜ਼ਮਾਂ ਦੇ ਸੁਪਨੇ ਸੱਚ ਕੀਤੇ ਹਨ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਲੋਕਾਂ ਨੂੰ ਹੱਕਾਂ ਤੋਂ ਵਾਂਝਿਆਂ ਰੱਖਿਆ ਗਿਆ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਹ ਉਪਰਾਲੇ ਕੀਤੇ ਜਾ ਹਨ ਕਿ ਲੋਕਾਂ ਨੂੰ ਚੰਗੀ ਸਿਹਤ ਮਿਲੇ, ਚੰਗੀ ਸਿੱਖਿਆ ਮਿਲੇ, ਬਿਜਲੀ ਫ੍ਰੀ, ਪੀਣ ਵਾਲਾ ਸ਼ੁੱਧ ਪਾਣੀ ਮਿਲੇ ਅਤੇ ਲੋਕਾਂ ਦਾ ਬੁਨਿਆਦੀ ਢਾਂਚੇ ਲਈ ਸਰਕਾਰ ਵੱਲੋਂ ਪਹਿਲ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪਹਿਲੀ ਦਫ਼ਾ ਸੂਬੇ ਅਤੇ ਲੋਕਾਂ ਦੇ ਭਲਾਈ ਲਈ ਨੀਤੀਆਂ ਘੜੀਆਂ ਜਾ ਰਹੀਆਂ ਹਨ ਅਤੇ ਇਹ ਆਪਣੇ ਆਪ ਵਿੱਚ ਇਕ ਇਤਿਹਾਸ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ



ਨਸ਼ਿਆਂ ਦੇ ਖ਼ਾਤਮੇ ਲਈ ਬਹੁਤੀ ਬਾਰੀਕੀ ਨਾਲ ਯੋਜਨਾ ਉਲੀਕੀ ਗਈ ਹੈ ਅਤੇ ਹੁਣ ਨਸ਼ਿਆਂ ਖ਼ਿਲਾਫ਼ ਵੱਡੇ ਪੱਧਰ ਉੱਤੇ ਜੰਗ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਾਜ਼ਮਾਂ ਨੇ ਅਪਣੀ ਜ਼ਿੰਦਗੀ ਦੇ 27 ਸਾਲ ਵਿਭਾਗ ਨੂੰ ਦਿੱਤੇ ਅਤੇ ਅੱਜ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਨੂੰ ਪੱਕਿਆਂ ਕੀਤਾ ਗਿਆ ਹੈ।ਇਸ ਉਪਰਾਲੇ ਦੇ ਲਈ ਉਹ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਵੀ ਦਿਲ ਤੋਂ ਧੰਨਵਾਦ ਕਰਦੇ ਹਨ।ਉਨ੍ਹਾਂ ਕਿਹਾ ਕਿ ਇੱਕ ਵਾਰ ਫਿਰ ਤੋਂ ਉਨ੍ਹਾਂ ਵੱਲੋਂ ਜ਼ਿਲ੍ਹਾ ਪਠਾਨਕੋਟ ਦੇ 20 ਅਤੇ ਜ਼ਿਲ੍ਹਾ ਗੁਰਦਾਸਪੁਰ ਦੇ 29 ਕਰਮਚਾਰੀਆਂ ਨੂੰ ਅਤੇ ਪੰਜਾਬ ਦੇ ਸਾਰੇ ਮੁਲਾਜ਼ਮਾਂ ਜਿਨ੍ਹਾਂ ਨੂੰ ਪੱਕਿਆ ਕੀਤਾ ਗਿਆ ਹੈ ਵਧਾਈ ਦਿੰਦਾ ਹਾਂ।ਇਸ ਮੌਕੇ ਪੱਕੇ ਕੀਤੇ ਮੁਲਾਜ਼ਮਾਂ ਨੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਅਤੇ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ।

# ਰੋਟਰੀ ਕਲੱਬ ਮਿੱਡ ਟਾਊਨ ਹੁਸ਼ਿਆਰਪੁਰ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਪ੍ਰਦਾਨ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਰੋਟਰੀ ਕਲੱਬ ਮਿਡ ਟਾਊਨ ਹੋਸ਼ਿਆਰਪੁਰ ਵੱਲੋਂ ਸਥਾਨਕ ਸਰਕਾਰੀ ਐਲੀਮੈਂਟਰੀ ਸਕੂਲ ਭਾਗੋਵਾਲ ਵਿੱਚ ਇਕ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ 10ਵੀਂ ਕਲਾਸ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੈਰਿਟ ਸਕਾਲਰਸ਼ਿਪ ਦਿੱਤੇ ਗਏ।ਇਸ ਮੌਕੇ ਕਲੱਬ ਦੇ ਪ੍ਰਧਾਨ ਰੋਟੇਰੀਅਨ ਅਵਤਾਰ ਸਿੰਘ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਸਿੱਖਿਆ ਉਹ ਅਧਾਰ ਹੈ, ਜਿਸ ਤੇ ਸਮਾਜ ਅਤੇ ਦੇਸ਼ ਦਾ ਭਵਿੱਖ ਟਿਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਨਮਾਨਿਤ ਕਰਨਾ ਕਲੱਬ ਦਾ ਸੁਭਾਗ ਹੈ। 10ਵੀਂ ਕਲਾਸ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਗਗਨਪ੍ਰੀਤ ਕੌਰ (92%) ਨੂੰ 5,000 ਦੀ ਸਕਾਲਰਸ਼ਿਪ ਦਿੱਤੀ ਗਈ।ਦੂਜੇ ਸਥਾਨ 'ਤੇ ਰਹੇ ਰਵਜੋਤ ਸਿੰਘ (91%) ਨੂੰ 1,100 ਦੀ ਸਕਾਲਰਸ਼ਿਪ ਦਿੱਤੀ ਗਈ, ਜਦੋਂ ਕਿ ਤੀਜਾ ਸਥਾਨ ਹਾਸਲ ਕਰਨ ਵਾਲੀ ਹਰਪ੍ਰੀਤ ਕੌਰ (90%) ਨੂੰ ਵੀ 1,100 ਦੀ ਰਕਮ ਦੇ ਕੇ ਸਨਮਾਨਿਤ ਕੀਤਾ ਗਿਆ।ਮੁੱਖ ਅਧਿਆਪਕਾ ਰਜਨੀਸ਼ ਕੁਮਾਰੀ ਨੇ ਰੋਟਰੀ ਕਲੱਬ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਯਤਨ ਨਾ ਸਿਰਫ ਵਿਦਿਆਰਥੀਆਂ ਦੀ ਆਰਥਿਕ ਸਹਾਇਤਾ ਕਰਦੇ ਹਨ, ਸਗੋਂ ਉਨ੍ਹਾਂ ਵਿੱਚ ਆਤਮਵਿਸ਼ਵਾਸ ਵੀ ਵਧਾਉਂਦੇ ਹਨ।ਇਸ ਮੌਕੇ ਅਧਿਆਪਕ ਅਸ਼ੋਕ ਕੁਮਾਰ, ਗਗਨਪ੍ਰੀਤ ਸਿੰਘ, ਜਗਦੀਸ਼ ਚੰਦਰ ਅਤੇ ਅਨੁ ਗੁਪਤਾ ਵੀ ਮੌਜੂਦ ਸਨ।ਇਸ ਤੋਂ ਇਲਾਵਾ ਕਲੱਬ ਵੱਲੋਂ ਲੋੜਵੰਦ ਵਿਦਿਆਰਥੀਆਂ ਨੂੰ 100 ਕਾਪੀਆਂ ਅਤੇ ਕਲਮਾਂ ਵੀ ਵੰਡੀਆਂ ਗਈਆਂ ਤਾਂ ਜੋ ਉਹ ਆਪਣੀ ਪੜ੍ਹਾਈ ਵਿੱਚ ਕਿਸੇ ਵੀ ਤਰ੍ਹਾਂ ਦੀ ਘਾਟ ਮਹਿਸੂਸ ਨਾ ਕਰਨ।ਇਸ ਸਮਾਰੋਹ ਵਿੱਚ ਕਲੱਬ ਦੇ ਪ੍ਰਧਾਨ ਰੋਟੇਰੀਅਨ ਅਵਤਾਰ ਸਿੰਘ, ਪ੍ਰੋਜੈਕਟ ਚੇਅਰਮੈਨ ਪਰਵੀਨ ਪਲਿਆਲ, ਮਨੋਜ ਓਹਰੀ, ਸੰਦੀਪ ਸ਼ਰਮਾ, ਜਸਵੰਤ ਸਿੰਘ ਭੋਗਲ, ਰਜਨੀਸ਼ ਗੁਲਿਆਨੀ ਅਤੇ ਰੋਹਿਤ ਚੋਪੜਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਸਾਰੇ ਮੈਂਬਰਾਂ ਨੇ ਸਾਂਝੇ ਤੌਰ 'ਤੇ ਇਹ ਸੰਦੇਸ਼ ਦਿੱਤਾ ਕਿ ਰੋਟਰੀ ਕਲੱਬ ਸਮਾਜ ਦੀ ਭਲਾਈ ਲਈ ਹਮੇਸ਼ਾ ਸਰਗਰਮ ਰਹੇਗਾ ਅਤੇ ਸਿੱਖਿਆ, ਸਿਹਤ ਅਤੇ ਸਮਾਜਿਕ ਸੇਵਾ ਦੇ ਖੇਤਰ ਵਿੱਚ ਲਗਾਤਾਰ ਯੋਗਦਾਨ ਪਾਉਂਦਾ ਰਹੇਗਾ।ਕਲੱਬ ਮੈਂਬਰਾਂ ਵੱਲੋਂ ਵਿਦਿਆਰਥੀਆਂ ਨੂੰ ਅੱਗੇ ਦੀ ਪੜ੍ਹਾਈ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।




# ਸ਼੍ਰੀ ਮਨੀ ਮਹੇਸ਼ ਲੰਗਰ ਸੇਵਾ ਸਮਿਤੀ ਵੱਲੋਂ ਮਹੀਨਾ ਭਰ ਚੱਲਣ ਵਾਲਾ ਲੰਗਰ ਸ਼ੁਰੂ



ਪਠਾਨਕੋਟ (ਦਵਿੰਦਰ ਸਿੰਘ)-ਪਹਿਲਾ ਸਾਲਾਨਾ ਲੰਗਰ ਸ਼੍ਰੀ ਮਨੀ ਮਹੇਸ਼ ਲੰਗਰ ਸੇਵਾ ਸਮਿਤੀ ਇੰਦਰਾ ਕਲੋਨੀ ਸ਼ਾਹਪੁਰ ਕੰਢੀ ਵੱਲੋਂ ਪਵਿੱਤਰ ਸ਼੍ਰੀ ਮਨੀ ਮਹੇਸ਼ ਦੇ ਦਰਸ਼ਨ ਕਰਨ ਵਾਲੇ ਭਗਵਾਨ ਸ਼ਿਵ ਦੇ ਸ਼ਰਧਾਲੂਆਂ ਲਈ ਸ਼ੁਰੂ ਕੀਤਾ ਗਿਆ।ਲੰਗਰ ਸੇਵਾ ਸ਼ੁਰੂ ਕਰਨ ਤੋਂ ਪਹਿਲਾਂ ਕਮੇਟੀ ਮੈਂਬਰਾਂ ਨੇ ਹਵਨ ਯੱਗ ਕੀਤਾ, ਪੂਰੀਆਂ ਆਹੂਤੀਆਂ ਦਿੱਤੀਆਂ ਅਤੇ ਪੂਰੀ ਦੁਨੀਆ ਲਈ ਸ਼ਾਂਤੀ ਅਤੇ ਵਿਕਾਸ ਲਈ ਪ੍ਰਾਰਥਨਾ ਕੀਤੀ। ਬਾਅਦ ਵਿੱਚ ਕੰਜਕ ਪੂਜਨ ਕਰਕੇ ਹੋਰ ਧਾਰਮਿਕ ਪ੍ਰੋਗਰਾਮਾਂ ਦੀ ਸ਼ੁਰੂਆਤ ਕੀਤੀ ਗਈ।ਲੰਗਰ ਸੇਵਾ ਕਮੇਟੀ ਵੱਲੋਂ ਲੰਗਰ ਸੇਵਾ ਸ਼ੁਰੂ ਕਰਨ ਤੋਂ ਪਹਿਲਾਂ ਸਮਾਜ ਸੇਵਕ ਸੋਹਨ ਲਾਲ, ਸਾਬਕਾ ਸਰਪੰਚ ਭੂਸ਼ਣ ਖੰਨਾ, ਆਪ ਪਾਰਟੀ ਦੇ ਬਲਾਕ ਮੁਖੀ ਕੇਵਲ ਕ੍ਰਿਸ਼ਨ, ਦਲਵਿੰਦਰ ਰਾਣਾ, ਅਸ਼ਵਨੀ ਕੁਮਾਰ, ਐਡਵੋਕੇਟ ਹਰਸ਼ ਸੋਹਲੀਆਂ, ਮੁਨੀਸ਼ ਕੁਮਾਰ ਮੁੰਨਾ, ਪੰਚ ਕਿਸ਼ੋਰ ਲਾਲ, ਸੈਮਸੰਗ ਮਿੰਟੂ, ਕਵੀਰ ਸੋਨੀ, ਰਾਹੁਲ ਸ਼ਰਮਾ, ਵਿਜੇ ਕੁਮਾਰ ਅਤੇ ਹੋਰ ਅਧਿਕਾਰੀਆਂ ਨੇ ਹਰ ਹਰ ਮਹਾਦੇਵ ਦੇ ਨਾਂਅ ਦਾ ਜਾਪ ਕੀਤਾ।

ਉਨ੍ਹਾਂ ਦੱਸਿਆ ਕਿ ਹਰ ਸਾਲ ਹਜ਼ਾਰਾਂ ਸ਼ਿਵ ਭਗਤ ਇਸ ਪ੍ਰੋਜੈਕਟ ਰੋਡ ਰਾਹੀਂ ਸ਼੍ਰੀ ਮਨੀ ਮਹੇਸ਼ ਦੀ ਪਵਿੱਤਰ ਯਾਤਰਾ ਲਈ ਆਉਂਦੇ-ਜਾਂਦੇ ਹਨ, ਜਿਸ ਲਈ ਉਨ੍ਹਾਂ ਦੀ ਲੰਗਰ ਸੇਵਾ ਸਮਿਤੀ ਆਉਣ ਵਾਲੇ ਸ਼ਰਧਾਲੂਆਂ ਲਈ ਦਿਨ-ਰਾਤ ਨਿਰੰਤਰ ਲੰਗਰ ਚਲਾਏਗੀ।ਉਨ੍ਹਾਂ ਦੱਸਿਆ ਕਿ ਇਹ ਲੰਗਰ ਲਗਭਗ ਇੱਕ ਮਹੀਨਾ ਚੱਲੇਗਾ।

# ਬਜ਼ੁਰਗਾਂ ਦੇ ਗੁੱਟਾਂ 'ਤੇ ਸਜੀਆਂ ਮਨਮੋਹਕ ਰੱਖੜੀਆਂ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਬਜ਼ੁਰਗਾਂ ਦੇ ਵਿਹੜੇ ਵਿੱਚ ਰੱਖੜੀ ਦਾ ਤਿਉਹਾਰ ਮਨਾਇਆ ਗਿਆ।ਇਸ ਮੌਕੇ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਤੇ ਆਸ਼ਰਮ ਚੇਅਰਪਰਸਨ ਮੈਡਮ ਰੀਨਾ ਸਰਮਾਲ ਵੱਲੋਂ ਬਜ਼ੁਰਗਾਂ ਦੇ ਗੁੱਟ 'ਤੇ ਰੱਖੜੀਆਂ ਸਜਾ ਕੇ ਵਿਹੜੇ ਵਿੱਚ ਰੌਣਕਾਂ ਬੰਨ੍ਹੀਆਂ ਅਤੇ ਸਾਰੇ ਹੀ ਬਜ਼ੁਰਗ ਬਹੁਤ ਖੁਸ਼ ਹੋਏ।ਇਸ ਮੌਕੇ ਗੱਲਬਾਤ ਕਰਦਿਆਂ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਕਿਹਾ ਕਿ ਰੱਖੜੀ ਦਾ ਪਵਿੱਤਰ ਤਿਉਹਾਰ ਭੈਣ ਭਰਾ ਦੇ ਪਿਆਰ ਦਾ ਤਿਉਹਾਰ ਹੈ।ਇਹ ਤਿਉਹਾਰ ਪੂਰੇ ਭਾਰਤ ਵਿੱਚ ਬਹੁਤ ਖ਼ੁਸ਼ੀ ਨਾਲ ਮਨਾਇਆ ਜਾਂਦਾ ਹੈ।ਹਰ ਭੈਣ ਆਪਣੇ ਭਰਾਵਾਂ ਦੇ ਨਾਲ ਦੁੱਖ-ਸੁੱਖ ਦੀਆਂ ਗੱਲਾਂ ਕਰਦੀਆਂ ਹਨ।ਆਸ਼ਰਮ ਚੇਅਰਪਰਸਨ ਰੀਨਾ ਸਰਮਾਲ ਨੇ ਕਿਹਾ ਕਿ ਸਾਡਾ ਨਿੱਜੀ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਹਰ ਇੱਕ ਰਿਸਤੇ ਨੂੰ ਸੰਭਾਲ ਕੇ ਰੱਖੀਏ। ਇਸ ਮੌਕੇ ਆਸ਼ਰਮ ਸੁਪਰਡੈਂਟ ਅੰਜਲੀ ਸ਼ਰਮਾ, ਚੇਅਰਪਰਸਨ ਰੀਨਾ ਸਰਮਾਲ, ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਕੋਆਰਡੀਨੇਟਰ ਮੈਡਮ ਇੰਦਰਜੀਤ ਕੌਰ, ਸਵਿਤਾ, ਰੂਪ ਰਾਣੀ, ਰਾਜ ਰਾਣੀ, ਰਮੇਸ਼ ਚੰਦਰ, ਪ੍ਰੀਆ ਚੰਦ ਦੇਵ, ਵਿਪਨ ਕੁਮਾਰ ਆਦਿ ਮੌਜੂਦ ਸਨ।



# ਜ਼ਿਲਾ ਪੱਧਰੀ ਕਲਾ ਉਤਸਵ ਦੀ ਐੱਸ ਐੱਸ ਐੱਮ ਕਾਲਜ ਦੀਨਾਨਗਰ ਵਿਖੇ ਉਤਸ਼ਾਹ ਪੂਰਵਕ ਸ਼ੁਰੂਆਤ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮੱਗਰਾ ਸਿੱਖਿਆ ਅਧੀਨ ਜਿਲੇ ਦੇ ਪ੍ਰਾਈਵੇਟ, ਸਰਕਾਰੀ, ਏਡਿਡ ਅਤੇ ਲੋਕਲ ਬਾਡੀ ਸਕੂਲਾਂ ਵਿੱਚ 9-12ਵੀਂ ਜਮਾਤ ਵਿੱਚ ਪੜਦੇ ਵਿਦਿਆਰਥੀਆਂ ਲਈ 2 ਰੋਜ਼ਾ ਜ਼ਿਲ੍ਹਾ ਪੱਧਰੀ ਕਲਾ ਉਤਸਵ ਪ੍ਰੋਗ੍ਰਾਮ ਦੀ ਸ਼ੁਰੂਆਤ ਐੱਸਐੱਸਐੱਮ ਕਾਲਜ ਦੀਨਾਨਾਗਰ ਵਿਖੇ ਹੋਈ, ਜਿਸ ਵਿੱਚ ਜ਼ਿਲਾ ਸਿੱਖਿਆ ਅਫਸਰ (ਸੈ:ਸਿੱ) ਰਾਜੇਸ਼ ਕੁਮਾਰ ਸ਼ਰਮਾ, ਸਟੇਟ ਐਵਾਰਡੀ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਜਦੋਂਕਿ ਇਸ ਮੌਕੇ ਕਾਲਜ ਪ੍ਰਿੰਸੀਪਲ ਡਾ: ਆਰ ਕੇ. ਤੁਲੀ ਵਿਸ਼ੇਸ਼ ਰੂਪ ਵਿੱਚ ਹਾਜਰ ਸਨ।ਪ੍ਰੋਗ੍ਰਾਮ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫਸਰ ਸ: ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਇਸ ਦੋ ਰੋਜਾ ਪ੍ਰੋਗ੍ਰਾਮ ਵਿਚ 12 ਵੱਖ ਵੱਖ ਈਵੈਂਟ ਦੇ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਸੋਲੋ ਡਾਂਸ, ਗਰੁੱਪ ਡਾਂਸ, ਥੀਏਟਰ ਗਰੁੱਪ, ਵਿਜ਼ੂਅਲ ਆਰਟ 2ਡੀ, 3ਡੀ ਤੇ ਗਰੁੱਪ, ਸਟੋਰੀ ਟੈਲਿੰਗ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਜਿਲੇ ਦੇ 211 ਵੱਖ ਵੱਖ ਸਕੂਲਾਂ ਦੇ ਕਰੀਬ 434 ਵਿਦਿਆਰਥੀਆਂ ਨੇ ਹਿੱਸਾ ਲਿਆ।ਸੋਲੋ ਡਾਂਸ ਵਿੱਚੋਂ ਆਰ. ਡੀ. ਖੋਸਲਾ ਸਕੂਲ ਦੀ ਵਿਦਿਆਰਥਣ ਅਨੰਨਿਆ ਨੇ ਪਹਿਲਾ ਸਥਾਨ, ਗਰੁੱਪ ਡਾਂਸ ਵਿਚੋਂ ਸਸਸਸ ਸਕੂਲ ਦੀਨਾਨਗਰ (ਲੜਕੀਆਂ) ਦੀਆਂ ਵਿਦਿਆਰਥਣਾਂ ਨੇਹਾ, ਸੁਰਲੀਨ, ਕਿਰਨਦੀਪ ਤੇ ਗੁਰਨੀਤ ਨੇ ਪਹਿਲਾ ਸਥਾਨ, ਥੀਏਟਰ ਗਰੁੱਪ ਵਿਚੋਂ ਪੀਐਮ ਸ੍ਰੀ ਸਸਸਸ ਕੈਂਪ ਬਟਾਲਾ ਦੀਆਂ ਵਿਦਿਆਰਥਣਾਂ ਰਾਖੀ, ਜਸਮੀਤ, ਆਰਤੀ ਤੇ ਸ਼ਾਕਸੀ ਨੇ ਪਹਿਲਾ ਸਥਾਨ, ਵਿਜ਼ੂਅਲ ਆਰਟ 2 ਡੀ ਵਿੱਚੋਂ ਪੀਐਮ ਸ੍ਰੀ ਸਸਸਸ ਸਕੂਲ ਧੁੱਪਸੜੀ ਦੇ ਵਿਦਿਆਰਥੀ ਸੋਮ ਨਾਥ ਨੇ ਪਹਿਲਾ ਸਥਾਨ, ਵਿਜ਼ੂਅਲ ਆਰਟ 2ਡੀ ਵਿੱਚੋਂ ਪੀਐਮ ਸ੍ਰੀ ਸਸਸਸ ਕਾਦੀਆਂ ਦੇ ਵਿਦਿਆਰਥੀ ਗੁਰਪ੍ਰੀਤ ਸਿੰਘ ਨੇ ਪਹਿਲਾ ਸਥਾਨ, ਵੀਜੁਅਲ ਆਰਟ ਗਰੁੱਪ ਵਿੱਚੋਂ ਅਕਾਲ ਅਕੈਡਮੀ ਤਿੱਬੜ ਦੀਆਂ ਵਿਦਿਆਰਥਣਾਂ ਤਨਵੀਰ ਕੌਰ ਤੇ ਮਹਿਕਪ੍ਰੀਤ ਕੌਰ ਨੇ ਪਹਿਲਾ ਸਥਾਨ ਅਤੇ ਸਟੋਰੀ ਟੈਲਿੰਗ ਵਿੱਚੋਂ ਧੰਨ ਦੇਵੀ ਡੀਏਵੀ ਸਸਸ ਗੁਰਦਾਸਪੁਰ ਦੀਆਂ ਵਿਦਿਆਰਥਣਾਂ ਪਰਲੀਨ ਤੇ ਜੀਆ ਨੇ ਪਹਿਲਾ ਸਥਾਨ ਹਾਸਲ ਕੀਤਾ। ਸ: ਪੁਰੇਵਾਲ ਨੇ ਦੱਸਿਆ ਕਿ ਹੁਣ ਇਨ੍ਹਾਂ ਈਵੈਂਟਸ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀਆਂ ਟੀਮਾਂ ਦੇ ਵਿਦਿਆਰਥੀ ਜੋਨ ਪੱਧਰ ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ।ਪ੍ਰੋਗ੍ਰਾਮ ਦੀ ਸ਼ੁਰੂਆਤ ਜ਼ਿਲਾ ਸਿੱਖਿਆ ਅਫਸਰ ਵੱਲੋਂ ਜੋਤੀ ਜਗਾ ਕੇ ਕੀਤੀ ਗਈ।ਉਨ੍ਹਾਂ ਆਪਣੇ ਸੰਬੋਧਨ ਦੌਰਾਨ ਸਮੂਹ ਵਿਦਿਆਰਥੀਆਂ ਨੂੰ ਇਸ ਪ੍ਰੋਗ੍ਰਾਮ ਵਿੱਚ ਹਿੱਸਾ ਲੈਣ ਲਈ ਉਸ਼ਾਹਿਤ ਕੀਤਾ ਅਤੇ ਗਾਈਡ ਅਧਿਆਪਕਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਦੇ ਮਾਰਗ ਦਰਸ਼ਨ ਕਰਕੇ ਇਹ ਵਿਦਿਆਰਥੀ ਜ਼ਿਲ੍ਹਾ ਪੱਧਰੀ ਪ੍ਰੋਗ੍ਰਾਮ ਦਾ ਹਿੱਸਾ ਬਣ ਰਹੇ ਹਨ।

ਉਨ੍ਹਾਂ ਪੁਜ਼ੀਸ਼ਨ ਹੋਲਡਰਾਂ ਨੂੰ ਮੀਮੈਂਟੋ ਅਤੇ ਸਰਟੀਫਿਕੇਟ ਵੰਡ ਕੇ ਸਨਮਾਨਿਤ ਕੀਤਾ।ਇਸ ਮੌਕੇ ਜੱਜ ਦੀ ਭੂਮਿਕਾ ਤੇਜਿੰਦਰ ਸਿੰਘ, ਸਤਬੀਰ ਸਿੰਘ, ਕਰਮਜੀਤ ਕੌਰ, ਵੰਦਨਾ ਗੁਪਤਾ, ਕੰਵਲਜੀਤ ਕੌਰ, ਹਰਗੁਰਚੇਤਨ ਸਿੰਘ, ਨਵਜੀਤ ਸਿਘ, ਪ੍ਰਿਆ ਤੁਲੀ, ਜਸਬੀਰ ਸਿੰਘ, ਸੰਦੀਪ ਸਿੰਘ, ਵਰਗਿਸ ਸਲਾਮਤ,ਵੀਨਾ ਰਾਣੀ ਅਦਿ ਨੇ ਬਾਖੂਬੀ ਨਿਭਾਈ।ਜ਼ਿਲ੍ਹਾ ਨੋਡਲ ਅਫਸਰ ਅਮਰਜੀਤ ਸਿੰਘ ਪੁਰੇਵਾਲ, ਕੋਆਰਡੀਨੇਟਰ ਸਰਬਜੀਤ ਸਿੰਘ, ਨਵਦੀਪ ਸ਼ਰਮਾ, ਸੁਰਿੰਦਰ ਮੋਹਨ, ਮੈਡਮ ਰਜਨੀ ਅਤੇ ਕਵਲਜੀਤ ਸਿੰਘ ਨੇ ਪ੍ਰੋਗ੍ਰਾਮ ਦਾ ਸੁਚਾਰੂ ਢੰਗ ਨਾਲ ਸੰਚਾਲਨ ਕੀਤਾ।ਇਸ ਮੌਕੇ ਸ: ਲਖਵਿੰਦਰ ਸਿੰਘ, ਜ਼ਿਲ੍ਹਾ ਕੋਆਰਡੀਨੇਟਰ ਪ੍ਰਦੀਪ ਅਰੋੜਾ, ਮੁੱਖ ਅਧਿਆਪਕ ਇਕਬਾਲ ਸਿੰਘ, ਪ੍ਰੋਫੈਸਰ ਸੁਬੀਰ, ਪ੍ਰੋ: ਸੋਨੂੰ, ਸੁਮੀਤ ਕੁਮਾਰ ਆਦਿ ਤੋਂ ਇਲਾਵਾ ਗਾਈਡ ਅਧਿਆਪਕ ਵੀ ਹਾਜ਼ਰ ਸਨ।

# ਭਾਜਪਾ 15 ਤੋਂ 17 ਅਗਸਤ ਤੱਕ ਹਰ ਘਰ ਤਿਰੰਗਾ ਮੁਹਿੰਮ ਚਲਾਏਗੀ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-ਭਾਰਤੀ ਜਨਤਾ ਪਾਰਟੀ ਮਹਿਲਾ ਮੋਰਚਾ ਦੀ ਪੰਜਾਬ ਦੀ ਪ੍ਰਧਾਨ ਇੰਦਰ ਕੌਰ ਨੇ ਸੰਤੋਖ ਸ਼ਰਮਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇੰਦਰ ਕੌਰ ਨੇ ਪਾਰਟੀ ਦੀ ਆਉਣ ਵਾਲੀ ਗਤੀਵਿਧੀਆਂ ਬਾਰੇ ਸੰਤੋਖ ਸ਼ਰਮਾ ਨਾਲ ਵਿਸ਼ੇਸ਼ ਤੌਰ 'ਤੇ ਚਰਚਾ ਕੀਤੀ ਤੇ ਕਿਹਾ ਕਿ ਹੁਣ ਭਾਜਪਾ ਹਰ ਘਰ ਦੇ ਤਿਰੰਗਾ ਮੁਹਿੰਮ ਚਲਾਏਗੀ। ਜ਼ਿਲ੍ਹੇ ਦੀ ਇਕ ਵੱਖਰੀ ਬੈਠਕ ਕੀਤੀ ਗਈ, ਪਾਰਟੀ 15 ਅਗਸਤ ਤੋਂ 17 ਅਗਸਤ ਤੱਕ ਸਾਰੇ ਘਰਾਂ ਤੇ ਅਦਾਰਿਆਂ ਤਿੰਰਗਾ ਲਹਿਰਾਏਗੀ।

# ਕਸਬਾ ਮਜੀਠਾ 'ਚ ਬੜੇ ਜੋਸ਼ੋ-ਖਰੋਸ਼ ਨਾਲ ਮਨਾਇਆ ਰੱਖੜੀ ਦਾ ਪਵਿੱਤਰ ਤਿਉਹਾਰ



ਮਜੀਠਾ (ਸੋਇਮ ਆਨੰਦ)-ਸਮੁੱਚੇ ਭਾਰਤ ਵਿੱਚ ਭੈਣ-ਭਰਾ ਦੇ ਮੋਹ ਨੂੰ ਸਮਰਪਿਤ ਰੱਖੜੀ ਦਾ ਤਿਉਹਾਰ ਪੂਰੇ ਜੋਸ਼ ਨਾਲ ਮਨਾਇਆ ਗਿਆ।ਮਜੀਠਾ ਕਸਬੇ ਅਤੇ ਆਸਪਾਸ ਦੇ ਖੇਤਰਾਂ ਵਿੱਚ ਵੀ ਭੈਣਾਂ ਨੇ ਆਪਣੇ ਭਰਾਵਾਂ ਦੀਆਂ ਕਲਾਈਆਂ 'ਤੇ ਰੱਖੜੀਆਂ ਬੰਨ੍ਹੀਆਂ ਅਤੇ ਉਨ੍ਹਾਂ ਦੀ ਸੁਖ-ਸ਼ਾਂਤੀ ਤੇ ਲੰਮੀ ਉਮਰ ਲਈ ਅਰਦਾਸ ਕੀਤੀ।ਮਜੀਠਾ ਦੇ ਬਜ਼ਾਰਾਂ ਵਿੱਚ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਰੰਗ-ਬਿਰੰਗੀਆਂ ਰੱਖੜੀਆਂ ਨਾਲ ਸਜਾਈਆਂ ਹੋਈਆਂ ਸਨ, ਮੋਤੀਆਂ, ਰੁਦਰਾਕਸ਼, ਚੰਦਨ ਅਤੇ ਚਮਕਦਾਰ ਪੱਥਰਾਂ ਨਾਲ ਸਜੀਆਂ ਰੱਖੜੀਆਂ ਦੇ ਨਾਲ-ਨਾਲ ਬੱਚਿਆਂ ਲਈ ਖਾਸ ਤੌਰ 'ਤੇ ਕਾਰਟੂਨ, ਗੀਤਾਂ ਅਤੇ ਘੜੀਆਂ ਵਾਲੀਆਂ ਰੱਖੜੀਆਂ ਲੋਕਾਂ ਦੀ ਪਸੰਦ ਬਣੀਆਂ।ਬੱਚਿਆਂ ਵਿੱਚ ਇਸ ਤਿਉਹਾਰ ਨੂੰ ਲੈ ਕੇ ਵਿਸ਼ੇਸ਼ ਜੋਸ਼ ਅਤੇ ਖੁਸ਼ੀ ਦਾ ਮਾਹੌਲ ਸੀ।ਸਾਉਣ ਦੇ ਮਹੀਨੇ ਵਿੱਚ ਆਉਂਦਾ ਇਹ ਤਿਉਹਾਰ ਭਾਰਤੀ ਸਭਿਆਚਾਰ ਅਤੇ ਸੰਸਕ੍ਰਿਤੀ ਦਾ ਅਨਿੱਖੜਵਾਂ ਅੰਗ ਹੈ, ਜੋ ਪਰਿਵਾਰਕ ਰਿਸ਼ਤਿਆਂ ਅਤੇ ਸਮਾਜਿਕ ਇਕਜੁੱਟਤਾ ਨੂੰ ਮਜ਼ਬੂਤੀ ਪ੍ਰਦਾਨ ਕਰਦਾ ਹੈ।ਰਕਸ਼ਾ ਬੰਧਨ ਸਿਰਫ਼ ਇੱਕ ਰੀਤੀ-ਰਿਵਾਜ ਨਹੀਂ, ਸਗੋਂ ਭੈਣ-ਭਰਾ ਦੇ ਅਟੁੱਟ ਪਿਆਰ, ਵਿਸ਼ਵਾਸ ਅਤੇ ਸਦੀਵੀ ਮੋਹ ਦਾ ਪ੍ਰਤੀਕ ਹੈ।ਇਸ ਦਿਨ ਭੈਣਾਂ ਆਪਣੇ ਭਰਾਵਾਂ ਨੂੰ ਰੰਗੀਨ ਰੱਖੜੀਆਂ ਬੰਨ੍ਹ ਕੇ ਉਨ੍ਹਾਂ ਦੀ ਸਫਲਤਾ ਅਤੇ ਖੁਸ਼ਹਾਲੀ ਦੀ ਕਾਮਨਾ ਕਰਦੀਆਂ ਹਨ, ਜਦਕਿ ਭਰਾ ਆਪਣੀਆਂ ਭੈਣਾਂ ਦੀ ਸੁਰੱਖਿਆ ਅਤੇ ਸਨਮਾਨ ਦੀ ਸਹੁੰ ਚੁੱਕਦੇ ਹਨ।ਇਹ ਰਿਸ਼ਤਾ ਇਸ ਪਰੰਪਰਾ ਨਾਲ ਹੋਰ ਵੀ ਗੂੜ੍ਹਾ ਹੁੰਦਾ ਹੈ।ਵੇਖਣ ਵਿੱਚ ਇਹ ਵੀ ਆਇਆ ਕਿ ਕੁੱਝ ਵਡੇਰੀ ਉਮਰ ਦੀਆਂ ਭੈਣਾਂ ਨੇ ਆਪਣੇ ਭਰਾਵਾਂ ਤੇ ਭਤੀਜਿਆਂ ਲਈ ਰੰਗ-ਬਿਰੰਗੇ ਧਾਗਿਆਂ ਨਾਲ ਆਪ ਰੱਖੜੀਆਂ ਬਣਾਈਆਂ।ਉਨ੍ਹਾਂ ਦਾ ਕਹਿਣਾ ਸੀ ਕਿ ਜੋ ਭੈਣ ਆਪਣੇ ਹੱਥ ਨਾਲ ਧਾਗਿਆਂ ਦੀ ਰੱਖੜੀ ਤਿਆਰ ਕਰਦੀ ਹੈ ਉਸ ਨਾਲ ਭਰਾ ਦੀ ਜ਼ਿਆਦਾ ਰੱਖਿਆ ਹੁੰਦੀ ਹੈ ਤੇ ਪਿਆਰ ਵੀ ਜ਼ਿਆਦਾ ਹੁੰਦਾ ਹੈ।

# ਸਰੋਜ ਸਿੰਘ ਚੌਹਾਨ ਚੰਡੀਗੜ੍ਹ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੇ ਪ੍ਰਧਾਨ ਬਣੇ



ਚੰਡੀਗੜ੍ਹ (ਗੁਰਜੀਤ ਬਿੱਲਾ)-ਚੰਡੀਗੜ੍ਹ ਫੋਟੋਗ੍ਰਾਫਰਜ਼ ਐਸੋਸੀਏਸ਼ਨ (ਸੀ ਪੀ ਏ) ਦੀ ਜਨਰਲ ਹਾਊਸ ਮੀਟਿੰਗ ਮਿਊਜ਼ੀਅਮ ਆਰਟ ਗੈਲਰੀ, ਸੈਕਟਰ 10, ਚੰਡੀਗੜ੍ਹ ਵਿਖੇ ਹੋਈ।

ਇਸ ਦੌਰਾਨ ਤਜਰਬੇਕਾਰ ਅਤੇ ਪ੍ਰਸਿੱਧ ਫੋਟੋਗ੍ਰਾਫਰ ਸਰੋਜ ਸਿੰਘ ਚੌਹਾਨ ਨੂੰ ਐਸੋਸੀਏਸ਼ਨ ਦਾ ਨਵਾਂ ਪ੍ਰਧਾਨ ਚੁਣਿਆ ਗਿਆ।ਇਸ ਦੌਰਾਨ ਨਵੇਂ ਚੁਣੇ ਗਏ ਪ੍ਰਧਾਨ ਸਰੋਜ ਸਿੰਘ ਚੌਹਾਨ ਨੇ ਆਪਣੀ ਤਰਜੀਹ ਸਪੱਸ਼ਟ ਕੀਤੀ ਅਤੇ ਕਿਹਾ ਕਿ ਉਹ ਨਿਰਪੱਖਤਾ, ਪਾਰਦਰਸ਼ਤਾ, ਸ਼ਮੂਲੀਅਤ ਅਤੇ ਨਵੀਨਤਾ ਦੇ ਆਦਰਸ਼ਾਂ ਦੀ ਸੇਵਾ ਦੀ ਭਾਵਨਾ ਨਾਲ ਸੀ ਪੀ ਏ ਦੀ ਟੀਮ ਅਤੇ ਮੈਂਬਰਾਂ ਨਾਲ ਕੰਮ ਕਰਨਗੇ।

# ਵੰਦੇ ਭਾਰਤ ਐਕਸਪ੍ਰੈੱਸ ਚਲਾਉਣ ਲਈ ਰਵਨੀਤ ਬਿੱਟੂ ਵੱਲੋਂ ਪ੍ਰਧਾਨ ਮੰਤਰੀ ਦਾ ਧੰਨਵਾਦ



ਚੰਡੀਗੜ੍ਹ (ਗੁਰਜੀਤ ਬਿੱਲਾ)-ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਮਾਤਾ ਵੈਸ਼ਨੋ ਦੇਵੀ ਕਟੜਾ ਅਤੇ ਪਵਿੱਤਰ ਨਗਰੀ ਅੰਮ੍ਰਿਤਸਰ ਵਿਚਕਾਰ ਨਵੀਂ ਵੰਦੇ ਭਾਰਤ ਐਕਸਪ੍ਰੈੱਸ ਦੀ ਸ਼ੁਰੂਆਤ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਦਾ ਦਿਲੋਂ ਧੰਨਵਾਦ ਕੀਤਾ।ਇਸ ਨੂੰ ਪੰਜਾਬ ਲਈ ਇੱਕ ਮਹੱਤਵਪੂਰਨ ਉਪਲਬਧੀ ਕਰਾਰ ਦਿੰਦਿਆਂ ਮੰਤਰੀ ਨੇ ਕਿਹਾ ਕਿ ਇਹ ਨਵੀਂ ਹਾਈ-ਸਪੀਡ ਟ੍ਰੇਨ ਨਾ ਸਿਰਫ਼ ਸ਼ਰਧਾਲੂਆਂ ਦੀ ਧਾਰਮਿਕ ਯਾਤਰਾ ਨੂੰ ਸੁਖਾਲਾ ਬਣਾਏਗੀ, ਸਗੋਂ ਕਟੜਾ ਅਤੇ ਅੰਮ੍ਰਿਤਸਰ ਵਿਚਕਾਰ ਟੂਰਿਜ਼ਮ ਅਤੇ ਵਪਾਰ ਨੂੰ ਵੀ ਵਧਾਏਗੀ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਵੰਦੇ ਭਾਰਤ ਦੁਆਰਾ ਦਿੱਤਾ ਜਾਣ ਵਾਲਾ ਆਧੁਨਿਕ ਅਤੇ ਆਰਾਮਦਾਇਕ ਯਾਤਰਾ ਅਨੁਭਵ ਇਸ ਖੇਤਰ ਵਿਚ ਆਉਣ-ਜਾਣ ਵਾਲੇ ਯਾਤਰੀਆਂ, ਖਾਸਕਰ ਘਾਟੀ ਵੱਲ ਜਾਣ ਵਾਲਿਆਂ ਨੂੰ ਲਾਭ ਪਹੁੰਚਾਵੇਗਾ।ਨਾਲ ਹੀ ਪਠਾਨਕੋਟ, ਜਲੰਧਰ ਅਤੇ ਬਿਆਸ ਤੋਂ ਸਵਾਰ ਹੋਣ ਵਾਲੇ ਯਾਤਰੀ ਵੀ ਇਸ ਤੋਂ ਲਾਭ ਪ੍ਰਾਪਤ ਕਰਨਗੇ।ਉਨ੍ਹਾਂ ਨੇ ਦੱਸਿਆ ਕਿ ਜਲਦੀ ਹੀ ਕਈ ਨਵੇਂ ਰੇਲਵੇ ਪ੍ਰੋਜੈਕਟਾਂ ਦੀ ਸ਼ੁਰੂਆਤ ਹੋਵੇਗੀ, ਜਿਨ੍ਹਾਂ ਵਿਚ ਨਵੀਆਂ ਰੇਲ ਲਾਈਨਾਂ ਦਾ ਵਿਕਾਸ, ਬਿਹਤਰ ਕਨੈਕਟੀਵਿਟੀ, ਰੋਡ ਓਵਰ ਬ੍ਰਿਜ ਅਤੇ ਰੋਡ ਅੰਡਰ ਬ੍ਰਿਜ ਦਾ ਨਿਰਮਾਣ ਅਤੇ ਰੇਲਵੇ ਸਟੇਸ਼ਨਾਂ ਦੀ ਰੀਡਿਵੈਲਪਮੈਂਟ ਸ਼ਾਮਲ ਹੈ।ਉਨ੍ਹਾਂ ਨੇ ਕਿਹਾ ਕਿ ਜੋ ਪ੍ਰੋਜੈਕਟ ਪਹਿਲਾਂ ਹੀ ਪ੍ਰਗਤੀ 'ਤੇ ਹਨ, ਉਨ੍ਹਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾਵੇਗਾ।ਪ੍ਰਧਾਨ ਮੰਤਰੀ ਦਾ ਪੰਜਾਬ ਲਈ ਦੂਰਅੰਦੇਸ਼ੀ ਵਾਲਾ ਵਿਜ਼ਨ ਹੈ ਜੋ ਕਿ ਰਾਜ ਦੇ ਲੋਕਾਂ ਪ੍ਰਤੀ ਉਨ੍ਹਾਂ ਦੇ ਡੂੰਘੇ ਪਿਆਰ ਨੂੰ ਦਰਸਾਉਂਦਾ ਹੈ।

# ਸਕੂਲ ਟੀਚਰਜ਼ ਫੈਡਰੇਸ਼ਨ ਆਫ਼ ਇੰਡੀਆ ਦਾ ਰਾਸ਼ਟਰੀ ਸੰਮੇਲਨ ਸਮਾਪਤ




ਜਲੰਧਰ (ਰਾਜੇਸ਼ ਥਾਪਾ)-ਅਧਿਆਪਕ ਸੰਗਠਨ ਸਕੂਲ ਟੀਚਰਜ਼ ਫੈਡਰੇਸ਼ਨ ਆਫ਼ ਇੰਡੀਆ ਦੇ ਤਿੰਨ ਦਿਨਾਂ ਰਾਸ਼ਟਰੀ ਸੰਮੇਲਨ 'ਚ ਇੱਕ ਨਵੀਂ ਕਾਰਜਕਾਰਨੀ ਦਾ ਗਠਨ ਕੀਤਾ ਗਿਆ, ਜੋ ਕਿ 8 ਤੋਂ 10 ਅਗਸਤ ਤੱਕ ਕੋਲਕਾਤਾ 'ਚ ਹੋਇਆ।ਇਸ ਸੰਮੇਲਨ ਵਿੱਚ ਅਗਲੇ ਤਿੰਨ ਸਾਲਾਂ ਲਈ ਤੇਲੰਗਾਨਾ ਦੇ ਅਧਿਆਪਕ ਨੇਤਾ ਚਾਵਾ ਰਵੀ ਨੂੰ ਜਨਰਲ ਸਕੱਤਰ ਚੁਣਿਆ ਗਿਆ ਅਤੇ ਹਰਿਆਣਾ ਦੇ ਸੀਨੀਅਰ ਅਧਿਆਪਕ ਨੇਤਾ ਸੀ ਐੱਨ ਭਾਰਤੀ ਨੂੰ ਰਾਸ਼ਟਰੀ ਪ੍ਰਧਾਨ ਚੁਣਿਆ ਗਿਆ ਹੈ। 87 ਮੈਂਬਰ ਰਾਸ਼ਟਰੀ ਕਾਰਜਕਾਰਨੀ 'ਚ ਪੰਜਾਬ ਤੋਂ ਸੁਰਿੰਦਰ ਕੰਬੋਜ ਨੂੰ ਸਕੱਤਰ, ਨਵਪ੍ਰੀਤ ਸਿੰਘ ਬੱਲੀ ਨੂੰ ਜਨਰਲ ਕੌਂਸਲ ਮੈਂਬਰ ਚੁਣਿਆ ਗਿਆ। ਨਵੀਂ ਚੁਣੀ ਗਈ ਕਮੇਟੀ ਨੇ ਅਗਲੇ ਤਿੰਨ ਸਾਲਾਂ ਲਈ ਆਪਣੇ ਟੀਚਿਆਂ ਅਤੇ ਮਤਿਆਂ ਨੂੰ ਦੁਹਰਾਇਆ। ਅਧਿਆਪਕਾਂ ਦੀ ਸਥਾਈ ਭਰਤੀ ਦੀ ਮੰਗ ਸਰਕਾਰ ਦੇ ਸਾਹਮਣੇ ਜ਼ੋਰਦਾਰ ਢੰਗ ਨਾਲ ਰੱਖੀ ਜਾਵੇਗੀ। ਕਾਨਫਰੰਸ ਦੇ ਵਿਦਾਇਗੀ ਸਮਾਗਮ ਮੌਕੇ ਪਿਛਲੇ ਅਹੁਦੇਦਾਰਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਵਿਦਾਇਗੀ ਦਿੱਤੀ ਗਈ, ਨਵੀ ਚੁਣੀ ਟੀਮ ਵੱਲੋਂ ਇਸ ਕਾਨਫਰੰਸ ਮੌਕੇ ਹਿੱਸਾ ਲੈਣ ਵਾਲੇ ਸੂਬਿਆਂ ਦੀਆਂ 25 ਤੋਂ ਵੱਧ ਜਥੇਬੰਦੀਆਂ ਦੇ ਆਗੂਆਂ ਨੂੰ ਵੀ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਪੰਜਾਬ ਤੋਂ ਕਾਨਫਰੰਸ 'ਚ ਸ਼ਾਮਲ ਹੋਣ ਵਾਲੇ ਸਾਥੀਆਂ 'ਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵਿਗਿਆਨਿਕ ਦੇ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ, ਜਨਰਲ ਸਕੱਤਰ ਸੁਰਿੰਦਰ ਕੰਬੋਜ,ਵਿੱਤ ਸਕੱਤਰ ਸੋਮ ਸਿੰਘ, ਰੇਸ਼ਮ ਸਿੰਘ, ਪਰਗਟ ਸਿੰਘ ਜੰਬਰ, ਲਾਲ ਚੰਦ ਨਵਾਂ ਸ਼ਹਿਰ, ਅਸ਼ਵਨੀ ਕੁਮਾਰ, ਪੰਕਜ ਕੁਮਾਰ, ਗੁਰਪ੍ਰੀਤ ਸਿੰਘ ਮੁਕਤਸਰ ਹਾਜ਼ਰ ਰਹੇ।

# ਦੁਆਬਾ ਸਾਹਿਤ ਸਭਾ ਨੇ ਕਰਵਾਇਆ ਸਾਵਣ ਕਵੀ ਦਰਬਾਰ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)-ਦੁਆਬਾ ਸਾਹਿਤ ਸਭਾ (ਰਜਿ.) ਗੜ੍ਹਸ਼ੰਕਰ ਵੱਲੋਂ ਸਾਹਿਤ ਸਭਾ ਦੀ ਮਹੀਨਾ ਵਾਰ ਮੀਟਿੰਗ ਵਿੱਚ ਵਿਚਾਰ ਚਰਚਾ ਅਤੇ ਸਾਵਣ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਸਭਾ ਮੈਂਬਰਾਂ ਤੋਂ ਇਲਾਵਾ ਗੜ੍ਹਸ਼ੰਕਰ ਤਹਿਸੀਲ ਵਿੱਚ ਸਰਗਰਮ ਵੱਖ-ਵੱਖ ਜਨਤਕ ਜਮਹੂਰੀ ਅਤੇ ਮੁਲਾਜ਼ਮ ਜਥੇਬੰਦੀਆਂ ਦੇ ਮੈਂਬਰਾਂ ਵੱਲੋਂ ਹਿੱਸਾ ਲਿਆ ਗਿਆ।



ਵਿਚਾਰ ਚਰਚਾ ਦੇ ਸ਼ੁਰੂਆਤ ਵਿੱਚ ਦੇਸ਼ ਦੇ ਹਾਲਾਤ, ਸਿੱਖਿਆ ਵਿੱਚ ਕੀਤੀਆਂ ਜਾ ਰਹੀਆਂ ਤਬਦੀਲੀਆਂ ਤੇ ਪੰਜਾਬ ਦੇ ਗੌਰਵਮਈ ਇਤਿਹਾਸ ਤੇ ਸਭਾ ਪ੍ਰਧਾਨ ਪ੍ਰਿੰਸੀਪਲ ਡਾ.ਬਿੱਕਰ ਸਿੰਘ, ਮੁਲਾਜ਼ਮ ਆਗੂ ਮੁਕੇਸ਼ ਕੁਮਾਰ,ਪ੍ਰਿੰਸੀਪਲ ਵਿਜੇ ਭੱਟੀ,ਬਲਵੀਰ ਸਿੰਘ ਖਾਨਪੁਰੀ ਅਤੇ ਸੰਤੋਖਵੀਰ ਨੇ ਵਿਚਾਰ ਪੇਸ਼ ਕਰਦਿਆ ਕੇਂਦਰ ਦੀ ਹਕੂਮਤ ਵਲੋਂ ਇਤਿਹਾਸ ਨੂੰ ਤੋੜ ਮਰੋੜਨ ਅਤੇ ਗੈਰ ਵਿਗਿਆਨਕ ਬਣਾਉਣ ਦੀ ਅਲੋਚਨਾ ਕੀਤੀ। ਇਸ ਵੇਲੇ ਵਿਚਾਰ ਚਰਚਾ ਵਿੱਚ ਹੰਸਰਾਜ ਗੜਸ਼ੰਕਰ,ਗੁਰਮੇਲ ਸਿੰਘ, ਜਰਨੈਲ ਸਿੰਘ ਡਘਾਮ,ਗੁਰਮੀਤ ਰਾਮ ਸਮੁੰਦੜਾ,ਸਤਪਾਲ ਕਲੇਰ ਚੱਕ ਫੁੱਲੂ, ਅਮਰਜੀਤ ਸਿੰਘ ਬੰਗੜ ਆਦਿ ਨੇ ਭਾਗ ਲਿਆ। ਵਿਚਾਰ ਚਰਚਾ ਤੋ ਬਾਅਦ ਹੋਏ ਸਾਵਣ ਕਵੀ ਦਰਬਾਰ ਵਿੱਚ ਸੰਤੋਖਵੀਰ ਅਤੇ ਵਿਜੇ ਕੁਮਾਰ ਭੱਟੀ ਨੇ ਆਪਣੀਆ ਕਵਿਤਾਵਾਂ ਰਾਹੀ ਸਰੋਤਿਆ ਨੂੰ ਨਿਹਾਲ ਕਰਦਿਆ ਰੰਗ ਬੰਨ੍ਹ ਦਿੱਤਾ।

11 Aug Page 12.qxd 8/10/2025 10:16 PM Page 1



## ਦਿਨੇਸ਼ ਢੱਲ ਵੱਲੋਂ ਨਵੀਆਂ ਸੜਕਾਂ ਦਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ)** ਜਲੰਧਰ ਨੌਰਥ ਹਲਕੇ ਦੇ ਇੰਚਾਰਜ ਦਿਨੇਸ਼ ਢੱਲ ਵੱਲੋਂ ਵਾਰਡ ਨੰਬਰ 2 ਅਤੇ 3 ਦੇ ਬਚਿੰਤ ਨਗਰ ਇਲਾਕੇ ਵਿੱਚ ਨਵੀਂ ਬਣੀ ਸੜਕਾਂ ਦਾ ਉਦਘਾਟਨ ਕੀਤਾ ਗਿਆ।ਢੱਲ ਨੇ ਕਿਹਾ ਕਿ ਨਵੀਆਂ ਸੜਕਾਂ ਬਣਨ ਨਾਲ ਨਿਰਵਿਘਨ




ਆਵਾਜਾਈ ਨੂੰ ਯਕੀਨੀ ਬਣਾਇਆ ਗਿਆ ਹੈ ਅਤੇ ਇਲਾਕੇ ਦੇ ਸਮੁੱਚੇ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ।ਉਨ੍ਹਾਂ ਨੇ ਦੱਸਿਆ ਕਿ ਜਲੰਧਰ ਨੌਰਥ ਹਲਕੇ ਦੇ ਹਰੇਕ ਵਾਰਡ ਵਿੱਚ ਵਿਕਾਸ ਕਾਰਜ ਲਗਾਤਾਰ ਚੱਲ ਰਹੇ ਹਨ ਅਤੇ ਲੋਕਾਂ ਦੀਆਂ ਜਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਤੁਰੰਤ ਕਾਰਵਾਈ ਕੀਤੀ ਜਾ ਰਹੀ ਹੈ।ਇਸ ਮੌਕੇ ਉਥੇ ਮੌਜੂਦ ਸਥਾਨਕ ਨਿਵਾਸੀਆਂ ਨੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕੰਮਾਂ 'ਤੇ ਸੰਤੋਸ਼ ਜਤਾਇਆ ਅਤੇ ਭਵਿੱਖ ਵਿੱਚ ਹੋਰ ਬਿਹਤਰੀ ਦੀ ਉਮੀਦ ਵਿਅਕਤ ਕੀਤੀ।

## ਕੈਰਬੀ ਨੇ ਲਾਈਵ ਕੱਥਕ ਡਾਂਸ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਹਰਜਿੰਦਰ ਸਿੰਘ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਕੁਮਾਰ ਦੀ ਅਗਵਾਈ ਹੇਠ ਹਿੰਦੂ ਕੰਨਿਆ ਕਾਲਜ ਕਪੂਰਥਲਾ ਵਿਖੇ ਜ਼ਿਲ੍ਹਾ ਪੱਧਰੀ ਕਲਾ ਉਤਸਵ ਦੇ ਮੁਕਾਬਲੇ ਕਰਵਾਏ ਗਏ। ਇਸ ਵਿੱਚ ਸਕੂਲ ਆਫ਼ ਐਮੀਨੈਂਸ ਫ਼ਗਵਾੜਾ ਦੀ ਵਿਦਿਆਰਥਣ ਕੈਰਬੀ ਨੇ ਲਾਈਵ ਕੱਥਕ ਡਾਂਸ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ। ਕੋਆਰਡੀਨੇਟਰ ਸੁਨੀਲ ਬਜਾਜ ਅਤੇ ਜੱਜ ਨੇ ਕੈਰਬੀ ਅਤੇ ਉਸਦੇ ਗਾਈਡ ਅਧਿਆਪਕ ਸੁਮੀਤ ਗੁਪਤਾ ਨੂੰ ਸਨਮਾਨਿਤ ਕੀਤਾ। ਸਕੂਲ ਦੇ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਅਤੇ ਸਕੂਲ ਸਟਾਫ਼ ਨੇ ਕੈਰਬੀ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਸਨੇ ਆਪਣੀ ਮਿਹਨਤ ਨਾਲ ਇਹ ਇਨਾਮ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਜੱਸ ਸੁਖਵਿੰਦਰ ਸਿੰਘ ਵਿੱਕੋ ਅਤੇ ਸ੍ਰੀਮਤੀ ਸੁਰਜੀਤ ਕੌਰ, ਜੋਤੀ ਮਹਿੰਦ੍ਰੂ (ਮੁੱਖ ਅਧਿਆਪਕ), ਸਤਨਾਮ ਸਿੰਘ ਰੰਧਾਵਾ, ਸ੍ਰੀਮਤੀ ਮਨਜੀਤ ਕੌਰ, ਸਰਪੰਚ ਬਲਜੀਤ ਸਿੰਘ ਬਾਜਵਾ, ਨੈਸ਼ਨਲ ਅਵਾਰਡੀ ਸਰਵਨ ਸਿੰਘ ਔਜਲਾ, ਜਗਜੀਤ ਸਿੰਘ ਕੰਪਿਊਟਰ ਅਧਿਆਪਕ ਅਤੇ ਕਮਲਜੀਤ ਸਿੰਘ ਹਾਜ਼ਰ ਸਨ।

## ਡਾ. ਰਾਜ ਕੁਮਾਰ ਤੇ ਡਾ. ਇਸ਼ਾਂਕ ਕੁਮਾਰ ਚੱਬੇਵਾਲ ਡੇਰਾ ਬਾਬਾ ਦੋ ਗੁੱਤਾਂ ਵਾਲਿਆਂ ਦੇ ਨਤਮਸਤਕ



**ਮਾਹਿਲਪੁਰ (ਸਫ਼ਰੀ)** - ਹੁਸ਼ਿਆਰਪੁਰ ਤੋਂ ਲੋਕ ਸਭਾ ਦੇ ਮੈਂਬਰ ਡਾਕਟਰ ਰਾਜ ਕੁਮਾਰ ਚੱਬੇਵਾਲ ਤੇ ਹਲਕਾ ਵਿਧਾਇਕ ਡਾਕਟਰ ਇਸ਼ਾਂਕ ਕੁਮਾਰ ਬਾਬਾ ਦੋ ਗੁੱਤਾਂ ਵਾਲਿਆਂ ਦੇ ਡੇਰੇ ਬੈਕੁੰਠ ਧਾਮ ਵਿਖੇ ਨਤਮਸਤਕ ਹੋਣ ਲਈ ਪਹੁੰਚੇ।ਡੇਰੇ ਦੇ ਮੁੱਖ ਸੇਵਾਦਾਰ ਸਵ. ਬਾਬਾ ਕ੍ਰਿਸ਼ਨ ਬਿਤਾਏ ਸਮੇਂ ਦੀਆਂ ਯਾਦਾਂ ਸੰਗਤਾਂ ਨਾਲ ਸਾਂਝਾ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ।ਡੇਰੇ ਦੇ ਨਵੇਂ ਥਾਪੇ ਮੁੱਖ ਸੇਵਾਦਾਰ ਮਦਨ ਲਾਲ ਨੂੰ ਉਨ੍ਹਾਂ ਡੇਰੇ ਤੇ ਇਲਾਕੇ ਦੇ ਵਿਕਾਸ ਲਈ ਹਰ ਸੰਭਵ ਮੱਦਦ ਦੇਣ ਦਾ ਭਰੋਸਾ ਦਿਵਾਇਆ।ਇਸ ਮੌਕੇ 'ਤੇ ਮੰਡ,ਪਵਨ ਕੁਮਾਰ ਅਮਰੀਕਾ,ਵਾਸਦੇਵ ਲਲਵਾਣ,ਗਾਇਕ ਮਕਬੂਲ,ਸਰਪੰਚ ਸੁਰਿੰਦਰ ਕੌਰ ਭੁੱਲੇਵਾਲ ਗੁੱਜਰਾਂ,ਮਨਦਲੀਪ ਸਿੰਘ ਕੋਲੇਵਾਲ,ਤਲਵਿੰਦਰ ਸਿੰਘ ਹੀਰ,ਕੁਲਦੀਪ ਸਿੰਘ ਸਰਪੰਚ ਸ਼ੇਰਪੁਰ,ਹਰਦੀਪ ਸਿੰਘ ਠੇਕੇਦਾਰ ਸਰਪੰਚ ਬੋਹੋਵਾਲ, ਇਕਬਾਲ ਸਿੰਘ ਕਾਲੇਵਾਲ ਭਗਤਾਂ,ਮਹਿੰਦਰ ਸਿੰਘ,ਬਿੱਲਾ ਮਾਹਿਲਪੁਰ,ਗੁਰਪ੍ਰੀਤ ਮਾਹਿਲਪੁਰੀ,ਗੁਰਬਖਸ਼ੀਸ਼ ਸਿੰਘ ਬੱਗਾ,ਬਿੱਟੂ ਕਾਲੇਵਾਲ,ਲਸ਼ਕਰ ਸਿੰਘ ਫੱਗੀ,ਗੁਰਚਰਨ ਸਿੰਘ,ਮਨਪ੍ਰੀਤ ਕੌਰ,ਬਿੱਲਾ ਲਲਵਾਣ,ਕੁਲ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਬਾਬਾ ਜੀ ਦੇ ਦਰਬਾਰ ਵਿਖੇ ਪਹੁੰਚੀਆਂ ਹੋਈਆਂ ਸਨ।

## ਨੌਰਵੁੱਡ ਸਕੂਲ ਚਾਹਲ 'ਚ ਪਹਿਲਾ ਸਾਲਾਨਾ ਪ੍ਰਾਪਤੀਆਂ ਪੁਰਸਕਾਰ ਸਮਾਰੋਹ



**ਬਲਾਚੌਰ (ਜਸਵਿੰਦਰ ਬੈਂਸ)**- ਨੌਰਵੁੱਡ ਸਕੂਲ, ਚਾਹਲ ਵਿਖੇ ਪਹਿਲਾ ਸਾਲਾਨਾ ਪ੍ਰਾਪਤੀਆਂ ਪੁਰਸਕਾਰ ਸਮਾਰੋਹ ਦਾ ਨੌਰਵੁੱਡ ਸਕੂਲ, ਚਾਹਲ ਵਿਖੇ ਬਹੁਤ ਹੀ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਹ ਸਾਡੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਅਤੇ ਉਨ੍ਹਾਂ ਦਾ ਸਨਮਾਨ ਕਰਨ ਦਾ ਦਿਨ ਸੀ। ਵਿਭਿੰਨਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੁਆਰਾ ਸੱਭਿਆਚਾਰਕ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ। ਇਸ ਖੁਸ਼ੀ ਦੇ ਮੌਕੇ ਮੁੱਖ ਮਹਿਮਾਨ ਮੈਡਮ ਕ੍ਰਿਤਿਕਾ ਗੋਇਲ ਐੱਸ ਡੀ ਐੱਮ ਬਲਾਚੌਰ, ਸਤਨਾਮ ਸਿੰਘ ਚੇਚੀ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਪ੍ਰਸ਼ੋਤਮ ਲਾਲ ਚੀਫ ਪੈਟਰਨ, ਮੋਹਿਤ ਕੁਮਾਰ ਚੇਅਰਮੈਨ, ਸ੍ਰੀਮਤੀ ਪੂਜਾ ਚੌਧਰੀ ਡਾਇਰੈਕਟਰ, ਰਵਿੰਦਰ ਸਿੰਘ ਭਨੈਟ ਪ੍ਰਿੰਸੀਪਲ, ਰਜਨੀ ਭਨੈਟ ਵਾਈਸ ਪ੍ਰਿੰਸੀਪਲ ਮੌਜੂਦ ਸਨ, ਜਿਨ੍ਹਾ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਬੱਚਿਆਂ ਦੀ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ।

# ਡੀ ਜੀ ਪੀ ਰਾਮ ਸਿੰਘ ਦੀ ਅਗਵਾਈ ਹੇਠ ਚਲਾਇਆ ਵਿਸ਼ੇਸ਼ ਕਾਸੋ ਆਪ੍ਰੇਸ਼ਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**— ਸਪੈਸ਼ਲ ਡੀ.ਜੀ.ਪੀ. (ਟੈਕਨੀਕਲ ਸਪੋਰਟ ਸਰਵਿਸਿਜ਼) ਰਾਮ ਸਿੰਘ, ਆਈ.ਪੀ.ਐਸ. ਅਤੇ ਪੁਲਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ ਦੀ ਅਗਵਾਈ ਹੇਠ ਸ਼ਹਿਰ ਵਿੱਚ



ਇੱਕ ਸਪੈਸ਼ਲ ਕਾਸੋ ਆਪ੍ਰੇਸ਼ਨ ਚਲਾਇਆ ਗਿਆ। ਜੁਆਇੰਟ ਪੁਲਸ ਕਮਿਸ਼ਨਰ ਸੰਦੀਪ ਸ਼ਰਮਾ, ਡੀ.ਸੀ.ਪੀ. ਲਾਅ ਐਂਡ ਆਰਡਰ ਨਰੇਸ਼ ਕੁਮਾਰ, ਏ.ਡੀ.ਸੀ.ਪੀ.-1 ਆਕਰਸ਼ੀ ਜੈਨ ਅਤੇ ਏ.ਸੀ.ਪੀ ਨੌਰਥ ਅਮਰ ਨਾਥ ਦੀ ਨਿਗਰਾਨੀ ਹੇਠ ਪਛਾਣੇ ਗਏ ਡਰੱਗ ਹੋਟਸਪੋਟਾਂ 'ਤੇ ਕੁੱਲ 130 ਪੁਲਸ ਕਰਮਚਾਰੀ ਤਾਇਨਾਤ ਕੀਤੇ ਗਏ।ਇਸ ਕਾਰਵਾਈ ਦਾ ਮੁੱਖ ਉਦੇਸ਼ ਸ਼ਹਿਰ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਨਾਲ ਨਜਿੱਠਣਾ ਸੀ। ਇਸ ਕਾਰਵਾਈ ਦੌਰਾਨ ਅਵਤਾਰ ਨਗਰ ਨੇੜੇ ਚੁਗਿੱਟੀ ਰਾਮਾ ਮੰਡੀ ਅਤੇ ਇੰਦਰਾ ਕਲੋਨੀ ਨੇੜੇ ਵੇਰਕਾ ਮਿਲਕ ਪਲਾਂਟ ਜਲੰਧਰ ਵਿਖੇ ਵਿਸ਼ੇਸ਼ ਚੈਕਿੰਗ ਕੀਤੀ ਗਈ। ਸਬੰਧਤ ਐਸ.ਐਚ.ਓਜ਼ ਅਤੇ ਉਨ੍ਹਾਂ ਦੀਆਂ ਪੁਲਸ ਟੀਮਾਂ ਦੀ ਸਰਗਰਮ ਸ਼ਮੂਲੀਅਤ ਅਤੇ ਸਹਾਇਤਾ ਨਾਲ ਪੂਰੀ ਤਰ੍ਹਾਂ ਜਾਂਚ ਅਤੇ ਚੌਕਸੀ ਵਧਾਉਣ ਲਈ ਮੁੱਖ ਥਾਵਾਂ 'ਤੇ ਕਈ ਨਾਕੇ ਲਗਾਏ ਗਏ। ਕਾਨੂੰਨ ਦੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀਆਂ ਦੀ ਪਛਾਣ ਕਰਨ ਲਈ ਰਿਹਾਇਸ਼ੀ ਅਤੇ ਵਪਾਰਕ ਖੇਤਰਾਂ ਵਿੱਚ ਵਿਆਪਕ ਤਲਾਸ਼ੀ ਕੀਤੀ ਗਈ।ਇਹ ਕਾਰਵਾਈ ਜਲੰਧਰ ਪੁਲਸ ਦੇ ਸ਼ਹਿਰ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ, ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ, ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਦੇ ਨਿਰੰਤਰ ਯਤਨਾਂ ਦਾ ਹਿੱਸਾ ਹੈ।

# ਡੇਂਗੂ ਤੋਂ ਬਚਾਓ ਲਈ ਰਹਿਣਾ ਪਵੇਗਾ ਸਤਰਕ : ਡਾ. ਨਿਸ਼ਚਲ ਸ਼ਰਮਾ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਮੌਸਮ ਬਦਲਣ ਦੇ ਨਾਲ਼-ਨਾਲ਼ ਡੇਂਗੂ ਦਾ ਖਤਰਾ ਮੰਡਰਾਉਣ ਲੱਗ ਪੈਂਦਾ ਹੈ। ਡੇਂਗੂ ਦੇ ਬੁਖਾਰ ਦਾ ਕਹਿਰ ਇਨ੍ਹੀ ਦਿਨੀਂ ਬੜੀ ਤੇਜ਼ੀ ਨਾਲ਼ ਫੈਲਦਾ ਹੈ।ਆਯੁਰਵੈਦਿਕ ਮੈਡੀਕਲ ਅਫਸਰ ਡਾ. ਨਿਸ਼ਚਲ ਸ਼ਰਮਾ ਨੇ ਦੱਸਿਆ ਕਿ ਸਿਵਲ ਸਰਜਨ ਰੂਪਨਗਰ ਡਾ. ਬਲਵਿੰਦਰ ਕੌਰ ਅਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਕੀਰਤਪੁਰ ਸਾਹਿਬ ਡਾ. ਜੰਗਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਲਾਕ ਕੀਰਤਪੁਰ ਸਾਹਿਬ ਦੇ ਏਰੀਏ ਵਿੱਚ ਡੇਂਗੂ ਦੇ ਬੁਖਾਰ ਵਾਲ਼ੇ ਕੇਸਾਂ ਨੂੰ ਮੁੱਖ ਰੱਖਦੇ ਹੋਏ ਸਕੂਲਾਂ/ਕਾਲਜਾਂ/ ਅਤੇ ਹੋਰ ਜਨਤਕ ਥਾਵਾਂ 'ਤੇ ਡੇਂਗੂ ਬੁਖਾਰ ਬਾਰੇ ਜਾਗਰੂਕਤਾ ਅਭਿਆਨ ਚਲਾਇਆ ਗਿਆ ਹੈ।ਮਿੰਨੀ ਪੀ. ਐਚ.ਸੀ ਢੇਰ ਵਿਖੇ ਆਏ ਹੋਏ ਮਰੀਜ਼ਾਂ ਅਤੇ ਹੋਰ ਲੋਕਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਬੁਖਾਰ ਏਡੀਜ਼ ਮੱਛਰ ਦੇ ਕੱਟਣ ਨਾਲ਼ ਹੁੰਦਾ ਹੈ ਜਿਸ ਨੂੰ ਠੀਕ ਹੋਣ ਵਿੱਚ ਕਾਫੀ ਸਮਾਂ ਲੱਗਦਾ ਹੈ। ਮੱਛਰ ਦੇ ਕੱਟਣ ਦੇ ਲਗਭਗ 3-4 ਦਿਨਾਂ ਬਾਅਦ ਡੇਂਗੂ ਬੁਖਾਰ ਦੇ ਲੱਛਣ ਦਿਖਾਈ ਦੇਣ ਲੱਗਦੇ ਹਨ, ਜਿਹਨਾਂ ਦਾ ਸਮੇਂ-ਸਮੇਂ ਤੇ ਇਲਾਜ਼ ਹੋਣ ਨਾਲ਼ ਹਾਲਾਤ ਕਾਬੂ ਵਿੱਚ ਰਹਿ ਸਕਦੇ ਹਨ, ਨਹੀਂ ਤਾਂ ਇਹ ਬਿਮਾਰੀ ਜਾਨਲੇਵਾ ਵੀ ਹੋ ਸਕਦੀ ਹੈ। ਡੇਂਗੂ ਦਾ ਬੁਖਾਰ ਹੋਣ ਤੇ ਤੇਜ਼ ਠੰਡ ਲੱਗਦੀ ਹੈ, ਇਸ ਦੇ ਨਾਲ਼ ਹੀ ਸਿਰ ਦਰਦ, ਕਮਰ ਦਰਦ, ਅੱਖਾਂ ਵਿੱਚ ਤੇਜ਼ ਦਰਦ



ਹੋਣ ਲੱਗ ਜਾਂਦਾ ਹੈ। ਜੋੜਾਂ ਵਿੱਚ ਦਰਦ ਤੋਂ ਇਲਾਵਾ ਉਲਟੀਆਂ ਅਤੇ ਬਲੱਡ ਪ੍ਰੈਸ਼ਰ ਵਰਗੀਆਂ ਸਮੱਸਿਆਵਾਂ ਹੋ ਜਾਂਦੀਆਂ ਹਨ।ਉਹਨਾਂ ਦੱਸਿਆ ਕਿ ਡੇਂਗੂ ਦੇ ਲੱਛਣਾਂ ਵਿੱਚ ਤੇਜ਼ ਬੁਖਾਰ, ਹੱਥਾਂ ਪੈਰਾਂ ਵਿੱਚ ਦਰਦ, ਭੁੱਖ ਨਾ ਲੱਗਣਾ, ਉਲਟੀ ਆਉਣਾ, ਅੱਖਾਂ ਵਿੱਚ ਦਰਦ, ਸਿਰਦਰਦ, ਕਮਜ਼ੋਰੀ ਆਦਿ ਲੱਛਣ ਆਮ ਹੁੰਦੇ ਹਨ। ਪਰ ਜੇ ਸਮੇਂ ਸਿਰ ਸਥਿਤੀ ਤੇ ਕਾਬੂ ਨਾ ਪਾਇਆ ਜਾਵੇ ਤਾਂ ਹਾਲਾਤ ਹੋਰ ਵੀ ਗੰਭੀਰ ਹੋ ਜਾਂਦੇ ਹਨ।ਇਸ ਸਮੇਂ ਸੰਬੋਧਨ ਕਰਦੇ ਹੋਏ ਡਾ. ਜਸਕਿਰਨ ਕੌਰ ਨੇ ਦੱਸਿਆ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਸਦੇ ਲੋਕਾਂ ਨੂੰ ਇਸ ਸੰਬੰਧੀ ਜਾਗਰੂਕ ਕਰਨ ਲਈ ਮਲਟੀਪਰਪਜ਼ ਹੈਲਥ ਵਰਕਰ ਘਰ-ਘਰ ਜਾ ਕੇ ਲੋਕਾਂ ਨੂੰ 'ਫਰਾਈ ਡੇ, ਇਜ਼ ਏ ਡ੍ਰਾਈ ਡੇ' ਵਾਰੇ ਸਮਝਾਉਂਦੇ ਹਨ ਤਾਂ ਜੋ ਲੋਕ ਸਤਰਕ ਰਹਿਣ ਅਤੇ ਹਰ ਹਫਤੇ ਆਪਣੇ ਘਰਾਂ ਵਿੱਚ ਕੂਲਰਾਂ ਦੇ ਪਾਣੀ ਨੂੰ ਬਦਲਣ ਅਤੇ ਘਰਾਂ ਦੀਆਂ ਛੱਤਾਂ ਉੱਪਰ ਟੁੱਟੇ-ਫੁੱਟੇ ਬਰਤਨ ਨਾ ਸੁੱਟਣ ਤਾਂ ਕਿ ਉਹਨਾਂ ਵਿੱਚ ਬਰਸਾਤੀ ਪਾਣੀ ਜਮ੍ਹਾਂ ਨਾ ਹੋਵੇ ਅਤੇ ਮੱਛਰਾਂ ਦੀ ਪੈਦਾਵਾਰ ਨੂੰ ਰੋਕਿਆ ਜਾ ਸਕੇ।ਹੈਲਥ ਇੰਸਪੈਕਟਰ ਬਲਵੰਤ ਰਾਏ ਨੇ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਦੇ ਟੈਸਟ ਅਤੇ ਦਵਾਈ ਮੁਫਤ ਮਿਲਦੀ ਹੈ। ਬੁਖਾਰ ਹੋਣ ਦੀ ਸੂਰਤ ਵਿੱਚ ਅਤੇ ਉਪਰੋਕਤ ਚਿੰਨ੍ਹ-ਲੱਛਣ ਹੋਣ ਤੇ ਜਲਦੀ ਸਰਕਾਰੀ ਸਿਹਤ ਸੰਸਥਾ ਵਿੱਚ ਚੈਕ-ਅਪ ਕਰਵਾਉਣਾ ਚਾਹੀਦਾ ਹੈ ਤਾਂ ਜੋ ਸਮੇਂ ਸਿਰ ਇਲਾਜ਼ ਹੋ ਸਕੇ ਅਤੇ ਕਿਸੀ ਵੀ ਤਰ੍ਹਾਂ ਦੇ ਨੁਕਸਾਨ ਤੋਂ ਬਚਿਆ ਜਾ ਸਕੇ। ਇਸ ਮੌਕੇ ਸਿਹਤ ਵਿਭਾਗ ਤੋਂ ਨਰੇਸ਼ ਕੁਮਾਰ, ਜੌਂਤੀ ਸ਼ਰਮਾ ਫਾਰਮੇਸੀ ਅਫਸਰ, ਹਰਪਿੰਦਰ ਸਿੰਘ ਫਾਰਮੇਸੀ ਅਫਸਰ, ਰਜਨੀ ਦੇਵੀ ਕਲੀਨੀਕਲ ਅਸਿਸਟੈਂਟ ਹਾਜ਼ਰ ਸਨ।

# ਲਿਟਲ ਕਿੰਗਡਮ ਸਕੂਲ ਵੱਲੋਂ ਕਰਵਾਏ ਗਏ ਕ੍ਰਿਕਟ ਮੁਕਾਬਲੇ 'ਚ ਗਿੱਲਜ਼ ਰੈੱਡ ਟੀਮ ਰਹੀ ਜੇਤੂ

**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ, ਓਂਕਾਰ ਸਿੰਘ)**- ਖੇਡਾਂ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਖੇਤਰ ਦੀ ਪ੍ਰਮੁੱਖ ਵਿਦਿਅਕ ਸੰਸਥਾ, ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਵੱਲੋਂ ਆਪਣੇ ਕੈਂਪਸ ਵਿਚ ਖੋਲੀ ਗਈ ਗਿੱਲ ਬਾਕਸ ਕ੍ਰਿਕਟ ਅਕੈਡਮੀ ਵਿਚ ਟੀ-20 ਕ੍ਰਿਕਟ ਮੁਕਾਬਲੇ ਆਯੋਜਿਤ ਕੀਤੇ ਗਏ।ਕੁਲਦੀਪ ਸਿੰਘ ਗਿੱਲ ਅਤੇ ਗਗਨ ਵੈਦ ਦੀ ਅਗਵਾਈ ਹੇਠ ਹੋਏ ਇਨ੍ਹਾਂ ਮੈਚਾਂ ਦਾ ਉਦਘਾਟਨ ਸਰਪੰਚ ਸੁਰਜੀਤ ਸਿੰਘ ਡੁਮਾਣਾ ਨੇ ਕੀਤਾ। ਇਸ ਦੌਰਾਨ, ਫਾਈਨਲ ਮੈਚ ਵਿਚ , ਕੈਪਟਨ ਕ੍ਰਿਸ਼ ਕੁਮਾਰ ਦੀ ਗਿੱਲਜ਼ ਰੈੱਡ ਟੀਮ ਨੇ ਕੈਪਟਨ ਰਵਿਤ ਦੀ ਗਿੱਲਜ਼ ਬਲੂ ਟੀਮ ਨੂੰ 7 ਵਿਕਟਾਂ ਨਾਲ ਹਰਾਇਆ। ਮੈਚ ਵਿਚ ਬਿਨਾਂ ਆਊਟ ਹੋਏ 42 ਦੌੜਾਂ ਬਣਾਉਣ ਵਾਲੇ ਵੰਸ਼ ਮੰਗਲ ਨੂੰ ਮੈਚ ਦਾ ਸਰਵੋਤਮ ਖਿਡਾਰੀ ਚੁਣਿਆ ਗਿਆ। ਇਸੇ ਤਰ੍ਹਾਂ, ਨਿਵਿਦ ਭੱਲਾ ਨੂੰ ਸਰਵੋਤਮ ਗੇਂਦਬਾਜ਼ ਅਤੇ ਯੁਵਰਾਜ ਪੁਰੀ ਨੂੰ ਸਰਵੋਤਮ ਕੈਚਰ ਚੁਣਿਆ ਗਿਆ। ਇਸ ਦੌਰਾਨ ਮੁੱਖ ਮਹਿਮਾਨ ਸੁਰਜੀਤ ਸਿੰਘ, ਡਾ. ਅਮਿਤ ਪਾਠਕ, ਅਮਿਤ ਬੱਸੀ, ਬੰਟੀ ਮਿਆਣੀ,



ਡਾ. ਰਾਜਾ ਦਿਆਲ, ਵਿਪੁਲ ਸਿੰਘ ਮੁਲਤਾਨੀ, ਮੁਨੀਸ਼ ਸੋਂਧੀ, ਮਨਦੀਪ ਸਿੰਘ ਅਤੇ ਖਿਡਾਰੀਆਂ ਦੇ ਮਾਪਿਆਂ ਨੇ ਜੇਤੂਆਂ ਨੂੰ ਮੈਡਲ ਅਤੇ ਟਰਾਫੀਆਂ ਦਿੱਤੀਆਂ।ਇਸ ਦੌਰਾਨ ਜੇਤੂ ਟੀਮ ਦੇ ਕਪਤਾਨ ਕ੍ਰਿਸ਼ ਕੁਮਾਰ, ਪ੍ਰਤੀਕ ਸ਼ਰਮਾ, ਵੰਸ਼ ਮੰਗਲ, ਨਮਨ ਕੁਮਾਰ, ਯੁਵਰਾਜ ਪੁਰੀ, ਇਸ਼ਾਂਤ ਵੈਦ , ਨਵਜੋਤ ਸਿੰਘ, ਗੁਰਮਨ ਸਿੰਘ, ਸਮਰਪ੍ਰੀਤ, ਅੰਗਦ ਸਿੰਘ ਅਤੇ ਜਤਿਨ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕਰਦੇ ਹੋਏ ਸਕੂਲ ਪ੍ਰਧਾਨ ਗਗਨ ਵੈਦ ਅਤੇ ਕੁਲਦੀਪ ਸਿੰਘ ਗਿੱਲ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਅਕੈਡਮੀ ਵਿਚ ਕੋਚ ਸੰਦੀਪ ਕੁਮਾਰ ਦੀ ਅਗਵਾਈ ਹੇਠ ਬੱਚਿਆਂ ਨੂੰ ਕ੍ਰਿਕਟ ਦੇ ਗੁਰ ਸਿਖਾਏ ਜਾਣਗੇ ਅਤੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ ਪ੍ਰਦਾਨ ਕੀਤੀਆਂਜਾ ਰਹੀਆਂ ਹਨ ।ਰਵਿਤ ਜੋਤ ਸਿੰਘ, ਅਰਪਿਤ ਬੱਸੀ, ਸਨਮਪ੍ਰੀਤ ਸਿੰਘ, ਨਿਵਿਦ ਭੱਲਾ, ਤਨਿਸ਼, ਮਨਵੀਰ, ਰਣਵੀਰ, ਗੁਰਸੇਵਕ, ਪ੍ਰਿਥਵੀਕ, ਯੁਵਰਾਜ ਵੈਦ , ਮੋਹਿਤ ਸ਼ਰਮਾ ਨੂੰ ਵੀ ਮੈਡਲ ਦਿੱਤੇ ਗਏ। ਇਸ ਮੌਕੇ ਬਲਵਿੰਦਰ ਕੌਰ ਗਿੱਲ, ਨੇਹਾ ਵੈਦ , ਪ੍ਰਿੰਸੀਪਲ ਮੀਤਾ ਆਨੰਦ, ਨਿਸ਼ਾਂਤ ਵੈਦ , ਕੌਂਸਲਰ ਆਸ਼ੂ ਵੈਦ , ਮੋਹਿਨ ਵੈਦ , ਸੁਸ਼ਾਂਤ ਵੈਦ ਸੰਦੀਪ ਭੱਲਾ, ਸੂਰਜ ਸਹੋਤਾ, ਹਰਪ੍ਰੀਤ ਸਿੰਘ ਕਮਾਂਡਰ, ਲਖਵੀਰ ਸਿੰਘ ਆਦਿ ਮੌਜੂਦ ਸਨ।

# ਡਾ. ਰਵਜੋਤ ਨੇ ਕਿਸਾਨਾਂ ਨੂੰ ਸਬਸਿਡੀ 'ਤੇ ਆਧੁਨਿਕ ਖੇਤੀ ਮਸ਼ੀਨਾਂ ਕੀਤੀਆਂ ਪ੍ਰਦਾਨ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਅਧੀਨ ਆਉਂਦੇ ਬਲਾਕ ਭੂੰਗਾ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਖੇਤੀਬਾੜੀ ਅਤੇ



ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਸਹਿਯੋਗ ਨਾਲ ਬਲਾਕ ਭੂੰਗਾ ਵਿੱਚ ਕਿਸਾਨਾਂ ਨੂੰ ਸਬਸਿਡੀ 'ਤੇ ਆਧੁਨਿਕ ਖੇਤੀ ਮਸ਼ੀਨਾਂ ਦਿੱਤੀਆਂ।ਇਸ ਪਹਿਲ ਦਾ ਮੁੱਖ ਮਕਸਦ ਕਿਸਾਨਾਂ ਨੂੰ ਖੇਤੀ ਦੇ ਆਧੁਨਿਕ ਤਰੀਕਿਆਂ ਨਾਲ ਜੋੜਨਾ ਅਤੇ ਪਰਾਲੀ ਸਾੜਨ ਦੀ ਸਮੱਸਿਆ ਦਾ ਹੱਲ ਕਰਨਾ ਹੈ। ਇਸ ਪ੍ਰੋਗਰਾਮ ਵਿੱਚ ਕਿਸਾਨਾਂ ਨੂੰ ਮਿਲ ਰਹੀ ਸਹਾਇਤਾ ਨਾਲ ਉਹ ਨਾ ਸਿਰਫ ਆਪਣੀ ਖੇਤੀ ਦੀ ਕਾਰਜਕੁਸ਼ਲਤਾ ਵਧਾ ਸਕਣਗੇ, ਸਗੋਂ ਵਾਤਾਵਰਣ ਨੂੰ ਵੀ ਸੁਰੱਖਿਅਤ ਰੱਖ ਸਕਣਗੇ।ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਆਧੁਨਿਕ ਖੇਤੀ ਮਸ਼ੀਨਾਂ ਦੀ ਵਰਤੋਂ ਕਰਕੇ ਅਸੀਂ ਨਾ ਸਿਰਫ ਕਿਸਾਨਾਂ ਦੀ ਆਮਦਨ ਵਧਾ ਸਕਦੇ ਹਾਂ, ਸਗੋਂ ਵਾਤਾਵਰਣ ਦੀ ਸੁਰੱਖਿਆ ਵੀ ਕਰ ਸਕਦੇ ਹਾਂ। ਇਹ ਪਹਿਲ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਪ੍ਰੇਰਿਤ ਕਰੇਗੀ, ਜਿਸ ਨਾਲ ਨਾ ਸਿਰਫ ਹਵਾ ਪ੍ਰਦੂਸ਼ਣ ਵਿੱਚ ਕਮੀ ਆਵੇਗੀ, ਸਗੋਂ ਮਿੱਟੀ ਦੀ ਸਿਹਤ ਵੀ ਬਣੀ ਰਹੇਗੀ।ਸਾਨੂੰ ਸਭ ਨੂੰ ਮਿਲ ਕੇ ਇਹ ਸੰਕਲਪ ਲੈਣਾ ਚਾਹੀਦਾ ਹੈ ਕਿ ਅਸੀਂ ਖੇਤੀ ਵਿੱਚ ਨਵੀਨਤਾ ਨੂੰ ਅਪਣਾਈਏ ਅਤੇ ਪਰਾਲੀ ਸਾੜਨ ਤੋਂ ਬਚੀਏ। ਇਹ ਕਦਮ ਸਾਨੂੰ ਭਵਿੱਖ ਲਈ ਇੱਕ ਸਿਹਤਮੰਦ ਅਤੇ ਸਸ਼ਕਤ ਖੇਤੀ ਪ੍ਰਣਾਲੀ ਦੀ ਦਿਸ਼ਾ ਵਿੱਚ ਅੱਗੇ ਵਧਾਏਗਾ।ਡਾ. ਰਵਜੋਤ ਸਿੰਘ ਨੇ ਕਿਸਾਨਾਂ ਨੂੰ ਇਹ ਅਪੀਲ ਵੀ ਕੀਤੀ ਕਿ ਉਹ ਇਨ੍ਹਾਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ, ਤਾਂ ਜੋ ਨਾ ਸਿਰਫ ਖੇਤੀ ਉਤਪਾਦਨ ਵਧੇ, ਸਗੋਂ ਵਾਤਾਵਰਣ ਦੀ ਸੁਰੱਖਿਆ ਵੀ ਹੋ ਸਕੇ। ਉਨ੍ਹਾਂ ਕਿਹਾ ਕਿ ਇਹ ਪਹਿਲ ਕਿਸਾਨਾਂ ਲਈ ਇੱਕ ਸਕਾਰਾਤਮਕ ਬਦਲਾਅ ਲਿਆਵੇਗੀ ਅਤੇ ਖੇਤੀ ਖੇਤਰ ਵਿੱਚ ਤਕਨੀਕੀ ਸੁਧਾਰ ਦੇ ਨਾਲ-ਨਾਲ ਪੇਂਡੂ ਅਰਥਵਿਵਸਥਾ ਨੂੰ ਵੀ ਮਜ਼ਬੂਤੀ ਪ੍ਰਦਾਨ ਕਰੇਗੀ।ਪ੍ਰੋਗਰਾਮ ਵਿੱਚ ਕਿਸਾਨਾਂ ਨੂੰ ਵੱਖ-ਵੱਖ ਕਿਸਮ ਦੇ ਖੇਤੀ ਯੰਤਰਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਇਨ੍ਹਾਂ ਮਸ਼ੀਨਾਂ ਦੀ ਸਹੀ ਵਰਤੋਂ ਕਰਨ ਦੀ ਦਿਸ਼ਾ ਵਿੱਚ ਸਿਖਲਾਈ ਵੀ ਦਿੱਤੀ ਗਈ।ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਦੀਪਿੰਦਰ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜਰ ਸਨ।

# ਮੋਦੀ ਨੇ ਕਿਸਾਨੀ ਤੇ ਖੇਤੀ ਅਧਾਰਤ ਕਾਰੋਬਾਰ ਬਰਬਾਦ ਹੋਣੋਂ ਬਚਾਏ : ਖੰਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਪਣੇ ਆਪ ਨੂੰ ਵਿਸ਼ਵ ਦਾ ਸੁਪਰ ਪਾਵਰ ਕਹਾਉਂਦੇ ਅਮਰੀਕੀ ਰਾਸ਼ਟਰਪਤੀ ਟਰੰਪ ਵੱਲੋਂ ਭਾਰਤ ਸਰਕਾਰ ਉੱਪਰ ਡੇਅਰੀ ਪ੍ਰੋਡਕਟਾਂ 'ਤੇ ਭਾਰੀ ਭਰਕਮ ਟੈਰਿਫ ਲਾਗੂ ਕਰਨ ਦੇ ਪਾਏ ਜਾ ਰਹੇ ਦਬਾਅ ਨੂੰ ਨਾ ਮੰਨ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਭਰ ਦੀ ਕਿਸਾਨੀ ਅਤੇ ਖੇਤੀ ਅਧਾਰਿਤ ਕਾਰੋਬਾਰ ਨੂੰ ਬਰਬਾਦ ਹੋਣ ਤੋਂ ਬਚਾ ਲਿਆ ਹੈ। ਇਹ ਵਿਚਾਰ ਭਾਰਤੀ ਜਨਤਾ ਪਾਰਟੀ ਦੇ ਹਿਮਾਚਲ ਪ੍ਰਦੇਸ਼ ਦੇ ਇੰਚਾਰਜ ਅਤੇ ਸਾਬਕਾ ਮੈਂਬਰ ਰਾਜ ਸਭਾ ਅਵਿਨਾਸ਼ ਰਾਏ ਖੰਨਾ ਨੇ ਹੁਸ਼ਿਆਰਪੁਰ ਵਿਖੇ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਦੌਰਾਨ ਪ੍ਰਗਟ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਜੇਕਰ ਅਮਰੀਕਾ ਵੱਲੋਂ ਭਾਰੀ ਭਰਕਮ ਟੈਕਸ ਲਗਾਉਣ ਦਾ ਦਬਾਅ ਮੰਨ ਲਿਆ ਜਾਂਦਾ ਤਾਂ ਭਾਰਤ ਦੀ ਕਿਸਾਨੀ ਤੇ ਛੋਟੇ ਕਾਰੋਬਾਰੀ ਬਰਬਾਦ ਹੋ ਜਾਣੇ ਸਨ। ਉਨ੍ਹਾਂ ਕਿਹਾ ਕਿ ਅਮਰੀਕਾ ਨੇ 1 ਅਗਸਤ ਤੋਂ 25% ਅਤੇ ਫਿਰ 50% ਟੈਰਿਫ ਲੱਗਾ ਦਿੱਤੇ, ਡੇਅਰੀ ਖੇਤਰ 'ਤੇ ਭਾਰਤ ਨੇ ਸਖਤ ਰੁਖ ਅਪਨਾਇਆ।ਇਸ ਮਾਮਲੇ ਵਿੱਚ ਭਾਰਤ ਦੀ ਰਣਨੀਤੀ ਆਤਮ-ਨਿਰਭਰਤਾ, ਕਿਸਾਨ ਹਿਤਾਂ ਦੀ ਸੁਰੱਖਿਆ ਅਤੇ ਵਧੇਰੇ ਵਿਵਿਸਥਿਤ ਬਾਜ਼ਾਰ ਦੀ ਰਹੀ ਹੈ। ਪ੍ਰੈਸ ਕਾਨਫਰਸ ਦੌਰਾਨੇ ਖੰਨਾ ਨੇ ਇਸ ਕਿਹਾ ਕਿ 30 ਜੁਲਾਈ 2025 ਨੂੰ, ਅਮਰੀਕੀ ਰਾਸ਼ਟਰਪਤੀ ਨੇ 1 ਅਗਸਤ ਤੋਂ ਭਾਰਤੀ ਨਿਰਯਾਤ ਉਤਪਾਦਾਂ 'ਤੇ 25% ਦਾ ਰੈਸਿਪੀਰੋਕਲ ਟੈਰਿਫ਼ ਲਗਾਉਣ ਦਾ ਐਲਾਨ ਕੀਤਾ ਅਤੇ ਹਫ਼ਤੇ ਦੇ ਅਖੀਰ ਵਿੱਚ 6 ਅਗਸਤ 2025 ਨੂੰ ਅਮਰੀਕਾ ਨੇ ਇਸ ਟੈਰਿਫ ਨੂੰ ਦੋ ਗੁਣਾ ਕਰਕੇ 50% ਕਰ ਦਿੱਤਾ, ਜਿਸ ਦੀ ਵਜ੍ਹਾ ਭਾਰਤ ਵੱਲੋਂ ਰੂਸੀ ਤੇਲ ਦੇ ਨਾਲ ਵਪਾਰ ਸੀ। ਇਹ ਨਵੀਂ ਟੈਰਿਫ਼ ਦਰ 27 ਅਗਸਤ 2025 ਨੂੰ ਲਾਗੂ ਕਰ ਦਿੱਤੀ ਗਈ। ਖੰਨਾ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਜ਼ਬੂਤੀ ਨਾਲ ਸਟੈਂਡ ਲਿਆ ਹੈ ਕਿ ਭਾਰਤ ਕਿਸੇ ਵੀ ਹਾਲਤ ਵਿੱਚ ਆਪਣੇ ਕਿਸਾਨਾਂ, ਡੇਅਰੀ ਕੰਮਿਆਂ ਅਤੇ ਮਛਵਾਰਿਆਂ ਦੇ ਹਿੱਤਾਂ ਤੇ ਸਮਰਥਨ ਤੋਂ ਪਿੱਛੇ ਨਹੀਂ ਹਟੇਗਾ ਭਾਵੇਂ ਕਿ ਇਸ ਲਈ ਕੋਈ ਵੀ ਭਾਰੀ ਰਾਜਨੀਤਿਕ ਕੀਮਤ ਚੁਕਾਉਣੀ ਪਵੇ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਆਗੂ ਗੋਪੀ ਚੰਦ ਕਪੂਰ, ਡਾਕਟਰ ਰਮਨ ਘਈ ਤੇ ਭਾਜਪਾ ਦੇ ਮੀਡੀਆ ਇੰਚਾਰਜ ਕਮਲ ਵਰਮਾ ਵੀ ਮੌਜੂਦ ਸਨ।

# ਮਾਂ ਦਾ ਦੁੱਧ ਬੱਚੇ ਲਈ ਸਿਹਤਮੰਦ ਸ਼ੁਰੂਆਤ, ਬਿਹਤਰ ਭਵਿੱਖ : ਡਾ. ਕੁਲਵੰਤ ਰਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਵਿਸ਼ਵ ਸਤਨਪਾਨ ਹਫਤੇ ਦੇ ਸੰਬੰਧ ਵਿੱਚ ਸਿਵਲ ਸਰਜਨ ਹੁਸ਼ਿਆਰਪੁਰ ਡਾ.ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ.ਐਚ.ਸੀ ਹਾਰਟਾ ਬਡਲਾ ਡਾ.ਮਨਪ੍ਰੀਤ ਸਿੰਘ ਬੈਂਸ ਦੀ ਹਾਜ਼ਰੀ ਵਿੱਚ ਮਾਂ ਦੇ ਦੁੱਧ ਦੀ ਮਹੱਤਤਾ ਸੰਬੰਧੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਹਾਜ਼ਰ ਮਾਵਾਂ ਨੂੰ ਸਤਨਪਾਨ ਹਫਤੇ ਸੰਬੰਧੀ ਜਾਗਰੂਕ ਕਰਦਿਆਂ ਬੱਚਿਆਂ ਦੇ ਮਾਹਿਰ ਡਾਕਟਰ ਕੁਲਵੰਤ ਨੇ ਦੱਸਿਆ ਕਿ ਹਰ ਸਾਲ 01 ਅਗਸਤ ਤੋਂ 07 ਅਗਸਤ ਤੱਕ ਵਿਸ਼ਵ ਸਤਨਪਾਨ ਹਫ਼ਤਾ ਮਨਾਇਆ ਜਾਂਦਾ ਹੈ, ਜਿਸਦਾ ਮਕਸਦ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਹੈ। ਇਹ ਹਫ਼ਤਾ ਸਿਹਤ ਵਿਭਾਗ, ਆਂਗਣਵਾੜੀ ਕੇਂਦਰਾਂ, ਹਸਪਤਾਲਾਂ ਅਤੇ ਵੱਖ-ਵੱਖ ਸਵੈਚੱਛਿਕ ਸੰਸਥਾਵਾਂ ਵੱਲੋਂ ਵਿਸ਼ੇਸ਼ ਕਾਰਵਾਈਆਂ ਰਾਹੀਂ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮਾਂ ਦਾ ਦੁੱਧ ਬੱਚੇ ਲਈ ਪ੍ਰਮਾਤਮਾ ਵਲੋਂ ਬਖਸ਼ੀ ਬਹੁਤ ਵੱਡੀ ਨਿਆਮਤ ਹੈ, ਜਿਸ ਦਾ ਕੋਈ ਵੀ ਮੇਲ ਨਹੀਂ ਹੈ।ਜਣੇਪੇ ਤੋਂ ਤੁਰੰਤ ਬਾਅਦ ਭਾਵ ਇੱਕ ਘੰਟੇ ਅੰਦਰ ਮਾਂ ਦਾ ਦੁੱਧ ਬੱਚੇ ਨੂੰ ਪਿਲਾਉਣਾ ਜ਼ਰੂਰੀ ਹੈ। ਪਹਿਲੇ 06 ਮਹੀਨੇ ਤਾਂ ਕੇਵਲ ਮਾਂ ਦਾ ਦੁੱਧ ਬੱਚੇ ਲਈ ਸੰਪੂਰਨ ਖੁਰਾਕ ਹੈ ਅਤੇ 06 ਮਹੀਨੇ ਬਾਅਦ ਬੱਚੇ ਨੂੰ ਮਾਂ ਦੇ ਦੁੱਧ ਦੇ ਨਾਲ-ਨਾਲ ਨਰਮ ਖੁਰਾਕ ਜਿਵੇਂ ਚਾਵਲ, ਖਿਚੜੀ ,ਦਲੀਆ ਆਦਿ ਦੇ ਸਕਦੇ ਹੋ।ਮਾਂ ਦਾ ਪਹਿਲਾ ਪੀਲਾ



ਗਾੜ੍ਹਾ ਦੁੱਧ (ਬਹੁਲਾ )ਬੱਚੇ ਨੂੰ ਬਿਮਾਰੀਆਂ ਤੋਂ ਬਚਾਉਣ ਵਿੱਚ ਸੁਰੱਖਿਆ ਕਵਚ ਦਾ ਕੰਮ ਕਰਦਾ ਹੈ। ਉਨ੍ਹਾਂ ਨੇ ਦੱਸਿਆ ਕਿ ਮਾਂ ਦੇ ਦੁੱਧ ਦੀ ਤੁਲਨਾ ਕਿਸੇ ਵੀ ਗੈਰ ਕੁਦਰਤੀ ਖੁਰਾਕ ਨਾਲ ਨਹੀਂ ਕੀਤੀ ਜਾ ਸਕਦੀ। ਜਿਹੜੀਆਂ ਮਾਵਾਂ ਬੱਚੇ ਨੂੰ ਆਪਣਾ ਦੁੱਧ ਪਿਲਾਉਂਦੀਆ ਹਨ, ਉਨ੍ਹਾਂ ਦੇ ਬੱਚੇ ਬਹੁਤ ਘੱਟ ਬਿਮਾਰ ਹੁੰਦੇ ਹਨ। ਉਹਨਾਂ ਬੋਤਲ ਨਾਲ ਦੁੱਧ ਪਿਲਾਉਣ ਦੀ ਸਖਤ ਨਿਖੇਧੀ ਕੀਤੀ ਅਤੇ ਕਿਹਾ ਮਾਂ ਦਾ ਦੁੱਧ ਪੀਣ ਵਾਲੇ ਬੱਚੇ ਦਾ ਸ਼ਰੀਰਕ ਤੇ ਮਾਨਸਿਕ ਵਿਕਾਸ ਦੂਜੇ ਬੱਚਿਆਂ ਦੇ ਮੁਕਾਬਲੇ ਜਿਆਦਾ ਹੁੰਦਾ ਹੈ ਤੇ ਉਹ ਡਾਇਰੀਆ,ਨਿਮੋਨੀਆ ਵਰਗੀਆਂ ਹੋਰ ਬਹੁਤ ਸਾਰੀਆਂ ਬਿਮਾਰੀਆਂ ਤੋਂ ਸੁਰੱਖਿਅਤ ਰਹਿੰਦਾ ਹੈ । ਉਨ੍ਹਾਂ ਦੱਸਿਆ ਕਿ ਆਪਣਾ ਦੁੱਧ ਪਿਲਾਉਣ ਵਾਲੀਆਂ ਮਾਵਾਂ ਬਹੁਤ ਸਾਰੀਆ ਬਿਮਾਰੀਆਂ ਜਿਵੇਂ ਕਿ ਛਾਤੀ ਅਤੇ ਬੱਚੇਦਾਨੀ ਦਾ ਕੈਂਸਰ ਆਦਿ ਤੋਂ ਬਚ ਜਾਂਦੀਆ ਹਨ ਅਤੇ ਨਿਯਮਤ ਸਤਨਪਾਨ ਕਰਵਾਉਣ ਤੇ ਗਰਭਧਾਰਨ ਦੀ ਸੰਭਾਵਨਾ ਵੀ ਘੱਟ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜਨਮ ਸਮੇਂ ਘੱਟ ਭਾਰ ਵਾਲੇ ਬੱਚੇ ਅਤੇ ਸਮੇਂ ਤੋਂ ਪਹਿਲਾਂ ਪੈਦਾ ਹੋਏ ਬੱਚਿਆਂ ਲਈ ਮਾਂ ਦਾ ਦੁੱਧ ਅਤੀ ਉੱਤਮ ਹੁੰਦਾ ਹੈ। ਮਾਂ ਦਾ ਦੁੱਧ ਬੱਚੇ ਲਈ ਸੰਪੂਰਨ ਪੌਸ਼ਟਿਕ ਖੁਰਾਕ ਹੈ, ਜਿਸ ਵਿਚ ਸ਼ਰੀਰ ਲਈ ਲੋੜੀਂਦੇ ਸਾਰੇ ਤੱਤ ਮੌਜੂਦ ਹੁੰਦੇ ਹਨ। ਸੰਤੁਲਿਤ ਖੁਰਾਕ ਤੋਂ ਇਲਾਵਾ 02 ਸਾਲ ਤੱਕ ਬੱਚੇ ਨੂੰ ਮਾਂ ਦਾ ਦੁੱਧ (Breast feeding) ਜ਼ਰੂਰ ਪਿਲਾਉਣਾ ਚਾਹੀਦਾ ਹੈ ਜਿਸ ਨਾਲ ਬੱਚਾ ਅਤੇ ਮਾਂ ਦੋਵੇਂ ਸਿਹਤਮੰਦ ਰਹਿਣਗੇ। ਉਨ੍ਹਾਂ ਦੱਸਿਆ ਕਿ ਕਿਸੀ ਵੀ ਕਿਸਮ ਦੀ ਗੁੜਤੀ ਬੱਚੇ ਲਈ ਹਾਨੀਕਾਰਕ ਹੁੰਦੀ ਹੈ। ਸੈਮੀਨਾਰ ਦੇ ਅੰਤ ਵਿੱਚ ਸੀਨੀਅਰ ਮੈਡੀਕਲ ਅਫ਼ਸਰ ਡਾ.ਮਨਪ੍ਰੀਤ ਸਿੰਘ ਬੈਂਸ ਨੇ ਇਸ ਵਿਸ਼ੇ 'ਤੇ ਜਾਗਰੂਕਤਾ ਪੈਂਫਲੇਟ ਵੀ ਜਾਰੀ ਕੀਤੇ। ਇਸ ਮੌਕੇ ਬੀ.ਈ.ਈ ਅਮਨਦੀਪ ਸਿੰਘ, ਫਾਰਮੇਸੀ ਅਫਸਰ ਬਲਕਾਰ ਚੰਦ,ਮ.ਪ.ਹ.ਵ (ਮੇਲ) ਨਵਦੀਪ ਸਿੰਘ,ਨਰਸਿੰਗ ਸਿਸਟਰ ਗੁਰਪ੍ਰੀਤ ਕੌਰ,ਐਲ.ਐਚ.ਵੀ ਦਵਿੰਦਰਜੀਤ ਕੌਰ, ਐਸ.ਟੀ.ਐਸ ਭੁਪਿੰਦਰ ਕੌਰ, ਏ.ਐਨ.ਐਮ ਸੁੱਖਵਿੰਦਰ ਕੌਰ ਅਤੇ ਆਸ਼ਾ ਵਰਕਰ ਹਾਜ਼ਰ ਸਨ।

# ਸਰਬ ਨੌਜਵਾਨ ਸਭਾ ਨੇ ਨੇਤਰਹੀਣ ਬਿਰਧ ਆਸ਼ਰਮ ਵਿਖੇ ਮਨਾਇਆ ਰੱਖੜੀ ਦਾ ਤਿਉਹਾਰ

**ਫਗਵਾੜਾ (ਜਸਵਿੰਦਰ ਢੱਡਾ)** ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਭੈਣ-ਭਰਾ ਦੇ ਪਿਆਰ ਤੇ ਸਨੇਹ ਦਾ ਪ੍ਰਤੀਕ ਰੱਖੜੀ ਦਾ ਪਵਿੱਤਰ ਤਿਉਹਾਰ ਗੁਰੂ ਨਾਨਕ ਮਿਸ਼ਨ ਨੇਤਰਹੀਣ ਤੇ ਬਿਰਧ ਆਸ਼ਰਮ ਸਪਰੋੜ ਵਿਖੇ ਮਨਾਇਆ ਗਿਆ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਸਭਾ ਦੇ ਮੈਂਬਰਾਂ ਨੇ ਆਸ਼ਰਮ ਦੀਆਂ ਨੇਤਰਹੀਣ ਕੁੜੀਆਂ ਤੋਂ ਪਿਆਰ ਤੇ ਸਤਕਾਰ ਸਹਿਤ ਰੱਖੜੀ ਬੰਨ੍ਹਵਾਈ ਅਤੇ ਉਹਨਾਂ ਨੂੰ ਤੋਹਫੇ ਭੇਂਟ



ਕੀਤੇ। ਇਸ ਦੌਰਾਨ ਮਹਿਮਾਨ ਵਜੋਂ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਅਵਤਾਰ ਸਿੰਘ ਮੰਡ ਕੌਮੀ ਸਕੱਤਰ ਭਾਜਪਾ, ਅਲਾਇੰਸ ਇੰਟਰਨੈਸ਼ਨਲ ਡਾਇਰੈਕਟਰ ਜਤਿੰਦਰ ਸਿੰਘ ਕੁੰਦੀ, ਸਮਾਜ ਸੇਵਕ ਰਣਜੀਤ ਮੱਲ੍ਹਣ, ਸਤਨਾਮ ਸਿੰਘ ਰਾਣਾ (ਜੱਸੀ ਸਟੀਲ) ਅਤੇ ਆਸ਼ਰਮ ਦੇ ਪ੍ਰਧਾਨ ਪਰਮਜੀਤ ਸਿੰਘ ਹਾਜ਼ਰ ਰਹੇ। ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਨੇ ਸਭਾ ਦੇ ਇਸ ਮਨੁੱਖਤਾ ਭਰੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਪਣੇ ਤਿਉਹਾਰਾਂ ਦੀ ਖੁਸ਼ੀ ਜਦੋਂ ਸਮਾਜ ਦੇ ਅਨਾਥ, ਨੇਤਰਹੀਣ ਜਾਂ ਬਜ਼ੁਰਗਾਂ ਨਾਲ ਸਾਂਝੀ ਕੀਤੀ ਜਾਂਦੀ ਹੈ, ਤਾਂ ਇਹ ਨਾ ਸਿਰਫ਼ ਉਨ੍ਹਾਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਂਦੇ ਹਨ, ਸਗੋਂ ਮਨੁੱਖਤਾ ਦੇ ਰਿਸ਼ਤਿਆਂ ਨੂੰ ਵੀ ਮਜ਼ਬੂਤ ਕਰਦੇ ਹਨ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸਭਾ ਵਲੋਂ ਹਮੇਸ਼ਾ ਸਮਾਜ ਦੇ ਅਜਿਹੇ ਵਰਗਾਂ ਨਾਲ ਤਿਉਹਾਰਾਂ ਦੀ ਖੁਸ਼ੀ ਸਾਂਝੀ ਕੀਤੀ ਜਾਂਦੀ ਹੈ ਅਤੇ ਅੱਗੇ ਵੀ ਇਹ ਉਪਰਾਲਾ ਜਾਰੀ ਰਹੇਗਾ। ਇਸ ਮੌਕੇ ਆਸ਼ਰਮ ਦੇ ਪ੍ਰਬੰਧਕ ਬਾਬਾ ਮੁਖਤਿਆਰ ਸਿੰਘ ਮੈਨੇਜਰ, ਸਵਰਨ ਸਿੰਘ ਸਵਰਨ ਸਵੀਟ ਸ਼ਾਪ, ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ, ਜਨਰਲ ਸਕੱਤਰ ਡਾ. ਵਿਜੇ ਕੁਮਾਰ, ਜਸ਼ਨ ਮਹਿਰਾ, ਮਨਦੀਪ ਬਾਸੀ, ਗੁਰਦੀਪ ਸਿੰਘ ਤੁਲੀ, ਖ਼ਜ਼ਾਨਚੀ ਡਾ. ਕੁਲਦੀਪ ਸਿੰਘ, ਨਰਿੰਦਰ ਸੈਣੀ, ਗੁਲਸ਼ਨ ਕਪੂਰ, ਪਰਮਜੀਤ ਰਾਏ, ਗਣੇਸ਼ ਆਦਿ ਵੀ ਹਾਜ਼ਰ ਸਨ।

## ਚੋਰੀ ਦੀ ਟਰਾਲੀ ਸਮੇਤ ਪੁਲਸ ਵੱਲੋਂ ਇੱਕ ਕਾਬੂ, ਦੂਜਾ ਫਰਾਰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਵਲੋਂ ਨਸ਼ਾ ਵਿਰੋਧੀ ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਵਿੱਢੀ ਮੁਹਿਮ ਤਹਿਤ ਅਤੇ ਡੀ ਐੱਸ ਪੀ ਪਲਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦੋ ਨੌਜਵਾਨਾਂ ਨੂੰ ਚੋਰੀ ਦੇ ਕੇਸ ਵਿਚ ਗ੍ਰਿਫ਼ਤਾਰ ਕਰਨ ਦਾ ਸਮਾਚਾਰ ਮਿਲਿਆ ਹੈ।ਮਿਲੀ ਜਾਣਕਾਰੀ ਅਨੁਸਾਰ ਨਜ਼ਦੀਕੀ ਪਿੰਡ ਦਿਹਾਣਾ ਦੇ ਵਸਨੀਕ ਸ਼ਰੀਫ ਅਲੀ ਪੁੱਤਰ ਗੁਲਾਬਦੀਨ ਨੇ ਆਪਣੀ ਹਵੇਲੀ ਦੇ ਬਾਹਰ ਖੜੀ ਟਰਾਲੀ ਚੋਰੀ ਦੀ ਲਿਖਤੀ ਦਰਖਾਸਤ ਪੁਲਿਸ ਚੌਕੀ ਅਜਨੋਹਾ ਨੂੰ ਦਿੱਤੀ ਸੀ।ਇਸ ਚੋਰੀ ਦੀ ਛਾਣਬੀਣ ਪੁਲਿਸ ਚੌਕੀ ਅਜਨੋਹਾ ਦੇ ਇੰਚਾਰਜ ਏ ਐੱਸ ਆਈ ਕੌਸ਼ਲ ਚੰਦਰ ਨੇ ਮੁਸਤੈਦੀ ਨਾਲ ਸ਼ਰੀਫ ਅਲੀ ਦੀ ਨਿਸ਼ਾਨ ਦੇਹੀ ਤੇ ਪਿੰਡ ਠੱਕਰਵਾਲ ਦੇ ਵਸਨੀਕ ਬਰਕਤ ਅਲੀ ਅਤੇ ਇਸ ਦੇ ਸਾਥੀ ਪਾਂਸ਼ਟਾ ਦੇ ਵਸਨੀਕ ਸ੍ਰ. ਮੁਹੰਮਦ ਉਰਫ ਬਿੱਲੂ ਦੀ ਨਿਸ਼ਾਨਦੇਹੀ ਹੋਣ ਉਪਰੰਤ ਸ੍ਰ. ਮੁਹੰਮਦ ਉਰਫ ਬਿੱਲੂ ਨੂੰ ਨਰੂੜ ਬਘਾਣਾ ਤੋਂ ਟਰਾਲੀ ਸਮੇਤ ਕਾਬੂ ਕਰ ਲਿਆ ਤੇ ਇਸ ਦਾ ਦੂਜਾ ਸਾਥੀ ਬਰਕਤ ਅਲੀ ਫਰਾਰ ਹੈ।ਪੁਲਸ ਵੱਲੋਂ ਦੋਵਾਂ ਵਿਰੁੱਧ ਚੋਰੀ ਦਾ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਪੱਤੀ ਨੀਲੋਵਾਲ 'ਚ ਮਨਾਇਆ ਮੇਲਾ ਤੀਆਂ ਦੀ ਤੀਜ ਦਾ

**ਬਿਲਗਾ (ਵਿਜੇ ਕੁਮਾਰ)**- ਤੀਆਂ ਦੀ ਤੀਜ ਦਾ ਤਿਉਹਾਰ ਥੰਮਣਵਾਲ ਰੋਡ ਪੱਤੀ ਨੀਲੋਵਾਲ ਬਿਲਗਾ ਵਿਖੇ ਮਨਾਇਆ ਗਿਆ। ਤੀਆਂ ਦਾ ਇਹ ਤਿਉਹਾਰ ਮੈਡਮ ਜਸਵੀਰ ਕੌਰ ਸਮਰਾ ਵਾਈਸ ਪ੍ਰਧਾਨ ਕਾਂਗਰਸ ਇਸਤਰੀ ਵਿੰਗ ਦੇ ਵਿਸ਼ੇਸ਼ ਯਤਨਾਂ ਸਦਕਾ ਮੈਡਮ ਊਸ਼ਾ ਰਾਣੀ ਬੱਧਣ ਪ੍ਰਧਾਨ ਕਾਂਗਰਸ ਇਸਤਰੀ ਵਿੰਗ ਬਿਲਗਾ ਦੀ ਰਹਿਨੁਮਾਈ ਹੇਠ ਪਿੰਡ ਵਾਸੀਆਂ ਦੇ ਸਹਿਯੋਗ ਨਾਲ



ਮਨਾਇਆ ਗਿਆ, ਜਿਸ ਵਿੱਚ ਵੱਖ ਵੱਖ ਮੁਹੱਲਿਆਂ ਦੀ ਬੱਚੀਆਂ, ਨਵ ਵਿਆਹੀਆਂ ਅਤੇ ਬਜ਼ੁਰਗ ਔਰਤਾਂ ਨੇ ਭਾਗ ਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਵਾਰਡ ਨੰ:11 ਤੋਂ ਸ੍ਰੀਮਤੀ ਸਰਬਜੀਤ ਕੌਰ ਸੰਘੇੜਾ ਪਹੁੰਚੇ ਜਿਥੇ ਮੁਹੱਲਾ ਨਿਵਾਸੀਆਂ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਅਤੇ ਬਾਅਦ ਵਿੱਚ ਸ੍ਰੀਮਤੀ ਸੰਘੇੜਾ ਵਲੋਂ ਰੀਵਨ ਕੱਟ ਕੇ ਤੀਆਂ ਦੇ ਇਸ ਮੇਲੇ ਦਾ ਉਦਘਾਟਨ ਕੀਤਾ ਅਤੇ ਤੀਜ ਦੇ ਮੇਲੇ ਦੀਆਂ ਪਿੰਡ ਵਾਸੀਆਂ ਨੂੰ ਵਧਾਈਆਂ ਦਿੱਤੀਆਂ। ਵਿਸ਼ੇਸ਼ ਮਹਿਮਾਨ ਵਜੋਂ ਹਲਕਾ ਨਕੋਦਰ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਡਾ:ਨਵਜੋਤ ਸਿੰਘ ਦਾਹੀਆ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੇਲੇ ਵਿੱਚ ਛੋਟੀ ਬੱਚੀ ਤੋਂ ਲੈ ਕੇ ਬਜੁਰਗ ਔਰਤ ਤੱਕ ਨੇ ਗਿੱਧਾ ਪਾ ਕੇ ਮਨੋਰੰਜਨ ਕੀਤਾ। ਨਗਰ ਪੰਚਾਇਤ ਦੇ ਸਾਬਕਾ ਵਾਈਸ ਪ੍ਰਧਾਨ ਅਤੇ ਬਿਲਗਾ ਕਾਂਗਰਸ ਦੇ ਪ੍ਰਧਾਨ ਪਰਮਿੰਦਰ ਸਿੰਘ ਸੰਘੇੜਾ ਨੇ ਕਿਹਾ ਕਿ ਇਹ ਤੀਆਂ ਦੇ ਮੇਲੇ ਸਾਡੀ ਵਿਰਾਸਤ ਨੂੰ ਸੰਭਾਲ ਕੇ ਰੱਖਦੇ ਹਨ ਤਾਂ ਕਿ ਆਉਣ ਵਾਲੀ ਪੀੜ੍ਹੀ ਨੂੰ ਸਾਡੀ ਵਿਰਾਸਤ ਦਾ ਪਤਾ ਲੱਗ ਸਕੇ। ਉਨ੍ਹਾਂ ਡਾ:ਨਵਜੋਤ ਸਿੰਘ ਦਾਹੀਆ ਨੂੰ ਇਥੇ ਸ਼ੈੱਡ ਬਣਾਉਣ ਲਈ ਬੇਨਤੀ ਕੀਤੀ ਤਾਂ ਕਿ ਕੋਈ ਵੀ ਇਥੇ ਆਪਣਾ ਪ੍ਰੋਗਰਾਮ ਕਰ ਸਕੇ। ਇਸ ਮੌਕੇ ਤੇ ਡਾ:ਨਵਜੋਤ ਸਿੰਘ ਦਾਹੀਆ ਨੇ ਬੋਲਦਿਆਂ ਕਿਹਾ ਕਿ ਇਨ੍ਹਾਂ ਮੇਲਿਆਂ ਵਿੱਚ ਜਾ ਕੇ ਬਹੁਤ ਖੁਸ਼ੀ ਹੁੰਦੀ ਹੈ ਕਿਉਂਕਿ ਇਹ ਮੇਲੇ ਸਾਡੇ ਸਭਿਆਚਾਰਕ ਦੀ ਯਾਦ ਦਿਵਾਉਂਦੇ ਹਨ। ਇਸ ਮੌਕੇ ਤੇ ਉਨ੍ਹਾਂ ਆਮ ਆਦਮੀ ਪਾਰਟੀ ਤੇ ਤੰਜ ਕੱਸਦਿਆਂ ਕਿਹਾ ਕਿ ਜੇ ਆਮ ਆਦਮੀ ਪਾਰਟੀ ਤੁਹਾਨੂੰ ਪ੍ਰਤੀ ਜੀਅ (ਔਰਤਾਂ) 60 ਹਜਾਰ ਰੁ: ਪ੍ਰਤੀ ਦਿੰਦੇ ਹਨ ਤਾਂ ਫਿਰ ਤੁਸੀਂ ਉਨ੍ਹਾਂ ਨੂੰ ਵੋਟਾਂ ਪਾ ਦਿਓ। ਨਹੀਂ ਤਾਂ ਇਨ੍ਹਾਂ ਝੂਠੇ ਲਾਰੇ ਲਾਉਣ ਵਾਲਿਆਂ ਤੋਂ ਬਚੋ। ਇਸ ਮੌਕੇ 'ਤੇ ਸਤਨਾਮ ਸਿੰਘ ਬਿੱਲੂ,ਹਰੀ ਓਮ,ਇੰਦਰਜੀਤ ਸਿੰਘ ਸਮਰਾ,ਤਜਿੰਦਰ ਸਿੰਘ ਤਲਵਣ, ਬਲਵੀਰ ਸਿੰਘ ਸੋਢੀ, ਜਰਨੈਲ ਸਿੰਘ, ਸੁਖਜਿੰਦਰ ਕੌਰ,ਸਤਵੀਰ ਕੌਰ, ਸੁਨੀਤਾ, ਰਾਣੀ ਹਾਜਰ ਅਤੇ ਕਾਫੀ ਗਿਣਤੀ ਵਿੱਚ ਔਰਤਾਂ ਹਾਜ਼ਰ ਸਨ। ਸਟੇਟ ਸੈਕਟਰੀ ਦੀ ਭੂਮਿਕਾ ਮੱਖਣ ਸ਼ੇਰਪੁਰੀ ਵੱਲੋਂ ਬਾਖੂਬੀ ਨਿਭਾਈ ਗਈ।

## ਜਨਮ ਦਿਨ ਮੁਬਾਰਕ



ਹਰਜਸ ਸਿੰਘ
ਪਿਤਾ : ਗਗਨਦੀਪ ਸਿੰਘ
ਮਾਤਾ : ਗੁਰਪ੍ਰੀਤ ਕੌਰ
ਵਾਸੀ : ਨਾਭਾ



ਮਹਿਕਪ੍ਰੀਤ ਕੌਰ ਸਿੱਧੂ
ਪਿਤਾ : ਬੰਤਾ ਸਿੰਘ
ਮਾਤਾ : ਰਾਜਿੰਦਰ ਕੌਰ
ਵਾਸੀ : ਪੂਹਲਾ



ਗੁਰਸਾਹਿਜਪ੍ਰੀਤ ਕੌਰ
ਪਿਤਾ : ਪਰਮਿੰਦਰ ਸਿੰਘ
ਮਾਤਾ : ਕੁਲਵੰਤ ਕੌਰ
ਵਾਸੀ : ਜਲੰਧਰ

## ਵਰ੍ਹੇਗੰਢ ਮੁਬਾਰਕ



ਤੇਜਾ ਸਿੰਘ ਅਤੇ ਬਲਦੇਵ ਕੌਰ ਉੱਧਾ ਨੇ ਵਿਆਹ ਦੀ 29ਵੀਂ ਵਰ੍ਹੇਗੰਢ ਮਨਾਈ।

# ਪੰਜ ਮੈਂਬਰੀ ਕਮੇਟੀ ਵੱਲੋਂ ਸਰਬਸੰਮਤੀ ਨਾਲ ਡੈਲੀਗੇਟਾਂ ਦੀ ਚੋਣ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਦੋ ਦਸੰਬਰ ਵੀਹ ਸੌ ਚੌਵੀ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਅਨਸਾਰ ਗਠਿਤ ਕੀਤੀ ਗਈ ਪੰਜ ਮੈਂਬਰੀ ਭਰਤੀ ਕਮੇਟੀ ਵਲੋਂ ਨਵਾਂਸ਼ਹਿਰ ਹਲਕੇ ਵਿਚ ਬੜੇ ਉਤਸ਼ਾਹ ਨਾਲ ਕੀਤੀ ਗਈ ਭਰਤੀ ਉਪਰੰਤ ਗੁਰਪ੍ਰਤਾਪ ਸਿੰਘ ਵਡਾਲਾ ਦੀ ਅਗਵਾਈ ਹੇਠ ਡੈਲੀਗੇਟਾਂ ਦੀ ਚੋਣ ਕੀਤੀ ਗਈ।ਸ੍ਰੀ ਗੁਰੂ ਰਾਮਦਾਸ ਇੰਟਰਨੈਸ਼ਨਲ ਪਬਲਿਕ ਸਕੂਲ ਮੱਲ ਪੁਰ(ਰਾਹੋਂ) ਵਿਖੇ ਵੱਡੀ ਗਿਣਤੀ ਵਿਚ ਇਕੱਤਰ ਹੋਏ




ਮੈਂਬਰਾਂ ਨੇ ਮੌਜੂਦਾ ਪੰਥਕ ਹਾਲਾਤ ਉੱਤੇ ਨਿੱਠ ਕੇ ਵਿਚਾਰਾਂ ਕੀਤੀਆਂ। ਇਸ ਮੌਕੇ ਜਥੇਦਾਰ ਮਹਿੰਦਰ ਸਿੰਘ ਹੁਸੈਨ ਪੁਰ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਤਰਲੋਚਨ ਸਿੰਘ ਦੁਪਾਲ ਪੁਰ ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਈ ਸ਼ਕਤੀਆਂ ਦੇ ਪੰਜਾਬ ਪ੍ਰਤੀ ਨਫਰਤੀ ਇਰਾਦਿਆਂ ਦਾ ਮੁਕਾਬਲਾ ਕਰਨ ਲਈ ਸਾਨੂੰ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਕਰਕੇ ਪੰਥ ਅਤੇ ਪੰਜਾਬ ਦੇ ਹਿਤਾਂ ਲਈ ਡਟਣਾ ਪੈਣਾ ਹੈ।ਸ੍ਰੀ ਅਕਾਲ ਤਖਤ ਸਾਹਿਬ ਤੋਂ ਦੋ ਦਸੰਬਰ ਦੇ ਹੁਕਮਾਂ ਦੀ ਤਫਸੀਲ ਨਾਲ ਜਾਣਕਾਰੀ ਦਿੰਦਿਆਂ ਬੁਲਾਰਿਆਂ ਨੇ ਕਿਹਾ ਕਿ ਵਾਰ ਵਾਰ ਨਕਾਰੀ ਅਤੇ ਦੁਰਕਾਰੀ ਗਈ ਲੀਡਰਸ਼ਿਪ ਨੂੰ 'ਇਖਲਾਕੀ ਅਧਾਰ ਗੁਆ ਚੁੱਕੀ' ਕਹੇ ਜਾਣ ਉਪਰੰਤ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਇਸ ਮਿਸ਼ਨ ਨੂੰ ਤਨਦੇਹੀ ਨਾਲ ਨੇਪਰੇ ਚਾੜ੍ਹੀਏ।ਤੀਰਥ ਸਿੰਘ ਚਾਹਲ ਨੇ ਵੀ ਬੀਤੇ ਇਤਹਾਸ ਤੋਂ ਸਬਕ ਲੈਣ ਦੀ ਗੱਲ 'ਤੇ ਜੋਰ ਦਿੱਤਾ। ਉਪਰੰਤ ਜੈਕਾਰਿਆਂ ਦੀ ਗੂੰਜ ਵਿਚ ਬਰਜਿੰਦਰ ਸਿੰਘ ਹੁਸੈਨ ਪੁਰ,ਰੇਸ਼ਮ ਸਿੰਘ,ਤਰਲੋਚਨ ਸਿੰਘ ਦੁਪਾਲ ਪੁਰ ਅਤੇ ਜੁਝਾਰ ਸਿੰਘ ਭਾਨ ਮਜਾਰਾ ਸਟੇਟ ਲਈ ਡੈਲੀਗੇਟ ਹਰਪਾਲ ਸਿੰਘ ਬੀਰੋਵਾਲ਼ ਸਤਨਾਮ ਸਿੰਘ ਦਿਲਾਵਰ ਪੁਰ ਅਤੇ ਜਸਵਿੰਦਰ ਸਿੰਘ ਕਾਹਮਾਂ ਜ਼ਿਲ੍ਹੇ ਲਈ ਡੈਲੀਗੇਟ ਚੁਣੇ ਗਏ।ਇਸੇ ਤਰ੍ਹਾਂ ਹਲਕਾ ਬੰਗਾ ਦੇ ਕੁਲਵਿੰਦਰ ਸਿੰਘ ਨੂਰ ਪੁਰ ਜ਼ਿਲ੍ਹੇ ਲਈ ਅਤੇ ਜਥੇਦਾਰ ਗੁਰਨਾਮ ਸਿੰਘ ਔੜ ਕੁੰਦਨ ਸਿੰਘ ਮੂਸਾ ਪੁਰ ਜਸਕਮਲ ਸਿੰਘ ਤਲਵੰਡੀ ਫੱਤੂ ਅਤੇ ਤੀਰਥ ਸਿੰਘ ਚਾਹਲ ਪਿੰਡ ਚਾਹਲ ਕਲਾਂ ਸਟੇਟ ਵਾਸਤੇ ਡੈਲੀਗੇਟ ਚੁਣੇ ਗਏ। ਅਖੀਰ ਵਿਚ ਜਥੇਦਾਰ ਮਹਿੰਦਰ ਸਿੰਘ ਹੁਸੈਨ ਪੁਰ ਨੇ ਸਾਰੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਤਿ ਦੀ ਗਰਮੀ ਵਿਚ ਤੁਸੀਂ ਜਿਸ ਪੰਥਕ ਜਜ਼ਬੇ ਨਾਲ ਅੱਜ ਦੀ ਹੰਗਾਮੀਂ ਮੀਟਿੰਗ ਵਿਚ ਸ਼ਾਮਲ ਹੋਏ ਹੋ ਇਸ ਤੋਂ ਸਾਡੇ ਮਿਸ਼ਨ ਦੀ ਕਾਮਯਾਬੀ ਸਾਫ ਨਜ਼ਰ ਆ ਰਹੀ ਹੈ।ਮੀਟਿੰਗ ਦੌਰਨ ਭਾਈ ਰੇਸ਼ਮ ਸਿੰਘ ਨਵਾਂਸ਼ਹਿਰ ਨੇ ਸਟੇਜ ਸਕੱਤਰ ਦੇ ਫਰਜ਼ ਬਾਖੂਬੀ ਨਿਭਾਏ।ਉਪਰੰਤ ਚਾਹ ਪਾਣੀ ਦਾ ਲੰਗਰ ਵਰਤਾਇਆ ਗਿਆ।

# ਸੰਤ ਬਲਵੰਤ ਸਿੰਘ ਦੇ ਜਨਮ ਦਿਨ 'ਤੇ ਧਾਰਮਿਕ ਦੀਵਾਨ ਸਜਾਏ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਮੀਤ ਪ੍ਰਧਾਨ ਸੰਤ ਬਲਵੰਤ ਸਿੰਘ ਦੇ ਜਨਮ ਦਿਨ ਸਮਾਗਮ ਤੇ ਡੇਰਾ ਸੰਤ ਪਾਖਰ ਦਾਸ ਡੀਂਗਰੀਆਂ ਵਿਖੇ ਧਾਰਮਿਕ ਸਮਾਗਮ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਸਜਾਏ ਗਏ। ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ। ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੈ, ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਪਰਮਜੀਤ ਦਾਸ ਨਗਰ , ਸੰਤ ਬਲਵੀਰ ਦਾਸ ਸਾਹਰੀ, ਸੰਤ ਪ੍ਰਦੀਪ ਦਾਸ ਕੂਪੁਰ ਕਠਾਰ, ਸੰਤ ਹਰਚਰਨ ਦਾਸ ਸ਼ਾਮ ਚੌਰਾਸੀ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਧਰਮਪਾਲ ਸ਼ੇਰਗੜ ਸੰਤ ਸੰਤੋਖ ਦਾਸ ਭਾਰਟਾ, ਸੰਤ ਸਤਨਾਮ ਦਾਸ ਗੱਜਰ ਮਹਿਦੂਦ, ਸੰਤ ਹਰੀ ਓਮ ਮਾਹਿਲਪੁਰ, ਸੰਤ ਹਰੀ ਕਿਸ਼ਨ ਸੋਢੀ , ਸੰਤ ਜਸਵੰਤ ਸਿੰਘ ਠਕਰਵਾਲ, ਸੰਤ ਜਸਵੀਰ ਸਿੰਘ ਚਮਕੌਰ ਸਾਹਿਬ, ਸੰਤ ਜੁਗਿੰਦਰ ਸਿੰਘ ਵਡਾਲਾ ਮਾਹੀ, ਸੰਤ ਨਿਰਮਲ ਸਿੰਘ ਢੇਹਾ, ਸੰਤ ਜਨਕ ਦਾਸ ਜਬੜ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਸੰਤ ਚੰਦਰ ਹੰਸ ਨਾਹਲਾਂ, ਸੰਤ ਗੁਰਮੇਲ ਦਾਸ ਰਹੀਮਪੁਰ, ਸੰਤ ਸੁਰਿੰਦਰ ਦਾਸ ਕੰਦੋਲਾ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ,ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਗੁਰਮੀਤ ਦਾਸ ਪਿੱਪਲਾਂਵਾਲਾ ਨੇ ਕੀਰਤਨ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਟੇਜ ਸਕੱਤਰ ਦੀ ਸੇਵਾ ਡਾ. ਓਮ ਪ੍ਰਕਾਸ਼ ਨੇ ਨਿਭਾਈ। ਇਸ ਮੌਕੇ ਸੇਵਾਦਾਰ ਕੁਲਦੀਪ ਸਿੰਘ, ਹਰਬੰਸ ਸਿੰਘ, ਸੱਤਪਾਲ ਸਿੰਘ, ਮਾਸਟਰ ਸੋਮ ਪ੍ਰਕਾਸ਼ ਗੋਲਡ ਮੈਡਲਿਸਟ, ਨਿਰਮਲ ਸਿੰਘ, ਸਤਕਰਤਾਰ ਸਿੰਗਰ, ਦਲਵਿੰਦਰ ਸਿੰਘ, ਟਵਿੰਕਲ, ਮਨਪ੍ਰੀਤ ਕੌਰ, ਭੁਪਿੰਦਰ ਸਿੰਘ, ਗੁਰਮੇਲ ਸਿੰਘ, ਨਰੇਸ਼ ਕੁਮਾਰੀ, ਸੁਨੀਤਾ ਕੌਰ ਦੇਵਾ, ਸੋਮ ਪ੍ਰਕਾਸ਼ ਜਾੜ੍ਹਾ, ਭੁਪਿੰਦਰ ਕੌਰ ਅਤੇ ਪੂਜਾ ਵੀ ਹਾਜਰ ਸਨ।

## ਹਸਪਤਾਲ ਢਾਹਾਂ ਕਲੇਰਾਂ ਵਿਖੇ ਲਾਵਾਰਿਸ ਮ੍ਰਿਤਕ ਮਰੀਜ਼ ਦੀ ਪਛਾਣ ਕਰਨ ਲਈ ਜਨਤਕ ਅਪੀਲ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਐਕਸੀਡੈਂਟ ਵਿਚ ਅਤਿ ਗੰਭੀਰ ਹਾਲਤ ਵਿੱਚ ਜ਼ਖ਼ਮੀ ਇੱਕ ਅਣਪਛਾਤੇ ਮਰੀਜ਼ ਨੂੰ ਬੀਤੀ 8 ਅਗਸਤ ਦੀ ਸ਼ਾਮ ਨੂੰ ਦਾਖਲ ਕਰਵਾਇਆ ਗਿਆ ਸੀ। ਜਿਸ ਦੀ ਇਲਾਜ ਦੌਰਾਨ ਉਸੇ ਰਾਤ ਨੂੰ ਮੌਤ ਹੋ ਗਈ ਸੀ। ਹਸਪਤਾਲ ਦੇ ਪ੍ਰਬੰਧਕਾਂ ਨੇ ਇਸ ਮਰੀਜ਼ ਦੀ ਪਛਾਣ ਕਰਨ ਲਈ ਜਨਤਕ ਅਪੀਲ ਕੀਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਅਣਪਛਾਤਾ ਮਰੀਜ਼ ਜਿਸ ਦੀ ਉਮਰ ਤਕਰੀਬਨ ਚਾਲੀ ਕੁ ਸਾਲ ਹੈ, ਗੁਰੂ ਤੇਗ ਬਹਾਦਰ ਸਕੂਲ ਕੋਟ ਫਤੂਹੀ ਗੜ੍ਹਸ਼ੰਕਰ ਰੋਡ ਨਹਿਰ ਤੇ ਸੜਕ ਦੁਰਘਟਨਾ ਵਿੱਚ ਬੁਰੀ ਤਰ੍ਹਾਂ ਜ਼ਖ਼ਮੀ ਲਾਵਾਰਿਸ ਹਾਲਤ ਵਿੱਚ ਮਿਲਿਆ ਸੀ। ਇਸ ਮਰੀਜ਼ ਸਬੰਧੀ ਹਸਪਤਾਲ ਪ੍ਰਬੰਧਕਾਂ ਵੱਲੋਂ ਪੁਲਸ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ। ਹਸਪਤਾਲ ਪ੍ਰਬੰਧਕਾਂ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਇਸ ਲਾਵਾਰਿਸ ਮਰੀਜ਼ ਦੇ ਪਰਵਾਰਕ ਮੈਂਬਰਾਂ ਦੀ ਭਾਲ ਕਰਨ ਵਿੱਚ ਹਸਪਤਾਲ ਪ੍ਰਬੰਧਕਾਂ ਦਾ ਸਹਿਯੋਗ ਕੀਤਾ ਜਾਵੇ। ਇਸ ਸਬੰਧੀ ਜਾਣਕਾਰੀ ਲਈ ਹਸਪਤਾਲ ਦੇ ਸੰਪਰਕ ਨੰਬਰ 9115860260 ਅਤੇ 9914260260 ਜਾਰੀ ਕੀਤੇ ਗਏ ਹਨ ।